14-JULY-PAGE-1.qxd 7/13/2025 8:28 PM Page 1

ਸੋਮਵਾਰ, 14 ਜੁਲਾਈ, 2025
30 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 43

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • MONDAY, 14 JULY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਚੋਣ ਕਮਿਸ਼ਨ ਹੁਣ ਸਾਰੇ ਦੇਸ਼ 'ਚ ਗੈਰ-ਕਾਨੂੰਨੀ ਨਾਗਰਿਕ ਲੱਭੇਗਾ

**ਨਵੀਂ ਦਿੱਲੀ :** ਚੋਣ ਕਮਿਸ਼ਨ ਨੇ ਬਿਹਾਰ ਦੀ ਤਰਜ਼ 'ਤੇ ਪੂਰੇ ਦੇਸ਼ ਵਿੱਚ ਵੋਟਰ ਸੂਚੀਆਂ ਦੀ ਸੰਭਾਵੀ ਵਿਸ਼ੇਸ਼ ਵਿਆਪਕ ਸੁਧਾਈ (ਐੱਸ ਆਈ ਆਰ) ਲਈ ਆਪਣੀ ਚੋਣ ਮਸ਼ੀਨਰੀ ਨੂੰ ਸਰਗਰਮ ਕਰ ਦਿੱਤਾ ਹੈ। ਇਹ ਅਮਲ ਅਗਲੇ ਮਹੀਨੇ ਤੋਂ ਸ਼ੁਰੂ ਹੋ ਸਕਦਾ ਹੈ। ਪਿਛਲੇ ਹਫਤੇ ਸੁਪਰੀਮ ਕੋਰਟ ਵੱਲੋਂ ਬਿਹਾਰ ਵਿੱਚ ਵੋਟਾਂ ਦੀ ਸੁਧਾਈ ਦੇ ਚੋਣ ਕਮਿਸ਼ਨ ਦੇ ਹੁਕਮ ਨੂੰ 'ਸੰਵਿਧਾਨਕ' ਕਰਾਰ ਦੇਣ ਅਤੇ ਉਸ ਨੂੰ ਬਿਹਾਰ ਵਿੱਚ ਅਭਿਆਸ ਜਾਰੀ ਰੱਖਣ ਦੀ ਇਜਾਜ਼ਤ ਦੇਣ ਤੋਂ ਬਾਅਦ ਇਹ ਕਦਮ ਚੁੱਕਿਆ ਗਿਆ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਚੋਣ ਅਥਾਰਟੀ 28 ਜੁਲਾਈ ਤੋਂ ਬਾਅਦ ਦੇਸ਼ਵਿਆਪੀ ਮਸ਼ਕ ਬਾਰੇ ਅੰਤਮ ਫੈਸਲਾ ਲਵੇਗੀ ਜਦੋਂ ਬਿਹਾਰ ਦਾ ਕੇਸ ਸੁਪਰੀਮ ਕੋਰਟ ਵਿੱਚ ਮੁੜ ਸੁਣਵਾਈ ਲਈ ਆਏਗਾ। ਚੋਣ ਕਮਿਸ਼ਨ ਦੇ ਅਧਿਕਾਰੀਆਂ ਦਾ ਦਾਅਵਾ ਹੈ ਕਿ ਬਿਹਾਰ ਵਿੱਚ ਵੱਡੀ ਗਿਣਤੀ ਵਿੱਚ ਨੇਪਾਲ, ਬੰਗਲਾਦੇਸ਼ ਤੇ ਮਯਾਂਮਾਰ ਦੇ ਨਾਗਰਿਕਾਂ ਦਾ ਪਤਾ ਲੱਗਾ ਹੈ, ਜਿਨ੍ਹਾਂ ਵੋਟਾਂ ਬਣਾਈਆਂ ਹੋਈਆਂ ਸਨ ਤੇ ਇਨ੍ਹਾਂ ਦੇ ਨਾਂ ਕੱਟੇ ਜਾਣਗੇ। ਕਈ ਵਿਰੋਧੀ ਪਾਰਟੀਆਂ ਅਤੇ ਹੋਰਾਂ ਨੇ ਇਸ ਵਿਸ਼ੇਸ਼ ਵਿਆਪਕ ਸੋਧ ਨੂੰ ਚੁਣੌਤੀ ਦਿੰਦੇ ਹੋਏ ਸੁਪਰੀਮ ਕੋਰਟ ਵਿੱਚ ਪਟੀਸ਼ਨਾਂ ਦਾਇਰ ਕੀਤੀਆਂ ਸਨ। ਪਟੀਸ਼ਨਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਇਹ ਪੂਰਾ ਅਮਲ ਯੋਗ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਾ ਕਰ ਦੇਵੇਗਾ। ਕੁਝ ਰਾਜਾਂ ਦੇ ਮੁੱਖ ਚੋਣ ਅਧਿਕਾਰੀਆਂ ਨੇ ਆਪਣੇ ਰਾਜਾਂ ਵਿੱਚ ਹੋਏ ਆਖਰੀ ਐੱਸ ਆਈ ਆਰ ਤੋਂ ਬਾਅਦ ਪ੍ਰਕਾਸ਼ਤ ਵੋਟਰ ਸੂਚੀਆਂ ਨੂੰ ਪ੍ਰਕਾਸ਼ਤ ਕਰਨਾ ਸ਼ੁਰੂ ਕਰ ਦਿੱਤਾ ਹੈ।

ਦਿੱਲੀ ਦੇ ਮੁੱਖ ਚੋਣ ਅਧਿਕਾਰੀ (ਸੀ ਈ ਓ) ਦੀ ਵੈੱਬਸਾਈਟ 'ਤੇ 2008 ਦੀ ਵੋਟਰ ਸੂਚੀ ਹੈ ਜਦੋਂ ਕੌਮੀ ਰਾਜਧਾਨੀ ਵਿੱਚ ਆਖਰੀ ਵਾਰ ਵਿਆਪਕ ਸੋਧ ਕੀਤੀ ਗਈ ਸੀ। ਉੱਤਰਾਖੰਡ ਵਿੱਚ, ਆਖਰੀ ਐੱਸ ਆਈ ਆਰ 2006 ਵਿੱਚ ਹੋਈ ਸੀ ਅਤੇ ਉਸ ਸਾਲ ਦੀ ਵੋਟਰ ਸੂਚੀ ਹੁਣ ਰਾਜ ਦੇ ਸੀ ਈ ਓ ਦੀ ਵੈੱਬਸਾਈਟ 'ਤੇ ਹੈ।

ਰਾਜਾਂ ਵਿੱਚ ਵੋਟਰ ਸੂਚੀਆਂ ਨੂੰ ਲੈ ਕੇ ਵਿਸ਼ੇਸ਼ ਵਿਆਪਕ ਸੋਧ ਕੱਟ ਆਫ਼ ਤਰੀਕ ਵਜੋਂ ਕੰਮ ਕਰੇਗੀ ਕਿਉਂਕਿ ਬਿਹਾਰ ਦੀ 2003 ਦੀ ਵੋਟਰ ਸੂਚੀ ਨੂੰ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਵਿਆਪਕ ਸੋਧ (ਐੱਸ ਆਈ ਆਰ) ਲਈ ਵਰਤਿਆ ਜਾ ਰਿਹਾ ਹੈ। ਬਹੁਤੇ ਰਾਜਾਂ ਨੇ 2002 ਅਤੇ 2004 ਵਿਚਕਾਰ ਵੋਟਰ ਸੂਚੀਆਂ ਦੀ ਸੋਧ ਕੀਤੀ ਹੈ।

ਚੋਣ ਕਮਿਸ਼ਨ ਨੇ ਐਲਾਨ ਕੀਤਾ ਹੈ ਕਿ ਉਹ ਅੰਤ ਵਿੱਚ ਦੇਸ਼-ਭਰ 'ਚ ਵੋਟਰ ਸੂਚੀਆਂ ਦੀ ਡੂੰਘਾਈ ਨਾਲ ਸਮੀਖਿਆ ਕਰੇਗਾ ਤਾਂ ਜੋ ਵਿਦੇਸ਼ੀ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਉਨ੍ਹਾਂ ਦੇ ਜਨਮ ਸਥਾਨ ਦੀ ਜਾਂਚ ਕਰਕੇ ਵੋਟਰ ਸੂਚੀਆਂ 'ਚੋਂ ਹਟਾਇਆ ਜਾ ਸਕੇ। ]

ਬਿਹਾਰ ਵਿੱਚ ਇਸ ਸਾਲ ਅਸੈਂਬਲੀ ਚੋਣਾਂ ਹੋਣ ਜਾ ਰਹੀਆਂ ਹਨ, ਜਦੋਂ ਕਿ ਪੰਜ ਹੋਰ ਰਾਜਾਂ ਅਸਾਮ, ਕੇਰਲ, ਪੁੱਡੂਚੇਰੀ, ਤਾਮਿਲਨਾਡੂ ਅਤੇ ਪੱਛਮੀ ਬੰਗਾਲ ਵਿੱਚ ਅਸੈਂਬਲੀ ਚੋਣਾਂ 2026 ਵਿੱਚ ਹੋਣੀਆਂ ਹਨ।

## ਫੁੱਟਪਾਊਆਂ ਖਿਲਾਫ ਲੜਾਈ 'ਚ ਕਾਮਰੇਡ ਹਰਪਾਲ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਸੱਦਾ



**ਦੋਰਾਹਾ (ਐੱਮ ਐੱਸ ਭਾਟੀਆ, ਹਰਮਿੰਦਰ ਸੇਠ)**

ਭਾਰਤੀ ਕਮਿਊਨਿਸਟ ਪਾਰਟੀ ਦੀ ਸ਼ਤਾਬਦੀ (1925-2025) ਦੇ ਅਵਸਰ 'ਤੇ ਦੇਸ਼ ਦੀ ਏਕਤਾ-ਅਖੰਡਤਾ ਅਤੇ ਸਮਾਜਿਕ-ਆਰਥਿਕ ਨਿਆਂ ਦੀ ਰਾਖੀ ਲਈ ਸੰਘਰਸ਼ਸ਼ੀਲ ਰਹੇ ਕਾਮਰੇਡ ਹਰਪਾਲ ਸਿੰਘ ਮਜਾਲੀਆਂ ਦੀ 5ਵੀਂ ਬਰਸੀ ਦੇ ਮੌਕੇ ਹਿੰਦੂ ਧਰਮਸ਼ਾਲਾ ਦੋਰਾਹਾ ਵਿਖੇ ਇੱਕ ਸਮਾਗਮ ਕੀਤਾ ਗਿਆ। ਕਾਮਰੇਡ ਹਰਪਾਲ ਦੀ ਜੀਵਨੀ ਨੂੰ ਚੇਤੇ ਕਰਾਉਂਦਿਆਂ ਕਾਮਰੇਡ ਬੰਤ ਬਰਾੜ ਸੂਬਾ ਸਕੱਤਰ ਸੀ ਪੀ ਆਈ, ਜੋ ਕਿ ਲੰਮਾ ਸਮਾਂ ਉਹਨਾਂ ਦੇ ਨਾਲ ਕੰਮ ਕਰਦੇ ਰਹੇ, ਨੇ ਦੱਸਿਆ ਕਿ ਉਹ ਬਹੁਤ ਮਿਹਨਤੀ ਤੇ ਸਿਰੜੀ ਵਿਦਿਆਰਥੀ ਅਤੇ ਬਾਅਦ ਵਿੱਚ ਟਰੇਡ ਯੂਨੀਅਨ ਆਗੂ ਸਨ। ਜਦੋਂ ਅੱਤਵਾਦੀਆਂ ਨੇ ਉਹਨਾਂ ਨੂੰ ਗੋਲੀ ਮਾਰੀ ਤੇ ਉਹਨਾਂ ਨੂੰ ਗੰਭੀਰ ਕਸ਼ਟਾਂ ਵਿੱਚੋਂ ਗੁਜ਼ਰਨਾ ਪਿਆ ਪਰ ਉਸ ਤੋਂ ਬਾਅਦ ਵੀ ਜਦੋਂ ਇਸ ਸਮਰੱਥ ਹੋ ਗਏ ਕਿ ਉਹ ਕੰਮ ਕਰ ਸਕਣ, ਉਹਨਾਂ ਨੇ ਮੁੜ ਕੇ ਟਰੇਡ ਯੂਨੀਅਨ ਦਫਤਰ ਵਿੱਚ ਬੈਠ ਕੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਤੇ 30 ਸਾਲ ਵ੍ਹੀਲ ਚੇਅਰ 'ਤੇ ਰਹੇ। ਇਹੋ ਹੀ ਨਹੀਂ, ਉਹ ਪਾਰਟੀ ਮੀਟਿੰਗਾਂ ਵਿੱਚ ਵੀ ਲਗਾਤਾਰ ਆਉਂਦੇ ਰਹੇ ਤੇ ਆਪਣੇ ਵਿਚਾਰ ਵੀ ਦਿੰਦੇ ਰਹੇ। ਇਸ ਸਮੇਂ ਉਹਨਾਂ ਦੀ ਪਤਨੀ ਰਣਜੀਤ ਕੌਰ ਨੇ ਉਹਨਾਂ ਦਾ ਪੂਰਾ ਸਾਥ ਨਿਭਾਇਆ ਤੇ ਜ਼ਰਾ ਵੀ ਚਿਹਰੇ 'ਤੇ ਸ਼ਿਕਨ ਪਾਏ ਬਿਨਾਂ ਉਹਨਾਂ ਨੂੰ ਹਮੇਸ਼ਾ ਇਸ ਔਖੜ ਭਰੇ ਸਮੇਂ ਵਿੱਚ ਵੀ ਉਹ ਉਤਸ਼ਾਹਤ ਕਰਦੇ ਰਹੇ। ਮਨਪ੍ਰੀਤ ਤੇ ਚਰਨ ਪ੍ਰੀਤ ਉਹਨਾਂ ਦੇ ਬੇਟਾ ਬੇਟੀ ਉਸ ਵੇਲੇ ਬਹੁਤ ਛੋਟੇ ਸਨ ਤੇ ਬੜੇ ਹਿੰਮਤ ਨਾਲ ਭੈਣ ਰਣਜੀਤ ਕੌਰ ਨੇ ਉਹਨਾਂ ਨੂੰ ਪਾਲ ਪੋਸ ਕੇ ਵੱਡਾ ਕੀਤਾ। ਕਾਮਰੇਡ ਬੰਤ ਬਰਾੜ ਨੇ ਕਿਹਾ ਕਿ ਅਜੋਕੇ ਸਮੇਂ ਸਾਮਰਾਜੀ ਸਾਜਿਸ਼ਾਂ ਬਹੁਤ ਵਧ ਗਈਆਂ ਹਨ ਤੇ ਮੋਦੀ ਸਰਕਾਰ ਉਹਨਾਂ ਦੀ ਸੇਵਾ ਕਰਨ 'ਚ ਲੱਗੀ ਹੋਈ ਹੈ ਤੇ ਦੇਸ਼ 'ਚ ਫੁੱਟ ਪਾਊ ਕੰਮ ਕਰ ਰਹੀ ਹੈ। ਸਾਮਰਾਜੀ ਦੁਨੀਆ ਦੇ ਵੱਖ-ਵੱਖ ਸੋਮਿਆਂ 'ਤੇ ਕਬਜ਼ੇ ਕਰਨ ਲਈ ਜੰਗਾਂ ਲਾਈ ਜਾ ਰਹੇ ਹਨ ਜਿਹਨਾਂ ਕਰਕੇ ਲੱਖਾਂ ਲੋਕ ਅਜਾਈਂ ਮਾਰੇ ਜਾ ਰਹੇ ਹਨ। ਮੱਧ ਪੂਰਬ ਵਿੱਚ ਖਾਸ ਤੌਰ 'ਤੇ ਗਾਜ਼ਾ ਵਿੱਚ ਜੋ ਨਸਲਕੁਸ਼ੀ ਹੋ ਰਹੀ ਹੈ ਅਤੀ ਨਿਖੇਧੀ ਯੋਗ ਹੈ।ਉਹਨਾਂ ਦੇ ਸਹਿਯੋਗੀ ਰਹੇ ਕਾਮਰੇਡ ਸਤਨਾਮ ਸਿੰਘ ਚਾਨਾ ਨੇ ਉਹਨਾਂ ਦੇ ਅਣਥੱਕ ਮਿਹਨਤ ਕਰਨ ਦੇ ਜਜ਼ਬੇ ਨੂੰ ਯਾਦ ਕੀਤਾ ਤੇ ਦੱਸਿਆ ਕਿ ਵਿਦਿਆਰਥੀ ਜੀਵਨ ਵਿੱਚ ਅੰਦੋਲਨ ਦੇ ਦੌਰਾਨ ਜਦੋਂ ਅਨੇਕਾਂ ਸਾਥੀ ਡੋਲ ਜਾਂਦੇ ਸਨ, ਹਰਪਾਲ ਸਿੰਘ ਨੇ ਕਦੇ ਵੀ ਮੂੰਹ ਪਿੱਛੇ ਨਹੀਂ ਮੋੜਿਆ।ਉਹਨਾਂ ਨੇ ਖੱਬੀਆਂ ਪਾਰਟੀਆਂ ਦੇ ਏਕੇ 'ਤੇ ਜ਼ੋਰ ਦਿੱਤਾ ਤਾਂ ਜੋ ਫਾਸ਼ੀਵਾਦੀ ਸਰਕਾਰ ਨੂੰ ਇੱਕਮੁੱਠ ਹੋ ਕੇ ਲੜਾਈ ਦਿੱਤੀ ਜਾ ਸਕੇ।ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ ਨੇ ਕਿਹਾ ਕਿ ਅਜੋਕੇ ਸਮੇਂ ਜਦੋਂ ਮੋਦੀ ਸਰਕਾਰ ਵੱਲੋਂ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਤੇ ਹੋਰ ਕਾਮਿਆਂ ਦੇ ਅਧਿਕਾਰਾਂ ਦਾ ਘਾਣ ਕੀਤਾ ਜਾ ਰਿਹਾ ਹੈ, ਇਸ ਵੇਲੇ ਕਾਮਰੇਡ ਹਰਪਾਲ ਵਰਗੇ ਸਿਰੜੀ ਆਗੂ ਦੀ ਬਹੁਤ ਯਾਦ ਆਉਂਦੀ ਹੈ।ਉਹਨਾਂ ਦੇ ਦੱਸੇ ਹੋਏ ਰਸਤੇ 'ਤੇ ਚੱਲ ਕੇ ਹੀ ਅਸੀਂ ਸਮਾਜ ਵਿੱਚ ਨਿਆਂ ਤੇ ਬਰਾਬਰੀ ਦੇ ਸੰਘਰਸ਼ ਨੂੰ ਅੱਗੇ ਵਧਾਵਾਂਗੇ।ਇਸ ਸੰਦਰਭ ਵਿੱਚ ਉਹਨਾਂ ਨੇ 9 ਜੁਲਾਈ ਦੀ ਸਫਲ ਹੜਤਾਲ ਦਾ ਹਵਾਲਾ ਦਿੱਤਾ ਜਿਸ ਵਿੱਚ ਦੇਸ਼ ਦੇ 25 ਕਰੋੜ ਕਾਮਿਆਂ ਨੇ ਹਿੱਸਾ ਲਿਆ।ਕਾਮਰੇਡ ਗੁਲਜਾਰ ਗੋਰੀਆ ਮੈਂਬਰ ਕੌਮੀ ਕਾਰਜਕਾਰਨੀ ਭਾਰਤੀ ਕਮਿਊਨਿਸਟ ਪਾਰਟੀ ਨੇ ਕਿਹਾ ਕਿ ਦੇਸ਼ ਵਿੱਚ ਖੇਤ ਮਜ਼ਦੂਰ, ਮਨਰੇਗਾ ਮਜ਼ਦੂਰ ਤੇ ਹੋਰ ਕਾਮਿਆਂ ਦੇ ਸੰਘਰਸ਼ ਬੜੇ ਜ਼ੋਰ ਸ਼ੋਰ ਨਾਲ ਅੱਗੇ ਵਧਾਉਣ ਦੀ ਲੋੜ ਹੈ।ਡਾਕਟਰ ਅਰੁਣ ਮਿੱਤਰਾ ਨੇ ਕਿਹਾ ਕਿ ਹਰ ਪੱਖੋਂ ਅਸਫਲ ਹੋ ਚੁੱਕੀ ਸਰਕਾਰ ਸਮਾਜ ਵਿੱਚ ਫਿਰਕੂ ਲੀਹਾਂ ਤੇ ਵੰਡੀਆਂ ਪਾ ਕੇ ਰਾਜ ਕਰਨਾ ਚਾਹੁੰਦੀ ਹੈ ਤੇ ਹਰ ਹੀਲੇ ਵਰਤ ਕੇ ਸੱਤਾ ਵਿੱਚ ਰਹਿਣਾ ਚਾਹੁੰਦੀ ਹੈ। ਇਸ ਖਿਲਾਫ ਬੜੀ ਲੜਾਈ ਦੀ ਲੋੜ ਹੈ ਤੇ ਸਦਭਾਵਨਾ, ਪਿਆਰ ਦਾ ਸੁਨੇਹਾ ਥੱਲੇ ਤੱਕ ਪਹੁੰਚਾਉਣ ਦੀ ਲੋੜ ਹੈ। ਸਾਡੀ ਵਿਦੇਸ਼ ਨੀਤੀ ਪੂਰੀ ਤਰ੍ਹਾਂ ਖੋਖਲੀ ਸਾਬਿਤ ਹੋਈ ਹੈ ਕਿਉਂਕਿ ਪਹਿਲਗਾਮ ਵਿੱਚ ਆਤੰਕੀ ਹਮਲੇ ਤੋਂ ਬਾਅਦ ਕੋਈ ਵੀ ਦੇਸ਼ ਸਾਡੇ ਨਾਲ ਖੁੱਲ੍ਹ ਕੇ ਨਹੀਂ ਖੜ੍ਹਿਆ। ਇਹਨਾਂ ਹਾਲਾਤ ਵਿੱਚ ਸਾਡੇ ਇਜ਼ਰਾਈਲ ਦੇ ਨਾਲ ਖੜ੍ਹੇ ਹੋਣ ਜਦੋਂ ਕਿ ਇਜ਼ਰਾਈਲ ਵੱਲੋਂ ਗਾਜ਼ਾ ਵਿੱਚ ਬੱਚਿਆਂ ਤੇ ਔਰਤਾਂ ਦਾ ਸ਼ਰੇਆਮ ਕਤਲੇਆਮ ਕੀਤਾ ਜਾ ਰਿਹਾ ਹੈ ਤੇ ਫਿਲਸਤੀਨੀਆਂ ਦੀ ਨਸਲਕੁਸ਼ੀ ਕੀਤੀ ਜਾ ਰਹੀ ਹੈ, ਨੇ ਸਾਰੀ ਦੁਨੀਆ ਵਿੱਚ ਸਾਨੂੰ ਨੀਵਾਂ ਕਰ ਦਿੱਤਾ ਹੈ।ਕਾਮਰੇਡ ਹਰਪਾਲ ਦੇ ਪਰਵਾਰ ਵੱਲੋਂ ਬੋਲਦਿਆਂ ਉਹਨਾਂ ਦੇ ਬੇਟੇ ਨੇ ਕਿਹਾ ਕਿ ਉਹਨਾਂ ਦਾ ਸਾਰਾ ਪਰਵਾਰ ਆਉਣ ਵਾਲੇ ਸਮੇਂ ਵਿੱਚ ਵੀ ਪਾਰਟੀ ਦੇ ਨਾਲ ਵਿਚਾਰਕ ਤੌਰ 'ਤੇ ਮਜ਼ਬੂਤੀ ਨਾਲ ਖੜ੍ਹਾ ਰਹੇਗਾ। ਕਾਮਰੇਡ ਐਮ ਐਸ ਭਾਟੀਆ ਨੇ ਕਿਹਾ ਕਿ ਕਾਮਰੇਡ ਹਰਪਾਲ ਆਪਣੇ ਬਜ਼ੁਰਗਾਂ ਵੱਲੋਂ ਦਿਖਾਏ ਗਏ ਰਸਤੇ ਤੇ ਹਮਉਮਰਾਂ ਵੱਲੋਂ ਦਿੱਤੇ ਗਏ ਪਿਆਰ ਦਾ ਸਦਕਾ ਉਹ ਲੰਮੇ ਸਮੇਂ ਤੱਕ ਸੰਘਰਸ਼ ਵੀ ਕਰ ਪਾਏ ਤੇ ਅਤੀ ਔਕੜ ਭਰੇ ਜੀਵਨ ਵਿੱਚ ਵੀ ਮਜ਼ਦੂਰ ਜਮਾਤ ਲਈ ਜ਼ੋਰ ਲਾਉਂਦੇ ਰਹੇ। ਬਲਾਕ ਸਕੱਤਰ ਕਾਮਿਲ ਨਿਰੰਜਨ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।

ਸਮਾਗਮ ਦੀ ਕਾਰਵਾਈ ਦੀ ਪ੍ਰਧਾਨਗੀ ਬੀਬੀ ਰਣਜੀਤ ਕੌਰ ਪਤਨੀ ਕਾਮਰੇਡ ਹਰਪਾਲ, ਕਾਮਰੇਡ ਹਰਪਾਲ ਸਿੰਘ ਦੇ ਭਰਾਵਾਂ ਸੁਖਦੇਵ ਸਿੰਘ ਤੇ ਜੋਗਿੰਦਰ ਸਿੰਘ ਨੇ ਕੀਤੀ।ਕਾਮਰੇਡ ਰਮੇਸ਼ ਰਤਨ ਕਾਮਰੇ, ਜਸਬੀਰ ਝੱਜ, ਕਾਮਰੇਡ ਚਮਕੌਰ ਸਿੰਘ, ਕਾਮਰੇਡ ਭਗਵਾਨ ਸਿੰਘ, ਪਰਮਜੀਤ ਸਿੰਘ ਐਡਵੋਕੇਟ ਖੰਨਾ, ਸੁਦਰਸ਼ਨ ਪੱਪੂ ਪ੍ਰਧਾਨ ਨਗਰ ਪਾਲਿਕਾ ਦੋਰਾਹਾ ਨੇ ਵੀ ਆਪਣੇ ਵਿਚਾਰ ਰੱਖੇ। ਕਾਮਰੇਡ ਜਗਦੀਸ਼, ਕਾਮਰੇਡ ਹਰਭੂਲ ਸਿੰਘ ਅਤੇ ਕਾਮਰੇਡ ਭਗਵਾਨ ਵੱਡੇ ਜਥੇ ਲੈ ਕੇ ਸ਼ਾਮਲ ਹੋਏ। ਐਸ ਪੀ ਸੂਦ ਨੇ 50 ਹਜ਼ਾਰ ਰੁਪਏ ਪਾਰਟੀ ਕਾਂਗਰਸ ਲਈ ਕਾਮਰੇਡ ਬੰਤ ਬਰਾੜ ਨੂੰ ਦਿੱਤੇ।ਕੇਵਲ ਸਿੰਘ ਮਜਾਲੀਆਂ ਨੇ ਜਸਬੀਰ ਝੱਜ ਵੱਲੋਂ ਲਿਖੀ ਕਵਿਤਾ ਦਾ ਪਾਠ ਕੀਤਾ।

## ਨਵਾਂਸ਼ਹਿਰ ਦੇ ਸ਼ਰਧਾਲੂਆਂ ਨੂੰ ਹਾਦਸਾ ਪੇਸ਼, 2 ਦੀ ਮੌਤ ਤੇ ਬੱਚਾ ਵਹਿ ਗਿਆ




**ਸ਼ਿਮਲਾ :** ਜ਼ਿਲ੍ਹਾ ਸ਼ਿਮਲਾ ਦੀ ਚੌਪਾਲ ਸਬ-ਡਿਵੀਜ਼ਨ ਵਿੱਚ ਨੇਰਵਾ ਥਾਣੇ ਅਧੀਨ ਆਉਂਦੇ ਪਿੰਡ ਝਮਾਰੜੀ ਵਿਖੇ ਗੱਡੀ ਦੇ ਸਾਲਵੀ ਨਦੀ 'ਚ ਡਿੱਗਣ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 2 ਗੰਭੀਰ ਜ਼ਖਮੀ ਹੋ ਗਏ ਅਤੇ ਇੱਕ 10 ਸਾਲ ਦਾ ਬੱਚਾ ਨਦੀ ਵਿੱਚ ਵਹਿ ਗਿਆ। ਇਹ ਲੋਕ ਸਤਿਸੰਗ ਵਿੱਚ ਸ਼ਾਮਲ ਹੋਣ ਲਈ ਆਏ ਸਨ।

ਸ਼ਨਿੱਚਰਵਾਰ ਸ਼ਾਮ 7 ਵਜੇ ਦੇ ਕਰੀਬ ਟੰਡੋਰੀ ਅਤੇ ਬਾਥਲ ਵਿਚਕਾਰ ਸਕਾਰਪੀਓ (ਪੀ ਬੀ32ਜੀ8768) ਹਾਦਸਾਗ੍ਰਸਤ ਹੋ ਗਈ। ਉਸ ਵਿੱਚ ਪੰਜ ਜਣੇ ਸਵਾਰ ਸਨ। ਮ੍ਰਿਤਕਾਂ ਦੀ ਪਛਾਣ ਗੁਰਮੇਲ ਭੱਟੀ (65) ਪੁੱਤਰ ਗੁਰਬਚਨਾ ਰਾਮ ਵਾਸੀ ਮੰਢਾਲੀ ਤੇ ਕੁਮਾਰ ਸੁਚੀ ਵਾਸੀ ਤਹਿਸੀਲ ਨੇਰਵਾ ਜ਼ਿਲ੍ਹਾ ਸ਼ਿਮਲਾ ਵਜੋਂ ਹੋਈ ਹੈ, ਜਦੋਂ ਕਿ ਬਲਵਿੰਦਰ ਕੌਰ (35) ਪਤਨੀ ਹਰਬੰਸ ਲਾਲ ਪਿੰਡ ਬਾਹੜਮਾਜਰਾ ਨਵਾਂਸ਼ਹਿਰ ਅਤੇ ਡਰਾਈਵਰ ਕੇਸ਼ਵ ਕੁਮਾਰ (32) ਵਾਸੀ ਬੰਗਾ ਜ਼ਖਮੀ ਹੋਏ ਹਨ। ਬਲਵਿੰਦਰ ਦਾ 10 ਸਾਲਾ ਬੱਚਾ ਵਨੀਤ ਦੜੋਚ ਪਾਣੀ ਵਿੱਚ ਵਹਿ ਗਿਆ, ਜਿਸ ਦੀ ਭਾਲ ਕੀਤੀ ਜਾ ਰਹੀ ਸੀ। ਗੁਰਮੇਲ ਭੱਟੀ ਮਿਲਟਰੀ ਇੰਜੀਨੀਅਰ ਸਰਵਿਸ ਵਿੱਚ ਟੈਕਨੀਸ਼ੀਅਨ ਦੇ ਤੌਰ 'ਤੇ 6 ਸਾਲ ਪਹਿਲਾਂ ਰਿਟਾਇਰ ਹੋਏ ਸੀ। ਬਲਵਿੰਦਰ ਕੌਰ ਗੁਰਮੇਲ ਭੱਟੀ ਦੀ ਬੇਟੀ ਹੈ। ਗੁਰਮੇਲ ਭੱਟੀ ਬਹੁਜਨ ਸਮਾਜ ਪਾਰਟੀ ਵਿੱਚ ਸਰਗਰਮ ਸਨ।

### ਅੱਜ ਕੈਬਨਿਟ ਮੀਟਿੰਗ

**ਚੰਡੀਗੜ੍ਹ :** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸੋਮਵਾਰ ਹੋਣ ਵਾਲੀ ਕੈਬਨਿਟ ਮੀਟਿੰਗ ਵਿੱਚ ਅਹਿਮ ਏਜੰਡਿਆਂ 'ਤੇ ਵਿਚਾਰ ਕੀਤਾ ਜਾਵੇਗਾ। ਸੋਮਵਾਰ ਹੀ ਪੰਜਾਬ ਵਿਧਾਨ ਸਭਾ ਦਾ ਸੈਸ਼ਨ 2 ਵਜੇ ਸ਼ੁਰੂ ਹੋਵੇਗਾ। ਪੰਜਾਬ ਵਿਧਾਨ ਸਭਾ ਸੈਸ਼ਨ ਦੇ ਤੀਜੇ ਦਿਨ ਕੈਬਨਿਟ ਮੀਟਿੰਗ ਦੇ ਹੋਣ ਤੋਂ ਅੰਦਾਜ਼ੇ ਲਾਏ ਜਾ ਰਹੇ ਹਨ ਕਿ ਕੋਈ ਏਜੰਡਾ ਇਸ ਸੈਸ਼ਨ ਵਿੱਚ ਹੀ ਰੱਖਿਆ ਜਾ ਸਕਦਾ ਹੈ। ਖੇਤੀਬਾੜੀ ਮਹਿਕਮੇ ਨਾਲ ਸੰਬੰਧਤ ਇੱਕ ਏਜੰਡੇ ਦੇ ਵੀ ਇਸ ਮੀਟਿੰਗ 'ਚ ਆਉਣ ਦੀ ਸੰਭਾਵਨਾ ਹੈ।

### ਡੀਜ਼ਲ ਲਿਜਾ ਰਹੀ ਮਾਲ ਗੱਡੀ ਨੂੰ ਅੱਗ

**ਤਿਰੁਵਲੂਰ (ਤਾਮਿਲਨਾਡੂ) :** ਐਤਵਾਰ ਸਵੇਰੇ ਇੱਥੇ ਰੇਲਵੇ ਸਟੇਸ਼ਨ ਨੇੜੇ ਕਰਨਾਟਕ ਜਾ ਰਹੀ ਮਾਲ ਗੱਡੀ ਦੇ ਲੀਹੋਂ ਲੱਥਣ ਨਾਲ ਡੀਜ਼ਲ ਦੀਆਂ ਬੋਗੀਆਂ ਨੂੰ ਅੱਗ ਲੱਗ ਗਈ। 52 ਬੋਗੀਆਂ ਵਿੱਚ ਡੀਜ਼ਲ ਲਿਜਾਇਆ ਜਾ ਰਿਹਾ ਸੀ ਤੇ 18 ਬੋਗੀਆਂ ਸੜ ਕੇ ਤਬਾਹ ਹੋ ਗਈਆਂ। ਹਾਦਸੇ ਵਾਲੀ ਥਾਂ ਨੇੜੇ ਪਟੜੀ 'ਤੇ ਵੱਡੀ ਵਿੱਥ ਮਿਲੀ ਹੈ, ਜਿਸ ਦੀ ਰੇਲਵੇ ਤੇ ਪੁਲਸ ਵਲੋਂ ਜਾਂਚ ਕੀਤੀ ਜਾ ਰਹੀ ਹੈ। ਅੱਗ ਇੱਕ ਬੋਗੀ ਨੂੰ ਲੱਗੀ, ਜੋ ਹੋਰਨਾਂ ਤਕ ਫੈਲ ਗਈ।

### ਬਿਹਾਰ 'ਚ ਪੇਂਡੂ ਸਿਹਤ ਅਧਿਕਾਰੀ ਦੀ ਹੱਤਿਆ

**ਪਟਨਾ :** ਪਿਪਰਾ ਇਲਾਕੇ ਦੇ ਪਿੰਡ ਸ਼ੇਖਪੁਰਾ ਵਿੱਚ ਸ਼ਨਿੱਚਰਵਾਰ ਦੇਰ ਰਾਤ ਪੇਂਡੂ ਸਿਹਤ ਅਧਿਕਾਰੀ ਸੁਰਿੰਦਰ ਕੁਮਾਰ (50) ਦੀ ਹੱਤਿਆ ਕਰ ਦਿੱਤੀ ਗਈ। ਉਹ ਉਸ ਵੇਲੇ ਖੇਤ ਵਿੱਚ ਕੰਮ ਕਰ ਰਿਹਾ ਸੀ। ਪਿੰਡ ਵਾਸੀਆਂ ਦੇ ਦੱਸਣ ਮੁਤਾਬਕ ਉਨ੍ਹਾਂ ਨੇ ਖੇਤ ਵਿੱਚੋਂ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਸੁਣੀਆਂ ਅਤੇ ਜਦੋਂ ਉਹ ਉੱਥੇ ਗਏ ਤਾਂ ਅਧਿਕਾਰੀ ਗੋਲੀਆਂ ਦੇ ਜ਼ਖਮਾਂ ਨਾਲ ਬੇਹੋਸ਼ ਪਿਆ ਸੀ। 4 ਜੁਲਾਈ ਨੂੰ ਪਟਨਾ ਵਿੱਚ ਉਦਯੋਗਪਤੀ ਗੋਪਾਲ ਖੇਮਕਾ ਦੀ ਹੱਤਿਆ ਤੋਂ ਇੱਕ ਹਫਤੇ ਬਾਅਦ 10 ਜੁਲਾਈ ਨੂੰ ਪਟਨਾ ਦੇ ਰਾਣੀਤਲਾਬ ਖੇਤਰ ਵਿੱਚ ਰੇਤ ਦੀ ਖੁਦਾਈ ਦੇ ਕਾਰੋਬਾਰ ਨਾਲ ਜੁੜੇ ਵਿਅਕਤੀ ਦੀ ਉਸ ਦੇ ਘਰ ਦੇ ਬਾਹਰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। 11 ਜੁਲਾਈ ਨੂੰ ਪਟਨਾ ਦੇ ਰਾਮਕ੍ਰਿਸ਼ਨ ਨਗਰ ਇਲਾਕੇ ਵਿੱਚ ਅਣਪਛਾਤੇ ਵਿਅਕਤੀ ਨੇ ਕਰਿਆਨੇ ਦੀ ਦੁਕਾਨ ਦੇ ਮਾਲਕ ਦੀ ਵੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ।

## ਆਪਣੀ ਨਿੱਕੀ



**ਮੰਡੀ :** ਹਿਮਾਚਲ ਦੇ ਮੰਡੀ ਜ਼ਿਲ੍ਹੇ ਦੇ ਸਰਾਜ ਹਲਕੇ ਵਿੱਚ 30 ਜੂਨ ਦੀ ਰਾਤ ਨੂੰ ਫਟੇ ਬੱਦਲ ਨਾਲ ਆਇਆ ਹੜ੍ਹ ਪਰਵਾੜਾ ਪਿੰਡ ਦੀ 11 ਮਹੀਨਿਆਂ ਦੀ ਨਿਕਿਤਾ ਦੀ ਦੁਨੀਆ ਵਹਾ ਕੇ ਲੈ ਗਿਆ। ਨਾਲ ਲੱਗਦੇ ਨਾਲੇ ਵਿੱਚ ਪਾਣੀ ਦੇ ਵਧੇ ਪੱਧਰ ਨੂੰ ਘਰ ਲਈ ਖਤਰਾ ਸਮਝਦਿਆਂ ਰਮੇਸ਼, ਉਸਦੀ ਪਤਨੀ ਰਾਧਾ ਤੇ ਮਾਂ ਪੂਰਨੂ ਦੇਵੀ ਨਿਕਿਤਾ ਨੂੰ ਛੱਡ ਕੇ ਪਾਣੀ ਦੇ ਵਹਾਅ ਨੂੰ ਮੋੜਨ ਲਈ ਘਰ ਦੇ ਪਿੱਛੇ ਗਏ ਤੇ ਹੜ੍ਹ ਵਿੱਚ ਰੁੜ੍ਹ ਗਏ। ਰਮੇਸ਼ ਦੀ ਲਾਸ਼ ਤਾਂ ਮਿਲ ਗਈ ਪਰ ਪਤਨੀ ਤੇ ਮਾਂ ਦਾ ਅਜੇ ਤਕ ਪਤਾ ਨਹੀਂ ਲੱਗਾ। ਨਿਕਿਤਾ ਹੁਣ ਭੂਆ ਤਾਰਾ ਦੇਵੀ ਕੋਲ ਹੈ। ਗੋਹਰ ਦੀ ਐਕਟਿੰਗ ਐੱਸ ਡੀ ਐੱਮ ਸਮ੍ਰਿਤਿਕਾ ਨੇਗੀ ਨੇ ਦੱਸਿਆ ਹੈ ਕਿ ਪ੍ਰਸ਼ਾਸਨ ਨੇ ਨਿਕਿਤਾ ਦੀ ਮਦਦ ਲਈ ਬੈਂਕ ਖਾਤਾ ਖੋਲ੍ਹਿਆ ਹੈ। ਪ੍ਰਸ਼ਾਸਨ ਨੇ ਖੁਦ 25 ਹਜ਼ਾਰ ਰੁਪਏ ਇਸ ਵਿੱਚ ਪਾਏ ਹਨ। ਸਾਰੀ ਰਕਮ ਨੂੰ ਨਿਕਿਤਾ 18 ਸਾਲ ਦੀ ਹੋਣ ਤੋਂ ਬਾਅਦ ਵਰਤ ਸਕੇਗੀ। ਹਾਲਾਂਕਿ ਕਈ ਲੋਕਾਂ ਨੇ ਉਸਨੂੰ ਗੋਦ ਲੈਣ ਦੀ ਪੇਸ਼ਕਸ਼ ਕੀਤੀ ਹੈ ਪਰ ਭੂਆ ਉਸਨੂੰ ਖੁਦ ਹੀ ਪਾਲਣਾ ਚਾਹੁੰਦੀ ਹੈ।

### ਜੈਰਾਮ ਠਾਕੁਰ ਵਾਲ-ਵਾਲ ਬਚੇ

**ਸ਼ਿਮਲਾ :** ਹਿਮਾਚਲ ਦੇ ਮੰਡੀ ਜ਼ਿਲ੍ਹੇ ਦੇ ਸੇਰਾਜ ਇਲਾਕੇ ਵਿੱਚ ਮੀਂਹ ਨਾਲ ਪ੍ਰਭਾਵਤ ਲੋਕਾਂ ਨੂੰ ਮਿਲਣ ਜਾਂਦਿਆਂ ਸ਼ੰਕਰ ਡੇਹਰਾ ਨੇੜੇ ਇੱਕ ਪਹਾੜੀ ਤੋਂ ਸਾਬਕਾ ਮੁੱਖ ਮੰਤਰੀ ਤੇ ਵਿਰੋਧੀ ਧਿਰ ਦੇ ਨੇਤਾ ਜੈਰਾਮ ਠਾਕੁਰ ਦੀ ਕਾਰ ਕੋਲ ਅਚਾਨਕ ਪੱਥਰ ਡਿੱਗ ਪਏ। ਉਹ ਕਰਸੋਗ ਤੋਂ ਥੁਨਾਗ ਵਾਪਸ ਆ ਰਹੇ ਸਨ। ਪੱਥਰ ਲੱਗਣ ਤੋਂ ਪਹਿਲਾਂ ਜੈਰਾਮ ਕਾਰ ਵਿੱਚੋਂ ਬਾਹਰ ਨਿਕਲ ਕੇ ਭੱਜ ਪਏ।

ਇਸ ਦੌਰਾਨ, ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਪਹਾੜੀ ਇਲਾਕਿਆਂ ਵਿੱਚ ਬੇਲੋੜੀ ਯਾਤਰਾ ਤੋਂ ਬਚਣ ਦੀ ਅਪੀਲ ਕੀਤੀ ਹੈ।

## ਹਰ ਪਿੰਡ 'ਚ ਅਤਿ-ਆਧੁਨਿਕ ਸਟੇਡੀਅਮ ਉਸਾਰਾਂਗੇ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਐਲਾਨ ਕੀਤਾ ਕਿ ਸੂਬਾ ਸਰਕਾਰ ਜਲਦੀ ਪੰਜਾਬ ਭਰ ਵਿੱਚ 13,000 ਅਤਿ-ਆਧੁਨਿਕ ਸਟੇਡੀਅਮਾਂ ਦੀ ਉਸਾਰੀ ਸ਼ੁਰੂ ਕਰੇਗੀ, ਜਿਸ ਦੇ ਪਹਿਲੇ ਪੜਾਅ ਅਧੀਨ 3,083 ਅਜਿਹੇ ਸਟੇਡੀਅਮਾਂ ਦੀ ਉਸਾਰੀ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਹੈ। ਆਪਣੀ ਸਰਕਾਰੀ ਰਿਹਾਇਸ਼ 'ਤੇ ਮੀਡੀਆ ਕਰਮੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਕਹਾਵਤ ਤੋਂ ਕੋਈ ਵੀ ਅਨਜਾਣ ਨਹੀਂ ਕਿ ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ, ਇਸ ਲਈ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਪਾਸੇ ਲਾਉਣ ਲਈ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਇਸ ਦਾ ਉਦੇਸ਼ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਨੇ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਜਾਂ ਨੌਜਵਾਨਾਂ ਦੇ ਰੋਜ਼ਗਾਰ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਦੇ ਨਤੀਜੇ ਵਜੋਂ ਸੂਬੇ ਭਰ ਵਿੱਚ ਨਸ਼ੇ ਦਾ ਕਾਰੋਬਾਰ ਬਿਨਾਂ ਕਿਸੇ ਰੋਕ-ਟੋਕ ਦੇ ਇੰਨੀ ਵੱਡੀ ਪੱਧਰ 'ਤੇ ਫੈਲ ਗਿਆ ਅਤੇ ਪੰਜਾਬ ਦੇ ਕਈ ਨੌਜਵਾਨ ਨਸ਼ੇ ਦੇ ਆਦੀ ਹੋ ਗਏ। ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਦਕਾ ਸੂਬੇ ਦੇ ਹਾਲਾਤ ਹੁਣ ਦਿਨ-ਬ-ਦਿਨ ਬਦਲ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜ ਦਿੱਤਾ ਗਿਆ ਹੈ ਅਤੇ ਨਸ਼ੇ ਦੇ ਆਦੀ ਜ਼ਿਆਦਾਤਰ ਨੌਜਵਾਨ ਨਸ਼ਾ ਛੱਡਣ ਅਤੇ ਮੁੜ ਵਸੇਬੇ ਲਈ ਇਲਾਜ ਕਰਵਾ ਰਹੇ ਹਨ। ਉਨ੍ਹਾ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢ ਕੇ ਉਨ੍ਹਾਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਭਾਈਵਾਲ ਬਣਾਉਣਾ ਹੈ। ਮਾਨ ਨੇ ਨਸ਼ਿਆਂ ਦੇ ਨੈੱਟਵਰਕ ਨੂੰ ਖਤਮ ਕਰਨ ਵਿੱਚ ਸ਼ਾਨਦਾਰ ਕੰਮ ਲਈ ਪੰਜਾਬ ਪੁਲਸ ਦੀ ਭਰਵੀਂ ਸ਼ਲਾਘਾ ਕੀਤੀ ਅਤੇ ਕਿਹਾ ਕਿ ਪਿਛਲੀਆਂ ਸਰਕਾਰਾਂ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਹੱਲ ਕਰਨ ਵਿੱਚ ਸਿਰੇ ਤੋਂ ਨਾਕਾਮ ਰਹੀਆਂ ਹਨ।

## ਰਮਨ ਅਰੋੜਾ ਦੇ ਪੁੱਤਰ ਤੇ ਕੁੜਮ ਖਿਲਾਫ ਲੁਕਆਊਟ ਸਰਕੂਲਰ ਜਾਰੀ

**ਜਲੰਧਰ :** ਭ੍ਰਿਸ਼ਟਾਚਾਰ ਦੇ ਮਾਮਲੇ 'ਚ ਘਿਰੇ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਰਮਨ ਅਰੋੜਾ ਦੇ ਫਰਾਰ ਪੁੱਤਰ ਰਾਜਨ ਅਰੋੜਾ ਤੇ ਕੁੜਮ ਰਾਜੂ ਮਦਾਨ ਦੀ ਗ੍ਰਿਫਤਾਰੀ ਲਈ ਵਿਜੀਲੈਂਸ ਨੇ ਲੁਕਆਊਟ ਸਰਕੂਲਰ ਜਾਰੀ ਕੀਤਾ ਹੈ। ਰਮਨ ਅਰੋੜਾ ਤੇ ਰਾਜੂ ਮਦਾਨ ਦੀ ਜ਼ਮਾਨਤ ਪਟੀਸ਼ਨ ਬੀਤੇ ਦਿਨੀਂ ਅਦਾਲਤ ਵਿੱਚ ਰੱਦ ਹੋਣ ਤੋਂ ਬਾਅਦ ਵਿਜੀਲੈਂਸ ਹੁਣ ਫਰਾਰ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਛਾਪੇ ਮਾਰ ਰਹੀ ਹੈ। ਵਿਜੀਲੈਂਸ ਦੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਦੋਵੇਂ ਦੁਬਈ ਵਿੱਚ ਲੁਕੇ ਹੋਏ ਹਨ, ਜਿੱਥੇ ਜਲੰਧਰ ਦਾ ਇਕ ਵੱਡਾ ਸੱਟੇਬਾਜ਼ ਉਨ੍ਹਾਂ ਦੀ ਮਦਦ ਕਰ ਰਿਹਾ ਹੈ। ਵਿਜੀਲੈਂਸ ਟੀਮ ਹੁਣ ਸੱਟੇਬਾਜ਼ ਦੀ ਭੂਮਿਕਾ ਦੀ ਵੀ ਜਾਂਚ ਕਰ ਰਹੀ ਹੈ ਤੇ ਉਸ ਦੇ ਵਿਰੁੱਧ ਵੀ ਮਾਮਲਾ ਦਰਜ ਕੀਤਾ ਜਾ ਸਕਦਾ ਹੈ। ਦੁਬਈ 'ਚ ਹੋਣ ਦੀ ਪੁਸ਼ਟੀ ਹੋਣ ਤੋਂ ਬਾਅਦ ਇੰਟਰਪੋਲ ਦੀ ਮਦਦ ਨਾਲ ਵਿਧਾਇਕ ਦੇ ਪੁੱਤਰ ਤੇ ਕੁੜਮ ਨੂੰ ਭਾਰਤ ਲਿਆਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਅਧਿਕਾਰੀਆਂ ਮੁਤਾਬਕ, ਇਹ ਮਾਮਲਾ ਆਰਥਕ ਅਪਰਾਧਾਂ, ਮਨੀ ਲਾਂਡਰਿੰਗ ਤੇ ਹਾਈ ਪ੍ਰੋਫਾਈਲ ਨੈੱਟਵਰਕ ਨਾਲ ਜੁੜਿਆ ਹੋ ਸਕਦਾ ਹੈ। ਉੱਧਰ, ਵਿਧਾਇਕ ਰਮਨ ਅਰੋੜਾ ਜ਼ਮਾਨਤ ਲੈਣ ਲਈ ਹੁਣ ਹਾਈ ਕੋਰਟ ਜਾ ਸਕਦੇ ਹਨ। ਜ਼ਮਾਨਤ ਪਟੀਸ਼ਨ ਰੱਦ ਹੋਣ ਤੋਂ ਬਾਅਦ ਸਿਆਸੀ ਗਲਿਆਰਿਆਂ 'ਚ ਅਰੋੜਾ ਦੇ ਅਸਤੀਫੇ ਦੀ ਚਰਚਾ ਸ਼ੁਰੂ ਹੋ ਗਈ ਹੈ।

### ਸਾਬਕਾ ਵਿਧਾਇਕ ਸੰਦੋਆ ਨੇ 'ਆਪ' ਛੱਡੀ

**ਚੰਡੀਗੜ੍ਹ :** ਆਮ ਆਦਮੀ ਪਾਰਟੀ ਵੱਲੋਂ ਦੋ ਦਿਨ ਪਹਿਲਾਂ ਮੁਅੱਤਲ ਕੀਤੇ ਗਏ ਵਿਧਾਨ ਸਭਾ ਹਲਕਾ ਰੂਪਨਗਰ ਦੇ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਨੇ ਐਤਵਾਰ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੂੰ ਅਸਤੀਫਾ ਭੇਜ ਦਿੱਤਾ।

ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਦੋਆ ਨੇ ਕਿਹਾ ਕਿ 5 ਜੁਲਾਈ ਨੂੰ ਉਨ੍ਹਾਂ ਦੇ ਹਲਕੇ ਵਿੱਚ ਤੇਜ਼ ਰਫਤਾਰ ਕਾਰ ਚਾਰ ਜਣਿਆਂ ਨੂੰ ਟੱਕਰ ਮਾਰ ਕੇ ਫਰਾਰ ਹੋ ਗਈ ਸੀ। ਇਸ ਹਾਦਸੇ ਵਿੱਚ ਇੱਕ ਔਰਤ ਦੀ ਮੌਤ ਹੋ ਗਈ, ਜਦੋਂ ਕਿ ਤਿੰਨ ਹੋਰ ਕੁੜੀਆਂ ਗੰਭੀਰ ਰੂਪ ਵਿੱਚ ਜ਼ਖਮੀ ਹਨ। ਪੁਲਸ ਵੱਲੋਂ ਮੁਲਜ਼ਮਾਂ ਖਿਲਾਫ ਕਾਰਵਾਈ ਕਰਨ ਦੀ ਥਾਂ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ। ਰੋਸ ਵਿੱਚ ਇਲਾਕੇ ਦੇ ਲੋਕਾਂ ਵੱਲੋਂ ਪ੍ਰਦਰਸ਼ਨ ਕੀਤੇ ਗਏ, ਜਿਸ ਵਿੱਚ ਉਨ੍ਹਾ ਨੇ ਸ਼ਾਮਲ ਹੋ ਕੇ ਲੋਕਾਂ ਦੀ ਆਵਾਜ਼ ਚੁੱਕੀ। ਲੋਕਾਂ ਦੀ ਆਵਾਜ਼ ਚੁੱਕਣ ਕਰਕੇ ਪਾਰਟੀ ਨੇ ਉਨ੍ਹਾ ਨੂੰ ਦੋ ਦਿਨ ਪਹਿਲਾਂ ਮੁਅੱਤਲ ਕਰ ਦਿੱਤਾ ਸੀ, ਪਰ ਉਨ੍ਹਾ ਖੁਦ ਹੀ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਹੈ ਤੇ ਲੋਕਾਂ ਦੀ ਆਵਾਜ਼ ਨੂੰ ਇਸੇ ਤਰ੍ਹਾਂ ਚੁੱਕਦੇ ਰਹਿਣਗੇ।

### ਅੱਜ-ਨਾਮਾ

ਵਿੱਚ ਬਿਹਾਰ ਦੇ ਹੋਊ ਫਿਰ ਚੋਣ ਜਲਦੀ,
ਚੱਲ ਰਿਹਾ ਚੋਣ ਪ੍ਰਬੰਧ ਲਈ ਜ਼ੋਰ ਬੇਲੀ।
ਵੋਟਰ ਲਿਸਟ ਦੀ ਕਹਿੰਦੇ ਈ ਜਾਂਚ ਹੁੰਦੀ,
ਨੁਕਤਾ ਨਿਕਲਦਾ ਨਿੱਤ ਕੋਈ ਹੋਰ ਬੇਲੀ।
ਜਾਅਲੀ ਵੋਟਰ ਵੀ ਬਣੇ ਈ ਬਹੁਤ ਸਾਰੇ,
ਚੋਖਾ ਇਹਦਾ ਵੀ ਪਵੇ ਪਿਆ ਸ਼ੋਰ ਬੇਲੀ।
ਜਿਹੜੇ ਢੰਗ ਸਰਕਾਰ ਪਈ ਵਰਤਦੀ ਊ,
ਉਹਦੀ ਬੁੱਕਲ ਵਿੱਚ ਜਾਪਦਾ ਚੋਰ ਬੇਲੀ।
ਅਰਜ਼ੀ ਪਾਈ ਅਦਾਲਤ ਤਾਂ ਟਿਕੀ ਨਾਹੀਂ,
ਬਚਦਾ ਲੋਕਾਂ ਨੂੰ ਕੋਈ ਨਹੀਂ ਰਾਹ ਬੇਲੀ।
ਪਤਾ ਨਹੀਂ ਕਿੱਦਾਂ ਦੀ ਹੋਊਗੀ ਚੋਣ ਓਥੇ,
ਡਾਢਿਆਂ ਅੱਗੇ ਨਹੀਂ ਚੱਲਦੀ ਵਾਹ ਬੇਲੀ।

-ਤੀਸ ਮਾਰ ਖਾਂ

## ਰਾਜ ਸਭਾ ਲਈ ਚਾਰ ਮੈਂਬਰ ਨਾਮਜ਼ਦ


ਉੱਜਵਲ ਨਿਕਮ


ਸੀ ਸਦਾਨੰਦਨ ਮਾਸਟਰ


ਹਰਸ਼ਵਰਧਨ ਸ਼੍ਰਿੰਗਲਾ


ਮੀਨਾਕਸ਼ੀ ਜੈਨ

**ਨਵੀਂ ਦਿੱਲੀ :** ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਨਾਮਜ਼ਦ ਮੈਂਬਰਾਂ ਦੀ ਸੇਵਾਮੁਕਤੀ ਕਾਰਨ ਖਾਲੀ ਅਸਾਮੀਆਂ ਨੂੰ ਭਰਨ ਲਈ ਐਡਵੋਕੇਟ ਉੱਜਵਲ ਦੇਵਰਾਓ ਨਿਕਮ, ਕੇਰਲਾ ਭਾਜਪਾ ਦੇ ਆਗੂ ਸੀ ਸਦਾਨੰਦਨ ਮਾਸਟਰ, ਡਿਪਲੋਮੈਟ ਹਰਸ਼ਵਰਧਨ ਸ਼੍ਰਿੰਗਲਾ ਤੇ ਇਤਿਹਾਸਕਾਰ ਡਾ. ਮੀਨਾਕਸ਼ੀ ਜੈਨ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਹੈ। ਰਾਸ਼ਟਰਪਤੀ ਵੱਖ-ਵੱਖ ਖੇਤਰਾਂ ਨਾਲ ਸੰਬੰਧਤ 12 ਹਸਤੀਆਂ ਨੂੰ ਰਾਜ ਸਭਾ ਲਈ ਨਾਮਜ਼ਦ ਕਰ ਸਕਦੇ ਹਨ।

ਉੱਜਵਲ ਨਿਕਮ ਨੇ 26/11 ਮੁੰਬਈ ਦਹਿਸ਼ਤੀ ਹਮਲੇ ਦੇ ਇਕਲੌਤੇ ਜਿਉਂਦੇ ਫੜੇ ਗਏ ਦਹਿਸ਼ਤਗਰਦ ਅਜਮਲ ਕਸਾਬ ਨੂੰ ਮੌਤ ਦੀ ਸਜ਼ਾ ਦਿਵਾਈ ਸੀ। ਨਿਕਮ ਨੇ 2024 ਵਿੱਚ ਭਾਜਪਾ ਦੀ ਟਿਕਟ 'ਤੇ ਮੁੰਬਈ ਉੱਤਰ-ਕੇਂਦਰੀ ਸੀਟ ਤੋਂ ਚੋਣ ਲੜੀ ਸੀ, ਪਰ ਹਾਰ ਗਏ ਸਨ।

ਨਿਕਮ ਨੇ ਕਈ ਹਾਈ-ਪ੍ਰੋਫਾਈਲ ਮਾਮਲਿਆਂ ਵਿਚ ਵਕਾਲਤ ਕੀਤੀ, ਜਿਨ੍ਹਾਂ ਵਿੱਚ 1993 ਦੇ ਮੁੰਬਈ ਧਮਾਕੇ, ਗੁਲਸ਼ਨ ਕੁਮਾਰ ਹੱਤਿਆ, ਪ੍ਰਮੋਦ ਮਹਾਜਨ ਹੱਤਿਆ, ਮਰੀਨ ਡਰਾਈਵ ਬਲਾਤਕਾਰ ਮਾਮਲਾ ਅਤੇ 2008 ਦੇ ਮੁੰਬਈ ਦਹਿਸ਼ਤੀ ਹਮਲੇ ਸ਼ਾਮਲ ਹਨ। ਸ਼੍ਰਿੰਗਲਾ ਭਾਰਤ ਦੇ ਵਿਦੇਸ਼ ਸਕੱਤਰ ਅਤੇ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ, ਬੰਗਲਾਦੇਸ਼ ਵਿੱਚ ਹਾਈ ਕਮਿਸ਼ਨਰ ਅਤੇ ਥਾਈਲੈਂਡ ਵਿੱਚ ਰਾਜਦੂਤ ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ। ਕਮਿਊਨਿਸਟ ਪਰਵਾਰ ਵਿੱਚ ਪੈਦਾ ਹੋਏ ਸੀ ਸਦਾਨੰਦਨ ਮਾਸਟਰ ਕੇਰਲਾ ਭਾਜਪਾ ਦੇ ਆਗੂ ਹਨ। ਸੀ ਪੀ ਆਈ (ਐੱਮ) ਵਰਕਰਾਂ ਨਾਲ ਲੜਾਈ ਵਿੱਚ ਉਨ੍ਹਾ ਦੀਆਂ ਲੱਤਾਂ ਵੱਢੀਆਂ ਗਈਆਂ ਸਨ। ਉਨ੍ਹਾ ਕੂਥੂਪਰਾਂਬੂ ਹਲਕੇ ਤੋਂ ਅਸੈਂਬਲੀ ਚੋਣ ਲੜੀ ਸੀ, ਪਰ ਹਾਰ ਗਏ ਸਨ। ਡਾ. ਮੀਨਾਕਸ਼ੀ ਜੈਨ ਭਾਰਤੀ ਦ੍ਰਿਸ਼ਟੀਕੋਣ ਵਾਲੀ ਇਤਿਹਾਸਕਾਰ ਹੈ ਅਤੇ ਦਿੱਲੀ ਯੂਨੀਵਰਸਿਟੀ ਦੇ ਕਾਲਜਾਂ ਵਿੱਚ ਇਤਿਹਾਸ ਪੜ੍ਹਾਉਂਦੀ ਰਹੀ ਹੈ।

### ਸ਼੍ਰੋਮਣੀ ਕਮੇਟੀ ਨੌਵੇਂ ਪਾਤਸ਼ਾਹ ਦਾ ਇਤਿਹਾਸ ਕੰਨੜ ਭਾਸ਼ਾ 'ਚ ਛਪਵਾਏਗੀ

**ਅੰਮ੍ਰਿਤਸਰ :** ਕਰਨਾਟਕ ਵਿੱਚ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਦਾ ਇਤਿਹਾਸ ਕੰਨੜ ਭਾਸ਼ਾ ਵਿੱਚ ਸੰਗ੍ਰਹਿਤ ਕੀਤਾ ਜਾਵੇਗਾ। ਸੂਬੇ ਅੰਦਰ ਸਿੱਖੀ ਦੇ ਪ੍ਰਚਾਰ ਅਤੇ ਵਿਸ਼ੇਸ਼ ਕਰਕੇ ਬੱਚਿਆਂ ਨੂੰ ਪੰਜਾਬੀ ਅਤੇ ਗੁਰਬਾਣੀ ਦੀ ਜਾਣਕਾਰੀ ਦੇਣ ਲਈ ਪ੍ਰਚਾਰਕ ਭੇਜੇ ਜਾਣਗੇ। ਗੁਰੂ ਘਰ ਵਿਖੇ ਲਾਇਬਰੇਰੀ ਲਈ ਕਿਤਾਬਾਂ ਵੀ ਭੇਜੀਆਂ ਜਾਣਗੀਆਂ। ਇਹ ਗੱਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਹੀ ਹੈ, ਜੋ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਬੇਂਗਲੁਰੂ ਗਏ ਹੋਏ ਹਨ।

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ੁਰੂ ਕੀਤੀ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਲਸੂਰ ਬੇਂਗਲੁਰੂ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।

ਸਮਾਗਮ ਵਿੱਚ ਪੰਥ ਪ੍ਰਸਿੱਧ ਰਾਗੀ ਜਥਿਆਂ, ਕਥਾਵਾਚਕਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਸ਼ਮੂਲੀਅਤ ਕੀਤੀ।

ਐਡਵੋਕੇਟ ਧਾਮੀ ਨੇ ਸਥਾਨਕ ਸਿੱਖ ਆਗੂਆਂ ਤੇ ਸੰਗਤ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਪੁਰਜ਼ੋਰ ਯਤਨ ਕੀਤੇ ਜਾਣ ਅਤੇ ਅਖਬਾਰਾਂ, ਈ-ਮੇਲਾਂ ਅਤੇ ਹੋਰ ਮੀਡੀਆ ਸਾਧਨਾਂ ਰਾਹੀਂ ਸਰਕਾਰਾਂ ਤੱਕ ਗੱਲ ਰੱਖੀ ਜਾਵੇ।

## ਅਕਾਲੀ ਦਲ (ਬ) ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਦਾ ਅਕਾਲੀ ਆਗੂ ਕ੍ਰਿਸ਼ਨ ਸਨੌਰ ਦੇ ਗ੍ਰਹਿ ਵਿਖੇ ਗਰਮਜੋਸ਼ੀ ਨਾਲ ਸਵਾਗਤ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਹਲਕਾ ਸਨੌਰ ਵਿੱਚ ਆਪਣੀ ਪਹਿਲੀ ਫੇਰੀ ਦੌਰਾਨ ਸੀਨੀਅਰ ਅਕਾਲੀ ਆਗੂ ਤੇ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਕ੍ਰਿਸ਼ਨ ਸਿੰਘ ਸਨੌਰ ਦੇ ਗ੍ਰਹਿ ਸਥਾਨ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਕ੍ਰਿਸ਼ਨ ਸਿੰਘ ਸਨੌਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ, ਜ਼ਿਲ੍ਹਾ ਇੰਚਾਰਜ ਐੱਨ. ਕੇ. ਸ਼ਰਮਾ ਤੇ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੇ ਸਦਾ ਅਭਾਰੀ ਰਹਿਣਗੇ, ਜਿਨ੍ਹਾਂ ਨੇ ਪੜ੍ਹੇ-ਲਿਖੇ ਟਕਸਾਲੀ ਪਰਿਵਾਰ ਦੇ ਆਗੂ ਨੂੰ ਇਹ ਜ਼ਿੰਮੇਵਾਰੀ ਦੇ ਕੇ ਇਲਾਕੇ ਦੇ ਲੋਕਾਂ ਨੂੰ ਮਾਣ ਬਖ਼ਸ਼ਿਆ।ਉਨ੍ਹਾਂ ਵਾਅਦਾ ਕੀਤਾ ਕਿ ਪਾਰਟੀ ਆਗੂਆਂ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਹਰ ਹਲਕੇ ਵਿੱਚ ਆਗੂਆਂ ਨੂੰ ਜੋੜ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਕਬੀਰ ਦਾਸ ਇੰਚਾਰਜ ਹਲਕਾ ਸ਼ਤਰਾਣਾ, ਹਰਮਿੰਦਰ ਸਿੰਘ ਜੋਗੀਪੁਰ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਹਰਵਿੰਦਰ ਸਿੰਘ ਗਗਰੌਲੀ, ਬਲਦੇਵ ਸਿੰਘ ਖੁੱਡਾ, ਸੰਜੀਵ ਕੁਮਾਰ ਅਹਿਰੂਕਲਾਂ, ਗੁਰਦੀਪ ਸਿੰਘ ਜੋਗੀਪੁਰ, ਹਰਬੰਸ ਸਿੰਘ ਸਾਬਕਾ ਸਰਪੰਚ ਜੋਗੀਪੁਰ, ਬਲਿਹਾਰ ਸਿੰਘ ਚੱਠਾ, ਬੂਟਾ ਸਿੰਘ ਗਗਰੌਲੀ, ਅਮਰੀਕ ਸਿੰਘ ਢਿੱਲੋਂ ਸਨੌਰ, ਰਾਜਪਾਲ ਸਿੰਘ ਸਨੌਰ, ਮਨਜੀਤ ਸਿੰਘ ਸਮਾਜ ਸੇਵੀ, ਭੁਪਿੰਦਰ ਸਿੰਘ ਪ੍ਰਧਾਨ ਸਰਬ ਧਰਮ ਕਲੱਬ ਸਨੌਰ, ਲਖਵਿੰਦਰ ਸਿੰਘ ਸਨੌਰ, ਅਮਰੀਕ ਸਿੰਘ ਹਾਂਡਾ, ਅਮਰਜੀਤ ਸਿੰਘ ਟੋਡਰਪੁਰ ਸਾਬਕਾ ਚੇਅਰਮੈਨ, ਬਲਕਾਰ ਸਿੰਘ ਕੌੜਾ ਅਮਰਜੀਤ ਸਿੰਘ ਟੋਡਰਪੁਰ ਸਾਬਕਾ ਚੇਅਰਮੈਨ ਅਤੇ ਹੋਰ ਅਕਾਲੀ ਆਗੂ ਤੇ ਵਰਕਰ ਮੌਜੂਦ ਸਨ।

## ਮੁੰਡੀਆਂ ਤੇ ਖੁੱਡੀਆ ਨੂੰ ਮਿਲਿਆ ਅਸ਼ਟਾਮ ਫਰੋਸ਼ ਯੂਨੀਅਨ ਦਾ ਵਫ਼ਦ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਪਣੀਆਂ ਮੰਗਾਂ ਦੇ ਨਿਪਟਾਰੇ ਸਬੰਧੀ ਕੈਬਨਿਟ ਮੰਤਰੀ ਪੰਜਾਬ ਹਰਦੀਪ ਸਿੰਘ ਮੁੰਡੀਆਂ ਤੇ ਗੁਰਮੀਤ ਸਿੰਘ ਖੁੱਡੀਆ ਨਾਲ ਪੰਜਾਬ ਸਟੈਂਪ ਵੈਂਡਰ ਯੂਨੀਅਨ ਦੇ ਇੱਕ ਵਫ਼ਦ ਨੇ ਮੁਲਾਕਾਤ ਕੀਤੀ। ਵਫ਼ਦ ਵਿੱਚ ਯੂਨੀਅਨ ਵੱਲੋਂ ਬਲਜਿੰਦਰ ਸਿੰਘ, ਜਸਵਿੰਦਰ ਸਿੰਘ ਸਚਦੇਵਾ, ਹਰਬੰਸ ਸਿੰਘ, ਤਜਿੰਦਰ ਗਰਗ ਤੇ ਦਵਿੰਦਰ ਸ਼ਰਮਾ ਨੇ ਕੈਬਨਿਟ ਵਜ਼ੀਰਾਂ ਦੇ ਧਿਆਨ ਵਿੱਚ ਲਿਆਂਦਾ ਕਿ ਉਨ੍ਹਾਂ ਹਮੇਸ਼ਾ ਪੰਜਾਬ ਸਰਕਾਰ ਦਾ ਮਾਲੀਆ ਵਧਾਉਣ ਲਈ ਆਪਣੀਆਂ ਸੇਵਾਵਾਂ ਦਿੱਤੀਆਂ ਹਨ ਅਤੇ ਬੜੇ ਸੀਮਤ ਸਾਧਨਾਂ ਤੇ ਨਾਮਾਤਰ ਕਮਿਸ਼ਨ ਦੇ ਬਾਵਜੂਦ ਆਮ ਜਨਤਾ ਨੂੰ ਅਸ਼ਟਾਮਾਂ ਦੀ ਸਹੂਲਤ ਮੁਹੱਈਆ ਕਰਵਾਈ ਹੈ, ਪਰ ਲੰਮੇ ਅਰਸੇ ਤੋਂ ਲਟਕ ਰਹੀਆਂ ਜਾਇਜ਼ ਮੰਗਾਂ ਪ੍ਰਤੀ ਕਿਸੇ ਵੀ ਸਰਕਾਰ ਨੇ ਹਾਅ ਦਾ ਨਾਅਰਾ ਨਹੀਂ ਮਾਰਿਆ, ਜਦਕਿ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਅਸ਼ਟਾਮ ਫਰੋਸ਼ਾਂ ਨੂੰ ਠੰਢੇ ਬੁੱਲੇ ਆਉਣ ਦੀ ਆਸ ਬੱਝੀ ਹੈ। ਉਨ੍ਹਾਂ ਕਿਹਾ ਕਿ ਲੱਗਭਗ 20 ਸਾਲਾਂ ਤੋਂ ਹਰੇਕ ਸਰਕਾਰ ਦਾ ਫੈਸਲਾ ਅਸ਼ਟਾਮ ਫਰੋਸ਼ਾਂ ਦੇ ਹਿੱਤਾਂ ਦੇ ਉਲਟ ਹੋਇਆ ਹੈ, ਜਿਸ ਕਰਕੇ ਰੂਲ 25 (1) ਤੇ 2 ਦੇ ਪੰਜਾਬ ਸਟੈਂਪ ਰੂਲਜ਼ 1934 ਦੀ ਉਲੰਘਣਾ ਹੋਈ ਹੈ। ਵਫ਼ਦ ਨੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਕਿ ਮਾਰਚ 2003 ਤੋਂ ਪਹਿਲਾਂ ਅਸ਼ਟਾਮ ਫਰੋਸ਼ਾਂ ਦਾ ਕਮਿਸ਼ਨ 5 ਫੀਸਦੀ/4 ਫੀਸਦੀ ਸੀ, ਜਿਹੜਾ ਕਿ ਘਟਾ ਕੇ 2 ਫੀਸਦੀ ਕਰ ਦਿੱਤਾ ਗਿਆ। ਉਸ ਤੋਂ ਬਾਅਦ ਜੂਨ 2014 ਤੋਂ ਲਿਮਿਟ 50 ਹਜ਼ਾਰ ਤੋਂ ਘਟਾ ਕੇ 20 ਹਜ਼ਾਰ ਰੁਪਏ ਕਰ ਦਿੱਤੀ ਗਈ। ਉਸ ਤੋਂ ਜ਼ਿਆਦਾ ਸਿਤਮ ਦੀ ਗੱਲ ਇਹ ਰਹੀ ਕਿ ਸਰਕਾਰ ਨੇ 5 ਅਪ੍ਰੈਲ 2023 ਤੋਂ 50 ਰੁਪਏ ਤੋਂ ਲੈ ਕੇ 500 ਰੁਪਏ ਤੱਕ ਦਾ ਅਸ਼ਟਾਮ ਓਪਨ ਪ੍ਰਣਾਲੀ ਰਾਹੀਂ ਸਟਾਕ ਹੋਲਡਿੰਗ ਦੁਆਰਾ ਕਿਸੇ ਵੀ ਨਾਗਰਿਕ ਨੂੰ ਨਿੱਜੀ ਤੌਰ 'ਤੇ ਪ੍ਰਾਪਤ ਕਰਨ ਦਾ ਅਧਿਕਾਰ ਦੇ ਦਿੱਤਾ, ਜਿਸ ਨਾਲ ਆਏ ਦਿਨ ਕਈ ਬੇਨਿਯਮੀਆਂ ਵੀ ਸਾਹਮਣੇ ਆ ਰਹੀਆਂ ਹਨ। ਵਫ਼ਦ ਨੇ ਸਰਕਾਰ ਤੋਂ ਮੰਗ ਕੀਤੀ ਕਿ ਜੋ ਫਾਈਲ (ਸਟੇਸ਼ਨਰੀ ਚਾਰਜਸ ਸੰਬੰਧੀ) 33 ਮਹੀਨਿਆਂ ਤੋਂ ਲੰਬਿਤ ਪਈ ਹੈ, ਉਸ ਨੂੰ ਜਲਦ ਤੋਂ ਜਲਦ ਪਾਸ ਕੀਤਾ ਜਾਵੇ, ਅਸ਼ਟਾਮ ਫਰੋਸ਼ਾਂ ਦੀ ਵਿਕਰੀ ਲਿਮਿਟ ਜੋ 2 ਲੱਖ ਰੁਪਏ ਤੱਕ ਹੈ, ਉੱਪਰ 2 ਫੀਸਦੀ ਕਮਿਸ਼ਨ ਦਿੱਤਾ ਜਾਵੇ ਆਦਿ। ਉਪਰੋਕਤ ਸਾਰੇ ਮੁੱਦਿਆਂ ਨੂੰ ਧਿਆਨ ਵਿੱਚ ਰੱਖਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਗੁਰਮੀਤ ਸਿੰਘ ਖੁੱਡੀਆ ਨੇ ਜਲਦ ਹੀ ਉੱਚ ਅਧਿਕਾਰੀਆਂ ਨਾਲ ਪੰਜਾਬ ਸਟੈਂਪ ਵੈਂਡਰ ਯੂਨੀਅਨ ਦੀ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਤਾਂ ਕਿ ਦਰਪੇਸ਼ ਸਮੱਸਿਆਵਾਂ ਦਾ ਠੋਸ ਹੱਲ ਤੇ ਮੁਕੰਮਲ ਤੌਰ 'ਤੇ ਨਿਪਟਾਰਾ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਨਿੱਜੀ ਸਹਾਇਕ ਜਸਪਾਲ ਸਿੰਘ ਵੀ ਮੌਜੂਦ ਸਨ।

## ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਬਣਨ ਉਪਰੰਤ ਜਥੇਦਾਰ ਮਾਹਲਾ ਗੁਰਦੁਆਰਾ ਚੰਦ ਪੁਰਾਣਾ ਵਿਖੇ ਹੋਏ ਨਤਮਸਤਕ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਬਣਨ ਉਪਰੰਤ ਜਥੇਦਾਰ ਤੀਰਥ ਸਿੰਘ ਮਾਹਲਾ ਅੱਜ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਤੇ ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਵਿਖੇ ਨਤਮਸਤਕ ਹੋਏ।ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਵਰਕਰ ਮੌਜੂਦ ਸਨ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਜਥੇਦਾਰ ਤੀਰਥ ਸਿੰਘ ਮਹੱਲਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਸੰਗਤਾਂ ਦੇ ਸਨਮੁੱਖ ਹੁੰਦਿਆਂ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਕਿਹਾ ਕਿ ਹਰ ਸਿੱਖ ਦਾ ਮੁੱਢਲਾ ਫਰਜ਼ ਹੈ ਕਿ ਉਹ ਗੁਰੂ ਸਾਹਿਬਾਨਾਂ ਵੱਲੋਂ ਦਿਖਾਏ ਗਏ ਮਾਰਗ 'ਤੇ ਚੱਲਦੇ ਹੋਏ ਸਮਾਜਿਕ ਕੁਰੀਤੀਆਂ ਤੋਂ ਰਹਿਤ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗ ਕੇ ਬਾਣੀ ਤੇ ਬਾਣੇ ਦਾ ਧਾਰਨੀ ਹੋ ਕੇ ਆਪਣਾ ਜੀਵਨ ਸਫਲਾ ਕਰਨ।ਬਾਬਾ ਗੁਰਦੀਪ ਸਿੰਘ ਜੀ ਨੇ ਕਿਹਾ ਕਿ ਜਿਹੜੇ ਮਨੁੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਦੇ ਹਨ, ਉਨ੍ਹਾਂ ਦੀਆਂ ਮਨੋਕਾਮਨਾਵਾਂ ਹਮੇਸ਼ਾ ਪੂਰੀਆਂ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਹਰ ਸਿੱਖ ਨੂੰ ਨਸ਼ਾ ਰਹਿਤ ਹੋ ਕੇ ਨਰੋਏ ਸਮਾਜ ਦੀ ਸਿਰਜਣਾ ਕਰਨੀ ਚਾਹੀਦੀ ਹੈ ਅਤੇ ਸਮਾਜ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਆਪਣੀ ਸ਼ਰਧਾ ਤੇ ਅਕੀਦਤ ਭੇਟ ਕਰਨ ਲਈ ਇਸ ਅਸਥਾਨ 'ਤੇ ਆਪਣੀ ਹਾਜ਼ਰੀ ਲਗਵਾਉਂਦੇ ਰਹਿੰਦੇ ਹਨ।

ਉਨ੍ਹਾਂ ਕਿਹਾ ਕਿ ਗੁਰੂ ਮਹਾਰਾਜ ਦੀ ਕਿਰਪਾ ਸਦਕਾ ਹੀ ਉਨ੍ਹਾਂ ਨੂੰ ਇਹ ਮੁਕਾਮ ਹਾਸਲ ਹੋਇਆ ਹੈ।ਉਨ੍ਹਾਂ ਕਿਹਾ ਕਿ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਨਾਲ ਵੀ ਉਨ੍ਹਾਂ ਦਾ ਬਹੁਤ ਸਨੇਹ ਸੀ ਤੇ ਉਨ੍ਹਾਂ ਵੱਲੋਂ ਕੀਤੇ ਧਾਰਮਿਕ ਤੇ ਸਮਾਜ ਸੇਵੀ ਕਾਰਜ ਅੱਜ ਵੀ ਇਸ ਅਸਥਾਨ 'ਤੇ ਮੌਜੂਦਾ ਮੁਖੀ ਸੰਤ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਨਿਰੰਤਰ ਜਾਰੀ ਹਨ।

■ ਸੰਤ ਬਾਬਾ ਗੁਰਦੀਪ ਸਿੰਘ ਨੇ ਜਥੇਦਾਰ ਮਾਹਲਾ ਦਾ ਸਿਰੋਪਾਓ ਦੇ ਕੇ ਕੀਤਾ ਸਨਮਾਨ



## ਚੈਰੀਟੇਬਲ ਟਰੱਸਟ ਨੇ ਸਕੂਲ 'ਚ ਲਵਾਇਆ ਆਰ ਓ ਸਿਸਟਮ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ)**-ਡਾਕਟਰ ਐੱਸ ਪੀ ਸਿੰਘ ਉਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਅਜੀਤ ਨਗਰ-1 ਮਲੋਟ ਵਿੱਚ ਮੁਫਤ ਆਰ ਓ ਸਿਸਟਮ ਲਗਾਇਆ ਗਿਆ, ਤਾਂ ਜੋ ਬੱਚਿਆਂ ਨੂੰ ਸਾਫ਼ ਪਾਣੀ ਪੀਣ ਲਈ ਮਿਲ ਸਕੇ। ਅਰਵਿੰਦਰਪਾਲ ਸਿੰਘ ਚਾਹਲ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਸਕੂਲ ਵੱਲੋਂ ਡਾ. ਐੱਸ ਪੀ ਸਿੰਘ ਓਬਰਾਏ ਨੂੰ ਬੱਚਿਆਂ ਦੀ ਸਿਹਤ ਦੇ ਮੱਦੇਨਜ਼ਰ ਸਕੂਲ ਵਿੱਚ ਆਰ ਓ ਸਿਸਟਮ ਲਗਾਏ ਜਾਣ ਨੂੰ ਕਿਹਾ ਗਿਆ ਸੀ ਤਾਂ ਡਾਕਟਰ ਓਬਰਾਏ ਵੱਲੋਂ ਤੁਰੰਤ ਪ੍ਰਵਾਨਗੀ ਦਿੱਤੀ ਗਈ ਤਾਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਮਲੋਟ ਦੇ ਸੇਵਾਦਾਰ ਸੋਹਣ ਲਾਲ ਗੁੰਬਰ ਵੱਲੋਂ ਸਕੂਲ ਵਿੱਚ ਜਾ ਕੇ ਆਰ ਓ ਫਿੱਟ ਕਰਵਾਇਆ ਗਿਆ।ਆਉਣ ਵਾਲੇ ਸਮੇਂ ਵਿੱਚ ਇਸ ਦਾ ਬਕਾਇਆ ਉਦਘਾਟਨ ਕਰਵਾਇਆ ਜਾਵੇਗਾ।ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਹਲਕਾ ਮਲੋਟ ਦੇ ਵੱਡੀ ਗਿਣਤੀ ਸਕੂਲਾਂ ਵਿੱਚ ਆਰ ਓ ਸਿਸਟਮ ਲਗਾਏ ਜਾ ਚੁੱਕੇ ਹਨ।ਸਕੂਲ ਸਟਾਫ, ਬੱਚਿਆਂ ਤੇ ਬੱਚਿਆਂ ਦੇ ਮਾਪਿਆਂ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ।

## 40 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਔਰਤ ਖਿਲਾਫ ਪਰਚਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ 40 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਇਕ ਔਰਤ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਕਾਠਗੜ੍ਹ ਨਹਿਰ ਦੇ ਪੁਲ ਕੋਲ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਇਸ ਦੌਰਾਨ ਪੁਲਸ ਪਾਰਟੀ ਨੇ ਮਿਲੀ ਸੂਚਨਾ ਦੇ ਅਧਾਰ 'ਤੇ ਸੀਮਾ ਰਾਣੀ ਪਤਨੀ ਅਜੈ ਸਿੰਘ ਵਾਸੀ ਪਿੰਡ ਕਾਠਗੜ੍ਹ ਦੇ ਘਰ ਚੌਕੀਦਾਰ ਤੇ ਪੰਚਾਇਤੀ ਪੁਰਸ਼ਾਂ ਦੀ ਹਾਜ਼ਰੀ ਵਿੱਚ ਰੇਡ ਕੀਤਾ ਗਿਆ, ਜਿਸ ਦੌਰਾਨ ਸੀਮਾ ਰਾਣੀ ਘਰ ਵਿੱਚ ਨਹੀਂ ਮਿਲੀ, ਜਦੋਂ ਉਸ ਦੇ ਘਰ ਦੀ ਤਲਾਸ਼ੀ ਕੀਤੀ ਗਈ ਤਾਂ 40 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਵੈਰੋਕੇ ਦੀ ਪੁਲਸ ਨੇ ਸੀਮਾ ਰਾਣੀ ਪਤਨੀ ਅਜੈ ਸਿੰਘ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ।

## ਇੱਕ ਹਜ਼ਾਰ ਪ੍ਰੇਗਾ ਕੈਪਸੂਲ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਇੱਕ ਹਜ਼ਾਰ ਪ੍ਰੇਗਾ ਕੈਪਸੂਲ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਸਦਰ ਜਲਾਲਾਬਾਦ ਇਲਾਕੇ ਵਿੱਚ ਮੌਜੂਦ ਸੀ ਅਤੇ ਪੁਲਸ ਪਾਰਟੀ ਨੇ ਮਿਲੀ ਸੂਚਨਾ ਦੇ ਅਧਾਰ 'ਤੇ ਨਹਿਰ ਦੇ ਪੁਲ ਪ੍ਰਭਾਤ ਸਿੰਘ ਵਾਲਾ ਕੋਲੋਂ ਇੱਕ ਹਜ਼ਾਰ ਪ੍ਰੇਗਾ ਕੈਪਸੂਲ ਸਮੇਤ ਗੁਰਿੰਦਰ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਪਿੰਡ ਬੱਘੇਕੇ ਹਿਠਾੜ ਨੂੰ ਕਾਬੂ ਕੀਤਾ ਗਿਆ ਹੈ, ਜਿਸ 'ਤੇ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਪਰਵਾਰ ਨੇ ਲਾਇਆ ਬਜ਼ੁਰਗਾਂ ਦੀ ਯਾਦ 'ਚ ਖ਼ੂਨਦਾਨ ਕੈਂਪ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਮੌੜ ਦੇ ਸਹਿਯੋਗ ਨਾਲ ਦੂਜਾ ਖ਼ੂਨਦਾਨ ਕੈਂਪ ਮਾਤਾ ਗੁਰਨਾਮ ਕੌਰ ਤੇ ਬਾਪੂ ਸੁਖਦੇਵ ਸਿੰਘ ਦੋਵੇਂ ਸਰੀਰਦਾਨੀ ਏਮਜ਼ ਹਸਪਤਾਲ ਬਠਿੰਡਾ ਦੀ ਯਾਦ ਵਿੱਚ ਉਨ੍ਹਾਂ ਦੇ ਪਰਵਾਰ ਵੱਲੋਂ ਲਾਇਆ ਗਿਆ, ਜਿਸ ਵਿੱਚ ਗੁਰੂ ਨਾਨਕ ਚੈਰੀਟੇਬਲ ਬਲੱਡ ਬੈਂਕ ਬਠਿੰਡਾ ਦੀ ਟੀਮ ਵੱਲੋਂ ਬਲੱਡ ਦਾਨ ਕਰਾਇਆ ਗਿਆ।ਕੈਂਪ ਵਿੱਚ 25 ਯੂਨਿਟ ਖ਼ੂਨਦਾਨ ਕੀਤਾ ਗਿਆ।ਪ੍ਰੋਗਰਾਮ ਵਿੱਚ ਵੱਖ-ਵੱਖ ਬੁਲਾਰੇ ਅਮਰੀਕ ਸਿੰਘ ਰਿਟ ਜੇ ਈ, ਹਰਦੀਪ ਸਿੰਘ ਕੁੱਬੇ ਤਰਕਸ਼ੀਲ ਆਗੂ, ਸਤਪਾਲ ਭੈਣੀ ਆਈ ਡੀ ਪੀ ਆਗੂ, ਸੁਖਚੈਨ ਸਿੰਘ ਬਠਿੰਡਾ ਮੁਲਾਜ਼ਮ ਆਗੂ ਸਾਥੀਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਮੌਤ ਤੋਂ ਬਾਅਦ ਸਰੀਰ ਦਾਨ, ਅੰਗਦਾਨ ਤੇ ਜਿਉਂਦੇ ਜੀ ਖ਼ੂਨਦਾਨ ਕਰਨ ਦੀ ਮਹੱਤਤਾ ਬਾਰੇ ਦੱਸਿਆ ਕਿ ਇਹ ਤਿੰਨੋ ਦਾਨ ਸਾਡੇ ਸਮਾਜ ਦੇ ਲੋੜਵੰਦ ਲੋਕਾਂ ਲਈ ਬਹੁਤ ਜ਼ਰੂਰੀ ਹੈ।

ਇਸ ਤੋਂ ਇਲਾਵਾ ਸਮਾਜ ਵਿੱਚ ਫੈਲੀਆਂ ਕੁਰੀਤੀਆਂ, ਅੰਧ ਵਿਸ਼ਵਾਸ ਤੇ ਵੇਲਾ ਵਿਹਾ ਚੁੱਕੀਆਂ ਰਸਮਾਂ ਰਿਵਾਜਾਂ ਤੇ ਵੀ ਵਿਚਾਰ ਸਾਂਝੇ ਕੀਤੇ।ਇਸ ਕੈਂਪ ਦਾ ਉਦਘਾਟਨ ਸਮਾਜਸੇਵੀ ਡਾ. ਨੌਹਰ ਚੰਦ ਨੇ ਕੀਤਾ ਤੇ ਵੀਚਾਰ ਸਾਂਝੇ ਕੀਤੇ।ਕੈਂਪ 'ਚ ਆਏ ਖ਼ੂਨਦਾਨੀਆਂ ਦਾ, ਰਿਸ਼ਤੇਦਾਰ, ਦੋਸਤ-ਮਿੱਤਰ, ਪਤਵੰਤੇ ਸੱਜਣਾਂ, ਮੁਲਾਜ਼ਮ ਸਾਥੀ ਤੇ ਆਈ ਹੋਈ ਡਾਕਟਰੀ ਟੀਮ ਦਾ ਪ੍ਰੀਵਾਰ ਦੇ ਮੁੱਖੀ ਬਲਰਾਜ ਮੌੜ ਨੇ ਧੰਨਵਾਦ ਕੀਤਾ।

## ਸੜਕ ਹਾਦਸੇ ਦੇ ਮਾਮਲੇ 'ਚ ਅਦਾਲਤ ਨੇ ਟਰੱਕ ਡਰਾਈਵਰ ਨੂੰ ਸੁਣਾਈ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਰੀਬ 7 ਸਾਲ ਪਹਿਲਾਂ ਸਰਹਿੰਦ ਵਿਖੇ ਵਾਪਰੇ ਸੜਕ ਹਾਦਸੇ ਵਿੱਚ ਇੱਕ ਟਰੈਕਟਰ ਚਾਲਕ ਦੀ ਹੋਈ ਮੌਤ ਦੇ ਮਾਮਲੇ 'ਚ ਇੱਥੋਂ ਦੀ ਅਦਾਲਤ ਵੱਲੋਂ ਇੱਕ ਟਰੱਕ ਡਰਾਇਵਰ ਨੂੰ ਕੈਦ ਤੇ ਜ਼ੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।ਜਾਣਕਾਰੀ ਅਨੁਸਾਰ 18/12/18 ਨੂੰ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਅ/ਧ279,304-ਏ,427 ਆਈ.ਪੀ.ਸੀ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਸਵਰਨ ਵਾਸੀ ਪਿੰਡ ਮੋਹਨਪੁਰ (ਲੁਧਿਆਣਾ) ਨੂੰ ਨਾਮਜ਼ਦ ਕੀਤਾ ਗਿਆ ਸੀ।ਮਾਮਲੇ ਸਬੰਧੀ ਪੁਲਸ ਨੂੰ ਦਿੱਤੇ ਗਏ ਬਿਆਨਾਂ 'ਚ ਬਲਿਹਾਰ ਸਿੰਘ ਵਾਸੀ ਪਿੰਡ ਦੌਣ ਕਲਾਂ ਨੇ ਦੱਸਿਆ ਸੀ ਕਿ ਉਹ ਸ਼ਾਮ ਕਰੀਬ 4 ਵਜੇ ਪਿੰਡ ਤੋਂ ਜੌਨ ਡੀਅਰ ਟਰੈਕਟਰ ਪਿੱਛੇ ਟਰਾਲੀ 'ਚ ਗੰਨਾ ਲੱਦ ਕੇ ਖੰਡ ਮਿੱਲ ਲਈ ਰਵਾਨਾ ਹੋਏ ਸਨ, ਜਿਸ ਨੂੰ ਉਸਦਾ ਭਤੀਜਾ ਗੁਰਪ੍ਰੀਤ ਸਿੰਘ ਉਰਫ਼ ਰਿੰਕਾ ਵਾਸੀ ਪਿੰਡ ਦੌਣ ਕਲਾਂ ਚਲਾ ਰਿਹਾ ਸੀ, ਜਦੋਂਕਿ ਉਹ ਤੇ ਉਸਦੇ ਸਾਥੀ ਮਹਿੰਦਰ ਸਿੰਘ, ਅਵਤਾਰ ਸਿੰਘ ਤੇ ਤਾਜਵਿੰਦਰ ਸਿੰਘ ਟਰਾਲੀ 'ਚ ਗੰਨੇ ਦੇ ਉੱਤੇ ਬੈਠੇ ਸਨ।ਉਹ ਜਦੋਂ ਸਰਹਿੰਦ ਨੇੜਲੇ ਪਿੰਡ ਤਰਖਾਣਮਾਜਰਾ ਕੋਲ ਪਹੁੰਚੇ ਤਾਂ ਬੜੀ ਤੇਜ਼ ਰਫ਼ਤਾਰ ਨਾਲ ਆ ਰਹੇ ਇੱਕ 14 ਟਾਇਰੀ ਟਰੱਕ ਦੇ ਡਰਾਇਵਰ ਨੇ ਟਰੱਕ ਅਣਗਹਿਲੀ ਨਾਲ ਚਲਾਉਂਦੇ ਹੋਏ ਉਨ੍ਹਾਂ ਦੇ ਟਰੈਕਟਰ-ਟਰਾਲੀ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਨ੍ਹਾਂ ਦਾ ਟਰੈਕਟਰ ਤੇ ਟਰਾਲੀ ਸੜਕ 'ਤੇ ਪਲਟ ਗਏ ਤੇ ਉਹ ਸੜਕ 'ਤੇ ਜਾ ਡਿੱਗੇ।ਇਸ ਹਾਦਸੇ ਕਾਰਨ ਟਰੈਕਟਰ ਚਲਾ ਰਿਹਾ ਉਸਦਾ ਭਤੀਜਾ ਗੁਰਪ੍ਰੀਤ ਸਿੰਘ ਉਰਫ ਰਿੰਕਾ ਪਲਟੇ ਟਰੈਕਟਰ ਅਤੇ ਗੰਨਿਆਂ ਦੇ ਹੇਠਾਂ ਫਸ ਗਿਆ, ਜਿਸ ਨੂੰ ਬੜੀ ਮੁਸ਼ੱਕਤ ਤੋਂ ਬਾਅਦ ਬਾਹਰ ਕੱਢ ਕੇ ਸਿਵਲ ਹਸਪਤਾਲ ਪੁਚਾਇਆ ਗਿਆ, ਜਿੱਥੇ ਡਾਕਟਰਾਂ ਨੇ ਹਾਲਤ ਗੰਭੀਰ ਦੇਖਦੇ ਹੋਏ ਉਸ ਨੂੰ ਪੀ.ਜੀ.ਆਈ. ਚੰਡੀਗੜ੍ਹ ਰੈਫਰ ਕਰ ਦਿੱਤਾ, ਜਿੱਥੇ ਇਲਾਜ ਦੌਰਾਨ ਗੁਰਪ੍ਰੀਤ ਸਿੰਘ ਉਰਫ਼ ਰਿੰਕਾ ਦੀ ਮੌਤ ਹੋ ਗਈ।ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਐਡੀਸ਼ਨਲ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਦੀ ਅਦਾਲਤ ਨੇ ਸਵਰਨ ਸਿੰਘ ਨੂੰ ਮਾਮਲੇ ਚ ਅ/ਧ 304-ਏ ਆਈ.ਪੀ.ਸੀ. ਤਹਿਤ ਦੋਸ਼ੀ ਮੰਨਦੇ ਹੋਏ 2 ਸਾਲ ਕੈਦ ਬਾਮੁਸ਼ੱਕਤ ਤੇ 500 ਰੁਪਏ ਜ਼ੁਰਮਾਨਾ, ਅ/ਧ 279 ਆਈ.ਪੀ.ਸੀ. ਤਹਿਤ ਦੋਸ਼ੀ ਮੰਨਦੇ ਹੋਏ 6 ਮਹੀਨੇ ਕੈਦ ਬਾਮੁਸ਼ੱਕਤ ਦੀ ਸਜ਼ਾ ਸੁਣਾਈ ਹੈ।

## ਲੋਕ ਸਭਾ ਪਟਿਆਲਾ ਦੇ ਇੰਚਾਰਜ ਢਿੱਲੋਂ ਦੇ ਦਫ਼ਤਰ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਵੱਲੋਂ ਸੰਗਠਨ ਦੇ ਢਾਂਚੇ ਵਿੱਚ ਵਿਸਥਾਰ ਲਈ ਹੋਟਲ ਢਿੱਲੋਂ ਰੈਜ਼ੀਡੈਂਸੀ ਵਿਖੇ ਬਲਜਿੰਦਰ ਸਿੰਘ ਢਿੱਲੋਂ ਇੰਚਾਰਜ ਲੋਕ ਸਭਾ ਪਟਿਆਲਾ ਵੱਲੋਂ ਬਣਾਏ ਗਏ ਆਮ ਆਦਮੀ ਪਾਰਟੀ ਦੇ ਦਫਤਰ ਦਾ ਉਦਘਾਟਨ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ (ਸੂਬਾ ਜਨਰਲ ਸਕੱਤਰ ਆਪ ਪੰਜਾਬ) ਨਾਲ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਵੱਲੋਂ ਕੀਤਾ ਗਿਆ।ਸੰਗਠਨ ਨੂੰ ਮਜ਼ਬੂਤ ਕਰਨ ਲਈ ਸਮੂਹ ਵਲੰਟੀਅਰ ਤੇ ਅਹੁਦੇਦਾਰ ਸਾਥੀਆਂ ਨੂੰ ਇਕਜੁੱਟ ਹੋ ਕੇ ਸਾਥ ਦੇਣ ਦੀ ਅਪੀਲ ਕੀਤੀ।ਨਵੇਂ ਬਣੇ ਦਫਤਰ ਲਈ ਸਮੂਹ ਪਾਰਟੀ ਦੇ ਸਾਥੀਆਂ ਨੂੰ ਜੀ ਆਇਆਂ ਕਿਹਾ।

## ਪੱਤਰਕਾਰ ਸੁਰਿੰਦਰ ਲਾਲੀ ਦਾ ਹਜ਼ਾਰਾਂ ਸੇਜਲ ਅੱਖਾਂ ਦੀ ਹਾਜ਼ਰੀ 'ਚ ਅੰਤਮ ਸੰਸਕਾਰ

### ਵੱਖ ਵੱਖ ਸ਼ਖਸੀਅਤਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ



**ਮਾਨਸਾ (ਆਤਮਾ ਸਿੰਘ ਪਮਾਰ)**-ਪੱਤਰਕਾਰ ਸੁਰਿੰਦਰ ਲਾਲੀ ਦੇ ਸੰਖੇਪ ਜਿਹੀ ਬਿਮਾਰੀ ਤੋਂ ਬਾਅਦ ਅਚਾਨਕ ਦਿਹਾਂਤ ਹੋਣ ਨੂੰ ਲੈ ਕੇ ਪੱਤਰਕਾਰੀ ਖੇਤਰ, ਸਮਾਜ ਸੇਵੀਆਂ, ਧਾਰਮਿਕ ਜਥੇਬੰਦੀਆਂ ਤੋਂ ਇਲਾਵਾ ਸਮਾਜਿਕ ਸੰਸਥਾਵਾਂ ਵੱਲੋਂ ਵੀ ਅਫਸੋਸ ਤੇ ਦੁੱਖ਼ ਦਾ ਪ੍ਰਗਟਾਵਾ ਕੀਤਾ ਗਿਆ।ਸੁਰਿੰਦਰ ਲਾਲੀ ਦਾ ਸ਼ਨੀਵਾਰ ਦੀ ਸ਼ਾਮ ਉਨ੍ਹਾਂ ਦੇ ਘਰ ਵਿਖੇ ਹੀ ਦਿਹਾਂਤ ਹੋ ਗਿਆ ਸੀ।ਐਤਵਾਰ ਦੀ ਸਵੇਰ ਮਾਨਸਾ ਦੇ ਰਾਮਬਾਗ ਵਿਖੇ ਹਜ਼ਾਰਾਂ ਸੇਜਲ ਅੱਖਾਂ ਦੀ ਹਾਜ਼ਰੀ ਵਿੱਚ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ।ਸੁਰਿੰਦਰ ਲਾਲੀ ਲੰਮੇ ਸਮੇਂ ਤੋਂ ਪੱਤਰਕਾਰੀ, ਸਨਾਤਨ ਧਰਮ ਸਭਾ ਤੇ ਹੋਰ ਧਾਰਮਿਕ ਜਥੇਬੰਦੀਆਂ ਨਾਲ ਜੁੜੇ ਹੋਏ ਸਨ।ਉਹ ਕੁੱਝ ਦਿਨ ਪਹਿਲਾਂ ਅਚਾਨਕ ਦਿਲ ਦੀ ਬਿਮਾਰੀ ਤੋਂ ਪੀੜਤ ਹੋਏ ਤੇ ਇਲਾਜ ਉਪਰੰਤ ਹੀ ਕੁੱਝ ਦਿਨ ਪਹਿਲਾਂ ਆਪਣੇ ਘਰ ਪਰਤੇ ਸੀ, ਜਿੱਥੇ ਉਨ੍ਹਾਂ ਨੇ ਸ਼ਨੀਵਾਰ ਨੂੰ ਆਖਰੀ ਸਾਹ ਲਏ।ਪੱਤਰਕਾਰ ਭਾਈਚਾਰੇ ਵੱਲੋਂ ਸੁਰਿੰਦਰ ਲਾਲੀ ਵੱਲੋਂ ਪੰਜਾਬੀ ਪੱਤਰਕਾਰੀ ਦੀ ਸੇਵਾ ਵਿੱਚ ਪਾਏ ਯੋਗਦਾਨ ਪ੍ਰਸ਼ੰਸਾ ਵੀ ਕੀਤੀ।ਸੁਰਿੰਦਰ ਲਾਲੀ ਭਾਵੇਂ ਅਣਵਿਆਹੇ ਸਨ ਪ੍ਰੰਤੂ ਉਨ੍ਹਾਂ ਨੇ ਆਪਣੇ ਵੱਡੇ ਭਰਾ ਰਾਜ ਕੁਮਾਰ ਦੇ ਦਿਹਾਂਤ ਹੋਣ ਉਪਰੰਤ ਆਪਣੇ ਭਤੀਜਿਆਂ, ਭਤੀਜੀਆਂ ਦੇ ਵਿਆਹ ਕਰਨ ਤੋਂ ਇਲਾਵਾ ਘਰ ਦੀ ਜ਼ਿੰਮੇਵਾਰੀ ਸੰਭਾਲੀ ਹੋਈ ਸੀ।ਉਨ੍ਹਾਂ ਦੇ ਅਚਾਨਕ ਦਿਹਾਂਤ ਨੂੰ ਲੈ ਕੇ ਧਾਰਮਿਕ ਖੇਤਰ ਦੀ ਸ਼ਖਸੀਅਤ ਨਿਸ਼ਕੰਪ ਚੇਤਨਾ ਜੀ ਮਹਾਰਾਜ ਤੇ ਹੋਰ ਸ਼ਖਸੀਅਤਾਂ ਵੱਲੋਂ ਅਫਸੋਸ ਪ੍ਰਗਟਾਉਂਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਲਾਲੀ ਦੇ ਦਿਹਾਂਤ 'ਤੇ ਵਿਧਾਇਕ ਡਾ. ਵਿਜੈ ਸਿੰਗਲਾ, ਡਿਪਟੀ ਕਮਿਸ਼ਨਰ ਕੁਲਵੰਤ ਸਿੰਘ, ਐੱਸ.ਐੱਸ.ਪੀ. ਭਾਗੀਰਥ ਸਿੰਘ ਮੀਨਾ, ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਗੁਰਦੀਪ ਸਿੰਘ ਮਾਨ ਆਦਿ ਨੇ ਵੀ ਦੁੱਖ ਪ੍ਰਗਟ ਕੀਤਾ।ਇਸ ਦੌਰਾਨ ਪੱਤਰਕਾਰ ਭਾਈਚਾਰੇ ਵੱਲੋਂ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਚਾਦਰ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਕੀਤੀ ਗਈ।

## ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਸ ਪ੍ਰਸ਼ਾਸਨ ਨੂੰ ਜਾਰੀ ਹੋਏ ਹੁਕਮਾਂ ਤਹਿਤ ਕਾਰਵਾਈ ਲਗਾਤਾਰ ਜਾਰੀ ਹੈ, ਉਥੇ ਹੀ ਥਾਣਾ ਲੌਂਗੋਵਾਲ ਦੇ ਐੱਸ.ਐੱਚ.ਓ. ਬਲਵੰਤ ਸਿੰਘ ਬਲਿੰਗ ਤੇ ਡਰੱਗ ਕੰਟਰੋਲ ਅਫਸਰ ਨਰੇਸ਼ ਕੁਮਾਰ ਨੇ ਇਲਾਕੇ ਦੇ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ, ਪ੍ਰੰਤੂ ਇਸ ਚੈਕਿੰਗ ਦੌਰਾਨ ਕੋਈ ਵੀ ਨਸ਼ੀਲੀ ਦਵਾਈ ਨਹੀਂ ਮਿਲੀ।ਦੱਸਣਯੋਗ ਹੈ ਕਿ ਐੱਸ.ਐੱਚ.ਓ. ਬਲਵੰਤ ਸਿੰਘ ਬਲਿੰਗ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਉਂਦੇ ਹੋਏ ਨਸ਼ਾ ਵੇਚਣ ਤੇ ਭਗੌੜਿਆਂ ਨੂੰ ਕਾਬੂ ਕਰਨ ਲਈ ਰੋਜ਼ਾਨਾ ਨਾਕਾਬੰਦੀ ਵੀ ਕੀਤੀ ਜਾਂਦੀ ਹੈ।

## ਜ਼ਿਲ੍ਹਾ ਪੁਲਸ ਵੱਲੋਂ ਅਮਨ ਸ਼ਾਂਤੀ ਤੇ ਕਾਨੂੰਨ-ਵਿਵਸਥਾ ਨੂੰ ਯਕੀਨੀ ਬਣਾਉਣ ਲਈ ਚਾਰੇ ਸਬ-ਡਵੀਜ਼ਨਾਂ 'ਚ ਫਲੈਗ ਮਾਰਚ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ)**-ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਡਾ. ਅਖਿਲ ਚੌਧਰੀ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਲੋਕਾਂ ਵਿਚਕਾਰ ਸੁਰੱਖਿਆ, ਭਰੋਸੇ ਤੇ ਸਦ-ਭਾਵਨਾ ਬਣਾਈ ਰੱਖਣ ਲਈ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਸਬ-ਡਵੀਜ਼ਨਾਂ ਵਿੱਚ ਫਲੈਗ ਮਾਰਚ ਕੱਢਿਆ ਗਿਆ।ਇਸ ਫਲੈਗ ਮਾਰਚ ਦਾ ਉਦੇਸ਼ ਲੋਕਾਂ ਵਿੱਚ ਪੁਲਸ ਸੁਰੱਖਿਆ ਦੀ ਭਾਵਨਾ ਨੂੰ ਬਰਕਰਾਰ ਰੱਖਣਾ, ਕਾਨੂੰਨ ਦੀ ਵਿਵਸਥਾ ਬਣਾਈ ਰੱਖਣਾ ਤੇ ਕਿਸੇ ਵੀ ਅਸਮਾਜਿਕ ਤੱਤ ਨੂੰ ਕੜਾ ਸੁਨੇਹਾ ਦੇਣਾ ਸੀ ਕਿ ਜ਼ਿਲ੍ਹਾ ਪੁਲਸ ਹਰ ਸਮੇਂ ਸੁਰੱਖਿਆ ਲਈ ਸਚੇਤ ਤੇ ਤਾਇਨਾਤ ਹਨ। ਸ੍ਰੀ ਰਸ਼ਪਾਲ ਸਿੰਘ ਡੀ.ਐੱਸ.ਪੀ. (ਐੱਨ.ਡੀ.ਪੀ.ਐੱਸ), ਸ੍ਰੀ ਅਵਤਾਰ ਸਿੰਘ ਡੀ.ਐੱਸ.ਪੀ. (ਗਿੱਦੜਬਾਹਾ), ਸ੍ਰੀ ਜਸਪਾਲ ਸਿੰਘ ਡੀ.ਐੱਸ.ਪੀ. (ਲੰਬੀ), ਸ੍ਰੀ ਇਕਬਾਲ ਸਿੰਘ ਡੀ.ਐੱਸ.ਪੀ. (ਮਲੋਟ) ਸਮੇਤ 250 ਪੁਲਸ ਅਧਿਕਾਰੀ ਤੇ ਪੁਲਸ ਮੁਲਾਜ਼ਮ ਥਾਣਿਆਂ ਤੋਂ ਤੈਨਾਤ ਕੀਤੇ ਗਏ ਸੀ। ਇਹ ਫਲੈਗ ਮਾਰਚ ਸ਼ਹਿਰ, ਗਲੀਆਂ, ਮੁਹੱਲਿਆਂ, ਬਾਜ਼ਾਰਾਂ, ਅਣਪਛਾਤੇ ਇਲਾਕਿਆਂ, ਬੱਸ ਅੱਡਿਆਂ ਤੇ ਰੈਲਵੇ ਸਟੇਸ਼ਨਾਂ ਵਿੱਚੋਂ ਕੱਢਿਆ ਗਿਆ। ਉਨ੍ਹਾਂ ਨੌਜਵਾਨਾਂ ਨੂੰ ਕਾਨੂੰਨ ਦੀ ਪਾਲਣਾ ਕਰਨ, ਨਸ਼ਿਆਂ ਤੋਂ ਦੂਰ ਰਹਿਣ ਤੇ ਸ਼ਾਂਤਮਈ ਵਾਤਾਵਰਣ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਜ਼ਿਲ੍ਹਾ ਪੁਲਸ ਸਦਾ ਜਨਤਾ ਦੀ ਸੁਰੱਖਿਆ ਤੇ ਅਮਨ ਕਾਇਮ ਰੱਖਣ ਲਈ ਵਚਨਬੱਧ ਹੈ।ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਲੋਕਾਂ ਨੂੰ ਅਪੀਲ ਹੈ ਕਿ ਉਹ ਪੁਲਸ ਨਾਲ ਸਹਿਯੋਗ ਕਰਦੇ ਹੋਏ ਸ਼ੱਕੀ ਹਾਲਾਤ ਜਾਂ ਅਸਮਾਜਿਕ ਤੱਤਾਂ ਦੀ ਸੂਚਨਾ ਪੁਲਸ ਨੂੰ ਤੁਰੰਤ ਦੇਣ।

## ਸੀ ਏ ਦੀ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਅਰੋੜ ਵੰਸ ਸਭਾ ਵੱਲੋਂ ਪ੍ਰਧਾਨ ਰਾਜ ਕੁਮਾਰ ਭਟੇਜਾ ਮੇਲੂ ਦੀ ਅਗਵਾਈ ਹੇਠ ਕੋਟਕਪੂਰਾ ਰੋਡ 'ਤੇ ਸਮਾਗਮ ਕੀਤਾ ਗਿਆ, ਜਿਸ 'ਚ ਸਥਾਨਕ ਸ਼ਹਿਰ ਦੇ ਚਾਰਟਡ ਅਕਾਉਂਟੈਂਟ (ਸੀ ਏ) ਪ੍ਰੀਖੀਆ ਪਾਸ ਕਰਨ ਵਾਲੇ ਤਿੰਨ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਤੇ ਨਾਲ ਹੀ ਇਨ੍ਹਾਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।ਜ਼ਿਕਰਯੋਗ ਹੈ ਕਿ ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਰੋਡ ਗੁਰੂ ਅੰਗਦ ਦੇਵ ਨਗਰ ਗਲੀ ਨੰਬਰ 4 ਸੀ 2 ਦੇ ਵਾਸੀ ਰਾਕੇਸ਼ ਵਾਟਸ ਤੇ ਅੰਜੂ ਵਾਟਸ ਦੀ ਹੋਣਹਾਰ ਬੇਟੀ ਅਕਾਂਕਸ਼ਾ ਵਾਟਸ, ਈਸ਼ਾਨ ਚੁੱਘ ਪੁੱਤਰ ਵਿਨੋਦ ਚੁੱਘ ਤੇ ਆਤਿਸ਼ ਵਾਟਸ ਪੁੱਤਰ ਸੰਜੀਵ ਕੁਮਾਰ ਵਾਟਸ ਨੇ ਬੀਤੇ ਦਿਨੀਂ ਸੀਏ ਪ੍ਰੀਖੀਆ ਪਾਸ ਕੀਤੀ ਹੈ, ਜਿਨ੍ਹਾਂ ਵਿਦਿਆਰਥੀਆਂ ਨੂੰ ਅਰੋੜ ਵੰਸ ਸਭਾ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਦੀਪ ਗਿਰਧਰ, ਸੰਜੀਵ ਖੇੜਾ, ਸੁਭਾਸ਼ ਮਿੱਡਾ, ਓ ਪੀ ਤਨੇਜਾ, ਮਿੰਕਲ ਬਜਾਜ, ਅਸ਼ਵਨੀ ਆਰੀਆ, ਦੇਸ ਰਾਜ ਤਨੇਜਾ, ਵਿਜੇ ਵਾਟਸ ਆਦਿ ਮੌਜੂਦ ਸਨ।

## ਅਲੀਪੁਰ ਅਰਾਈਆਂ 'ਚ ਫੈਲੇ ਡਾਇਰੀਏ ਦੀ ਸਥਿਤੀ ਕਾਬੂ ਹੇਠ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡਾ. ਜਗਪਾਲਇੰਦਰ ਸਿੰਘ ਨੇ ਪਟਿਆਲਾ ਦੇ ਪਿੰਡ ਅਲੀਪੁਰ ਅਰਾਈਆਂ ਵਿੱਚ ਫੈਲੇ ਡਾਇਰੀਏ ਦੀ ਸਥਿਤੀ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਹੁਣ ਡਾਇਰੀਆ ਦੇ ਕੇਸਾਂ ਵਿੱਚ ਮਰੀਜ਼ਾਂ ਦੀ ਸਥਿਤੀ ਕਾਬੂ ਹੇਠ ਹੈ।ਦਾਖਲ ਮਰੀਜ਼ਾਂ ਦੀ ਗਿਣਤੀ ਵਿੱਚ ਗਿਰਾਵਟ ਆਈ ਹੈ।ਸ਼ਾਮ ਤੋਂ ਹੁਣ ਤੱਕ 1 ਨਵਾਂ ਕੇਸ ਦਰਜ ਹੋਇਆ ਹੈ।ਹੁਣ ਤੱਕ 141 ਮਰੀਜ਼ ਡਾਇਰੀਏ ਨਾਲ ਪੀੜਤ ਪਾਏ ਗਏ ਹਨ।ਪਾਣੀ ਦੇ 2 ਸੈਂਪਲ ਲੈ ਕੇ ਸਟੇਟ ਲੈਬ ਨੂੰ ਜਾਂਚ ਲਈ ਭੇਜੇ ਗਏ ਹਨ।ਇੱਕ ਮਰੀਜ਼ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਹੈ।ਸਟੇਟ ਪਬਲਿਕ ਲੈਬ ਵਿੱਚ ਜੋ ਸੈਂਪਲ ਜਾਂਚ ਲਈ ਭੇਜੇ ਗਏ ਸਨ, ਉਨ੍ਹਾਂ ਵਿੱਚੋਂ 25 ਸੈਂਪਲ ਪੀਣਯੋਗ ਪਾਏ ਗਏ ਹਨ।ਅੱਜ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ, ਐੱਸ.ਐੱਮ.ਓ. ਡਾ. ਗੁਰਪ੍ਰੀਤ ਨਾਗਰਾ, ਜ਼ਿਲ੍ਹਾ ਐਪੀਡੋਮੋਲੋਜਿਸਟ ਡਾ. ਸੁਮੀਤ ਸਿੰਘ ਤੇ ਡਾ. ਦਿਵਜੋਤ ਸਿੰਘ ਵੱਲੋਂ ਪ੍ਰਭਾਵਤ ਖੇਤਰ ਵਿੱਚ ਟੀਮਾਂ ਨਾਲ ਘਰਾਂ ਵਿੱਚ ਜਾ ਕੇ ਮਰੀਜ਼ਾਂ ਦਾ ਹਾਲ ਚਾਲ ਪੁੱਛਿਆ।

ਨਗਰ ਨਿਗਮ ਵੱਲੋਂ ਪਾਣੀ ਦੀ ਸਪਲਾਈ ਵਿੱਚ ਕਲੋਰੀਨ ਦੀ ਜਾਂਚ ਵੀ ਕੀਤੀ ਜਾ ਰਹੀ ਹੈ।ਸਿਵਲ ਸਰਜਨ ਨੇ ਦੱਸਿਆ ਕਿ ਡਿਸਪੈਂਸਰੀ ਵਿੱਚ 24 ਘੰਟੇ ਓ.ਪੀ.ਡੀ. ਜਾਰੀ ਹੈ ਤੇ ਬਿਮਾਰ ਮਰੀਜ਼ਾਂ ਨੂੰ ਸਿਹਤ ਜਾਂਚ ਕਰਕੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ ਤੇ ਰੈਫਰਲ ਸੁਵਿਧਾ ਲਈ ਐਂਬੂਲੈਂਸ ਸਮੇਤ ਪੁੱਖਤਾ ਪ੍ਰਬੰਧ ਕੀਤਾ ਹੋਇਆ ਹੈ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਸਿਹਤ ਵਿਭਾਗ ਦੇ ਕਾਮਿਆਂ ਦੀਆਂ 10 ਟੀਮਾਂ ਵੱਲੋਂ ਪਿੰਡ ਦੇ ਲੋਕਾਂ ਨੂੰ ਘਰ ਘਰ ਸਰਵੇ ਦੌਰਾਨ ਪੈਂਫਲਿਟ ਵੰਡਦੇ ਹੋਏ ਗਰੁੱਪ ਮੀਟਿੰਗਾਂ ਰਾਹੀਂ ਬਿਮਾਰੀ ਤੋਂ ਬਚਾਅ ਲਈ ਸਾਫ ਸਫਾਈ ਦਾ ਖਾਸ ਧਿਆਨ ਰੱਖਣ, ਹੱਥਾਂ ਨੂੰ ਵਾਰ ਵਾਰ ਧੋਣ, ਪਾਣੀ ਉਬਾਲ ਕੇ ਠੰਡਾ ਕਰਕੇ ਪੀਣ, ਖਾਣ-ਪੀਣ ਵਾਲੀਆਂ ਚੀਜ਼ਾਂ ਨੂੰ ਢੱਕ ਕੇ ਰੱਖਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਲੋੜਵੰਦ ਲੋਕਾਂ ਨੂੰ ਓ. ਆਰ. ਐੱਸ. ਦੇ ਪੈਕਟਾਂ ਦੀ ਵੰਡ ਤੇ ਪਾਣੀ ਨੂੰ ਸ਼ੁਧ ਕਰਕੇ ਪੀਣ ਲਈ ਕਲੋਰੀਨ ਦੀਆਂ ਗੋਲੀਆਂ ਦੀ ਵੰਡ ਕੀਤੀ ਗਈ।ਲੋਕਾਂ ਨੂੰ ਟੱਟੀਆਂ, ਉਲਟੀਆਂ ਦੀ ਸ਼ਿਕਾਇਤ ਹੋਣ 'ਤੇ ਤੁਰੰਤ ਸਿਹਤ ਟੀਮ ਨਾਲ ਸੰਪਰਕ ਕਰਨ ਲਈ ਕਿਹਾ ਜਾ ਰਿਹਾ ਹੈ।

ਇਸ ਮੌਕੇ ਸਿਵਲ ਸਰਜਨ ਵੱਲੋਂ ਪਟਿਆਲਾ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਚੱਲ ਰਹੇ ਗਰਮੀ ਤੇ ਬਰਸਾਤਾਂ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਦੂਸ਼ਿਤ ਭੋਜਨ ਤੇ ਦੂਸ਼ਿਤ ਪਾਣੀ ਪੀਣ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਰੱਖਿਆ ਜਾਵੇ।ਇਸ ਲਈ ਗਲੇ-ਸੜੇ, ਜ਼ਿਆਦਾ ਪੱਕੇ ਹੋਏ ਤੇ ਕੱਟੇ ਹੋਏ ਫਲ ਨਾ ਖਾਓ, ਅਣਢੱਕੀਆਂ ਚੀਜ਼ਾਂ ਨਾ ਖਾਓ, ਖਾਣਾ ਖਾਣ ਤੋਂ ਪਹਿਲਾਂ ਤੇ ਪਖਾਨਾ ਜਾਣ ਤੋਂ ਬਾਅਦ ਸਾਬਣ ਨਾਲ ਹੱਥ ਧੋਵੋ।ਜੇਕਰ ਪਾਣੀ ਗੰਧਲਾ ਆਉਂਦਾ ਹੋਵੇ ਤਾਂ ਉਸ ਦੀ ਸ਼ਿਕਾਇਤ ਤੁਰੰਤ ਸਬੰਧਤ ਵਿਭਾਗ ਨੂੰ ਕੀਤੀ ਜਾਵੇ ਤਾਂ ਕਿ ਦੂਸ਼ਿਤ ਪੀਣ ਵਾਲੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਿਆ ਜਾ ਸਕੇ।

## ਬਲੌਜ਼ਮਜ਼ ਕਾਨਵੈਂਟ ਸਕੂਲ 'ਚ 'ਭਵਿੱਖ ਲਈ ਮਨ ਨੂੰ ਜਗਾਉਣ' ਸੰਬੰਧੀ ਵਰਕਸ਼ਾਪ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਅਧਿਆਪਕਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਮੇਂ-ਸਮੇਂ ਦੌਰਾਨ ਵਰਕਸ਼ਾਪ ਕੀਤੀਆਂ ਜਾਂਦੀਆਂ ਹਨ।ਉਸੇ ਲੜੀ ਤਹਿਤ ਮਿ. ਸੌਰਵ ਬੈਨੀਵਾਲ ਵੱਲੋਂ ਅਧਿਆਪਕ ਸਾਹਿਬਾਨ ਲਈ 'ਭਵਿੱਖ ਲਈ ਮਨ ਨੂੰ ਜਗਾਉਣ' ਸੰਬੰਧੀ ਇਕ ਵਰਕਸ਼ਾਪ ਲਗਾਈ ਗਈ, ਜਿਸ ਵਿੱਚ ਉਨ੍ਹਾਂ ਨੇ ਬਹੁਤ ਸਾਰੀਆਂ ਤਕਨੀਕਾਂ ਰਾਹੀਂ ਮਨ ਨੂੰ ਜਗਾ ਕੇ ਵਿਦਿਆਰਥੀ-ਵਰਗ ਨੂੰ ਸਮਝ ਕੇ ਪੜ੍ਹਾਉਣ ਦੇ ਸੌਖੇ ਤਰੀਕਿਆਂ ਦੀ ਜਾਣਕਾਰੀ ਦੱਸੀ।ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਗੱਲਬਾਤ ਦੌਰਾਨ ਦੱਸਿਆ ਕਿ ਅਜਿਹੀਆਂ ਵਰਕਸ਼ਾਪਾਂ ਲਗਾਉਣਾ ਅਧਿਆਪਕ ਵਰਗ ਨੂੰ ਮੋਹਰਲੀ ਕਤਾਰ ਵਿੱਚ ਸ਼ਾਮਲ ਕਰਦੇ ਹੋਏ ਹਨੇਰਿਆਂ ਨੂੰ ਕੱਟ ਕੇ ਰੌਸ਼ਨੀ ਦੇ ਉਹ ਚਿਰਾਗ ਬਣਾਇਆ ਜਾਂਦਾ, ਜੋ ਦੁਨੀਆ ਨੂੰ ਰੌਸ਼ਨਾਅ ਸਕਣ।ਸਾਡੀ ਟੀਮ ਪਹਿਲਾਂ ਤੋਂ ਹੀ ਆਪਣੇ ਟੀਚੇ ਮਿੱਥ ਕੇ ਵਿਦਿਆਰਥੀ ਵਰਗ ਨੂੰ ਮੰਜ਼ਿਲਾਂ ਵੱਲ ਲੈ ਕੇ ਚੱਲਦੇ ਹਨ।ਮਾਪਿਆਂ ਦੇ ਸਾਡੇ 'ਤੇ ਕੀਤੇ ਵਿਸ਼ਵਾਸ ਦੀ ਅਸੀਂ ਹਮੇਸ਼ਾ ਕਦਰ ਕਰਦੇ ਹਾਂ ਤਾਂ ਜੋ ਉਨ੍ਹਾਂ ਦੇ ਸੁਪਨੇ ਪੂਰੇ ਹੋ ਸਕਣ।ਅੱਜ ਦੀ ਵਰਕਸ਼ਾਪ ਸਾਡੇ ਮਨ ਨੂੰ ਭਵਿੱਖ ਪ੍ਰਤੀ ਸੁਚੇਤ ਕਰੇਗੀ ਤੇ ਇੱਕ ਨਵਾਂ ਉਤਸ਼ਾਹ ਪੈਦਾ ਕਰਦੀ ਹੋਈ ਅਧਿਆਪਕਾਂ ਨੂੰ ਨਵੀਂ ਦਿਸ਼ਾ ਦੇਵੇਗੀ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ੍ਰ. ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਵਿਦਿਆਰਥੀ ਵਰਗ ਨੂੰ ਸੋਝੀ ਦੇਣ ਲਈ ਅਜਿਹੀਆਂ ਗਤੀਵਿਧੀਆਂ ਦੀ ਲੋੜ ਹੈ।

## ਲਾਇਨਜ਼ ਕਲੱਬ ਗੋਲਡ ਨੇ ਰਾਮ ਸ਼ਰਣਮ ਆਸ਼ਰਮ ਵਿਖੇ ਪੌਦੇ ਲਗਾਏ



**ਜਲਾਲਾਬਾਦ (ਜੀਤ ਕੁਮਾਰ)**-ਵਾਤਾਵਰਣ ਸੁਰੱਖਿਆ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਲਾਇਨਜ਼ ਕਲੱਬ ਜਲਾਲਾਬਾਦ ਗੋਲਡ ਵੱਲੋਂ ਐਤਵਾਰ ਸਵੇਰੇ ਐੱਫ ਐੱਫ ਰੋਡ 'ਤੇ ਸਥਿਤ ਰਾਮ ਸ਼ਰਣਮ ਆਸ਼ਰਮ ਵਿਖੇ ਇੱਕ ਵਿਸ਼ਾਲ ਪੌਦੇ ਲਗਾਉਣ ਦਾ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਰਾਮ ਸ਼ਰਣਮ ਆਸ਼ਰਮ ਮੁਖੀ ਅਸ਼ੋਕ ਅਨੇਜਾ ਨੇ ਆਸ਼ਰਮ ਦੀ ਸੰਗਤ ਨਾਲ ਮਿਲ ਕੇ ਇੱਕ ਪੌਦਾ ਲਗਾਇਆ ਤੇ ਸਾਰਿਆਂ ਨੂੰ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕ ਹੋਣ ਦਾ ਸੰਦੇਸ਼ ਦਿੱਤਾ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰ ਦੇ ਅੰਮ੍ਰਿਤਵਾਣੀ ਸਤਸੰਗ ਨਾਲ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਿੱਸਾ ਲਿਆ। ਸਤਿਸੰਗ ਤੋਂ ਬਾਅਦ ਵਿਆਸ ਪੂਜਾ ਦਾ ਆਯੋਜਨ ਕੀਤਾ ਗਿਆ ਤੇ ਸੰਗਤਾਂ ਨੇ ਗੁਰੂਆਂ ਤੋਂ ਅਸ਼ੀਰਵਾਦ ਲਿਆ ਅਤੇ ਵਾਤਾਵਰਣ ਦੀ ਭਲਾਈ ਵਿੱਚ ਯੋਗਦਾਨ ਪਾਉਣ ਦਾ ਪ੍ਰਣ ਲਿਆ। ਲਾਇਨਜ਼ ਕਲੱਬ ਜਲਾਲਾਬਾਦ ਗੋਲਡ ਦੇ ਪ੍ਰਧਾਨ ਰੋਹਿਤ ਡੂਮੜਾ ਨੇ ਕਿਹਾ ਕਿ ਅੱਜ ਦੇ ਪ੍ਰੋਗਰਾਮ ਵਿੱਚ ਕੁੱਲ 200 ਪੌਦੇ ਲਗਾਏ ਗਏ ਹਨ ਅਤੇ ਕਲੱਬ ਦਾ ਟੀਚਾ ਕੁੱਲ 30,000 ਰੁੱਖ ਲਗਾਉਣ ਦਾ ਹੈ। ਉਨ੍ਹਾਂ ਕਿਹਾ ਕਿ ਕਲੱਬ ਦੀ ਇਹ ਮੁਹਿੰਮ ਸਿਰਫ਼ ਇੱਕ ਦਿਨ ਲਈ ਨਹੀਂ ਹੈ, ਸਗੋਂ ਇਹ ਪ੍ਰਕਿਰਿਆ ਰੋਜ਼ਾਨਾ ਜਾਰੀ ਰਹੇਗੀ। ਕਲੱਬ ਦੇ ਮੈਂਬਰ ਹਰ ਰੋਜ਼ ਕਿਸੇ ਨਾ ਕਿਸੇ ਥਾਂ 'ਤੇ ਪੌਦੇ ਲਗਾ ਕੇ ਵਾਤਾਵਰਣ ਸੁਰੱਖਿਆ ਵਿੱਚ ਯੋਗਦਾਨ ਪਾ ਰਹੇ ਹਨ। ਉਨ੍ਹਾਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਰੁੱਖ ਲਗਾ ਕੇ ਇਸ ਮਿਸ਼ਨ ਨੂੰ ਸਫਲ ਬਣਾਇਆ ਜਾਵੇ। ਇਸ ਮੌਕੇ ਲਾਇਨਜ਼ ਕਲੱਬ ਗੋਲਡ ਨਾਲ ਜੁੜੇ ਬਹੁਤ ਸਾਰੇ ਮੈਂਬਰ ਮੌਜੂਦ ਸਨ।

## ਰੇਲਵੇ ਪਾਰਕ ਦੇ ਮੈਂਬਰਾਂ ਨੇ ਰੇਲਵੇ ਪਾਰਕ 'ਚ ਲਾਏ ਬੂਟੇ



**ਗੁਰੂਹਰਸਹਾਏ (ਫ਼ਕੀਰ ਚੰਦ ਸਿਕਰੀ)**-ਫ਼ਰੀਦਕੋਟ ਰੋਡ 'ਤੇ ਸਥਿਤ ਰੇਲਵੇ ਪਾਰਕ 'ਚ ਸਵੇਰੇ-ਸ਼ਾਮ ਦੀ ਸੈਰ ਕਰਨ ਆਉਂਦੇ ਮੈਂਬਰ ਤੇ ਸਮਾਜ ਸੇਵੀ ਲੋਕਾਂ ਨੇ ਸਵੇਰੇ ਰੇਲਵੇ ਪਾਰਕ 'ਚ ਬੂਟੇ ਲਾਏ, ਰੇਲਵੇ ਪਾਰਕ ਦੇ ਮੈਂਬਰ ਮੈਂਬਰ ਜੋਨੀ ਆਵਲਾ, ਓਮ ਪ੍ਰਕਾਸ਼ ਮੋਂਗਾ, ਸੁਰਿੰਦਰ ਸ਼ਰਮਾ, ਪ੍ਰੇਮ ਸਚਦੇਵਾ, ਵਰੁਣ ਗਾਵੜੀ, ਜੱਸਾ ਸਿੰਘ, ਰੋਹਿਤ ਸਲੂਜਾ, ਸੰਦੀਪ ਮਦਾਨ, ਅਜਮੇਰ ਸੋਢੀ, ਰਮੇਸ਼ ਹਾਂਡਾ ਤੇ ਹੋਰ ਮੈਂਬਰਾਂ ਨੇ ਰੇਲਵੇ ਪਾਰਕ 'ਚ 50 ਦੇ ਕਰੀਬ ਬੂਟੇ ਲਾਏ। ਰੇਲਵੇ ਪਾਰਕ ਦੇ ਮੈਂਬਰਾਂ ਨੇ ਇਲਾਕਾ ਨਿਵਾਸੀਆਂ ਨੂੰ ਹੱਥ ਜੋੜ ਕੇ ਬੇਨਤੀ ਕੀਤੀ ਹੈ ਕਿ ਸਾਵਣ ਦਾ ਮਹੀਨਾ ਚੱਲ ਰਿਹਾ ਹੈ ਤੇ ਸਾਨੂੰ ਸਭ ਨੂੰ ਹਰ ਪ੍ਰਕਾਰ ਦੀ ਖੁਸ਼ੀ ਦੇ ਮੌਕੇ 'ਤੇ ਜਿਵੇਂ ਜਨਮ ਦਿਨ ਸ਼ਾਦੀ ਦੀ ਸਾਲਗਿਰ੍ਹਾ ਜਾਂ ਕੋਈ ਹੋਰ ਖੁਸ਼ੀ ਦੇ ਪਲ ਤੇ ਸਾਨੂੰ ਸਭ ਨੂੰ ਉਸ ਦਿਨ ਘੱਟ ਤੋਂ ਘੱਟ ਇੱਕ ਪਰਵਾਰ ਨੂੰ 5 ਬੂਟੇ ਲਾਉਣੇ ਚਾਹੀਦੇ ਹਨ ਤਾਂ ਜੁ ਸਾਨੂੰ ਹਰਿਆਲੀ ਮਿਲ ਸਕੇ।

## ਵਿਧਾਇਕ ਗੱਜਣਮਾਜਰਾ ਨੇ 11.18 ਲੱਖ ਰੁਪਏ ਦੇ ਕਰਜ਼ਾ ਮੁਆਫ਼ੀ ਦੇ ਪੱਤਰ ਵੰਡੇ



**ਮਲੇਰਕੋਟਲਾ (ਅਸਗਰ ਪਰਿਹਾਰ)**

ਵਿਧਾਇਕ ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ ਨੇ ਵਿਧਾਨ ਸਭਾ ਹਲਕਾ ਅਮਰਗੜ੍ਹ ਦੇ ਐਸ.ਸੀ. ਭਾਈਚਾਰੇ ਦੇ 10 ਲਾਭਪਾਤਰੀਆਂ ਨੂੰ 11 ਲੱਖ 18 ਹਜ਼ਾਰ 360 ਰੁਪਏ ਦੀ ਕਰਜ਼ਾ ਮੁਆਫੀ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਐਸ.ਸੀ. ਭਾਈਚਾਰੇ ਨਾਲ ਸੰਬੰਧਤ ਪਰਵਾਰਾਂ ਵੱਲੋਂ ਲਏ ਗਏ ਕਰਜ਼ਿਆਂ ਨੂੰ ਮੁਆਫ਼ ਕਰਕੇ ਗਰੀਬ ਪਰਵਾਰਾਂ ਦੀ ਬਾਂਹ ਫੜਨ ਦਾ ਵੱਡਾ ਉਪਰਾਲਾ ਕੀਤਾ ਹੈ, ਜਿਸ ਨਾਲ ਇਹ ਲਾਭਪਾਤਰੀ ਪਰਵਾਰ ਹੁਣ ਆਪਣੇ ਭਵਿੱਖ ਨੂੰ ਨਵੀਂ ਦਿਸ਼ਾ ਦੇ ਸਕਣਗੇ ਤੇ ਆਰਥਿਕ ਤੌਰ 'ਤੇ ਖੁਦਮੁਖਤਾਰ ਬਣ ਸਕਣਗੇ।ਵਿਧਾਇਕ ਅਮਰਗੜ੍ਹ ਨੇ ਦੱਸਿਆ ਕਿ ਮਾਲੇਰਕੋਟਲਾ ਜ਼ਿਲ੍ਹੇ ਅੰਦਰ 13 ਲਾਭਪਾਤਰੀਆਂ ਨੂੰ 13 ਲੱਖ 84 ਹਜਾਰ 721 ਰੁਪਏ ਦੀ ਕਰਜ਼ਾ ਮੁਆਫ਼ੀ ਦਾ ਲਾਭ ਮਿਲਿਆ ਹੈ ਅਤੇ ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਧਾਈ ਦੀ ਪਾਤਰ ਹੈ, ਜਿਸ ਨੇ ਇਸ ਭਾਈਚਾਰੇ ਦੇ ਲੋਕਾਂ ਨਾਲ ਕੀਤਾ ਵਾਅਦਾ ਪੁਗਾਇਆ ਹੈ।ਉਨ੍ਹਾਂ ਹੋਰ ਦੱਸਿਆ ਕਿ ਫ਼ੈਸਲਾਕੁੰਨ ਕਾਰਵਾਈ ਨਾਲ ਪੰਜਾਬ ਦੇ 4727 ਗਰੀਬ ਅਨੁਸੂਚਿਤ ਪਰਵਾਰਾਂ ਦਾ 31 ਮਾਰਚ 2020 ਤੱਕ ਦਾ ਕਰਜ਼ਾ ਮੁਆਫ਼ ਕਰਕੇ ਜੋ ਇਤਿਹਾਸਕ ਫੈਸਲਾ ਲਿਆ ਹੈ, ਉਥੇ ਹੀ ਵਿੱਤੀ ਬੋਝ ਨਾਲ ਜੂਝ ਰਹੇ ਇਨ੍ਹਾਂ ਪਰਵਾਰਾਂ ਨੂੰ ਵੱਡੀ ਰਾਹਤ ਦੇ ਲੋਕਪੱਖੀ ਸਰਕਾਰ ਹੋਣ ਦਾ ਸਬੂਤ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਹ ਕਰਜ਼ੇ ਪਿਛਲੇ ਦੋ ਦਹਾਕਿਆਂ ਤੋਂ ਬਕਾਇਆ ਹਨ, ਜਿਸ ਦੌਰਾਨ ਪ੍ਰਭਾਵਿਤ ਵਿਅਕਤੀਆਂ ਨੇ ਵਾਰ-ਵਾਰ ਕਾਂਗਰਸ ਤੇ ਅਕਾਲੀ-ਭਾਜਪਾ ਸਰਕਾਰਾਂ ਤੱਕ ਪਹੁੰਚ ਕੀਤੀ, ਪਰ ਉਨ੍ਹਾਂ ਦੇ ਕੰਨੀ ਜੂੰ ਤੱਕ ਨਹੀਂ ਸਰਕੀ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਕਦਮ ਨਾਲ ਜਿੱਥੇ ਗ਼ਰੀਬ ਪਰਵਾਰਾਂ ਦੇ ਮਾਨਸਿਕ ਤਣਾਅ ਨੂੰ ਖ਼ਤਮ ਕੀਤਾ ਗਿਆ ਹੈ, ਉੱਥੇ ਹੀ ਉਨ੍ਹਾਂ ਨੂੰ ਆਰਥਿਕ ਪੱਖੋਂ ਖੜੇ ਹੋਣ ਦਾ ਮੌਕਾ ਵੀ ਮਿਲਿਆ ਹੈ।ਉਨ੍ਹਾਂ ਹੋਰ ਦੱਸਿਆ ਕਿ ਇਸ ਵਿਭਾਗ ਵੱਲੋਂ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਨੌਜਵਾਨਾਂ ਨੂੰ 10 ਲੱਖ ਰੁਪਏ ਦਾ ਕਰਜ਼ਾ ਕੰਮ ਸ਼ੁਰੂ ਕਰਨ ਲਈ ਦਿੱਤਾ ਜਾਂਦਾ ਹੈ ਤਾਂ ਜੁ ਉਹ ਆਪਣੇ ਪੈਰਾਂ 'ਤੇ ਖੜੇ ਹੋ ਕੇ ਆਰਥਿਕ ਤੌਰ 'ਤੇ ਆਤਮਨਿਰਭਰ ਹੋ ਸਕਣ।ਵਿਧਾਇਕ ਨੇ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਕਿਹਾ ਕਿ ਪਿੰਡਾਂ ਵਿੱਚ ਕੈਂਪ ਲਾ ਕੇ ਲੋਕਾਂ ਨੂੰ ਕਾਰਪੋਰੇਸ਼ਨ ਦੀਆਂ ਸਕੀਮਾਂ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਲੋਕਾਂ ਨੇ ਜਿਸ ਵਿਸ਼ਵਾਸ ਨਾਲ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਸਰਕਾਰ ਬਣਾਈ ਸੀ, ਉਸੇ ਭਰੋਸੇ ਨੂੰ ਕਾਇਮ ਰੱਖਦੇ ਹੋਏ ਸਰਕਾਰ ਵੱਲੋਂ ਦਿਨ ਰਾਤ ਇੱਕ ਕਰ ਕੇ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ।

## 14 ਲੱਖ ਦੀ ਠੱਗੀ ਮਾਰਨ ਦੇ ਦੋਸ਼ 'ਚ 3 ਖਿਲਾਫ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 14 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ 3 ਲੋਕਾਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਲਖਵੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਚੰਨੂ ਹਾਲ ਪੁਲਸ ਕਲੋਨੀ ਗਿੱਦੜਬਾਹਾ ਲੰਬੀ ਸ਼੍ਰੀ ਮੁਕਤਸਰ ਸਾਹਿਬ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਫਲਕ ਸਿੰਘ ਪੁੱਤਰ ਖੁਸ਼ਹਾਲ ਸਿੰਘ, ਕੈਲਾਸ਼ ਰਾਣੀ ਪਤਨੀ ਫਲਕ ਸਿੰਘ ਵਾਸੀਆਨ ਦਸ਼ਮੇਸ਼ ਨਗਰੀ ਜਲਾਲਾਬਾਦ ਤੇ ਜਸਵੰਤ ਸਿੰਘ ਪੁੱਤਰ ਫੌਜਾ ਸਿੰਘ ਵਾਸੀ ਸਬਾਜਕੇ (ਥਾਣਾ ਸਦਰ ਜਲਾਲਾਬਾਦ) ਨੇ ਉਸ ਕੋਲੋਂ 14 ਲੱਖ ਰੁਪਏ ਲੈ ਕੇ ਠੱਗੀ ਮਾਰੀ ਹੈ, ਜਿਸ 'ਤੇ ਪੁਲਸ ਨੇ ਥਾਣਾ ਸਿਟੀ ਜਲਾਲਾਬਾਦ ਵਿਖੇ ਫਲਕ ਸਿੰਘ, ਕੈਲਾਸ਼ ਰਾਣੀ ਤੇ ਜਸਵੰਤ ਸਿੰਘ ਦੇ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਚੋਰੀ ਦੇ ਮੋਟਰਸਾਈਕਲ ਸਮੇਤ 2 ਗ੍ਰਿਫਤਾਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਮਨਿੰਦਰ ਸਿੰਘ ਆਈਪੀਐੱਸ., ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਤੇ ਰਵਿੰਦਰ ਸਿੰਘ ਡੀਐੱਸਪੀ ਜੰਡਿਆਲਾ ਦੀ ਅਗਵਾਈ ਹੇਠ ਥਾਣਾ ਤਰਸਿੱਕਾ ਪੁਲਸ ਵੱਲੋਂ ਸਫਲਤਾ ਹਾਸਿਲ ਕਰਦਿਆਂ ਚੋਰੀ ਕੀਤੇ 1 ਸਪਲੈਂਡਰ ਮੋਟਰਸਾਈਕਲ ਸਮੇਤ 02 ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।ਇਸ ਸਬੰਧੀ ਸ਼੍ਰੀ ਰਵਿੰਦਰ ਸਿੰਘ ਡੀਐੱਸਪੀ ਜੰਡਿਆਲਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਥਾਣਾ ਤਰਸਿੱਕਾ ਪੁਲਸ ਨੂੰ ਗੁਪਤ ਸੂਚਨਾ ਮਿਲੀ ਕਿ ਅਰਸ਼ਦੀਪ ਸਿੰਘ ਅਤੇ ਜਸਪਾਲ ਸਿੰਘ ਉਰਫ ਨਿੱਕੂ ਵਾਸੀਆਨ ਕੋਟ ਖਹਿਰਾ ਥਾਣਾ ਤਰਸਿੱਕਾ ਵੱਲੋਂ ਗੁਰੂ ਨਾਨਕ ਦੇਵ ਹਸਪਤਾਲ ਤੋਂ ਇਕ ਮੋਟਰਸਾਈਕਲ ਸਪਲੈਂਡਰ ਮੋਟਰਸਾਈਕਲ ਨੰਬਰ ਪੀ ਬੀ 02 ਬੀ ਸੀ 4001 ਚੋਰੀ ਕੀਤਾ ਹੈ ਜਿਸ ਤੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਤਰਸਿੱਕਾ ਪੁਲਸ ਵੱਲੋਂ ਉਕਤ ਅਰਸ਼ਦੀਪ ਸਿੰਘ ਵਾਸੀ ਕੋਟ ਖਹਿਰਾ ਅਤੇ ਜਸਪਾਲ ਸਿੰਘ ਉਰਫ ਨਿੱਕੂ ਤਰਸਿੱਕਾ ਨੂੰ ਚੋਰੀ ਕੀਤੇ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰ ਲਿਆ।ਜਿਸ ਸਬੰਧੀ ਉਕਤ ਦੋਸ਼ੀਆਂ ਖਿਲਾਫ ਥਾਣਾ ਤਰਸਿੱਕਾ ਵਿਖੇ ਮੁਕੱਦਮਾ ਨੰ. 64 ਮਿਤੀ 11-07-2025 ਜੁਰਮ 303(2),317(2) ਬੀਐਨਐੱਸ ਤਹਿਤ ਦਰਜ ਕਰਕੇ ਤਫਤੀਸ਼ ਸ਼ੁਰੂ ਦਿੱਤੀ ਗਈ।ਉਕਤ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਜਾਵੇਗਾ ਤਾਂ ਜੋ ਉਨ੍ਹਾਂ ਕੋਲੋਂ ਚੰਗੀ ਤਰ੍ਹਾਂ ਪੁੱਛਗਿਛ ਕੀਤੀ ਜਾ ਸਕੇ।ਉਕਤ ਦੋਸ਼ੀਆਂ ਕੋਲੋਂ ਪੁੱਛਗਿਛ ਦੌਰਾਨ ਹੋਰ ਵਾਰਦਾਤਾਂ ਟਰੇਸ ਹੋਣ ਦੀ ਉਮੀਦ ਹੈ।



# ਜਨਤਕ ਜਥੇਬੰਦੀਆਂ ਵੱਲੋਂ ਗੋਇੰਦਵਾਲ ਸਾਹਿਬ ਥਾਣੇ ਦੇ ਘਿਰਾਓ ਦਾ ਐਲਾਨ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਸੁਲੱਖਣ ਸਿੰਘ ਤੁੜ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ ਕੋਟ, ਸੂਬਾ ਕਮੇਟੀ ਮੈਂਬਰ ਰੇਸ਼ਮ ਸਿੰਘ ਫੇਲੋਕੇ, ਔਰਤ ਮੁਕਤੀ ਮੋਰਚੇ ਦੀ ਆਗੂ ਕੁਲਵਿੰਦਰ ਕੌਰ ਖਡੂਰ ਸਾਹਿਬ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਵੈਰੋਵਾਲ, ਨਿਰਮਾਣ ਮਜ਼ਦੂਰ ਯੂਨੀਅਨ ਦੇ ਆਗੂ ਬਲਦੇਵ ਸਿੰਘ ਪੰਡੋਰੀ ਆਗੂਆਂ ਨੇ ਦੱਸਿਆ ਪਿਛਲੇ ਲੰਮੇ ਸਮੇਂ ਤੋਂ ਥਾਣੇ ਵਿੱਚ ਪੈਂਡਿੰਗ ਪਈਆਂ ਦਰਖਾਸਤਾਂ 'ਤੇ ਕਾਰਵਾਈ ਨਹੀਂ ਕੀਤੀ ਜਾ ਰਹੀ, ਆਮ ਲੋਕਾਂ ਨੂੰ ਇਨਸਾਫ ਨਹੀਂ ਮਿਲ ਰਿਹਾ, ਸਾਰੇ ਹੀ ਪਿੰਡਾਂ ਦੇ ਮਸਲਿਆਂ ਨੂੰ ਲੈ ਕੇ 17 ਤਰੀਕ ਨੂੰ ਅਣਮਿਥੇ ਸਮੇਂ ਲਈ ਧਰਨਾ ਲਾਇਆ ਜਾਵੇਗਾ ਤਾਂ ਕਿ ਲੋਕਾਂ ਨੂੰ ਇਨਸਾਫ ਦਵਾਇਆ ਜਾ ਸਕੇ। ਇਨ੍ਹਾਂ ਆਗੂਆਂ ਨੇ ਪੁਲਸ ਤੇ ਦੋਸ਼ ਲਾਉਂਦਿਆਂ ਕਿਹਾ ਕਿ ਐੱਮਐੱਲਏ ਦੇ ਕਹਿਣ 'ਤੇ ਲੋਕਾਂ ਦੀ ਸੁਣਵਾਈ ਨਹੀਂ ਕੀਤੀ ਜਾਂਦੀ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਸਰਕਾਰ ਨੇ ਚਲਾਇਆ ਸੀ ਪਰੰਤੂ ਨਸ਼ਾ ਵੱਡੀ ਪੱਧਰ ਤੇ ਪਿੰਡਾਂ ਵਿੱਚ ਸ਼ਰੇਆਮ ਵਿਕ ਰਿਹਾ ਹੈ। ਪੁਲਸ ਪੈਸੇ ਇਕੱਠੇ ਕਰਨ ਤੱਕ ਹੀ ਸੀਮਤ ਹੈ। ਇਸ ਸਮੇਂ ਬਲਵਿੰਦਰ ਸਿੰਘ ਫੇਲੋਕੇ, ਮਾਸਟਰ ਸਰਬਜੀਤ ਸਿੰਘ ਭੱਠਾਲ, ਜੰਡਬਹਾਦਰ ਸਿੰਘ, ਨਰਿੰਦਰ ਸਿੰਘ ਤੁੜ, ਸੁਖਜਿੰਦਰ ਸਿੰਘ ਰਾਜੂ ਕੋਟ, ਦਾਰਾ ਸਿੰਘ ਮੁੰਡਾ ਪਿੰਡ, ਝਿਲਮਣ ਸਿੰਘ ਬਾਣੀਆ, ਸੁਖਵੰਤ ਸਿੰਘ ਛਾਪੜੀ ਸਾਹਿਬ, ਕੈਪਟਨ ਕਾਲਵਾਂ, ਬੌਬੀ ਗੋਇੰਦਵਾਲ ਸਾਹਿਬ, ਕੁਲਦੀਪ ਸਿੰਘ ਵੇਂਈਪੂਈਂ, ਸਰਵਣ ਸਿੰਘ, ਜਸਬੀਰ ਸਿੰਘ ਜਾਮਾਰਾਏ, ਸਾਹਿਬ ਸਿੰਘ ਚੱਕ ਮਹਿਰ, ਜਗਵੀਰ ਸਿੰਘ ਚੰਡੀਗੜ੍ਹ, ਬਗੀਚਾ ਸਿੰਘ ਸਾਹਿਬ ਸਿੰਘ ਫਤਿਹਾਬਾਦ ਆਦਿ ਆਗੂ ਹਾਜ਼ਰ ਸਨ।

# ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਦੀਆਂ ਮੰਗਾਂ ਸੰਬੰਧੀ ਮਹੀਨਾਵਾਰ ਮੀਟਿੰਗ 'ਚ ਹੋਈਆਂ ਅਹਿਮ ਵਿਚਾਰਾਂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਜ਼ਿਲ੍ਹਾ ਗੁਰਦਾਸਪੁਰ ਅਤੇ ਪਠਾਨਕੋਟ ਦੇ ਫਰੀਡਮ ਫਾਈਟਰਾਂ ਦੇ ਉਤਰਾ ਅਧਿਕਾਰੀਆਂ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਦੀ ਪ੍ਰਧਾਨਗੀ 'ਚ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਹੋਈ।ਇਸ ਮੀਟਿੰਗ ਵਿੱਚ 60 ਤੋਂ ਉਪਰ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਇਸ ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਫਰੀਡਮ ਫਾਈਟਰ ਆਸ਼ਰਿਤ ਪਰਿਵਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਵਿਚਾਰ ਚਰਚਾ ਕੀਤੀ ਜਿਸ ਵਿੱਚ ਸਨਾਖ਼ਤੀ ਕਾਰਡ ਅਤੇ ਸਰਟੀਫਿਕੇਟ ਬਣਾਉਣ ਸਬੰਧੀ, ਟੋਲ ਪਲਾਜ਼ਿਆਂ ਤੇ ਗਲਤ ਵਿਵਹਾਰ ਅਤੇ ਰਿਪੋਰਟ ਕਰਨ ਵਾਲੇ ਪਟਵਾਰੀ ਅਤੇ ਗਰਦਾਵਰਾਂ ਵੱਲੋਂ ਖੱਜਲ ਖੁਆਰ ਕਰਨ ਸਬੰਧੀ ਸਖਤ ਸਟੈਂਡ ਅਪਣਾਉਣ ਲਈ ਮਤਾ ਪਾਸ ਕੀਤਾ ਗਿਆ।ਇਸ ਮੌਕੇ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਆ ਰਹੇ 15 ਅਗਸਤ ਦੇ ਸਮਾਰੋਹ ਵਿੱਚ ਸਹੀ ਤਰੀਕੇ ਨਾਲ ਸਨਮਾਨ ਕਰਨ ਸਬੰਧੀ ਵਿਚਾਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਰੇਲਵੇ ਵਿੱਚ ਦੂਜੀ ਅਤੇ ਤੀਸਰੀ ਪੀੜ੍ਹੀ ਨੂੰ ਸਹੂਲਤ ਦੇਣਾ, ਸਰਕਾਰੀ ਪਲਾਟਾਂ ਵਿੱਚ ਫਰੀਡਮ ਫਾਈਟਰਾਂ ਦਾ ਕੋਟਾ ਬਹਾਲ ਕਰਨਾ, ਨੌਕਰੀਆਂ ਵਿੱਚ 2% ਰਿਜ਼ਰਵੇਸ਼ਨ ਬਹਾਲ ਕਰਨਾ ਅਤੇ ਬਿਜਲੀ ਦੇ



600 ਯੂਨਿਟ ਬਿੱਲ ਸਬੰਧੀ ਵਿਚਾਰਾਂ ਕੀਤੀਆਂ ਗਈਆਂ, ਸਰਕਾਰੀ ਦਫਤਰਾਂ ਵਿੱਚ ਐੱਸਡੀਐੱਮ, ਤਹਿਸੀਲ ਕਚਹਿਰੀ ਅਤੇ ਡੀਸੀ ਦਫਤਰਾਂ ਵਿੱਚ ਫਰੀਡਮ ਫਾਈਟਰਾਂ ਦੇ ਬੇਰੁਜ਼ਗਾਰ ਬੱਚਿਆਂ ਨੂੰ ਬੂਥ ਅਲਾਟ ਕਰਨਾ ਤਾਂ ਕਿ ਉਹ ਆਪਣੀ ਰੋਜ਼ੀ ਰੋਟੀ ਕਮਾ ਸਕਣ।ਇਸ ਤੋਂ ਇਲਾਵਾ ਹੋਰ ਬਹੁਤ ਸਾਰੇ ਮਸਲਿਆਂ ਤੇ ਵਿਚਾਰ ਚਰਚਾ ਕੀਤੀ ਗਈ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ, ਤਰਸੇਮ ਸਿੰਘ ਪਠਾਨਕੋਟ, ਪ੍ਰਮੋਦ ਕੁਮਾਰ, ਭੁਪਿੰਦਰ ਸਿੰਘ, ਪਿਆਰਾ ਸਿੰਘ, ਗੁਰਪ੍ਰੀਤ ਸਿੰਘ, ਮਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਦਰਸ਼ਨ ਸਿੰਘ, ਗੁਰਵਿੰਦਰ ਸਿੰਘ, ਰਾਮ ਸਿੰਘ, ਸੁਖਦੇਵ ਸਿੰਘ ਭੁੱਟਰ, ਦਰਸ਼ਨ ਸਿੰਘ, ਗੁਰਵਿੰਦਰ ਸਿੰਘ, ਆਕਾਸ਼ਦੀਪ ਸਿੰਘ, ਕੈਪਟਨ ਦਲਵੀਰ ਸਿੰਘ ਡੁਗਰੀ, ਸੁਖਜੀਤ ਸਿੰਘ, ਕੈਪਟਨ ਦੀਪ ਚੰਦ, ਰਜਿੰਦਰ ਕੌਰ, ਵਿਵੇਕ, ਕਰਨੈਲ ਸਿੰਘ, ਯੁੱਧਵੀਰ ਸਿੰਘ, ਪ੍ਰਿਥੀਪਾਲ ਸਿੰਘ, ਸ਼ਮਸ਼ੇਰ ਸਿੰਘ, ਰਾਹੁਲ ਚੌਧਰੀ, ਥਾਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਨੇ ਸ਼ਮੂਲੀਅਤ ਕੀਤੀ।

# ਵਾਰਡ ਨੰਬਰ ਵੀਹ 'ਚ ਸਫ਼ਾਈ ਦੀ ਸਮੱਸਿਆ ਹੱਲ ਹੋਣ 'ਤੇ ਲੋਕਾਂ ਨੇ ਨਗਰ ਕੌਂਸਲ ਦਾ ਕੀਤਾ ਧੰਨਵਾਦ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀ ਰਾਹੁਲ ਆਈਏਐੱਸ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਤਰਨ ਤਾਰਨ ਨੂੰ ਸਾਫ਼ ਸੁਥਰਾ ਬਣਾਉਣ ਲਈ ਆਦੇਸ਼ ਜਾਰੀ ਕੀਤੇ ਕਿ ਜ਼ਿਲ੍ਹੇ ਦੀ ਹਦੂਦ ਅੰਦਰ ਨਿੱਜੀ ਖਾਲੀ ਪਏ ਪਲਾਟਾਂ 'ਚ ਕੂੜੇ ਕਰਕਟ, ਗੰਦਗੀ ਅਤੇ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੇ ਬਚਾਅ ਲਈ ਅਗਾਊਂ ਢੁੱਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਇਸ ਮੁਹਿੰਮ ਦੇ ਦੌਰਾਨ ਹੀ ਡੀਸੀ ਦੇ ਦਿਸ਼ਾ-ਨਿਰਦੇਸ਼ਾਂ ਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਕਮਲਜੀਤ ਸਿੰਘ ਗਿੱਲ ਨੇ ਸਥਾਨਕ ਵਾਰਡ ਨੰਬਰ 20 ਦੀ ਸ਼ਿਕਾਇਤ ਨੂੰ ਗੰਭੀਰਤਾ ਨਾਲ ਲੇਂਦੇ ਹੋਏ ਤਰੁੰਤ ਕਾਰਵਾਈ ਦੇ ਆਦੇਸ਼ ਜਾਰੀ ਕੀਤੇ ਗਏ। ਸੈਨੇਟਰੀ ਇੰਸਪੈਕਟਰ ਸ਼ਮਸ਼ੇਰ ਸਿੰਘ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਸ਼ਿਕਾਇਤ ਨੂੰ ਗੰਭੀਰਤਾ ਨਾਲ ਲੈ ਕੇ ਸਿਰਫ ਇੱਕ ਦਿਨ ਵਿੱਚ ਹੀ ਤੁਰੰਤ ਕਾਰਵਾਈ ਕੀਤੀ ਗਈ ਅਤੇ ਇਲਾਕੇ ਵਿੱਚ ਸਫ਼ਾਈ ਸੁਚੱਜੀ ਬਣਾਈ ਗਈ।ਇਸ ਮੌਕੇ ਇਲਾਕਾ ਵਾਸੀਆਂ ਨੇ ਨਗਰ ਕੌਂਸਲ ਕਾਰਜ ਸਾਧਾਕ ਅਫਸਰ ਅਤੇ ਸਬੰਧਤ ਸਟਾਫ਼ ਵਾਰਡ ਦੇ ਐੱਮ. ਸੀ. ਸੂਰਜ ਸ਼ਰਮਾ ਦਾ ਧੰਨਵਾਦ ਕਰਦਿਆਂ ਆਸ ਜਤਾਈ ਕਿ ਅੱਗੇ ਵੀ ਇਸੇ ਤਰ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ।ਇਸ ਮੌਕੇ ਮੁਹੱਲਾ ਨਿਵਾਸੀ ਹਰਵਿੰਦਰ ਸਿੰਘ ਪ੍ਰਿੰਸ, ਸਿਮਰਦੀਪ ਸਿੰਘ ਸਮੇਟੀ,ਯਸ਼ਪਾਲ ਸਿੰਘ, ਸੁਰਜੀਤ ਸਿੰਘ, ਪ੍ਰਿਤਪਾਲ ਸਿੰਘ, ਸੰਜੀਵ ਕੁਮਾਰ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ, ਵਿਕਰਮਜੀਤ ਸਿੰਘ ਟਿੱਕੂ, ਬਲਬੀਰ ਸਿੰਘ, ਬਰਿੰਦਰ ਸਿੰਘ ਰਾਜੂ ਅਤੇ ਸਮੂਹ ਵਾਰਡ ਵਾਸਿਆ ਨੇ ਕਿਹਾ ਕਿ ਇਸ ਕਾਰਵਾਈ ਨਾਲ ਨਗਰ ਕੌਂਸਲ ਪ੍ਰਸ਼ਾਸਨ ਉਤੇ ਲੋਕਾਂ ਦਾ ਭਰੋਸਾ ਹੋਰ ਵਧਿਆ ਹੈ।



# ਰੋਟਰੀ ਕਲੱਬ ਨਾਰਥ ਨੇ ਸਿਲਾਈ ਕਢਾਈ ਦਾ ਕੋਰਸ ਪੂਰਾ ਹੋਣ 'ਤੇ ਲੜਕੀਆਂ ਨੂੰ ਸਰਟੀਫਿਕੇਟ ਵੰਡੇ

**ਅੰਮ੍ਰਿਤਸਰ (ਅਰੋੜਾ)**- ਰੋਟਰੀ ਕਲੱਬ ਨਾਰਥ ਵੱਲੋਂ ਕਲੱਬ ਦੇ ਸਥਾਈ ਪ੍ਰਾਜੈਕਟ ਵਿਮਲਾ ਨੰਦਾ ਰੋਟਰੀ ਕਮਿਊਨਿਟੀ ਸੈਂਟਰ ਮੋਹਕਮਪੁਰਾ ਵਿਖੇ ਸਿਲਾਈ ਕਢਾਈ ਦਾ ਕੋਰਸ ਪੂਰਾ ਹੋਣ 'ਤੇ ਲੜਕੀਆਂ ਨੂੰ ਸਰਟੀਫਿਕੇ ਵੰਡੇ ਗਏ। ਸਮਾਗਮ ਦਾ ਆਯੋਜਨ ਰੋਟਰੀ ਦੇ ਪ੍ਰਧਾਨ ਵਰੁਣ ਕੱਕੜ, ਸਕੱਤਰ ਪਰਮੀਤ ਸਿੰਘ ਖੇੜਾ ਅਤੇ ਇਸ ਸ਼ਲਾਘਾਯੋਗ ਪ੍ਰਾਜੈਕਟ ਨੂੰ ਅੰਜਾਮ ਦੇਣ ਵਾਲੇ ਅਤੇ ਇਸ ਪ੍ਰਾਜੈਕਟ ਦੇ ਲਈ ਲੱਖਾਂ ਦੀ ਜ਼ਮੀਨ ਦਾਨ ਕਰਨ ਵਾਲੇ ਸਾਬਕਾ ਪ੍ਰਧਾਨ ਮੁਕੇਸ਼ ਨੰਦਾ ਅਤੇ ਇਸ ਸੈਂਟਰ ਦਾ ਸਾਰਾ ਖਰਚ ਖੁਦ ਕਰਨ ਵਾਲੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਪੰਜਾਬ ਦੇ ਸਾਬਕਾ ਪ੍ਰਧਾਨ ਡਾ. ਕੁਲਦੀਪ ਸਿੰਘ ਕੇ. ਡੀ. ਦੀ ਦੇਖ ਰੇਖ ਵਿਖੇ ਸੰਪੰਨ ਹੋਇਆ।ਸਮਾਗਮ ਦਾ ਸ਼ੁਭ ਆਰੰਭ ਰੋਟਰੀ ਪ੍ਰਥਾ ਦੇ ਅਨੁਸਾਰ ਰਾਸ਼ਟਰੀ ਗੀਤ ਦੇ ਨਾਲ ਕੀਤਾ ਗਿਆ।ਉਸ ਤੋਂ ਬਾਅਦ ਸਕੱਤਰ ਪਰਮੀਤ ਸਿੰਘ ਖੇੜਾ ਨੇ ਸੈਕਟਰੀ ਰਿਪੋਟ ਵਿੱਚ ਹੁਣ ਤੱਕ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਦੇ ਕੰਮਾਂ ਦੀ ਜਾਣਕਾਰੀ ਦਿੱਤੀ।ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਨੇ ਗਿੱਧਾ, ਭੰਗੜਾ ਅਤੇ ਹੋਰ ਵੀ ਕਈ ਤਰ੍ਹਾਂ ਦੀਆ ਸਭਿਆਚਾਰਕ ਗਤੀਵਿਧੀਆਂ ਪੇਸ਼ ਕੀਤੀਆ।ਇਸ ਦੇ ਨਾਲ ਹੀ ਕੋਰਸ ਪੂਰਾ ਕਰਕੇ ਵਿਦਾ ਹੋਣ ਵਾਲੀਆਂ ਲੜਕੀਆਂ ਨੂੰ ਸਰਟੀਫਿਕੇਟ ਅਤੇ ਰੋਟਰੀ ਦੇ ਵੱਲੋਂ ਹੋਰ ਵੀ ਕਈ ਤਰ੍ਹਾਂ ਦੇ ਉਪਹਾਰ ਦਿੱਤੇ ਅਤੇ ਵਿਦਾ ਹੋਣ ਵਾਲੀਆਂ ਲੜਕੀਆਂ ਅਤੇ ਕੋਰਸ ਦੇ ਲਈ ਦਾਖਲਾ ਲੈਣ ਵਾਲੀਆਂ ਲੜਕੀਆਂ ਨੂੰ ਖਾਣ ਪੀਣ ਦੀ ਸਮੱਗਰੀ ਦੇ ਡੱਬੇ ਵੰਡੇ ਗਏ ਅਤੇ ਆਪਣਾ ਸਿਲਾਈ ਕਢਾਈ ਦਾ ਸਾਮਾਨ ਰੱਖਣ ਦੇ ਲਈ ਬੈਗ ਵੀ ਭੇਟ ਕੀਤੇ ਗਏ।ਸਾਰੇ ਰੋਟਰੀ ਮੈਂਬਰਾਂ ਨੇ ਡਾ. ਕੁਲਦੀਪ ਸਿੰਘ ਅਰੋੜਾ, ਮੁਕੇਸ਼ ਨੰਦਾ ਅਤੇ ਇਸ ਸੈਂਟਰ ਦੀ ਦੇਖ ਰੇਖ ਕਰਨ ਵਾਲੀ ਪ੍ਰੋਫੈਸਰ ਹਰਜਿੰਦਰ ਕੋਰ ਚੱਠਾ ਦੇ ਕੰਮਾਂ ਦੀ ਸ਼ਲਾਘਾ ਕੀਤੀ।ਸਮਾਗਮ ਵਿੱਚ ਰੋਟਰੀ ਦੇ ਜ਼ੋਨਲ ਚੇਅਰਮੈਨ ਵਿਜੇ ਭਸੀਨ, ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ, ਐੱਮਓਸੀ ਆਰ. ਐਸ. ਚੱਠਾ, ਰੋਟਰੀ ਦੇ ਮਿਤ ਪ੍ਰਧਾਨ ਅਸ਼ੋਕ ਗਰੋਵਰ, ਰੋਟਰੀ ਦੀ ਵਿੱਤ ਸਕੱਤਰ ਮਨਿੰਦਰ ਕੌਰ, ਸਾਬਕਾ ਪ੍ਰਧਾਨ ਰਮੇਸ਼ ਕੱਕੜ, ਰਜਿੰਦਰ ਪਾਲ ਸਿੰਘ, ਗੁਰਮੀਤ ਸਿੰਘ ਹੀਰਾ, ਵਿਪਨ ਲੂੰਬਾ, ਰੋਟਰੀ ਦੀ ਪ੍ਰਥਮ ਮਹਿਲਾ ਨੇਹਾ ਕੱਕੜ, ਸ਼ਸੀ ਕੱਕੜ, ਸੈਂਟਰ ਦੀ ਅਧਿਆਪਿਕਾ ਪਿੰਕੀ ਸਹਿਤ ਰੋਟਰੀ ਕਲੱਬ ਨਾਰਥ ਦੇ ਕਈ ਮੈਂਬਰ ਮੌਜੂਦ ਸਨ।




# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਕਈ ਆਗੂ ਜਮਹੂਰੀ ਕਿਸਾਨ ਸਭਾ 'ਚ ਸ਼ਾਮਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਜਮਹੂਰੀ ਕਿਸਾਨ ਸਭਾ ਦੀ ਮੀਟਿੰਗ ਦਿਲਬਾਗ ਸਿੰਘ ਵਰ੍ਹਿਆਂ ਦੀ ਪ੍ਰਧਾਨਗੀ ਹੇਠ ਹੋਈ । ਮੀਟਿੰਗ ਵਿੱਚ ਬਲਦੇਵ ਸਿੰਘ ਪੰਡੋਰੀ ਅਤੇ ਕਰਮ ਸਿੰਘ ਪੰਡੋਰੀ ਸ਼ਾਮਲ ਹੋਏ ।ਪੰਡੋਰੀ ਨੇ ਜਥੇਬੰਦੀ ਦੇ ਪ੍ਰੋਗਰਾਮ, ਨੀਤੀਆਂ ਤੇ ਵਿਸਥਾਰ ਨਾਲ ਗੱਲਬਾਤ ਕੀਤੀ ਅਤੇ ਜਥੇਬੰਦੀ ਦੀਆਂ ਪ੍ਰਾਪਤੀਆਂ ਸ਼ਾਨਾਮਤੇ ਇਤਿਹਾਸ 'ਤੇ ਚਾਨਣਾ ਪਾਇਆ ।ਪੰਡੋਰੀ ਨੇ ਦੱਸਿਆ ਕਿ ਜਥੇਬੰਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਵੱਖ-ਵੱਖ ਪਿੰਡਾਂ ਤੋਂ ਸਾਥੀ ਜਮਹੂਰੀ ਕਿਸਾਨ ਸਭਾ ਵਿੱਚ ਸ਼ਾਮਲ ਹੋਏ ਜਿਸ ਵਿੱਚ ਅੰਮ੍ਰਿਤਪਾਲ ਸਿੰਘ ਚੌਧਰੀਵਾਲਾ, ਬਲਜੀਤ ਸਿੰਘ ਉਸਮਾ, ਸੁਖਵੰਤ ਸਿੰਘ ਦਰਗਾਪੁਰ, ਗੁਰਮੀਤ ਸਿੰਘ ਦਰਗਾਪੁਰ, ਬਲਬੀਰ ਸਿੰਘ ਦਰਗਾਪੁਰ, ਦਿਲਬਾਗ ਸਿੰਘ ਵਰਿਆਂ, ਗੁਰਭੇਜ ਸਿੰਘ ਸਰਹਾਲੀ, ਗੁਰਵਿੰਦਰ ਸਿੰਘ ਸਰਹਾਲੀ, ਵਿਸ਼ਵਦੀਪ ਸਿੰਘ ਸਰਹਾਲੀ, ਜੁਗਰਾਜ ਸਿੰਘ ਠੱਠੀਆਂ, ਗੁਰਲਾਲ ਸਿੰਘ ਠੱਠੀਆਂ, ਮਹੀਪਾਲ ਸਿੰਘ ਠੱਠੀਆਂ ਆਦਿ ਸ਼ਾਮਲ ਹੋਏ ।ਪੰਡੋਰੀ ਨੇ ਜਥੇਬੰਦੀ ਚ ਸ਼ਾਮਲ ਹੋਣ 'ਤੇ ਸਾਰਿਆਂ ਨੂੰ ਜੀ ਆਇਆਂ ਆਖਿਆ ਅਤੇ ਜਥੇਬੰਦੀ 'ਚ ਮਾਣ ਸਨਮਾਨ ਦੇਣ ਦਾ ਭਰੋਸਾ ਦਿੱਤਾ । ਸ਼ਾਮਲ ਹੋਣ ਵਾਲੇ ਸਾਥੀਆਂ ਨੇ ਕਿਹਾ ਕੇ ਉਨ੍ਹਾਂ ਨੂੰ ਜਥੇਬੰਦੀ ਦੇ ਕਿਸਾਨੀ, ਜਵਾਨੀ ਅਤੇ ਪਾਣੀ ਨੂੰ ਬਚਾਉਣ ਅਤੇ ਵਾਤਾਵਰਨ ਦੀ ਰਾਖੀ ਲਈ ਵਿਗਿਆਨਕ ਸਮਝਦਾਰੀ ਅਤੇ ਜ਼ਮੀਨਾਂ ਦੀ ਰਾਖੀ ਲਈ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਕੀਤੇ ਜਾ ਰਹੇ ਸੰਘਰਸ਼ 'ਤੇ ਪੂਰਨ ਭਰੋਸਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਲੁੱਟ ਖਿਲਾਫ ਸੰਘਰਸ਼ ਅਤੇ ਕੇਂਦਰ ਅਤੇ ਪੰਜਾਬ ਸਰਕਾਰ ਵੱਲ ਕਿਸਾਨਾਂ ਦੀਆਂ ਜ਼ਮੀਨਾਂ ਪਹਿਲਾਂ ਬਣੇ 2013 ਦੇ ਕਾਨੂੰਨ ਦੀ ਉਲੰਘਣਾ ਕਰਕੇ ਲੈਂਡ ਪੂਲਿੰਗ ਪਾਲਿਸੀ ਤਹਿਤ ਜਬਰੀ ਪ੍ਰਾਪਤ ਕਰਨ ਖਿਲਾਫ ਬੇਹਤਰ ਢੰਗ ਨਾਲ ਯੋਗਦਾਨ ਪਾ ਸਕਣਗੇ। ਵੱਖ ਵੱਖ ਪਿੰਡਾਂ ਦੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਦੇ ਆਗੂ ਜਮਹੂਰੀ ਕਿਸਾਨ ਸਭਾ ਚ ਸ਼ਾਮਲ।




# ਮਜੀਠਾ ਵਾਸੀਆਂ ਦੀ ਸੇਵਾ ਤੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਾਂਗੀ : ਐੱਸ ਡੀ ਐੱਮ

**ਮਜੀਠਾ (ਸੋਇਮ ਆਨੰਦ)**- ਸਬ-ਡਵੀਜ਼ਨ ਮਜੀਠਾ ਵਿਖੇ ਨਵ-ਨਿਯੁਕਤ ਐੱਸਡੀਐੱਮ ਪਿਯੂਸ਼ਾ ਬੁਰਡਕ ਆਈਏਐੱਸ ਦਾ ਪੰਜਾਬ ਨੰਬਰਦਾਰ ਯੂਨੀਅਨ 643 ਮਜੀਠਾ ਵੱਲੋਂ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ।ਸਥਾਨਕ ਸਬ ਡਵੀਜ਼ਨ ਮਜੀਠਾ ਵਿਖੇ ਆਯੋਜਿਤ ਇੱਕ ਵਿਸ਼ੇਸ਼ ਸਮਾਰੋਹ ਵਿੱਚ ਯੂਨੀਅਨ ਦੇ ਤਹਿਸੀਲ ਪ੍ਰਧਾਨ ਰਣਜੀਤ ਸਿੰਘ ਰਾਜਾ ਅਤੇ ਜਨਰਲ ਸਕੱਤਰ ਅਵਤਾਰ ਸਿੰਘ ਦੀ ਅਗਵਾਈ ਵਿੱਚ ਸੰਪੰਨ ਹੋਇਆ।ਸਮਾਰੋਹ ਨੂੰ ਸੰਬੋਧਨ ਕਰਦਿਆਂ ਰਣਜੀਤ ਸਿੰਘ ਰਾਜਾ ਨੇ ਕਿਹਾ ਕਿ ਐੱਸਡੀਐੱਮ ਪਿਯੂਸ਼ਾ ਬੁਰਡਕ ਦੀ ਨਿਯੁਕਤੀ ਮਜੀਠਾ ਦੇ ਪ੍ਰਸ਼ਾਸਨਿਕ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ।ਉਨ੍ਹਾਂ ਨੇ ਐੱਸਡੀਐੱਮ ਨੂੰ ਇਲਾਕੇ ਦੀ ਤਰੱਕੀ ਅਤੇ ਜਨਤਕ ਮਸਲਿਆਂ ਦੇ ਨਿਪਟਾਰੇ ਲਈ ਯੂਨੀਅਨ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਜਨਰਲ ਸਕੱਤਰ ਅਵਤਾਰ ਸਿੰਘ ਨੇ ਐੱਸਡੀਐੱਮ ਬੁਰਡਕ ਨੂੰ ਮੁਬਾਰਕਬਾਦ ਦਿੰਦਿਆਂ ਉਮੀਦ ਜਤਾਈ ਕਿ ਉਨ੍ਹਾਂ ਦੀ ਅਗਵਾਈ ਵਿੱਚ ਮਜੀਠਾ ਨਵੇਂ ਵਿਕਾਸ ਮੀਲ ਪੱਥਰ ਸਥਾਪਤ ਕਰੇਗਾ।ਐੱਸਡੀਐੱਮ ਨੇ ਸਨਮਾਨ ਲਈ ਪੰਜਾਬ ਨੰਬਰਦਾਰ ਯੂਨੀਅਨ ਦਾ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮੈਂ ਮਜੀਠਾ ਦੀ ਜਨਤਾ ਦੀ ਸੇਵਾ ਅਤੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਾਂਗੀ।ਉਨ੍ਹਾਂ ਕਿਹਾ ਕਿ ਨੰਬਰਦਾਰ ਯੂਨੀਅਨ ਦਾ ਸਹਿਯੋਗ ਪ੍ਰਸ਼ਾਸਨ ਅਤੇ ਲੋਕਾਂ ਵਿਚਕਾਰ ਪੁਲ ਦਾ ਕੰਮ ਕਰੇਗਾ।ਸਮਾਰੋਹ ਦੌਰਾਨ ਯੂਨੀਅਨ ਵੱਲੋਂ ਸ਼੍ਰੀਮਤੀ ਬੁਰਡਕ ਨੂੰ ਸਨਮਾਨ ਚਿੰਨ੍ਹ ਅਤੇ ਯਾਦਗਾਰੀ ਤੋਹਫ਼ਾ ਭੇਟ ਕੀਤਾ ਗਿਆ। ਮੈਂਬਰਾਂ ਨੇ ਇੱਕਜੁਟਤਾ ਦਾ ਪ੍ਰਦਰਸ਼ਨ ਕਰਦਿਆਂ ਇਲਾਕੇ ਦੀ ਖੁਸ਼ਹਾਲੀ ਅਤੇ ਪ੍ਰਸ਼ਾਸਨਿਕ ਸੁਧਾਰਾਂ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ।ਇਸ ਮੌਕੇ ਗੁਰਪ੍ਰੀਤ ਸਿੰਘ ਮਜੀਠਾ, ਪ੍ਰਤਾਪ ਸਿੰਘ ਹਮਜਾ, ਕਸ਼ਮੀਰ ਸਿੰਘ ਚੋਗਾਵਾਂ ਰੂਪੋਵਾਲੀ, ਕੁਲਵੰਤ ਸਿੰਘ ਮਜੀਠਾ, ਹਰਦਿਆਲ ਸਿੰਘ ਭੰਗਵਾ, ਜਗਤਾਰ ਸਿੰਘ ਚੰਡੇ, ਅਮਨਪ੍ਰੀਤ ਸਿੰਘ ਅਠਵਾਲ , ਕੁਲਵੰਤ ਸਿੰਘ ਗਾਲੋਵਾਲੀ, ਸੁੱਚਾ ਸਿੰਘ ਲਹਿਰਕਾ ਆਦਿ ਯੂਨੀਅਨ ਆਗੂ ਸ਼ਾਮਿਲ ਸਨ।



# ਤਲਬੀਰ ਗਿੱਲ ਦੀ ਹਲਕਾ ਇੰਚਾਰਜ ਵਜੋਂ ਨਿਯੁਕਤੀ ਨੂੰ ਮੱਤੇਵਾਲ ਦੀ ਪੰਚਾਇਤ ਨੇ ਸਰਾਹਿਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਸਮੁੱਚੀ ਲੀਡਰਸ਼ਿਪ ਵੱਲੋਂ ਹਲਕਾ ਮਜੀਠਾ ਤੋਂ ਤਲਬੀਰ ਸਿੰਘ ਗਿੱਲ ਹਲਕਾ ਇੰਚਾਰਜ ਨਿਯੁਕਤ ਕਰਕੇ ਬਹੁਤ ਵਧੀਆ ਫੈਸਲਾ ਕੀਤਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਮੱਤੇਵਾਲ ਤੋਂ ਗੁਰਸੇਬਕ ਸਿੰਘ ਅਤੇ ਬਲਕਾਰ ਸਿੰਘ ਨੇ ਕੀਤਾ।ਉਨ੍ਹਾਂ ਅੱਗੇ ਕਿਹਾ ਕਿ ਇਸ ਨਿਯੁਕਤੀ ਨਾਲ ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ।ਤਲਬੀਰ ਸਿੰਘ ਗਿੱਲ ਵੱਲੋਂ ਜਲਦ ਹੀ ਹਲਕਾ ਮਜੀਠਾ ਵਿੱਚ ਰੁਕੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਵਾਇਆ ਜਾਵੇਗਾ।ਇਸ ਮੌਕੇ ਗੁਰਸੇਵਕ ਸਿੰਘ ਮੈਂਬਰ ਪੰਚਾਇਤ, ਬਲਕਾਰ ਸਿੰਘ ਪੀਬੀਐੱਸ, ਗੁਰਬੀਰ ਸਿੰਘ ਮੱਲ੍ਹੀ, ਸਰਪੰਚ ਹਰਪਾਲ ਸਿੰਘ, ਸੁਲੱਖਣ ਸਿੰਘ ਬੱਬਰ, ਡਾਕਟਰ ਬਲਵਿੰਦਰ ਸਿੰਘ, ਹਰਦੇਵ ਸਿੰਘ ਮੈਂਬਰ ਪੰਚਾਇਤ, ਬਲਦੇਵ ਸਿੰਘ ਮੈਂਬਰ ਪੰਚਾਇਤ, ਜਸਪਾਲ ਸਿੰਘ ਮੈਂਬਰ ਪੰਚਾਇਤ, ਡੁੱਮਣ ਸਿੰਘ ਮੈਂਬਰ ਪੰਚਾਇਤ, ਰਾਣਾ ਚੌਧਰੀ ਹਾਜ਼ਰ ਸਨ।

# ਡਾ. ਲਖਵਿੰਦਰ ਸਿੰਘ ਨੇ ਬਤੌਰ ਐੱਸਐੱਮਓ ਵਾਧੂ ਚਾਰਜ ਸੰਭਾਲਿਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪਿਛਲੇ ਲੰਮੇ ਸਮੇਂ ਤੋਂ ਫਤਿਹਗੜ੍ਹ ਚੂੜੀਆਂ ਦੇ ਸਿਵਲ ਹਸਪਤਾਲ ਵਿਖੇ ਤਾਇਨਾਤ ਸੀਨੀਅਰ ਮੈਡੀਕਲ ਅਫਸਰ ਡਾਕਟਰ ਲਖਵਿੰਦਰ ਸਿੰਘ ਨੇ ਅੱਜ ਡੇਰਾ ਬਾਬਾ ਨਾਨਕ ਦੇ ਸਿਵਲ ਹਸਪਤਾਲ ਵਿਖੇ ਬਤੌਰ ਸੀਨੀਅਰ ਮੈਡੀਕਲ ਅਫਸਰ (ਵਾਧੂ) ਚਾਰਜ ਸੰਭਾਲ ਲਿਆ ਹੈ।ਇਸ ਮੌਕੇ ਸਿਵਲ ਹਸਪਤਾਲ ਵਿਖੇ ਪਹੁੰਚਣ 'ਤੇ ਮੈਡੀਕਲ ਅਫ਼ਸਰ ਜਤਿੰਦਰ ਸਿੰਘ ਅਤੇ ਮੈਡੀਕਲ ਅਫ਼ਸਰ ਡਾਕਟਰ ਪ੍ਰਗਤੀ ਸਿੰਘ ਦੀ ਅਗਵਾਈ ਹੇਠ ਸਮੂਹ ਸਟਾਫ ਮੈਂਬਰਾਂ ਵੱਲੋਂ ਡਾਕਟਰ ਲਖਵਿੰਦਰ ਸਿੰਘ ਦਾ ਭਰਵਾਂ ਸਵਾਗਤ ਕਰਦਿਆਂ ਜੀ ਆਇਆਂ ਆਖਿਆ ਗਿਆ।ਇਸ ਤੋਂ ਪਹਿਲਾਂ ਸਿਵਲ ਹਸਪਤਾਲ ਡੇਰਾ ਬਾਬਾ ਨਾਨਕ ਵਿਖੇ ਤਾਇਨਾਤ ਡਾਕਟਰ ਹਰਪਾਲ ਸਿੰਘ ਜਿਨ੍ਹਾਂ ਵੱਲੋਂ ਲੰਮਾ ਸਮਾਂ ਬਤੌਰ ਸੀਨੀਅਰ ਮੈਡੀਕਲ ਅਫਸਰ ਵਜੋਂ ਸੇਵਾਵਾਂ ਨਿਭਾਉਣ ਉਪਰੰਤ ਉਨ੍ਹਾਂ ਨੂੰ ਸਿਹਤ ਵਿਭਾਗ ਵੱਲੋਂ ਤਰੱਕੀ ਦੇ ਕੇ ਡਿਪਟੀ ਡਾਇਰੈਕਟਰ ਨਿਯੁਕਤ ਕਰਕੇ ਸਿਵਲ ਸਰਜਨ ਕਪੂਰਥਲਾ ਤਾਇਨਾਤ ਕਰ ਦਿੱਤਾ ਗਿਆ ਸੀ, ਉਸ ਸਮੇਂ ਤੋਂ ਲੈ ਕੇ ਸਿਵਲ ਹਸਪਤਾਲ ਡੇਰਾ ਬਾਬਾ ਨਾਨਕ ਵਿਖੇ ਸੀਨੀਅਰ ਮੈਡੀਕਲ ਅਫਸਰ ਦਾ ਅਹੁਦਾ ਖਾਲੀ ਚੱਲ ਰਿਹਾ ਸੀ।ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਲਖਵਿੰਦਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਉਨ੍ਹਾਂ ਵੱਲੋਂ ਸਿਵਲ ਹਸਪਤਾਲ ਡੇਰਾ ਬਾਬਾ ਨਾਨਕ ਵਿਖੇ ਐੱਸਐੱਮਓ (ਵਾਧੂ)ਚਾਰਜ ਸੰਭਾਲ ਲਿਆ ਗਿਆ ਹੈ ।ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਜਦੋਂ ਵੀ ਕਿਸੇ ਸੀਨੀਅਰ ਮੈਡੀਕਲ ਅਫ਼ਸਰ ਨੂੰ ਡੇਰਾ ਬਾਬਾ ਨਾਨਕ ਦਾ ਪੱਕਾ ਚਾਰਜ ਦਿੱਤਾ ਜਾਵੇਗਾ, ਉਹ ਤੁਰੰਤ ਹੀ ਆਪਣਾ ਵਾਧੂ ਚਾਰਜ ਛੱਡ ਦੇਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਇਸ ਸਰਹੱਦੀ ਬੈਲਟ ਨਾਲ ਲੱਗਦੇ ਪੱਛੜੇ ਇਲਾਕੇ ਦੇ ਲੋਕਾਂ ਨੂੰ ਸਾਰੀਆਂ ਸਿਹਤ ਸਹੂਲਤਾਂ ਸਮੇਤ ਹੋਰ ਸੰਭਵ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ ।ਇਸ ਮੌਕੇ ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ, ਮੈਡੀਕਲ ਅਫਸਰ ਡਾਕਟਰ ਪ੍ਰਗਤੀ ਸਿੰਘ, ਡਾਕਟਰ ਸਾਹਿਲ ਮਹਾਜਨ, ਡਾਕਟਰ ਵਤਨ, ਫਾਰਮੇਸੀ ਅਫਸਰ ਡਾਕਟਰ ਮਨਮੋਹਨ ਸਿੰਘ ਭੱਟੀ, ਹੈਲਥ ਇੰਸਪੈਕਟਰ ਚੂਨੀ ਲਾਲ, ਦੀਪਕ ਨਈਅਰ, ਮਨਜਿੰਦਰ ਸਿੰਘ, ਰੋਸ਼ਨ ਲਾਲ ਤੋਂ ਇਲਾਵਾ ਸਮੂਹ ਸਿਹਤ ਵਿਭਾਗ ਦੇ ਕਰਮਚਾਰੀ ਹਾਜ਼ਰ ਸਨ।



# ਪੀਰ ਬਾਬਾ ਪੀਂਘ ਝੰਡੂਲਾ ਦੀ ਯਾਦ 'ਚ ਕਰਵਾਏ ਜਾਣ ਵਾਲੇ ਮੇਲੇ ਸਬੰਧੀ ਤਿਆਰੀਆਂ ਸ਼ੁਰੂ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੀਰ ਬਾਬਾ ਪੀਂਘ ਝੰਡੂਲਾ ਜੀ ਦੀ ਯਾਦ ਵਿੱਚ ਕਰਵਾਏ ਜਾਣ ਵਾਲੇ ਮੇਲੇ ਸਬੰਧੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੇਵਾਦਾਰਾਂ ਨੇ ਸਾਂਝੇ ਤੌਰ ਤੇ ਦੱਸਿਆ ਕਿ 4 ਅਗਸਤ ਦਿਨ ਸੋਮਵਾਰ ਨੂੰ ਪਿੰਡ ਕਾਹਲਵਾਂ ਵਿਖੇ ਮੇਲਾ ਕਰਵਾਇਆ ਜਾ ਰਿਹਾ ਜੋ ਕਿ ਸਮੂਹ ਮੇਲਾ ਪ੍ਰਬੰਧਕ ਕਮੇਟੀ ਅਤੇ ਐੱਨਆਰਆਈ ਵੀਰਾਂ ਦੇ ਸਹਿਯੋਗ ਨਾਲ ਅਤੇ ਪਿੰਡ ਕਾਹਲਵਾਂ ਦੀ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਜਾਣਾ ਹੈ ਜਿਸ ਵਿੱਚ ਪ੍ਰਸਿੱਧ ਕਲਾਕਾਰ ਬਾਗੀ ਤੇ ਸੁਚਾ ਰੰਗੀਲਾ ਅਤੇ ਮਨਦੀਪ ਮੈਂਡੀ ਪਹੁੰਚਣਗੇ।ਬਾਬਾ ਜੀ ਦੇ ਨਾਮ ਦਾ ਸੰਗਤਾਂ ਦੇ ਵਿੱਚ ਅਤੁੱਟ ਲੰਗਰ ਵਰਤਾਇਆ ਜਾਵੇਗਾ। ਸੇਵਾਦਾਰਾਂ ਨੇ ਦੱਸਿਆ ਕਿ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਪ੍ਰਬੰਧਕਾਂ ਦੇ ਵੱਲੋਂ ਸੇਵਾਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।ਇਸ ਮੇਲੇ ਵਿੱਚ ਕਲਾਕਾਰਾਂ ਸਮੇਤ ਆਏ ਹੋਏ ਮੁੱਖ ਮਹਿਮਾਨਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਸੁਖਵਿੰਦਰ ਸਿੰਘ ਕਾਹਲਵਾਂ, ਸੁੱਚਾ ਸਿੰਘ, ਪ੍ਰਤਾਪ ਸਿੰਘ, ਸ਼ੀਤਲ ਸਿੰਘ, ਲਵਪ੍ਰੀਤ ਸਿੰਘ, ਕੇਵਲ ਸਿੰਘ, ਚੰਚਲ ਸਿੰਘ, ਸਤਨਾਮ ਸਿੰਘ, ਕਾਬਲ ਸਿੰਘ, ਰਣਜੋਧ ਸਿੰਘ, ਯੁਵਰਾਜ ਸਿੰਘ ਆਦਿ ਹਾਜ਼ਰ ਸਨ ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਕਾਰਜਸਾਧਕ ਅਤੇ ਜਨਰਲ ਹਾਊਸ ਦੀ ਇਕੱਤਰਤਾ

**ਅੰਮ੍ਰਿਤਸਰ 12 ਜੁਲਾਈ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਚੀਫ਼ ਖ਼ਾਲਸਾ ਦੀਵਾਨ ਵੱਲੋਂ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਪਹਿਲਾਂ ਕਾਰਜ ਸਾਧਕ ਕਮੇਟੀ ਉਪਰੰਤ ਜਨਰਲ ਹਾਊਸ ਦੀ ਇਕੱਤਰਤਾ ਆਯੋਜਿਤ ਕੀਤੀ ਗਈ।ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਦੀਵਾਨ ਦੇ ਲੋੜੀਂਦੇ ਪ੍ਰਬੰਧਕੀ ਮਸਲੇ ਵਿਚਾਰਨ ਲਈ ਕਾਰਜਸਾਧਕ ਕਮੇਟੀ ਅਤੇ ਜਨਰਲ ਹਾਊਸ ਤੋ ਪ੍ਰਵਾਨਗੀ ਲਈ ਗਈ ਜਿਸ ਉਪਰੰਤ ਮੀਟਿੰਗ ਦਾ ਆਰੰਭ ਮੂਲ ਮੰਤਰ ਦੇ ਪਾਠ ਨਾਲ ਕੀਤਾ ਗਿਆ।ਬਾਅਦ ਅਕਾਲ ਚਲਾਣਾ ਕਰ ਚੁੱਕੇ ਦੀਵਾਨ ਮੈਂਬਰਜ਼ ਗੁਰਬਚਨ ਸਿੰਘ ਕੋਚਰ, ਜਲੰਧਰ ਅਤੇ ਡਾ. ਸੁਖਵਿੰਦਰ ਸਿੰਘ ਵਾਲੀਆ ਅੰਮ੍ਰਿਤਸਰ ਦੇ ਸ਼ੋਕ ਮਤੇ ਪੜ੍ਹਦਿਆਂ ਉਹਨਾਂ ਦੀ ਆਤਮਿਕ ਸ਼ਾਂਤੀ ਦੀ ਅਰਦਾਸ ਕੀਤੀ ਗਈ।ਮੀਟਿੰਗ ਦੌਰਾਨ ਮੀਤ ਪ੍ਰਧਾਨ ਸ੍ਰ. ਸੰਤੋਖ ਸਿੰਘ ਸੇਠੀ ਅਤੇ ਤੇਜਿੰਦਰ ਸਿੰਘ ਸਰਦਾਰ ਪਗੜ੍ਹੀ ਹਾਊਸ ਨੇ ਚੀਫ਼ ਖ਼ਾਲਸਾ ਦੀਵਾਨ ਅਤੇ ਇਸ ਅਧੀਨ ਚੱਲ ਰਹੇ ਸਮੂਹ ਅਦਾਰਿਆਂ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ 20 ਜੁਲਾਈ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸੀ. ਸੈਕੰਡਰੀ ਸਕੂਲ, ਜੀ. ਟੀ. ਰੋਡ ਵਿਖੇ ਵਿਸ਼ਾਲ ਪੱਧਰ 'ਤੇ ਕਰਵਾਏ ਜਾ ਰਹੇ ਕੀਰਤਨ ਦਰਬਾਰ ਬਾਬਤ ਜਾਣਕਾਰੀ ਸਾਂਝੀ ਕੀਤੀ ਅਤੇ ਇਸ ਦੌਰਾਨ ਕੀਰਤਨ ਦਰਬਾਰ ਦੀ ਸ਼ਾਨ ਨੂੰ ਹੋਰ ਵਧਾਉਣ ਲਈ ਤਿਆਰੀਆਂ ਸਬੰਧੀ ਸੁਝਾਅ ਲੈਂਦਿਆਂ ਖਰਚਿਆਂ ਲਈ ਪ੍ਰਵਾਨਗੀ ਲਈ ਗਈ।ਪ੍ਰਧਾਨ ਡਾ. ਨਿੱਜਰ ਨੇ ਸਮੂਹ ਮੈਂਬਰ ਸਾਹਿਬਾਨ ਨੂੰ ਕੀਰਤਨ ਦਰਬਾਰ ਵਿਚ ਪਰਿਵਾਰ ਸਹਿਤ ਹਾਜ਼ਰੀ ਭਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।ਮੀਟਿੰਗ ਦੌਰਾਨ ਦੀਵਾਨ ਦੇ ਆਨਰੇਰੀ ਸਕੱਤਰ ਰਮਣੀਕ ਸਿੰਘ ਫਰੀਡਮ ਵੱਲੋਂ ਜਾਣਕਾਰੀ ਸਾਂਝੀ ਕੀਤੀ ਗਈ ਕਿ ਮਿਤੀ 23—03—2025 ਨੂੰ ਕਾਰਜ—ਸਾਧਕ ਕਮੇਟੀ ਵੱਲੋਂ ਅਤੇ ਮਿਤੀ 3—3—2025 ਨੂੰ ਜਨਰਲ ਹਾਊਸ ਵੱਲੋਂ ਮੈਂਬਰਸ਼ਿਪ ਤੋਂ ਖਾਰਜ ਕੀਤੇ ਗਏ 63 ਮੈਂਬਰਾਂ ਦੀ ਲਿਸਟ ਵਿਚ ਬਹੁਤ ਊਣਤਾਈਆਂ ਹੋਣ ਕਰਕੇ ਉਨ੍ਹਾਂ ਵੱਲੋਂ ਲਿਸਟ ਨੂੰ ਦੁਬਾਰਾ ਜਾਂਚ ਪੜਤਾਲ ਕਰਵਾਉਣ ਦੇ ਮੱਦੇਨਜ਼ਰ ਖਾਰਜ ਕੀਤੀ ਗਈ ਮੈਂਬਰਸ਼ਿਪ ਸੰਬੰਧੀ ਮਤਾ ਵਾਪਿਸ ਲੈਣ ਦੀ ਸਿਫਾਰਸ਼ ਕੀਤੀ ਗਈ ਜਿਸਨੂੰ ਕਾਰਜਸਾਧਕ ਅਤੇ ਜਨਰਲ ਕਮੇਟੀ ਵੱਲੋਂ ਸਰਬ—ਸੰਮਤੀ ਨਾਲ ਪ੍ਰਵਾਨਗੀ ਦੇ ਦਿੱਤੀ ਗਈ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਐਡੀ. ਆਨਰੇਰੀ ਸਕੱਤਰ ਹਰਿੰਦਰਪਾਲ ਸਿੰਘ ਸੇਠੀ, ਆਨਰੇਰੀ ਜਾਇੰਟ ਸਕੱਤਰ ਇੰਜੀ. ਜਸਪਾਲ ਸਿੰਘ ਸਮੇਤ 150 ਦੀ ਗਿਣਤੀ ਵਿਚ ਮੈਂਬਰ ਸਾਹਿਬਾਨ ਹਾਜ਼ਰ ਸਨ।

**● ਦੀਵਾਨ ਦੀ ਮੈਂਬਰਸ਼ਿਪ ਤੋਂ ਖਾਰਜ ਕੀਤੇ ਗਏ 63 ਮੈਂਬਰਾਂ ਸੰਬੰਧੀ ਮਤਾ ਰੱਦ**



# ਭਗਤਾਂ ਵਾਲਾ ਡੰਪ ਦਾ ਕੂੜਾ ਚੁੱਕਣ ਲਈ ਕੰਪਨੀ ਨੂੰ ਦਿੱਤਾ 15 ਮਹੀਨਿਆਂ ਦਾ ਸਮਾਂ: ਡਾ. ਨਿੱਜਰ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**- ਅੰਮ੍ਰਿਤਸਰ ਦੇ ਭਗਤਾਂਵਾਲਾ ਡੰਪ ਸਾਈਟ 'ਤੇ ਪਿਛਲੇ ਕਈ ਸਾਲਾਂ ਤੋਂ ਇਕੱਠਾ ਹੋ ਰਿਹਾ 11 ਲੱਖ ਮੀਟ੍ਰਿਕ ਟਨ ਕੂੜਾ ਹੁਣ ਸਦਾ ਲਈ ਹਟਾਇਆ ਜਾ ਰਿਹਾ ਹੈ।ਇਹ ਗੱਲ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਦੱਸਦੇ ਹੋਏ ਕਿਹਾ ਕਿ ਇਸ ਕੰਮ ਲਈ ਨਗਰ ਨਿਗਮ ਵੱਲੋਂ 46.34 ਕਰੋੜ ਦੀ ਲਾਗਤ ਨਾਲ ਟੈਂਡਰਿੰਗ ਕਰਵਾਈ ਗਈ ਹੈ।ਉਨ੍ਹਾਂ ਦੱਸਿਆ ਕਿ 4 ਜੁਲਾਈ ਨੂੰ ਟੈਕਨੀਕਲ ਬਿਡ ਖੋਲ੍ਹੀ ਗਈ ਜਿਸ ਵਿੱਚ 4 ਕੰਪਨੀਆਂ ਨੇ ਭਾਗ ਲਿਆ ਅਤੇ ਕੱਲ ਫਾਇਨੈਂਸ਼ੀਅਲ ਬਿਡ ਖੋਲ੍ਹਣ ਉਪਰੰਤ ਮੈਸਰਜ਼ ਇਕੋਰੇਸਟ੍ਰੈਨ ਇੰਫਰਾ ਕੰਪਨੀ ਵੱਲੋਂ ਸਭ ਤੋਂ ਘੱਟ 36.53 ਕਰੋੜ ਦੀ ਬਿਡ ਦੇ ਕੇ ਇਹ ਕੰਮ ਹਾਸਲ ਕੀਤਾ ਗਿਆ, ਜੋ ਕਿ ਅੰਦਾਜ਼ਨ ਲਾਗਤ ਤੋਂ 21% ਘੱਟ ਹੈ।ਉਨ੍ਹਾਂ ਨੇ ਦੱਸਿਆ ਕਿ ਇਹ ਕੂੜਾ ਹਟਾਉਣ ਲਈ ਕੰਪਨੀ ਨੂੰ 15 ਮਹੀਨੇ ਦਾ ਸਮਾਂ ਦਿੱਤਾ ਗਿਆ ਹੈ।ਹੁਣ ਇਹ ਟੈਂਡਰ ਲੋਕਲ ਬਾਡੀ ਵਿਭਾਗ ਦੀ ਚੀਫ ਇੰਜੀਨੀਅਰ ਕਮੇਟੀ ਨੂੰ ਮਨਜ਼ੂਰੀ ਲਈ ਭੇਜਿਆ ਜਾਵੇਗਾ, ਜਿਸ ਦੀ ਪੁਸ਼ਟੀ ਤੋਂ ਬਾਅਦ ਨਗਰ ਨਿਗਮ ਵੱਲੋਂ ਕੰਪਨੀ ਨੂੰ ਵਰਕ ਆਰਡਰ ਜਾਰੀ ਕਰ ਦਿੱਤਾ ਜਾਵੇਗਾ।ਡਾ. ਨਿੱਜਰ ਨੇ ਦੱਸਿਆ ਕਿ ਕੰਪਨੀ ਨੂੰ 15 ਮਹੀਨੇ ਦੀ ਮਿਆਦ ਵਿੱਚ ਪੂਰਾ ਕੰਮ ਨਿਭਾਉਣਾ ਹੋਵੇਗਾ, ਜਿਸ ਤੋਂ ਬਾਅਦ ਭਗਤਾਂਵਾਲਾ ਸਾਈਟ ਕੂੜੇ ਤੋਂ ਮੁਕਤ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਕੂੜੇ ਦੀ ਸੰਭਾਲ, ਪਰਿਵਾਹਨ, ਪ੍ਰੋਸੈਸਿੰਗ ਅਤੇ ਨਿਪਟਾਰੇ ਲਈ ਵੱਖ-ਵੱਖ ਦੋ ਹੋਰ ਟੈਂਡਰ ਵੀ ਲਗਾਏ ਗਏ ਹਨ, ਜੋ ਕਿ ਸ਼ਹਿਰ ਦੀਆਂ 41 ਵਾਰਡਾਂ ਅਤੇ 44 ਵਾਰਡਾਂ ਦੀ ਸਫਾਈ ਸੰਭਾਲਣਗੇ।ਇਹ ਬਿਡਾਂ ਵੀ ਜਲਦੀ ਹੀ ਖੋਲ੍ਹੀਆਂ ਜਾਣਗੀਆਂ।ਡਾ. ਨਿੱਜਰ ਨੇ ਕਿਹਾ ਕਿ ਬਹੁਤ ਸਰਕਾਰਾਂ ਆਈਆਂ, ਚੋਣਾਂ ਜਿੱਤਣ ਲਈ ਵਾਅਦੇ ਕੀਤੇ ਪਰ ਕਿਸੇ ਨੇ ਇਹ ਮਾਮਲਾ ਹੱਲ ਨਹੀਂ ਕੀਤਾ ਪਰ ਮੈਂ ਸ਼ੁਰੂ ਤੋਂ ਹੀ ਇਸ ਕੰਮ ਨੂੰ ਲੈ ਕੇ ਵਚਨਬੱਧ ਰਿਹਾ ਅਤੇ ਅੱਜ ਉਸ ਵਚਨ ਦੇ ਪੂਰਾ ਹੋਣ ਦੀ ਸ਼ੁਰੂਆਤ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਹੁਣ ਜਲਦੀ ਹੀ ਮਸ਼ੀਨਰੀ ਆ ਕੇ ਡੰਪ ਨੂੰ ਸਾਫ਼ ਕਰਨ ਦਾ ਕੰਮ ਸ਼ੁਰੂ ਕਰੇਗੀ।ਇਹ ਸਿਰਫ਼ ਸਫਾਈ ਨਹੀਂ, ਇਹ ਲੋਕਾਂ ਦੀ ਸਿਹਤ ਅਤੇ ਵਾਤਾਵਰਨ ਦੀ ਰੱਖਿਆ ਵੱਲ ਇੱਕ ਵੱਡਾ ਕਦਮ ਹੈ।

# ਬਾਰਠ ਸਾਹਿਬ ਤੋਂ ਖੋਬਾ, ਗੋਬਿੰਦਸਰ-ਬਾਬਾ ਸ੍ਰੀ ਚੰਦ ਜੀ ਅਤੇ ਕੋਟਲੀ ਮੁਗਲਾਂ ਸੜਕ ਦਾ ਨਿਰਮਾਣ ਕਾਰਜ ਸ਼ੁਰੂ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਅੰਦਰ ਲਗਾਤਾਰ ਵਿਕਾਸ ਦੇ ਕਾਰਜ ਚਲ ਰਹੇ ਹਨ ਵਿਸ਼ੇਸ਼ ਤੌਰ 'ਤੇ ਸੜਕਾਂ ਦੇ ਨਿਰਮਾਣ ਕਾਰਜ, ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਜਿਨ੍ਹਾਂ ਨੇ ਵਿਧਾਨ ਸਭਾ ਹਲਕਾ ਭੋਆ ਦੀਆਂ 74 ਸੜਕਾਂ ਰਿਪੇਅਰ ਕਰਨ ਲਈ ਝੰਡੀ ਦਿੱਤੀ ਅਤੇ ਹਰ ਰੋਜ਼ ਕਿਸੇ ਨਾ ਕਿਸੇ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਵਧੀਆ ਸੜਕਾਂ ਮਿਲ ਸਕਣ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਬਾਰਠ ਸਾਹਿਬ ਤੋਂ ਖੋਬਾ, ਗੋਬਿੰਦਸਰ-ਬਾਬਾ ਸ੍ਰੀ ਚੰਦ ਜੀ-ਕੋਟਲੀ ਮੁਗਲਾਂ ਰੋਡ ਦਾ ਨੀਂਹ ਪੱਥਰ ਰੱਖਣ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਬਲਾਕ ਪ੍ਰਧਾਨ, ਰਜਿੰਦਰ ਭਿੱਲਾ ਬਲਾਕ ਪ੍ਰਧਾਨ, ਰਾਕੇਸ਼ ਕੁਮਾਰ ਐੱਸਡੀਓ. ਮੰਡੀ ਬੋਰਡ, ਸਰਪੰਚ ਅਸ਼ਵਨੀ ਕੁਮਾਰ ਗੋਬਿੰਦਸਰ, ਰਿੰਕੂ ਕੋਟਲੀ, ਰਾਕੇਸ਼ ਕੋਟਲੀ, ਦਿਲਬਾਗ ਸੈਣੀ, ਭਾਗ ਸਿੰਘ, ਹਰਭਜਨ ਸਿੰਘ, ਟੋਨੀ, ਬੀਰਬਲ ਮੈਂਬਰ ਪੰਚਾਇਤ, ਕਮਲ ਸੈਣੀ, ਤ੍ਰੀੜ ਚੰਦ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਚੰਦ ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੇ ਸੜਕਾਂ ਦੇ ਨਿਰਮਾਣ ਦੇ ਲਈ ਕਰੋੜਾਂ ਰੁਪਏ ਦਿੱਤੇ ਹਨ।ਉਸ ਅਧੀਨ ਹੀ ਅੱਜ ਪਿੰਡ ਗੋਬਿੰਦਸਰ-ਖੋਬਾ-ਬਾਰਠ ਸਾਹਿਬ ਤੱਕ 5.42 ਕਿਲੋਮੀਟਰ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕੀਤਾ ਗਿਆ ਹੈ। ਇਸ ਰੋਡ ਦੇ ਨਿਰਮਾਣ 'ਤੇ 3 ਕਰੋੜ 70 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਪਰੋਕਤ ਮਾਰਗ ਜੋ ਕਿ ਬਾਬਾ ਸ੍ਰੀ ਚੰਦ ਜੀ ਦੇ ਗੁਰੂਦੁਆਰਾ ਸ੍ਰੀ ਬਾਰਠ ਸਾਹਿਬ ਨੂੰ ਜਾਣ ਵਾਲੇ ਇਸ ਮਾਰਗ ਦੇ ਨਿਰਮਾਣ ਹੋ ਜਾਣ ਨਾਲ ਇਸ ਦਾ ਲਾਭ ਹਜ਼ਾਰਾਂ ਲੋਕਾਂ ਨੂੰ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਮਾਰਗ ਦੀ ਰਿਪੇਅਰ ਦੇ ਨਾਲ ਨਾਲ ਇਸ ਦੀ ਚੌੜਾਈ ਵੀ ਵਧਾਈ ਜਾਵੇਗੀ ਅਤੇ ਹੁਣ ਇਹ ਸੜਕ 11 ਫੁੱਟ ਪੱਕੀ ਸੜਕ ਅਤੇ ਦੋਨੋਂ ਸਾਇਡਾਂ ਤੇ ਇੰਟਲਾੱਕ ਟਾਈਲ ਲਗਾ ਕੇ ਇਸ ਦੀ ਚੌੜਾਈ 18 ਫੁੱਟ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਸੜਕਾਂ ਦੇ ਜਾਲ ਵਿਛਾਏ ਜਾ ਰਹੇ ਹਨ ਅਤੇ ਆਉਣ ਵਾਲੇ ਦਿਨ੍ਹਾਂ ਵਿੱਚ ਵਿਧਾਨ ਸਭਾ ਹਲਕਾ ਭੋਆ ਦੇ ਦੋ ਵੱਡੇ ਰੋਡ ਜੋ ਕਿ ਪੰਜਾਬ ਸਰਕਾਰ ਵੱਲੋਂ ਖੇਤਰ ਵਾਸੀਆਂ ਨੂੰ ਤੋਹਫਾ ਦਿੱਤਾ ਜਾ ਰਿਹਾ ਹੈ, ਦਾ ਵੀ ਨਿਰਮਾਣ ਕਾਰਜ ਸ਼ੁਰੂ ਕੀਤਾ ਜਾਵੇਗਾ।



# ਬੇਦੀ ਫਾਊਂਡੇਸ਼ਨ ਨੇ ਡਿਜੀਟਲ ਸਿੱਖਿਆ ਦੇ ਖੇਤਰ 'ਚ ਨਵੀਆਂ ਉੱਚਾਈਆਂ ਨੂੰ ਛੂਹਿਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਡੇਰਾ ਬਾਬਾ ਨਾਨਕ ਹੁਣ ਡਿਜੀਟਲਾਈਜੇਸ਼ਨ ਰਾਹੀਂ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਛੂਹ ਰਹੀ ਹੈ।ਬੇਦੀ ਫਾਊਂਡੇਸ਼ਨ ਜੋ ਕਸਬਾ ਡੇਰਾ ਬਾਬਾ ਨਾਨਕ ਦੇ ਬਾਬਾ ਮੁਲਖ ਰਾਜ ਮੁਹੱਲਾ ਦੇ ਸਵਰਗਵਾਸੀ ਬਾਬਾ ਪ੍ਰਿਤਪਾਲ ਸਿੰਘ ਬੇਦੀ ਵੱਲੋਂ ਸਥਾਪਤ ਚੈਰੀਟੇਬਲ ਟਰੱਸਟ ਹੈ, ਜੋ ਮਰਹੂਮ ਬਾਬਾ ਰਾਮ ਸਿੰਘ ਬੇਦੀ (ਕਿਲੇ ਵਾਲੇ ਬੇਦੀਆਂ) ਦੇ ਪੋਤਿਆਂ ਅਤੇ ਪੜਪੋਤਿਆਂ ਵੱਲੋਂ ਚਲਾਇਆ ਜਾ ਰਿਹਾ ਹੈ।ਸ਼੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਪ੍ਰਚਾਰਤ ਏਕਤਾ ਦੇ ਮੂਲ ਮੰਤਰ ਉਤੇ ਕੰਮ ਕਰਨ ਲਈ ਸਮਰਪਿਤ ਹੈ।ਸਿੱਖਿਆ ਦੇ ਨਤੀਜੇ ਸੁਧਾਰਨ ਲਈ ਇਹ ਇਕ ਵੱਡੀ ਪਹਿਲ ਤਹਿਤ ਬੇਦੀ ਫਾਊਂਡੇਸ਼ਨ ਨੇ ਹਿੰਦੁਸਤਾਨ ਗੋਲਡ ਇੰਡਸਟਰੀਜ਼ ਲਿਮਿਟਡ ਅਤੇ ਸੋਢੀ ਫਾਊਂਡੇਸ਼ਨ ਦੇ ਸੰਸਥਾਪਕ ਵਿਕਰਮ ਸੋਢੀ ਦੇ ਸਹਿਯੋਗ ਨਾਲ ਡੇਰਾ ਬਾਬਾ ਨਾਨਕ ਦੇ ਪੀ ਐੱਮ ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਡੇਰਾ ਬਾਬਾ ਨਾਨਕ ਵਿੱਚ 5 ਸਮਾਰਟ ਕਲਾਸਰੂਮ ਕਾਇਮ ਕੀਤੇ ਹਨ। ਸੋਢੀ ਫਾਊਂਡੇਸ਼ਨ ਨੇ ਐਡੀਟੈਕ ਪ੍ਰੋਜੈਕਟਾਂ ਨੂੰ ਸਹਿਯੋਗ ਦੇ ਕੇ ਸੈਂਕੜੇ ਬੱਚਿਆਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਅਤੇ ਉਨ੍ਹਾਂ ਨੂੰ ਗੁਣਵੱਤਾਪੂਰਕ ਸਿੱਖਿਆ ਤੱਕ ਪਹੁੰਚ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।ਇਸ ਯਤਨ ਲਈ ਹਿੰਦੁਸਤਾਨ ਗੋਲਡ ਇੰਡਸਟਰੀਜ਼ ਲਿਮਿਟੇਡ ਮੁੱਖ ਸੀਐੱਸਆਰ ਦਾਤਾ ਹੈ।ਸਕੂਲ ਵੱਲੋਂ ਬੇਦੀ ਫਾਊਂਡੇਸ਼ਨ ਦੇ ਰਾਜੇਸ਼ ਕੁਮਾਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਆਨ ਗਰਾਊਂਡ ਇੰਸਟਾਲੇਸ਼ਨ ਅਤੇ ਸੈਟਅਪ ਦੀ ਅਗਵਾਈ ਕੀਤੀ। ਇਸ ਮੌਕੇ ਜਗਜੀਤ ਸਿੰਘ, ਲਵ ਕੁਮਾਰ ਅਤੇ ਗੌਰਵ ਸ਼ਰਮਾ ਵੱਲੋਂ ਰਾਜੇਸ਼ ਕੁਮਾਰ ਦਾ ਵਿਸ਼ੇਸ਼ ਸਹਿਯੋਗ ਕੀਤਾ, ਜਦਕਿ ਹਿਮਾਂਸ਼ੀ ਸੈਣੀ ਨੇ ਪ੍ਰੋਜੈਕਟ ਦੀ ਪਿਛੋਕੜ ਕਾਰਵਾਈ ਦੌਰਾਨ ਡੈਡੀਕੇਟਿਡ ਬੈਕਐਂਡ ਸਹਿਯੋਗ ਦਿੱਤਾ।ਇਸ ਮੌਕੇ ਰਾਜੇਸ਼ ਕੁਮਾਰ ਨੇ ਦੱਸਿਆ ਕਿ ਅਗਲੇ 6 ਮਹੀਨਿਆਂ ਵਿੱਚ ਬੇਦੀ ਫਾਊਂਡੇਸ਼ਨ ਵੱਲੋਂ ਪੀ ਐੱਮ ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ 20 ਕਲਾਸਰੂਮ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਦੇ 10 ਕਲਾਸ ਰੂਮ ਡਿਜੀਟਲ ਬਣਾਉਣ ਦੀ ਯੋਜਨਾ ਹੈ।



# ਹੜ੍ਹਾਂ ਤੋਂ ਬਚਾਅ ਲਈ ਪਿੰਡਾਂ 'ਚ ਬਣੀਆਂ ਡਰੇਨਾਂ ਦੀ ਖੁਦਾਈ ਕਰਨ ਦੀ ਮੰਗ

**ਵੇਰਕਾ (ਰਾਣਾ)**- ਬਲਾਕ ਮਜੀਠਾ ਅਧੀਨ ਪੈਂਦੇ ਸੈਂਕੜੇ ਪਿੰਡਾਂ ਨੂੰ ਆਉਣ ਵਾਲੀ ਕੁਦਰਤੀ ਹੜ੍ਹਾਂ ਦੀ ਮਾਰ ਤੋਂ ਬਚਾਅ ਲਈ ਬਣੀਆਂ ਡਰੇਨਾਂ ਦੀ ਖਿਲਾਈ ਨਾ ਹੋਣ ਕਾਰਨ ਅੱਜਕੱਲ੍ਹ ਹੋ ਰਹੀਆਂ ਬਰਸਾਤਾਂ ਦੇ ਮੌਸਮ ਦੌਰਾਨ ਅਤਿਅੰਤ ਮੰਦਾ ਹਾਲ ਹੈ।ਪਿੰਡਾਂ 'ਚੋਂ ਲੰਘਦੀ ਡਰੇਨ ਬੂਟੀ, ਨੜੇ ਤੇ ਗੰਦਗੀ ਨਾਲ ਭਰੀ ਹੋਣ ਕਾਰਨ ਮੀਂਹ ਦੇ ਪਾਣੀ ਦਾ ਨਿਕਾਸ ਸਹੀ ਨਾ ਹੋਣ ਕਰਕੇ ਲੋਕ ਡਰੇ ਹੋਏ ਹਨ ਕਿ ਮੀਂਹ ਦਾ ਗੰਦਾ ਪਾਣੀ ਕਿਤੇ ਉਨ੍ਹਾਂ ਦੇ ਖੇਤਾਂ ਅਤੇ ਘਰਾਂ ਅੰਦਰ ਨਾ ਵੜ ਜਾਵੇ।ਇਸ ਬਾਬਤ ਪ੍ਰਸ਼ਾਸਨ ਹਾਲੇ ਬੇਖ਼ਬਰ ਹੋਇਆ ਕੁੰਭਕਰਨ ਦੀ ਨੀਂਦ ਸੁੱਤਾ ਪਿਆ ਹੈ। ਹੈਰਾਨੀਜਨਕ ਤੱਥ ਹਨ ਕਿ ਬਰਸਾਤ ਦਾ ਮੌਸਮ ਆਰੰਭ ਹੋਣ ਤੋਂ ਪਹਿਲਾਂ ਪ੍ਰਸ਼ਾਸਨ ਕਦੇ ਵੀ ਅਗਾਊਂ ਬਚਾਅ ਪ੍ਰਬੰਧ ਨਹੀਂ ਕਰਦਾ ਹੈ।ਪ੍ਰੰਤੂ ਕੁਦਰਤੀ ਆਫਤ ਆ ਜਾਣ ਉਪਰੰਤ ਫੌਰੀ ਤੌਰ 'ਤੇ ਰਾਹਤ ਕਾਰਜ ਆਰੰਭ ਕਰ ਦਿੰਦਾ ਹੈ। ਨਾਲੇ ਹਾਲੇ ਤਾਂ ਬਰਸਾਤਾਂ ਸ਼ੁਰੂ ਹੋਣੀਆਂ ਹਨ।ਇਸ ਸੰਬੰਧ ਵਿੱਚ ਪਿੰਡ ਕੋਟਲਾ ਖੁਰਦ ਦੇ ਨਾਲ ਲੱਗਦੇ ਦਰਜਨਾਂ ਪਿੰਡਾਂ ਦੇ ਵਸਨੀਕਾਂ ਨੇ ਮਾਨਯੋਗ ਪੰਜਾਬ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਦੇ ਉਚ ਅਧਿਕਾਰੀਆਂ ਪਾਸੋਂ ਮੰਗ ਕੀਤੀ ਹੈ ਕਿ ਸਥਿਤ ਡਰੇਨ ਦੀ ਤੁਰੰਤ ਖਿਲਾਈ ਕਰਵਾਈ ਜਾਵੇ ਤਾਂ ਜੋ ਨਿਕਟ ਭਵਿੱਖ ਵਿੱਚ ਕਿਸੇ ਵੀ ਆਉਣ ਵਾਲੀ ਕੁਦਰਤੀ ਆਫਤ ਨਾਲ ਨਜਿੱਠਿਆ ਜਾ ਸਕੇ।



14-July-PAGE-4.qxd 7/13/2025 10:06 PM Page 1

ਨਵਾਂ ਜ਼ਮਾਨਾ
ਸੋਮਵਾਰ, 14 ਜੁਲਾਈ 2025

# ਨਾਗਪੁਰੀ ਬਿਆਨ

*ਜਿਵੇਂ-ਜਿਵੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 75 ਸਾਲ ਪੂਰੇ ਕਰਨ ਦੀ ਤਰੀਕ 17 ਸਤੰਬਰ ਨੇੜੇ ਆ ਰਹੀ ਹੈ, ਆਰ ਐੱਸ ਐੱਸ ਦੇ ਹੈੱਡਕੁਆਰਟਰ ਵਾਲੇ ਸ਼ਹਿਰ ਨਾਗਪੁਰ ਤੋਂ ਅਜਿਹੇ ਬਿਆਨ ਆਉਣ ਲੱਗੇ ਹਨ, ਜਿਹੜੇ ਇਸ਼ਾਰੇ ਕਰ ਰਹੇ ਹਨ ਕਿ ਪ੍ਰਧਾਨ ਮੰਤਰੀ ਬੋਰੀ-ਬਿਸਤਰਾ ਬੰਨ੍ਹਣ ਲੱਗ ਪੈਣ, ਜਿਵੇਂ ਕਿ ਉਨ੍ਹਾ ਐੱਲ ਕੇ ਅਡਵਾਨੀ ਤੇ ਮੁਰਲੀ ਮਨੋਹਰ ਜੋਸ਼ੀ ਵਰਗਿਆਂ ਨੂੰ ਮਾਰਗਦਰਸ਼ਕ ਮੰਡਲ ਵਿੱਚ ਬਿਠਾ ਦਿੱਤਾ ਸੀ। ਕੁਝ ਦਿਨ ਪਹਿਲਾਂ ਆਰ ਐੱਸ ਐੱਸ ਦੇ ਮੁਖੀ ਮੋਹਨ ਭਾਗਵਤ ਨੇ ਸਾਫ ਹੀ ਕਹਿ ਦਿੱਤਾ ਸੀ ਕਿ 75 ਸਾਲ ਅਜਿਹੀ ਉਮਰ ਹੈ, ਜਦ ਇਨਸਾਨ ਨੂੰ ਸਰਗਰਮੀ ਕਰਨੀ ਛੱਡ ਦੇਣੀ ਚਾਹੀਦੀ ਹੈ। ਇਸ ਟਿੱਪਣੀ ਨੂੰ ਪ੍ਰਧਾਨ ਮੰਤਰੀ ਮੋਦੀ ਦੀ ਰਿਟਾਇਰਮੈਂਟ ਨਾਲ ਜੋੜ ਕੇ ਦੇਖਿਆ ਗਿਆ ਸੀ।*

*ਪਿਛਲੇ ਦਿਨੀਂ ਦੇਸ਼ ਵਿੱਚ ਆਰਥਿਕ ਨਾਬਰਾਬਰੀ ਵਧਣ ਦਾ ਬਿਆਨ ਦੇਣ ਵਾਲੇ ਕੇਂਦਰੀ ਮੰਤਰੀ ਨਿਤਿਨ ਗਡਕਰੀ, ਜਿਹੜੇ ਲੋਕ ਸਭਾ ਵਿੱਚ ਨਾਗਪੁਰ ਦੀ ਨੁਮਾਇੰਦਗੀ ਕਰਦੇ ਹਨ, ਨੇ ਹੁਣ ਇੱਕ ਹੋਰ ਬਿਆਨ ਦਾਗਦਿਆਂ ਕਿਹਾ ਹੈ, "ਸਨਮਾਨ ਮੰਗਿਆ ਨਹੀਂ ਜਾਂਦਾ, ਇਸ ਨੂੰ ਹਾਸਲ ਕੀਤਾ ਜਾਂਦਾ ਹੈ। ਜੇ ਤੁਸੀਂ ਇਸ ਦੇ ਲਾਇਕ ਹੋ ਤਾਂ ਇਹ ਤੁਹਾਨੂੰ ਮਿਲੇਗਾ। ਜਿਸ ਵਿਅਕਤੀ ਨੂੰ ਤਾਕਤ, ਧਨ, ਗਿਆਨ ਤੇ ਸੁੰਦਰਤਾ ਦਾ ਹੰਕਾਰ ਹੁੰਦਾ ਹੈ, ਉਹ ਕਿਸੇ ਦੇ ਕੰਮ ਨਹੀਂ ਆਉਂਦਾ।" ਉਨ੍ਹਾ ਵਿਸ਼ਵ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਿਨ੍ਹਾਂ ਨੂੰ ਲੋਕਾਂ ਨੇ ਸਵੀਕਾਰ ਕੀਤਾ, ਉਨ੍ਹਾਂ ਨੂੰ ਦੂਜਿਆਂ 'ਤੇ ਖ਼ੁਦ ਨੂੰ ਥੋਪਣ ਦੀ ਲੋੜ ਨਹੀਂ ਪਈ। ਗਡਕਰੀ ਦੇ ਇਸ ਬਿਆਨ ਨੂੰ ਭਾਜਪਾ ਦੀ ਟਾਪ ਲੀਡਰਸ਼ਿਪ ਵੱਲ ਸੇਧਤ ਮੰਨਿਆ ਜਾ ਰਿਹਾ ਹੈ। ਗਡਕਰੀ ਇੱਥੇ ਹੀ ਨਹੀਂ ਰੁਕੇ, ਉਨ੍ਹਾ ਇਹ ਵੀ ਕਿਹਾ, "ਮੈਂ ਸਭ ਤੋਂ ਹੁਸ਼ਿਆਰ ਹਾਂ। ਮੈਂ 'ਸਾਹਬ' ਬਣ ਗਿਆ ਹਾਂ...ਮੈਂ ਦੂਜਿਆਂ ਨੂੰ ਟਿੱਚ ਸਮਝਦਾ ਹਾਂ।" ਭਾਜਪਾ ਵਿੱਚ ਸਾਹਬ ਸ਼ਬਦ ਦਾ ਇਸਤੇਮਾਲ ਕਿਸ ਲਈ ਕੀਤਾ ਜਾਂਦਾ ਹੈ, ਇਹ ਕੋਈ ਲੁਕੀ-ਛਿਪੀ ਗੱਲ ਨਹੀਂ ਹੈ।*

*ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਮੋਦੀ ਤੇ ਆਰ ਐੱਸ ਐੱਸ ਵਿਚਾਲੇ ਰਿਸ਼ਤੇ ਖੱਟੇ ਹੀ ਚਲੇ ਆਏ ਹਨ। ਸੱਤਾ ਵਿੱਚ ਹੁੰਦਿਆਂ ਮੋਦੀ ਸਿਰਫ ਇੱਕ ਵਾਰ ਹੀ ਨਾਗਪੁਰ ਮੱਥਾ ਟੇਕਣ ਗਏ ਹਨ। ਇਹ ਖਬਰਾਂ ਆਮ ਹਨ ਕਿ ਆਰ ਐੱਸ ਐੱਸ ਮੋਦੀ ਦੀ ਥਾਂ ਨਿਤਿਨ ਗਡਕਰੀ ਜਾਂ ਯੋਗੀ ਆਦਿਤਿਆਨਾਥ ਨੂੰ ਪ੍ਰਧਾਨ ਮੰਤਰੀ ਦੇਖਣਾ ਚਾਹੁੰਦਾ ਹੈ। ਗਡਕਰੀ ਦੀ ਆਰ ਐੱਸ ਐੱਸ ਨਾਲ ਨੇੜਤਾ ਜੱਗ-ਜ਼ਾਹਰ ਹੈ। ਆਰ ਐੱਸ ਐੱਸ ਨੇ ਪ੍ਰਧਾਨ ਮੰਤਰੀ ਲਈ ਉਨ੍ਹਾ ਦਾ ਨਾਂਅ ਬਕਾਇਦਾ ਚਲਾਇਆ ਵੀ ਸੀ। ਹਾਲਾਂਕਿ ਮੋਦੀ ਤੇ ਅਮਿਤ ਸ਼ਾਹ ਦੀ ਜੋੜੀ ਯੋਗੀ ਆਦਿਤਿਆਨਾਥ ਨੂੰ ਵੱਡਾ ਖਤਰਾ ਮੰਨਦੀ ਹੈ, ਕਿਉਂਕਿ ਉਨ੍ਹਾ ਦਾ ਅਕਸ ਕੱਟੜ ਹਿੰਦੂ ਆਗੂ ਦਾ ਬਣ ਚੁੱਕਾ ਹੈ, ਜੋ ਆਰ ਐੱਸ ਐੱਸ ਦੀ ਭਾਵੀ ਰਣਨੀਤੀ ਨਾਲ ਮੇਲ ਖਾਂਦਾ ਹੈ, ਪਰ ਯੋਗੀ ਵਿੱਚ ਲੀਡਰਸ਼ਿਪ ਸਮਰੱਥਾ ਦੀ ਕਮੀ ਹੈ। ਉਨ੍ਹਾ ਦੇ ਮੁਕਾਬਲੇ ਗਡਕਰੀ ਨੂੰ ਕੁਸ਼ਲ ਲੀਡਰ ਮੰਨਿਆ ਜਾਂਦਾ ਹੈ। ਇੱਥੋਂ ਤੱਕ ਕਿ ਆਪੋਜ਼ੀਸ਼ਨ ਵਾਲੇ ਵੀ ਉਨ੍ਹਾ ਨੂੰ ਸਰਬ-ਪ੍ਰਵਾਨਤ ਅਕਸ ਵਾਲਾ ਆਗੂ ਮੰਨਦੇ ਹਨ। ਗਡਕਰੀ ਦੀਆਂ ਟਿੱਪਣੀਆਂ ਨੂੰ ਭਾਗਵਤ ਦੀ ਟਿੱਪਣੀ ਦੇ ਵਿਸਥਾਰ ਵਜੋਂ ਦੇਖਿਆ ਜਾ ਰਿਹਾ ਹੈ, ਯਾਨੀ ਕਿ ਆਰ ਐੱਸ ਐੱਸ ਹੁਣ ਯੋਗੀ ਦੀ ਥਾਂ ਗਡਕਰੀ 'ਤੇ ਦਾਅ ਖੇਡਣ ਲਈ ਤਿਆਰ ਹੈ।*

# ਕਿਸਾਨਾਂ ਦੀ ਆਮਦਨ ਵੀ ਨਾ ਵਧ ਸਕੀ...!



ਗੁਰਪ੍ਰੀਤ

'ਮਦਰ ਇੰਡੀਆ' ਤਾਂ ਫ਼ਿਲਮ ਮੈਨੂੰ ਲੱਗਦਾ ਹਰ ਕਿਸੇ ਨੇ ਵੇਖੀ ਹੀ ਹੋਣੀ ਹੈ। ਇਹ ਫ਼ਿਲਮ 1957 ਦੇ ਵਿੱਚ ਆਈ ਸੀ। ਇਸ ਫ਼ਿਲਮ ਦੇ ਵਿੱਚ ਜੋ ਕੁਝ ਵਿਖਾਇਆ ਗਿਆ ਸੀ, ਉਹ ਉਸ ਸਮੇਂ ਦੀ ਸਰਕਾਰ ਦੁਆਰਾ ਕੀਤੇ ਜਾ ਰਹੇ ਜ਼ੁਲਮਾਂ ਦਾ ਇੱਕ ਸੀਨ ਸੀ। ਫ਼ਿਲਮ ਕਰੀਬ ਢਾਈ ਘੰਟਿਆਂ ਦੀ ਸੀ। ਭਾਵੇਂ ਕਿ ਮਦਰ ਇੰਡੀਆ ਫ਼ਿਲਮ ਬਣੀ ਨੂੰ ਅੱਜ ਕਰੀਬ 70 ਵਰ੍ਹੇ ਹੋ ਚੁੱਕੇ ਹਨ, ਪਰ ਫਿਰ ਵੀ ਜੋ ਕੁਝ ਉਸ ਫ਼ਿਲਮ ਦੇ ਵਿੱਚ ਵਿਖਾਇਆ ਗਿਆ ਸੀ, ਉਸ ਤੋਂ ਵੀ ਮਾੜੀ ਹਾਲਤ ਇਸ ਵੇਲੇ ਦੇਸ਼ ਦੇ ਹਲ ਵਾਹੁਣ ਵਾਲੇ, ਅਸਲ ਕਿਸਾਨਾਂ ਦੀ ਹੋ ਚੁੱਕੀ ਹੈ।

ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਵਾਅਦਾ ਅਤੇ ਦਾਅਵਾ ਕਰਨ ਵਾਲੀ ਕੇਂਦਰ ਸਰਕਾਰ ਆਪਣੇ ਵਾਅਦੇ ਤੋਂ ਭਟਕਦੀ ਨਜ਼ਰ ਆ ਰਹੀ ਹੈ। 2022 ਤੱਕ ਇਸ ਸਰਕਾਰ ਨੇ ਦੇਸ਼ ਭਰ ਦੇ ਸਾਰੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਵਾਅਦਾ ਕੀਤਾ ਸੀ। ਇਹ ਵਾਅਦਾ ਮੋਦੀ ਸਰਕਾਰ ਵੱਲੋਂ 2014 ਅਤੇ 2019 ਦੀਆਂ ਚੋਣਾਂ ਵਿੱਚ ਵੀ ਕੀਤਾ ਗਿਆ, ਪਰ ਉਦੋਂ ਤੋਂ ਲੈ ਕੇ ਹੁਣ ਤੱਕ ਕਿਸਾਨਾਂ ਦੀ ਆਮਦਨ ਤਾਂ ਦੁੱਗਣੀ ਨਹੀਂ ਹੋਈ, ਪਰ ਮਾਮੂਲੀ ਜਿਹੇ ਕਰਜ਼ੇ ਕਾਰਨ ਕਿਸਾਨਾਂ ਦੀਆਂ ਖ਼ੁਦਕੁਸ਼ੀਆਂ ਦੀ ਦਰ ਜ਼ਰੂਰ ਦੁੱਗਣੀ ਹੋਈ ਹੈ।

ਬੇਸ਼ੱਕ ਸਮੇਂ ਦੀਆਂ ਸਰਕਾਰਾਂ ਵੱਲੋਂ ਕਿਸਾਨਾਂ ਦੇ ਕਰਜ਼ੇ ਮਾਫ਼ ਕਰਨ ਦੇ ਦਾਅਵੇ ਅਤੇ ਵਾਅਦੇ ਕੀਤੇ ਜਾਂਦੇ ਨੇ, ਪਰ ਇਹ ਦਾਅਵੇ ਅਤੇ ਵਾਅਦੇ ਕੁਝ ਕੁ ਕਿਸਾਨਾਂ 'ਤੇ ਲਾਗੂ ਹੀ ਹੁੰਦੇ ਨੇ। ਧਨਾਢ ਕਿਸਾਨ ਇਸ ਦਾ ਫ਼ਾਇਦਾ ਲੈ ਲੈਂਦੇ ਨੇ, ਜਦੋਂ ਕਿ ਛੋਟੇ ਕਿਸਾਨ ਸਰਕਾਰਾਂ ਦੀਆਂ ਇਹਨਾਂ ਸਕੀਮਾਂ ਤੋਂ ਵਾਂਝੇ ਰਹਿ ਜਾਂਦੇ ਨੇ। ਗੱਲ ਇੱਥੇ ਨਹੀਂ ਮੁੱਕਦੀ, ਜਿਹੜੀ ਵੀ ਸਰਕਾਰ ਹੁਣ ਤੱਕ ਸੱਤਾ ਦੇ ਵਿੱਚ ਆਈ ਹੈ, ਉਸ ਵੱਲੋਂ ਖੇਤੀ ਨੂੰ ਇਸ ਤਰੀਕੇ ਦਾ ਬਿਜ਼ਨਸ ਬਣਾ ਕੇ ਰੱਖ ਦਿੱਤਾ ਹੈ, ਜਿਸ ਦਾ ਮਾਲਕ ਤਾਂ ਕਿਸਾਨ ਹੈ, ਪਰ ਇਸ ਦਾ ਸਭ ਤੋਂ ਫ਼ਾਇਦਾ ਵੱਡਾ ਕਾਰਪੋਰੇਟ ਘਰਾਣਿਆਂ ਨੂੰ ਹੀ ਪਹੁੰਚਾਇਆ ਜਾਂਦਾ ਹੈ।

ਤਿੰਨ ਖੇਤੀ ਕਾਨੂੰਨਾਂ ਦੇ ਖ਼ਿਲਾਫ਼ ਕਿਸਾਨਾਂ ਵੱਲੋਂ ਦਿੱਲੀ ਦੀਆਂ ਬਰੂਹਾਂ 'ਤੇ ਜਿਹੜੀ ਲੜਾਈ ਲੜੀ ਗਈ ਸੀ, ਉਸ ਲੜਾਈ ਨੇ ਬੇਸ਼ੱਕ ਹਾਕਮ ਨੂੰ ਝੁਕਾ ਕੇ ਰੱਖ ਦਿੱਤਾ, ਪਰ ਉਸ ਲੜਾਈ ਨੇ ਕੇਂਦਰ ਦੇ ਨਾਲ ਇੱਕ ਨਵਾਂ ਪੇਚ ਕਿਸਾਨਾਂ ਦਾ ਫਸਾ ਦਿੱਤਾ। ਸਮੇਂ-ਸਮੇਂ 'ਤੇ ਸਰਕਾਰਾਂ ਵੱਲੋਂ ਕਿਸਾਨਾਂ 'ਤੇ ਵੱਖੋ-ਵੱਖਰੇ ਤਰੀਕਿਆਂ ਦੇ ਨਾਲ ਜ਼ੁਲਮ ਢਾਏ ਜਾ ਰਹੇ ਹਨ। ਕਿਤੇ ਤਾਂ ਨਵੇਂ ਖੇਤੀ ਖਰੜੇ ਰਾਹੀਂ ਕਿਸਾਨਾਂ ਨੂੰ ਲਤਾੜਿਆ ਜਾ ਰਿਹਾ ਹੈ ਅਤੇ ਕਿਤੇ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਲਈ ਲੈਂਡ ਪੂਲਿੰਗ ਪਾਲਿਸੀ ਵਰਗੀਆਂ ਨੀਤੀਆਂ ਲਿਆਈਆਂ ਜਾ ਰਹੀਆਂ ਹਨ।

ਮਹਾਰਾਸ਼ਟਰ ਤੋਂ ਪਿਛਲੇ ਦਿਨੀਂ ਇੱਕ ਤਸਵੀਰ ਸਾਹਮਣੇ ਆਈ ਸੀ, ਜਿਸ ਵਿੱਚ ਕਿਸਾਨ ਮਦਰ ਇੰਡੀਆ ਫ਼ਿਲਮ ਵਿੱਚ ਜਿਸ ਤਰੀਕੇ ਦੇ ਨਾਲ ਅਦਾਕਾਰਾ ਵੱਲੋਂ ਮੋਢੇ 'ਤੇ ਹਲ ਰੱਖ ਕੇ ਜ਼ਮੀਨ ਵਾਹੀ ਜਾ ਰਹੀ ਸੀ, ਬਿਲਕੁਲ ਉਸੇ ਤਰ੍ਹਾਂ ਹੀ ਮਹਾਰਾਸ਼ਟਰ ਦੇ ਵਿੱਚ ਕਿਸਾਨ ਵੱਲੋਂ ਖ਼ੁਦ ਬਲਦ ਬਣ ਕੇ ਜ਼ਮੀਨ ਵਹਾਉਂਦਿਆਂ ਦੀ ਇੱਕ ਵੀਡੀਓ ਵਾਇਰਲ ਹੋਈ ਸੀ। ਉਸ ਵੀਡੀਓ ਨੇ ਸਾਨੂੰ ਸਭ ਨੂੰ ਝੰਜੋੜ ਕੇ ਰੱਖ ਦਿੱਤਾ। ਖ਼ੈਰ, ਜਿਵੇਂ ਹੀ ਇਹ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਦੇ ਨਾਲ ਵਾਇਰਲ ਹੋਇਆ ਤਾਂ, ਉੱਘੇ ਸਮਾਜ ਸੇਵੀ ਅਤੇ ਫ਼ਿਲਮ ਐਕਟਰ ਸੋਨੂੰ ਸੂਦ ਤੱਕ ਪੁੱਜੀ। ਸੋਨੂੰ ਸੂਦ ਮਦਦ ਲਈ ਅੱਗੇ ਆਏ ਤੇ ਵਾਅਦਾ ਕਰਤਾ ਕਿ ਮੈਂ ਇਸ ਕਿਸਾਨ ਨੂੰ ਬਲਦ ਲੈ ਕੇ ਦਿਆਂਗਾ ਅਤੇ ਕੁਝ ਮੁਆਵਜ਼ਾ ਦੇਣ ਦਾ ਵੀ ਐਲਾਨ ਕਰਤਾ, ਹਾਲਾਂਕਿ ਸੋਨੂੰ ਸੂਦ ਨੇ ਤਾਂ ਐਲਾਨ ਕਰਤਾ, ਪਰ ਸਰਕਾਰ ਸੁੱਤੀ ਰਹੀ।

ਦਰਅਸਲ, ਮਹਾਰਾਸ਼ਟਰ ਦੇ ਲਾਤੂਰ ਜ਼ਿਲ੍ਹੇ ਦੇ ਹਦੋਲਤੀ ਪਿੰਡ ਤੋਂ 76 ਸਾਲਾ ਕਿਸਾਨ ਅੰਬਦਾਸ ਪਵਾਰ ਅਤੇ ਉਨ੍ਹਾ ਦੀ 73 ਸਾਲਾ ਪਤਨੀ ਦਾ ਇੱਕ ਵੀਡੀਓ ਸਾਹਮਣੇ ਆਇਆ। ਇਸ ਵੀਡੀਓ ਵਿੱਚ ਕਿਸਾਨ ਜੋੜਾ ਬਲਦ ਦੀ ਬਜਾਏ ਖ਼ੁਦ ਹਲ ਖਿੱਚ ਕੇ ਖੇਤ ਵਾਹੁੰਦਾ ਦਿਖਾਈ ਦੇ ਰਿਹਾ ਹੈ। ਕਿਸਾਨ ਅੰਬਦਾਸ ਪਵਾਰ ਕੋਲ ਬਲਦ ਖ਼ਰੀਦਣ ਲਈ ਪੈਸੇ ਨਹੀਂ ਹਨ ਅਤੇ ਉਹ ਪਿਛਲੇ 10 ਸਾਲਾਂ ਤੋਂ ਇਸ ਤਰ੍ਹਾਂ ਖੇਤੀ ਕਰ ਰਿਹਾ ਹੈ। ਇਸ ਵੀਡੀਓ ਦੇ ਸਾਹਮਣੇ ਆਉਣ ਤੋਂ ਬਾਅਦ ਮਹਾਰਾਸ਼ਟਰ ਦੀ ਰਾਜਨੀਤੀ ਵਿੱਚ ਹਲਚਲ ਮਚ ਗਈ ਅਤੇ ਵਿਰੋਧੀ ਧਿਰ ਦੇ ਨੇਤਾਵਾਂ ਨੇ ਕਿਸਾਨਾਂ ਦੀ ਹਾਲਤ ਨੂੰ ਲੈ ਕੇ ਵਿਧਾਨ ਸਭਾ ਦੇ ਬਾਹਰ ਵਿਰੋਧ ਪ੍ਰਦਰਸ਼ਨ ਕੀਤਾ। ਖੇਤੀਬਾੜੀ ਮੰਤਰੀ ਮਾਨਿਕਰਾਓ ਕੋਟਾਕੇ ਅਤੇ ਸਹਿਕਾਰਤਾ ਮੰਤਰੀ ਬਾਬਾਸਾਹਿਬ ਪਾਟਿਲ ਨੇ ਕਿਸਾਨ ਨਾਲ ਫ਼ੋਨ 'ਤੇ ਗੱਲ ਕੀਤੀ ਅਤੇ ਮਦਦ ਦਾ ਭਰੋਸਾ ਦਿੱਤਾ।

ਇੱਕ ਰਿਪੋਰਟ ਦੇ ਅਨੁਸਾਰ ਲਾਤੂਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੰਬਦਾਸ ਪਵਾਰ ਨੂੰ 8400 ਅਤੇ ਮੁਕਤਾਬਾਈ ਪਵਾਰ ਨੂੰ 8700 ਦੀ ਗਰਾਂਟ ਉਨ੍ਹਾਂ ਦੇ ਬੈਂਕ ਖਾਤਿਆਂ 'ਚ ਜਮ੍ਹਾਂ ਕਰਵਾ ਦਿੱਤੀ ਗਈ ਹੈ। ਖੇਤੀਬਾੜੀ ਵਿਭਾਗ ਵੱਲੋਂ ਕਿਸਾਨ ਨੂੰ ਬੀਜ ਅਤੇ ਖਾਦ ਵੀ ਦਿੱਤੀ ਗਈ ਹੈ। ਇਸ ਦੌਰਾਨ ਮਹਾਰਾਸ਼ਟਰ ਸਰਕਾਰ ਦੇ ਰਾਹਤ ਅਤੇ ਮੁੜ ਵਸੇਬਾ ਮੰਤਰੀ ਮਕਰੰਦ ਪਾਟਿਲ ਨੇ ਕਿਹਾ ਕਿ ਜਨਵਰੀ 2025 ਤੋਂ ਮਾਰਚ 2025 ਦੇ ਵਿਚਕਾਰ ਰਾਜ ਵਿੱਚ ਕਿਸਾਨ ਖ਼ੁਦਕੁਸ਼ੀਆਂ ਦੇ 767 ਮਾਮਲੇ ਸਾਹਮਣੇ ਆਏ ਹਨ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਇਨ੍ਹਾਂ ਅੰਕੜਿਆਂ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾ ਕਿਹਾ, 'ਕਲਪਨਾ ਕਰੋ, ਸਿਰਫ਼ ਤਿੰਨ ਮਹੀਨਿਆਂ 'ਚ ਮਹਾਰਾਸ਼ਟਰ ਵਿੱਚ 767 ਕਿਸਾਨਾਂ ਨੇ ਖ਼ੁਦਕੁਸ਼ੀ ਕੀਤੀ, ਕੀ ਇਹ ਸਿਰਫ਼ ਇੱਕ ਅੰਕੜਾ ਹੈ? ਨਹੀਂ, ਇਹ 767 ਬਰਬਾਦ ਹੋਏ ਘਰ ਹਨ। 767 ਪਰਵਾਰ ਜੋ ਕਦੇ ਵੀ ਠੀਕ ਨਹੀਂ ਹੋ ਸਕਣਗੇ ਅਤੇ ਸਰਕਾਰ ਚੁੱਪ ਹੈ।' ਰਾਹੁਲ ਅੱਗੇ ਕਹਿੰਦੇ ਨੇ ਕਿ ਪ੍ਰਧਾਨ ਮੰਤਰੀ ਨੇ ਕਿਹਾ ਸੀ ਕਿ ਉਹ ਕਿਸਾਨਾਂ ਦੀ ਆਮਦਨ ਦੁੱਗਣੀ ਕਰ ਦੇਣਗੇ। ਅੱਜ ਸਥਿਤੀ ਅਜਿਹੀ ਹੈ ਕਿ ਅੰਨਦਾਤਾ ਦੀ ਜ਼ਿੰਦਗੀ ਭੋਏਂ ਦੇ ਭਾਅ ਜਾ ਰਹੀ ਹੈ। ਇਹ ਸਿਸਟਮ ਲਗਾਤਾਰ ਕਿਸਾਨਾਂ ਨੂੰ ਚੁੱਪ-ਚਾਪ ਮਾਰ ਰਿਹਾ ਹੈ ਅਤੇ ਸਰਕਾਰ ਤਮਾਸ਼ਾ ਦੇਖ ਰਹੀ ਹੈ।

ਹੁਣ ਤੱਕ ਕਿਸਾਨਾਂ ਦੀ ਆਮਦਨ ਤਾਂ ਦੁੱਗਣੀ ਨਹੀਂ ਹੋਈ, ਪਰ ਇਸ ਦੇ ਨਤੀਜੇ ਦੂਜੇ ਪਾਸੇ ਕਿਸਾਨਾਂ ਦੀਆਂ ਖ਼ੁਦਕੁਸ਼ੀਆਂ ਨੂੰ ਵੇਖ ਕੇ ਇੰਝ ਲੱਗਦਾ ਹੈ ਕਿ ਸਰਕਾਰ ਖ਼ੁਦਕੁਸ਼ੀਆਂ ਦੀ ਅੰਕੜਿਆਂ ਵੱਲ ਵੇਖ ਕੇ ਹੀ ਆਪਣੇ ਵਾਅਦੇ ਨੂੰ ਪੂਰਾ ਕਰੇਗੀ, ਜਦੋਂ ਦੇਸ਼ ਦੇ ਚੰਦ ਕੁ ਕਿਸਾਨ ਹੀ ਰਹਿ ਗਏ ਇਸ ਧਰਤੀ ਉੱਤੇ, ਉਦੋਂ ਹੀ ਇਹਨਾਂ ਸਰਕਾਰਾਂ ਨੂੰ ਚੇਤਾ ਆਵੇਗਾ ਕਿਸਾਨਾਂ ਦਾ।

ਵੈਸੇ ਕਿਸਾਨਾਂ ਵੱਲੋਂ ਬੇਸ਼ੱਕ ਛੇ ਮਹੀਨੇ ਆਪਣੀ ਫ਼ਸਲ ਨੂੰ ਖੇਤ ਵਿੱਚ ਬੀਜ ਕੇ ਵੱਡਾ ਕਰਕੇ ਫਿਰ ਕੱਟ ਕੇ ਮੰਡੀ ਵਿੱਚ ਲਿਜਾਇਆ ਜਾਂਦਾ ਹੈ, ਪਰ ਫਿਰ ਵੀ ਉਸ ਨੂੰ ਚੰਗਾ ਭਾਅ ਨਹੀਂ ਮਿਲਦਾ। ਕਿਸਾਨ ਐਮ ਐਸ ਪੀ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਨੇ, ਪਰ ਸਰਕਾਰਾਂ ਉਨ੍ਹਾਂ ਦੀ ਗੱਲ ਨਹੀਂ ਸੁਣ ਰਹੀਆਂ। ਸਟੇਟ ਸਰਕਾਰਾਂ ਹੋਣ ਜਾਂ ਫਿਰ ਕੇਂਦਰ ਸਰਕਾਰ ਕਿਸੇ ਵੱਲੋਂ ਵੀ ਕਿਸਾਨਾਂ ਦੀ ਆਮਦਨ ਵਧਾਉਣ ਜਾਂ ਫਿਰ ਕਿਸਾਨਾਂ ਨੂੰ ਕਰਜ਼ੇ ਅਤੇ ਫ਼ਸਲੀ ਚੱਕਰ ਵਿੱਚੋਂ ਕੱਢਣ ਵਾਸਤੇ ਕੋਈ ਕੋਸ਼ਿਸ਼ ਨਹੀਂ ਕੀਤੀ ਜਾ ਰਹੀ।

ਕਿਸਾਨ ਖ਼ੁਦਕੁਸ਼ੀਆਂ ਦੇ ਮੁੱਖ ਕਾਰਨਾਂ ਵਿੱਚ ਕਰਜ਼ੇ ਦਾ ਬੋਝ, ਮਾੜੀ ਆਰਥਿਕ ਸਥਿਤੀ, ਫਸਲਾਂ ਦੀ ਅਸਫਲਤਾ, ਘੱਟੋ-ਘੱਟ ਸਮਰਥਨ ਮੁੱਲ ਦੀ ਘਾਟ ਅਤੇ ਸਰਕਾਰੀ ਨੀਤੀਆਂ ਦੀ ਅਣਦੇਖੀ ਸ਼ਾਮਲ ਹਨ।

ਵੱਡੇ ਪੱਧਰ 'ਤੇ ਜਿਹਨਾਂ ਕਿਸਾਨਾਂ ਵੱਲੋਂ ਜ਼ਮੀਨਾਂ ਠੇਕੇ 'ਤੇ ਲਈਆਂ ਗਈਆਂ ਹਨ ਜਾਂ ਫਿਰ ਕਿਰਾਏ 'ਤੇ ਲਈਆਂ ਗਈਆਂ ਹਨ, ਉਨ੍ਹਾਂ ਨੂੰ ਆਖ਼ਰਕਾਰ ਕਰਜ਼ੇ ਦੀ ਪੰਡ ਲਾਹੁਣ ਲਈ ਮੌਤ ਨੂੰ ਗਲੇ ਲਗਾਉਣਾ ਪੈਂਦਾ ਹੈ। ਇਹ ਗੱਲ ਇਕੱਲੇ ਭਾਰਤ ਦੀ ਹੀ ਨਹੀਂ, ਬਲਕਿ ਬਾਹਰਲੇ ਮੁਲਕਾਂ ਦੇ ਵਿੱਚ ਵੀ ਅਜਿਹਾ ਹੀ ਕੁਝ ਹਾਲ ਹੈ। ਜਿੱਥੇ ਕਿਸਾਨ ਖੇਤੀ ਕਰਦੇ ਨੇ, ਉੱਥੇ ਅਜਿਹੀਆਂ ਸਥਿਤੀਆਂ ਸਰਕਾਰਾਂ ਵੱਲੋਂ ਪੈਦਾ ਕਰ ਦਿੱਤੀਆਂ ਗਈਆਂ ਹਨ ਕਿ ਕਿਸਾਨਾਂ ਦੀ ਆਮਦਨ ਤਾਂ ਵਧ ਨਹੀਂ ਰਹੀ, ਉਲਟਾ ਉਨ੍ਹਾਂ ਦੇ ਖ਼ਰਚੇ ਵੱਧ ਰਹੇ ਹਨ। 2017 ਦੀ ਇੱਕ ਸਰਕਾਰੀ ਰਿਪੋਰਟ ਅਨੁਸਾਰ ਕਿਸਾਨਾਂ ਦੀ ਆਮਦਨ 2015 ਤੋਂ 2022 ਤੱਕ ਦੁੱਗਣੀ ਕਰਨ ਲਈ ਸਾਲਾਨਾ 10.4 ਫੀਸਦੀ ਵਾਧੇ ਦੀ ਲੋੜ ਸੀ, ਪਰ 2013-2016 ਦੌਰਾਨ ਆਮਦਨ ਸਿਰਫ 2 ਫੀਸਦੀ ਸਾਲਾਨਾ ਵਧੀ। ਕਿਸਾਨਾਂ ਦੀਆਂ ਖ਼ੁਦਕੁਸ਼ੀਆਂ ਬਾਰੇ ਵਿਕੀਪੀਡੀਆ ਨੇ ਆਪਣੇ ਲੇਖ ਵਿੱਚ ਦੱਸਿਆ ਕਿ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਤੋਂ ਪਤਾ ਚੱਲਦਾ ਹੈ ਕਿ 1995 ਤੋਂ 2014 ਤੱਕ 2,96,438 ਕਿਸਾਨ ਖ਼ੁਦਕੁਸ਼ੀਆਂ ਕਰਕੇ ਮਾਰੇ ਗਏ ਸਨ। 2014 ਤੋਂ 2022 ਤੱਕ ਦੇ ਨੌਂ ਸਾਲਾਂ ਵਿੱਚ ਇਹ ਗਿਣਤੀ 1,00,474 ਸੀ।

ਦੇਸ਼ ਦੇ ਵੱਡੇ ਕਾਰਪੋਰੇਟ ਘਰਾਣਿਆਂ ਦੇ ਸਰਕਾਰਾਂ ਵੱਲੋਂ ਕਰੋੜਾਂ ਰੁਪਏ ਦੇ ਕਰਜ਼ੇ ਮੁਆਫ਼ ਕਰ ਦਿੱਤੇ ਗਏ ਹਨ। ਕੀ ਕੋਈ ਪਾਠਕ ਇਸ 'ਤੇ ਸਵਾਲ ਸਰਕਾਰਾਂ ਨੂੰ ਕਰੇਗਾ ਕਿ ਵੱਡੇ ਕਾਰਪੋਰੇਟ ਘਰਾਣਿਆਂ ਜਿਹਨਾਂ ਦੀ ਦੇਸ਼ ਨੂੰ ਦੇਣ ਸਿਰਫ਼ ਵਿਕਾਸ ਨਹੀਂ, ਬਲਕਿ ਵਿਨਾਸ਼ ਹੀ ਹੈ, ਉਨ੍ਹਾਂ ਦੇਸ਼ ਦੇ ਲਈ ਕਿਹੜਾ ਚੰਗਾ ਕੰਮ ਕੀਤਾ ਹੈ? ਕਿਸਾਨ ਤਾਂ ਫ਼ਸਲ ਉਗਾ ਕੇ ਲੋਕਾਂ ਦਾ, ਦੇਸ਼ ਦਾ ਢਿੱਡ ਭਰਦਾ ਹੈ, ਪਰ ਫਿਰ ਵੀ ਉਹ ਦੋ ਵੇਲੇ ਦੀ ਰੋਟੀ ਵੀ ਨਹੀਂ ਚੰਗੇ ਤਰੀਕੇ ਨਾਲ ਖਾ ਪਾਉਂਦਾ।

ਇਸੇ ਤਰ੍ਹਾਂ ਹੀ ਸਬਜ਼ੀਆਂ ਦਾ ਹਾਲ ਹੈ। ਕਿਸਾਨਾਂ ਦੇ ਕੋਲੋਂ ਤਾਂ ਸਬਜ਼ੀਆਂ ਸਸਤੇ ਭਾਅ ਵਿੱਚ ਮੰਡੀਆਂ ਦੇ ਵਿੱਚੋਂ ਖ਼ਰੀਦੀਆਂ ਜਾਂਦੀਆਂ ਹਨ, ਪਰ ਉਸ ਨੂੰ ਪੈਕਟਾਂ ਦੇ ਵਿੱਚ ਬੰਦ ਕਰਕੇ ਕਾਰਪੋਰੇਟ ਘਰਾਣੇ ਚੋਖੀ ਆਮਦਨ ਕਮਾ ਲੈਂਦੇ ਹਨ। ਕੀ ਸਰਕਾਰਾਂ ਨੂੰ ਨਹੀਂ ਚਾਹੀਦਾ ਕਿ ਇਸ 'ਤੇ ਕਾਨੂੰਨ ਬਣਾਇਆ ਜਾਵੇ, ਕਾਰਪੋਰੇਟ ਘਰਾਣੇ ਜਿਹੜੇ ਕਿ ਕਿਸਾਨਾਂ ਦੀ ਦਿਨ ਵੇਲੇ ਲੁੱਟ ਕਰਦੇ ਨੇ, ਉਨ੍ਹਾਂ ਦੇ ਖ਼ਿਲਾਫ਼ ਕੋਈ ਐਕਟ ਲਿਆਂਦਾ ਜਾਵੇ। ਵੈਸੇ ਦੇਸ਼ ਦੀ ਕੋਈ ਵੀ ਸਰਕਾਰ ਨਹੀਂ ਚਾਹੁੰਦੀ ਕਿ ਕਿਸਾਨ ਦੀ ਆਮਦਨ ਵਧੇ, ਕਿਉਂਕਿ ਇਹ ਚਾਹੁੰਦੀਆਂ ਹਨ ਕਿ ਕਿਸਾਨਾਂ ਨੂੰ ਦੱਬ ਕੇ ਹੀ ਰੱਖਿਆ ਜਾਵੇ। ਅੱਜ ਖੇਤੀ ਇਸ ਵੇਲੇ ਘਾਟੇ ਦਾ ਸੌਦਾ ਹੋ ਗਈ ਹੈ। ਸਾਡੇ ਮੁਲਕ ਦੇ ਅੰਦਰ ਧਰਮ, ਜਾਤ-ਪਾਤ ਦੇ ਹੀ ਮੁੱਦੇ ਸਭ ਤੋਂ ਜ਼ਿਆਦਾ ਉੱਭਰਦੇ ਰਹਿੰਦੇ ਹਨ।

ਜਦੋਂ ਕਿਸਾਨਾਂ, ਮਜ਼ਦੂਰਾਂ ਦੀ ਮਿਹਨਤ ਦੀ ਗੱਲ ਆਉਂਦੀ ਹੈ ਜਾਂ ਫਿਰ ਇਹ ਕਹਿ ਲਓ ਕਿ ਉਨ੍ਹਾਂ ਦੀਆਂ ਫ਼ਸਲਾਂ ਦੇ ਸਹੀ ਭਾਅ ਅਤੇ ਕਿਸਾਨਾਂ ਦੇ ਕਰਜ਼ੇ ਮੁਆਫ਼ ਕਰਨ ਦੀ ਗੱਲ ਆਉਂਦੀ ਹੈ ਤਾਂ ਉਸ ਵੇਲੇ ਕੋਈ ਵੀ ਅੱਗੇ ਨਹੀਂ ਆਉਂਦਾ। ਸਾਰੀਆਂ ਧਿਰਾਂ ਚੁੱਪ ਹੋ ਜਾਂਦੀਆਂ ਹਨ, ਬੇਸ਼ੱਕ ਉਹ ਕਿਸੇ ਵੀ ਤਬਕੇ ਦੀਆਂ ਹੋਣ। ਵਿਰੋਧੀ ਧਿਰਾਂ ਵੀ ਓਨੀ ਦੇਰ ਤੱਕ ਹੀ ਕਿਸਾਨਾਂ ਦੇ ਨਾਲ ਖੜਦੀਆਂ ਹਨ, ਜਦੋਂ ਤੱਕ ਉਹ ਸੱਤਾ ਵਿੱਚ ਨਹੀਂ ਆਉਂਦੀਆਂ। ਜਿਹੜੀਆਂ ਪਾਰਟੀਆਂ ਵਿਰੋਧੀ ਧਿਰ ਵਿੱਚ ਹੁੰਦਿਆਂ ਕਿਸਾਨਾਂ ਦੀ ਆਵਾਜ਼ ਬੁਲੰਦ ਕਰਦੀਆਂ ਨੇ, ਉਨ੍ਹਾਂ ਦੇ ਸੱਤਾ ਦੇ ਵਿੱਚ ਆਉਂਦਿਆਂ ਹੀ ਪਤਾ ਨਹੀਂ ਉਨ੍ਹਾਂ ਨੂੰ ਕੀ ਸੱਪ ਸੁੰਘ ਜਾਂਦਾ ਹੈ ਕਿ ਉਹ ਕਿਸਾਨਾਂ ਦੀਆਂ ਮੰਗਾਂ ਸੁਣਨ ਦੀ ਬਜਾਏ ਉਨ੍ਹਾਂ ਨੂੰ ਗੁੰਮਰਾਹ ਕਰਦੀਆਂ ਰਹਿੰਦੀਆਂ ਨੇ।

ਇੱਥੇ ਸ਼ੁਰੂ ਤੋਂ ਲੈ ਕੇ ਹੁਣ ਤੱਕ ਜਿੰਨੀਆਂ ਵੀ ਸਰਕਾਰਾਂ ਆਈਆਂ ਨੇ ਹਰ ਕਿਸੇ ਨੇ ਕਿਸਾਨ ਪੱਖੀ ਕੋਈ ਫ਼ੈਸਲੇ ਨਹੀਂ ਲਏ। ਜਿੰਨੇ ਵੀ ਫ਼ੈਸਲੇ ਲਏ ਨੇ, ਉਹ ਸਿਰਫ਼ ਤੇ ਸਿਰਫ਼ ਕਾਰਪੋਰੇਟ ਘਰਾਣਿਆਂ ਦੇ ਹੀ ਪੱਖੀ ਲਏ ਨੇ। ਕਾਲੇ ਤਿੰਨ ਖੇਤੀ ਕਾਨੂੰਨ, ਜਿਹਨਾਂ ਨੂੰ ਕਿਸਾਨਾਂ ਨੇ ਵਾਪਸ ਕਰਾਇਆ ਸੀ, ਉਹ ਵੀ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਹੀ ਸਨ। ਇਸ ਤੋਂ ਬਾਅਦ ਜਿਹੜਾ ਖੇਤੀ ਨੀਤੀ ਖਰੜਾ ਤਿਆਰ ਕੀਤਾ ਗਿਆ ਹੈ, ਉਹ ਵੀ ਕਿਸਾਨਾਂ ਦੇ ਵਿਰੋਧ ਵਿੱਚ ਹੀ ਹੈ। ਵਿਸ਼ਵ ਵਪਾਰ ਸੰਗਠਨ ਦੀਆਂ ਨੀਤੀਆਂ 'ਤੇ ਪਹਿਰਾ ਦਿੰਦਿਆਂ ਹੋਇਆਂ ਵੱਖੋ-ਵੱਖ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਕਿਸਾਨਾਂ ਨੂੰ ਲਤਾੜਿਆ ਜਾ ਰਿਹਾ ਹੈ ਤੇ ਖੇਤੀ ਵਿੱਚੋਂ ਕਿਵੇਂ ਕਿਸਾਨਾਂ ਨੂੰ ਕੱਢਿਆ ਜਾਵੇ, ਉਸ ਦੇ ਵੱਲ ਧਿਆਨ ਦਿੱਤਾ ਜਾ ਰਿਹਾ ਹੈ।

ਅਸਲ ਦੇ ਵਿੱਚ ਜਿੰਨੀ ਦੇਰ ਤੱਕ ਸਰਕਾਰਾਂ ਵੱਲੋਂ ਕੋਈ ਚੰਗੀਆਂ ਨੀਤੀਆਂ ਨਹੀਂ ਘੜੀਆਂ ਜਾਂਦੀਆਂ, ਉਦੋਂ ਤੱਕ ਸਾਡੇ ਮੁਲਕ ਦੇ ਕਿਸਾਨ-ਮਜ਼ਦੂਰ ਮਰਦੇ ਹੀ ਰਹਿਣਗੇ। ਕਿਸਾਨਾਂ ਦੀ ਆਮਦਨ ਵਧੇ, ਇਸ 'ਤੇ ਸਰਕਾਰ ਸਿਰਫ਼ ਤੇ ਸਿਰਫ਼ ਬਿਆਨਬਾਜ਼ੀ ਅਤੇ ਇਸ਼ਤਿਆਰਬਾਜ਼ੀ ਦੇ ਾਚ ਹੀ ਚਾਹੁੰਦੀ ਹੈ ਕਿ ਕਿਸਾਨਾਂ ਦੀ ਆਮਦਨ ਵਧਦੀ ਰਹੇ। ਇਸ ਵੇਲੇ ਦੇਸ਼ ਦੀ ਸਰਕਾਰ ਵੱਲੋਂ ਭਾਵੇਂ ਕਿ ਕਿਸਾਨਾਂ ਦੇ ਹੱਕ ਵਿੱਚ ਵੱਡੇ-ਵੱਡੇ ਬਿਆਨ ਦਿੱਤੇ ਜਾ ਰਹੇ ਹਨ ਅਤੇ ਕਈ ਤਰ੍ਹਾਂ ਦੇ ਵਾਅਦੇ ਕਰਨ ਦੇ ਨਾਲ-ਨਾਲ ਕਿਸਾਨਾਂ ਦੀਆਂ ਫ਼ਸਲਾਂ 'ਤੇ ਐੱਮ ਐੱਸ ਪੀ ਵਧਾਉਣ ਦੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ, ਪਰ ਅਸਲ ਦੇ ਵਿੱਚ ਕਿਸਾਨਾਂ ਦੀ ਲਾਗਤ ਦਾ ਮੁੱਲ ਵੀ ਸਰਕਾਰਾਂ ਵੱਲੋਂ ਨਹੀਂ ਦਿੱਤਾ ਜਾ ਰਿਹਾ।

ਦੇਸ਼ ਦੇ ਕਿਸਾਨਾਂ ਦੀ ਹਾਲਤ ਇਸ ਵੇਲੇ ਬੇਹੱਦ ਮਾੜੀ ਹੈ। ਚਾਹੀਦਾ ਇਹ ਹੈ ਕਿ ਸਰਕਾਰ ਕਿਸਾਨਾਂ ਦੀ ਮਾੜੀ ਹਾਲਤ ਦੇ ਵੱਲ ਵੇਖ ਕੇ ਕੋਈ ਕਿਸਾਨਾਂ ਦੇ ਹਿੱਤ ਵਿੱਚ ਕਾਨੂੰਨ ਬਣਾਵੇ ਨਾ ਕਿ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਕੋਈ ਕਾਨੂੰਨ ਬਣਾ ਕੇ ਕਿਸਾਨਾਂ ਦੀ ਲੁੱਟ ਕਰੇ। ਜੇਕਰ ਅੰਨਦਾਤਾ ਬਚੇਗਾ ਤਾਂ ਹੀ ਮੁਲਕ ਬਚੇਗਾ ਨਹੀਂ ਤਾਂ ਮੁਲਕ ਨਹੀਂ ਬਚੇਗਾ। ਜਿਹੜੇ ਕੁਝ ਕੁ ਲੋਕ ਇਸ ਵੇਲੇ ਕਿਸਾਨਾਂ ਦਾ ਵਿਰੋਧ ਕਰ ਰਹੇ ਹਨ, ਜੇਕਰ ਉਹ ਚਾਹੁੰਦੇ ਹਨ ਕਿ ਉਹ ਵੀ ਬਚੇ ਰਹਿਣ ਤਾਂ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਕਿਸਾਨਾਂ ਦੇ ਨਾਲ ਖੜਨ।

# ਸੰਪਰਕ : 95698-20314

# ਸਵਾਰਥੀ ਜੀਵਨ ਸ਼ੈਲੀ ਦਾ ਤਿਆਗ ਕਰੋ

ਸੁਖਪਾਲ ਸਿੰਘ ਗਿੱਲ

ਸਾਡੇ ਜੀਵਨ ਦੇ ਚੱਲਦੇ ਪੰਧ ਵਿੱਚ ਆਪੋਧਾਪੀ ਮਚੀ ਹੋਈ ਹੈ। ਸਵਾਰਥ ਸਾਡੀ ਜ਼ਿੰਦਗੀ ਵਿੱਚ ਭਾਰੂ ਹੈ। ਸਵਾਰਥ ਮਨੁੱਖ ਦੀ ਹੋਂਦ ਦੇ ਨਾਲ-ਨਾਲ ਚੱਲਦਾ ਹੈ। ਇਸ ਦੇ ਤਾਣੇ-ਬਾਣੇ ਵਿੱਚੋਂ ਨਿਕਲਣਾ ਮੁਸ਼ਕਲ ਹੋ ਜਾਂਦਾ ਹੈ। ਇਸ ਸਮੇਂ ਅਸੀਂ ਸਭ ਕੁਝ ਛਿੱਕੇ ਟੰਗ ਕੇ ਆਪਣਾ ਉੱਲੂ ਸਿੱਧਾ ਕਰਦੇ ਹਾਂ, ਦੂਜਾ ਭਾਵੇਂ ਖੂਹ ਵਿੱਚ ਜਾਵੇ। ਆਪਣੇ ਅੰਦਰ ਸੱਚੇ ਮਨ ਨਾਲ ਝਾਤੀ ਮਾਰ ਕੇ ਦੇਖੀਏ ਤਾਂ ਲੱਗਦਾ ਹੈ ਕਿ ਮੈਂ ਵੀ ਸਵਾਰਥੀ ਹਾਂ। ਉਂਝ ਤਾਂ ਸਾਰੀ ਦੁਨੀਆਂ ਸਵਾਰਥੀ ਹੈ, ਪਰ ਅਸੀਂ ਵੀ ਉਹਨਾਂ ਵਿੱਚੋਂ ਇੱਕ ਹੁੰਦੇ ਹਾਂ। ਸਾਡਾ ਜੀਵਨ ਸਵਾਰਥ ਨਾਲੋਂ ਪਰਸਵਾਰਥੀ ਅਤੇ ਪਰਉਪਕਾਰੀ ਬਣੇ ਤਾਂ ਜੀਵਨ ਸੁਖਾਲਾ ਹੁੰਦਾ ਹੈ। ਮਤਲਬ ਲਈ ਗਧੇ ਨੂੰ ਬਾਪ ਬਣਾਉਣ ਦਾ ਸੰਕਲਪ ਦਰ ਕਿਨਾਰ ਹੋਣਾ ਚਾਹੀਦਾ ਹੈ।

ਸਮਾਜ ਵਿੱਚ ਆਮ ਦੇਖਿਆ ਜਾਂਦਾ ਹੈ ਕਿ ਸਵਾਰਥੀ ਦੂਰੋਂ ਹੀ ਪਛਾਣਿਆ ਜਾਂਦਾ ਹੈ। ਉਸ ਦੇ ਸਵਾਰਥ ਦੀ ਸਿੱਧੀ ਅਗਲੇ ਉੱਤੇ ਨਿਰਭਰ ਕਰਦੀ ਹੈ। ਸਵਾਰਥੀ ਦੀ ਅੱਖ ਅੰਦਰੋਂ ਜ਼ਰੂਰ ਸ਼ਰਮਾਉਂਦੀ ਹੈ। ਉਸ ਦੀ ਆਦਤ ਪੱਕ ਚੁੱਕੀ ਹੁੰਦੀ ਹੈ। ਅਸੀਂ ਗੁਰੂਆਂ ਦੀਆਂ ਸਿੱਖਿਆਵਾਂ ਨੂੰ ਸਮਝਣ ਵਿੱਚ ਵੀ ਨਾਕਾਮ ਰਹੇ। ਸ੍ਰੀ ਗੁਰੂ ਅਰਜਨ ਦੇਵ ਜੀ ਸਮਝਾ ਵੀ ਗਏ ਸਨ, 'ਕਿਸੈ ਨਾ ਬਦੈ ਆਪਿ ਅਹੰਕਾਰੀ, ਧਰਮਰਾਇ ਤਿਸੁ ਕਰੇ ਖੁਆਰੀ, ਗੁਰਪ੍ਰਸਾਦਿ ਜਾ ਕਾ ਮਿਟੈ ਅਭਿਮਾਨੁ, ਸੋ ਜਨੁ ਨਾਨਕ ਦਰਗਹ ਪਰਵਾਨੁ॥'

ਸਾਡੇ ਵਿੱਚ ਇਕ-ਦੂਜੇ ਤੋਂ ਅੱਗੇ ਲੰਘਣ ਦੀ ਚਾਹਨਾ ਹੁੰਦੀ ਹੈ। ਸਾਡੀ ਕੋਸਿਸ਼ ਹੁੰਦੀ ਹੈ ਕਿ ਅਸੀਂ ਅਗਲੇ ਨੂੰ ਮਿੱਧ ਕੇ ਅੱਗੇ ਲੰਘੀਏ, ਜਦੋਂ ਕਿ ਇਹ ਅਭਿਆਸ ਗਲਤ ਹੁੰਦਾ ਹੈ। ਸਾਨੂੰ ਆਪਣਾ ਵੱਖਰਾ ਰਸਤਾ ਅਖਤਿਆਰ ਕਰਕੇ ਅੱਗੇ ਲੰਘਣਾ ਚਾਹੀਦਾ ਹੈ। ਇਸ ਧਾਰਨਾ ਵਿੱਚ ਸਾਡਾ ਸਵਾਰਥ ਅਤੇ ਈਰਖਾ ਲੁਕੀ ਹੈ। ਸਾਇੰਸ ਦੱਸਦੀ ਹੈ ਕਿ ਸਾਹਮਣੇ ਖੜਾ ਬੰਦਾ ਹਲੀਮੀ ਨਾਲ ਪੇਸ਼ ਆਵੇ ਤਾਂ ਸਵਾਰਥੀ ਬੰਦੇ ਦੇ ਦਿਮਾਗ ਅੰਦਰਲੇ ਸੈਲਫਿਸ਼ ਝਟਕੇ ਉਸ ਨੂੰ ਦੂਜੇ ਦਾ ਫਾਇਦਾ ਲੈਣ ਲਈ ਉਕਸਾਉਂਦੇ ਰਹਿੰਦੇ ਹਨ, ਇੰਝ ਸਵਾਰਥੀ ਬੰਦਾ ਦਿਮਾਗ ਵਿਚਲੇ ਸੁਨੇਹਿਆਂ ਦੇ ਭੰਡਾਰ ਹੇਠ ਦੂਜੇ ਦਾ ਮਾੜਾ ਕਰ ਜਾਂਦਾ ਹੈ। ਆਮ ਲੋਕਾਂ ਵਿੱਚ ਸਵਾਰਥੀ ਬੰਦੇ ਦੇ ਲੱਛਣ ਇਹ ਹੁੰਦੇ ਹਨ ਕਿ ਬਦਲਾ ਲਊ ਭਾਵਨਾ, ਆਵਾਜ਼ ਨਰਮ ਰੱਖਣੀ, ਕਿੰਤੂ-ਪ੍ਰੰਤੂ ਸਵੀਕਾਰ ਨਾ ਕਰਨਾ, ਝੂਠ ਦੀ ਮੁਹਾਰਤ ਵਗੈਰਾ-ਵਗੈਰਾ। ਸਵਾਰਥ ਅਜਿਹੀ ਚੀਜ਼ ਹੈ, ਜੋ ਬੰਦੇ ਨੂੰ ਆਪਣੇ ਆਪ ਸਿਆਣਾ ਬਣਾ ਦਿੰਦੀ ਹੈ, ਜਿਸ ਨਾਲ ਕੰਮ ਵਾਹ ਵਾਸਤਾ ਪੈਣ ਦੀ ਆਸ ਹੋਵੇ, ਉਸ ਪ੍ਰਤੀ ਸ਼ਬਦਾਵਲੀ ਬਦਲ ਜਾਂਦੀ ਹੈ। ਉਂਝ ਸਵਾਰਥ ਬੁਰੀ ਆਦਤ ਹੈ, ਇਸ ਨੂੰ ਤਿਆਗ ਕੇ ਖੁਦ ਬਾਹੂਬਲੀ ਬਣਨਾ ਚਾਹੀਦਾ ਹੈ। ਸਵਾਰਥੀ ਆਪਣੇ ਗੁਣ ਤੋਂ ਜਾਣੂ ਹੁੰਦਾ ਹੋਇਆ ਵੀ ਅਣਜਾਣ ਬਣ ਜਾਂਦਾ ਹੈ। ਇਹ ਥਾਮਸ ਕਾਰਲਾਇਲ ਦੇ ਇਸ ਕਥਨ ਨੂੰ ਝੂਠਾ ਕਰ ਦਿੰਦਾ ਹੈ, 'ਆਦਮੀ ਦਾ ਸਭ ਤੋਂ ਵੱਡਾ ਔਗਣ ਆਪਣੇ ਕਿਸੇ ਔਗਣ ਤੋਂ ਜਾਣੂ ਨਾ ਹੋਣਾ ਹੈ।'

ਮਨੁੱਖ ਬੁਨਿਆਦੀ ਤੌਰ 'ਤੇ ਚੰਗਾ ਹੁੰਦਾ ਹੈ, ਪਰ ਸਵਾਰਥ ਭਰਪੂਰ ਜ਼ਿੰਦਗੀ ਇਸ ਦੇ ਆਸ਼ਾਵਾਦੀ ਗੁਣਾਂ ਨੂੰ ਨਿਰਾਸ਼ਾਵਾਦ ਵੱਲ ਧੱਕਣ ਦਾ ਕੰਮ ਕਰਦੀ ਹੈ। ਸਿਆਣੇ ਕਹਿੰਦੇ ਹਨ ਨਾ-ਸ਼ੁਕਰੇ ਵਿਅਕਤੀ ਨਾਲੋਂ ਵਫਾਦਾਰ ਕੁੱਤਾ ਪਾਲ ਲਵੋ ਤਾਂ ਚੰਗਾ ਹੈ। ਸਵਾਰਥ ਵੇਲੇ ਬੇਹੱਦ ਨਿਮਰਤਾ ਆ ਜਾਂਦੀ ਹੈ, ਬਾਅਦ ਵਿੱਚ ਵਿਅਕਤੀ ਆਪਣੀ ਅਸਲ ਜ਼ਿੰਦਗੀ ਵੱਲ ਪਰਤ ਆਉਂਦਾ ਹੈ। ਸਵਾਰਥ-ਨੁਮਾ ਜ਼ਿੰਦਗੀ ਨਾਲ ਜੀਵਨ ਸੁਖਾਲਾ ਨਹੀਂ, ਬਲਕਿ ਪਰਤ-ਦਰ-ਪਰਤ ਔਖਾ ਹੁੰਦਾ ਹੈ। ਇਹ ਸਮਾਜਿਕ ਤਾਣੇ-ਬਾਣੇ ਨਾਲੋਂ ਤੋੜ ਦਿੰਦਾ ਹੈ। ਆਖਿਰ ਸਵਾਰਥੀ ਸਮਾਜ ਵਿੱਚ ਮਜ਼ਾਕ ਦਾ ਪਾਤਰ ਰਹਿੰਦਾ ਹੈ। ਅਜਿਹੀ ਪਰਵਿਰਤੀ ਹਮੇਸ਼ਾ ਅਧੂਰੀ ਰਹਿੰਦੀ ਹੈ, ਕਿਉਂਕਿ ਇਕ ਤੋਂ ਬਾਅਦ ਦੂਜੀ ਇੱਛਾ ਖੜ੍ਹੀ ਰਹਿੰਦੀ ਹੈ। ਇਸ ਲਈ ਯਥਾਰਥ ਭਰੀ ਜ਼ਿੰਦਗੀ ਦਾ ਪੱਲਾ ਨਹੀਂ ਛੱਡਣਾ ਚਾਹੀਦਾ। ਕੁਝ ਧਾਰਨਾਵਾਂ ਤਾਂ ਇਹ ਵੀ ਹਨ ਕਿ ਸਮਾਜਿਕ ਪ੍ਰਾਣੀ ਲਈ ਸਵਾਰਥ ਆਪਣਾ ਰਸਤਾ ਆਪ ਅਖਤਿਆਰ ਕਰ ਲੈਂਦਾ ਹੈ। ਜੇ ਕਿਸੇ ਸਵਾਰਥੀ ਦੀ ਪਹਿਚਾਣ ਕਰਨੀ ਹੋਵੇ ਤਾਂ ਦੂਜੇ ਸਵਾਰਥੀ ਕੋਲ ਉਸ ਦੀ ਵਡਿਆਈ ਕਰਕੇ ਦੇਖੋ, ਸਭ ਕੁਝ ਸਾਹਮਣੇ ਆ ਜਾਵੇਗਾ। ਅਸੂਲਾਂ ਲਈ ਲੜਨਾ ਤਾਂ ਸੌਖਾ ਹੈ, ਪਰ ਅਸੂਲਾਂ ਅਨੁਸਾਰ ਜ਼ਿੰਦਗੀ ਜਿਊਣਾ ਬਹੁਤ ਔਖਾ ਹੈ।

ਸਵਾਰਥੀ ਨੂੰ ਪਰਸਵਾਰਥੀ ਅਤੇ ਪਰਸਵਾਰਥੀ ਨੂੰ ਸਵਾਰਥੀ ਕਹਿਣਾ ਸਮਾਜ ਵਿੱਚ ਵੱਡਾ ਧੋਖਾ ਹੈ। ਹਮੇਸ਼ਾ ਯਥਾਰਥ ਭਰੀ ਜ਼ਿੰਦਗੀ ਹੀ ਨਿੱਖਰ ਕੇ ਸਾਹਮਣੇ ਆਉਂਦੀ ਹੈ। ਸਵਾਰਥ ਕਿਤੇ ਨਾ ਕਿਤੇ ਸਹਿਣਸ਼ੀਲਤਾ ਨੂੰ ਖਾ ਲੈਂਦਾ ਹੈ, ਇਹ ਆਲਸੀ ਬਣਾ ਕੇ ਆਪਣੇ ਆਪ ਨੂੰ ਹਿੰਸਾ ਦੀ ਤਰ੍ਹਾਂ ਕਰ ਲੈਂਦਾ ਹੈ। ਸਵਾਰਥ ਨਾਲ ਪ੍ਰਾਪਤ ਕੀਤੀ ਉੱਜਵਲ ਵਸਤੂ ਮੈਲੀ ਹੀ ਸਮਝੀ ਜਾਂਦੀ ਹੈ। ਸਵਾਰਥੀ 'ਬੀਤ ਗਈ ਉਹ ਬਾਤ ਗਈ' ਦੇ ਸਿਧਾਂਤ ਨੂੰ ਅਪਣਾਉਂਦਾ ਹੈ। ਸਾਡੇ ਸਿਆਣਿਆਂ ਦੀਆਂ ਕਹਾਵਤਾਂ ਪਿੱਛੇ ਇਕ ਲੰਮਾ-ਚੌੜਾ ਤਜਰਬਾ ਅਤੇ ਇਤਿਹਾਸ ਹੈ। ਸਵਾਰਥ ਅਜਿਹੀ ਆਦਤ ਹੈ ਕਿ ਬੰਦੇ ਨੂੰ ਆਪਣੇ ਆਪ ਵਿੱਚ ਸਿਆਣਾ ਬਣਾ ਦਿੰਦੀ ਹੈ। ਸਵਾਰਥ ਵਿਅਕਤੀ ਦੇ ਚੰਗੇ ਗੁਣਾਂ ਨੂੰ ਖਤਮ ਕਰ ਦਿੰਦਾ ਹੈ। ਹਰ ਮਨੁੱਖ ਦੇ ਸੁਪਨੇ ਹੁੰਦੇ ਹਨ ਉਹਨਾਂ ਨੂੰ ਪੂਰਾ ਕਰਨ ਲਈ ਇੱਛਾ ਰੱਖਣੀ ਤਾਂ ਜ਼ਰੂਰੀ ਹੈ, ਪਰ ਚਲਾਕੀ ਅਤੇ ਸਵਾਰਥ ਰੱਖ ਕੇ ਦੂਜੇ ਤੋਂ ਪੂਰਤੀ ਦੀ ਆਸ ਨਹੀਂ ਰੱਖਣੀ ਚਾਹਦੀ। ਬਹੁਤੀ ਵਾਰ ਦੇਖਿਆ ਜਾਂਦਾ ਹੈ ਕਿ ਮਨੁੱਖ ਭਾਵੇਂ ਛੋਟਾ ਹੀ ਹੋਵੇ, ਪਰ ਉਸ ਦਾ ਸਵਾਰਥ ਬਹੁਤ ਵੱਡਾ ਹੁੰਦਾ ਹੈ। ਸਵਾਰਥ ਲਈ ਸਭ ਨਿਵਦੇ ਹਨ। ਇਸ ਬਾਰੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਬਹੁਤ ਪਹਿਲੇ ਸਪੱਸ਼ਟ ਕਰ ਦਿੱਤਾ ਸੀ ਅਤੇ ਸਵਾਰਥੀਪੁਣੇ 'ਤੇ ਕਰਾਰੀ ਚੋਟ ਮਾਰੀ ਸੀ, 'ਸਭ ਕੋ ਨਿਵੈ ਆਪ ਕਉ ਪਰ ਕਉ ਨਿਵੈ ਨਾ ਕੋਇ।'

ਸਵਾਰਥ ਅਤੇ ਹਿੰਮਤ ਨਾਲ ਕੀਤੀ ਇੱਛਾ ਪੂਰਤੀ ਬਰਾਬਰ ਨਹੀਂ ਹੁੰਦੀ। ਕਿਹਾ ਜਾਂਦਾ ਹੈ, ਜਿਸ ਮਨੁੱਖ ਕੋਲ ਕਾਰਜ ਸਮਰਥਾ ਅਤੇ ਇਮਾਨਦਾਰੀ ਹੈ, ਉਸ ਦੇ ਸਿਦਕ ਨੂੰ ਦਬਾਇਆ ਨਹੀਂ ਜਾ ਸਕਦਾ, ਅਜਿਹੇ ਮਨੁੱਖ ਸਵਾਰਥ ਨੂੰ ਦਰਕਿਨਾਰ ਕਰਕੇ ਆਪਣੀ ਸਮਰਥਾ ਨਾਲ ਇੱਛਾ ਪੂਰਤੀ ਕਰਦੇ ਹਨ। ਆਪਣੀ ਅੰਦਰਲੀ ਪ੍ਰਤਿਭਾ ਨੂੰ ਉਜਾਗਰ ਕਰਕੇ ਸਵਾਰਥ ਨੂੰ ਅੰਦਰੋਂ ਬਾਹਰ ਕੱਢੋ। ਵਧੀਆ ਆਦਤਾਂ ਅਤੇ ਸਾਰਥਕ ਸੁਭਾਅ ਰੱਖੋ। ਸਵਾਰਥ ਦੀ ਉਡੀਕ ਅਤੇ ਝਾਕ ਹਮੇਸ਼ਾ ਲਈ ਆਪਣੇ ਅੰਦਰੋਂ ਕੱਢੋ। ਅਸੂਲਾਂ ਅਨੁਸਾਰ ਜ਼ਿੰਦਗੀ ਜਿਊਣ ਦਾ ਹੁਨਰ ਸਿੱਖੋ, ਇਸ ਨਾਲ ਹੀ ਸਮਾਜ ਵਿੱਚ ਬੰਦੇ ਦਾ ਇਖਲਾਕ ਉੱਚਾ ਹੁੰਦਾ ਹੈ। ਪ੍ਰਸਿੱਧ ਦਾਰਸ਼ਨਿਕ ਐਡਮਿੰਡ ਵਰਕ ਨੇ ਕਿਹਾ ਸੀ, 'ਹੱਕ ਸੱਚ ਅਤੇ ਨੈਤਿਕਤਾ ਦੀ ਲੜਾਈ ਵਿੱਚ ਜਿੱਤ ਅੰਤ ਨੂੰ ਉਸ ਦੀ ਹੁੰਦੀ ਹੈ, ਜਿਸ ਦਾ ਇਖਲਾਕ ਉੱਚਾ ਹੋਵੇ' ਮੁੱਕਦੀ ਗੱਲ ਇਹ ਹੈ ਕਿ ਆਪਣੇ ਅੰਦਰੋਂ ਸਵਾਰਥ ਦੇ ਕੀਟਾਣੂਆਂ ਨੂੰ ਕੱਢ ਕੇ ਪਰਸਵਾਰਥੀ ਅਤੇ ਨਿਰਸਵਾਰਥੀ ਕੀਟਾਣੂ ਪੈਦਾ ਕਰੀਏ, ਤਾਂ ਜੋ ਸਮਾਜ ਵਿੱਚ ਖੁਸ਼ਹਾਲ ਜੀਵਨ ਜੀਅ ਸਕੀਏ।

# ਸੰਪਰਕ : 98781-11445

# ਐਵੇਂ ਨਾ ਰੋੜ੍ਹੀਏ ਪਾਣੀ ਨੂੰ

ਮਾਸਟਰ ਲਖਵਿੰਦਰ ਸਿੰਘ ਹਵੇਲੀਆਣਾ

ਸਾਫ਼ ਸ਼ੁੱਧ ਪਾਣੀ ਦਾ ਵਿਸ਼ੇਸ਼ ਗੁਣ ਹੈ ਕਿ ਜਿਥੇ ਇਹ ਉਤਪਤੀ ਦਾ ਜੀਵਨ ਦਾਤਾ ਤੇ ਪਾਲਣਹਾਰਾ ਹੈ, ਉਥੇ ਇਹ ਅੰਦਰੂਨੀ ਤੇ ਬਾਹਰੀ ਮੈਲ ਨਿਵਾਰਕ ਵੀ ਹੈ, ਜਿਸ ਕਰਕੇ ਪਾਣੀ ਦੀ ਕਈ ਤਰ੍ਹਾਂ ਦੀ ਵਰਤੋਂ ਹੋਣੀ ਜੀਵਨ ਲਈ ਬਹੁਤ ਹੀ ਜ਼ਰੂਰੀ ਹੈ ।ਇਸ ਕਰਕੇ ਪਾਣੀ ਦੀ ਵਰਤੋਂ ਨੂੰ ਕਦੇ ਵੀ ਟਾਲਿਆ ਨਹੀਂ ਜਾ ਸਕਦਾ। ਇਸ ਲੋੜ ਨੂੰ ਪੂਰਾ ਕਰਨ ਲਈ ਕੁਦਰਤ ਨੇ ਪਾਣੀ ਦੀ ਬਹੁਤ ਸਾਰੇ ਵੱਖ-ਵੱਖ ਸਰੋਤਾਂ ਦੀ ਬਖਸ਼ਿਸ਼ ਕੀਤੀ ਹੋਈ ਹੈ ।ਜਿਨ੍ਹਾਂ ਸਰੋਤਾਂ ਵਿੱਚ ਜ਼ਮੀਨਦੋਜ਼ ਪਾਣੀ ਵੀ ਇੱਕ ਮੁੱਖ ਸਰੋਤ ਹੈ, ਪਰ ਪਾਣੀ ਦੇ ਇਹ ਸਰੋਤ ਧਰਤੀ ਦੇ ਖਾਸ ਖਾਸ ਖਿੱਤਿਆਂ ਵਿੱਚ ਹੀ ਉਪਲੱਬਧ ਹਨ। ਇਨ੍ਹਾਂ ਖ਼ਾਸ ਖਿੱਤਿਆਂ ਵਿੱਚ ਸਾਡਾ ਪੰਜਾਬ ਵੀ ਸ਼ਾਮਲ ਹੈ, ਜਿਸ ਨੂੰ ਕੁਦਰਤ ਨੇ ਇਸ ਵਿਸ਼ੇਸ਼ ਤੋਹਫ਼ੇ (ਜ਼ਮੀਨਦੋਜ਼ ਪਾਣੀ) ਨਾਲ ਨਿਵਾਜਿਆ ਹੋਇਆ ਹੈ । ਭੂ ਵਿਗਿਆਨੀਆਂ ਅਨੁਸਾਰ ਧਰਤੀ ਹੇਠਲੇ ਪਾਣੀ ਦੇ ਇਹ ਭੰਡਾਰ ਭਰਨ ਲਈ ਹਜ਼ਾਰਾਂ, ਲੱਖਾਂ ਸਾਲਾਂ ਦਾ ਸਮਾਂ ਲੱਗਿਆ ।ਮਨੁੱਖ ਨੂੰ ਜਦ ਇਸ ਜਮੀਨਦੋਜ਼ ਪਾਣੀ ਦੇ ਸੋਮੇ ਦਾ ਗਿਆਨ ਹੋਇਆ ਤਾਂ ਉਹ ਇਸ ਪਾਣੀ ਦੀ ਵਰਤੋਂ ਕਰਨ ਲਈ ਵੱਖ-ਵੱਖ ਸਾਧਨ ਈਜਾਦ ਕਰਨ ਲੱਗਾ । ਪਹਿਲਾਂ-ਪਹਿਲ ਇਸ ਪਾਣੀ ਦੀ ਪ੍ਰਾਪਤੀ ਲਈ ਕੁਝ ਨਾ ਕੁਝ ਹੱਥ ਹਿਲਾਉਣੇ ਯਾਨੀ ਮਿਹਨਤ ਕਰਨੀ ਹੀ ਪੈਂਦੀ ਸੀ, ਪਰ ਧਰਤੀ ਹੇਠਲੇ ਪਾਣੀ ਪ੍ਰਾਪਤੀ ਦੇ ਸਾਧਨਾਂ ਦਾ ਜਦ ਤੋਂ ਮਸ਼ੀਨੀਕਰਨ ਹੋਣਾ ਭਾਵ ਇੰਜਣ/ ਮੋਟਰ ਪੰਪ, ਟੈਂਕੀਆਂ ਤੇ ਟੂਟੀਆਂ ਦਾ ਯੁੱਗ ਆਇਆ ਤਾਂ ਉਦੋਂ ਤੋਂ ਹੀ ਪਾਣੀ ਦੀ ਬਰਬਾਦੀ ਵਿੱਚ ਇੱਕ ਵੱਡਾ ਇਜ਼ਾਫਾ ਸ਼ੁਰੂ ਹੋ ਗਿਆ। ਬਿਜਲੀ ਦੀ ਮੁਫ਼ਤਖੋਰੀ ਵੀ ਪਾਣੀ ਦੀ ਬਰਬਾਦੀ ਵਿੱਚ ਵੀ ਇੱਕ ਵੱਡਾ ਰੋਲ ਅਦਾ ਕਰ ਰਹੀ ਹੈ ।ਪਾਣੀ ਦੀ ਸਹੀ ਵਰਤੋਂ ਏਨਾ ਖੋਰਾ ਨਹੀਂ ਲਾਉਂਦੀ, ਜਿੰਨੀ ਕਿ ਪਾਣੀ ਦੀ ਦੁਰਵਰਤੋਂ ਲਾ ਰਹੀ ਹੈ। ਇਸ ਦੁਰਵਰਤੋਂ ਵਿੱਚ ਸਾਡੀ ਵੱਡੀ ਲਾਪ੍ਰਵਾਹੀ ਹੈ। ਲੋੜ ਤੋਂ ਕਈ ਗੁਣਾ ਵੱਧ ਕੇ ਅੰਮ੍ਰਿਤਮਈ ਪਾਣੀ ਵਿਅਰਥ ਰੋੜ੍ਹ ਕੇ ਉਸ ਨੂੰ ਨਾਲ਼ੀਆਂ ਦੇ ਗੰਦ ਵਿੱਚ ਬਦਲਣ ਦਾ ਸਾਡਾ ਨਿੱਤ ਦਾ ਵਿਹਾਰ ਬਣ ਚੁੱਕਾ ਹੈ ।

ਜਨਤਕ ਟੈਂਕੀਆਂ ਤੋਂ ਜਲ ਸਪਲਾਈ ਲਈ ਟੂਟੀ ਤੰਤਰ ਦੇ ਵਿਛੇ ਜਾਲ ਦਾ ਤਾਂ ਆਦਮ ਹੀ ਨਿਰਾਲਾ ਹੈ। ਸ਼ਾਇਦ ਕੋਈ ਹੀ ਜਲ ਸਪਲਾਈ ਦਾ ਜਾਲ ਸਹੀ-ਸਲਾਮਤ ਹੋਵੇ । ਬਹੁਤੇ ਜਾਲ ਤਾਂ ਥਾਂ-ਥਾਂ ਲੀਕੇਜ ਦੀਆਂ ਪਿਚਕਾਰੀਆਂ ਮਾਰ/ ਫੁਹਾਰੇ ਛੱਡ ਰਹੇ ਹੁੰਦੇ ਹਨ ।ਇਸ ਤੋਂ ਅੱਗੇ ਹੋਰ ਵੀ ਸਿਤਮਜ਼ਰੀਫੀ ਹੈ ਕਿ ਨਿਕਾਸੀ ਦੇ ਬਹੁਤੇ ਪੁਆਇੰਟ (ਟੂਟੀਆਂ ਵਗੈਰਾ) ਵਧੇਰੇ ਕਰਕੇ ਟੁੱਟੇ-ਭੱਜੇ ਜਾਂ ਫਿਰ ਬਗੈਰ ਟੂਟੀਆਂ ਤੋਂ ਹੀ ਹੁੰਦੇ ਹਨ । ਪਾਣੀ ਸਪਲਾਈ ਚਾਲੂ ਹੋਣ ਤੋਂ ਲੈ ਕੇ ਬੰਦ ਹੋਣ ਤੱਕ ਆਪ-ਮੁਹਾਰੇ ਬਗੈਰ ਕਿਸੇ ਵਰਤੋਂ ਤੋਂ ਬੇਲੋੜਾ ਪਾਣੀ ਵਗੀ ਤੁਰੀ ਜਾਂਦਾ ਹੈ ਤੇ ਇਹ ਅਮੁੱਲ ਦਾਤ ਸ਼ੁੱਧ ਜਲ ਕੌਡੀਓਂ ਖੋਟਾ ਹੋ ਕੇ ਗੰਦਗੀ ਦਾ ਹਿੱਸਾ ਬਣ ਰਿਹਾ ਹੁੰਦਾ ਹੈ ।

ਸਾਡੇ ਪਾਕਿ ਪਵਿੱਤਰ ਧਾਰਮਿਕ ਅਸਥਾਨ ਜੋ ਆਪਣੇ ਆਪ ਵਿੱਚ ਨਿਰਮਲ ਸ਼ੁੱਧ ਹੀ ਹੁੰਦੇ ਹਨ ,ਦੀ ਹੋਰ ਸ਼ੁਧੀਕਰਨ ਦੀ ਆਸਥਾ ਦੇ ਅਧੀਨ ਇਨ੍ਹਾਂ ਦੀਆਂ ਸੰਗਮਰਮਰੀ ਇਮਾਰਤਾਂ, ਫਰਸ਼ਾਂ/ਵਾਸ਼ ਬੇਸਨਾਂ ਆਦਿ ਦੀ ਨੁਹਾਈ /ਧੁਲਾਈ ਲਈ ਨਿੱਤ ਕਈ-ਕਈ ਗੈਲਨ ਸ਼ੁੱਧ ਜਲ ਦੀ ਬਲੀ ਲੈ ਲਈ ਜਾਂਦੀ ਹੈ। ਇਥੇ ਹੀ ਬਸ ਨਹੀਂ ਇਹ ਸ਼ੁੱਧੀਕਰਨ ਦਿਨ ਵਿਚ ਕਈ ਵਾਰ ਦੁਹਰਾਇਆ ਜਾਂਦਾ ਹੈ।

ਸੋ ਜਿਥੇ ਪਿਆਸੇ ਨੂੰ ਪਾਣੀ ਪਿਲਾਉਣਾ ਇੱਕ ਵੱਡਾ ਪੁੰਨ ਹੈ, ਉਥੇ ਆਉਣ ਵਾਲੇ ਪਿਆਸੇ ਲਈ ਸ਼ੁੱਧ ਜਲ ਸੰਭਾਲਣਾ ਵੀ ਇੱਕ ਉਤਮ ਕਾਰਜ ਹੈ। ਪਾਣੀ ਦੀ ਸੰਜਮ ਭਰੀ ਵਰਤੋਂ ਹੀ ਆਉਣ ਵਾਲੀਆਂ ਪੀੜ੍ਹੀਆਂ ਦੀ ਪਿਆਸ ਨੂੰ ਸ਼ਾਂਤ ਕਰ ਸਕੇਗੀ।

ਪਾਣੀ ਪ੍ਰਤੀ ਸਾਡਾ ਦੁਰਵਿਹਾਰ ਕੁਦਰਤ ਦੀ ਇਸ ਵਿਸ਼ੇਸ਼ ਬਖਸ਼ਿਸ਼ ਪ੍ਰਤੀ ਸਾਡੀ ਅਕਿਰਤਘਣਤਾ ਦਾ ਇੱਕ ਵੱਡਾ ਸਬੂਤ ਹੈ। ਮਾਨੋ ਇਹ ਅਕ੍ਰਿਤਘਣਤਾ ਡੈਣ ਬਣ ਕੇ ਜ਼ਮੀਨਦੋਜ਼ ਇਸ ਅੰਮ੍ਰਿਤ ਰੂਪੀ ਪਾਣੀ ਨੂੰ ਐਸੀ ਡੀਕ ਲਾ ਰਹੀ ਹੈ, ਜਿਸ ਨਾਲ ਪਾਣੀ ਦਾ ਪੱਧਰ ਨੀਵਾਂ ਹੁੰਦਾ ਹੋਇਆ ਪਤਾਲਾਂ ਤੱਕ ਪਹੁੰਚਣ ਦਾ ਖ਼ਤਰਾ ਮੰਡਰਾਉਣ ਲੱਗਾ ਪਿਆ । ਓਧਰ ਜਿੰਨਾ ਇਹ ਪਾਣੀ ਖਿੱਚਿਆ ਜਾ ਰਿਹਾ ਹੈ, ਉਸ ਤੋਂ ਕਈ ਗੁਣਾ ਘੱਟ ਪਾਣੀ ਹੀ ਧਰਤੀ ਵਿੱਚ ਜਜ਼ਬ ਹੋ ਰਿਹਾ ਹੈ।

ਸਾਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ 'ਜਲ ਹੈ ਤਾਂ ਕੱਲ੍ਹ ਹੈ, ਸੋ ਅਜਾਈਂ ਰੁੜ੍ਹਦੇ ਪਾਣੀ ਨੂੰ ਕੁਦਰਤ ਦਾ ਅਨਮੋਲ ਤੋਹਫ਼ਾ ਸਮਝ ਕੇ ਰੋਕਣ/ਰੁਕਵਾਉਣ ਦਾ ਹਰ ਹੀਲਾ ਕਰਨਾ ਆਪਣਾ ਕਰਮ ਧਰਮ ਬਣਾ ਲੈਣਾ ਚਾਹੀਦਾ ਹੈ 'ਹਾੜਾ! ਐਵੇਂ ਨਾ ਰੋੜ੍ਹੀਏ ਪਾਣੀ ਨੂੰ ਨਾ ਮੁਕਾਈਏ ਜੀਵਨ ਕਹਾਣੀ ਨੂੰ।'

ਸੋ ਨਲਕਾ (ਹੈਂਡ ਪੰਪ) ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਦੇ ਯਤਨ ਹੋਣੇ ਵੀ ਬਹੁਤ ਜ਼ਰੂਰੀ ਹਨ, ਜਿਸ ਨਾਲ ਲੋੜ ਅਨੁਸਾਰ ਕੁਝ ਮਿਹਨਤ ਨਾਲ ਹੀ ਧਰਤੀ ਹੇਠਲਾ ਪਾਣੀ ਬਾਹਰ ਆਏਗਾ ਅਤੇ ਆਪਣੇ ਆਪ ਅਜਾਈਂ ਰੂਪ ਵਿੱਚ ਨਾਲ਼ੀਆਂ ਦਾ ਸ਼ਿੰਗਾਰ ਵੀ ਨਹੀਂ ਬਣੇਗਾ ਤੇ ਦੂਸ਼ਿਤ ਪਾਣੀ ਜਮ੍ਹਾਂ ਹੋਣ ਵਿਚ ਵੀ ਕਮੀ ਆਵੇਗੀ।

ਕੁਦਰਤੀ ਪਾਣੀ ਦੇ ਵਹਿੰਦੇ ਸਰੋਤਾਂ ਨਦੀਆਂ, ਨਾਲੇ, ਚੋਆਂ ਤੇ ਦਰਿਆਵਾਂ ਵਿੱਚ ਸੀਵਰੇਜ ਆਦਿ ਦਾ ਦੂਸ਼ਿਤ ਪਾਣੀ ਮਿਲਾਉਣ ਤੇ ਕਰਮ-ਕਾਂਡਾਂ ਦੀ ਆਸਥਾ ਅਧੀਨ ਸਮਗਰੀ ਅਤੇ ਕੂੜਾ-ਕਰਕਟ ਆਦਿ ਸੁੱਟਣ ਨਾਲ ਪਾਣੀ ਦੀ ਪਵਿੱਤਰਤਾ ਭੰਗ ਕਰਨ ਤੋਂ ਗੁਰੇਜ਼ ਕਰਨਾ ਵੀ ਜ਼ਰੂਰੀ ਹੈ, ਤਾਂ ਕਿ ਵਹਿੰਦਾ ਇਹ ਸ਼ੁੱਧ ਜਲ ਵੀ ਪਿਆਸੀ ਲੋਕਾਈ/ ਪਿਆਸੇ ਖੇਤਾਂ ਦੀ ਪਿਆਸ ਬੁਝਾਉਣ ਦੀ ਆਪਣੀ ਕਾਬਲੀਅਤ ਕਾਇਮ ਰੱਖ ਸਕੇ।

ਕੁਦਰਤੀ ਵਿਧੀ ਵਿਧਾਨ ਅਨੁਸਾਰ ਵਰ੍ਹਦਾ ਮੀਂਹ ਦਾ ਪਾਣੀ ਵੀ ਕਾਫੀ ਹੱਦ ਤੱਕ ਸ਼ੁੱਧ ਹੀ ਹੁੰਦਾ ਹੈ, ਜਿਸ ਨੂੰ ਸੰਭਾਲਣਾ ਵੀ ਆਪਣਾ ਨੈਤਿਕ ਫਰਜ਼ ਬਣਾ ਲੈਣਾ ਚਾਹੀਦਾ ਹੈ, ਜਿਸ ਲਈ ਘਰ/ ਵਿਹੜੇ ਵਿੱਚ ਜਿਥੇ ਵੀ ਜਗ੍ਹਾ ਮਿਲੇ ਟੋਏ/ਹੌਜ਼ ਬਣਾ ਕੇ ਮੀਂਹਾਂ ਦੇ ਪਾਣੀ ਸਟੋਰ ਕਰਨ ਦੇ ਪ੍ਰਬੰਧ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਆਰ ਓ ਰਾਹੀਂ ਪਾਣੀ ਦੀ ਅਖੌਤੀ ਸ਼ੁੱਧਤਾ ਦੇ ਭਰਮ-ਭੁਲੇਖੇ ਵੀ ਬਣੇ ਹੋਏ ਹਨ। ਪਾਣੀ ਦੀ ਇਹ ਬਣਾਉਟੀ ਸ਼ੁਧਤਾ ਦੇ ਸਾਧਨ ਵੀ ਪਾਣੀ ਦੀ ਬਰਬਾਦੀ ਦੇ ਵੱਡੇ ਕਾਰਨ ਬਣੇ ਹਨ। ਸੋ ਜੇ ਇਸ ਬਣਾਉਟੀ ਸ਼ੁੱਧਤਾ ਤੋਂ ਬਗ਼ੈਰ ਨਹੀਂ ਰਿਹਾ ਜਾ ਸਕਦਾ ਤਾਂ ਆਰ ਓ ਰਾਹੀਂ ਹੁੰਦੇ ਵੇਸਟ ਪਾਣੀ ਦਾ ਵੀ ਕੁਨੈਕਸ਼ਨ ਪਾਣੀ ਸਟੋਰ ਕਰਨ ਵਾਲੇ ਟੋਇਆਂ/ ਹੌਜ਼ ਨਾਲ ਜੋੜ ਦੇਣਾ ਚਾਹੀਦਾ ਹੈ । ਇਸ ਜਮ੍ਹਾਂ ਹੋਏ ਪਾਣੀ ਨੂੰ ਟੁੱਲੂ ਪੰਪ ਜਾਂ ਛੋਟੀ ਮੋਟਰ ਲਾ ਕੇ ਟੈਂਕੀ ਰਾਹੀਂ ਫਲੱਸ਼ਾਂ ਸਾਫ਼ ਕਰਨ ਜਾਂ ਫਿਰ ਫੁੱਲ ਬੂਟਿਆਂ/ ਆਦਿ ਲਈ ਵਰਤਿਆ ਜਾ ਸਕਦਾ ਹੈ।

ਪੰਚਾਇਤੀ ਜਾਂ ਸ਼ਾਮਲਟ ਜ਼ਮੀਨਾਂ ਛੱਪੜ/ ਟੋਭੇ ਫਿਰ ਤੋਂ ਸੁਰਜੀਤ ਕੀਤੇ ਜਾਣੇ ਵੀ ਸਮੇਂ ਦੀ ਵੱਡੀ ਲੋੜ ਹੈ। ਪਿੰਡਾਂ /ਕਸਬਿਆਂ/ਸ਼ਹਿਰਾਂ ਦੀਆਂ ਪੰਚਾਇਤਾਂ/ਨਗਰ ਪੰਚਾਇਤਾਂ/ਕੌਂਸਲਾਂ ਵੱਲੋਂ ਸਾਰਥਿਕ ਯਤਨ ਕਰਨੇ ਚਾਹੀਦੇ ਹਨ। ਨਾਲ਼ੀਆਂ /ਸੀਵਰੇਜ ਪਾਣੀ ਤੇ ਮੀਂਹ ਦੇ ਪਾਣੀ ਦਾ ਆਪਸੀ ਰਲੇਵਾਂ ਰੋਕਣ ਦੇ ਵੀ ਯਤਨ ਵੀ ਬਹੁਤ ਜ਼ਰੂਰੀ ਹੋਣੇ ਚਾਹੀਦੇ ਹਨ । ਸੀਵਰੇਜ ਦਾ ਟਰੀਟਡ ਪਾਣੀ ਫਸਲਾਂ ਦੀ ਸਿੰਚਾਈ ਲਈ ਸਿੱਧਾ ਵਰਤਣ ਜਾਂ ਫਿਰ ਛੱਪੜ ਟੋਭਿਆਂ ਵਿਚ ਜਮ੍ਹਾਂ ਕਰਨ ਦੇ ਪੁਖਤਾ ਪ੍ਰਬੰਧ ਹੋਣ, ਤਾਂ ਕਿ ਭੰਡਾਰ ਕੀਤੇ ਇਸ ਪਾਣੀ ਨੂੰ ਜ਼ਰੂਰਤ ਅਨੁਸਾਰ ਵਰਤਿਆ ਜਾ ਸਕੇ।

ਬਰਸਾਤੀ ਪਾਣੀ ਦੇ ਵਹਿੰਦੇ ਸੋਮਿਆਂ ਦੇ ਆਲੇ-ਦੁਆਲੇ ਢੁੱਕਵੀਂਆਂ ਥਾਵਾਂ ਜਿਥੇ ਸੰਭਵ ਹੋਵੇ, ਪਾਣੀ ਨੂੰ ਸੰਗ੍ਰਹਿ ਕਰਨ ਦੇ ਪ੍ਰਾਜੈਕਟ ਉਲੀਕ ਕੇ ਪਹਿਲ ਦੇ ਅਧਾਰ 'ਤੇ ਵੀ ਅਮਲ ਹੋਣਾ ਚਾਹੀਦਾ ਹੈ।

ਇਹਨਾਂ ਸਭ ਜਲ ਭੰਡਾਰ ਤੋਂ ਹੁੰਦੇ ਕੁਦਰਤੀ ਵਾਸ਼ਪੀਕਰਨ ਹੋਣ ਦੇ ਨਾਲ ਆਲੇ-ਦੁਆਲੇ ਵਿੱਚ ਨਮੀ, ਬਦਲ ਵੀ ਬਣਨ 'ਤੇ ਮੀਂਹ ਪੈਣ ਦੀ ਸੰਭਾਵਨਾ ਵਧੇਗੀ । ਨਾਲ-ਨਾਲ ਪਾਣੀ ਜੀਰਨ/ਰਿਸਣ ਦੀ ਕੁਦਰਤੀ ਪ੍ਰਕਿਰਿਆ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਵਾਧਾ ਹੋਣ ਦੀ ਸੰਭਾਵਨਾ ਬਣੇਗੀ । ਬਰਸਾਤੀ ਪਾਣੀ ਦਾ ਕੁਝ ਵਹਾਅ ਇਹਨਾਂ ਜ਼ਖੀਰਿਆਂ ਵੱਲ ਹੋ ਜਾਣ ਨਾਲ ਮੀਂਹ ਦੇ ਇੱਕ ਦਮ ਪੈਂਦੇ ਰੋੜ੍ਹ ਕਾਰਨ ਹੜ੍ਹਾਂ ਦੇ ਖਤਰਿਆਂ ਤੋਂ ਵੀ ਕੁਝ ਹਦ ਤੱਕ ਬਚਾਅ ਰਹਿਣ ਦੀ ਸੰਭਾਵਨਾ ਵੀ ਬਣਦੀ ਰਹੇਗੀ।

ਵਟਸਐਪ: +91 98764 74858

# ਚੋਰ ਗਰੋਹ 30 ਲੱਖ ਦੇ ਚੋਰੀ ਦੇ ਸਾਮਾਨ ਤੇ ਗੱਡੀ ਸਮੇਤ ਕਾਬੂ



**ਲਹਿਰਾਗਾਗਾ (ਗੋਰਵਾਲ)**-ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਹਿਲ ਵੱਲੋਂ ਸਮੁੱਚੇ ਜ਼ਿਲ੍ਹੇ ਅੰਦਰ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਦੇ ਤਹਿਤ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਡੀਐਸਪੀ ਦੀਪਇੰਦਰਪਾਲ ਸਿੰਘ ਜੇਜੀ ਦੀ ਅਗਵਾਈ 'ਚ 30 ਲੱਖ ਰੁਪਏ ਦੇ ਚੋਰੀ ਦੇ ਇਲੈਕਟ੍ਰਾਨਿਕ ਸਮਾਨ, ਚੋਰੀ ਦੀ ਗੱਡੀ ਸਮੇਤ ਚਾਰ ਦੋਸ਼ੀਆਂ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਡੀਐਸਪੀ ਦਪਿੰਦਰਪਾਲ ਸਿੰਘ ਜੇਜੀ ਨੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਹਲਕੇ ਦੇ ਪਿੰਡ ਚੂੜਲਕਲਾਂ ਵਿਖੇ ਇੱਕ ਇਲੈਕਟ੍ਰਾਨਿਕਸ ਦੀ ਦੁਕਾਨ 'ਚ ਕਰੀਬ 30 ਲੱਖ ਰੁਪਏ ਕੀਮਤ ਦੇ ਏ ਸੀ, ਵਾਸ਼ਿੰਗ ਮਸ਼ੀਨਾਂ ਅਤੇ ਹੋਰ ਸਮਾਨ ਦੀ ਚੋਰੀ ਹੋ ਗਈ ਸੀ, ਜਿਸ ਨੂੰ ਪੁਲਸ ਨੇ ਗੰਭੀਰਤਾ ਨਾਲ ਲਿਆ ਤੇ ਪੁਲਸ ਦੀਆਂ ਟੈਕਨੀਕਲ ਮਾਹਰਾਂ ਦੀ ਮੱਦਦ ਨਾਲ ਟੀਮਾਂ ਦਾ ਗਠਨ ਕਰਕੇ ਲੰਮੀ ਜੱਦੋ ਜਹਿਦ ਤੋਂ ਬਾਅਦ ਲਹਿਰਾਗਾਗਾ ਪੁਲਸ ਨੇ ਚੋਰੀ ਕੀਤੇ ਕਰੀਬ 30 ਲੱਖ ਰੁਪਏ ਦੇ ਸਮਾਨ ਅਤੇ ਗੱਡੀ ਸਮੇਤ ਚਾਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ, ਜਦੋਂਕਿ ਦੋ ਦੋਸ਼ੀ ਫਰਾਰ ਹਨ, ਜਿਨ੍ਹਾਂ ਨੂੰ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਕਥਿਤ ਦੋਸ਼ੀਆਂ ਪਵਨ ਵਾਸੀ ਚੂੜਲ ਕਲਾਂ, ਮਨੀਸ਼ ਕੁਮਾਰ ਵਾਸੀ ਜਾਖਲ, ਹਰਦੀਪ ਸਿੰਘ ਵਾਸੀ ਬਖੋਰਾ ਕਲਾਂ, ਹਰਦੀਪ ਸਿੰਘ ਉਰਫ ਦੀਪਾ ਵਾਸੀ ਧਾਰਸੂਲ ਥਾਣਾ ਕੁਲਾਂ (ਹਰਿਆਣਾ), ਸਨੀ ਤੇ ਰਿਕੂ ਵਾਸੀਆਨ ਚੂੜਲ ਕਲਾਂ ਥਾਣਾ ਲਹਿਰਾ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ ਵਾਸ਼ਿੰਗ ਮਸ਼ੀਨਾਂ, ਏ ਸੀ, ਤਾਰ ਤੇ ਹੋਰ ਇਲੈਕਟ੍ਰਾਨਿਕਸ ਦਾ ਸਮਾਨ ਬਰਾਮਦ ਕੀਤਾ ਗਿਆ ਹੈ।

ਦੋਸ਼ੀਆਂ ਦਾ ਰਿਮਾਂਡ ਲੈ ਕੇ ਹੋਰ ਸਮਾਨ ਦੀ ਬਰਾਮਦਗੀ ਸੰਬੰਧੀ ਪੁੱਛਗਿੱਛ ਜਾਰੀ ਹੈ ਤੇ ਪੁਲਿਸ ਵੱਲੋਂ ਵੱਖ-ਵੱਖ ਥਾਵਾਂ 'ਤੇ ਰੇਡ ਕੀਤੀ ਜਾ ਰਹੀ ਹੈ। ਦੂਜੇ ਪਾਸੇ ਪੀੜਤ ਪ੍ਰਵੀਨ ਕੁਮਾਰ ਤੇ ਹੋਰ ਦੁਕਾਨਦਾਰਾਂ ਨੇ ਆ ਕੇ ਲਹਿਰਾ ਪੁਲਸ ਦੀ ਪੁਰਜ਼ੋਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਡੀਐਸਪੀ ਤੇ ਲਹਿਰਾ ਪੁਲਸ ਦੀ ਮਿਹਨਤ ਸਦਕਾ ਸਾਨੂੰ ਸਾਡਾ ਚੋਰੀ ਹੋਇਆ ਸਮਾਨ ਮਿਲ ਗਿਆ ਹੈ।

ਪੁਲਸ ਅਧਿਕਾਰੀਆਂ ਨੇ ਕਿਹਾ ਕਿ ਇਲਾਕਾ ਹਰਿਆਣੇ ਦੇ ਨਾਲ ਲੱਗਦਾ ਹੋਣ ਕਾਰਨ ਪੁਲਿਸ ਨੇ ਪੂਰੀ ਮੁਸਤੈਦੀ ਰੱਖਦਿਆਂ ਸਮਾਜ ਵਿਰੋਧੀ ਅਨਸਰਾਂ ਤੇ ਨਸ਼ਾ ਤਸਕਰਾਂ ਤੇ ਪੈਨੀ ਨਜ਼ਰ ਰੱਖੀ ਹੋਈ ਹੈ।

# ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਆਗੂਆਂ ਦਾ ਰਜਿੰਦਰ ਸਿੰਘ ਡੱਲਾ ਵੱਲੋਂ ਸਨਮਾਨ

## ਅਕਾਲੀ ਦਲ ਦੀ ਸੱਤਾ ਰਹਿੰਦਿਆਂ ਪੰਜਾਬ ਦਾ ਸਰਬਪੱਖੀ ਵਿਕਾਸ ਹੋਇਆ : ਡੱਲਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਦਾ ਪੂਰਨ ਗਠਨ ਕੀਤਾ ਗਿਆ ਹੈ। ਮੋਗਾ ਜ਼ਿਲ੍ਹੇ ਦੀਆਂ ਜਿਨ੍ਹਾਂ ਸ਼ਖਸੀਅਤਾਂ ਨੂੰ ਮਾਣ ਮਿਲਿਆ ਹੈ, ਉਨ੍ਹਾਂ ਦਾ ਸਤਿਕਾਰ ਕਰਨ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਰੋਇਲ ਪੈਲੇਸ ਲੁਹਾਰਾ ਚੌਕ ਮੋਗਾ ਵਿਖੇ ਸੀਨੀਅਰ ਅਕਾਲੀ ਆਗੂ ਤੇ ਸਮਾਗਮ ਦੇ ਮੁੱਖ ਪ੍ਰਬੰਧਕ ਰਜਿੰਦਰ ਸਿੰਘ ਡੱਲਾ ਵੱਲੋਂ ਕਰਵਾਇਆ ਗਿਆ।



ਇਸ ਸਨਮਾਨ ਸਮਾਰੋਹ ਨੂੰ ਉਸ ਵੇਲੇ ਰੈਲੀ ਦਾ ਰੂਪ ਧਾਰਨ ਕਰ ਲਿਆ, ਜਦੋਂ ਮੋਗਾ ਜ਼ਿਲ੍ਹੇ ਦੇ ਵੱਡੀ ਗਿਣਤੀ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬੀਆਂ ਦੀ ਮਾਂ ਪਾਰਟੀ ਤੇ ਪੰਜਾਬ ਦੀ ਖੇਤਰੀ ਪਾਰਟੀ ਹੈ, ਜਿਸ ਨੇ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਨਾਲ ਜੁੜੇ ਮਸਲਿਆਂ/ਮੁੱਦਿਆਂ ਨੂੰ ਜਿੱਥੇ ਕੇਂਦਰ ਅੱਗੇ ਉਭਾਰਿਆ ਹੈ, ਉਥੇ ਹੀ ਸੱਤਾ ਵਿੱਚ ਰਹਿੰਦਿਆਂ ਪੰਜਾਬ ਦਾ ਸਰਬਪੱਖੀ ਵਿਕਾਸ ਵੀ ਕੀਤਾ। ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਟਕਸਾਲੀ ਅਕਾਲੀਆਂ ਨੂੰ ਅਹੁਦਿਆਂ ਨਾਲ ਨਿਵਾਜਿਆ ਹੈ ਅਤੇ ਸਰਕਾਰੇ ਦਰਬਾਰੇ ਉਨ੍ਹਾਂ ਦਾ ਮਾਨ ਸਨਮਾਨ ਬਹਾਲ ਕੀਤਾ ਹੈ। ਡੱਲਾ ਨੇ ਕਿਹਾ ਕਿ ਅਸੀਂ ਪਾਰਟੀ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਦੇ ਅਤੀ ਧੰਨਵਾਦੀ ਹਾਂ, ਜਿਨ੍ਹਾਂ ਵੱਲੋਂ ਮੋਗਾ ਜ਼ਿਲ੍ਹੇ ਨਾਲ ਸੰਬੰਧਤ ਜਥੇਦਾਰ ਤੀਰਥ ਸਿੰਘ ਮਾਹਲਾ ਕੋਰ ਕਮੇਟੀ ਤੇ ਵਰਕਿੰਗ ਕਮੇਟੀ ਮੈਂਬਰ, ਸੰਜੀਤ ਸਿੰਘ ਸੰਨੀ ਗਿੱਲ ਵਰਕਿੰਗ ਕਮੇਟੀ ਮੈਂਬਰ, ਤਰਸੇਮ ਸਿੰਘ ਰੱਤੀਆਂ ਵਰਕਿੰਗ ਕਮੇਟੀ ਮੈਂਬਰ, ਸੁਖਹਰਪ੍ਰੀਤ ਸਿੰਘ ਰੋਡੇ ਵਰਕਿੰਗ ਕਮੇਟੀ ਮੈਂਬਰ, ਬਾਲ ਕ੍ਰਿਸ਼ਨ ਬਾਲੀ ਵਰਕਿੰਗ ਕਮੇਟੀ ਮੈਂਬਰ ਤੇ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਨੂੰ ਜ਼ਿਲ੍ਹਾ ਪ੍ਰਧਾਨ ਮੋਗਾ ਨਿਯੁਕਤ ਕੀਤਾ ਹੈ, ਉਨ੍ਹਾਂ ਸਾਰੀਆਂ ਸ਼ਖਸੀਅਤਾਂ ਦਾ ਅੱਜ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਸਨਮਾਨ ਸਮਾਰੋਹ ਵਿੱਚ ਸੀਨੀਅਰ ਅਕਾਲੀ ਆਗੂ ਰਣਵਿੰਦਰ ਸਿੰਘ ਪੱਪੂ ਰਾਮੂਵਾਲਾ, ਰਾਜਵੰਤ ਸਿੰਘ ਮਾਹਲਾ, ਜਰਨੈਲ ਸਿੰਘ ਦੁੱਨੇਕੇ, ਚਰਨਜੀਤ ਸਿੰਘ ਝੰਡੇਆਣਾ, ਹਰਮੇਲ ਸਿੰਘ ਡਰੋਲੀ ਵਾਲੇ, ਹਰਪ੍ਰੀਤ ਸਿੰਘ ਹੈਪੀ ਘੋਲੀਆ, ਤਜਿੰਦਰ ਸਿੰਘ ਮਾਲਵਾ, ਮਨਜੀਤ ਸਿੰਘ ਧੰਮੂ ਕੌਂਸਲਰ, ਪ੍ਰਭਜੀਤ ਸਿੰਘ ਤਾਰੇ ਵਾਲਾ, ਪਰਮਜੀਤ ਸਿੰਘ ਸਰਕਲ ਪ੍ਰਧਾਨ, ਜਸਬੀਰ ਸਿੰਘ ਘੋਸਾ ਸਰਕਲ ਪ੍ਰਧਾਨ, ਬਲਜੀਤ ਸਿੰਘ ਕਿੰਗੀ ਸਰਕਲ ਪ੍ਰਧਾਨ, ਨਿਸ਼ਾਨ ਸਿੰਘ ਮਸਤੇਵਾਲਾ ਸਰਕਲ ਪ੍ਰਧਾਨ, ਗੁਰਦੇਵ ਸਿੰਘ ਮੁੰਡੀ ਜਮਾਲ ਐਕਸ ਚੇਅਰਮੈਨ, ਪਰਮਜੀਤ ਸਿੰਘ ਧਰਮ ਸਿੰਘ ਵਾਲਾ ਫੈਡਰੇਸ਼ਨ ਆਗੂ, ਭੋਲਾ ਐਕਸ ਸਰਕਲ, ਪ੍ਰਧਾਨ ਜੰਗਿੰਦਰ ਸਿੰਘ, ਗੁਰਭੇਜ ਸਿੰਘ ਕਾਦਰਵਾਲਾ ਸੰਮਤੀ ਮੈਂਬਰ ਸਾਬਕਾ, ਜਗੀਰ ਸਿੰਘ ਮਦਾਰਪੁਰ, ਗੁਰਨਾਮ ਸਿੰਘ ਸ਼ਾਹ ਵਾਲਾ, ਅਵਤਾਰ ਸਿੰਘ ਸਰਪੰਚ ਬਸਤੀ ਕਸ਼ਮੀਰ, ਚਰਨਜੀਤ ਸਿੰਘ ਮੁਸੇਵਾਲਾ, ਸੁਖਵਿੰਦਰ ਸਿੰਘ ਸਰਪੰਚ ਮੁਸੇਵਾਲਾ, ਹਰਮਨਦੀਪ ਸਿੰਘ ਕੜਾਏਵਾਲਾ ਯੂਥ ਆਗੂ, ਪਰਮਿੰਦਰ ਸਿੰਘ ਨਸੀਰੇਵਾਲਾ ਐਕਸ ਸਰਪੰਚ, ਬਲਤੇਜ ਸਿੰਘ ਸਾਬਕਾ ਸਰਪੰਚ ਕੋਟ ਮੁਹੰਮਦ, ਜਗਦੀਪ ਸਿੰਘ ਢਿੱਲੋਂ ਸੋਸਾਇਟੀ ਕਨੀਆ, ਸਰਬਣ ਸਿੰਘ ਸਾਬਕਾ ਸਰਪੰਚ ਕਨੀਆ ਕਲਾਂ, ਪ੍ਰਭਦੇਵ ਸਿੰਘ ਤਾਰੇਵਾਲਾ, ਤਾਰ ਸਿੰਘ ਘੋਸਾ ਨੈਸਲੇ, ਸੁਖਵੰਤ ਸਿੰਘ ਭੋਲਾ ਮਨਾਵਾਂ, ਜੋਗਿੰਦਰ ਸਿੰਘ ਸੰਧੂ ਮਨਾਵਾਂ, ਸਵਰਨਜੀਤ ਸਿੰਘ ਸਾਬਕਾ ਸਰਪੰਚ ਮਹਿਣੇ, ਲੱਕੀ ਮਹਿਣੇ, ਬਲਦੇਵ ਸਿੰਘ ਮਹਿਣੇ ਯੂਥ ਆਗੂ, ਰਣਜੀਤ ਸਿੰਘ ਚੱਕ ਤਾਰੇਵਾਲਾ, ਰੇਸ਼ਮ ਸਿੰਘ ਸਾਬਕਾ ਸਰਪੰਚ ਫਿਰੋਜ਼ ਵਾਲਾ, ਸਤਨਾਮ ਸਿੰਘ ਜਿੰਦੜਾ, ਹਰਬੰਸ ਸਿੰਘ ਸਰੋਤਾ, ਮੋਹਨ ਸਿੰਘ ਸਾਬਕਾ ਸਰਪੰਚ ਬਾਕਰਵਾਲਾ, ਪ੍ਰਤਾਪ ਸਿੰਘ ਪੰਨੂ ਗੱਡੀ ਜੱਟਾਂ, ਨਵਜੀਤ ਸਿੰਘ ਗਿੱਲ ਯੂਥ ਆਗੂ, ਮਹਿਲ ਸਿੰਘ ਬਾਕਰਵਾਲਾ, ਦਵਿੰਦਰ ਸਿੰਘ ਇੰਦਰਗੜ੍ਹ, ਧਮਾਣਾ ਸਿੰਘ, ਤਰਸੇਮ ਸਿੰਘ ਜੰਗ, ਪ੍ਰਗਟ ਸਿੰਘ ਮਲਕ, ਇੰਦਰਜੀਤ ਸਿੰਘ ਆੜ੍ਹਤੀਆ, ਪ੍ਰਤਿਪਾਲ ਸਿੰਘ ਪੰਚ ਰੌਲੀ, ਹਰਬੰਸ ਸਿੰਘ ਪੰਚ ਰੌਲੀ, ਗੁਰਚਰਨ ਸਿੰਘ ਭੱਟੀ ਕਿਸ਼ਨਪੁਰਾ, ਰੇਸ਼ਮ ਸਿੰਘ ਰਿਟਾਇਰਡ ਐਸਡੀਓ, ਜਰਨੈਲ ਸਿੰਘ ਕੋਟ ਈਸੇ ਖਾਂ, ਗੁਰਮੀਤ ਸਿੰਘ ਦਾਤੇਵਾਲਾ, ਗੁਰਤੇਜ ਸਿੰਘ ਦਾਤੇਵਾਲਾ, ਅਵਤਾਰ ਸਿੰਘ ਭਿੰਡਰ ਕਲਾਂ, ਛਿੰਦਰ ਸਿੰਘ ਭਿੰਡਰ, ਦਿਲਬਾਗ ਸਿੰਘ ਹੈਪੀ ਭੁੱਲਰ, ਬਾਬਾ ਹਰਵਿੰਦਰ ਸਿੰਘ ਮੰਗਲੀ, ਹਰਵਿੰਦਰ ਸਿੰਘ ਕੰਨੀਆਂ ਕਲਾਂ, ਸੁਬੇਗ ਸਿੰਘ ਦਾਲੀਵਾਲਾ, ਜਸਵਿੰਦਰ ਸਿੰਘ ਕੁੱਕੀ ਕੋਟਟਾਣਾ, ਗੁਰਚਰਨ ਸਿੰਘ ਨੰਬਰਦਾਰ ਤਲਵੰਡੀ ਭੰਗੇਰੀਆਂ, ਮੁਖਤਿਆਰ ਸਿੰਘ ਤਤਾਰੀਏ ਵਾਲਾ, ਅੰਮ੍ਰਿਤਪਾਲ ਸਿੰਘ ਤਤਾਰੀਏ ਵਾਲਾ, ਬਿੱਕਰ ਸਿੰਘ ਮਹਿਣਾ, ਸਰਵਣ ਸਿੰਘ ਚੂਹੜਚੱਕ, ਨਵਜੀਤ ਸਿੰਘ ਤਾਰੇਵਾਲਾ, ਗੁਰਦਰਸ਼ਨ ਸਿੰਘ ਝੰਡੇਆਣਾ, ਰਣਬੀਰ ਸਿੰਘ ਲਾਲੀ ਜਲਾਲਾਬਾਦ, ਗੁਰਜੰਟ ਸਿੰਘ ਬੱਡੂਵਾਲਾ, ਬਲਵੀਰ ਸਿੰਘ ਸੰਧੂ, ਗੁਰਤੇਜ ਸਿੰਘ ਤਾਰੇਵਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

# ਪੁਲਸ ਵੱਲੋਂ ਵਾਹਨਾਂ ਦੀ ਚੈਕਿੰਗ ਜਾਰੀ, ਕੀਤੇ ਚਲਾਨ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੁਲਸ ਸਬ ਡਵੀਜ਼ਨ ਦੇ ਡੀਐਸਪੀ ਜਤਿੰਦਰਪਾਲ ਸਿੰਘ ਦੀ ਰਹਿਨੁਮਾਈ ਤੇ ਥਾਣਾ ਮਹਿਲ ਕਲਾਂ ਦੇ ਮੁਖੀ ਸ਼ੇਰਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਨਾਕਾ ਲਾ ਕੇ ਵਾਹਨਾਂ ਦੀ ਵਿਆਪਕ ਜਾਂਚ ਕੀਤੀ ਗਈ।

ਇਸ ਦੌਰਾਨ ਆਉਣ-ਜਾਣ ਵਾਲੇ ਵਾਹਨਾਂ ਦੇ ਕਾਗਜ਼ ਪੱਤਰ ਜਾਂਚੇ ਗਏ, ਜਿਨ੍ਹਾਂ ਵਾਹਨਾਂ ਦੇ ਦਸਤਾਵੇਜ਼ ਅਧੂਰੇ ਪਾਏ ਗਏ, ਉਨ੍ਹਾਂ ਦੇ ਚਲਾਨ ਕੱਟੇ ਗਏ ਹਨ। ਡੀਐਸਪੀ ਜਤਿੰਦਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤੀ ਅਤੇ ਅਪਰਾਧ ਮੁਕਤੀ ਲਈ ਚਲਾਈ ਗਈ ਮੁਹਿੰਮ ਨੂੰ ਸੰਭਾਲਦਿਆਂ ਐਸਐਸਪੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੁਲਿਸ ਵੱਲੋਂ ਇਲਾਕੇ ਵਿੱਚ ਸਖ਼ਤੀ ਨਾਲ ਨਾਕਾਬੰਦੀਆਂ ਤੇ ਜਾਂਚ ਮੁਹਿੰਮ ਚਲਾਈ ਜਾ ਰਹੀ ਹੈ। ਡੀਐਸਪੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤੇ ਅਪਰਾਧ ਵਿਰੁੱਧ ਮੁਹਿੰਮ ਦਾ ਹਿੱਸਾ ਬਣਨ ਤੇ ਪੁਲਸ ਪ੍ਰਸ਼ਾਸਨ ਨਾਲ ਸਹਿਯੋਗ ਕਰਨ। ਥਾਣਾ ਮੁਖੀ ਸੇਰਵਿੰਦਰ ਸਿੰਘ ਨੇ ਵੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨਾਂ ਦੇ ਕਾਗਜ਼ ਪੱਤਰ ਪੂਰੇ ਰੱਖਣ ਅਤੇ ਸਮੇਂ-ਸਮੇਂ 'ਤੇ ਆਪਣੀ ਵਾਹਨ ਜਾਂਚ ਕਰਾਉਣ ਤਾਂ ਜੁ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਕਾਰਵਾਈ ਤੋਂ ਬਚਿਆ ਜਾ ਸਕੇ।

## ਕਾਤਰਾਂ

### ਕਾਂਗਰਸੀ ਆਗੂ ਜੋਗਿੰਦਰ ਕਾਕੜਾ ਕੋਆਰਡੀਨੇਟਰ ਨਿਯੁਕਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸੀ ਆਗੂ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਨਿਭਾਈਆਂ



ਸ਼ਾਨਦਾਰ ਸੇਵਾਵਾਂ ਬਦਲੇ ਕਾਂਗਰਸ ਵੱਲੋਂ ਵਿਧਾਨ ਸਭਾ ਹਲਕਾ ਨਾਭਾ ਦਾ ਕੋਆਰਡੀਨੇਟਰ ਤੈਨਾਤ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾ ਨੇ ਪਾਰਟੀ ਹਾਈ ਕਮਾਂਡ ਤੇ ਪੰਜਾਬ ਦੇ ਪ੍ਰਧਾਨ ਰਾਜਾ ਵੜਿੰਗ ਅਤੇ ਵਿਧਾਨ ਸਭਾ ਦੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਕਾਕੜਾ ਨੂੰ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਖਨੌੜਾ ਵੱਲੋਂ ਸਨਮਾਨਤ ਕੀਤਾ ਗਿਆ।

### ਨਜਾਇਜ਼ ਪਿਸਟਲ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨਾਜਾਇਜ਼ ਪਿਸਟਲ 32 ਬੋਰ ਦੇਸੀ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਸਮੇਂ ਰੇਲਵੇ ਫਾਟਕ ਪਿੰਡ ਮੱਧਰੇ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਸ਼ਾਮ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਨਵਾਂ ਬਾਰੇ ਕੇ ਨਜਾਇਜ਼ ਪਿਸਟਲ ਲੈ ਕੇ ਬੰਨ੍ਹ ਦਰਿਆ ਸਤਲੁੱਜ ਨੇੜੇ ਪਿੰਡ ਹਬੀਬ ਕੇ ਵੱਲੋਂ ਆਪਣੇ ਪਿੰਡ ਨੂੰ ਆ ਰਿਹਾ ਹੈ, ਜਿਸ 'ਤੇ ਨਾਕਾਬੰਦੀ ਕੀਤੀ ਜਾਵੇ ਤਾਂ ਨਜਾਇਜ਼ ਪਿਸਟਲ ਸਮੇਤ ਕਾਬੂ ਆ ਸਕਦਾ ਹੈ। ਉਪਰੰਤ ਪੁਲਸ ਨੇ ਉਕਤ ਮੁਲਜ਼ਮ ਨੂੰ ਕਾਬੂ ਕਰਕੇ ਉਸ ਕੋਲੋਂ ਇੱਕ ਨਜਾਇਜ਼ ਪਿਸਟਲ 32 ਬੋਰ ਦੇਸੀ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਵਿਅਕਤੀ ਦੀ ਕੁੱਟਮਾਰ ਦੇ ਮਾਮਲੇ 'ਚ 5 ਖਿਲਾਫ ਕੇਸ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਸੈਦੇ ਕੇ ਖੂਹ ਮੋਹਰ ਸਿੰਘ ਵਾਲਾ 'ਚ ਇਕ ਵਿਅਕਤੀ ਨੂੰ ਮਾਰ ਦੇਣ ਦੀ ਨੀਯਤ ਨਾਲ ਸੱਟਾਂ ਮਾਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 5 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪਵਨਦੀਪ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਸੈਦੇ ਕੇ ਖੂਹ ਮੋਹਰ ਸਿੰਘ ਵਾਲਾ ਨੇ ਦੱਸਿਆ ਕਿ 25 ਜੂਨ 2025 ਨੂੰ ਉਹ ਤੇ ਉਸ ਦੇ ਪਿੰਡ ਦਾ ਅਰਸ਼ਦੀਪ ਸਿੰਘ ਪੁੱਤਰ ਲਖਵੀਰ ਸਿੰਘ ਵਾਸੀ ਸੈਦੇ ਕੇ ਖੂਹ ਮੋਹਰ ਸਿੰਘ ਵਾਲਾ ਮੋਟਰਸਾਈਕਲ 'ਤੇ, ਜਿਸ ਨੂੰ ਅਰਸ਼ਦੀਪ ਸਿੰਘ ਚਲਾ ਰਿਹਾ ਸੀ, ਜਾ ਰਿਹਾ ਸੀ। ਪਵਨਦੀਪ ਸਿੰਘ ਨੇ ਦੱਸਿਆ ਕਿ ਜਦ ਉਹ ਕਰੀਬ ਸਾਢੇ 8 ਵਜੇ ਰਾਤ ਗੁਰਦੁਆਰਾ ਜੰਝ ਘਰ ਕੰਬੋਜ ਨਗਰ ਪੁੱਜੇ ਤਾਂ ਪਿੱਛੇ ਦੀ ਦੋ ਮੋਟਰਸਾਈਕਲ 'ਤੇ ਛਿੰਦਰ ਸਿੰਘ ਉਰਫ ਸ਼ੈਰੀ, ਪਰਮਜੀਤ ਸਿੰਘ ਉਰਫ ਲੱਡੂ ਪੁੱਤਰਾਨ ਮੁਖਤਿਆਰ ਸਿੰਘ ਵਾਸੀਆਨ ਹਬੀਬ ਕੇ, ਪਵਨਦੀਪ ਸਿੰਘ ਉਰਫ ਪਵਨ ਪੁੱਤਰ ਗੁਰਸੇਵਕ ਸਿੰਘ, ਪ੍ਰਦੀਪ ਸਿੰਘ ਪੁੱਤਰ ਬੂਟਾ ਸਿੰਘ ਤੇ ਗੁਰਨੇਕ ਸਿੰਘ ਉਰਫ ਕਾਕਾ ਮਾਮਾ ਪੁੱਤਰ ਮਾਣਾ ਸਿੰਘ ਵਾਸੀਆਨ ਖੂਹ ਮੋਹਰ ਸਿੰਘ ਵਾਲਾ ਸੈਦੇ ਕੇ ਆਏ ਤੇ ਆਉਂਦੇ ਹੀ ਉਸ ਦੀ ਕੁੱਟਮਾਰ ਕੀਤੀ ਤੇ ਮਾਰ ਦੇਣ ਦੀ ਨੀਯਤ ਨਾਲ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਸਰਕਾਰ ਤੇ ਨਸ਼ਾ ਤਸਕਰਾਂ ਵਿਰੁੱਧ ਲੋਕ ਯੁੱਧ ਹੀ ਪੰਜਾਬ ਨੂੰ ਕਰੇਗਾ ਨਸ਼ਾ ਮੁਕਤ : ਲਿਬਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਮਾਨਸਾ ਦਿਹਾਤੀ ਕਮੇਟੀ ਦੀ ਮੀਟਿੰਗ ਸਥਾਨਕ ਸ਼ਹੀਦ ਕਾਮਰੇਡ ਬਾਬਾ ਬੂਝਾ ਸਿੰਘ ਯਾਦਗਾਰ ਭਵਨ ਵਿਖੇ ਕਾਮਰੇਡ ਅਜੈਬ ਸਿੰਘ ਭੈਣੀਬਾਘਾ ਦੀ ਪ੍ਰਧਾਨਗੀ ਹੇਠ ਹੋਈ।



ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪਾਰਟੀ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾ. ਨਛੱਤਰ ਸਿੰਘ ਖੀਵਾ, ਕੇਂਦਰੀ ਤੇ ਪੰਜਾਬ ਦੇ ਆਗੂ ਕਾ. ਰਾਜਵਿੰਦਰ ਸਿੰਘ ਰਾਣਾ ਅਤੇ ਜ਼ਿਲ੍ਹਾ ਆਗੂ ਕਾ. ਗੁਰਸੇਵਕ ਮਾਨਬੀਬੜੀਆਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ ਹੈ। ਚੋਣ ਵਾਅਦਿਆਂ ਵਿੱਚ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਮੁੱਖ ਵਾਅਦਾ ਸੀ, ਪਰ ਤਿੰਨ ਸਾਲ ਬੀਤਣ ਦੇ ਬਾਵਜੂਦ ਨਸ਼ੇ ਖਤਮ ਹੋਣ ਦੀ ਬਜਾਏ ਵਧ ਚੁੱਕੇ ਹਨ ਅਤੇ ਨਸ਼ੇ ਨਾਲ ਨੌਜਵਾਨਾਂ ਦੀਆਂ ਮੌਤਾਂ ਦੀ ਗਿਣਤੀ ਵਧ ਰਹੀ ਹੈ ਅਤੇ ਹੁਣ ਸਰਕਾਰ ਵੱਲੋਂ ਪਿੰਡਾਂ, ਸ਼ਹਿਰਾਂ ਵਿੱਚੋਂ ਨਸ਼ੇ ਨਾਲ ਹੋਈਆਂ ਮੌਤਾਂ ਨੂੰ ਹੇਠਲੇ ਪੱਧਰ 'ਤੇ ਅੰਦਰ ਖਾਤੇ ਸਸਕਾਰ ਕਰਵਾ ਕੇ ਨਸ਼ੇ ਨਾਲ ਹੋਈਆਂ ਮੌਤਾਂ ਦੀ ਵਧ ਰਹੀ ਗਿਣਤੀ ਨੂੰ ਘਟਾ ਕੇ ਪਰਦਾਪੋਸ਼ੀ ਕੀਤੀ ਜਾ ਰਹੀ ਹੈ ਤਾਂ ਕਿ ਇਹੋ ਜਿਹੇ ਮਾਮਲੇ ਦੱਬ ਕੇ ਰਹਿ ਜਾਣ ਤੇ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਸਵਾਲਾਂ ਦੇ ਘੇਰੇ 'ਚ ਨਾ ਆ ਸਕੇ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ', ਜੋ ਮੁਹਿੰਮ ਚਲਾਈ ਸੀ, ਉਸ ਮੁਹਿੰਮ ਵਿੱਚ ਪੁਲਸ ਨੂੰ ਅਥਾਹ ਸ਼ਕਤੀਆਂ ਦੇ ਦਿੱਤੀਆਂ ਹਨ। ਪੁਲਸ ਨੇ ਪੰਜਾਬ ਵਿੱਚ ਵੱਡੀ ਗਿਣਤੀ 'ਚ ਨਿਰਦੋਸ਼ਾਂ ਦੇ ਕਤਲ ਕੀਤੇ ਤੇ ਝੂਠੇ ਪਰਚੇ ਦਰਜ ਕਰਕੇ ਜੇਲ੍ਹਾਂ ਵਿੱਚ ਸੁੱਟ ਦਿੱਤਾ ਹੈ। ਇਸ ਮੁਹਿੰਮ ਵਿੱਚ ਵੱਡੇ ਨਸ਼ਾ ਤਸਕਰਾਂ ਦੇ ਘਰ ਢਾਹੁਣ ਦੀ ਬਜਾਏ ਗਰੀਬ ਨਸ਼ਾ ਕਰਨ ਵਾਲਿਆਂ ਦੇ ਘਰ ਢਾਹੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਹੁਣ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਹਮਖਿਆਲ ਪਾਰਟੀਆਂ ਅਤੇ ਜਨਤਕ ਜਥੇਬੰਦੀਆਂ ਤੇ ਲੋਕਾਂ ਦੇ ਸਹਿਯੋਗ ਨਾਲ ਸਰਕਾਰ ਤੇ ਨਸ਼ਾ ਤਸਕਰਾਂ ਖਿਲਾਫ ਲੋਕ ਯੁੱਧ ਵਿੱਢੇਗੀ ਤਾਂ ਕਿ ਪੰਜਾਬ ਵਿੱਚੋਂ ਨਸ਼ੇ ਦੇ ਕਲੰਕ ਨੂੰ ਪੂਰੀ ਤਰ੍ਹਾਂ ਖਤਮ ਕੀਤਾ ਜਾ ਸਕੇ। ਪਾਰਟੀ ਦੇ ਜ਼ਿਲ੍ਹਾ ਆਗੂ ਕਾਮਰੇਡ ਬਲਵਿੰਦਰ ਘਰਾਂਗਣਾਂ ਤੇ ਦਿਹਾਤੀ ਕਮੇਟੀ ਸਕੱਤਰ ਕਾਮਰੇਡ ਨਿਰਭੈ ਸਿੰਘ ਬੁਰਜ ਹਰੀ ਨੇ ਕਿਹਾ ਕਿ ਮਾਨਸਾ ਦਿਹਾਤੀ ਵਿੱਚ ਨਸ਼ਾ ਤਸਕਰਾਂ ਤੇ ਨਸ਼ੇੜੀਆਂ ਨੇ ਪਿੰਡ ਵਿੱਚ ਲੋਕਾਂ ਦਾ ਜਿਊਣਾ ਦੁੱਭਰ ਕਰ ਰੱਖਿਆ ਹੈ ਤੇ ਥਾਣਾ ਸਦਰ ਮਾਨਸਾ, ਭੀਖੀ ਦੀ ਪੁਲਸ ਵੀ ਕੁੰਭਕਰਨੀ ਨੀਂਦ ਸੁੱਤੀ ਪਈ ਹੈ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਖ਼ਿਲਾਫ਼ ਪਿੰਡਾਂ ਤੇ ਸ਼ਹਿਰਾਂ ਵਿੱਚ ਜਨਤਕ ਰੈਲੀਆਂ ਕਰਕੇ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ। ਇਸ ਮੌਕੇ ਪਾਰਟੀ ਆਗੂ ਕਾ. ਸਾਧੂ ਸਿੰਘ ਬੁਰਜ ਢਿੱਲਵਾਂ, ਕੁਲਦੀਪ ਸਿੰਘ ਤਾਮਕੋਟ, ਸੁਖਵਿੰਦਰ ਸਿੰਘ ਫਰਵਾਹੀ, ਦਿਨੇਸ਼ ਭੀਖੀ, ਕਾਲਾ ਸਿੰਘ ਸਮਾਉਂ, ਕਾਮਰੇਡ ਜਗਦੀਪ ਸਿੰਘ, ਅੰਗਰੇਜ਼ ਸਿੰਘ ਨੰਗਲ, ਬਿੱਲੂ ਸਿੰਘ ਬੁਰਜ ਢਿੱਲਵਾਂ, ਦਲਜੀਤ ਕੌਰ, ਗੀਤੂ ਕੌਰ, ਗੁਰਜੀਤ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

# ਪੁਲਸ ਨੇ ਅੰਤਰਰਾਜੀ ਭਗੌੜਾ ਕੀਤਾ ਕਾਬੂ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਐਸ ਐਸ ਪੀ ਗਗਨ ਅਜੀਤ ਸਿੰਘ ਨੇ ਦੱਸਿਆ ਕਿ ਮਾੜੇ ਅਨਸਰਾਂ/ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ, ਜਦੋਂ ਐਸ.ਪੀ (ਇੰਨਵੈਸਟੀਗੇਸ਼ਨ) ਸਤਪਾਲ ਸ਼ਰਮਾ ਤੇ ਡੀ.ਐਸ.ਪੀ (ਇਨਵੈਸਟੀਗੇਸ਼ਨ) ਸਤੀਸ਼ ਕੁਮਾਰ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਸਿਮਰਨਜੀਤ ਸਿੰਘ ਇੰਚਾਰਜ ਸੀ ਆਈ ਏ ਮਾਹੋਰਾਣਾ ਤੇ ਉਨ੍ਹਾਂ ਦੀ ਟੀਮ ਵੱਲੋਂ ਕੇਸ ਨੰਬਰ ਐਨ.ਡੀ.ਐਕਟ 148/2023 ਦੇ ਭਗੌੜੇ ਰੂਪਮ ਸ਼ਰਮਾ ਪੁੱਤਰ ਲੇਟ ਕੁਲਦੀਪ ਸ਼ਰਮਾ ਵਾਸੀ ਮਕਾਨ ਨੰਬਰ ਬੀ.ਐਕਸ-1009, ਪਿੰਡ ਲੰਮਾ, ਜ਼ਿਲ੍ਹਾ ਜਲੰਧਰ ਹਾਲ ਮਕਾਨ ਨੰਬਰ 103-ਬੀ, ਸੂਰੀਆ ਇਨਕਲੇਵ, ਜਲੰਧਰ ਨੂੰ ਹਸਬ ਜ਼ਾਬਤਾ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਹੋਰ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਭਗੌੜੇ ਰੂਪਮ ਸ਼ਰਮਾ ਉਕਤ ਦੇ ਖਿਲਾਫ ਵੱਖ-ਵੱਖ ਰਾਜਾਂ ਦੇ ਜ਼ਿਲ੍ਹਿਆਂ 'ਚ ਕਰੀਬ 40/45 ਸ਼ਿਕਾਇਤਾਂ/ਕੇਸ ਦਰਜ ਹਨ, ਜਿਨ੍ਹਾਂ ਵਿੱਚੋਂ ਕਾਫ਼ੀ ਕੇਸਾਂ ਵਿੱਚ ਰੂਪਮ ਸ਼ਰਮਾ ਉਕਤ ਭਗੌੜਾ ਚੱਲਿਆ ਆ ਰਿਹਾ ਸੀ। ਭਗੌੜੇ ਰੂਪਮ ਸ਼ਰਮਾ ਉਕਤ ਦੀ ਗ੍ਰਿਫ਼ਤਾਰੀ ਸਬੰਧੀ ਸੂਚਨਾ ਸਬੰਧਿਤ ਜ਼ਿਲ੍ਹਿਆਂ/ਰਾਜਾਂ ਨੂੰ ਜ਼ਾਬਤੇ ਅਨੁਸਾਰ ਦਿੱਤੀ ਗਈ ਹੈ, ਤਾਂ ਜੁ ਉਨ੍ਹਾਂ ਕੇਸਾਂ ਵਿੱਚ ਰੂਪਮ ਸ਼ਰਮਾ ਉਕਤ ਦੀ ਗ੍ਰਿਫ਼ਤਾਰੀ ਹੋ ਸਕੇ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਭਵਿੱਖ 'ਚ ਵੀ ਮਾੜੇ ਅਨਸਰਾਂ/ਭਗੌੜਿਆਂ ਵਿਰੁੱਧ ਲਗਾਤਾਰ ਕਾਰਵਾਈ ਜਾਰੀ ਰਹੇਗੀ।

# ਕਿਰਤੀ ਕਿਸਾਨ ਯੂਨੀਅਨ ਵੱਲੋਂ 25 ਦੇ ਸੰਗਰੂਰ ਧਰਨੇ 'ਚ ਵੱਡੀ ਸ਼ਮੂਲੀਅਤ ਦਾ ਐਲਾਨ

## ਪੰਜਾਬ 'ਚ ਪੁਲਸ ਰਾਜ, ਲੋਕਾਂ 'ਚ ਗੁੱਸੇ ਦੀ ਲਹਿਰ : ਝਬੇਲਵਾਲੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਅਹਿਮ ਮੀਟਿੰਗ ਜ਼ਿਲ੍ਹੇ ਦੇ ਮੀਤ ਪ੍ਰਧਾਨ ਗੁਰਮੀਤ ਸਿੰਘ ਮਰਾੜ੍ਹ ਕਲਾਂ ਦੀ ਪ੍ਰਧਾਨਗੀ ਹੇਠ ਸ਼ਹੀਦ ਭਾਈ ਮਹਾਂ ਸਿੰਘ ਦਿਵਾਨ ਹਾਲ ਵਿੱਚ ਹੋਈ, ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਤੇ ਸੁਖਪਾਲ ਸਿੰਘ ਰਾਮਗੜ੍ਹ ਚੁੰਘਾਂ ਨੇ ਕਿਹਾ ਕਿ ਪੰਜਾਬ ਵਿੱਚ ਜਮਹੂਰੀਅਤ ਨੂੰ ਲਗਾਤਾਰ ਖਤਮ ਕੀਤਾ ਜਾ ਰਿਹਾ ਹੈ ਤੇ ਕਿਸਾਨਾਂ ਮਜ਼ਦੂਰਾਂ ਦੇ ਸੰਘਰਸ਼ਾਂ ਨੂੰ ਕੁਚਲਣ ਤੋਂ ਇਲਾਵਾ ਝੂਠੇ ਪੁਲਸ ਮੁਕਾਬਲੇ, ਹਿਰਾਸਤੀ ਕਤਲ, ਬੁਲਡੋਜ਼ਰ ਕਾਰਵਾਈਆਂ ਆਮ ਵਰਤਾਰਾ ਬਣਦਾ ਜਾ ਰਿਹਾ ਹੈ। ਇਸ ਕਰਕੇ ਪੰਜਾਬ 'ਚ ਅੱਜ ਇਸ ਜਬਰ ਖਿਲਾਫ ਗੁੱਸੇ ਦੀ ਲਹਿਰ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪਹਿਲਾਂ ਕੇਂਦਰ ਨੇ ਨਵੇਂ ਫੌਜਦਾਰੀ ਕਾਨੂੰਨ ਲਿਆ ਕੇ ਹਰ ਰੋਸ ਪ੍ਰਦਰਸ਼ਨ ਨੂੰ ਅੱਤਵਾਦੀ ਸਰਗਰਮੀ ਦੇ ਘੇਰੇ 'ਚ ਲੈ ਆਂਦਾ ਤੇ ਉਸੇ ਦਿਸ਼ਾ 'ਚ ਪੰਜਾਬ ਸਰਕਾਰ ਅੱਗੇ ਵਧ ਰਹੀ ਹੈ ਅਤੇ ਲੋਕਾਂ ਦੇ ਪ੍ਰਦਰਸ਼ਨ ਕਰਨ ਦੇ ਹੱਕ 'ਤੇ ਅਣਐਲਾਨੀਆਂ ਪਾਬੰਦੀਆਂ ਮੜ੍ਹ ਰਹੀ ਹੈ। ਝੂਠੇ ਪੁਲਸ ਮੁਕਾਬਲਿਆਂ ਤੇ



ਹਿਰਾਸਤੀ ਕਤਲਾਂ ਲਈ ਜ਼ਿੰਮੇਵਾਰ ਪੁਲਸ ਅਧਿਕਾਰੀਆਂ 'ਤੇ ਸਰਕਾਰ ਕੋਈ ਕਾਰਵਾਈ ਕਰਨ ਦੀ ਬਜਾਏ ਉਨ੍ਹਾਂ ਦੀ ਪਿੱਠ 'ਤੇ ਖੜ੍ਹੀ ਹੈ। ਇਸ ਮੌਕੇ ਜਸਪਾਲ ਸਿੰਘ ਚੱਕ ਗਾਂਧਾ ਸਿੰਘ ਵਾਲਾ ਤੇ ਦਵਿੰਦਰ ਸਿੰਘ ਲੁਬਾਣਿਆਂ ਵਾਲੀ ਨੇ ਕਿਹਾ ਕਿ ਅਮਰੀਕਾ ਨਾਲ ਮੁਫਤ ਵਪਾਰ ਸਮਝੌਤੇ ਤੇ ਲੈਂਡ ਪੂਲਿੰਗ ਪਾਲਸੀ ਰਾਹੀਂ ਖੇਤੀ ਤੇ ਜ਼ਮੀਨਾਂ ਨੂੰ ਖਤਮ ਕਰਨ ਦੀ ਖਤਰਨਾਕ ਦਿਸ਼ਾ ਕੇਂਦਰ ਤੇ ਪੰਜਾਬ ਸਰਕਾਰ ਲੈ ਚੁੱਕੀ ਹੈ।

ਜੇਕਰ ਪੰਜਾਬ ਦੇ ਕਿਸਾਨਾਂ ਨੇ ਖੇਤੀ ਤੇ ਜ਼ਮੀਨ ਬਚਾਉਣੀ ਹੈ, ਤਾਂ ਵਿਰੋਧ ਕਰਨ ਦੇ ਜਮਹੂਰੀ ਹੱਕਾਂ ਨੂੰ ਬਚਾਉਣਾ ਬੇਹੱਦ ਲਾਜ਼ਮੀ ਹੈ। ਆਗੂਆਂ ਨੇ ਕਿਹਾ ਕਿ 25 ਜੁਲਾਈ ਨੂੰ ਸੰਗਰੂਰ ਵਿੱਚ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਪੁਲਸੀਆ ਰਾਜ ਖਿਲਾਫ ਕਿਸਾਨਾਂ ਮਜ਼ਦੂਰਾਂ ਦੀ ਰੈਲੀ ਨੂੰ ਸਫਲ ਬਣਾਉਣ ਲਈ ਪਿੰਡਾਂ ਵਿੱਚ ਮੀਟਿੰਗਾਂ, ਰੈਲੀਆਂ ਰਾਹੀਂ ਲਾਮਬੰਦੀ ਕੀਤੀ ਜਾਵੇਗੀ।

ਇਸ ਮੌਕੇ ਜਸਵਿੰਦਰ ਸਿੰਘ ਵੜਿੰਗ, ਜੁਗਰਾਜ ਸਿੰਘ ਲੁਬਾਣਿਆਂਵਾਲੀ, ਫੌਜੀ ਬਲਜੀਤ ਸਿੰਘ ਝਬੇਲਵਾਲੀ, ਜਸਵੰਤ ਸਿੰਘ ਡੋਡਾਂਵਾਲੀ, ਕੇਵਲ ਸਿੰਘ ਚੱਕ ਗਾਂਧਾ ਸਿੰਘ ਵਾਲਾ, ਸੁਖਦੇਵ ਸਿੰਘ ਝਬੇਲਵਾਲੀ, ਹਰਿੰਦਰ ਸਿੰਘ ਰਾਮਗੜ੍ਹ ਚੁੰਘਾਂ, ਚਮਕੌਰ ਸਿੰਘ ਤਖਤ ਮੁਲਾਣਾ, ਸਰਬਜੀਤ ਸਿੰਘ, ਕਰਮਤੇਜ ਸਿੰਘ, ਗੁਰਜੀਤ ਸਿੰਘ, ਗੁਰਚਰਨ ਸਿੰਘ ਆਦਿ ਆਗੂ ਹਾਜ਼ਰ ਸਨ।

# ਦੋ ਦੁਕਾਨਾਂ 'ਚ ਚੋਰੀ, ਲੱਖਾਂ ਰੁਪਏ ਦਾ ਨੁਕਸਾਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਦੋ ਵੱਖ-ਵੱਖ ਦੁਕਾਨਾਂ 'ਚ ਚੋਰਾਂ ਵੱਲੋਂ ਚੋਰੀ ਦੀ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਚੋਰੀ ਦੀ ਇਸ ਘਟਨਾ ਕਾਰਨ ਦੁਕਾਨਦਾਰਾਂ ਨੂੰ ਲੱਖਾਂ ਰੁਪਏ ਦਾ ਨੁਕਸਾਨ ਹੋਣ ਦੀ ਜਾਣਕਾਰੀ ਸਾਹਮਣੀ ਆਈ ਹੈ। ਦੁਕਾਨਦਾਰ ਲੱਕੀ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਟਾਇਰ ਤੇ ਬੈਟਰੀਆਂ ਦੀ ਦੁਕਾਨ ਰਾਤ ਵੇਲੇ ਚੋਰਾਂ ਵਲੋਂ ਨਿਸ਼ਾਨਾ ਬਣਾਈ ਗਈ। ਉਨ੍ਹਾਂ ਮੁਤਾਬਕ ਚੋਰ ਬਲੈਰੋ ਕਾਰ 'ਚ ਸਵਾਰ ਹੋ ਕੇ ਆਏ ਅਤੇ ਦੁਕਾਨ ਦੇ ਜ਼ਿੰਦੇ ਤੋੜ ਕੇ ਅੰਦਰ ਦਾਖਲ ਹੋਏ। ਚੋਰਾਂ ਵੱਲੋਂ ਦੁਕਾਨ ਵਿੱਚੋਂ ਵੱਡੀ ਮਾਤਰਾ ਵਿੱਚ ਟਾਇਰ, ਬੈਟਰੀਆਂ ਤੇ ਕੁਝ ਨਕਦੀ ਚੋਰੀ ਕਰ ਲਈ ਗਈ, ਜਿਸ ਕਾਰਨ ਲਗਪਗ ਸਾਢੇ ਤਿੰਨ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸੜਕ ਦੇ ਉਸ ਪਾਰ ਇਕ ਹੋਰ ਦੁਕਾਨ, ਜਿਸ ਵਿੱਚ ਟੇਪ ਦਾ ਕੰਮ ਹੁੰਦਾ ਹੈ, ਨੂੰ ਵੀ ਚੋਰਾਂ ਨੇ ਨਿਸ਼ਾਨਾ ਬਣਾਇਆ। ਇੱਥੇ ਵੀ ਚੋਰਾਂ ਨੇ ਜ਼ਿੰਦੇ ਤੋੜ ਕੇ ਕਰੀਬ 20 ਹਜ਼ਾਰ ਰੁਪਏ ਦਾ ਸਾਮਾਨ ਚੋਰੀ ਕਰ ਲਿਆ। ਦੁਕਾਨਦਾਰਾਂ ਨੇ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਤੇ ਰਾਤ ਦੇ ਸਮੇਂ 'ਚ ਗਸ਼ਤ ਮੁਕੰਮਲ ਬਣਾਉਣ ਦੀ ਮੰਗ ਕੀਤੀ ਹੈ। ਥਾਣਾ ਸਦਰ ਦੇ ਮੁਖੀ ਐਸ.ਐਚ.ਓ. ਜਸਵੀਰ ਸਿੰਘ ਤੂਰ ਨੇ ਕਿਹਾ ਕਿ ਚੋਰੀ ਦੀ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਨਜ਼ਦੀਕੀ ਇਲਾਕਿਆਂ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਅਨੁਸ਼ਾਸਨ ਦੇ ਮਾਮਲੇ 'ਚ ਸਿੱਕਮ ਭਾਰਤ ਦਾ ਰਾਹ ਦਸੇਰਾ : ਡਾ. ਬੈਨੀਪਾਲ

## ਲੇਖਕ ਮੰਚ ਸਮਰਾਲਾ ਦੀ ਮਾਸਿਕ ਮੀਟਿੰਗ 'ਚ ਲੇਖਕਾਂ ਨੇ ਰੰਗ ਬੰਨ੍ਹਿਆ

**ਸਮਰਾਲਾ (ਸੁਰਜੀਤ ਸਿੰਘ)**-'ਕਿਸੇ ਵੀ ਦੇਸ਼ ਤੇ ਕੌਮ ਦੀ ਤਰੱਕੀ 'ਚ ਉਸ ਦੇ ਲੋਕਾਂ ਦੇ ਅਨੁਸ਼ਾਸਨ ਪ੍ਰੇਮੀ ਹੋਣ ਵਿੱਚ ਵੱਡਾ ਯੋਗਦਾਨ ਹੁੰਦਾ ਹੈ। ਬਿਨਾਂ ਅਨੁਸ਼ਾਸਨ ਕੋਈ ਵੀ ਸਮਾਜ ਤਰੱਕੀ ਨਹੀਂ ਕਰ ਸਕਦਾ।' ਇਹ ਵਿਚਾਰ ਇਥੇ ਲੇਖਕ ਮੰਚ ਸਮਰਾਲਾ ਦੀ ਮਾਸਿਕ ਮੀਟਿੰਗ ਦੌਰਾਨ ਆਪਣੇ ਸਿੱਕਮ ਰਾਜ ਦੇ ਦੌਰੇ ਦੌਰਾਨ ਹਾਸਲ ਕੀਤੇ ਤਜਰਬਿਆਂ ਦੀ ਸਾਂਝ ਪਾਉਂਦਿਆਂ ਲੇਖਕ ਮੰਚ ਸਮਰਾਲਾ ਦੇ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਹਾਜ਼ਰ ਲੇਖਕਾਂ ਨੂੰ ਸੰਬੋਧਨ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸਿੱਕਮ ਦੇਸ਼ ਦਾ ਇੱਕ ਅਜਿਹਾ ਰਾਜ ਹੈ, ਜਿਸ ਦੇ ਵਸਨੀਕਾਂ ਨੇ ਜ਼ਿੰਦਗੀ ਦੇ ਹਰ ਖੇਤਰ ਵਿੱਚ ਅਨੁਸ਼ਾਸਨ ਨੂੰ ਸਖਤੀ ਨਾਲ ਅਪਣਾਇਆ ਹੈ ਅਤੇ ਲਾ-ਮਿਸਾਲ ਤਰੱਕੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਲੋਕਾਂ ਨੂੰ ਉੱਨਤੀ ਕਰਨ ਲਈ ਸਿੱਕਮ ਦੇ ਲੋਕਾਂ ਵਾਂਗ ਅਨੁਸ਼ਾਸਨ ਪ੍ਰੇਮੀ ਹੋਣ ਚਾਹੀਦਾ ਹੈ, ਤਾਂ ਹੀ ਦੇਸ਼ ਅੱਗੇ ਵਧ ਸਕਦਾ ਹੈ। ਉਨ੍ਹਾਂ ਸਿੱਕਮ ਰਾਜ ਦੇ ਸੱਭਿਆਚਾਰ, ਵਿਕਾਸ ਤੇ ਉਨ੍ਹਾਂ ਦੀ ਜੀਵਨ ਸ਼ੈਲੀ ਬਾਰੇ ਵਿਸਥਾਰ ਨਾਲ ਵਿਚਾਰਾਂ ਕੀਤੀਆਂ। ਉਨ੍ਹਾਂ ਕਿਹਾ ਕਿ ਸਿੱਕਮ ਦੀਆਂ ਗਲੀਆਂ ਤੇ ਸੜਕਾਂ ਉੱਤੇ ਕੂੜੇ-ਕਚਰੇ ਦਾ ਇੱਕ ਡੱਕਾ ਵੀ ਨਜ਼ਰ ਨਹੀਂ ਆਉਂਦਾ। ਉਨ੍ਹਾਂ ਕਿਹਾ ਕਿ ਸਿੱਕਮ ਵਿਚ ਜਿਆਦਾਤਰ ਔਰਤਾਂ ਆਦਮੀਆਂ ਨਾਲੋਂ ਅੱਗੇ ਵਧ ਕੇ ਕੰਮ ਕਰਦੀਆਂ ਹਨ। ਔਰਤਾਂ ਹਰ ਖੇਤਰ ਵਿੱਚ ਮਹਿਫੂਜ਼ ਹਨ। ਇਸ ਤੋਂ ਪਹਿਲਾਂ ਉਨ੍ਹਾਂ ਇਸ ਇਲਾਕੇ ਦੀ ਵਿੱਸਰ ਚੁੱਕੀ



ਸਾਹਿਤਕ ਤੇ ਗੀਤਕਾਰ ਹਸਤੀ ਖੁਸ਼ਦਿਲ ਸਮਰਾਲਵੀ ਦੇ ਜੀਵਨ ਤੇ ਰਚਨਾਤਮਕਤਾ ਦੀ ਖੋਜ ਬਾਰੇ ਕੁਝ ਤੱਥ ਲੇਖਕਾਂ ਦੀ ਨਜ਼ਰ ਕੀਤੇ। ਇਸੇ ਦੌਰਾਨ ਲਖਬੀਰ ਸਿੰਘ ਬਲਾਲਾ ਤੇ ਡਾ. ਹਰਜਿੰਦਰਪਾਲ ਸਿੰਘ ਨੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਕੀਤੀ ਆਪਣੀਆਂ ਯਾਤਰਾਵਾਂ ਦੇ ਦਿਲਚਸਪ ਵਿਆਖਿਆਨ ਪੇਸ਼ ਕੀਤੇ।

ਕਹਾਣੀਕਾਰ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਤੇ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਦੀ ਸਰਪ੍ਰਸਤੀ ਤੇ ਲੇਖਕ ਮੰਚ ਸਮਰਾਲਾ ਦੇ ਪ੍ਰਧਾਨ ਨਾਟਕਕਾਰ ਰਾਜਵਿੰਦਰ ਸਮਰਾਲਾ ਦੀ ਪ੍ਰਧਾਨਗੀ ਹੇਠ ਹੋਈ ਇਸ ਮਾਸਿਕ ਮੀਟਿੰਗ ਵਿੱਚ ਰਚਨਾਵਾਂ ਦੇ ਦੌਰ ਵਿੱਚ ਨੇਤਰ ਮੁੱਤਿਓਂ ਨੇ ਗੀਤ 'ਭੇਸ', ਮਨਦੀਪ ਸਿੰਘ ਨੇ ਗੀਤ ਹਾਲਾਤ, ਪੱਤਰਕਾਰ ਕਰਮਜੀਤ ਸਿੰਘ ਆਜ਼ਾਦ ਨੇ ਗੀਤ ਅਤੇ ਉਸਤਾਦ ਗ਼ਜ਼ਲਗੋ ਐੱਸ ਨਸੀਮ ਨੇ ਆਪਣੀ ਗ਼ਜ਼ਲ ਸੁਣਾ ਕੇ ਮਹਿਫ਼ਿਲ ਨੂੰ ਰੰਗੀਨ ਫਿਜ਼ਾ ਨਾਲ ਸਰਾਬੋਰ ਕਰ ਦਿੱਤਾ। ਇਸੇ ਤਰ੍ਹਾਂ ਅਮਰਜੀਤ ਕੌਰ ਮਰਿੰਡਾ ਨੇ ਗ਼ਜ਼ਲ 'ਨਹੀਂ ਹੋਣਾ ਅਸਰ ਕੋਈ ਤਬੀਬਾ ਇਸ ਦਵਾਈ ਦਾ' ਸੁਣਾ ਕੇ ਮਾਹੌਲ ਨੂੰ ਗੰਭੀਰ ਕਰ ਦਿੱਤਾ। ਅਵਤਾਰ ਓਟਾਲਾਂ ਤੇ ਪਰਮਜੀਤ ਖੜਕ ਦੇ ਗੀਤ ਆਕਰਸ਼ਣ ਦਾ ਕੇਂਦਰ ਰਹੇ। ਹਿੰਦੀ ਕਹਾਣੀ 'ਤੇ ਅਧਾਰਤ ਨਾਟਕਕਾਰ ਜਗਦੀਸ਼ ਖੰਨਾ ਨੇ ਆਪਣੇ ਨਵੇਂ ਨਾਟਕ ਦੀ ਮਹਾਂਮਾਰੀ ਦੌਰਾਨ ਟੁੱਟਦੇ ਰਿਸ਼ਤਿਆਂ ਦੀ ਤ੍ਰਾਸਦੀ ਦੀ ਸਕ੍ਰਿਪਟ ਹਾਜ਼ਰ ਲੇਖਕਾਂ ਸਨਮੁੱਖ ਪੜ੍ਹ ਕੇ ਸੁਣਾਈ। ਪੇਸ਼ ਕੀਤੀਆਂ ਰਚਨਾਵਾਂ ਤੇ ਹਾਜ਼ਰ ਲੇਖਕਾਂ ਵੱਲੋਂ ਨਿੱਠ ਕੇ ਵਿਚਾਰ ਚਰਚਾ ਕੀਤੀ ਗਈ ਤੇ ਉਸਾਰੂ ਸੁਝਾਅ ਪੇਸ਼ ਕੀਤੇ ਗਏ। ਹਾਜ਼ਰ ਲੇਖਕਾਂ ਵਿੱਚ ਹੋਰਨਾਂ ਤੋਂ ਇਲਾਵਾ ਨਵਦੀਪ ਸਿੰਘ, ਕਰਮਜੀਤ ਸਿੰਘ ਬਾਸੀ, ਕੇਵਲ ਕਦੋਂ, ਪ੍ਰੋ. ਡਾ. ਹਰਿੰਦਰਜੀਤ ਸਿੰਘ ਕਲੇਰ, ਅਦਾਕਾਰਾ ਕਮਲਜੀਤ ਕੌਰ, ਰਵੀ ਹੰਸ, ਅਜੈ ਕੁਮਾਰ ਤੇ ਕਪਿਲ ਵਿਜਨ ਸ਼ਾਮਲ ਸਨ। ਅੰਤ ਵਿੱਚ ਮੰਚ ਦੇ ਪ੍ਰਧਾਨ ਰਾਜਵਿੰਦਰ ਸਮਰਾਲਾ ਨੇ ਆਏ ਲੇਖਕਾਂ ਦਾ ਧੰਨਵਾਦ ਕੀਤਾ।

# ਪੰਜਾਬ ਸਰਕਾਰ ਖਿਲਾਫ਼ ਰੈਲੀ ਤੇ ਰੋਸ ਮਾਰਚ 25 ਨੂੰ

**ਬੱਧਨੀ ਕਲਾਂ (ਲਵਲੀ ਕੁਮਾਰ)**-ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਦੀ ਮੀਟਿੰਗ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਦੌਰਾਨ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਜ਼ਿਲ੍ਹਾ ਮੀਤ ਪ੍ਰਧਾਨ ਨਾਜਰ ਸਿੰਘ ਖਾਈ ਤੇ ਜ਼ਿਲ੍ਹਾ ਆਗੂ ਬੂਟਾ ਸਿੰਘ ਤਖਾਣਵੱਧ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਦੌਰਾਨ ਬਲਾਕ ਮੀਤ ਪ੍ਰਧਾਨ ਬਲਦੇਵ ਸਿੰਘ ਭੰਗੂ ਬੱਧਨੀ ਕਲਾਂ, ਬਲਾਕ ਸਕੱਤਰ ਜਗਸੀਰ ਸਿੰਘ ਮਾਛੀਕੇ, ਬਲਾਕ ਪ੍ਰੈਸ ਸਕੱਤਰ ਨਛੱਤਰ ਸਿੰਘ ਦੌਧਰ ਤੇ ਮੀਤ ਪ੍ਰਧਾਨ ਬਲਦੇਵ ਸਿੰਘ ਲੋਪੋ ਨੇ ਦੱਸਿਆ ਕਿ ਜਿਵੇਂ ਪਿਛਲੇ ਤਿੰਨ-ਚਾਰ ਮਹੀਨਿਆਂ ਤੋਂ ਪੰਜਾਬ ਸਰਕਾਰ ਵੱਲੋਂ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਨੂੰ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਸ ਦੀ ਮੱਦਦ ਨਾਲ ਕੁਚਲਣ ਦੀ ਕੋਸ਼ਿਸ਼ ਕੀਤੀ ਗਈ ਹੈ। ਪੰਜਾਬ ਸਰਕਾਰ ਨੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਪੰਜਾਬ ਸਰਕਾਰ ਨੇ ਪਹਿਲਾਂ ਖਨੌਰੀ ਤੇ ਸ਼ੰਭੂ ਬਾਰਡਰ 'ਤੇ ਦਮਨਕਾਰੀ ਨੀਤੀ ਅਪਣਾਈ ਤੇ ਮੋਰਚੇ ਨੂੰ ਤਹਿਸ਼-ਨਹਿਸ਼ ਕੀਤਾ। ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਐਮ. ਐਸ. ਪੀ ਦੀ ਮੰਗ ਨੂੰ ਲੈ ਕੇ ਚੰਡੀਗੜ੍ਹ ਲੱਗ ਰਹੇ ਮੋਰਚੇ ਨੂੰ ਤਹਿਸ਼ ਨਹਿਸ਼ ਕਰਨ ਲਈ ਕਿਸਾਨਾਂ ਨੂੰ 4 ਮਾਰਚ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਤੋਂ ਬਾਅਦ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਲੈਂਡ ਸੀਲਿੰਗ ਐਕਟ ਕਾਨੂੰਨ ਤਹਿਤ ਸੰਗਰੂਰ ਵਿਚ ਰਾਜੇ ਦੀ 900 ਦੇ ਕਰੀਬ ਪਈ ਜ਼ਮੀਨ ਨੂੰ ਬੇਜ਼ਮੀਨੇ ਲੋਕਾਂ ਵਿੱਚ ਵੰਡਣ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਪੰਜਾਬ ਸਰਕਾਰ ਵੱਲੋਂ ਕੁਚਲਣ ਲਈ ਮਜ਼ਦੂਰ ਆਗੂਆਂ ਤੇ ਸੈਂਕੜੇ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਜੇਲ ਭੇਜ ਦਿੱਤਾ ਗਿਆ। ਆਏ ਦਿਨ ਗੈਂਗਸਟਰਾਂ ਦੇ ਨਾਂਅ 'ਤੇ ਨੌਜਵਾਨਾਂ ਦੇ ਗੋਲੀਆਂ ਮਾਰੀਆਂ ਜਾ ਰਹੀਆਂ ਹਨ, ਜੋ ਬਹੁਤ ਹੀ ਚਿੰਤਾਜਨਕ ਗੱਲ ਹੈ। ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ 'ਤੇ ਹੋਏ ਦਮਨ ਅਤੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰ ਖਿਲਾਫ਼ ਸੰਗਰੂਰ ਵਿੱਚ 25 ਜੁਲਾਈ ਨੂੰ ਪੰਜਾਬ ਸਰਕਾਰ ਖਿਲਾਫ਼ ਰੈਲੀ ਅਤੇ ਰੋਸ ਮਾਰਚ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਵੱਲੋਂ ਵੱਡੇ ਕਾਫਲੇ ਨਾਲ ਸ਼ਮੂਲੀਅਤ ਕੀਤੀ ਜਾਵੇਗੀ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਇਨ ਹਾਊਸ ਪਿਕਨਿਕ/ਪੂਲ ਪਾਰਟੀ

## ਪਾਰਟੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਪੜ੍ਹਾਈ ਤੋਂ ਇਲਾਵਾ ਮਨੋਰੰਜਨ ਤੇ ਆਤਮ-ਵਿਕਾਸ ਦੇ ਮੌਕੇ ਪ੍ਰਦਾਨ ਕਰਨਾ : ਪ੍ਰਿੰ. ਸੰਜੀਵ ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਦੇਸ਼ ਭਗਤ ਗਲੋਬਲ ਸਕੂਲ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਇਕ ਰੋਜ਼ਾ ਇਨ ਹਾਊਸ ਪਿਕਨਿਕ/ਪੂਲ ਪਾਰਟੀ ਦਾ ਆਯੋਜਨ ਕੀਤਾ ਗਿਆ। ਇਹ ਪਾਰਟੀ ਸਕੂਲ ਪਾਰਕ 'ਚ ਮਨਾਈ ਗਈ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਨੇ ਹਿੱਸਾ ਲਿਆ। ਪਿਕਨਿਕ ਦੌਰਾਨ ਬੱਚਿਆਂ ਨੇ ਖੇਡਾਂ, ਨਾਚ-ਗੀਤ ਤੇ ਖਾਣ-ਪੀਣ ਦਾ ਖੂਬ ਆਨੰਦ ਮਾਣਿਆ। ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨਾਲ ਮਿਲ ਕੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਵਿੱਚ ਭਾਗ ਲਿਆ। ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਦੱਸਿਆ ਕਿ ਇਸ ਪਾਰਟੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਪੜ੍ਹਾਈ ਤੋਂ ਇਲਾਵਾ ਮਨੋਰੰਜਨ ਤੇ ਆਤਮ-ਵਿਕਾਸ ਦੇ ਮੌਕੇ ਪ੍ਰਦਾਨ ਕਰਨਾ ਸੀ। ਇਸ ਮੌਕੇ ਡਾ. ਜਿੰਦਲ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਬੱਚਿਆਂ ਵਿੱਚ ਸਮੂਹਕਤਾ, ਸਹਿਯੋਗ ਤੇ ਸਿੱਖਣ ਦੀ ਚਾਹਨਾ ਪੈਦਾ ਹੁੰਦੀ ਹੈ। ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਅਸੀਂ ਅੱਗੇ ਤੋਂ ਵੀ ਇਹੋ ਜਿਹੀਆਂ ਗਤੀਵਿਧੀਆਂ ਰਾਹੀਂ ਮਨੋਰੰਜਨ ਕਰਵਾ ਕੇ ਬੱਚਿਆਂ ਦਾ ਸਰਵਪੱਖੀ ਵਿਕਾਸ ਕਰਦੇ ਰਹਾਂਗੇ।

# ਸਕੂਲ ਮੈਨੇਜਮੈਂਟ ਕਮੇਟੀ 'ਚ ਬਾਹਰਲੇ ਵਿਅਕਤੀਆਂ ਨੂੰ ਫਿੱਟ ਕਰਨਾ ਮੰਦਭਾਗਾ : ਜੀ ਟੀ ਯੂ ਪੰਜਾਬ

**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ ਤੇ ਪ੍ਰੈੱਸ ਸਕੱਤਰ ਕਰਨੈਲ ਫਿਲੌਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ



15 ਜੁਲਾਈ ਤੋਂ ਅਗਲੇ ਦੋ ਸਾਲਾਂ ਲਈ ਹੋਂਦ ਵਿੱਚ ਆਉਣ ਵਾਲੀਆਂ ਸਕੂਲ ਮੈਨੇਜਮੈਂਟ ਕਮੇਟੀਆਂ ਲਈ ਆਮ ਆਦਮੀ ਪਾਰਟੀ ਵੱਲੋਂ ਸਿਆਸੀ ਦਖਲ ਅੰਦਾਜ਼ੀ ਕਰਦਿਆਂ ਇਲਾਕੇ ਦੇ ਚੁਣੇ ਹੋਏ ਜਨਤਕ ਪ੍ਰਤੀਨਿਧੀ ਤੇ ਸਿੱਖਿਆ ਕਰਮੀ ਦੀ ਥਾਂ ਆਪਣੇ ਚਹੇਤਿਆਂ ਨੂੰ ਮੈਂਬਰ ਬਣਾਉਣ ਲਈ ਸਿਫ਼ਾਰਸ਼ ਕੀਤੀਆਂ ਲਿਸਟਾਂ ਜ਼ਿਲ੍ਹਿਆਂ ਦੇ ਸਿੱਖਿਆ ਅਧਿਕਾਰੀਆਂ ਨੂੰ ਭੇਜ ਕੇ ਉਨ੍ਹਾਂ ਨੂੰ ਹੀ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਬਣਾਉਣ ਦੇ ਜ਼ੁਬਾਨੀ ਹੁਕਮ ਦੇ ਦਿੱਤੇ ਹਨ, ਜਦੋਂਕਿ ਬੱਚਿਆਂ ਦੇ ਮੁਫ਼ਤ ਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 21, ਪੰਜਾਬ ਮੁਫ਼ਤ ਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 13 ਤੇ 26/04/2025 ਦੇ ਸਰਕਾਰੀ ਨੋਟੀਫ਼ਿਕੇਸ਼ਨ ਅਨੁਸਾਰ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ 'ਚ ਹੁਣ ਅਗਲੇ ਦੋ ਸਾਲ (2025-2027) ਲਈ ਸਕੂਲ ਮੈਨੇਜਮੈਂਟ ਕਮੇਟੀਆਂ ਗਠਿਤ ਕੀਤੀਆਂ ਜਾਣੀਆਂ ਹਨ।

ਇਸ ਸਬੰਧੀ ਡਾਇਰੈਕਟਰ ਸਿੱਖਿਆ ਵਿਭਾਗ ਵੱਲੋਂ 7 ਜੁਲਾਈ ਨੂੰ ਜਾਰੀ ਪੱਤਰ ਅਨੁਸਾਰ ਹਰ ਇਕ ਸਕੂਲ ਮੈਨੇਜਮੈਂਟ ਕਮੇਟੀ ਵਿੱਚ ਸਕੂਲ 'ਚ ਪੜ੍ਹ ਰਹੇ ਵਿਦਿਆਰਥੀਆਂ ਦੇ ਮਾਤਾ-ਪਿਤਾ ਜਾਂ ਸਰਪ੍ਰਸਤਾਂ 'ਚੋਂ ਘੱਟੋ-ਘੱਟ 6 ਮਹਿਲਾਵਾਂ ਸਮੇਤ 12 ਮੈਂਬਰ, ਸਕੂਲ ਮੁਖੀ ਮੈਂਬਰ ਸਕੱਤਰ ਤੇ ਕਨਵੀਨਰ, ਇਕ ਅਧਿਆਪਕ ਮੈਂਬਰ, ਇੱਕ ਮੈਂਬਰ ਇਲਾਕੇ ਦਾ ਚੁਣਿਆ ਹੋਇਆ ਜਨਤਕ ਪ੍ਰਤੀਨਿਧੀ ਜਾਂ ਉਸ ਦਾ ਨਾਮਜ਼ਦ ਵਿਅਕਤੀ ਤੇ ਇੱਕ ਮੈਂਬਰ ਸਿੱਖਿਆ ਕਰਮਚਾਰੀ ਸਮੇਤ ਕੁੱਲ 16 ਮੈਂਬਰ ਹੋਣਗੇ, ਪਰ ਇਸ ਵਿੱਚ ਸਿੱਖਿਆ ਕਰਮੀ ਤੇ ਇਲਾਕੇ ਦੇ ਚੁਣੇ ਹੋਏ ਜਨਤਕ ਪ੍ਰਤੀਨਿਧੀ ਜਾਂ ਉਸ ਵੱਲੋਂ ਨਾਮਜ਼ਦ ਨੁਮਾਇੰਦੇ ਦੀ ਚੋਣ ਕਰਦਿਆਂ ਆਮ ਆਦਮੀ ਪਾਰਟੀ ਵੱਲੋਂ ਆਪਣੇ ਰਾਜਨੀਤਕ ਬੰਦੇ ਫਿੱਟ ਕਰਦਿਆਂ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਲਿਸਟਾਂ ਜਾਰੀ ਕਰਦਿਆਂ ਕੁਝ ਵਿਸ਼ੇਸ਼ ਵਿਅਕਤੀਆਂ ਨੂੰ ਕਮੇਟੀ ਮੈਂਬਰ ਲੈਣ ਦੇ ਜ਼ੁਬਾਨੀ ਸੰਦੇਸ਼ ਪ੍ਰਾਪਤ ਹੋਏ ਹਨ। ਇਨ੍ਹਾਂ ਲਿਸਟਾਂ ਨਾਲ ਆਏ ਜ਼ੁਬਾਨੀ ਹੁਕਮਾਂ ਕਾਰਨ ਹੀ ਕਮੇਟੀਆਂ ਵਿੱਚ ਪਿੰਡ ਤੋਂ ਬਾਹਰੀ ਤੇ ਸਿੱਖਿਆ ਸਰੋਕਾਰਾਂ ਤੋਂ ਕੋਰੇ ਵਿਅਕਤੀਆਂ ਨੂੰ ਲਿਆ ਜਾ ਰਿਹਾ ਹੈ ਅਤੇ ਪਿੰਡ ਵਿਚਲੇ ਉਪਲਬਧ ਗ੍ਰੈਜੂਏਟ ਤੇ ਸਿੱਖਿਆ ਸਰੋਕਾਰਾਂ ਨਾਲ ਜੁੜੇ ਵਿਅਕਤੀਆਂ ਨੂੰ ਅਣਗੌਲਿਆਂ ਕਰਦਿਆਂ ਸਿਆਸੀ ਰੰਗਤ ਦਿੰਦਿਆਂ ਕਮੇਟੀ ਵਿੱਚ ਸ਼ਾਮਲ ਕਰਨ ਦੇ ਹੁਕਮ ਦਿੱਤੇ ਗਏ ਹਨ। ਕਈ ਜ਼ਿਲ੍ਹਿਆਂ ਵਿੱਚ ਦਸ ਦਸ ਜਾਂ ਇਸ ਤੋਂ ਵੀ ਵੱਧ ਸਕੂਲਾਂ ਲਈ ਇੱਕ ਸਿੱਖਿਆ ਕਰਮਚਾਰੀ ਦਿੱਤਾ ਗਿਆ ਹੈ, ਜੋ ਕਿ ਉਨ੍ਹਾਂ ਸਾਰੇ ਸਕੂਲਾਂ ਦੀਆਂ ਮੈਨੇਜਮੈਂਟ ਕਮੇਟੀਆਂ ਦਾ ਮੈਂਬਰ ਬਣੇਗਾ। ਆਗੂਆਂ ਨੇ ਪ੍ਰਸ਼ਨ ਕੀਤਾ ਕਿ ਅਜਿਹਾ ਮੈਂਬਰ ਸਾਰੇ ਸਕੂਲਾਂ ਦੀਆਂ ਕਮੇਟੀਆਂ ਨਾਲ ਕਿਵੇਂ ਨਿਆ ਕਰ ਸਕੇਗਾ। ਜਥੇਬੰਦੀ ਦੇ ਆਗੂਆਂ ਕੁਲਦੀਪ ਪੁਰੋਵਾਲ, ਗੁਰਪ੍ਰੀਤ ਅਮੀਵਾਲ, ਗੁਰਦੀਪ ਬਾਜਵਾ ਤੇ ਮਨੋਹਰ ਲਾਲ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੀ ਸੌੜੀ ਸਿਆਸਤ ਛੱਡ ਕੇ ਸਕੂਲਾਂ ਦੇ ਵਿਕਾਸ 'ਚ ਯੋਗਦਾਨ ਪਾਵੇ, ਅਧਿਆਪਕ ਦੇ ਮੰਗਾਂ ਮਸਲੇ ਹੱਲ ਕਰੇ। ਇਸ ਮੌਕੇ ਹੁਸ਼ਿਆਰਪੁਰ ਤੋਂ ਜਸਵੀਰ ਤਲਵਾੜਾ, ਪ੍ਰਿਤਪਾਲ ਚੋਟਾਲਾ, ਗੁਰਦਾਸਪੁਰ ਤੋਂ ਕੁਲਦੀਪ ਪੁਰੋਵਾਲ, ਦਿਲਦਾਰ ਭੰਡਾਲ ਤੇ ਨਵਾਂਸ਼ਹਿਰ ਤੋਂ ਬਿਕਰਮਜੀਤ ਸਿੰਘ, ਪ੍ਰਸ਼ੋਤਮ ਲਾਲ, ਮੋਗਾ ਤੋਂ ਜੱਜਪਾਲ ਸਿੰਘ ਬਾਜੇ ਕੇ ਤੇ ਗੁਰਪ੍ਰੀਤ ਸਿੰਘ ਅੰਮੀਵਾਲ, ਮੁਕਤਸਰ ਤੋਂ ਮਨੋਹਰ ਲਾਲ ਸ਼ਰਮਾ, ਸੰਗਰੂਰ ਤੋਂ ਦੇਵੀ ਦਿਆਲ, ਸਤਵੰਤ ਆਲਮਪੁਰ, ਸਰਬਜੀਤ ਸਿੰਘ, ਪਟਿਆਲਾ ਤੋਂ ਜਸਵਿੰਦਰ ਸਮਾਣਾ ਤੇ ਪਰਮਜੀਤ ਪਟਿਆਲਾ, ਫਤਹਿਗੜ੍ਹ ਸਾਹਿਬ ਤੋਂ ਸੁਖਵਿੰਦਰ ਚਾਹਲ, ਰਾਜੇਸ਼ ਕੁਮਾਰ, ਫਿਰੋਜ਼ਪੁਰ ਤੋਂ ਰਾਜੀਵ ਹਾਂਡਾ, ਬਲਵਿੰਦਰ ਸਿੰਘ ਭੁੱਟੋ, ਰੋਪੜ ਤੋਂ ਗੁਰਬਿੰਦਰ ਸਸਕੌਰ, ਧਰਮਿੰਦਰ ਭੰਗੂ, ਪਠਾਨਕੋਟ ਤੋਂ ਸੁਭਾਸ਼ ਚੰਦਰ, ਅੰਮ੍ਰਿਤਪਾਲ ਸਿੰਘ, ਮਾਨਸਾ ਤੋਂ ਨਰਿੰਦਰ ਸਿੰਘ ਮਾਖਾ, ਗੁਰਦਾਸ ਸਿੱਧੂ, ਮੁਹਾਲੀ ਤੋਂ ਰਵਿੰਦਰ ਸਿੰਘ ਪੱਪੀ ਤੇ ਮਨਪ੍ਰੀਤ ਸਿੰਘ, ਅੰਮ੍ਰਿਤਸਰ ਸਾਹਿਬ ਤੋਂ ਸੁੱਚਾ ਸਿੰਘ ਟਰਪਈ, ਹਰਵਿੰਦਰ ਸੁਲਤਾਨਵਿੰਡ ਤੇ ਗੁਰਦੀਪ ਸਿੰਘ ਬਾਜਵਾ ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਪ੍ਰਭਜੀਤ ਰਸੂਲਪੁਰ, ਫ਼ਾਜ਼ਿਲਕਾ ਤੋਂ ਪਰਮਜੀਤ ਸਿੰਘ ਸ਼ੋਰੇਵਾਲ, ਅਮਨਦੀਪ ਸਿੰਘ, ਬਰਨਾਲਾ ਤੋਂ ਹਰਿੰਦਰ ਮੱਲੀਆਂ ਤੇ ਤੇਜਿੰਦਰ ਤੇਜ਼ੀ, ਤਰਨਤਾਰਨ ਤੋਂ ਸਰਬਜੀਤ ਸਿੰਘ, ਹਰਿੰਦਰ ਸਿੰਘ, ਜਲੰਧਰ ਤੋਂ ਤੀਰਥ ਸਿੰਘ ਬਾਸੀ ਤੇ ਕਰਨੈਲ ਫਿਲੌਰ, ਸੁਖਵਿੰਦਰ ਮੱਕੜ, ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ, ਮਲੇਰਕੋਟਲਾ ਤੋਂ ਨੂਰ ਮੁਹੰਮਦ , ਕੁਲਦੀਪ ਸਿੰਘ, ਬਠਿੰਡਾ ਤੋਂ ਬਲਦੇਵ ਬਰਾੜ, ਫਰੀਦਕੋਟ ਤੋਂ ਸਰਬਜੀਤ ਸਿੰਘ ਬਰਾੜ ਅਧਿਆਪਕ ਆਗੂ ਸ਼ਾਮਲ ਸਨ।

# ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ ਨੇ ਆੜ੍ਹਤੀਆਂ ਦੀਆਂ ਸੁਣੀਆਂ ਸਮੱਸਿਆਵਾਂ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ ਮਨਿੰਦਰ ਸਿੰਘ ਬੇਦੀ (ਬਾਗਬਾਨੀ) ਐਤਵਾਰ ਜਲਾਲਾਬਾਦ ਪਹੁੰਚੇ। ਇੱਥੇ ਉਨ੍ਹਾਂ ਨੇ ਮੰਡੀ ਵਿੱਚ ਆੜ੍ਹਤੀਆ ਯੂਨੀਅਨ ਦੇ ਮੈਂਬਰਾਂ ਤੇ ਅਹੁਦੇਦਾਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਆੜ੍ਹਤੀਆ ਯੂਨੀਅਨ ਦੇ ਪ੍ਰਧਾਨ ਮਨਜੀਤ ਸਿੰਘ ਦਰਗਨ, ਸੂਬਾਈ ਉੱਪ ਪ੍ਰਧਾਨ ਸਚਿਨ ਮਿੱਢਾ, ਸੀਨੀਅਰ ਮੈਂਬਰ ਜਰਨੈਲ ਸਿੰਘ ਮੁਖੀਜਾ, ਸਹਿਜਾਦ ਦਹੂਜਾ ਖਜ਼ਾਨਚੀ, ਨਿਤਿਨ ਛਾਬੜਾ, ਦਿਲੌਰ ਚੰਦ ਮੰਡੀ ਸੁਪਰਵਾਈਜ਼ਰ, ਐਡਵੋਕੇਟ ਪਰਮ ਦਰਗਨ, ਕਾਲਾ ਸਿਡਾਨਾ, ਰਿੰਕੂ ਗਗਨੇਜਾ, ਬਿੱਟੂ ਅਰੋੜਾ ਤੇ ਹੋਰ ਮੈਂਬਰ ਮੌਜੂਦ ਸਨ। ਇਸ ਮੌਕੇ ਆੜ੍ਹਤੀਆ ਯੂਨੀਆਨ ਨੇ ਜਲਾਲਾਬਾਦ ਦੀ ਮੰਡੀ ਵਿੱਚ ਸੀਜ਼ਨ ਦੌਰਾਨ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਤੋਂ ਡਿਪਟੀ ਜਨਰਲ ਮੈਨੇਜਰ ਨੂੰ ਜਾਣੂ ਕਰਵਾਇਆ। ਆੜ੍ਹਤੀਆ ਯੂਨੀਅਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਸੀਜ਼ਨ ਦੌਰਾਨ ਕੁਝ ਸਮੱਸਿਆਵਾਂ ਲੰਬੇ ਸਮੇਂ ਤੋਂ ਚੱਲ ਰਹੀਆਂ ਹਨ, ਜਿਨ੍ਹਾਂ ਨੂੰ ਹੱਲ ਕਰਨ ਦੀ ਲੋੜ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਅਕਸਰ ਮੰਡੀ ਪਾਣੀ ਨਾਲ ਭਰ ਜਾਂਦਾ ਹੈ।

ਅਜਿਹੀ ਸਥਿਤੀ ਵਿੱਚ ਪਾਣੀ ਦੀ ਨਿਕਾਸੀ ਦੀ ਸਮੱਸਿਆ ਕਾਰਨ, ਸੀਜ਼ਨ ਦੌਰਾਨ ਵੀ ਅਕਸਰ ਫਸਲਾਂ ਦਾ ਨੁਕਸਾਨ ਹੁੰਦਾ ਹੈ। ਅਜਿਹੀ ਸਥਿਤੀ ਵਿੱਚ, ਪਾਣੀ ਦੀ ਨਿਕਾਸੀ ਦਾ ਪ੍ਰਬੰਧ ਪਹਿਲ ਦੇ ਆਧਾਰ 'ਤੇ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਕਿਸਾਨਾਂ ਤੇ ਕਮਿਸ਼ਨ ਏਜੰਟਾਂ ਨੂੰ ਭਵਿੱਖ ਵਿੱਚ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਦੂਜੇ ਪਾਸੇ, ਗੱਲਬਾਤ ਕਰਦੇ ਹੋਏ ਮਨਜਿੰਦਰਜੀਤ ਸਿੰਘ ਬੇਦੀ ਨੇ ਕਿਹਾ ਕਿ ਆੜ੍ਹਤੀਆ ਯੂਨੀਅਨ ਦੁਆਰਾ ਉਨ੍ਹਾਂ ਨੂੰ ਦੱਸੀਆਂ ਗਈਆਂ ਸਮੱਸਿਆਵਾਂ ਮੰਡੀ ਬੋਰਡ ਦੇ ਸਾਹਮਣੇ ਰੱਖੀਆਂ ਜਾਣਗੀਆਂ ਤੇ ਭਵਿੱਖ ਵਿੱਚ ਇਸ ਸਮੱਸਿਆ ਦੇ ਹੱਲ ਲਈ, ਜੋ ਵੀ ਸੰਭਵ ਹੋਵੇਗਾ, ਕੀਤਾ ਜਾਵੇਗਾ।

14-JULY-PAGE-6.qxd 7/13/2025 8:34 PM Page 1



## ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਕਰਨ 'ਚ ਅਸਫਲ : ਡਾ. ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਸੂਬੇ ਵਿੱਚ ਅਮਨ ਕਾਨੂੰਨ ਤੇ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ, ਜਿਸ ਦੀ ਤਾਜ਼ਾ ਉਦਾਹਰਣ ਕਸਬਾ ਕੋਟੀ ਸੇ ਖਾਂ ਦੇ ਡਾਕਟਰ 'ਤੇ ਕੀਤਾ ਕਾਤਲਾਨਾ ਹਮਲਾ ਤੇ ਫਾਜ਼ਿਲਕਾ ਵਿਖੇ ਇੱਕ ਕੱਪੜਾ ਵਪਾਰੀ ਦਾ ਗੋਲੀਆਂ ਮਾਰ ਕੇ ਕੀਤਾ ਕਤਲ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਸੀਮਾਂਤ ਗਰਗ ਨੇ ਮੋਗਾ ਦੇ ਕਸਬਾ ਕੋਟ ਈਸੇ ਖਾਂ ਦੇ ਹਰਬੰਸ ਨਰਸਿੰਗ ਹੋਮ ਦੇ ਮਾਲਕ ਡਾ. ਅਨਿਲਜੀਤ ਕੰਬੋਜ ਦਾ ਹਾਲ-ਚਾਲ ਜਾਨਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ 4 ਜੁਲਾਈ ਨੂੰ ਦਿਨ-ਦਿਹਾੜੇ ਦੋ ਮੋਟਰਸਾਈਕਲ ਸਵਾਰਾਂ ਨੇ ਗੋਲੀਆਂ ਮਾਰ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ ਸੀ, ਜੋ ਇਸ ਵਕਤ ਇੱਕ ਨਿੱਜੀ ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦਰਮਿਆਨ ਜੰਗ ਲੜ ਰਹੇ ਹਨ।ਇਸ ਮੌਕੇ ਡਾਕਟਰ ਸੀਮਾਂਤ ਗਰਗ ਨੇ ਡਾ. ਅਨਿਲਜੀਤ ਕੰਬੋਜ ਦੇ ਪੁੱਤਰ ਡਾ. ਚਾਹਤ ਕੰਬੋਜ ਤੇ ਉਨ੍ਹਾਂ ਦਾ ਇਲਾਜ ਕਰ ਰਹੇ ਡਾਕਟਰਾਂ ਨਾਲ ਗੱਲਬਾਤ ਵੀ ਕੀਤੀ ਅਤੇ ਡਾ. ਅਨਿਲਜੀਤ ਕੰਬੋਜ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।ਇਸ ਮੌਕੇ ਉਨ੍ਹਾਂ ਨਾਲ ਭਾਜਪਾ ਜਨਰਲ ਸਕੱਤਰ ਵਿੱਕੀ ਸਿਤਾਰਾ, ਮੰਡਲ ਪ੍ਰਧਾਨ ਰਵਿੰਦਰ ਗਰੋਵਰ, ਸੰਜੀਵ ਮੰਗਲਾ, ਸਚਿਨ ਗਰਗ, ਆਸ਼ੀਸ਼ ਸਿੰਗਲਾ, ਜਤਿੰਦਰ ਚੱਢਾ, ਹੇਮੰਤ ਸੂਦ ਆਦਿ ਮੌਜੂਦ ਸਨ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਹਰ ਮੁਹਾਜ 'ਤੇ ਫੇਲ੍ਹ ਸਾਬਿਤ ਹੋਈ ਹੈ।ਉਨ੍ਹਾਂ ਕਿਹਾ ਕਿ ਜਿੱਥੇ ਗੈਂਗਸਟਰਾਂ ਪੰਜਾਬ ਦੇ ਕਾਰੋਬਾਰੀਆਂ ਤੇ ਵਪਾਰੀਆਂ ਤੋਂ ਫਿਰੌਤੀਆਂ ਵਸੂਲ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਲਗਾਤਾਰ ਕਤਲੋਗਾਰਦ ਕੀਤੀ ਜਾ ਰਹੀ ਹੈ, ਜੋ ਸੂਬੇ ਲਈ ਅਤਿਅੰਤ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਭਾਜਪਾ ਦੇ ਸੂਬਾਈ ਆਗੂ ਵੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੰਜਾਬ ਦੀ ਰਿਪੋਰਟ ਦੇ ਰਹੇ ਹਨ, ਤਾਂ ਜੋ ਪੰਜਾਬ ਵਿੱਚ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਪੰਜਾਬ ਸਰਕਾਰ ਤੋਂ ਨਾਰਾਜ਼ ਹੈ ਤੇ ਉਹ ਆਪਣੀਆਂ ਮੰਗਾਂ ਲਈ ਸੜਕਾਂ 'ਤੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ 2027 ਵਿੱਚ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਲਿਆਂਦੀ ਜਾਵੇ, ਤਾਂ ਜੋ ਪੰਜਾਬ ਦੀ ਆਰਥਿਕ ਹਾਲਤ ਨੂੰ ਮਜ਼ਬੂਤ ਕਰਕੇ ਪੰਜਾਬ ਵਿੱਚ ਅਮਨ ਸ਼ਾਂਤੀ ਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

# ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਜਾਰੀ ਕਰੇ : ਆਗੂ

### ਸਾਥੀ ਰਣਬੀਰ ਸਿੰਘ ਢਿੱਲੋਂ ਦਾ ਪਹਿਲਾ ਬਰਸੀ ਸਮਾਗਮ 19 ਨੂੰ ਕੋਟਕਪੂਰਾ 'ਚ ਮਨਾਉਣ ਦਾ ਫੈਸਲਾ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਵਿੱਚ ਪਿਛਲੇ ਸਵਾ ਤਿੰਨ ਸਾਲਾਂ ਤੋਂ ਹੁਕਮਰਾਨ ਭਗਵੰਤ ਮਾਨ ਸਰਕਾਰ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਲੱਖਾਂ ਮੁਲਾਜ਼ਮਾਂ ਤੇ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਹਰ ਸਾਲ ਮਹੀਨਾ ਜਨਵਰੀ ਤੇ ਜੁਲਾਈ ਵਿੱਚ ਦਿੱਤੇ ਜਾਣ ਵਾਲੇ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਤੇ ਬਹੁਤ ਸਾਰੇ ਹੋਰ ਰਾਜਾਂ ਨਾਲੋਂ ਬੁਰੀ ਤਰ੍ਹਾਂ ਪੱਛੜ ਗਈ ਹੈ।ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਸ ਸਮੇਂ 42 ਫੀਸਦੀ ਮਹਿੰਗਾਈ ਭੱਤਾ ਮਿਲ ਰਿਹਾ ਹੈ, ਜਦਕਿ ਕੇਂਦਰ ਤੇ ਬਹੁਤ ਸਾਰੇ ਰਾਜਾਂ ਦੇ ਮੁਲਾਜ਼ਮ ਇਸ ਸਮੇਂ 55 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ।ਇਹ ਦੋਸ਼ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿਖੇ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਗਿਆ।ਮੀਟਿੰਗ ਨੇ ਇੱਕ ਸ਼ੋਕ ਮਤਾ ਪਾਸ ਕਰਕੇ ਜਥੇਬੰਦੀ ਦੇ ਸੂਬਾਈ ਮੁੱਖ ਸਲਾਹਕਾਰ ਗੁਰਮੇਲ ਸਿੰਘ ਮੈਲਡੇ ਦੇ ਨੌਜਵਾਨ ਪੋਤਰੇ ਪ੍ਰਵੀਨ ਸਿੰਘ, ਅਧਿਆਪਕ ਆਗੂ ਗੁਰਵਿੰਦਰ ਸਿੰਘ ਦੁਆਰੇਆਣਾ ਦੇ ਮਾਤਾ ਮਖਤਿਆਰ ਕੌਰ ਤੇ ਹੋਰ ਵੱਖ ਵੱਖ ਵਿਅਕਤੀਆਂ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਪੈਨਸ਼ਨਰ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਅਸ਼ੋਕ ਕੌਸ਼ਲ, ਸੋਮ ਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਪ੍ਰਿੰਸੀਪਲ ਬਲਵੀਰ ਸਿੰਘ ਬਰਾੜ, ਗੁਰਚਰਨ ਸਿੰਘ ਮਾਨ ਤੇ ਮੁਖਤਿਆਰ ਸਿੰਘ ਮੱਤਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਰਾਜਨੀਤਕ ਮਨੋਰਥਾਂ ਦੀ ਪੂਰਤੀ ਕਰਨ ਲਈ ਲਗਾਤਾਰ ਝੂਠੀ ਇਸ਼ਤਿਹਾਰਬਾਜ਼ੀ ਕਰਕੇ ਤੇ ਕਈ ਕਿਸਮ ਦੇ ਹੋਰ ਨਜਾਇਜ਼ ਖਰਚੇ ਕਰਕੇ ਪੰਜਾਬ ਸਿਰ ਦਿਨੋ ਦਿਨ ਕਰਜ਼ੇ ਦੀ ਪੰਡ ਹੋਰ ਭਾਰੀ ਕੀਤੀ ਜਾ ਰਹੀ ਹੈ ਅਤੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣੇ ਚੋਣ ਮਨੋਰਥ ਪੱਤਰ ਵਿੱਚ ਲੋਕਾਂ ਨਾਲ ਕੀਤੇ ਗਏ ਬਹੁਤ ਸਾਰੇ ਵਾਅਦਿਆਂ ਤੋਂ ਸਰਕਾਰ ਸ਼ਰੇਆਮ ਮੁੱਕਰਦੀ ਨਜ਼ਰ ਆ ਰਹੀ ਹੈ, ਜਿਨ੍ਹਾਂ ਵਿੱਚ ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ ਤੇ 18 ਸਾਲ ਤੋਂ ਵੱਧ ਉਮਰ ਵਾਲੀਆਂ ਲੜਕੀਆਂ ਤੇ ਔਰਤਾਂ ਨੂੰ 1000 ਰੁਪਏ ਮਹੀਨਾ ਅਦਾ ਕਰਨੇ ਆਦਿ ਮੁੱਖ ਤੌਰ 'ਤੇ ਸ਼ਾਮਲ ਹਨ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 19 ਜੁਲਾਈ ਨੂੰ ਸਵੇਰੇ ਠੀਕ 10 ਵਜੇ ਸ਼ਹੀਦ ਭਗਤ ਸਿੰਘ ਪਾਰਕ ਕੋਟਕਪੂਰਾ ਵਿਖੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿੱਲੋਂ ਦਾ ਪਹਿਲਾ ਬਰਸੀ ਸਮਾਗਮ ਕੀਤਾ ਜਾਵੇਗਾ। ਸਮਾਗਮ ਦੌਰਾਨ ਸਾਥੀ ਰਣਬੀਰ ਸਿੰਘ ਢਿੱਲੋਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਕੀਤੀਆਂ ਗਈਆਂ ਅਨੇਕਾਂ ਪ੍ਰਾਪਤੀਆਂ ਨੂੰ ਯਾਦ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਜਸਵਿੰਦਰ ਸਿੰਘ ਬਰਾੜ, ਕੇਵਲ ਸਿੰਘ ਲੰਭਵਾਲੀ, ਪਰਮਿੰਦਰ ਸਿੰਘ ਜਟਾਣਾ, ਮੇਜਰ ਸਿੰਘ ਡੀ ਪੀ ਈ, ਜੋਗਿੰਦਰ ਸਿੰਘ ਛਾਬੜਾ, ਰਮੇਸ਼ਵਰ ਸਿੰਘ ਸੁਪਰਡੈਂਟ, ਸੁਰਿੰਦਰ ਕੁਮਾਰ ਮੁੰਜਾਲ ਸੁਪਰਡੈਂਟ, ਗੁਰਕੀਰਤ ਸਿੰਘ, ਹਰਦੀਪ ਸਿੰਘ ਫਿੱਡੂ ਭਲਵਾਨ, ਗੇਜ਼ ਰਾਮ ਭੌਰਾ, ਗੁਰਨੇਕ ਸਿੰਘ ਜਟਾਣਾ, ਮਦਨ ਲਾਲ ਸ਼ਰਮਾ ਸੰਧਵਾਂ, ਹਰਦੀਪ ਸਿੰਘ ਲੈਕਚਰਾਰ, ਹਰਭਜਨ ਸਿੰਘ ਬਾਜਾਖਾਨਾ, ਮੇਜਰ ਸਿੰਘ ਪੀ ਟੀ ਆਈ, ਸੁਖਦਰਸ਼ਨ ਸਿੰਘ ਗਿੱਲ, ਹਾਕਮ ਸਿੰਘ ਡੀ ਪੀ ਈ, ਮੰਦਰ ਸਿੰਘ, ਤਾਰਾ ਸਿੰਘ ਪ੍ਰੇਮੀ, ਗੁਰਦੀਪ ਭੋਲਾ ਪੀ ਆਰ ਟੀ ਸੀ, ਪੂਰਨ ਸਿੰਘ ਸੰਧਵਾਂ ਤੇ ਕੀਰਤਨ ਸਿੰਘ ਪੀ ਟੀ ਆਈ ਆਦਿ ਹਾਜ਼ਰ ਸਨ।

## ਪੰਜਾਬ ਨੂੰ ਕਿਸੇ ਵੀ ਕੀਮਤ 'ਤੇ ਕੇਜਰੀਵਾਲ ਮਾਡਲ ਦੀ ਲੋੜ ਨਹੀਂ : ਗਾਗਰੋਲੀ



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬ ਵਰਗੀ ਜਰਖੇਜ਼ ਤੇ ਅਣਖੀ ਧਰਤੀ ਨੂੰ ਕਿਸੇ ਵੀ ਬਾਹਰੀ ਮਾਡਲ ਦੀ ਲੋੜ ਨਹੀਂ, ਸਗੋਂ ਦੇਸ਼ ਨੂੰ ਟਿਕਾਊ ਮਾਡਲ ਦੀ ਲੋੜ ਹੈ। ਇਸ ਲਈ ਉਹ ਹੋਣਾ ਚਾਹੀਦਾ ਹੈ, ਜਿਸ ਵਿੱਚ ਮਨੁੱਖਤਾ ਦੀ ਸੇਵਾ, ਲੋੜਵੰਦਾਂ ਦੀ ਸਹਾਇਤਾ, ਹਰ ਧਰਮ ਦਾ ਸਤਿਕਾਰ ਅਤੇ ਦੇਸ਼ ਭਗਤੀ ਵਾਲੇ ਜਜ਼ਬੇ ਹੋਣ ਬਾਰੇ ਬੀਜੇਪੀ ਦੇ ਹਲਕਾ ਸਨੌਰ ਦੇ ਇੰਚਾਰਜ ਤੇ ਬੁਲਾਰੇ ਜਸਪਾਲ ਸਿੰਘ ਗਗਰੋਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਇਸ ਗੱਲ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਇਹ ਮਾਡਲ ਪੰਜਾਬ ਵਿੱਚ ਗੈਂਗਸਟਰ ਸਿਸਟਮ ਨੂੰ ਉਤਸ਼ਾਹਤ ਕਰ ਰਿਹਾ ਹੈ, ਜਿੱਥੇ ਕਾਨੂੰਨ ਵਿਵਸਥਾ ਠੱਪ ਹੋ ਚੁੱਕੀ ਹੈ।ਇੱਥੋਂ ਤੱਕ ਕਿ ਪੰਜਾਬੀਆਂ ਦੀ ਥਾਂ ਰਾਜ ਸਭਾ ਵਿੱਚ ਬਾਹਰੀ ਲੋਕ ਭੇਜੇ ਜਾ ਰਹੇ ਹਨ, ਜੋ ਪੰਜਾਬ ਦੀ ਅਣਖ ਨੂੰ ਚੁਣੌਤੀ ਦੇਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਲਾਪ੍ਰਵਾਹੀ ਤੇ ਪਿਛਲੀ ਨੀਤੀਆਂ ਕਾਰਨ ਪੰਜਾਬ ਦੀ ਸਵੈ-ਮਾਣ ਵਾਲੀ ਅਨਾਜ ਉਤਪਾਦਨ ਸ਼ਮੂਲੀਅਤ ਵੀ ਘੱਟ ਕੇ 11.97 ਫ਼ੀਸਦੀ ਤੋਂ ਘੱਟ ਕੇ 11.1 ਫ਼ੀਸਦੀ ਹੋ ਗਈ ਹੈ, ਜੋ ਕਿ ਦੇਸ਼ ਦੇ ਭਵਿੱਖ ਲਈ ਵੀ ਸਹੀ ਨਹੀਂ ਹੈ।ਇਹੀ ਕੇਜਰੀਵਾਲ ਮਾਡਲ ਹੈ ਤਾਂ ਪੰਜਾਬ ਨੂੰ ਇਹ ਕਦੇ ਵੀ ਨਹੀਂ ਚਾਹੀਦਾ।ਪੰਜਾਬੀ ਮੋਹਰੀ ਹੋਣਗੇ, ਪੰਜਾਬੀ ਆਗੂ ਹੋਣਗੇ, ਬਾਹਰੀ ਚੌਧਰਾਹਟ ਸਹਿਣ ਨਹੀਂ ਕਰੀ ਜਾਵੇਗੀ।ਇਸ ਦਾ ਗਵਾਹ ਪੰਜਾਬ ਦਾ ਮਾਣਮੱਤਾ ਇਤਿਹਾਸ ਹੈ।ਗਗਰੋਲੀ ਨੇ ਕਿਹਾ ਕਿ ਦਿੱਲੀ ਮਾਡਲ ਤਹਿਤ ਲੈਂਡ ਪੂਲਿੰਗ ਸਕੀਮ ਨੂੰ ਕਿਸਾਨ ਮਾਰੂ ਕਰਾਰ ਦਿੰਦੇ ਹੋਏ ਕਿਹਾ ਕਿ ਪੰਜਾਬ ਦੀ ਖੇਤੀਯੋਗ ਜ਼ਮੀਨ ਪਹਿਲਾਂ ਹੀ ਘੱਟ ਰਹੀ ਹੈ।ਲੈਂਡ ਪੂਲਿੰਗ ਜਿਹੀ ਸਕੀਮ ਨਾਲ ਸਤਿਗੁਰੂ ਨਾਨਕ ਦੇ ਵਰਸੋਏ ਕਿੱਤੇ ਨੂੰ ਵੱਡਾ ਝਟਕਾ ਲੱਗੇਗਾ।ਪੰਜਾਬੀ ਕਿਸਾਨ ਕਦੇ ਵੀ ਇਹ ਨੀਤੀ ਕਬੂਲ ਨਹੀਂ ਕਰਨਗੇ।

## ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਸੋਸੀਏਸ਼ਨਜ਼ ਵੱਲੋਂ ਸੂਬੇ ਅੰਦਰ 8.5 ਲੱਖ ਪੌਦੇ ਲਗਾਏ ਜਾਣਗੇ : ਡਾ. ਧੂਰੀ, ਮੁੰਗੋ, ਭੁਪਿੰਦਰ ਸਿੰਘ



**ਪਟਿਆਲਾ (ਰਾਜਿੰਦਰ ਥਿੰਦ)**-ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਮਿਸ਼ਨ ਹਰਿਆਲੀ-2025 ਦੇ ਆਗਾਜ਼ ਸੰਬੰਧੀ 8.5 ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ।ਇਸ ਸਬੰਧੀ ਆਪਣਾ ਪੰਜਾਬ ਫਾਊਂਡੇਸ਼ਨ ਦੇ ਸੰਸਥਾਪਕ ਡਾ. ਜਗਜੀਤ ਸਿੰਘ ਧੂਰੀ ਡਾਇਰੈਕਟਰ ਰਵਿੰਦਰ ਸਿੰਘ ਮੁੰਗੋ ਤੇ ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਸਿੰਘ ਐੱਮ ਡੀ ਮਾਤਾ ਗੁਜਰੀ ਸਕੂਲ ਦੇਵੀਗੜ੍ਹ ਨੇ ਕਿਹਾ ਕਿ ਮਿਸ਼ਨ 2025 ਤਹਿਤ 7 ਜੁਲਾਈ ਤੋਂ ਲੈ ਕੇ 16 ਜੁਲਾਈ ਤੱਕ ਵਿਦਿਆਰਥੀ, ਮਾਤਾ-ਪਿਤਾ ਤੇ ਸਕੂਲ ਸਟਾਫ ਦੀ ਮਦਦ ਨਾਲ 8.5 ਲੱਖ ਬੂਟੇ ਲਗਾਏਗਾ। ਫੈਡਰੇਸ਼ਨ ਵੱਲੋਂ ਪਹਿਲਾਂ ਵੀ 2022 ਵਿੱਚ 5 ਲੱਖ, 2023 ਵਿੱਚ 7 ਲੱਖ ਤੇ 2024 ਵਿੱਚ 8 ਲੱਖ ਪੌਦੇ ਲਗਾ ਕੇ ਵਿਸ਼ਵ ਰਿਕਾਰਡ ਬਣਾਏ ਗਏ। ਉਨ੍ਹਾਂ ਦੱਸਿਆ ਕਿ ਸਭ ਤੋਂ ਵੱਡਾ ਮਨੁੱਖੀ ਦਰਖਤ ਵਿਸ਼ਵ ਰਿਕਾਰਡ ਵਿੱਚ ਦਰਜ ਹੈ, ਜਿਸ ਵਿੱਚ 11000 ਵਿਦਿਆਰਥੀਆਂ ਨੇ ਭਾਗ ਲਿਆ।ਫੈਡਰੇਸ਼ਨ ਦੀ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸਕੂਲੀ ਬੱਸਾਂ ਉੱਪਰ ਪਾਣੀ ਬਚਾਓ ਤੇ ਰੁੱਖ ਲਗਾਓ ਦੇ ਪੋਸਟਰ ਲਗਾ ਕੇ ਸਮਾਜ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਵਿੱਚ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪੇ ਵੀ ਭਾਗ ਲੈਣਗੇ ਤੇ ਆਪਣੀ ਮਨਪਸੰਦ ਜਗ੍ਹਾ ਉੱਪਰ ਇੱਕ ਪੌਦਾ ਲਗਾਉਣਗੇ, ਜਿਸ ਦੀ ਫੋਟੋ ਤੇ ਲੋਕੇਸ਼ਨ ਉਹ ਫਾਊਂਡੇਸ਼ਨ ਵੱਲੋਂ ਬਣਾਈ ਐਪ ਉੱਪਰ ਸਾਂਝੀ ਕਰਨਗੇ।ਮੁਹਿੰਮ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਸਰਟੀਫਿਕੇਟ ਵੰਡੇ ਜਾਣਗੇ।ਇਹ ਪੌਦੇ ਪੰਚਾਇਤੀ ਜ਼ਮੀਨਾਂ, ਸੜਕਾਂ ਦੇ ਆਸੇ-ਪਾਸੇ, ਪਾਰਕਾਂ ਤੇ ਸੰਸਥਾਵਾਂ ਵਿੱਚ ਉਨ੍ਹਾਂ ਦੀ ਆਗਿਆ ਲੈ ਕੇ ਲਗਾਏ ਜਾਣਗੇ।ਇਸ ਤੋਂ ਇਲਾਵਾ, ਪਾਣੀ ਬਚਾਓ ਮੁਹਿੰਮ ਤੇ ਪੰਜਾਬੀ ਮੂਲ ਰੁੱਖਾਂ ਦੀ ਸੰਭਾਲ ਵਾਸਤੇ ਗੁਰੂ ਨਾਨਕ ਬਗੀਚੀਆਂ ਲਗਾਈਆਂ ਜਾਣਗੀਆਂ।

# ਪ੍ਰੇਮ ਨਾਥ ਗਰਗ ਦੀ ਯਾਦ 'ਚ ਮਾਤਾ ਚਿੰਤਪੁਰਨੀ ਵਿਖੇ ਭਵਨ ਦਾ ਨਿਰਮਾਣ ਕਾਰਜ ਸ਼ੁਰੂ

### ਐੱਨ ਆਰ ਆਈ ਤੇ ਸੰਗਤ ਦੇ ਸਹਿਯੋਗ ਨਾਲ 38 ਮਰਲੇ 'ਚ ਬਣ ਕੇ ਹੋਵੇਗਾ ਸੰਪੂਰਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਨਗਰ ਕੌਂਸਲ ਦੇ ਸ਼ਹਿਰੀਆਂ ਤੇ ਐੱਨ ਆਰ ਆਈ ਭਰਾਵਾਂ ਵੱਲੋਂ ਹਿਮਾਚਲ ਪ੍ਰਦੇਸ਼ ਸਥਿਤ ਮਾਤਾ ਚਿੰਤਪੁਰਨੀ ਵਿਖੇ ਯਾਤਰੀਆਂ ਤੇ ਸ਼ਰਧਾਲੂਆਂ ਦੀ ਸਹੂਲਤ ਅਤੇ ਸੁੱਖ ਸੁਵਿਧਾ ਲਈ ਉਨ੍ਹਾਂ ਵੱਲੋਂ ਇਕ ਵਿਸ਼ਾਲ ਪ੍ਰੇਮ ਨਾਥ ਭਵਨ ਦਾ ਨਿਰਮਾਣ ਕਾਰਜ ਕੀਤਾ ਜਾ ਰਿਹਾ ਹੈ।ਸਥਾਨਕ ਸ਼ਹਿਰ ਦੇ ਬਾਘਾ ਪੁਰਾਣਾ ਰੋਡ ਉੱਪਰ ਸਥਿਤ ਸ੍ਰੀ ਸ਼ਿਵ ਮੰਦਰ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ ਤੇ ਮਾਤਾ ਚਿੰਤਪੁਰਨੀ ਬਾਘਾ ਪੁਰਾਣਾ ਧਰਮਸ਼ਾਲਾ ਦੇ ਪ੍ਰਧਾਨ ਰਾਜ ਕੁਮਾਰ ਗਰਗ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਤਾ ਚਿੰਤਪੁਰਨੀ ਵਿਖੇ ਸਵ: ਪ੍ਰੇਮ ਨਾਥ ਦੀ ਯਾਦ 'ਚ ਵਿੱਚ ਐੱਨ.ਆਰ.ਆਈ ਭਰਾਵਾਂ ਤੇ ਸ਼ਹਿਰ ਦੀ ਸੰਗਤ ਸਹਿਯੋਗ ਨਾਲ ਮਾਤਾ ਚਿੰਤਪੁਰਨੀ ਵਿਖੇ ਬਾਘਾ ਪੁਰਾਣਾ ਧਰਮਸ਼ਾਲਾ ਦੇ ਨਾਲ ਪ੍ਰੇਮ ਨਾਥ ਭਵਨ ਬਣਾਇਆ ਜਾ ਰਿਹਾ ਹੈ, ਜਿਸ ਦਾ ਨੀਂਹ ਪੱਥਰ ਸਵ: ਪ੍ਰੇਮ ਨਾਥ ਗਰਗ ਜੀ ਦੇ ਸਪੁੱਤਰ ਅਤੁਲ ਕੁਮਾਰ ਗਰਗ ਨੀਟਾ, ਸੁਨੀਲ ਕੁਮਾਰ ਗਰਗ ਟਵੈਂਕਲ, ਸੰਜੀਵ ਕੁਮਾਰ ਗਰਗ ਰਾਜੂ ਵਿਨੀਪੈਗ ਕੈਨੇਡਾ ਦੇ ਸਹਿਯੋਗ ਨਾਲ ਰੱਖ ਕੇ ਇਸ ਭਵਨ ਦੇ ਨਿਰਮਾਣ ਕਾਰਜ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਪ੍ਰਧਾਨ ਬਲਵਿੰਦਰ ਗਰਗ ਤੇ ਪ੍ਰਧਾਨ ਰਾਜ ਕੁਮਾਰ ਗਰਗ ਨੇ ਦੱਸਿਆ ਕਿ 38 ਮਰਲੇ ਵਿੱਚ ਬਣਨ ਜਾ ਰਹੇ ਪ੍ਰੇਮ ਨਾਥ ਭਵਨ ਵਿੱਚ ਦੋ ਵੱਡੇ ਹਾਲ ਦੇ ਇਲਾਵਾ ਸੰਗਤ ਦੀ ਸਹੂਲਤ ਲਈ ਵ੍ਹੀਕਲ ਪਾਰਕਿੰਗ ਕਰਨ ਦੇ ਲਈ ਪਾਰਕਿੰਗ ਵੀ ਬਣਾਈ ਜਾਵੇਗੀ ਤੇ ਭਵਨ ਅੰਦਰ 16 ਡੀਲਕਸ ਵਧੀਆ ਹਵਾਦਾਰ ਕਮਰਿਆਂ ਦਾ ਨਿਰਮਾਣ ਕੀਤਾ ਜਾਵੇਗਾ ਤਾਂ ਕਿ ਇਸ ਭਵਨ ਵਿੱਚ ਰਹਿਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਪੇਸ਼ ਨੇ ਆਵੇ।ਉਨ੍ਹਾਂ ਸ਼ਰਧਾਲੂਆਂ ਤੇ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵੀ ਇਸ ਕਾਰ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੁੰਦਾ ਹੈ ਤਾਂ ਉਹ ਕਿਸੇ ਵੀ ਕਮੇਟੀ ਮੈਂਬਰ ਦੇ ਨਾਲ ਸੰਪਰਕ ਕਰ ਸਕਦਾ ਹੈ।ਇਸ ਮੌਕੇ ਉਕਤ ਦੇ ਇਲਾਵਾ ਬਾਊ ਅਮਰਨਾਥ ਬਾਂਸਲ, ਚੇਅਰਮੈਨ ਰਜਿੰਦਰ ਕੁਮਾਰ ਗਰਗ, ਰਾਜ ਪ੍ਰਧਾਨ, ਅਸ਼ੋਕ ਬਾਂਸਲ ਮੈਂਬਰ, ਨਰੇਸ਼ ਮਿੱਤਲ ਮੈਂਬਰ, ਬਲਵਿੰਦਰ ਗਰਗ, ਜਤਿੰਦਰ ਜੋਨੀ ਜਿੰਦਲ, ਪਵਨ ਗੁਪਤਾ, ਭੂਸ਼ਣ ਜੈਨ, ਯਾਦਵਿੰਦਰ ਬਾਂਸਲ, ਵਿਜੇ ਬੰਟੀ ਜਿੰਦਲ, ਜਤਿੰਦਰ ਤੇ ਹੋਰ ਹਾਜ਼ਰ ਸਨ।

## ਨਸ਼ੀਲੀ ਗੋਲੀਆਂ ਸਮੇਤ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਵੱਲੋਂ 80 ਨਸ਼ੀਲੀ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਗੁਰਦੀਪ ਸਿੰਘ ਉਰਫ਼ ਦੀਪਾ ਵਾਸੀ ਰਾਣਵਾਂ ਵਜੋਂ ਹੋਈ ਹੈ। ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਹਾਕਮ ਸਿੰਘ ਤੇ ਪਵਨਜੀਤ ਸਿੰਘ ਪੁਲਸ ਪਾਰਟੀ ਸਮੇਤ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਸਬੰਧੀ ਗੜ੍ਹੀ ਪੁਲ ਨਹਿਰ ਨੂੰ ਰਹੇ ਸੀ ਤਾਂ ਟੀ ਪੁਆਇੰਟ ਨੇੜੇ ਗੁਰਦੁਆਰਾ ਕਿਰਪਾਨ ਭੇਟ ਸਾਹਿਬ ਕੋਲ ਪੁੱਜੇ ਤਾਂ ਇੱਕ ਮੋਨਾ ਵਿਅਕਤੀ ਆਉਂਦਾ ਦਿਖਾਈ ਦਿੱਤਾ। ਇਹ ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਖਿਸਕਣ ਲੱਗਾ ਤਾਂ ਉਸ ਨੂੰ ਕਾਬੂ ਕਰਦੇ ਸਮੇਂ ਇੱਕ ਲਿਫ਼ਾਫੀ ਪਾਰਦਰਸ਼ੀ ਮੋਮੀ ਕਾਗਜ਼ ਵਜ਼ਨਦਾਰ ਆਪਣੀ ਪਹਿਨੀ ਲੋਅਰ ਦੀ ਸੱਜੀ ਜੇਬ 'ਚੋਂ ਕੱਢ ਕੇ ਘਾਹ ਫੂਸ ਵਿੱਚ ਸੁੱਟ ਦਿੱਤੀ, ਜਿਸ ਨੇ ਪੁੱਛਣ 'ਤੇ ਆਪਣਾ ਨਾਮ ਗੁਰਦੀਪ ਸਿੰਘ ਉਰਫ਼ ਦੀਪਾ ਦੱਸਿਆ। ਪੁਲਸ ਨੇ ਉਕਤ ਨੌਜਵਾਨ ਵੱਲੋਂ ਸੁੱਟੀ ਲਿਫ਼ਾਫੀ ਦੀ ਜਦੋਂ ਤਲਾਸ਼ੀ ਲਈ ਤਾਂ ਉਸ 'ਚੋਂ 8 ਪੱਤੇ (80 ਗੋਲੀਆਂ) ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਵੱਲੋਂ ਨੌਜਵਾਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ।

## ਨਗਰ ਪੰਚਾਇਤ ਵੱਲੋਂ ਅਵਾਰਾ ਕੁੱਤਿਆਂ ਦੀ ਨਸਬੰਦੀ ਜਾਰੀ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਵੱਲੋਂ ਜੋ ਕੁੱਤਿਆਂ ਦੀ ਨਸਬੰਦੀ ਦਾ ਪ੍ਰੋਗਰਾਮ ਚੱਲ ਰਿਹਾ, ਉਸੇ ਲੜੀ ਤਹਿਤ ਨਗਰ ਪੰਚਾਇਤ ਵੱਲੋਂ ਸਵੇਰੇ-ਸ਼ਾਮ ਨੂੰ ਕੁੱਤੇ ਫੜ ਕੇ ਉਨ੍ਹਾਂ ਦੀ ਨਸਬੰਦੀ ਕੀਤੀ ਜਾ ਰਹੀ ਹੈ।ਇਸ ਮੁਹਿੰਮ ਸਬੰਧੀ ਸੈਨਟਰੀ ਇਨਸਪੈਕਟਰ ਅਨਿਲ ਕੁਮਾਰ ਨੇ ਦੱਸਿਆ ਕਿ ਨਗਰ ਪੰਚਾਇਤ ਦੇ ਈ ਓ ਸ੍ਰੀ ਬ੍ਰਿਜ ਮੋਹਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਹ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਵਿੱਚ ਸਾਰੇ ਵੱਲੋਂ ਪੂਰੀ ਦੇਖ-ਰੇਖ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਕਿਹਾ ਕਿ ਇਹ ਪੰਜਾਬ ਸਰਕਾਰ ਦੁਆਰਾ ਚਲਾਈ ਗਈ ਮੁਹਿੰਮ ਬਾਰੇ ਲੋਕਾਂ ਨੂੰ ਵੱਧ ਤੋਂ ਵੱਧ ਪ੍ਰੇਰਤ ਕੀਤਾ ਜਾਵੇ ਤਾਂ ਜੁ ਲੋਕ ਆਪਣੇ ਆਪਣੇ ਕੁੱਤਿਆਂ ਨੂੰ ਜਾਂ ਜੋ ਵੀ ਤੁਹਾਡਾ ਪਾਲਤੂ ਜਾਨਵਰ ਹੈ, ਉਨ੍ਹਾਂ ਨੂੰ ਆਪਣੇ ਘਰਾਂ ਵਿੱਚ ਰੱਖਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਦਾ ਪਾਲਤੂ ਕੁੱਤਾ ਫੜਿਆ ਗਿਆ ਤਾਂ ਉਸ ਲਈ ਨਗਰ ਪੰਚਾਇਤ ਕਿਸੇ ਤਰ੍ਹਾਂ ਦੀ ਕੋਈ ਜ਼ਿੰਮੇਵਾਰ ਨਹੀਂ ਹੋਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਦੇ ਘਰਾਂ ਵਿੱਚ ਪਾਲਤੂ ਕੁੱਤੇ ਰੱਖੇ ਹਨ, ਉਨ੍ਹਾਂ ਦੀ ਰਜਿਸਟ੍ਰੇਸ਼ਨ ਜ਼ਰੂਰ ਕਰਵਾ ਲੈਣ ਤਾਂ ਜੁ ਜਦੋਂ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਾ ਆਵੇ, ਉਨ੍ਹਾਂ ਕਿਹਾ ਕਿ ਇਹ ਮੁਹਿੰਮ ਰਾਹੀਂ ਸਿਰਫ਼ ਅਵਾਰਾ ਕੁੱਤੇ ਹੀ ਫੜੇ ਜਾ ਰਹੇ ਹਨ।

## ਕੁਲਦੀਪ ਸਿੰਘ ਅਟਵਾਲ ਨੂੰ ਖੇਡਾਂ ਤੇ ਯੁਵਕ ਭਲਾਈ ਸੈੱਲ ਦਾ ਕੌਮੀ ਪ੍ਰਧਾਨ ਨਿਯੁਕਤ ਕੀਤਾ



**ਫ਼ਰੀਦਕੋਟ/ਚੰਡੀਗੜ੍ਹ (ਐਲਿਗਜੈਂਡਰ ਡਿਸੂਜ਼ਾ)**-ਇੰਡਕ ਆਰਟਸ ਵੈਲਫ਼ੇਅਰ ਕੌਂਸਲ ਵੱਲੋਂ ਸੰਸਥਾ ਦੇ ਸਰਪ੍ਰਸਤ ਹਰਦੀਪ ਸਿੰਘ ਕਿੰਗਰਾ ਆਈ.ਐਫ.ਐਸ ਸੇਵਾਮੁਕਤ) ਤੇ ਕੌਂਸਲ ਦੇ ਸੰਸਥਾਪਕ-ਡਾਇਰੈਕਟਰ ਪ੍ਰੋ. ਭੋਲਾ ਯਮਲਾ ਦੀ ਯੋਗ ਅਗਵਾਈ ਹੇਠ ਉੱਘੇ ਸਮਾਜ ਸੇਵੀ ਤੇ ਏਸ਼ੀਆ ਦੇ ਪ੍ਰਸਿੱਧ ਕੋਚ ਕੁਲਦੀਪ ਸਿੰਘ ਅਟਵਾਲ ਨੂੰ ਯੂਥ ਤੇ ਸਪੋਰਟਸ ਸੈੱਲ ਦਾ ਕੌਮੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਅਟਵਾਲ ਦੀ ਲੰਬੀ ਸਮੇਂ ਤੋਂ ਖੇਡਾਂ, ਯੁਵਾ ਵਿਕਾਸ ਤੇ ਕਿੱਕ ਬਾਕਸਿੰਗ ਮਾਰਸ਼ਲ ਆਰਟ ਦੇ ਖੇਤਰ ਵਿੱਚ ਕੀਤੀ ਗਈ ਵਿਸ਼ੇਸ਼ ਭੂਮਿਕਾ ਤੇ ਸਮਰਪਤ ਸੇਵਾ ਨੂੰ ਮੱਦੇਨਜ਼ਰ ਰੱਖਦਿਆਂ ਇਹ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ।ਉਨ੍ਹਾਂ ਦੀ ਨਿਯੁਕਤੀ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਤੇ ਆਤਮ ਵਿਕਾਸ ਲਈ ਨਵੀਂ ਪ੍ਰੇਰਣਾ ਮਿਲੇਗੀ।ਕੌਂਸਲ ਦੇ ਡਾਇਰੈਕਟਰ ਤੇ ਚੇਅਰਮੈਨ ਪ੍ਰੋਫੈਸਰ ਭੋਲਾ ਯਮਲਾ ਨੇ ਕਿਹਾ ਕਿ ਸੰਸਥਾ ਹਮੇਸ਼ਾ ਤੋਂ ਨੌਜਵਾਨਾਂ ਤੇ ਖਿਡਾਰੀਆਂ ਦੀ ਭਲਾਈ ਲਈ ਕੰਮ ਕਰਦੀ ਆ ਰਹੀ ਹੈ।ਸੰਸਥਾ ਹਮੇਸ਼ਾ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਤ ਕਰਦੀ ਆ ਰਹੀ ਹੈ।

## ਕੋਰ ਕਮੇਟੀ ਮੈਂਬਰ ਬਣਨ ਤੋਂ ਬਾਅਦ ਜਥੇਦਾਰ ਮੋਠਾਂਵਾਲਾ ਦਾ ਸਵਾਗਤ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਹਲਕਾ ਗੁਰੂਹਰਸਹਾਏ ਤੋਂ ਜਥੇਦਾਰ ਦਰਸ਼ਨ ਸਿੰਘ ਮੋਠਾਂਵਾਲਾ ਨੂੰ ਕੋਰ ਕਮੇਟੀ ਮੈਂਬਰ ਬਣਾਉਣ ਤੋਂ ਬਾਅਦ ਹਲਕੇ ਦੇ ਅਕਾਲੀ ਲੀਡਰਾਂ ਵਿਚ ਖੁਸ਼ੀ ਦੀ ਲਹਿਰ ਹੈ, ਜਿਸ ਕਰਕੇ ਹਲਕੇ ਦੇ ਅਕਾਲੀ ਲੀਡਰ ਉਹਨਾਂ ਨੂੰ ਬਣਦਾ ਮਾਣ-ਸਨਮਾਨ ਤੇ ਵਧਾਈਆਂ ਦੇ ਰਹੇ ਹਨ ਤੇ ਉਨ੍ਹਾਂ ਦੇ ਜੱਦੀ ਪਿੰਡ ਦੇ ਅਕਾਲੀ ਵਰਕਰਾਂ ਨੇ ਆਪਣੀ ਖੁਸ਼ੀ ਜਾਹਰ ਕਰਦੇ ਹੋਏ ਪਿੰਡ ਪਹੁੰਚਣ ਤੇ ਜਥੇਦਾਰ ਦਰਸ਼ਨ ਸਿੰਘ ਮੋਠਾਂਵਾਲਾ ਦਾ ਹਾਰ ਪਾ ਕੇ ਤੇ ਲੱਡੂ ਵੰਡ ਕੇ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਇਸ ਜ਼ਿੰਮੇਵਾਰੀ ਦੀ ਵਧਾਈ ਦਿੱਤੀ।ਜਥੇਦਾਰ ਮੋਠਾਂਵਾਲਾ ਨੇ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਮਾਨ-ਸਨਮਾਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

## ਦਿਵਿਆਂਗ ਵਿਅਕਤੀਆਂ ਵਾਸਤੇ ਨੈਸ਼ਨਲ ਐਵਾਰਡ ਲਈ ਅਰਜ਼ੀਆਂ ਦੀ ਮੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਦੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਦਿਵਿਆਂਗਜਨ ਵਿਅਕਤੀਆਂ ਲਈ ਸਾਲ 2025 ਲਈ ਨੈਸ਼ਨਲ ਐਵਾਰਡ ਲਈ ਵੱਖ-ਵੱਖ ਕੈਟਾਗਰੀ ਦੀਆਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ, ਜਿਸ ਦੀ ਆਖਰੀ ਮਿਤੀ 15 ਜੁਲਾਈ 2025 ਹੈ। ਇਹ ਜਾਣਕਾਰੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਦੇ ਸੁਪਰਡੈਂਟ ਸੋਨੀਆ ਸ਼ਰਮਾ ਵੱਲੋਂ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਦਿਵਿਆਂਗਜਨ ਵਿਅਕਤੀਆਂ ਲਈ ਸਾਲ 2025 ਲਈ ਨੈਸ਼ਨਲ ਐਵਾਰਡ ਦੀਆਂ ਅਰਜ਼ੀਆਂ ਸਬੰਧੀ ਹਦਾਇਤਾਂ ਤੇ ਪ੍ਰੋਫਾਰਮਾ ਵੈੱਬ ਸਾਈਟ 'ਤੇ ਉਪਲੱਬਧ ਹੈ।

ਇਸ ਲਈ ਯੋਗ ਉਮੀਦਵਾਰ ਸਿੱਧੇ ਤੌਰ 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫ਼ਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਫਿਰੋਜ਼ਪੁਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਦਿਵਿਆਂਗਜਨ ਵਿਅਕਤੀਆਂ ਦੀ ਹੌਸਲਾ ਅਫ਼ਜ਼ਾਈ, ਉਨ੍ਹਾਂ ਨੂੰ ਹੋਰ ਆਤਮ ਨਿਰਭਰ ਬਣਾਉਣ ਤੇ ਕਿਸੇ ਨਾਲੋਂ ਵੀ ਘੱਟ ਨਾ ਸਮਝਣ ਪ੍ਰਤੀ ਉਪਰਾਲੇ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਹਦਾਇਤਾਂ ਦੀ ਪਾਲਣਾ ਕਰਦਿਆਂ ਵੱਧ ਤੋਂ ਵੱਧ ਦਿਵਿਆਂਗਜਨ ਵਿਅਕਤੀ ਇਸ ਨੈਸ਼ਨਲ ਐਵਾਰਡ ਲਈ ਅਪਲਾਈ ਕਰਨ ਤੇ ਐਵਾਰਡ ਹਾਸਲ ਕਰਕੇ ਆਪਣਾ, ਆਪਣੇ ਪਰਿਵਾਰ ਤੇ ਆਪਣੇ ਸੂਬੇ ਦਾ ਨਾਮ ਰੋਸ਼ਨ ਕਰਨ।

# ਚੱਕ ਭਾਈ ਕੇ ਮਿਡਲ ਸਕੂਲ 'ਚ ਸਾਹਿਤਕਾਰ ਅਮਨਦੀਪ ਨਾਲ ਰੂਬਰੂ

### ਬੱਚਿਆਂ ਨੂੰ ਸਾਹਿਤ ਨਾਲ ਜੋੜਨਾ ਸਮੇਂ ਦੀ ਲੋੜ : ਬਲਜਿੰਦਰ ਸਿੰਘ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਸ਼ਹੀਦ ਹਵਲਦਾਰ ਸੁਖਵਿੰਦਰ ਸਿੰਘ ਮਿਡਲ ਸਕੂਲ ਚੱਕ ਭਾਈਕੇ ਦੇ ਵਿਦਿਆਰਥੀਆਂ ਨਾਲ ਸਾਹਿਤਕਾਰ ਅਮਨਦੀਪ ਸ਼ਰਮਾ ਦੇ ਰੂ-ਬ-ਰੂ ਪ੍ਰੋਗਰਾਮ ਕਰਵਾਇਆ ਗਿਆ।ਪ੍ਰੋਗਰਾਮ ਦੇ ਸ਼ੁਰੂ 'ਚ ਬੋਲਦਿਆਂ ਪੰਜਾਬੀ ਅਧਿਆਪਕ ਬਲਜਿੰਦਰ ਸਿੰਘ ਨੇ ਕਿਹਾ ਕਿ ਬੱਚਿਆਂ ਨੂੰ ਪੰਜਾਬੀ ਸਹਿਤ ਨਾਲ ਜੋੜਨਾ ਬਹੁਤ ਲਾਜ਼ਮੀ ਹੈ ਤਾਂ ਜੋ ਉਨ੍ਹਾਂ ਨੂੰ ਵਧੀਆ ਸਾਹਿਤ ਪੜ੍ਹਨ ਤੇ ਸਿੱਖਿਆ ਨਾਲ ਜੁੜਨ ਦਾ ਮੌਕਾ ਮਿਲੇ।ਇਸ ਮੌਕੇ ਬੋਲਦਿਆਂ ਸਾਹਿਤਕਾਰ ਅਮਨਦੀਪ ਸ਼ਰਮਾ ਨੇ ਬੱਚਿਆਂ ਨੂੰ ਨਿੱਕੀਆਂ-ਨਿੱਕੀਆਂ ਬਾਲ ਕਵਿਤਾਵਾਂ ਜ਼ਰੀਏ ਕਵਿਤਾਵਾਂ ਲਿਖਣ ਤੇ ਪੜ੍ਹਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਅਸੀਂ ਆਪਣੀਆਂ ਬਹੁਤੀਆਂ ਗੱਲਾਂ ਕਵਿਤਾ ਰਾਹੀਂ ਬਹੁਤ ਘੱਟ ਸ਼ਬਦ 'ਚ ਕਹਿ ਸਕਦੇ ਹਾਂ।ਉਨ੍ਹਾਂ ਬੇਟੀਆਂ ਨੂੰ ਵੱਧ ਤੋਂ ਵੱਧ ਪੜ੍ਹਨ ਲਈ ਪ੍ਰੇਰਤ ਕਰਦਿਆਂ ਕਿਹਾ ਕਿ ਜੇਕਰ ਲੰਬੀ ਉਡਾਣ ਭਰਨੀ ਹੈ ਤਾਂ ਤੁਹਾਨੂੰ ਸਿੱਖਿਆ ਨਾਲ ਜੁੜਨਾ ਹੀ ਪਵੇਗਾ। ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਸਿੱਖਿਆ ਲਈ ਮਹਿੰਗੇ ਸਕੂਲ ਨਹੀਂ, ਸਗੋਂ ਲਗਨ, ਸਿਰੜ ਤੇ ਹਿੰਮਤ ਦੀ ਲੋੜ ਹੁੰਦੀ ਹੈ, ਜਿਹੜੇ ਵਿਦਿਆਰਥੀ ਉੱਚ ਸਿੱਖਿਆ ਪ੍ਰਾਪਤ ਕਰਨ 'ਚ ਸਫਲ ਹੋ ਜਾਂਦੇ ਹਨ, ਉਹ ਵਿਦਿਆਰਥੀ ਆਪਣੀ ਜ਼ਿੰਦਗੀ 'ਚ ਜ਼ਰੂਰ ਕਾਮਯਾਬ ਹੋ ਜਾਂਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀਆਂ ਦੋ ਬਾਲ ਕਵਿਤਾਵਾਂ ਦੀਆਂ ਕਿਤਾਬਾਂ ਨੰਨ੍ਹੇ ਪਰਿੰਦੇ ਤੇ ਬੱਦਲੀਆਂ ਵਿੱਚੋਂ ਬਾਲ ਕਵਿਤਾਵਾਂ ਵੀ ਪੜ੍ਹ ਕੇ ਸੁਣਾਈਆਂ।ਇਸ ਮੌਕੇ ਹਿੰਦੀ ਅਧਿਆਪਕਾ ਮੈਡਮ ਰਾਣੀ ਸ਼ਰਮਾ, ਮੈਡਮ ਜਗਦੀਪ ਕੌਰ, ਮੈਡਮ ਨੈਨਸੀ ਆਦਿ ਹਾਜ਼ਰ ਸਨ।

## ਪੰਜਾਬ ਨੂੰ ਕੇਜਰੀਵਾਲ ਮਾਡਲ ਨਹੀਂ, ਦੇਸ਼ ਨੂੰ ਪੰਜਾਬ ਮਾਡਲ ਦੇਣ ਦੀ ਲੋੜ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬ ਵਰਗੀ ਜਰਖੇਜ਼ ਤੇ ਅਣਖੀ ਧਰਤੀ ਨੂੰ ਕਿਸੇ ਵੀ ਬਾਹਰੀ ਮਾਡਲ ਦੀ ਲੋੜ ਨਹੀਂ, ਸਗੋਂ ਦੇਸ਼ ਨੂੰ ਟਿਕਾਊ ਮਾਡਲ ਦੀ ਲੋੜ ਹੈ। ਇਸ ਲਈ ਉਹ ਹੋਣਾ ਚਾਹੀਦਾ ਹੈ, ਜਿਸ ਵਿਚ ਮਨੁੱਖਤਾ ਦੀ ਸੇਵਾ, ਲੋੜਵੰਦਾਂ ਦੀ ਸਹਾਇਤਾ, ਹਰ ਧਰਮ ਦਾ ਸਤਿਕਾਰ ਅਤੇ ਦੇਸ਼ ਭਗਤੀ ਵਾਲੇ ਜਜ਼ਬੇ ਹੋਣ।ਇਹ ਬਿਆਨ ਕਾਂਗਰਸ ਦੇ ਹਲਕਾ ਸਮਾਣਾ ਦੇ ਇੰਚਾਰਜ ਤੇ ਬੁਲਾਰੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਹਲਕੇ ਦੇ ਇਕ ਪਿੰਡ ਵਿਖੇ ਇਕ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਕਰਨ ਮੌਕੇ ਦਿੱਤਾ।ਉਨ੍ਹਾਂ ਸਰਕਾਰ ਦੀ ਸਖ਼ਤ ਅਲੋਚਨਾ ਕਰਦਿਆਂ ਕਿਹਾ ਕਿ ਇਹ ਮਾਡਲ ਪੰਜਾਬ ਵਿੱਚ ਗੈਂਗਸਟਰ ਸਿਸਟਮ ਨੂੰ ਉਤਸ਼ਾਹਤ ਕਰ ਰਿਹਾ ਹੈ, ਜਿੱਥੇ ਕਾਨੂੰਨ ਵਿਵਸਥਾ ਠੱਪ ਹੋ ਚੁੱਕੀ ਹੈ। ਇੱਥੋਂ ਤੱਕ ਕਿ ਪੰਜਾਬੀਆਂ ਦੀ ਥਾਂ ਰਾਜ ਸਭਾ ਵਿਚ ਬਾਹਰੀ ਲੋਕ ਭੇਜੇ ਜਾ ਰਹੇ ਹਨ, ਜੋ ਪੰਜਾਬ ਦੀ ਅਣਖ ਨੂੰ ਚੁਣੌਤੀ ਦੇਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਲਾਪ੍ਰਵਾਹੀ ਤੇ ਪਿਛੜੀ ਨੀਤੀਆਂ ਕਾਰਨ ਪੰਜਾਬ ਦੀ ਸਵੈਮਾਣ ਵਾਲੀ ਅਨਾਜ ਉਤਪਾਦਨ ਸ਼ਮੂਲੀਅਤ ਵੀ ਘਟ ਕੇ 11.97 ਫੀਸਦੀ ਤੋਂ ਘਟ ਕੇ 11.1 ਫ਼ੀਸਦੀ ਹੋ ਗਈ ਹੈ, ਜੋ ਦੇਸ਼ ਦੇ ਭਵਿੱਖ ਲਈ ਵੀ ਸਹੀ ਨਹੀਂ ਹੈ।

## ਟੀ ਐੱਸ ਯੂ ਵੱਲੋਂ ਪਾਵਰਕਾਮ ਮੈਨੇਜਮੈਂਟ ਵਿਰੁੱਧ ਸੰਘਰਸ਼ ਦਾ ਐਲਾਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸ ਯੂਨੀਅਨ (ਰਜਿ. 49) ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਜਨਰਲ ਸਕੱਤਰ ਅੰਤਰ ਸਿੰਘ ਜੇ ਈ, ਮੀਤ ਪ੍ਰਧਾਨ ਜਗਦੀਪ ਸਿੰਘ, ਪ੍ਰਚਾਰ ਸਕੱਤਰ ਪਿਆਰਾ ਸਿੰਘ, ਕੈਸ਼ੀਅਰ ਵਰਿੰਦਰ ਸਿੰਘ ਪਰਮਾਰ ਤੇ ਸਲਾਹਕਾਰ ਰਵਿੰਦਰ ਕੁਮਾਰ ਰਾਮਪੁਰਾ ਆਦਿ ਨੇ ਹਿੱਸਾ ਲਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮੁਲਾਜ਼ਮਾਂ ਕੋਲੋਂ ਹਰ ਮਹੀਨੇ ਫੰਡ ਇਕੱਠਾ ਕੀਤਾ ਜਾਵੇਗਾ ਤੇ ਜਥੇਬੰਦੀ ਦੇ ਹਰ ਮੈਂਬਰ ਨਾਲ ਤਾਲਮੇਲ ਕਰਕੇ ਆਉਣ ਵਾਲੇ ਸੰਘਰਸ਼ ਬਾਰੇ ਜਾਗਰੂਕ ਜਾਵੇਗਾ। 11 ਜੁਲਾਈ ਤੋਂ 22 ਜੁਲਾਈ ਤੱਕ ਸਰਕਲ ਪੱਧਰ 'ਤੇ ਧਰਨੇ ਅਤੇ ਥਰਮਲ ਗੇਟ 'ਤੇ ਰੋਸ ਰੈਲੀ ਕੀਤੀ ਜਾਵੇਗੀ। 24 ਜੁਲਾਈ ਨੂੰ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ। ਪ੍ਰਧਾਨ ਮੰਗਲੀ ਨੇ ਕਿਹਾ ਕਿ 2 ਜੂਨ 2025 ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨਾਲ ਪੀ ਐੱਸ ਈ ਬੀ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਤੇ ਐਸੋਸੀਏਸ਼ਨ ਆਫ ਜੂਨੀਅਰ ਇੰਜਨੀਅਰ ਸਮੇਤ ਹੋਰ ਜਥੇਬੰਦੀਆਂ ਦੀ ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਸਹਿਮਤੀਆਂ ਬਣੀਆਂ ਸਨ, ਪ੍ਰੰਤੂ ਮੰਨੀਆਂ ਮੰਗਾਂ 'ਤੇ ਪਾਵਰਕਾਮ ਦੀ ਮੈਨੇਜਮੈਂਟ ਨੇ ਸਰਕੂਲਰ ਜਾਰੀ ਨਹੀਂ ਕੀਤੇ, ਜਿਸ ਕਾਰਨ ਮੁਲਾਜ਼ਮਾਂ ਵਿੱਚ ਬਹੁਤ ਰੋਸ ਹੈ। ਜੁਆਇੰਟ ਫੋਰਮ ਦੇ ਫੈਸਲੇ ਅਨੁਸਾਰ ਆਉਣ ਵਾਲੀ 27 ਜੁਲਾਈ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਦੀ ਰਿਹਾਇਸ਼ ਅੱਗੇ ਵਿਸ਼ਾਲ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ। ਅਗਸਤ ਦੇ ਪਹਿਲੇ ਹਫਤੇ 'ਚ ਸਮੂਹਿਕ ਛੁੱਟੀ ਲੈ ਕੇ ਸਮੁੱਚੇ ਬਿਜਲੀ ਕਾਮੇ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵਿਰੁੱਧ ਅਪਣਾ ਰੋਸ ਪ੍ਰਗਟਾਉਣਗੇ।

# ਅਮਲੋਹ ਦੇ ਬਲਜੀਤ ਸਿੰਘ ਨੂੰ ਲੀਵਰ ਟ੍ਰਾਂਸਪਲਾਂਟ ਨੇ ਦਿੱਤੀ ਨਵੀਂ ਜ਼ਿੰਦਗੀ



**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-38 ਸਾਲਾ ਬਲਜੀਤ ਸਿੰਘ ਨੂੰ ਲੀਵਰ ਟ੍ਰਾਂਸਪਲਾਂਟ ਤੋਂ ਬਾਅਦ ਨਵੀਂ ਜ਼ਿੰਦਗੀ ਮਿਲੀ।ਬਲਜੀਤ ਤਿੰਨ ਸਾਲਾਂ ਤੋਂ ਵੱਧ ਸਮੇਂ ਤੋਂ ਲਿਵਰ ਦੀ ਪੁਰਾਣੀ ਬਿਮਾਰੀ ਤੋਂ ਪੀੜਤ ਸੀ।ਉਸ ਨੂੰ ਪਹਿਲੀ ਵਾਰ 2022 'ਚ ਪੁਰਾਣੀ ਲਿਵਰ ਦੀ ਬਿਮਾਰੀ ਦਾ ਪਤਾ ਲੱਗਾ, ਜਦੋਂ ਉਸ ਨੂੰ ਖੂਨ ਦੀਆਂ ਉਲਟੀਆਂ ਆਉਣ ਲੱਗੀਆਂ। ਕਮਜ਼ੋਰੀ ਮਹਿਸੂਸ ਹੋਈ ਤੇ ਚੱਕਰ ਆਉਣੇ ਸ਼ੁਰੂ ਹੋ ਗਏ।ਹਾਲਤ ਹੌਲੀ-ਹੌਲੀ ਵਿਗੜਦੀ ਗਈ।ਅਪ੍ਰੈਲ 2025 ਵਿੱਚ ਬਲਜੀਤ ਨੂੰ ਤੇਜ਼ ਬੁਖਾਰ ਕਾਰਨ ਮੋਹਾਲੀ ਦੇ ਮੈਕਸ ਹਸਪਤਾਲ ਲਿਆਂਦਾ ਗਿਆ।ਸ਼ੁਰੂ ਵਿੱਚ ਉਸਦਾ ਇਲਾਜ ਦਵਾਈ ਨਾਲ ਕੀਤਾ ਗਿਆ, ਪਰ ਬਾਅਦ ਵਿੱਚ ਉਸਦਾ ਲਿਵਰ ਵਿਗੜ ਗਿਆ ਤੇ ਅੰਤ ਵਿੱਚ ਉਸਨੂੰ ਟ੍ਰਾਂਸਪਲਾਂਟ ਦੀ ਲੋੜ ਪਈ।ਮੈਕਸ ਵਿਖੇ ਸਲਾਹਕਾਰ-ਐਚਪੀਬੀ ਸਰਜਰੀ ਤੇ ਲਿਵਰ ਟ੍ਰਾਂਸਪਲਾਂਟ ਡਾ. ਕਪਤਾਨ ਸਿੰਘ ਨੇ ਕਿਹਾ ਕਿ ਸ਼ੁਰੂ ਵਿੱਚ, ਮਰੀਜ਼ ਦੀ ਭੈਣ ਆਪਣਾ ਲਿਵਰ ਦਾਨ ਕਰਨ ਲਈ ਅੱਗੇ ਆਈ ਸੀ, ਪਰ ਬਲੱਡ ਗਰੁੱਪ ਵਿੱਚ ਮੇਲ ਨਾ ਹੋਣ ਕਾਰਨ, ਅਸੀਂ ਉਸ ਦੇ ਲਿਵਰ ਨਾਲ ਅੱਗੇ ਨਹੀਂ ਵਧ ਸਕੇ।ਖੁਸ਼ਕਿਸਮਤੀ ਨਾਲ ਮਰੀਜ਼ ਦੀ 35 ਸਾਲਾ ਪਤਨੀ ਇੱਕ ਢੁੱਕਵੀਂ ਦਾਨੀ ਨਿਕਲੀ। ਸਾਰੇ ਜ਼ਰੂਰੀ ਟੈਸਟਾਂ ਤੋਂ ਬਾਅਦ ਅਸੀਂ ਟ੍ਰਾਂਸਪਲਾਂਟ ਕੀਤਾ। ਡਾਇਰੈਕਟਰ-ਜੀਆਈ, ਐਚਪੀਬੀ ਤੇ ਲਿਵਰ ਟ੍ਰਾਂਸਪਲਾਂਟ ਡਾ. ਮਨਮੋਹਨ ਸਿੰਘ ਬੇਦੀ ਨੇ ਦੱਸਿਆ ਕਿ ਮਰੀਜ਼ ਦਾ ਬਿਮਾਰ ਲਿਵਰ ਕੱਢ ਦਿੱਤਾ ਗਿਆ ਸੀ ਤੇ ਲਗਭਗ 62-65% ਲਿਵਰ ਟ੍ਰਾਂਸਪਲਾਂਟ ਲਈ ਲਿਆ ਗਿਆ ਸੀ।ਹੁਣ ਦਾਨੀ ਕੋਲ ਲਗਭਗ 35 ਪ੍ਰਤੀਸ਼ਤ ਲਿਵਰ ਹੈ ਜੋ 6-8 ਹਫ਼ਤਿਆਂ ਵਿੱਚ ਪੂਰੀ ਤਰ੍ਹਾਂ ਦੁਬਾਰਾ ਵਿਕਸਤ ਹੋ ਜਾਵੇਗਾ।ਸਰਜਰੀ ਤੋਂ ਬਾਅਦ ਮਰੀਜ਼ ਤੇ ਦਾਨੀ ਦੋਵੇਂ ਠੀਕ ਸਨ।ਡਿਸਚਾਰਜ ਦੇ ਸਮੇਂ ਤੱਕ ਬਲਜੀਤ ਪੂਰੀ ਤਰ੍ਹਾਂ ਤੰਦਰੁਸਤ ਸੀ।

## ਕਾਰ ਪਲਟਣ ਕਾਰਨ ਡੀ ਐੱਸ ਪੀ ਦੇ ਪੁੱਤਰ ਦੀ ਮੌਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇਥੇ ਬਠਿੰਡਾ ਚੰਡੀਗੜ੍ਹ ਨੈਸ਼ਨਲ ਹਾਈਵੇਅ 'ਤੇ ਫੱਗੂਵਾਲਾ ਕੈਂਚੀਆਂ ਵਿਖੇ ਬੀਤੀ ਅੱਧੀ ਰਾਤ ਡੇਢ ਕੁ ਵਜੇ ਓਵਰ ਬ੍ਰਿਜ ਉੱਤੇ ਟਾਇਰ ਫਟਣ ਕਾਰਨ ਵਰਨਾ ਕਾਰ ਪਲਟ ਗਈ।ਹਾਦਸੇ ਵਿੱਚ ਕਾਰ ਚਲਾ ਰਹੇ ਨੌਜਵਾਨ ਏਕਮਵੀਰ ਸਿੰਘ (22) ਪੁੱਤਰ ਸਤਨਾਮ ਸਿੰਘ (ਡੀਐੱਸਪੀ ਪਟਿਆਲਾ) ਦੀ ਮੌਤ ਹੋ ਗਈ ਤੇ ਦੂਜਾ ਨੌਜਵਾਨ ਹਰਜੋਤ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ।ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟਰੋਲ ਰੂਮ ਤੋਂ ਫ਼ੋਨ ਆਇਆ ਕਿ ਫੱਗੂਵਾਲਾ ਕੈਂਚੀਆਂ ਵਿੱਚ ਸੜਕ ਹਾਦਸਾ ਹੋ ਗਿਆ।ਸੂਚਨਾ ਮਿਲਦਿਆਂ ਹੀ ਉਨ੍ਹਾਂ ਦੀ ਸਾਰੀ ਟੀਮ ਘਟਨਾ ਸਥਾਨ 'ਤੇ ਪਹੁੰਚ ਗਈ।ਉਨ੍ਹਾਂ ਨੇ ਦੋਵਾਂ ਨੌਜਵਾਨਾਂ ਨੂੰ ਚੁੱਕ ਕੇ ਸਰਕਾਰੀ ਹਸਪਤਾਲ ਭਵਾਨੀਗੜ੍ਹ ਪਹੁੰਚਾਇਆ, ਜਿਨ੍ਹਾਂ ਵਿੱਚੋਂ ਏਕਮਵੀਰ ਸਿੰਘ ਦੀ ਮੌਤ ਹੋ ਚੁੱਕੀ ਸੀ।

## ਪੰਚਾਇਤ ਦੀਆਂ ਉਪ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਪ੍ਰਕਿਰਿਆ ਅੱਜ ਤੋਂ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਰਾਜ ਚੋਣ ਕਮਿਸ਼ਨ ਨੇ ਪੰਚਾਇਤਾਂ ਦੀਆਂ ਉਪ-ਚੋਣਾਂ ਦਾ ਸ਼ਡਿਊਲ ਐਲਾਨ ਦਿੱਤਾ ਹੈ।ਚੋਣ ਕਮਿਸ਼ਨ ਅਨੁਸਾਰ ਵੋਟਿੰਗ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਬੈਲੇਟ ਪੇਪਰਾਂ ਰਾਹੀਂ ਹੋਵੇਗੀ।ਜ਼ਿਲ੍ਹਾ ਚੋਣਕਾਰ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਹੈ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਾਂ ਦੀ ਗਿਣਤੀ ਵੋਟਾਂ ਵਾਲੇ ਦਿਨ ਹੀ ਸ਼ਾਮ ਨੂੰ ਪੋਲਿੰਗ ਸਟੇਸ਼ਨਾਂ 'ਤੇ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਸਰਪੰਚ ਦੀ ਕੋਈ ਵੀ ਜ਼ਿਮਨੀ ਚੋਣ ਨਹੀਂ ਹੋਵੇਗੀ, ਜਦਕਿ ਪੰਚਾਂ ਦੀਆਂ 35 ਸੀਟਾਂ ਲਈ ਉਪ ਚੋਣਾਂ ਕਰਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਪੰਚਾਂ ਦੀ ਚੋਣ ਲਈ ਨਾਮਜ਼ਦਗੀਆਂ 14 ਜੁਲਾਈ ਤੋਂ ਸ਼ੁਰੂ ਹੋਣਗੀਆਂ ਤੇ ਵੋਟਿੰਗ 27 ਜੁਲਾਈ ਨੂੰ ਹੋਏਗੀ। ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਦੱਸਿਆ ਕਿ ਨਾਮਜ਼ਦਗੀਆਂ 14 ਤੋਂ 17 ਜੁਲਾਈ ਤੱਕ ਭਰੀਆਂ ਜਾਣਗੀਆਂ ਤੇ ਨਾਮਜ਼ਦਗੀਆਂ ਦੀ ਪੜਤਾਲ 18 ਜੁਲਾਈ ਨੂੰ ਕੀਤੀ ਜਾਵੇਗੀ ਤੇ ਕਾਗਜ਼ ਵਾਪਸ ਲੈਣ ਦੀ ਆਖ਼ਰੀ ਮਿਤੀ 19 ਜੁਲਾਈ ਹੈ।ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਦੱਸਿਆ ਕਿ ਪੰਚ ਦੇ ਅਹੁਦੇ ਲਈ ਖ਼ਰਚ ਹੱਦ 30 ਹਜ਼ਾਰ ਰੁਪਏ ਨਿਰਧਾਰਤ ਕੀਤੀ ਗਈ ਹੈ।

## ਰੱਬਾ ਝੋਲੀ ਅੱਡ ਕੇ ਮੰਗਦਾਂ ਕਿ ਮੁੜ ਭਗਵੰਤ ਮਾਨ ਨਾਲ ਪੇਚਾ ਪਵਾ ਦਿਓ : ਦਲਵੀਰ ਗੋਲਡੀ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਭਗਵੰਤ ਮਾਨ ਸਰਕਾਰ 'ਤੇ ਕਰਾਰਾ ਹਮਲਾ ਕਰਦੇ ਹੋਏ ਕਿਹਾ ਕਿ ਜੋ ਵਿਅਕਤੀ



ਧੂਰੀ ਦੀ ਝੋਲੀ 'ਚੋਂ ਮੁੱਖ ਮੰਤਰੀ ਦੀ ਕੁਰਸੀ 'ਤੇ ਬੈਠਿਆ ਹੈ, ਉਸ ਨੇ ਧੂਰੀ ਤੋਂ ਮੁੱਖ ਫੇਰਿਆ ਹੋਇਆ ਹੈ।ਅਜਿਹੇ ਮੌਕਾਪ੍ਰਸਤ ਲੋਕਾਂ ਨੂੰ ਧੂਰੀ ਤੋਂ ਚੱਲਦਾ ਕਰਨ ਲਈ ਮੈਂ ਸ਼੍ਰੀ ਵਾਹਿਗੁਰੂ ਅੱਗੇ ਝੋਲੀ ਅੱਡ ਕੇ ਕਹਿੰਦਾ ਹਾਂ ਕਿ ਮੇਰਾ ਮੁੜ 2027 ਵਿੱਚ ਭਗਵੰਤ ਮਾਨ ਨਾਲ ਪੇਚਾਂ ਪਵਾ ਦਿਓ।ਮੁੱਖ ਮੰਤਰੀ ਸਾਹਿਬ ਧੂਰੀ ਹਲਕਾ ਛੱਡ ਕੇ ਕਿਤੇ ਹੋਰ ਨਾ ਜਾਣ, ਮਸਲਾ ਜਿੱਤ-ਹਾਰ ਦਾ ਨਹੀਂ, ਭਾਵੇਂ ਮੈਂ ਹਾਰ ਹੀ ਜਾਵਾਂ।ਗੋਲਡੀ ਨੇ ਆਮ ਆਦਮੀ ਪਾਰਟੀ ਨੂੰ ਸਿੱਧਾ ਨਿਸ਼ਾਨਾ ਬਣਾਉਂਦੇ ਹੋਏ ਕਿਹਾ ਕਿ ਧੂਰੀ ਹਲਕੇ ਦੇ ਲੋਕਾਂ ਨੇ 2022 'ਚ ਭਗਵੰਤ ਮਾਨ ਉੱਤੇ ਭਰੋਸਾ ਕਰਦੇ ਹੋਏ ਉਨ੍ਹਾਂ ਨੂੰ ਇਤਿਹਾਸਕ ਜਿੱਤ ਦਵਾਈ, ਪਰ ਮੌਜੂਦਾ ਸਰਕਾਰ ਨੇ ਹਲਕੇ ਵਾਸੀਆਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ।ਓਹਨਾ ਕਿਹਾ ਕਿ ਧੂਰੀ ਹਲਕੇ ਦੀ ਖੰਡ ਮਿੱਲ ਬੰਦ ਹੋ ਗਈ, ਅੱਜ ਤੱਕ ਮੁੱਖ ਮੰਤਰੀ ਨੇ ਇਕ ਸ਼ਬਦ ਵੀ ਬੋਲਣਾ ਮੁਨਾਸਿਬ ਨਹੀਂ ਸਮਝਿਆ ਤੇ ਅੱਜ ਤੱਕ ਉਹ ਓਵਰਬ੍ਰਿਜ ਨਹੀਂ ਬਣਵਾ ਸਕੇ।ਗੋਲਡੀ ਨੇ ਕਿਹਾ ਕਿ ਧੂਰੀ ਹਲਕੇ ਵਿੱਚ ਨਾ ਨੌਕਰੀਆਂ ਮਿਲੀਆਂ, ਨਾ ਵਿਕਾਸ ਦੇ ਕੋਈ ਵੱਡੇ ਪ੍ਰੋਜੈਕਟ ਆਏ।ਸਿਰਫ਼ ਫੋਟੋ ਖਿਚਵਾਉਣ ਤੇ ਜ਼ੁਬਾਨੀ ਵਾਅਦਿਆਂ ਤੱਕ ਹੀ ਸਰਕਾਰ ਦੀ ਕਾਰਗੁਜ਼ਾਰੀ ਸੀਮਿਤ ਰਹੀ।ਉਨ੍ਹਾਂ ਆਖਿਆ ਕਿ ਧੂਰੀ ਤੋਂ ਸੀਟ ਲੈਣ ਮਗਰੋਂ ਭਗਵੰਤ ਮਾਨ ਨੇ ਇਥੋਂ ਪਿੱਠ ਫੇਰੀ ਹੋਈ ਹੈ, ਜਿਹੜਾ ਨੇਤਾ ਆਪਣੇ ਹਲਕੇ ਦੀ ਹੀ ਚਿੰਤਾ ਨਾ ਕਰ ਸਕੇ, ਉਹ ਪੰਜਾਬ ਦੀ ਕੀ ਚਿੰਤਾ ਕਰੇਗਾ?

# ਪੰਜਾਬ ਸਟੂਡੈਂਟਸ ਯੂਨੀਅਨ ਤੇ ਨੌਜਵਾਨ ਭਾਰਤ ਸਭਾ ਵੱਲੋਂ ਫਾਜ਼ਿਲਕਾ 'ਚ ਸਾਂਝੀ ਮੀਟਿੰਗ

### 25 ਨੂੰ ਸੰਗਰੂਰ ਪ੍ਰਦਰਸ਼ਨ 'ਚ ਵੱਡੀ ਗਿਣਤੀ ਨੌਜਵਾਨ ਤੇ ਵਿਦਿਆਰਥੀ ਹੋਣਗੇ ਸ਼ਾਮਲ



**ਫਾਜ਼ਿਲਕਾ (ਪਰਮਜੀਤ ਢਾਬਾਂ)**

ਪੰਜਾਬ ਸਟੂਡੈਂਟਸ ਯੂਨੀਅਨ ਤੇ ਨੌਜਵਾਨ ਭਾਰਤ ਸਭਾ ਵੱਲੋਂ ਫਾਜ਼ਿਲਕਾ ਵਿਖੇ ਸਾਂਝੀ ਮੀਟਿੰਗ ਕੀਤੀ ਗਈ, ਜਿਸ ਵਿੱਚ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਨ, ਲੋਕਾਂ ਦੇ ਜਮਹੂਰੀ ਅਧਿਕਾਰ ਖ਼ਤਮ ਕਰਨ, ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਥਾਂ ਪੁਲਸ ਵੱਲੋਂ ਨੌਜਵਾਨਾਂ ਦੇ ਝੂਠੇ ਇੰਨਕਾਊਂਟਰ ਕਰਨ, ਪੱਤਰਕਾਰਾਂ ਦੀ ਜ਼ੁਬਾਨਬੰਦੀ ਕਰਨ ਖਿਲਾਫ਼ ਸੰਗਰੂਰ ਵਿਖੇ ਹੋ ਰਹੇ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।

ਇਸ ਮੌਕੇ ਜਾਣਕਾਰੀ ਦਿੰਦੇ ਹੋਏ ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਧੀਰਜ ਫਾਜ਼ਿਲਕਾ ਤੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਮੁਹਾਰਖੀਵਾ, ਨੌਜਵਾਨ ਭਾਰਤ ਸਭਾ ਦੇ ਆਗੂ ਰਾਜਨ ਮੁਹਾਰਸੋਨਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਗਾਤਾਰ ਪੰਜਾਬ ਦੇ ਵਿੱਚ ਤਰ੍ਹਾਂ ਤਰ੍ਹਾਂ ਦੇ ਫਰਮਾਨ ਲਾਗੂ ਕਰਕੇ ਆਪਣੇ ਹੱਕ ਮੰਗਦੇ ਲੋਕਾਂ ਦੇ ਸੰਘਰਸ਼ਾਂ ਨੂੰ ਦਬਾਇਆ ਜਾ ਰਿਹਾ ਹੈ ਅਤੇ ਪੁਲਸ ਦੀਆਂ ਵਾਂਗਾਂ ਖੁੱਲ੍ਹੀਆਂ ਛੱਡ ਕੇ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਨ ਦੇ ਯਤਨ ਕੀਤੇ ਜਾ ਰਹੇ ਹਨ।ਪੁਲਸ ਦੁਆਰਾ ਲਗਾਤਾਰ ਸੰਘਰਸ਼ਾਂ ਨੂੰ ਦਬਾਇਆ ਜਾ ਰਿਹਾ ਹੈ ਤੇ ਕਿਸਾਨਾਂ, ਮਜ਼ਦੂਰਾਂ, ਬੇਰੁਜ਼ਗਾਰਾਂ ਉੱਤੇ ਅੰਨ੍ਹਾ ਤਸ਼ੱਦਦ ਢਾਹਿਆ ਜਾ ਰਿਹਾ ਹੈ ਅਤੇ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ਼ ਆਵਾਜ਼ ਚੁੱਕਣ ਵਾਲਿਆਂ ਕਿਸਾਨਾਂ, ਮਜ਼ਦੂਰਾਂ, ਅਧਿਆਪਕਾਂ, ਵਿਦਿਆਰਥੀਆਂ ਉੱਪਰ ਝੂਠੇ ਮੁਕੱਦਮੇ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ, ਜੋ ਕਿ ਜਮਹੂਰੀਅਤ ਦਾ ਬਹੁਤ ਵੱਡਾ ਘਾਣ ਹੈ।ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਮਮਤਾ ਲਾਧੂਕਾ, ਜ਼ਿਲ੍ਹਾ ਆਗੂ ਦਿਲਕਰਨ ਰਤਨਪੁਰਾ ਨੇ ਕਿਹਾ ਕਿ ਅੱਜ ਸਾਡੇ ਨੌਜਵਾਨਾਂ ਸਾਹਮਣੇ ਰੁਜ਼ਗਾਰ ਦਾ ਬਹੁਤ ਵੱਡਾ ਸੰਕਟ ਖੜ੍ਹਾ ਹੈ, ਪਰ ਸਰਕਾਰ ਦਾ ਇਸ ਵੱਲ ਕੋਈ ਧਿਆਨ ਨਹੀਂ ਤੇ ਸਰਕਾਰ ਵੱਲੋਂ ਰੁਜ਼ਗਾਰ ਦੀ ਮੰਗ ਕਰਦੇ ਨੌਜਵਾਨਾਂ ਨੂੰ ਲਾਠੀਆਂ ਨਾਲ ਕੁੱਟਿਆ ਜਾਂਦਾ ਹੈ।ਆਗੂਆਂ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਕੇਂਦਰ ਦੇ ਇਸ਼ਾਰਿਆਂ 'ਤੇ ਚੱਲਦੀ ਹੋਈ ਪੰਜਾਬ ਦੇ ਹਰੇਕ ਸੰਘਰਸ਼ ਨੂੰ ਕੁਚਲਣ ਲੱਗੀ ਹੋਈ ਹੈ।ਕੇਂਦਰ ਸਰਕਾਰ ਲਗਾਤਾਰ ਲੋਕ-ਮਾਰੂ ਨੀਤੀਆਂ ਲਾਗੂ ਕਰਨ ਲੱਗੀ ਹੋਈ ਹੈ, ਜਿਸ ਦੇ ਤਹਿਤ ਲਗਾਤਾਰ ਮਨੁੱਖੀ ਅਧਿਕਾਰਾਂ ਦਾ ਘਾਣ ਕੀਤਾ ਜਾ ਰਿਹਾ ਹੈ ਤੇ ਕੇਂਦਰ ਸਰਕਾਰ ਤਾਨਾਸ਼ਾਹੀ ਸਥਾਪਤ ਕਰਕੇ ਨਵੀਆਂ ਨਵੀਆਂ ਨੀਤੀਆਂ ਨੂੰ ਜਬਰੀ ਥੋਪ ਰਹੀ ਹੈ।ਵਿਦਿਆਰਥੀਆਂ ਉੱਪਰ ਨਵੀਂ ਸਿੱਖਿਆ ਨੀਤੀ ਲਾਗੂ ਕਰਕੇ ਵਿਦਿਆਰਥੀਆਂ ਦੇ ਭਵਿੱਖ ਨੂੰ ਉਜਾੜਨ ਲੱਗੀ ਹੋਈ ਹੈ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ ਉੱਪਰ ਹੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਪਣਾ ਸਾਰਾ ਕੰਮ ਚਲਾ ਰਹੀ ਹੈ ਤੇ ਵਿਦਿਆਰਥੀਆਂ, ਨੌਜਵਾਨਾਂ ਦੀ ਆਵਾਜ਼ ਤੇ ਉਨ੍ਹਾਂ ਦੇ ਸੰਘਰਸ਼ ਨੂੰ ਦਬਾਉਣ ਲਈ ਨਵੇਂ ਨਵੇਂ ਫਰਮਾਨ ਲਾਗੂ ਕੀਤੇ ਜਾ ਰਹੇ ਹਨ, ਜਿਸ ਦੇ ਤਹਿਤ ਪੰਜਾਬੀ ਯੂਨੀਵਰਸਿਟੀ ਨੇ ਵੀ ਵਿਦਿਆਰਥੀਆਂ ਦੇ ਪ੍ਰਦਰਸ਼ਨ ਕਰਨ 'ਤੇ ਰੋਕ ਲਗਾਈ ਹੈ ਤੇ ਵਿਦਿਆਰਥੀਆਂ ਦੀ ਆਵਾਜ਼ ਤੇ ਵਿਦਿਆਰਥੀ ਜਥੇਬੰਦੀਆਂ ਦੇ ਸੰਘਰਸ਼ ਨੂੰ ਦਬਾਉਣ ਦੀ ਨੀਤੀ ਤਹਿਤ ਆਪਣਾ ਫੈਸਲਾ ਸੁਣਾਇਆ ਹੈ।ਇਸ ਲਈ ਹੁਣ ਇਹ ਵਿਦਿਆਰਥੀਆਂ ਤੇ ਨੌਜਵਾਨਾਂ ਲਈ ਬਹੁਤ ਵੱਡੀ ਚੁਣੌਤੀ ਹੈ ਅਤੇ ਇਸ ਖਿਲਾਫ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਇੱਕਠੇ ਹੋ ਕੇ ਵੱਡੇ ਪੱਧਰ 'ਤੇ ਸੰਘਰਸ਼ ਵਿੱਢਣਾ ਚਾਹੀਦਾ ਹੈ ਤੇ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।ਅੰਤ ਆਗੂਆਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਹੋ ਰਹੇ ਪ੍ਰਦਰਸ਼ਨ ਵਿੱਚ ਫਾਜ਼ਿਲਕਾ ਤੋਂ ਵੱਡੀ ਗਿਣਤੀ ਵਿਦਿਆਰਥੀ ਤੇ ਨੌਜਵਾਨਾਂ ਵੱਲੋਂ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਪ੍ਰਵੀਨ ਕੌਰ, ਆਦਿੱਤਿਆ ਫਾਜ਼ਿਲਕਾ ਤੇ ਨੌਜਵਾਨ ਭਾਰਤ ਸਭਾ ਦੇ ਆਗੂ ਰਮਨ ਮੁਹਾਰਸੋਨਾ, ਅਮਰਜੀਤ ਸਿੰਘ ਤੇ ਰਮਨ ਸਿੰਘ ਮਨਸਾ ਹਾਜ਼ਰ ਸਨ।

## ਲਖਨਪੁਰ ਗਰਚਾ ਦੀ ਪੰਚਾਇਤ ਨੇ ਮਤਾ ਕੇ ਪ੍ਰਵਾਸੀਆਂ ਦੀਆਂ ਝੁੱਗੀਆਂ ਚੁਕਵਾਉਣ ਦੀ ਕੀਤੀ ਮੰਗ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪ੍ਰਵਾਸੀਆਂ ਦੀਆਂ ਝੁੱਗੀਆਂ ਪਿੰਡ 'ਚੋਂ ਚੁਕਵਾਉਣ ਦੀ ਮੰਗ ਕੀਤੇ ਜਾਣ ਦਾ ਮਾਮਲਾ ਜ਼ਿਲ੍ਹੇ ਦੀ ਤਹਿਸੀਲ ਖਮਾਣੋਂ ਦੇ ਪਿੰਡ ਲਖਨਪੁਰ ਗਰਚਾ ਪੱਤੀ ਤੋਂ ਸਾਹਮਣੇ ਆਇਆ ਹੈ, ਜਿੱਥੋਂ ਦੀ ਪੰਚਾਇਤ ਨੇ ਪਿੰਡ ਨੇੜਲੇ ਰਜਵਾਹੇ 'ਤੇ ਝੁੱਗੀਆਂ ਬਣਾ ਕੇ ਰਹਿ ਰਹੇ ਪ੍ਰਵਾਸੀਆਂ ਨੂੰ ਉੱਥੋਂ ਝੁੱਗੀਆਂ ਚੁੱਕ ਕੇ ਚਲੇ ਜਾਣ ਲਈ ਕਿਹਾ ਗਿਆ ਹੈ।ਪਿੰਡ ਦੇ ਸਰਪੰਚ ਬਰਿੰਦਰ ਸਿੰਘ, ਪੰਚ ਰਾਜਵੰਤ ਸਿੰਘ, ਪੰਚ ਸੁਖਪਾਲ ਸਿੰਘ ਤੇ ਹੋਰ ਪਿੰਡ ਵਾਸੀਆਂ ਨੇ ਦੱਸਿਆ ਕਿ ਕੁਝ ਸ਼ੱਕੀ ਕਿਸਮ ਦੇ ਵਿਅਕਤੀ ਪਿੰਡ ਨੇੜਲੇ ਰਜਵਾਹੇ ਨੇੜੇ ਜੰਗਲਾਤ ਵਿਭਾਗ ਦੀ ਜਗ੍ਹਾ 'ਚ ਝੁੱਗੀਆਂ ਬਣਾ ਕੇ ਰਹਿਣ ਲੱਗ ਪਏ ਹਨ, ਜਿਨ੍ਹਾਂ ਵੱਲੋਂ ਮੰਗਣ 'ਤੇ ਪੰਚਾਇਤ ਨੂੰ ਕੋਈ ਸ਼ਨਾਖਤੀ ਕਾਰਡ ਵਗੈਰਾ ਵੀ ਨਹੀਂ ਦਿਖਾਇਆ ਜਾਂਦਾ, ਜਿਸ ਤੋਂ ਇਹ ਪਤਾ ਲੱਗ ਸਕੇ ਕਿ ਉਹ ਕਿਸ ਪ੍ਰਾਂਤ ਜਾਂ ਕਿਸ ਦੇਸ਼ ਤੋਂ ਇੱਥੇ ਆਏ ਹਨ।ਉਨ੍ਹਾਂ ਦੋਸ਼ ਲਾਏ ਕਿ ਉਕਤ ਵਿਅਕਤੀਆਂ ਦੀ ਆਮਦਣ ਦਾ ਸਰੋਤ ਚੋਰੀ ਤੇ ਲੁੱਟਾਂ ਖੋਹਾਂ ਕਰਨਾ ਹੈ, ਜਿਨ੍ਹਾਂ ਦੇ ਇੱਥੇ ਆਉਣ ਤੋਂ ਬਾਅਦ ਉਨ੍ਹਾਂ ਦੇ ਪਿੰਡ 'ਚ ਵੀ ਚੋਰੀ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ।ਉਨ੍ਹਾਂ ਦੱਸਿਆ ਕਿ ਪਿੰਡ ਦਾ ਖੇਡ ਮੈਦਾਨ ਵੀ ਝੁੱਗੀਆਂ ਦੇ ਨਜ਼ਦੀਕ ਹੈ, ਜਿੱਥੇ ਰਹਿ ਰਹੇ ਉਕਤ ਗ਼ਲਤ ਅਨਸਰ ਨਸ਼ਾ ਪੱਤਾ ਕਰਕੇ ਹੁੱਲੜਬਾਜ਼ੀ ਕਰਦੇ ਹਨ, ਜਿਨ੍ਹਾਂ ਕਰਕੇ ਪਿੰਡ ਦੀਆਂ ਔਰਤਾਂ ਦਾ ਮੈਦਾਨ ਵਿੱਚ ਸੈਰ ਕਰਨਾ ਤੇ ਬੱਚਿਆਂ ਦਾ ਖੇਡਣਾ ਮੁਸ਼ਕਲ ਹੋਇਆ ਪਿਆ ਹੈ।ਪਿੰਡ ਵਾਸੀਆਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਸਬੰਧੀ ਇੱਕ ਮਤਾ ਪਾ ਕੇ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਗਈ ਹੈ ਕਿ ਉਕਤ ਗ਼ਲਤ ਅਨਸਰਾਂ ਨੂੰ ਇੱਥੋਂ ਤੁਰੰਤ ਹਟਾਇਆ ਜਾਵੇ।ਪਿੰਡ ਵਾਸੀਆਂ ਨੇ ਸਪੱਸ਼ਟ ਕੀਤਾ ਕਿ ਉਹ ਉਨ੍ਹਾਂ ਪ੍ਰਵਾਸੀ ਮਜ਼ਦੂਰਾਂ ਦੇ ਵਿਰੁੱਧ ਨਹੀਂ ਹਨ, ਜੋ ਖੇਤੀ ਜਾਂ ਹੋਰ ਮਿਹਨਤ ਮਜ਼ਦੂਰੀ ਕਰਨ ਲਈ ਪਿੰਡ 'ਚ ਆਉਂਦੇ ਜਾਂਦੇ ਹਨ।ਉਨ੍ਹਾਂ ਨੂੰ ਤਾਂ ਪਿੰਡ ਦੇ ਬਾਹਰ ਝੁੱਗੀਆਂ ਬਣਾ ਕੇ ਬੈਠ ਗਏ ਇਨ੍ਹਾਂ ਗਲਤ ਅਨਸਰਾਂ 'ਤੇ ਇਤਰਾਜ਼ ਹੈ, ਜੋ ਪਿੰਡ ਦਾ ਮਾਹੌਲ ਖਰਾਬ ਕਰ ਰਹੇ ਹਨ।

# 'ਮਿਸ਼ਨ ਇੱਕ ਇੱਕ ਤੇਰਾ' ਤਹਿਤ 1113 ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਮਿਸ਼ਨ ਇੱਕ ਇੱਕ ਤੇਰਾ ਤਹਿਤ 1113 ਬੂਟੇ ਲਗਾਉਣ ਦੀ ਸ਼ੁਰੂਆਤ ਜਸਪਾਲ ਸਿੰਘ ਚੌਧਰੀ ਐੱਸ ਡੀ ਓ ਵੱਲੋਂ ਪਿੰਡ ਕੂੜਾਂਵਾਲਾ ਦੇ ਗਰਾਊਂਡ ਵਿੱਚ 100 ਬੂਟੇ ਲਗਾ ਕੇ ਕੀਤੀ।ਇਹ ਬੂਟੇ ਵਣ ਮਿੱਤਰ ਟੀਮ ਦੇ ਸਹਿਯੋਗ ਨਾਲ ਸਕੂਲਾਂ ਅਤੇ ਵੱਖ ਵੱਖ ਪਿੰਡਾਂ ਵਿੱਚ ਲਗਾਏ ਜਾਣਗੇ।ਜਸਪਾਲ ਚੌਧਰੀ ਵੱਲੋਂ 1113 ਬੂਟੇ ਲਗਾਉਣ ਦਾ ਸੰਕਲਪ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਹ ਨੰਬਰ ਉਨ੍ਹਾਂ ਲਈ ਬਹੁਤ ਖਾਸ ਹੈ ਕਿਉਕਿ ਮਿਤੀ 1-1-13 ਨੂੰ ਬਤੌਰ ਜੇ ਈ ਬਿਜਲੀ ਵਿਭਾਗ ਵਿੱਚ ਨਿਯੁਕਤੀ ਹੋਈ ਸੀ। ਜਦੋਂ ਮੇਰੀ ਤਰੱਕੀ ਬਤੌਰ ਐੱਸ ਡੀ ਓ ਹੋਈ ਤਾਂ ਉਸ ਸਮੇਂ ਮੇਰੇ ਵੱਲੋਂ 1113 ਬੂਟੇ ਲਗਾਉਣ ਦਾ ਸੰਕਲਪ ਲਿਆ ਸੀ।ਇਨ੍ਹਾਂ ਬੂਟਿਆਂ ਵਿੱਚੋਂ 100 ਬੂਟੇ ਲਗਾਉਣ ਲਈ ਵਣ ਮਿੱਤਰ ਟੀਮ, ਯੂਥ ਕਲੱਬ ਕੂੜਾਂਵਾਲਾ ਅਤੇ ਸਰਪੰਚ ਜਸਮੇਰ ਸਿੰਘ ਸਮੇਤ ਪੂਰੀ ਪੰਚਾਇਤ ਦਾ ਵੱਡਾ ਸਹਿਯੋਗ ਰਿਹਾ।ਐੱਸ ਡੀ ਓ ਨੇ ਦੱਸਿਆ ਕਿ ਸਾਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਬੇਹੱਦ ਜ਼ਰੂਰਤ ਹੈ ਤਾਂ ਕਿ ਭਵਿੱਖ 'ਚ ਪ੍ਰਦੂਸ਼ਣ ਦੀ ਸਮੱਸਿਆ ਨੂੰ ਖਤਮ ਕੀਤਾ ਜਾ ਸਕੇ।ਰੁੱਖ ਵਾਤਾਵਰਣ ਦੇ ਲਈ ਹੀ ਨਹੀਂ ਸਾਡੇ ਜੀਵਨ ਦੇ ਲਈ ਵੀ ਓਨੇ ਹੀ ਜ਼ਰੂਰੀ ਹਨ ਜਿੰਨਾ ਕਿ ਜੀਵਨ ਜਿਊਣ ਦੇ ਲਈ ਪਾਣੀ ਦੀ ਜ਼ਰੂਰਤ ਹੁੰਦੀ ਹੈ। ਬਿਨਾਂ ਰੁੱਖਾਂ ਦੇ ਅਸੀਂ ਆਪਣੇ ਜੀਵਨ ਜਿਉਣ ਦੀ ਕਲਪਨਾ ਵੀ ਨਹੀਂ ਕਰ ਸਕਦੇ ਕਿਉਂਕਿ ਰੁੱਖ ਸਵੇਰੇ ਦਾਤਣ ਕਰਨ ਤੋਂ ਲੈ ਕੇ ਰਾਤ ਨੂੰ ਬੈਡ 'ਤੇ ਸੌਣ ਤੱਕ ਆਪਣਾ ਸਾਥ ਦਿੰਦੇ ਹਨ।ਰੁੱਖ ਵੱਡੇ ਹੋ ਕੇ ਪੰਛੀਆਂ ਦਾ ਘਰ ਬਣਦੇ ਹਨ।ਇਸ ਲਈ ਰੁੱਖ ਪੰਛੀਆਂ ਦੀ ਹੋਂਦ ਬਚਾਉਣ ਵਿੱਚ ਵੀ ਬਹੁਤ ਯੋਗਦਾਨ ਪਾਉਂਦੇ ਹਨ।ਉਨ੍ਹਾਂ ਇਸ ਗੱਲ ਤੋਂ ਜਿਆਦਾ ਜ਼ੋਰ ਦਿੱਤਾ ਕਿ ਅਸੀਂ ਆਪਣੇ ਬੱਚਿਆਂ ਨੂੰ ਵਿਰਾਸਤ ਵਿੱਚ ਪ੍ਰਦੂਸ਼ਿਤ ਹਵਾ ਦੇ ਬਜਾਏ ਸ਼ੁੱਧ ਹਵਾ ਦੇ ਕੇ ਜਾਈਏ ਤਾਂ ਕਿ ਆਉਣ ਵਾਲੀਆਂ ਪੀੜ੍ਹੀਆਂ ਤੰਦਰੁਸਤ ਰਹਿ ਸਕਣ।ਯੂਥ ਕਲੱਬ ਕੂੜਾਂਵਾਲਾ ਨੇ ਵਿਸ਼ਵਾਸ ਦੁਆਇਆ ਕਿ ਲਗਾਏ ਗਏ ਬੂਟਿਆਂ ਦੀ ਸੰਭਾਲ ਕਰਕੇ ਇਹਨਾਂ ਨੂੰ ਵੱਡਾ ਕਰਾਂਗੇ।ਇਸ ਮੌਕੇ ਸਰਪੰਚ ਜਸਮੇਰ ਸਿੰਘ ਸਮੇਤ ਪੰਚਾਇਤ ਮੈਂਬਰ, ਸੰਜੀਵ ਕੁਮਾਰ, ਦੀਪ ਸਿੰਘ, ਮਨਪ੍ਰੀਤ ਸਿੰਘ, ਗੁਰਮੀਤ ਸਿੰਘ, ਪੁਨੀਤ ਕੁਮਾਰ, ਲੱਕੀ ਸਿੰਘ, ਹਨੀ, ਯੂਵੀ, ਗੋਗੀ, ਮਨਿੰਦਰ, ਸੁਨੀਲ ਅਤੇ ਵਣ ਮਿੱਤਰ ਟੀਮ ਦੇ ਮੈਂਬਰ ਪਰਦੀਪ ਸਿੰਘ, ਬਲਕਾਰ ਸਿੰਘ, ਰਾਕੇਸ਼ ਉਪ ਪ੍ਰਧਾਨ ਯੂਥ ਸਪੋਰਟਸ ਵਿੰਗ, ਸੰਜੀਵ, ਦਵਿੰਦਰ, ਪੁਸ਼ਵਿੰਦਰ ਹਾਜ਼ਰ ਸਨ।

# 65 ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਵੰਡਿਆ



ਜਗਰਾਉਂ (ਅਮਿਤ ਖੰਨਾ) 'ਕਰ ਭਲਾ ਹੋ ਭਲਾ' ਸੁਸਾਇਟੀ ਵੱਲੋਂ ਆਯੋਜਤ 61ਵੇਂ ਰਾਸ਼ਨ ਵੰਡ ਸਮਾਰੋਹ ਵਿੱਚ 65 ਲੋੜਵੰਦ ਪਰਿਵਾਰਾਂ ਨੂੰ ਸੁੱਕਾ ਰਾਸ਼ਨ ਵੰਡਿਆ ਗਿਆ।ਅਰੋੜਾ ਪ੍ਰਾਪਰਟੀ ਡੀਲਰ ਲਿੰਕ ਰੋਡ ਵਿਖੇ ਆਯੋਜਤ ਸਮਾਰੋਹ ਮੌਕੇ ਸੁਸਾਇਟੀ ਦੇ ਵਾਈਸ ਚੇਅਰਮੈਨ ਰਜਿੰਦਰ ਜੈਨ ਕਾਕਾ, ਪ੍ਰਧਾਨ ਮਦਨ ਲਾਲ ਨੇ ਕਿਹਾ ਕਿ ਕਰ ਭਲਾ ਸੁਸਾਇਟੀ ਮਨੁੱਖਤਾ ਦੀ ਸੇਵਾ ਲਈ ਬਣਾਈ ਗਈ ਸੀ ਤੇ ਸੁਸਾਇਟੀ ਦੇ ਸਾਰੇ ਮੈਂਬਰ ਇਸ ਉਦੇਸ਼ ਨੂੰ ਪੂਰਾ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ 61 ਮਹੀਨੇ ਪਹਿਲਾਂ ਸ਼ੁਰੂ ਕੀਤੇ ਗਏ ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਵੰਡਣ ਦਾ ਕੰਮ ਜਾਰੀ ਹੈ ਤੇ 61ਵੇਂ ਮਾਸਿਕ ਰਾਸ਼ਨ ਵੰਡ ਸਮਾਰੋਹ ਵਿੱਚ 65 ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸੁਸਾਇਟੀ ਦਾਨੀਆਂ ਦੀ ਮਦਦ ਨਾਲ ਕਈ ਸਮਾਜ ਸੇਵਾ ਪ੍ਰੋਜੈਕਟ ਚਲਾ ਰਹੀ ਹੈ ਤੇ ਵਿੱਦਿਅਕ ਸੰਸਥਾਵਾਂ ਅਤੇ ਹੋਰ ਸੰਸਥਾਵਾਂ ਨੂੰ ਉਨ੍ਹਾਂ ਦੀ ਜ਼ਰੂਰਤ ਅਨੁਸਾਰ ਜ਼ਰੂਰੀ ਸਮਾਨ ਵੀ ਪ੍ਰਦਾਨ ਕਰ ਰਹੀ ਹੈ।

ਸੁਸਾਇਟੀ ਦੇ ਸੰਸਥਾਪਕ ਸਵਰਗੀ ਸ਼੍ਰੀ ਅਮਿਤ ਅਰੋੜਾ ਜੀ ਨੂੰ ਵੀ ਯਾਦ ਕੀਤਾ ਗਿਆ।

# ਜਥੇਦਾਰ ਲੰਗਾਹ ਦਾ ਹਲਕਾ ਕਾਦੀਆਂ ਤੇ ਸ੍ਰੀ ਹਰਗੋਬਿੰਦਪੁਰ ਦੇ ਵਰਕਰਾਂ ਵੱਲੋਂ ਸਵਾਗਤ

***ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਣਨ ਤੋਂ ਬਾਅਦ ਪਹਿਲੀ ਵਾਰ ਪਹੁੰਚੇ ਸਨ ਜ਼ਿਲਾ ਗੁਰਦਾਸਪੁਰ**



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਅਕਾਲੀ ਦਲ ਦੇ ਨਿਧੜਕ ਜਰਨੈਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਜਥੇਦਾਰ ਸੁੱਚਾ ਸਿੰਘ ਲੰਗਾਹ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਣ ਕੇ ਪਹਿਲੀ ਵਾਰ ਜ਼ਿਲਾ ਗੁਰਦਾਸਪੁਰ ਵਿਖੇ ਪਹੁੰਚਣ ਤੇ ਨੌਸਿਹਰਾ ਪੱਤਣ ਵਿਖੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਸੀਨੀਅਰ ਅਕਾਲੀ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਕੰਵਲਪ੍ਰੀਤ ਸਿੰਘ ਕਾਕੀ ਜ਼ਿਲਾ ਪ੍ਰਧਾਨ ਕਿਸਾਨ ਵਿੰਗ ਸ਼੍ਰੋਮਣੀ ਅਕਾਲੀ ਦਲ, ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਸੀਨੀਅਰ ਅਕਾਲੀ ਲੀਡਰ ਤਰਲੋਕ ਸਿੰਘ ਬਾਠ ਸਾਬਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ, ਇਸਤਰੀ ਅਕਾਲੀ ਦਲ ਦੇ ਪ੍ਰਧਾਨ ਬੀਬੀ ਸ਼ਰਨਜੀਤ ਕੌਰ ਜਿੰਦੜ ਅਤੇ ਬੀਬੀ ਜਸਵੀਰ ਕੌਰ ਜਫਰਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਹਲਕਾ ਕਾਦੀਆਂ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਹਜ਼ਾਰਾਂ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰਾਂ ਵੱਲੋਂ ਭਾਰੀ ਬਰਸਾਤ ਵਿੱਚ ਜਥੇਦਾਰ ਸੁੱਚਾ ਸਿੰਘ ਲੰਗਾਹ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨੂੰ ਸਿਰੋਪਾਓ, ਲੋਈ, ਸ੍ਰੀ ਸਾਹਿਬ ਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਅਕਾਸ਼ ਗੂੰਜਾਊ ਨਾਅਰਿਆਂ ਤੇ ਢੋਲ ਢਮੱਕਿਆਂ ਨਾਲ ਪੂਰੇ ਜੋਸ਼ੋ ਖਰੋਸ਼ ਤੇ ਜਾਹੋ ਜਲਾਲ ਨਾਲ ਭਰਵਾਂ ਸਵਾਗਤ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਉਨਾਂ ਦੇ ਸਪੁੱਤਰ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਨੂੰ ਤਹਿ ਦਿਲੋਂ ਵਧਾਈ ਦਿੱਤੀ।ਇਸ ਮੌਕੇ ਜਥੇਦਾਰ ਗੋਰਾ, ਕਾਕੀ,ਬਾਠ, ਬੀਬੀ ਜਿੰਦੜ ਅਤੇ ਬੀਬੀ ਜਫਰਵਾਲ ਨੇ ਜਥੇਦਾਰ ਸੁੱਚਾ ਸਿੰਘ ਲੰਗਾਹ ਨੂੰ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਕੋਰ ਕਮੇਟੀ ਮੈਂਬਰ ਸ਼੍ਰੋਮਣੀ ਅਕਾਲੀ ਦਲ ਅਤੇ ਵਰਕਿੰਗ ਕਮੇਟੀ ਮੈਂਬਰ ਬਣਾਉਣ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ ਸੁਖਬੀਰ ਸਿੰਘ ਬਾਦਲ, ਬਿਕਰਮਜੀਤ ਸਿੰਘ ਮਜੀਠੀਆ ਸਮੇਤ ਅਤੇ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਦੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਕੁਲਵੰਤ ਸਿੰਘ ਭਿੰਡਰ, ਗੁਰਤਿੰਦਰ ਪਾਲ ਸਿੰਘ ਭਾਟੀਆ ਮੀਤ ਮੈਨੇਜਰ ਦਰਬਾਰ ਸਾਹਿਬ, ਸੁਖਪ੍ਰੀਤ ਸਿੰਘ ਸੈਬੀ ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਕਾਦੀਆਂ, ਮਲਕੀਤ ਸਿੰਘ ਮੱਧਰਾ, ਡਾ ਜਗਬੀਰ ਸਿੰਘ ਧਰਮਸੋਤ, ਪਰਮਿੰਦਰ ਸਿੰਘ ਪੱਡਾ, ਕੁਲਬੀਰ ਸਿੰਘ ਰਿਆੜ, ਸੋਨੂੰ ਔਲਖ, ਸਤਨਾਮ ਸਿੰਘ ਰਿਆੜ ਮੈਨੇਜਰ, ਜਗਦੀਸ਼ ਸਿੰਘ ਬੁੱਟਰ ਚੀਫ, ਹਰਪ੍ਰੀਤ ਸਿੰਘ ਲਾਲ, ਸੁਖਪਾਲ ਸਿੰਘ ਐਮ ਡੀ, ਰੁਪਿੰਦਰ ਸਿੰਘ ਭਿੰਡਰ, ਗੁਰਪ੍ਰੀਤ ਸਿੰਘ ਭੈਣੀ ਮੀਆਂ ਖਾਂ, ਰੂਪ ਸਿੰਘ ਢੇਸੀਆਂ, ਮਨਜੀਤ ਸਿੰਘ ਕੰਗ ਧਾਰੀਵਾਲ, ਰਣਜੀਤ ਸਿੰਘ ਕਲਿਆਣਪੁਰ ਮੈਨੇਜਰ ਗੁਰਦੁਆਰਾ ਬੁਰਜ ਸਾਹਿਬ, ਅਰਸ਼ਪ੍ਰੀਤ ਸਿੰਘ ਸਾਹਿਬ ਭਾਟੀਆ, ਸਿਮਰਤਪਾਲ ਸਿੰਘ ਭਾਟੀਆ, ਬਾਬਾ ਗੁਰਦਿਆਲ ਸਿੰਘ ਕਾਦੀਆਂ, ਜਥੇਦਾਰ ਬਖਸ਼ੀਸ਼ ਸਿੰਘ ਫੌਜੀ, ਚੇਤਨ ਸਿੰਘ ਜੰਡੂ, ਅਵਤਾਰ ਸਿੰਘ ਬਸਰਾਵਾਂ, ਗੁਰਮੁੱਖ ਸਿੰਘ ਬਸਰਾਵਾਂ, ਸ਼ਿੰਗਾਰਾ ਸਿੰਘ ਸੰਧੂ ਤਰਖਾਣਾਵਾਲੀ, ਗੁਰਮੁੱਖ ਸਿੰਘ ਧੰਦੋਈ, ਬਲਬੀਰ ਸਿੰਘ ਸੇਖਵਾਂ ਤੋਂ ਇਲਾਵਾ ਅਨੇਕਾਂ ਅਕਾਲੀ ਵਰਕਰ ਹਾਜ਼ਰ ਸਨ। ਹਜ਼ਾਰਾਂ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰਾਂ ਨੇ ਹਾਜ਼ਰ ਹੋ ਕੇ ਜਥੇਦਾਰ ਸੁੱਚਾ ਸਿੰਘ ਲੰਗਾਹ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕਰਦਿਆਂ ਤਹਿ ਦਿਲੋਂ ਵਧਾਈ ਦਿੱਤੀ।

# ਪੀ ਜੀ ਆਈ ਦੇ ਡਾ. ਸੰਦੀਪ ਪਟੇਲ ਆਰਥੋਪੀਡਿਕਸ 'ਚ ਉਤਕ੍ਰਿਸ਼ਟਤਾ ਐਵਾਰਡ ਨਾਲ ਸਨਮਾਨਤ



ਸਮਰਾਲਾ, (ਸੁਰਜੀਤ ਸਿੰਘ) ਪੀਜੀਆਈ, ਚੰਡੀਗੜ੍ਹ ਦੇ ਆਰਥੋਪੀਡਿਕਸ ਵਿਭਾਗ ਵਿੱਚ ਐਸੋਸੀਏਟ ਪ੍ਰੋਫੈਸਰ ਡਾ. ਸੰਦੀਪ ਪਟੇਲ ਨੂੰ 'ਆਰਥੋਪੀਡਿਕਸ ਵਿੱਚ ਉਤਕ੍ਰਿਸ਼ਟਤਾ' ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਜਾਣਕਾਰੀ ਅਨੁਸਾਰ ਇਹ ਸਨਮਾਨ ਮੀਡੀਆ ਫੈਡਰੇਸ਼ਨ ਆਫ ਇੰਡੀਆ ਅਤੇ ਪਬਲਿਕ ਰਿਲੇਸ਼ਨਜ਼ ਕੌਂਸਲ ਆਫ ਇੰਡੀਆ ਵੱਲੋਂ ਸਾਂਝੇ ਤੌਰ 'ਤੇ ਆਯੋਜਿਤ 6ਵੀਂ ਅੰਟਰਪਰਿਨਿਊਅਰ ਐਂਡ ਅਚੀਵਰ ਐਵਾਰਡਸ 2025 ਸਮਾਰੋਹ ਦੌਰਾਨ ਦਿੱਤਾ ਗਿਆ।ਇਹ ਐਵਾਰਡ ਪੰਜਾਬ ਦੇ ਰਾਜਪਾਲ ਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਅਤੇ ਸੰਸਦ ਮੈਂਬਰ ਸਰਦਾਰ ਸਤਨਾਮ ਸਿੰਘ ਸੰਧੂ ਵੱਲੋਂ ਚੰਡੀਗੜ੍ਹ ਵਿੱਚ ਹੋਏ ਇਕ ਸਮਾਰੋਹ ਦੌਰਾਨ ਭੇਟ ਕੀਤਾ ਗਿਆ। ਪੀਜੀਆਈ ਸੂਤਰਾਂ ਅਨੁਸਾਰ ਡਾ. ਪਟੇਲ ਨੇ ਰੀਜਨਰੇਟਿਵ ਆਰਥੋਪੀਡਿਕਸ, ਨਵਾਂ ਹਿਪ ਇੰਪਲਾਂਟ ਡਿਜ਼ਾਈਨ ਅਤੇ ਫੁੱਟ ਤੇ ਐਂਕਲ ਟ੍ਰੌਮਾ ਵਿਖੇ ਉਨ੍ਹਾਂ ਦੀ ਅਗਵਾਈ ਵਾਲੀ ਖੋਜ ਵਿਚ ਵਿਸ਼ੇਸ਼ ਯੋਗਦਾਨ ਪਾਇਆ ਹੈ। ਡਾ. ਸੰਦੀਪ ਵੱਲੋਂ ਕੀਤੀ ਟੁੱਟੇ ਚੂਲੇ ਦੇ ਇਲਾਜ ਦੀ ਖੋਜ ਨੂੰ ਪੇਟੈਂਟ ਕੀਤਾ ਗਿਆ ਹੈ, ਜੋ ਮੋਡੀਊਲਰ ਇੰਪਲਾਂਟ, ਫਿਕਸੇਸ਼ਨ ਦੀਆਂ ਸਮੱਸਿਆਵਾਂ ਨੂੰ ਦੂਰ ਕਰਕੇ ਪੁਖਤਾ ਇਲਾਜ ਕਰਦਾ ਹੈ।

# ਪੈਨਸ਼ਨਰਾਂ ਦੀ ਪੈਨਸ਼ਨ 2.59 ਗੁਣਾਂਕ ਨਾਲ ਤੁਰੰਤ ਰੀਵਾਈਜ਼ ਕਰਨ ਦੀ ਮੰਗ

**ਫ਼ਗਵਾੜਾ (ਡਾ. ਰਮਨ,ਢੱਡਾ)**-ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਦਿਨਾਂ ਵਿੱਚ ਸਦੀਵੀ ਵਿਛੋੜਾ ਦੇ ਗਏ ਉੱਘੇ ਟ੍ਰੇਡ ਯੂਨੀਅਨ ਅਤੇ ਖੱਬੇ ਪੱਖੀ ਲਹਿਰ ਦੇ ਆਗੂ ਸਵਤੰਤਰ ਕੁਮਾਰ ਨਵਾਂਸ਼ਹਿਰ, ਸਾਬਕਾ ਗਵਰਨਰ ਸਤਿਆ ਪਾਲ ਮਲਿਕ, ਪੈਨਸ਼ਨਰ ਮੈਂਬਰ ਰਤਨ ਸਿੰਘ ਗੁਰਾਇਆ ਦੇ ਵੱਡੇ ਭੈਣ ਜੀ ਸ੍ਰੀਮਤੀ ਅਮਰ ਕੌਰ ਆਦਿ ਦੇ ਪਰਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਐਸੋਸੀਏਸ਼ਨ ਦੇ ਜਿਹਨਾਂ ਮੈਂਬਰਾਂ ਦਾ ਜਨਮ ਦਿਨ ਜੁਲਾਈ ਮਹੀਨੇ ਵਿੱਚ ਆਉਂਦਾ ਹੈ, ਉਹਨਾਂ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੰਦੇ ਹੋਏ ਉਹਨਾਂ ਦੀ ਤੰਦਰੁਸਤੀ ਅਤੇ ਖੁਸ਼ੀਆਂ ਭਰਪੂਰ ਲੰਬੀ ਉਮਰ ਦੀ ਕਾਮਨਾ ਕੀਤੀ ਗਈ। ਮੀਟਿੰਗ ਦੀ ਸਮੁੱਚੀ ਕਾਰਵਾਈ ਨੂੰ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਇਆ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਛੇਵੇਂ ਪੇ ਕਮਿਸ਼ਨ ਵੱਲੋਂ ਕੀਤੀ ਗਈ ਸਿਫ਼ਾਰਸ਼ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ 2.59 ਗੁਣਾਂਕ ਨਾਲ ਤੁਰੰਤ ਰੀਵਾਈਜ਼ ਕਰਨ ਲਈ ਪੰਜਾਬ ਸਰਕਾਰ ਪੱਤਰ ਜਾਰੀ ਕਰੇ।ਇਹ ਵੀ ਮੰਗ ਕੀਤੀ ਕਿ ਸੇਵਾ ਮੁਕਤ ਹੋ ਰਹੇ ਨਵੇਂ ਪੈਨਸ਼ਨਰਾਂ ਦੀਆਂ ਅਦਾਇਗੀਆਂ ਨਾ ਕਰਨ ਲਈ ਖ਼ਜ਼ਾਨਾ ਦਫ਼ਤਰਾਂ 'ਤੇ ਲਗਾਈ ਅਣਐਲਾਨੀ ਪਾਬੰਦੀ ਤੁਰੰਤ ਖ਼ਤਮ ਕੀਤੀ ਜਾਵੇ ਅਤੇ ਸੇਵਾ ਮੁਕਤ ਮੁਲਾਜ਼ਮਾਂ ਦੇ ਸੇਵਾ ਮੁਕਤੀ ਦੇ ਬਣਦੇ ਲਾਭਾਂ ਦੀ ਅਦਾਇਗੀ ਤੁਰੰਤ ਕੀਤੀ ਜਾਵੇ।ਦੂਜੇ ਮਤੇ ਰਾਹੀਂ ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਲੰਬੇ ਸਮੇਂ ਦੀਆਂ ਕਿਸ਼ਤਾਂ ਵਿੱਚ ਖੇਰੂੰ ਖੇਰੂੰ ਕਰਕੇ ਦੇਣ ਦੀ ਬਜਾਏ ਯਕਮੁਸ਼ਤ ਇੱਕੋ ਵਾਰ ਦੇਣ ਦੀ ਜ਼ੋਰਦਾਰ ਮੰਗ ਕੀਤੀ ਗਈ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਛਪਵਾਏ ਗਏ ਸੰਵਿਧਾਨ ਦੀਆਂ ਕਾਪੀਆਂ ਵੰਡੀਆਂ ਗਈਆਂ। ਐਸੋਸੀਏਸ਼ਨ ਨੂੰ ਰਜਿਸਟਰਡ ਕਰਵਾਉਣ ਲਈ ਵਿਚਾਰ ਵਟਾਂਦਰਾ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਨਾਂਅ ਨਾਲ ਰਜਿਸਟਰਡ ਕਰਵਾਉਣ ਦਾ ਮਤਾ ਪਾਸ ਕੀਤਾ ਗਿਆ ਅਤੇ ਲੋੜੀਂਦਾ ਖਰਚ ਫੰਡ ਵਿੱਚੋਂ ਖਰਚਣ ਦਾ ਫੈਸਲਾ ਕੀਤਾ ਗਿਆ। ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੀ ਮੁਰੰਮਤ ਦੇ ਚੱਲ ਰਹੇ ਕੰਮ ਦੇ ਖਰਚੇ ਵਿੱਚ ਐਸੋਸੀਏਸ਼ਨ ਵਲੋਂ ਸਰਬ ਸੰਮਤੀ ਨਾਲ 11000 ਰੁਪਏ ਦਾ ਯੋਗਦਾਨ ਪਾਉਣ ਦਾ ਮਤਾ ਵੀ ਪਾਸ ਕੀਤਾ ਗਿਆ। ਮੰਗਾਂ ਪੇ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨਰਾਂ ਨੂੰ ਪੈਨਸ਼ਨ ਰੀਵਾਈਜ਼ ਲਈ 2.59 ਦਾ ਗੁਣਾਂਕ ਲਾਗੂ ਕਰਨ, ਡੀ ਏ 13 ਪ੍ਰਤੀਸ਼ਤ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਡੀ ਏ ਦੇ ਪਿਛਲੇ ਬਕਾਏ ਦੇਣ, ਹਰ ਵਿਭਾਗ ਵਿੱਚ ਪੂਰੇ ਪੂਰੇ ਗਰੇਡਾਂ ਤੇ ਨਵੀਆਂ ਨਿਯੁਕਤੀਆਂ ਚਾਲੂ ਕਰਨ ਆਦਿ ਮੰਗਾਂ ਨੂੰ ਲਾਗੂ ਕਰਵਾਉਣ ਲਈ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਲਗਾਤਾਰ ਸੰਘਰਸ਼ਸ਼ੀਲ ਹੈ ਅਤੇ ਰਹੇਗਾ। ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ ਨੇ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨਾਲ ਐਸੋਸੀਏਸ਼ਨ ਦੀ ਆਮਦਨ ਅਤੇ ਖਰਚ ਦੇ ਵੇਰਵੇ ਸਾਂਝੇ ਕੀਤੇ ਅਤੇ ਕੀਤੇ ਗਏ ਖਰਚਿਆਂ ਨੂੰ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ। ਵਿੱਤ ਸਕੱਤਰ ਵਲੋਂ ਸਾਲ 2025 ਦਾ ਸੰਘਰਸ਼ ਫੰਡ ਜਮ੍ਹਾਂ ਕਰਵਾ ਚੁੱਕੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਐਸੋਸੀਏਸ਼ਨ ਦੇ ਉਹਨਾਂ ਮੈਂਬਰਾਂ ਨੂੰ ਬੇਨਤੀ ਵੀ ਕੀਤੀ ਕਿ ਜਿਹਨਾਂ ਮੈਂਬਰਾਂ ਦਾ ਅਜੇ ਸਾਲ 2025 ਦਾ ਸੰਘਰਸ਼ ਫੰਡ ਜਮ੍ਹਾਂ ਨਹੀਂ ਹੋਇਆ, ਉਹ ਮੈਂਬਰ ਜਲਦੀ ਤੋਂ ਜਲਦੀ ਫੰਡ ਜਮ੍ਹਾਂ ਕਰਵਾਉਣ ਦੀ ਕਿਰਪਾਲਤਾ ਕਰਨ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਮੋਦ ਕੁਮਾਰ ਜੋਸ਼ੀ, ਪ੍ਰਿੰਸੀਪਲ ਧਰਮਵੀਰ ਨਾਰੰਗ, ਪ੍ਰਿੰਸੀਪਲ ਤਰਸੇਮ ਸਿੰਘ,, ਕ੍ਰਿਸ਼ਨ ਗੋਪਾਲ ਚੋਪੜਾ,ਕੇ ਕੇ ਪਾਂਡੇ, ਹਰਭਜਨ ਲਾਲ ਕੌਲ, ਗੁਰਨਾਮ ਸਿੰਘ ਸੈਣੀ, ਪਿਆਰਾ ਰਾਮ ਪਲਾਹੀ ਅਤੇ ਕੁਲਦੀਪ ਸਿੰਘ ਕੌੜਾ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।




# ਧਰਤੀ ਨੂੰ ਸਵਰਗ ਬਣਾਉਣ ਲਈ ਬੂਟੇ ਲਾ ਕੇ ਪਹਿਲ ਕਰੀਏ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)** ਗੁਰੂ ਤੇਗ ਬਹਾਦਰ ਦੀ ਪੰਚਾਇਤ ਦੇ ਸਰਪੰਚ ਰਣਜੀਤ ਜੱਜ ਦੀ ਅਗਵਾਈ ਹੇਠ ਤੇ ਸਰੈਣ ਦਾਸ ਕਲੋਨੀ ਦੀ ਪੰਚਾਇਤ ਵੱਲੋਂ ਫ਼ਲਦਾਰ ਤੇ ਹਵਾਦਾਰ ਬੂਟੇ ਲਾਏ ਗਏ।ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸ਼ਿਰਕਤ ਕੀਤੀ।ਉਨ੍ਹਾਂ ਸਮੂਹ ਵਿਅਕਤੀਆਂ ਨੂੰ ਵੱਧ ਤੋਂ ਵੱਧ ਬੂਟੇ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸੰਭਾਲ ਵੀ ਜ਼ਰੂਰ ਕਰਨੀ ਚਾਹੀਦੀ ਹੈ।ਦੇਵ ਮਾਨ ਨੇ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਅਤੇ ਪੰਜ ਦਰਿਆਵਾਂ ਦੀ ਧਰਤੀ ਹੈ।ਇਨਸਾਨ ਨੇ ਆਪਣੀ ਨਿੱਜੀ ਹਿੱਤਾਂ ਲਈ ਇੱਥੋਂ ਦੀ ਧਰਤੀ, ਪਾਣੀ ਤੇ ਹਵਾ ਨੂੰ ਲਗਾਤਾਰ ਗੰਧਲਾ ਕੀਤਾ ਹੈ, ਜਿਸ ਕਾਰਨ ਲੋਕ ਜਿੱਥੇ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ, ਉੱਥੇ ਲੋਕਾਂ ਦੀ ਉਮਰ ਵੀ ਲਗਾਤਾਰ ਘਟਦੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਅਸੀਂ ਪੰਜਾਬ ਦੀ ਧਰਤੀ ਨੂੰ ਸਵਰਗ ਬਣਾਉਣ ਵਾਸਤੇ ਪਹਿਲ ਕਰੀਏ।ਹਰ ਵਰਗ ਦੇ ਲੋਕ ਅੱਗੇ ਆ ਕੇ ਅਹਿਮ ਭੂਮਿਕਾ ਨਿਭਾਉਣ ਤੇ ਪੰਜਾਬ ਦੇ ਵਾਤਵਰਨ, ਪਾਣੀ ਅਤੇ ਧਰਤੀ ਨੂੰ ਬਚਾਉਣ ਲਈ ਠੋਸ ਉਪਰਾਲੇ ਕੀਤੇ ਜਾਣ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਤੇ ਵਾਤਾਵਰਣ ਨੂੰ ਬਚਾਉਣ ਲਈ ਰੁੱਖ ਲਾਉਣੇ ਜ਼ਰੂਰੀ, ਅੱਜ ਮਤਲਬੀ ਮਨੁੱਖ ਰੁੱਖਾਂ ਦੀ ਕਟਾਈ ਕਰਨ ਵੱਲ ਜ਼ੋਰ ਦੇ ਰਿਹਾ ਹੈ, ਪਰ ਉਸ ਨੂੰ ਇਹ ਨਹੀਂ ਪਤਾ ਕਿ ਰੁੱਖ ਲਾਉਣੇ ਕਿੰਨੇ ਜ਼ਰੂਰੀ ਹਨ, ਕਿਉਂਕਿ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਰੁੱਖ ਲਾਉਣੇ ਅਤਿ ਜ਼ਰੂਰੀ ਹਨ।ਦੇਵ ਮਾਨ ਨੇ ਕਿਹਾ ਕਿ ਜ਼ਿੰਦਗੀ ਜਿਊਣ ਲਈ ਸਾਨੂੰ ਸਭ ਨੂੰ ਆਪਣੇ ਜਨਮ ਦਿਨ ਮੌਕੇ ਘੱਟੋ ਘੱਟ 5 ਰੁੱਖ ਲਾਉਣੇ ਅਤਿ ਜ਼ਰੂਰੀ ਹਨ, ਰੁੱਖਾਂ ਦਾ ਹਰਿਆ-ਭਰਿਆ ਵਾਤਾਵਰਣ ਬਿਮਾਰੀਆਂ ਤੋਂ ਬਚਾਉਣ ਲਈ ਲਾਭਦਾਇਕ ਹੈ।ਦੇਵ ਮਾਨ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਵੱਲੋਂ ਵੀ ਵਾਤਾਵਰਣ ਦੀ ਸ਼ੁੱਧਤਾ ਲਈ ਵੱਡੇ ਪੱਧਰ ਤੇ ਜਿੱਥੇ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਸਾਡਾ ਸਾਰਿਆਂ ਦਾ ਆਪਣਾ ਨਿੱਜੀ ਫ਼ਰਜ਼ ਬਣਦਾ ਹੈ ਕਿ ਆਓ ਸਾਰੇ ਰਲ-ਮਿਲ ਕੇ ਵਾਤਾਵਰਣ ਦੀ ਸ਼ੁੱਧਤਾ ਲਈ ਰੁੱਖ ਲਾਈਏ।

# ਹਕੂਮਤਾਂ ਦਾ ਰਵੱਈਆ ਕਿਸਾਨ ਵਿਰੋਧੀ, ਜਥੇਬੰਦ ਹੋਣਾ ਜ਼ਰੂਰੀ : ਦਿਆਲਪੁਰਾ



**ਝਬਾਲ (ਹਰਜਿੰਦਰ ਸਿੰਘ ਸੋਨੀ)** ਅੱਜ ਪਿੰਡ ਪੱਧਰੀ ਕਲਾਂ ਵਿੱਚ ਕਿਸਾਨਾਂ ਦੀ ਇਕ ਵਿਸ਼ਾਲ ਮੀਟਿੰਗ ਹੋਈ।ਜਿਸ ਵਿਚ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਮਾਸਟਰ ਦਲਜੀਤ ਸਿੰਘ ਦਿਆਲਪੁਰਾ ਅਤੇ ਕੇਵਲ ਸਿੰਘ ਮਾੜੀ ਕੰਬੋਕੇ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਉਹਨਾਂ ਨੇ ਕਿਸਾਨ ਸਮੱਸਿਆਵਾਂ ,ਕਿਸਾਨ ਸੰਘਰਸ਼, ਤੇ ਕਿਸਾਨ ਜਥੇਬੰਦੀ ਦੀ ਲੋੜ ਉਤੇ ਵਿਚਾਰ ਰੱਖੇ।ਉਹਨਾਂ ਕਿਹਾ ਕਿ ਹਾਕਮ ਜਮਾਤਾਂ ਤੇ ਭਾਜਪਾ ਸਰਕਾਰ ਦੇਸ਼ ਅਤੇ ਪੰਜਾਬ ਦੀ ਕਿਸਾਨੀ ਨੂੰ ਖਤਮ ਕਰਨ ਉੱਤੇ ਉਤਾਰੂ ਹਨ। ਵੱਖ-ਵੱਖ ਕਾਨੂੰਨਾਂ ਰਾਹੀਂ,ਵੱਖ ਵੱਖ ਢੰਗਾਂ ਨਾਲ ਕਿਸਾਨੀ ਨੂੰ ਮੰਡੀ ਰਾਹੀਂ ਲੁੱਟਿਆ ਜਾ ਰਿਹਾ ਹੈ।ਕਿਸਾਨ ਕਰਜ਼ੇ ਦੇ ਬੋਝ ਹੇਠ ਹਨ।ਅਤੇ ਸਰਕਾਰ ਵਾਹਦਾ ਕਰਕੇ ਵੀ ਫ਼ਸਲਾਂ ਦੀ ਲਾਗਤ ਅਨੁਸਾਰ ਕੀਮਤ ਨਿਰਧਾਰਤ ਕਰਨ ਅਤੇ ਖਰੀਦਣ ਲਈ ਕਾਨੂੰਨ ਨਹੀਂ ਬਣਾ ਰਹੀ। ਇਧਰ ਮੰਡੀਆਂ ਵਿੱਚ ਪਿਛਲੇ ਸਾਲ ਝੋਨੇ ਦੀ ਵਿਕਰੀ ਉੱਤੇ ਆੜ੍ਹਤੀਆਂ ਵੱਲੋਂ ਖਰੀਦੀ ਫਸਲ ਨੂੰ ਸੈਲਰਾਂ ਵਿੱਚ ਪਹੁੰਚਾਉਣ ਉੱਤੇ ਕਿਰਾਇਆ ਕਿਸਾਨਾਂ ਸਿਰੋਂ ਵਸੂਲਿਆ ਗਿਆ ਹੈ।ਇਸ ਮੌਕੇ ਪਿੰਡ ਵਿੱਚ ਜਮਹੂਰੀ ਕਿਸਾਨ ਸਭਾ ਦੀ ਇਕਾਈ ਦਾ ਗਠਨ ਵੀ ਕੀਤਾ ਗਿਆ।ਜਿਸ ਵਿੱਚ ਇਕਾਈ ਪ੍ਰਧਾਨ ਸਤਨਾਮ ਸਿੰਘ,ਸਕੱਤਰ ਗੁਰਵਿੰਦਰ ਸਿੰਘ ਅਤੇ ਖਜਾਨਚੀ ਲਵਪ੍ਰੀਤ ਸਿੰਘ ਚੁਣੇ ਗਏ ਪਿੰਡ ਇਕਾਈ ਦੀ ਨੌਂ ਮੈਂਬਰੀ ਕਮੇਟੀ ਵਿੱਚ ਉਪਰੋਕਤ ਅਹੁਦੇਦਾਰਾਂ ਤੋਂ ਇਲਾਵਾ ਪਲਵਿੰਦਰ ਸਿੰਘ, ਗੁਰਸੇਵਕ ਸਿੰਘ, ਦਵਿੰਦਰ ਸਿੰਘ, ਸਮਸ਼ੇਰ ਸਿੰਘ,ਗੁਰਿੰਦਰ ਸਿੰਘ, ਚਾਨਣ ਸਿੰਘ, ਹਰਿੰਦਰ ਸਿੰਘ ਚੁਣੇ ਗਏ।ਇਸ ਮੀਟਿੰਗ ਵਿੱਚ ਜਸਵੰਤ ਸਿੰਘ ਫ਼ੌਜੀ, ਡਾਕਟਰ ਸੁਖਦੇਵ,ਬਾਜ ਸਿੰਘ, ਸਤਪਾਲ ਸਿੰਘ,ਸਰਵਣ ਸਿੰਘ,ਗੁਰਲਾਲ ਸਿੰਘ, ਗੁਰਸੇਵਕ ਸਿੰਘ, ਨਿਰਮਲ ਸਿੰਘ, ਆਦਿ ਹਾਜਰ ਸਨ।ਇਸ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਅਗਲੀ ਮੀਟਿੰਗ 27 ਜੁਲਾਈ ਨੂੰ ਹੋਵੇਗੀ ।ਉਸ ਤੋਂ ਪਹਿਲਾਂ ਜਥੇਬੰਦੀ ਦੀ ਮੈਂਬਰਸ਼ਿਪ ਮੁਹਿੰਮ ਚਲਾਈ ਜਾਵੇਗੀ।


## COURT NOTICE

In The Court of
**Ms. Shruti**
Judicial Magistrate - Ist Class
Ludhiana
CNR No. :- PBLD03-052487-2023
Next Date:-05-09-2025
Jagjit Singh Sohi
Vs.
Jarnail Singh
Detail of offence:-
Notice To:
Jarnail Singh S/o S. Teja Singh, R/o Village Kaidupur, Tehsil Nabha, Distt. Patiala
2nd Address Village Kaidupur, Tehsil Nabha, District Patiala
In above titled case, the accused could not be served. It is ordered that accused should appear in person or through counsel on 05-09-2025 at 10.00 a.m.
For details logon to https://highcourtchd.gov.in/?mod=district_notice&district=ludhianadcourt
Judicial Magistrate - Ist Class Ludhiana
Dated, this day of 07-07-2025

## COURT NOTICE

(U/o 5 Rule 20 CPC)
In The Court of Ms. Shanu Goyal
Civil Judge (Junior Division), Ludhiana
CNR No. PBLD02-001511-2023
Next Date:- 14-08-2025
Axis Bank Ltd
Vs.
M/S Shri Balaji Knitwear
Publication Issued To:
1. M/S Shri Balaji Knitwear Through its Proprietor, Vivek Jain 2260/2/B/1, St No. 08, Gandhi Nagar Ludhiana
2. Vivek Jain Prop M/S Shri Balaji Knitwear 1932/52, St No. 14, Gandhi Nagar, Ludhiana also at H.No. 25-C, First Floor, New Kitchlu Nagar Hambran Road opp. Radhaswami Satsang Bhawan, Ludhiana
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 14-08-2025 at 10:00 a.m.
For details logon to https://highcourtchd.gov.in/?mod=district_notice&district=mogacourt
Civi Judge (Jr. Divn.) Ludhiana
Dated, this day of 10-07-2025

## COURT NOTICE

(U/o 5 Rule 20 CPC)
In The Court of
**Sh. Dasvinder Singh**
Civil Judge (Junior Division), Ludhiana
CNR No. PBLD02-006693-2024
Next Date:- 08-08-2025
State Bank of India Vs.
Gurdev Kaur
Mortgage Suit For Recovery of Rs. 7,47,066/-
Publication Issued To:
2. Paramjit Kaur D/o Sh. Bhagwan Singh W/o Sh. Malkit Singh R/o Village Dhaul Khurd, District Ludhiana 141117
3. Harjinder Kaur D/o Sh. Bhagwan Singh W/o Sh. Jarnail Singh R/o Village Dhaul Khurd, District Ludhiana 141117
4. Kamaljit Kaur D/o Bhagwan Singh W/o Jasvir Singh R/o Village Dhaul Khurd, District Ludhiana 141117
6. Sukhwinder Singh S/o Mukhtiar Singh R/o Village Rurka, Tehsil and District Ludhiana
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 08-08-2025 at 10:00 a.m.
For details logon to https://highcourtchd.gov.in/?mod=district_notice&district=mogacourt
Civil Judge (Junior Division) Ludhiana
Dated, this day of 09-07-2025

## CHAMAN LAL SETIA EXPORTS LTD.

Regd. Off: P.O CENTRAL JAIL, MIRANKOT ROAD, AMRITSAR-143002, PUNJAB
CIN: L51909PB1994PLC015083 Tel: 0183-2592708 Fax: 0183-2590453
E-mail: clsetia@rediffmail.com, Website: www.clsel.in

### ਡਾਕ ਮਤ ਪੱਤਰ ਵਾਸਤੇ ਨੋਟਿਸ

1. ਕੰਪਨੀ ਦੇ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀਜ਼ ਮੈਨੇਜਮੈਂਟ ਅਤੇ ਐਡਮਨਿਸਟ੍ਰੇਸ਼ਨ ਰੂਲਜ਼ 2014 (ਲਾਗੂ ਕਰਨ ਸਮੇਂ ਵਿਧਾਨਕ ਸੋਧ ਜਾਂ ਉਨ੍ਹਾਂ ਨੂੰ ਮੁੜ ਲਾਗੂ ਕਰਨਾ ਸ਼ਾਮਲ) ("ਦਾ ਰੂਲਜ਼") ਦੇ ਰੂਲ 20 ਅਤੇ ਰੂਲ 22 ਦੇ ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ, 2013 ("ਦਾ ਐਕਟ") ਦੇ ਸੈਕਸ਼ਨ 108,110 ਅਤੇ ਹੋਰ ਲਾਗੂ ਵਿਵਸਥਾਵਾਂ, ਜੇਕਰ ਕੋਈ ਹਨ, ਸੇਬੀ ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ("ਸੇਬੀ ਲਿਸਟਿੰਗ ਰੈਗੂਲੇਸ਼ਨਜ਼") ਦੇ ਰੈਗੂਲੇਸ਼ਨ 44 ਇੰਸਟੀਚਿਊਟ ਆਫ ਕੰਪਨੀ ਸੈਕ੍ਰੇਟ੍ਰੀਜ਼ ਆਫ ਇੰਡੀਆ ਦੀ ਜਨਰਲ ਮੀਟਿੰਗ ("ਐੱਸ ਐੱਸ-2") ਵੱਲੋਂ ਜਾਰੀ ਸੈਕ੍ਰੇਟੇਰੀਅਲ ਸਟੈਂਡਰਜ਼, ਇਸ ਸੰਬੰਧ 'ਚ ਸਮੇਂ-ਸਮੇਂ 'ਤੇ ਜਾਰੀ ਸੇਬੀ ਸਰਕੂਲਰਜ਼ ਅਤੇ ਹੋਰ ਲਾਗੂ ਕਾਨੂੰਨਾਂ ਅਤੇ ਰੈਗੂਲੇਸ਼ਨ ਦੀ ਪਾਲਣਾ 'ਚ ਚਮਨ ਲਾਲ ਸੇਤੀਆ ਐਕਸਪੋਰਟਸ ਲਿਮਟਿਡ ("ਦਾ ਕੰਪਨੀ") ਨੇ ਨੋਟਿਸ 'ਚ ਦਰਸਾਏ ਵਿਸ਼ੇਸ਼ ਕਾਰੋਬਾਰ ਦੇ ਨਿਪਟਾਰੇ ਲਈ ਇਲੈਕਟ੍ਰਾਨਿਕ ਢੰਗ ਰਾਹੀਂ ਡਾਕ ਮਤ ਪੱਤਰ ਨੋਟਿਸ ਭੇਜਣ ਦਾ ਕੰਮ ਮੁਕੰਮਲ ਕਰ ਲਿਆ ਹੈ।
2. ('ਐੱਮ ਸੀ ਏ ਸਰਕੂਲਰਜ਼') ਦੀਆਂ ਵਿਵਸਥਾਵਾਂ ਦੇ ਅਨੁਸਾਰ ਤਹਿਤ ਡਾਕ ਮਤ ਪੱਤਰ ਨੋਟਿਸ ਦੀ ਭੌਤਿਕ ਕਾਪੀ, ਸਮੇਤ ਡਾਕ ਮਤ ਪੱਤਰ ਫਾਰਮ ਅਤੇ ਇਸ ਡਾਕ ਮਤ ਪੱਤਰ ਲਈ ਪ੍ਰੀ-ਪੇਡ ਬਿਜ਼ਨੈੱਸ ਜਵਾਬੀ ਲਿਫਾਫਾ ਸ਼ੇਅਰ ਹੋਲਡਰਾਂ ਨੂੰ ਨਹੀਂ ਭੇਜਿਆ ਜਾ ਰਿਹਾ। ਡਾਕ ਮਤ ਪੱਤਰ ਦਾ ਨੋਟਿਸ ਸਿਰਫ ਇਲੈਕਟ੍ਰਾਨਿਕ ਮੋਡ 'ਚ ਉਹਨਾਂ ਸ਼ੇਅਰ ਹੋਲਡਰਾਂ ਨੂੰ ਭੇਜਿਆ ਗਿਆ ਹੈ, ਜਿਨ੍ਹਾਂ ਦੇ ਨਾਂਅ ਰਜਿਸਟਰਾਰ ਅਤੇ ਸ਼ੇਅਰ ਟਰਾਂਸਫਰ ਏਜੰਟ, ਨੈਸ਼ਨਲ ਸਕਿਓਰਟੀਜ਼ ਡਿਪਾਜ਼ਟਰੀ ਲਿਮ: ('ਐੱਨ ਐੱਸ ਡੀ ਐੱਲ')/ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮ: ('ਸੀ ਡੀ ਐੱਸ ਐੱਲ') 04.07.2025 ('ਕੱਟ ਆਫ ਡੇਟ') ਤੋਂ ਪ੍ਰਾਪਤ ਮੈਂਬਰਾਂ ਦੇ ਰਜਿਸਟਰ/ਲਾਭਪਾਤਰੀ ਮਾਲਕਾਂ ਦੀ ਸੂਚੀ 'ਚ ਦਰਜ ਹਨ ਅਤੇ ਜਿਨ੍ਹਾਂ ਨੇ ਆਪਣੇ ਈ-ਮੇਲ ਪਤੇ ਇਲੈਕਟ੍ਰਾਨਿਕ ਹੋਲਡਿੰਗ ਦੀ ਸੂਰਤ 'ਚ ਡਿਪਾਜ਼ਟਰੀਜ਼ ਕੋਲ ਸੰਬੰਧਤ ਡਿਪਾਜ਼ਟਰੀ ਪਾਰਟੀਸੀਪੈਂਟਸ ਰਾਹੀਂ ਅਤੇ ਭੌਤਿਕ ਸੂਰਤ 'ਚ ਕੰਪਨੀ ਦੇ ਰਜਿਸਟਰਾਰ ਅਤੇ ਸ਼ੇਅਰ ਟਰਾਂਸਫਰ ਏਜੰਟ (ਆਰ ਟੀ ਏ) ਜੋ ਕਿ ਮੈਸ: ਬੀਟਲ ਫਾਈਨੈਂਸ਼ੀਅਲ ਐਂਡ ਕੰਪਿਊਟਰ ਸਰਵਿਸਿਜ਼ ਪ੍ਰਾਈ: ਲਿਮ: ਕੋਲ ਰਜਿਸਟਰਡ ਕਰਵਾਏ ਹਨ।
3. ਇਲੈਕਟ੍ਰਾਨਿਕ ਵੋਟਿੰਗ ਸਹੂਲਤ ਮੁਹੱਈਆ ਕਰਵਾਉਣ ਵਾਲੀ ਏਜੰਸੀ ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮ: ('ਸੀ ਡੀ ਐੱਸ ਐੱਲ') ਤੋਂ ਕੰਪਨੀ ਨੇ ਸੇਵਾਵਾਂ ਪ੍ਰਾਪਤ ਕੀਤੀਆਂ ਹਨ। ਈ ਵੋਟਿੰਗ ਲਈ ਵਿਸਥਾਰਤ ਪ੍ਰਕਿਰਿਆ ਅਤੇ ਹਦਾਇਤਾਂ ਡਾਕ ਮਤ ਪੱਤਰ ਨੋਟਿਸ 'ਚ ਦਰਸਾਈਆਂ ਗਈਆਂ ਹਨ।
4. ਜਿਨ੍ਹਾਂ ਸ਼ੇਅਰ ਹੋਲਡਰਾਂ ਦਾ ਨਾਂਅ ਮੈਂਬਰਾਂ ਦੇ ਰਜਿਸਟਰ/ਲਾਭਪਾਤਰੀ ਮਾਲਕਾਂ ਦੀ ਸੂਚੀ 'ਚ ਸ਼ੁੱਕਰਵਾਰ 04.07.2025 ('ਕੱਟ ਆਫ ਡੇਟ') ਨੂੰ ਦਰਜ ਹੈ, ਹੀ ਸਿਰਫ ਵੋਟ ਪਾਉਣ ਦੇ ਯੋਗ ਹਨ ਅਤੇ ਉਹਨਾਂ ਨੂੰ ਆਪਣੀ ਸਹਿਮਤੀ ਅਤੇ ਅਸਹਿਮਤੀ ਸਿਰਫ ਰਿਮੋਟ ਈ-ਵੋਟਿੰਗ ਪ੍ਰਣਾਲੀ ਰਾਹੀਂ ਹੀ ਦੱਸਣ ਦੀ ਬੇਨਤੀ ਕੀਤੀ ਜਾਂਦੀ ਹੈ।
5. ਰਿਮੋਟ ਈ-ਵੋਟਿੰਗ ਦਾ ਸਮਾਂ 15.07.2025 ਨੂੰ ਸਵੇਰੇ 10.00 ਵਜੇ (ਆਈ ਐੱਸ ਟੀ) ਸ਼ੁਰੂ ਹੋਵੇਗਾ ਅਤੇ ਬੁੱਧਵਾਰ 13 ਅਗਸਤ 2025 ਨੂੰ ਸ਼ਾਮ ਦੇ 5.00 ਵਜੇ (ਆਈ ਐੱਸ ਟੀ) ਨੂੰ ਖਤਮ ਹੋਵੇਗਾ। ਉਪਰੋਕਤ ਦੱਸੀ ਤਰੀਕ ਅਤੇ ਸਮੇਂ ਤੋਂ ਬਾਅਦ ਰਿਮੋਟ ਈ-ਵੋਟਿੰਗ ਦੀ ਆਗਿਆ ਨਹੀਂ ਹੋਵੇਗੀ ਅਤੇ ਸੀ ਡੀ ਐੱਸ ਐੱਲ ਵੱਲੋਂ ਰਿਮੋਟ ਈ-ਵੋਟਿੰਗ ਸ਼ਡਿਊਲ ਅਯੋਗ ਕਰ ਦਿੱਤਾ ਜਾਵੇਗਾ।
6. ਇਹ ਵੋਟ ਮਤ ਪੱਤਰ ਕੰਪਨੀ ਦੀ ਵੈੱਬਸਾਈਟ www.clsel.in ਸਟਾਕ ਐਕਸਚੇਂਜ ਦੀਆਂ ਵੈੱਬਸਾਈਟਾਂ ਜੋ ਕਿ ਬੀ ਐੱਸ ਈ ਲਿਮ: ਅਤੇ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਕ੍ਰਮਵਾਰ www.bseindia.com ਅਤੇ www.nesindia.com ਸੀ ਡੀ ਐੱਸ ਐੱਲ ਦੀ ਵੈੱਬਸਾਈਟ www.evotingindia.com 'ਤੇ ਵੀ ਉਪਲੱਬਧ ਹੈ। ਜਿਨ੍ਹਾਂ ਮੈਂਬਰਾਂ ਨੇ ਵੋਟ ਮਤਪੱਤਰ ਪ੍ਰਾਪਤ ਨਹੀਂ ਕੀਤੇ ਹਨ, ਉਹ ਉਪਰੋਕਤ ਦਰਸਾਈਆਂ ਵੈੱਬਸਾਈਟਾਂ ਤੋਂ ਡਾਊਨਲੋਡ ਕਰ ਸਕਦੇ ਹਨ। ਸ਼ੇਅਰ ਹੋਲਡਰ, ਜਿਨ੍ਹਾਂ ਕੋਲ 04.07.2025 ('ਕੱਟ ਆਫ ਡੇਟ') ਕੋਲ ਕੰਪਨੀ ਦੇ ਸ਼ੇਅਰ ਹਨ ਅਤੇ ਜਿਨ੍ਹਾਂ ਨੇ ਆਪਣੇ ਈਮੇਲ ਪਤੇ ਕੰਪਨੀ/ਆਰ ਟੀ ਏ) ਡਿਪਾਜ਼ਟਰੀਜ਼ ਕੋਲ ਰਜਿਸਟਰਡ ਨਹੀਂ ਕਰਵਾਏ ਕ੍ਰਿਪਾ ਕਰਕੇ ਆਪਣੇ ਈਮੇਲ ਪਤੇ ਡਿਪਾਜ਼ਟਰੀ ਪਾਰਟੀਸੀਪੈਂਟ ਜਾਂ ਆਰ ਟੀ ਏ ਕੋਲ ਰਜਿਸਟਰਡ ਕਰਵਾਉਣ।
7. ਮਤਾ ਜੇਕਰ ਮਨਜ਼ੂਰ ਹੋ ਗਿਆ ਤਾਂ ਈ ਵੋਟਿੰਗ ਦੀ ਅੰਤਮ ਮਿਤੀ, ਜੋ ਕਿ ਬੁੱਧਵਾਰ 13.08.2025 ਹੈ, ਨੂੰ ਪਾਸ ਮੰਨ ਲਿਆ ਜਾਵੇਗਾ। ਨਿਗਰਾਨ ਦੀ ਰਿਪੋਰਟ 'ਤੇ ਅਧਾਰਤ ਵੋਟ ਮਤ ਪੱਤਰ ਰਾਹੀਂ ਰਿਮੋਟ ਈ ਵੋਟਿੰਗ ਦੇ ਨਤੀਜੇ ਈ-ਵੋਟਿੰਗ ਦੇ ਮੁਕੰਮਲ ਹੋਣ ਤੋਂ 2 (ਦੋ) ਦਿਨਾਂ ਦੇ ਅੰਦਰ ਕੰਮਕਾਜ ਵਾਲੇ ਦਿਨ ਐਲਾਨੇ ਜਾਣਗੇ। ਉਕਤ ਨਤੀਜੇ ਸਮੇਤ ਨਿਗਰਾਨ ਦੀ ਰਿਪੋਰਟ ਸਟਾਕ ਐਕਸਚੇਂਜਜ ਜੋ ਕਿ ਦਾ ਬੀ ਐੱਸ ਈ ਲਿਮਿਟਡ ("ਬੀ ਐੱਸ ਈ") ਅਤੇ ਦਾ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਿਟਡ ("ਐੱਨ ਐੱਸ ਈ") ਜਿਥੇ ਕੰਪਨੀ ਦੇ ਇਕੁਇਟੀ ਸ਼ੇਅਰ ਸੂਚੀਬੱਧ ਹਨ 'ਤੇ ਵੀ ਦਰਸਾਏ ਜਾਣਗੇ। ਇਸ ਦੇ ਨਾਲ ਹੀ ਨਤੀਜੇ ਕੰਪਨੀ ਦੀ ਵੈੱਬਸਾਈਟ www.clsel.in ਅਤੇ ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮਟਿਡ ("ਸੀ ਡੀ ਐੱਸ ਐੱਲ") ਦੀ ਵੈੱਬਸਾਈਟ www.evotingindia.com. ਤੇ ਵੀ ਅਪਲੋਡ ਕੀਤੇ ਜਾਣਗੇ।
8. ਸੀ ਡੀ ਐੱਸ ਐੱਲ ਈ-ਵੋਟਿੰਗ ਪ੍ਰਣਾਲੀ 'ਤੇ ਈ-ਵੋਟਿੰਗ ਸੰਬੰਧੀ ਮੁੱਦਿਆਂ ਬਾਰੇ ਕਿਸੇ ਤਰ੍ਹਾਂ ਦੀ ਪੁੱਛਗਿੱਛ ਲਈ, ਤੁਸੀਂ ਅਕਸਰ ਪੁੱਛੇ ਜਾਂਦੇ ਸਵਾਲ ('ਐੱਫ ਏ ਕਿਊਜ਼') ਅਤੇ ਹੈਲਪ ਸੈਕਸ਼ਨ ਅਧੀਨ www.evotingindia.com 'ਤੇ ਉਪਲੱਬਧ ਈ-ਵੋਟਿੰਗ ਮੈਨੂਅਲ ਦਾ ਹਵਾਲਾ ਲੈ ਸਕਦੇ ਹੋ ਜਾਂ ਈਮੇਲ helpdesk.evoting@cdslindia.com 'ਤੇ ਈਮੇਲ ਲਿਖ ਕੇ ਜਾਂ 022-23058738 ਅਤੇ 022-23058542/43 'ਤੇ ਸੰਪਰਕ ਕਰ ਸਕਦੇ ਹੋ। ਇਲੈਕਟ੍ਰਾਨਿਕ ਢੰਗ ਨਾਲ ਵੋਟਿੰਗ ਦੀ ਸਹੂਲਤ ਨਾਲ ਸੰਬੰਧਤ ਕਿਸੇ ਤਰ੍ਹਾਂ ਦੀ ਮੁਸ਼ਕਲ ਲਈ ਤੁਸੀਂ ਸ੍ਰੀ ਰਾਕੇਸ਼ ਦਲਵੀ, ਸੀਨੀ: ਮੈਨੇਜਰ (ਸੀ ਡੀ ਐੱਸ ਐੱਲ), ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮ:, ਏ ਵਿੰਗ, 25ਵੀਂ ਮੰਜ਼ਲ, ਮੈਰਾਥਨ ਫਿਊਚਰੈਕਸ, ਮਫਤ ਲਾਲ ਮਿੱਲ ਕੰਪਾਊਂਡਸ, ਐੱਨ ਐੱਮ ਜੋਸ਼ੀ ਮਾਰਗ, ਲੋਅਰ ਪਾਰੇਲ (ਈਸਟ), ਮੁੰਬਈ-400013 ਨਾਲ ਸੰਪਰਕ ਕਰ ਸਕਦੇ ਹੋ ਜਾਂ helpdesk.evoting@cdslindia.com 'ਤੇ ਈਮੇਲ ਭੇਜ ਸਕਦੇ ਹੋ ਜਾਂ 022-23058542/43 'ਤੇ ਕਾਲ ਕਰ ਸਕਦੇ ਹੋ।
9. ਇੱਕ ਵਿਅਕਤੀ, ਜੋ ਸ਼ੁੱਕਰਵਾਰ 04 ਜੁਲਾਈ 2025 ("ਕੱਟ-ਆਫ ਡੇਟ") 'ਤੇ ਸ਼ੇਅਰ ਹੋਲਡਰ ਨਹੀਂ ਹੈ, ਇਸ ਨੋਟਿਸ ਨੂੰ ਜਾਣਕਾਰੀ ਵਜੋਂ ਹੀ ਸਮਝੇ।

ਬੋਰਡ ਦੇ ਹੁਕਮਾਂ ਨਾਲ
ਵਾਸਤੇ ਚਮਨ ਲਾਲ ਸੇਤੀਆ ਐਕਸਪੋਰਟਸ ਲਿਮ:
(ਰਾਜੀਵ ਸੇਤੀਆ)
ਜਾਇੰਟ ਮੈਨੇਜਿੰਗ ਡਾਇਰੈਕਟਰ
(ਡੀ ਆਈ ਐੱਨ : 01125921)
ਸਥਾਨ : ਗੁਰੂਗ੍ਰਾਮ
ਮਿਤੀ : 12.07.2025


# ਕੈਬਨਿਟ ਮੰਤਰੀ ਸੰਜੀਵ ਅਰੋੜਾ ਕਰਨਗੇ ਵੱਡੇ ਵਿਕਾਸ ਕਾਰਜ : ਰਿੰਕਾ ਕੁਤਬਾ ਬਾਹਮਣੀਆ



ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਿੱਥੇ ਪੰਜਾਬ ਦੇ ਅੰਦਰ ਵੱਡੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ, ਉੱਥੇ ਲੁਧਿਆਣਾ ਤੋਂ ਜ਼ਿਮਨੀ ਚੋਣ ਜਿੱਤੇ ਸੰਜੀਵ ਅਰੋੜਾ ਨੂੰ ਪੰਜਾਬ ਕੈਬਨਟ ਮੰਤਰੀ ਵਜੋਂ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਿਸ ਲੁਧਿਆਣਾ ਇੰਡਸਟਰੀਅਲ ਖੇਤਰ ਦੇ ਲੋਕਾਂ ਸਮੇਤ ਪੰਜਾਬ ਦੇ ਲੋਕਾਂ ਨੂੰ ਵੱਡਾ ਫਾਇਦਾ ਪਹੁੰਚੇਗਾ। ਇਹ ਸ਼ਬਦਾਂ ਦਾ ਪ੍ਰਗਟਾਵਾ ਵਾਲਮੀਕੀ ਧਰਮ ਸਮਾਜ ਰਾਵਾਦਾਸ ਭਾਰਤ ਦੇ ਰਾਸ਼ਟਰੀ ਉਪ ਪ੍ਰਧਾਨ ਰਿੰਕਾ ਕੁਤਬਾ ਬਾਹਮਣੀਆ ਨੇ ਕੀਤਾ, ਜੋ ਪਿਛਲੇ ਦਿਨੀਂ ਚੰਡੀਗੜ੍ਹ ਵਿਖੇ ਲੁਧਿਆਣੇ ਤੋਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਵੱਡੀ ਜ਼ਿੰਮੇਦਾਰੀ ਮਿਲਣ ਤੇ ਮੁਬਾਰਕਬਾਦ ਦੇਣ ਲਈ ਪਹੁੰਚੇ ਹੋਏ ਸਨ। ਉਨ੍ਹਾਂ ਖੁਸ਼ੀ ਵਿੱਚ ਕੈਬਨਿਟ ਮੰਤਰੀ ਸੰਜੀਵ ਅਰੋੜਾ ਦਾ ਮੂੰਹ ਵੀ ਮਿੱਠਾ ਕਰਾਇਆ ਗਿਆ। ਇਸ ਮੌਕੇ ਉਪ ਪ੍ਰਧਾਨ ਰਿੰਕਾ ਕੁਤਬਾ ਬਾਹਮਣੀਆ ਨੇ ਜ਼ਿਲ੍ਹਾ ਬਰਨਾਲਾ ਅੰਦਰ ਵਿਕਾਸ ਕਾਰਜਾਂ ਨੂੰ ਲੈ ਕੇ ਵੀ ਕੈਬਨਿਟ ਮੰਤਰੀ ਸੰਜੀਵ ਅਰੋੜਾ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕੀਤੀ।

# ਰਵਿੰਦਰ ਸਿੰਘ ਰੋਟਰੀ ਕਲੱਬ ਆਫ਼ ਬਕੋਲਡ ਸਿਟੀ (ਨਾਰਥ) ਦਾ ਪ੍ਰਧਾਨ ਚੁਣੇ



**ਮਾਲੇਰਕੋਟਲਾ (ਅਸਗਰ ਪਰਿਹਾਰ)** ਪਿੰਡ ਮਿੱਠੇਵਾਲ ਦੇ ਨੌਜਵਾਨ ਰਵਿੰਦਰ ਸਿੰਘ ਪੁੱਤਰ ਸਾਧੂ ਸਿੰਘ ਉਪਲ ਵੱਲੋਂ ਫਿਲਪਾਈਨਜ ਦੇ ਸਿਟੀ ਬਕੋਲਡ ਵਿਖੇ ਜਾ ਕੇ ਕੀਤੀਆਂ ਬੇਹਤਰੀਨ ਸਮਾਜ ਸੇਵਾਵਾਂ ਕੰਮਾਂ ਸਦਕਾ ਰਵਿੰਦਰ ਸਿੰਘ ਨੂੰ ਰੋਟਰੀ ਕਲੱਬ ਆਫ਼ ਬਕੋਲਡ ਸਿਟੀ (ਨਾਰਥ) ਦਾ 53ਵਾਂ ਪ੍ਰਧਾਨ ਚੁਣਿਆ ਗਿਆ ਹੈ, ਜਿਸ ਨੂੰ ਲੈ ਕੇ ਮਾਲੇਰਕੋਟਲਾ ਤੇ ਉਸ ਦੇ ਜੱਦੀ ਪਿੰਡ 'ਚ ਬਹੁਤ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ। ਰਵਿੰਦਰ ਸਿੰਘ ਨੂੰ ਇੰਟਰਨੈਸ਼ਨਲ ਕਲੱਬ, ਰੋਟਰੀ ਕਲੱਬ ਆਫ ਬਕੋਲਡ ਸਿਟੀ (ਨਾਰਥ) ਦੇ ਪ੍ਰਧਾਨ ਵਜੋਂ ਕਰਾਏ ਸਹੁੰ ਚੁੱਕ ਸਮਾਗਮ ਦੀ ਪ੍ਰਧਾਨਗੀ ਫਿਲੀਪਾਈਨਜ ਦੇ ਪ੍ਰਧਾਨ ਮੰਤਰੀ ਦੇ ਨੁਮਾਇੰਦੇ ਹਾਲ ਆਫ਼ ਜਸਟਿਸ, ਫਿਲੀਪਾਈਨਜ ਦੇ ਮੁਖੀ ਯੀਸਸ ਕਰਿਸਪਿਨ ਰੁਮੱਲਾ ਵੱਲੋਂ ਕੀਤੀ ਗਈ। ਇਸ ਸਹੁੰ ਚੁੱਕ ਸਮਾਗਮ 'ਚ ਨੀਗਰੋਸ ਆਕਸੀਡੈਂਟਲ ਸਟੇਟ ਦੇ ਗਵਰਨਰ ਬੌਂਗ ਲਕਸ਼ਨ ਵਿਸ਼ੇਸ ਤੌਰ 'ਤੇ ਸ਼ਾਮਲ ਹੋਏ। ਸਹੁੰ ਚੁੱਕ ਸਮਾਗਮ ਵਿੱਚ ਫਿਲੀਪਾਈਨਜ ਦੀਆਂ ਉਕਤ ਸ਼ਖ਼ਸੀਅਤਾਂ ਤੋਂ ਇਲਾਵਾ ਰੋਟਰੀ ਕਲੱਬ ਦੇ ਸਮੂਹ ਮੈਂਬਰ ਗੁਰਦੁਆਰਾ ਸਾਹਿਬ ਬਕੋਲਡ ਸਿਟੀ ਦੇ ਪ੍ਰਧਾਨ ਮਲਕੀਤ ਸਿੰਘ ਤੇ ਕਮੇਟੀ ਮੈਂਬਰ, ਗੁਰਦੁਆਰਾ ਸਾਹਿਬ ਸਿਬੂ ਸਿਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਬਸੀ, ਰਵਿੰਦਰ ਸਿੰਘ ਦੇ ਪਿਤਾ ਸਾਧੂ ਸਿੰਘ ਉਪਲ, ਦਵਿੰਦਰ ਸਿੰਘ ਬਾਪਲਾ, ਸੁਰਜੀਤ ਸਿੰਘ ਬਾਪਲਾ, ਅਰਸਵੀਰ ਉਪਲ (ਕਨੈਡਾ), ਕੀਰਤ ਕੌਰ ਉਪਲ (ਕਨੈਡਾ) ਆਦਿ ਪਤਵੰਤਿਆਂ ਨੇ ਪਰਵਾਰਾਂ ਸਮੇਤ ਸ਼ਿਰਕਤ ਕੀਤੀ।ਰਵਿੰਦਰ ਸਿੰਘ ਵੱਲੋਂ ਹਾਸਲ ਕੀਤੇ ਉਕਤ ਮੁਕਾਮ ਲਈ ਪੀ.ਡੀ.ਜੀ ਅਮਜਦ ਅਲੀ, ਸਮਾਜ ਸੇਵੀ ਤੇ ਸੇਵਾਮੁਕਤ ਹੈੱਡ ਕਲਰਕ ਪੰਜਾਬ ਪੁਲਸ ਸਾਹਿਬਦੀਨ, ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਡਾ. ਸਈਅਦ ਤਨਵੀਰ ਹੁਸੈਨ ਅਤੇ ਟੀਮ, ਰੋਟਰੀ ਕਲੱਬ ਮਾਲੇਰਕੋਟਲਾ ਮਿਡਟਾਊਨ ਦੇ ਪ੍ਰਧਾਨ ਨਿਤੀਨ ਜੈਨ ਤੇ ਟੀਮ, ਐਨ.ਐਮ.ਸੀ ਦੇ ਸੂਬਾ ਪ੍ਰਧਾਨ ਜਹੂਰ ਅਹਿਮਦ ਚੌਹਾਨ, ਰਾਸ਼ਿਦ ਸ਼ੇਖ, ਕੌਂਸਲਰ ਮੁਹੰਮਦ ਨਜ਼ੀਰ, ਸ਼ਮਸ਼ਾਦ ਝੋਕ ਆਦਿ ਸਮਾਜ ਸੇਵੀਆਂ ਨੇ ਪਰਵਾਰ ਨੂੰ ਮੁਬਾਰਕਬਾਦ ਦਿੱਤੀ।

# ਕਲਾਸੀਫਾਈਡ ਇਸ਼ਤਿਹਾਰ


## Change of Name

I Surjit Ram S/o Daulat Ram R/o VPO. Hazara, Jalandhar Punjab 144025 Have Changed My Name From Surjeet Ram to Surjit Ram.

I, hitherto Known as Baljinder Singh S/O Faqir Singh residing at Ward No. 9, VPO Lohian Khas, Tehsil Shahkot, Distt. Jalandhar – 144629, Punjab, India have changed my name and shall hereafter be known as Baljinder Singh Plaha.

I, hitherto known as Jagdeep Dhiman S/O Bhupinder Singh residing at H.No.3550, Mohalla Jain Street, PO. Nakodar, Distt. Jalandhar - 144040, Punjab, India have changed my name and shall hereafter be known as Jagdeep Singh.

I, Kulwinder Kumar Bhatia S/o Sh. Des Raj Bhatia resident of H.No. 583, Mohalla Abadpura Jalandhar have changed my name from Kulwinder Kumar Bhatia to Kulwinder Kumar. That I shall use my name as Kulwinder Kumar in place of Kulwinder Kumar Bhatia for all intents and purposes in future. All concerned please note.

I, hitherto Known as Parminder Kaur W/o Surinder Singh R/o H.No. 38/48, New Suraj Ganj, Jalandhar-1, Model Town, Jalandhar-144003, Punjab have changed my name and shall hereafter be known as Parmjit Kaur.

I, hitherto Known as Hinaz D/o Davinder Singh R/o H.No. 164, Opp. Red Cross Bhawan, Lajpat Nagar, Jalandhar-144001, Punjab have changed my name and shall hereafter be known as Hinaz Singh.

I, Pragati Bahri w/o Abhishek Kalra r/o H.No.65 B, Model Town, Phagwara, Distt. Kapurthala, Punjab-144401 have changed my name to Pragati Kalra, after marriage. All Please Note.

I, Leena Pathak w/o Varinder Sharma r/o 175/8, Mohalla Sarihan, VPO.Alawalpur, Distt.Jalandhar have changed my name to Leena Sharma, after marriage. All Please Note.

I, Sheela Kaur w/o Tarsem Singh R/o VPO. Bazidpur, Distt. Nawanshahr-144518, Punjab have changed my name as Sheel Kaur. All Please Note.

## Change of Name

I, Rohit s/o Dharam Pal r/o Vill.Alamgir, Po. Kala Bakra, Distt.Jalandhar, Punjab have changed my name from Rohit to Rohit Heer. All Please Note.

I, Neha Sidhu D/o Narinder Sidhu R/o H.No. 60/13, New Avtar Nagar, Jalandhar, Punjab have changed my name from Neha Sidhu to Neha. All Please Note.

I, Kuldeep Kaur W/o Subash Chander Roshan Lal R/o H.No. 2527, Street No. 3, Near Ravidas Mandir, Kailash Nagar, Basti Jodhewal, Bajra, Ludhiana-141007, Punjab have changed my name from Kuldeep Kaur to Sanyogta Rani.

I, Avneet Kaur W/o Sartaj Singh Lally R/o VPO. Chuharwali, Distt. Jalandhar, Punjab have changed my name from Avneet Kaur to Avneet Kaur Lally, After Marriage. All Please Note.

I, Gurbax Kaur W/o Prem Pal R/o H.No. 186, Mithapur, Jalandhar, Punjab have changed my name from Gurbax Kaur to Gurbaksh Kaur. All Please Note.

I, Mohit S/o Mohan Lal R/o Bhangal Kalan, Po. Kariam, Distt. SBS Nagar have changed my name from Mohit to Mohit Singh (Surname as Singh) All Please Note.

I, Jasvir Kaur d/o S. Dhiraj Singh and w/o S. Surjit Singh Saini, resident of H.No.263 Khurla Kingra, Jalandhar City 144003 has changed my name from Jasvir Kaur to "JASVIR KAUR SAINI'. All concerned may please note.

I, Gurcharan S/O Harjinder Kumar, R/o Village Mander Post Office Adda, Kathar Jalandhar Punjab- 144106, have changed my name and shall hereafter be Known as Gurcharan Droch.

I, Surjit Kaur W/o Kuldeep Kumar (D/o Shankar Singh) R/o H.No. N.J. 4/5, Parbhat Nagar, Jalandhar, Punjab declare that my name is mentioned in the Ancestral Property (Property of my father) as Nirmal Kaur and also my name is mentioned in my Aadhaar Card and in all my other necessary documents as Surjit Kaur, but actually both the names i.e. Nirmal Kaur & Surjit Kaur is one and same person.

## ਬੇਦਖ਼ਲੀ ਨੋਟਿਸ

ਮੈਂ ਗੁਰਸੇਵਕ ਸਿੰਘ ਪੁੱਤਰ ਮਹਿੰਦਰ ਸਿੰਘ ਪਿੰਡ ਸਭਰਾਂ (ਪੱਤੀ ਗੁਦਾਈਕੀ) ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਪਰਵਿੰਦਰ ਸਿੰਘ ਬਿੰਦੂ ਮੇਰਾ ਪੁੱਤਰ ਹੈ ਜੋ ਮੇਰੇ ਕਹਿਣੇ ਤੋਂ ਬਾਹਰ ਹੈ ।ਮੈਂ ਆਪਣੇ ਪੁੱਤਰ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ।ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

ਅਸੀਂ ਸਰਦੂਲ ਸਿੰਘ ਪੁੱਤਰ ਪਿਆਰਾ ਸਿੰਘ,ਚਰਨਜੀਤ ਕੌਰ ਪਤਨੀ ਸਰਦੂਲ ਸਿੰਘ ਵਾਸੀਆਨ ਸਭਰਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੇ ਰਹਿਣ ਵਾਲੇ ਹਾਂ ।ਸਾਡਾ ਲੜਕਾ ਬਿਅੰਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ।ਅਸੀਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੇ ਹਾ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਕੈਥਰੀਨ ਗਿੱਲ ਪੁੱਤਰੀ ਲੇਟ ਇਨਾਇਤ ਮਸੀਹ ਵਾਸੀ ਮਕਾਨ ਨੰ. 1/10, ਨੇੜੇ ਟੂਰ ਪ੍ਰੋਪਰਟੀ ਡੀਲਰ, ਨਿਊ ਜਵਾਲਾ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਦੀਪ ਮਸੀਹ ਅਤੇ ਉਸਦੀ ਪਤਨੀ ਅਕਵਿੰਦਰ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈ ਕੁਸ਼ੱਲਿਆ ਰਾਣੀ ਵਾਸੀ ਹਜ਼ਾਰਾ ਸਿੰਘ ਵਾਲਾ ਤਹਿਸੀਲ ਵਾ ਜਿਲਾ ਫਿਰੋਜ਼ਪੁਰ ਦੀ ਰਹਿਣ ਵਾਲੀ ਹਾਂ। ਇਹ ਕਿ ਮੇਰੇ ਅਧਾਰ ਕਾਰਡ ਵਿੱਚ ਮੇਰਾ ਨਾਮ ਕੁਸ਼ੱਲਿਆ ਰਾਣੀ ਦਰਜ ਹੈ। ਜੋਕਿ ਬਿਲਕੁੱਲ ਸਹੀ ਹੈ। ਇਹ ਕਿ ਮੇਰੇ ਲੜਕੇ ਸੰਦੀਪ ਸਿੰਘ ਦਾ ਪਾਸਪੋਰਟ ਬਣਿਆ ਹੈ, ਜਿਸਦੇ ਵਿੱਚ ਮੇਰਾ ਨਾਮ ਕੁਸ਼ੱਲਿਆ ਰਾਣੀ ਉਰਫ ਸ਼ੀਲੋ ਲਿਖਿਆ ਹੋਇਆ ਹੈ। ਇਹ ਕਿ ਮੇਰਾ ਸਹੀ ਨਾਮ ਕੁਸ਼ੱਲਿਆ ਰਾਣੀ ਹੈ, ਅਤੇ ਮੈਨੂੰ ਇਸ ਨਾਮ ਨਾਲ ਹੀ ਜਾਣਿਆ ਜਾਂਦਾ ਹੈ।


ਮੈਂ, ਅਮਰਜੀਤ ਸਿੰਘ ਪੁੱਤਰ ਸ੍ਰੀ ਮਲਕੀਤ ਸਿੰਘ ਨਿਵਾਸੀ ਪਿੰਡ ਅਤੇ ਡਾਕਖਾਨਾ ਅਰਗੋਵਾਲ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ,ਪੰਜਾਬ ਨੇ ਘੋਸ਼ਿਤ ਕਰਦਾ ਹਾਂ ਕਿ ਮੈਂ ਆਪਣਾ ਨਾਮ ਅਮਰਜੀਤ ਸਿੰਘ ਤੋਂ ਬਦਲ ਕੇ ਸਿੰਘ ਅਮਰਜੀਤ ਰੱਖ ਲਿਆ ਹੈ। ਕਿਰਪਾ ਸਾਰੇ ਨੋਟ ਕਰਨ।

ਮੈਂ ਸੋਢੀ ਰਾਮ ਪੁੱਤਰ ਸੰਤ ਰਾਮ ਨਿਵਾਸੀ ਪਿੰਡ ਮੰਨਣ, ਡਾਕਖਾਨਾ ਨੌਗੱਜਾ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਮ ਸੋਢੀ ਰਾਮ ਤੋਂ ਬਦਲ ਕੇ ਸੋਢੀ ਰਾਮ ਬੱਧਣ ਰੱਖ ਲਿਆ ਹੈ ਸਬੰਧਤ ਨੋਟ ਕਰਨ


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪੁਲਸ ਨੇ ਸ਼ਹਿਰ 'ਚ ਕੱਢਿਆ ਫਲੈਗ ਮਾਰਚ



**ਬੁਢਲਾਡਾ, (ਅਸ਼ੋਕ ਲਾਕੜਾ)**-ਸਬ-ਡਵੀਜ਼ਨ ਬੁਢਲਾਡਾ ਦੇ ਵੱਖ-ਵੱਖ ਥਾਣਿਆਂ ਦੀ ਪੁਲਿਸ ਵੱਲੋਂ ਡੀ.ਐਸ.ਪੀ. ਸਿਕੰਦਰ ਸਿੰਘ ਚੀਮਾਂ ਦੀ ਅਗਵਾਈ ਹੇਠ ਸ਼ਹਿਰ ਅੰਦਰ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਮਾਰਚ ਥਾਣਾ ਸ਼ਹਿਰੀ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਮੇਨ ਬਾਜ਼ਾਰਾਂ ਤੋਂ ਹੁੰਦਾ ਹੋਇਆ ਆਈਟੀਆਈ ਬੱਸ ਐਡਾ ਅਤੇ ਕਣਾ ਰੋਡ ਤੋਂ ਹੁੰਦਾ ਹੋਇਆ ਵਾਪਸ ਸ਼ਹਿਰ ਅੰਦਰ ਆ ਕੇ ਸਮਾਪਤ ਹੋਇਆ ।ਇਸ ਮੌਕੇ ਸੰਬੋਧਨ ਕਰਦਿਆਂ ਡੀਐਸਪੀ ਚੀਮਾ ਨੇ ਕਿਹਾ ਕਿ ਸ਼ਹਿਰ ਅੰਦਰ ਕਿਸੇ ਵੀ ਮਾੜੇ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਸ਼ਹਿਰ ਅੰਦਰ ਅਮਨ ਸ਼ਾਤੀ ਤੇ ਭਾਈਚਾਰਕ ਸਾਂਝ ਦੀ ਮਜਬੂਤੀ ਲਈ ਇਹ ਮਾਰਚ ਕੱਢਿਆ ਗਿਆ ਹੈ ਤਾਂ ਜੋ ਲੋਕ ਨੂੰ ਪਤਾ ਲੱਗ ਸਕੇ ਕਿ ਉਹਨਾਂ ਦੀ ਸੁਰੱਖਿਆ ਲਈ ਪੁਲਿਸ ਹਰ ਸਮੇਂ ਤਿਆਰ ਬਰ ਤਿਆਰ ਹੈ । ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ਰਾਰਤੀ ਅਨਸਰ ਦਾ ਪਤਾ ਲੱਗਣ ਤੇ ਪੁਲਿਸ ਨੂੰ ਤੁਰੰਤ ਸੂਚਿਤ ਕਰਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਣਹੋਣੀ ਨੂੰ ਰੋਕਿਆ ਜਾ ਸਕੇ।ਇਸ ਮੌਕੇ ਥਾਣਾ ਸ਼ਹਿਰੀ ਮੁਖੀ ਸੰਦੀਪ ਸਿੰਘ, ਸਦਰ ਦੇ ਮੁਖੀ ਜਗਦੇਵ ਸਿੰਘ, ਬਰੇਟਾ ਦੇ ਬਲਦੇਵ ਸਿੰਘ ਅਤੇ ਥਾਣਾ ਬੋਹਾ ਦੇ ਮੁਖੀ ਅਮਰੀਕ ਸਿੰਘ ਸਮੇਤ ਵੱਡੀ ਗਿਣਤੀ ਪੁਲਿਸ ਕਰਮੀ ਮੌਜੂਦ ਸਨ।

# ਕੈਬਨਿਟ ਮੰਤਰੀ ਨੇ ਅਨੁਸੂਚਿਤ ਜਾਤੀ ਪਰਵਾਰਾਂ ਨੂੰ ਕਰਜ਼ਾ ਮਾਫ਼ੀ ਸਰਟੀਫਿਕੇਟ ਵੰਡੇ

**ਨੰਗਲ (ਸੁਰਜੀਤ ਸਿੰਘ, ਹਰਜਨ ਢਿੱਲੋਂ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀ ਪਰਵਾਰਾਂ ਦਾ ਕਰਜ਼ਾ ਮਾਫ ਕਰਕੇ ਉਨ੍ਹਾਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਜ਼ਿਲ੍ਹਾ ਰੂਪਨਗਰ ਦੇ 103 ਪਰਵਾਰਾਂ ਦਾ 1,80,96000 ਰੁਪਏ ਦਾ ਕਰਜ਼ਾ ਮਾਫ ਹੋਇਆ ਹੈ। ਉਨ੍ਹਾਂ ਦੇ ਕਰਜ਼ੇ ਦੀ ਮੂਲ ਰਕਮ ਤੇ ਵਿਆਜ 'ਤੇ ਲਕੀਰ ਮਾਰ ਦਿੱਤੀ ਹੈ, ਭਵਿੱਖ ਵਿਚ ਪੰਜਾਬ ਸਰਕਾਰ ਲੋੜਵੰਦ ਪਰਵਾਰਾਂ ਲਈ ਹੋਰ ਸਕੀਮਾਂ ਲਿਆ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਆਰਥਿਕਤਾ ਨੂੰ ਮਜ਼ਬੂਤ ਕੀਤਾ ਜਾਵੇਗਾ। ਕੈਬਨਿਟ ਮੰਤਰੀ ਅੱਜ ਨੰਗਲ ਵਿਚ ਅਨੁਸੂਚਿਤ ਜਾਤੀ ਭੂ ਵਿਕਾਸ ਤੇ ਵਿੱਤ ਕਾਰਪੋਰੇਸ਼ਨ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪਰਿਵਾਰਾਂ ਨੂੰ ਕਰਜ਼ਾ ਮਾਫ਼ੀ ਸਰਟੀਫਿਕੇਟ ਵੰਡ ਰਹੇ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪਰਵਾਰਾਂ ਨੂੰ ਅੱਜ ਵੱਡੀ ਰਾਹਤ ਮਿਲੀ ਹੈ। ਕੈਬਨਿਟ ਮੰਤਰੀ ਨੇ ਭਾਖੜਾ ਨੰਗਲ ਡੈਮ ਵਿਚ ਸੀ ਆਈ ਐਸ ਐਫ ਦੀ ਤੈਨਾਤੀ ਬਾਰੇ ਕਿਹਾ ਕਿ ਪਹਿਲਾਂ ਪੰਜਾਬ ਦਾ ਪਾਣੀ ਹਥਿਆਉਣ ਦੀ ਨਾਪਾਕ ਕੋਸ਼ਿਸ਼ ਅਸੀਂ ਸਾਰਿਆਂ ਨੇ ਰਲ ਕੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਅਸਫਲ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਕੇਵਲ ਸੂਬੇ ਦੇ ਹਿੱਤਾਂ ਅਤੇ ਆਮ ਲੋਕਾਂ ਦੇ ਪੱਖ ਵਿੱਚ ਹੀ ਫੈਸਲੇ ਕਰਦੀ ਹੈ।ਬੈਂਸ ਨੇ ਕਿਹਾ ਹੈ ਕਿ ਸਰਕਾਰ ਵੱਲੋਂ



ਹਰ ਵਰਗ ਨੂੰ ਮਿਲ ਰਹੀਆਂ ਸਹੂਲਤਾਂ ਅਤੇ ਸੇਵਾਵਾਂ ਦਾ ਲਾਭ ਬਿਨਾਂ ਦੇਰੀ ਅਤੇ ਬੇਲੋੜੀ ਖੱਜਲ ਖੁਆਰੀ ਸਮੇਂ ਸਿਰ ਪਹੁੰਚਾਉਣਾ ਸਾਡੀ ਜ਼ਿੰਮੇਵਾਰੀ ਹੈ। ਰਵਾਇਤੀ ਜਨਤਾ ਦਰਬਾਰ ਵਿੱਚ ਨੰਗਲ ਵਿਖੇ ਪਹੁੰਚੇ ਇਲਾਕੇ ਦੇ ਸੈਂਕੜੇ ਲੋਕਾਂ ਦੀਆਂ ਮੁਸ਼ਕਿਲਾਂ/ਸਮੱਸਿਆਵਾਂ ਹੱਲ ਕਰਨ ਮੌਕੇ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਦੇ ਲੋਕਾਂ ਨੂੰ ਵੱਡੀਆਂ ਰਾਹਤਾਂ ਤੇ ਰਿਆਇਤਾਂ ਦਿੱਤੀਆਂ ਹੋਈਆਂ ਹਨ।ਲਗਭਗ ਹਰ ਪਿੰਡ ਅਤੇ ਸ਼ਹਿਰ ਵਿੱਚ ਵਿਕਾਸ ਕੰਮ ਚੱਲ ਰਹੇ ਹਨ। ਸੜਕਾਂ ਦਾ ਨਵੀਨੀਕਰਨ ਪੁਲਾਂ ਦੀ ਉਸਾਰੀ, ਕਮਿਊਨਿਟੀ ਸੈਂਟਰ, ਧਰਮਸ਼ਾਲਾ, ਸਰਕਾਰੀ ਸਕੂਲਾਂ ਵਿੱਚ ਕਮਰਿਆਂ ਤੇ ਹੋਰ ਬੁਨਿਆਦੀ ਢਾਂਚੇ ਦੇ ਵਿਕਾਸ ਤੇ ਕਰੋੜਾਂ ਰੁਪਏ ਖਰਚ ਹੋਏ ਹਨ।ਪੰਜਾਬ ਦੇ ਕਿਸਾਨਾਂ ਨੂੰ ਸਿੰਚਾਈ ਲਈ ਪਾਣੀ ਪਾਈਪ ਲਾਈਨ ਰਾਹੀਂ ਪਹੁੰਚਾਇਆ ਹੈ। ਇਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਲਾਭ ਹੋਇਆ ਹੈ। ਸੂਬੇ ਦੇ ਘਰੇਲੂ ਬਿਜਲੀ ਖਪਤਕਾਰ 300 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ ਲੈ ਰਹੇ ਹਨ।ਕਰਜ਼ਾ ਮਾਫੀ ਦਾ ਲਾਭ ਦੇਣ ਲਈ ਸਰਕਾਰ ਨੇ ਵਿਆਪਕ ਯੋਜਨਾ ਤਿਆਰ ਕੀਤੀ ਹੈ। ਕਾਲੀ ਕਮਾਈ ਨਾਲ ਉਸਾਰੇ ਮਹਿਲ ਢਾਹੇ ਜਾ ਰਹੇ ਹਨ। ਵੱਡੇ ਮਗਰਮੱਛ ਕਾਬੂ ਕੀਤੇ ਗਏ ਹਨ। ਉਹਨਾਂ ਕਿਹਾ ਕਿ ਅਸੀਂ ਸੇਵਾ ਦੀ ਭਾਵਨਾ ਨਾਲ ਸਰਕਾਰ ਬਣਾਈ ਹੈ। ਲੋਕਾਂ ਦਾ ਭਰੋਸਾ ਜਿੱਤ ਲਿਆ ਹੈ। ਇਸ ਮੌਕੇ ਡਾ. ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਜਸਪਾਲ ਢਾਹੇ ਸਰਪੰਚ, ਸਤੀਸ਼ ਚੋਪੜਾ, ਪੰਮੂ ਢਿੱਲੋਂ, ਕਾਲਾ ਜੇਠਰ, ਐਡਵੋਕੇਟ ਨਿਸ਼ਾਤ, ਮੁਕੇਸ਼ ਵਰਮਾ, ਰਿਤੂ ਜਿੰਦਵੜੀ, ਕੇਵ ਭਨਾਮ, ਜੁਝਾਰ ਆਸਪੁਰ, ਹਰਵਿੰਦਰ ਕੌਰ, ਨਿਤਿਨ ਗੰਭੀਰ, ਦਲਜੀਤ ਸਿੰਘ ਕਾਕਾ, ਪਿੰਕੀ ਸ਼ਰਮਾ, ਸੋਹਣ ਸਿੰਘ ਨਿੱਕੂਵਾਲ ਆਦਿ ਹਾਜ਼ਰ ਸਨ।

# ਬਿਸਤ ਦੁਆਬ ਨਹਿਰ ਕਿਨਾਰੇ ਰੇਲਿੰਗ ਨਾ ਲਗਾਉਣ ਕਾਰਨ ਲੋਕਾਂ 'ਚ ਰੋਸ

**ਮੋਟਿਆਣਾ (ਜਗਤਾਰ ਸਿੰਘ ਡੂੰਗਰਾਨੀ)**- ਬਿਸਤ ਦੁਆਬ ਨਹਿਰ ਦੇ ਕਿਨਾਰੇ ਅਤੇ ਸੜਕ ਵਿਚਕਾਰ ਸੁਰੱਖਿਅਤ ਰੇਲਿੰਗ ਨਾ ਲਗਾਉਣ ਨੂੰ ਅਣਗੌਲਿਆਂ ਕਰਨ ਕਾਰਨ ਵਾਪਰ ਰਹੇ ਭਿਆਨਕ ਹਾਦਸਿਆਂ ਤੋਂ ਲੋਕਾਂ ਨੂੰ ਬਚਾਉਣ ਅਤੇ ਹੋਰ ਤਰੁਟੀਆਂ ਵੱਲ ਪੰਜਾਬ ਸਰਕਾਰ ਵਲੋਂ ਧਿਆਨ ਨਾ ਦੇਣ ਨੂੰ ਲੈ ਕੇ ਟੈਕਸੀ ਯੂਨੀਅਨ ਦੇ ਪ੍ਰਧਾਨ ਓ ਪੀ ਸਿੰਘ ਅਤੇ ਲੇਬਰ ਪਾਰਟੀ ਦੇ ਪ੍ਰਧਾਨ ਜੇ ਗੋਪਾਲ ਧੀਮਾਨ ਨੇ ਲੋਕਾਂ ਦਾ ਭਰਵਾਂ ਇਕੱਠ ਕਰਕੇ ਸਰਕਾਰ ਦੀਆਂ ਸਵਾਰਥੀ ਨੀਤੀਆਂ ਵਿਰੁੱਧ ਮੁਜ਼ਾਹਰਾ ਕੀਤਾ ।ਉਹਨਾਂ ਦੱਸਿਆ ਕਿ ਰੇਲਿੰਗ ਨੂੰ ਅਣਗੌਲਿਆਂ ਕਰਨ ਕਾਰਨ ਹਰ ਰੋਜ਼ ਭਿਆਨਕ ਹਾਦਸੇ ਵਾਪਰ ਰਹੇ ਹਨ ਤੇ ਲੋਕਾਂ ਨੂੰ ਆਪਣੀਆਂ ਜ਼ਿੰਦਗੀਆਂ ਤੋਂ ਹੱਥ ਧੋਣੇ ਪੈ ਰਹੇ ਹਨ।ਉਨ੍ਹਾਂ ਇਸ ਸੜਕ ਬਾਰੇ ਦੱਸਿਆ ਕਿ ਗੜ੍ਹਸ਼ੰਕਰ ਤੋਂ ਕੋਟ ਫਤੂਹੀ ਅਤੇ ਕੋਟ ਫਤੂਹੀ ਤੋਂ ਮੋਟਿਆਣਾ ਤੱਕ ਦੀ ਕੁਲ ਲੰਬਾਈ ਲਗਭਗ 19-19 ਕਿਲੋਮੀਟਰ ਹੈ ਤੇ ਇਸ ਸੜਕ ਤੇ ਕੁਲ ਲਾਗਤ 1264-19+1264-19 ਲੱਖ ਰੁਪਏ ਹੈ ਤੇ ਇਸ ਸੜਕ ਕਿਨਾਰੇ ਲੱਗੇ ਬੋਰਡ ਦਰਸ਼ਾ ਰਹੇ ਹਨ ਕਿ ਇਨ੍ਹਾਂ ਦਾ ਠੇਕਾ 31-10-2029 ਤੱਕ ਹੈ ਤੇ ਰੱਖ ਰਖਾਵ ਲਈ ਕੁਲ ਲਾਗਤ ਲਗਭਗ 89 ਲੱਖ ਰੁਪਏਆ ਇਕ ਪਾਸੇ ਦਾ ਤੇ ਦੂਸਰੀ ਸੜਕ ਦਾ ਵੀ ਐਨਾ ਹੀ ਹੈ। ਹੈਰਾਨੀ ਤਾਂ



ਇਹ ਹੈ ਕਿ ਸੜਕ ਦੇ ਨਾਲ ਨਾਲੀ ਤਾਂ ਬਣਾਈ ਹੀ ਨਹੀਂ ਗਈ,ਵਰਮ ਵੇਖਣ ਨੂੰ ਵੀ ਨਹੀਂ ਲੱਭ ਰਹੇ,ਫਿਰ ਮੁਰੰਮਤ ਕਿਸ ਚੀਜ਼ ਦੀ ਕਰਨੀ ਹੈ ? ਬੂਟੀ ਦੀ ਕਟਾਈ ਬਰਸਾਤ ਤੋਂ ਬਾਅਦ 1 ਵਾਰੀ, ਪੁਲੀਆਂ ਆਦਿ ਦੀ ਸਫਾਈ ਤੇ ਸਾਜ਼ੋ ਸਮਾਨ ਦੀ ਮੁਰੰਮਤ ਜਿਵੇਂ ਜ਼ਰੂਰਤ ਹੋਵੇ, ਸੜਕ ਟੁੱਟਣ ਦੇ ਰੀਪੇਅਰ ਕਰਨ ਆਦਿ ਸਭ ਕੁਝ ਦੀ ਜੁੰਮੇਵਾਰੀ ਠੇਕੇਦਾਰ ਦੀ ਹੈ।ਧੀਮਾਨ ਨੇ ਕਿਹਾ ਕਿ ਜਦੋਂ ਸੜਕ ਤਾਂ ਸਾਰੀ ਖਤਰਿਆਂ ਨਾਲ ਭਰੀ ਪਈ ਹੈ।ਹੈਰਾਨੀ ਇਹ ਹੈ ਕਿ ਸੜਕਾਂ ਦੇ ਵਰਮਾਂ ਲਈ ਤਾਂ ਸੜਕ ਦੇ ਆਲੇ ਦੁਆਲੇ ਸੰਕਖਿਅਤ ਥਾਂ ਹੀ ਨਹੀਂ ਤੇ ਵਰਮ ਕਿਥੇ ਬਨਣਗੇ ? ਪਤਾ ਨਹੀਂ ਕਿਸ ਤਰ੍ਹਾਂ ਸਬੰਧਤ ਅਧਿਕਾਰੀਆਂ ਨੇ ਇਸ ਸੜਕ ਨੂੰ ਬਿਨਾਂ ਵੇਖਿਆਂ ਕਿਵੇਂ ਪਾਸ ਕਰ ਦਿੱਤਾ ਤੇ ਆਡਿਟ ਵਾਲੇ ਵੀ ਉਹੀ ਕੰਮ ਕਰਦੇ ਹਨ, ਜਿਥੇ ਜੇਬਾਂ ਭਰ ਜਾਣ ਤੇ ਲੋਕ ਭਾਵੇਂ ਖਤਰਿਆਂ ਵਿਚ ਖੇਲਣ!ਅਜਿਹਾ ਕੋਰਾ ਝੂਠ ਬੋਲ ਕੇ ਲੋਕਾਂ ਦੀਆਂ ਅੱਖਾਂ ਵਿਚ ਘੱਟਾ ਪਾਉਣਾ ਭ੍ਰਿਸ਼ਟਾਚਾਰ ਨਹੀਂ ? ਉਹਨਾਂ ਇਸ ਗੱਲ ਦੀ ਚਿੰਤਾ ਜ਼ਾਹਰ ਕਰਦਿਆਂ ਕਿਹਾ ਹੈ ਕਿ ਜਿਹੜੇ ਉਪਰ ਬੈਠੇ ਉਚ ਅਧਿਕਾਰੀ ਦਫਤਰਾਂ ਵਿਚ ਬੈਠ ਕੇ ਹੀ ਸਭ ਕੁਝ ਠੀਕ ਕਰ ਲੈਂਦੇ ਹਨ ਤੇ ਫਿਰ ਖਤਰੇ ਤਾਂ ਪੈਦਾ ਹੋਣਗੇ ਹੀ।ਉਹਨਾ ਸਾਂਝੇ ਤੌਰ ਤੇ ਮੰਗ ਕੀਤੀ ਕਿ ਇਸ ਗੜ੍ਹਸ਼ੰਕਰ - ਮੋਟਿਆਣਾ ਰੋਡ ਤੇ ਹੋਈਆਂ ਬੇ ਨਿਯਮੀਆਂ ਦੀ ਜਾਂਚ ਕਰਵਾਈ ਜਾਵੇ। ਉਨ੍ਹਾਂ ਦਸਿਆ ਕਿ ਜਲਦੀ ਹੀ ਇਸ ਸੜਕ ਦੀਆਂ ਸਾਰੀਆਂ ਤਰੁਟੀਆਂ ਨੂੰ ਤਿਆਰ ਕਰਕੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਭੇਜੀਆਂ ਜਾਣਗੀਆਂ ।

# ਮੁੱਖ ਮੰਤਰੀ ਨੇ ਹਾਫ ਮੈਰਾਥਨ 'ਚ ਦੌੜ ਲਗਾ ਕੇ ਨੌਜੁਆਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਰੀਬ ਸਾਢੇ 10 ਸਾਲਾਂ ਤੋਂ ਨਸ਼ੇ ਦੀ ਸਮੱਸਿਆ ਦੇ ਖਿਲਾਫ ਸਾਡੇ ਨੌਜੁਆਨ ਪੂਰੇ ਹਰਿਆਣਾ ਸੂਬੇ ਵਿੱਚ ਇੱਕਜੁੱਟ ਹੋ ਕੇ ਕੰਮ ਕਰ ਰਹੇ ਹਨ। ਪਿਛਲੇ ਦਿਨੀਂ ਪੂਰੇ ਹਰਿਆਣਾ ਵਿੱਚ ਨਸ਼ੇ ਖਿਲਾਫ ਸਾਈਕਲੋਥਾਨ ਯਾਤਰਾ ਕੱਢੀ ਗਈ, ਜਿਸ ਵਿੱਚ ਕਰੀਬ ਸਾਢੇ 7 ਲੱਖ ਤੋਂ ਵੱਧ ਨੌਜੁਆਨਾਂ ਨੇ ਹਿੱਸਾ ਲਿਆ। ਨਾਲ ਹੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮੈਰਾਥਨ ਦਾ ਆਯੋਜਨ ਕੀਤਾ ਜਾ ਰਿਹਾ ਹੈ।ਮੁੱਖ ਮੰਤਰੀ ਸੈਣੀ ਐਤਵਾਰ ਸਵੇਰੇ ਕੈਥਲ ਵਿੱਚ ਅੰਬਾਲਾ ਰੋਡ 'ਤੇ ਆਯੋਜਿਤ ਹਾਫ ਮੈਰਾਥਨ ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਹਜ਼ਾਰਾਂ ਦੀ ਗਿਣਤੀ ਵਿੱਚ ਆਯੋਜਨ ਵਿੱਚ ਹਿੱਸਾ ਲੈ ਰਹੇ ਪ੍ਰਤੀਭਾਗੀਆਂ ਨੂੰ ਸੰਬੋਧਨ ਕਰ ਰਹੇ ਸਨ। ਹਾਫ ਮੈਰਾਥਨ ਦੇ ਬ੍ਰਾਂਡ ਅੰਬੈਸਡਰ ਪੈਰਾਓਲੰਪਿਕ ਮੈਡਲ ਜੇਤੂ ਹਰਵਿੰਦਰ ਸਿੰਘ ਤੇ ਪਰਵਤਰੋਹੀ ਰੀਨਾ ਭੱਟੀ ਨੇ ਵੀ ਹਾਫ ਮੈਰਾਥਨ ਵਿੱਚ ਹਿੱਸਾ ਲਿਆ।ਮੁੱਖ ਮੰਤਰੀ ਨੇ ਖੁਦ ਵੀ ਦੌੜ ਲਗਾ ਕੇ ਨੌਜੁਆਨਾਂ ਨੂੰ ਸਿਹਤਮੰਦ ਰਹਿਣ ਤੇ ਨਸ਼ੇ ਦੇ ਖਿਲਾਫ ਇੱਕਜੁੱਟ ਹੋਣ ਲਈ ਪ੍ਰੇਰਿਤ ਕੀਤਾ, ਤਾਂ ਜੋ ਸੂਬੇ ਨੂੰ ਪੂਰੀ ਤਰ੍ਹਾ ਨਾਲ ਨਸ਼ਾ ਮੁਕਤ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਨਸ਼ਾ ਇੱਕ ਅਜਿਹੀ ਬੁਰਾਈ ਹੈ, ਜੋ ਵਿਅਕਤੀ ਨੂੰ ਹੀ ਨਹੀਂ, ਪੂਰੇ ਪਰਵਾਰ ਅਤੇ ਸਮਾਜ ਨੂੰ ਖੋਖਲਾ ਕਰ ਦਿੰਦੀ ਹੈ। ਇਹ ਨਾ ਸਿਰਫ ਸਰੀਰਿਕ ਅਤੇ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰਦਾ ਹੈ, ਸਗੋਂ ਸਮਾਜਿਕ ਤਾਣੇ-ਬਾਣੇ ਨੂੰ ਵੀ ਕਮਜ਼ੋਰ ਕਰਦਾ ਹੈ। ਮੁੱਖ ਮੰਤਰੀ ਨੇ ਨੌਜੁਆਨਾਂ ਨੂੰ ਅਪੀਲ ਕੀਤੀ ਕਿ ਅੱਜ ਉਹ ਸੰਕਲਪ ਲੈਣ ਕਿ ਉਹ ਨਾ ਤਾਂ ਖੁਦ ਨਸ਼ਾ ਕਰਨਗੇ ਅਤੇ ਦੂਜਿਆਂ ਨੂੰ ਵੀ ਨਸ਼ਾ ਨਾ ਕਰਨ ਲਈ ਜਾਗਰੂਕ ਕਰਨਗੇ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਹਰਿਆਣਾ ਸਿਰਫ ਇੱਕ ਨਾਅਰਾ ਨਹੀਂ ਹੈ, ਸਗੋਂ ਇਹ ਸਾਡਾ ਸਾਰਿਆਂ ਦਾ ਸੰਕਲਪ ਹੈ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਇੱਕ ਪ੍ਰੋਗਰਾਮ ਧਾਕੜ ਸਕੂਲ, ਕਾਲਜ, ਯੂਨੀਵਰਸਿਟੀ ਅਤੇ ਹੋਰ ਵਿਦਿਅਕ ਅਦਾਰਿਆਂ ਦੇ ਪੱਧਰ 'ਤੇ ਸ਼ੁਰੂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਨੌਜੁਆਨਾਂ ਨੂੰ ਨਸ਼ੇ ਦੇ ਖਿਲਾਫ ਜਾਗਰੂਕ ਕਰਨ ਦੇ ਨਾਲ-ਨਾਲ ਨਸ਼ੇ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਖਿਲਾਫ ਸਖਤ ਕਾਰਵਾਈ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਮਾਂ ਦੇਣ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀ ਨੌਜੁਆਨਾਂ ਦੇ ਨਾਲ ਦੌੜ ਲਗਾਈ ਅਤੇ ਪ੍ਰਤੀਭਾਗੀਆਂ ਦਾ ਹੌਸਲਾ ਵਧਾਇਆ। ਉਨ੍ਹਾਂ ਜੇਤੂ ਪ੍ਰਤੀਭਾਗੀਆਂ ਨੂੰ ਇਨਾਮ ਵੰਡੇ।

# ਇੰਨੋਸੈਂਟ ਹਾਰਟਸ ਵਿਖੇ ਨੰਨ੍ਹੇ ਈਕੋ ਯੋਧਿਆਂ ਨੇ ਖਾਦ ਬਣਾਉਣ ਦੀ ਸਿੱਖੀ ਕਲਾ

**ਜਲੰਧਰ (ਸ਼ੈਲੀ ਐਲਬਰਟ)**- ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਈ ਜਾਂਦੇ ਪ੍ਰਸਿੱਧ ਦਿਸ਼ਾ- ਐਨ ਇਨੀਸ਼ੀਏਟਿਵ ਦੇ ਛਤਰਛਾਇਆ ਦੇ ਤਹਿਤ ਇੰਨੋਸੈਂਟ ਹਾਰਟਸ ਸਕੂਲ - ਗ੍ਰੀਨ ਮਾਡਲ ਟਾਊਨ,



ਲੋਹਾਰਾਂ, ਕੈਂਟ ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਦੇ ਵਿਦਿਆਰਥੀਆਂ ਨੇ ਜ਼ਿੰਮੇਵਾਰ, ਵਾਤਾਵਰਣ ਪ੍ਰਤੀ ਜਾਗਰੂਕ ਨਾਗਰਿਕਾਂ ਦਾ ਪਾਲਣ ਪੋਸ਼ਣ ਕਰਨ ਦੇ ਉਦੇਸ਼ ਨਾਲ ਅਰਥਪੂਰਨ ਵਾਤਾਵਰਣ ਗਤੀਵਿਧੀਆਂ ਦੀ ਇੱਕ ਲੜੀ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਪਹਿਲੀ ਅਤੇ ਦੂਜੀ ਜਮਾਤ ਲਈ ਆਓ ਰਹਿੰਦ-ਖੂੰਹਦ ਨੂੰ ਛਾਂਟੀਏ! ਸਿਰਲੇਖ ਵਾਲਾ ਇੱਕ ਵਿਸ਼ੇਸ਼ ਸੈਸ਼ਨ ਆਯੋਜਿਤ ਕੀਤਾ ਗਿਆ, ਜਿੱਥੇ ਬੱਚਿਆਂ ਨੂੰ ਰਹਿੰਦ-ਖੂੰਹਦ ਨੂੰ ਵੱਖ ਕਰਨ ਦੀਆਂ ਮੂਲ ਗੱਲਾਂ ਨਾਲ ਜਾਣੂ ਕਰਵਾਇਆ ਗਿਆ। ਦਿਲਚਸਪ ਵਿਜ਼ੂਅਲ ਅਤੇ ਵਿਹਾਰਕ ਅਭਿਆਸ ਰਾਹੀਂ, ਵਿਦਿਆਰਥੀਆਂ ਨੇ ਗਿੱਲੇ ਕੂੜੇ (ਜਿਵੇਂ ਕਿ ਫਲਾਂ ਦੇ ਛਿਲਕੇ ਅਤੇ ਬਚੇ ਹੋਏ ਭੋਜਨ) ਅਤੇ ਸੁੱਕੇ ਕੂੜੇ (ਜਿਵੇਂ ਕਾਗਜ਼, ਰੈਪਰ ਅਤੇ ਪਲਾਸਟਿਕ) ਵਿੱਚ ਫਰਕ ਕਰਨਾ ਸਿੱਖਿਆ। ਇਸ ਗਤੀਵਿਧੀ ਨੇ ਉਨ੍ਹਾਂ ਦੀਆਂ ਬੋਧਾਤਮਕ ਯੋਗਤਾਵਾਂ ਨੂੰ ਤਿੱਖਾ ਕਰਨ, ਟੀਮ ਵਰਕ ਗੁਣਾਂ ਨੂੰ ਵਧਾਉਣ ਅਤੇ ਇੱਕ ਮਜ਼ੇਦਾਰ ਅਤੇ ਇੰਟਰਐਕਟਿਵ ਤਰੀਕੇ ਨਾਲ ਵਾਤਾਵਰਣ ਪ੍ਰਤੀ ਹਮਦਰਦੀ ਵਿਕਸਤ ਕਰਨ ਵਿੱਚ ਮਦਦ ਕੀਤੀ। ਇਸ ਦੇ ਨਾਲ ਹੀ, ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਰਸੋਈ ਦੇ ਕੂੜੇ ਤੋਂ ਜੈਵਿਕ ਖਾਦ ਕਿਵੇਂ ਤਿਆਰ ਕਰੀਏ ਵਿਸ਼ੇ 'ਤੇ ਇੱਕ ਵਰਕਸ਼ਾਪ ਵਿੱਚ ਹਿੱਸਾ ਲਿਆ।ਬੱਚਿਆਂ ਨੇ ਖਾਦ ਬਣਾਉਣ ਦੇ ਪਿੱਛੇ ਵਿਗਿਆਨ ਸਿੱਖਿਆ। 30-45 ਦਿਨਾਂ ਦੇ ਅੰਦਰ, ਇਸ ਖਾਦ ਦੀ ਵਰਤੋਂ ਸਕੂਲ ਦੇ ਬਗੀਚਿਆਂ ਅਤੇ ਗਮਲਿਆਂ ਵਾਲੇ ਪੌਦਿਆਂ ਵਿੱਚ ਕੀਤੀ ਜਾਵੇਗੀ, ਜਿਸ ਨਾਲ ਵਿਦਿਆਰਥੀਆਂ ਨੂੰ ਰਹਿੰਦ-ਖੂੰਹਦ ਤੋਂ ਸਰੋਤ ਦੇ ਪੂਰੇ ਚੱਕਰ ਨੂੰ ਦਿਖਾਇਆ ਜਾਵੇਗਾ। ਡਾ. ਪਲਕ ਗੁਪਤਾ ਬੋਰੀ ਡਾਇਰੈਕਟਰ ਸੀ ਐਸ ਆਰ ਇੰਨੋਸੈਂਟ ਹਾਰਟਸ ਨੇ ਜ਼ਿਕਰ ਕੀਤਾ ਕਿ ਇਸ ਪਹਿਲਕਦਮੀ ਨੇ ਬਚਿਆਂ ਦੇ ਮਨਾਂ 'ਤੇ ਇੱਕ ਸਥਾਈ ਪ੍ਰਭਾਵ ਛੱਡਿਆ ਹੈ।

# ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਵੇਂ ਸਤਿਸੰਗ ਸ਼ੈਡ ਦੀ ਉਸਾਰੀ ਸ਼ੁਰੂ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ,ਬੀ ਐਸ ਸੈਣੀ)**- ਸਤਿਗੁਰੂ ਰਵਿਦਾਸ ਇਤਿਹਾਸਕ ਆਦਿ ਧਰਮ ਸਤਿਸੰਗ ਅਸਥਾਨ ਸੱਚਖੰਡ ਸ੍ਰੀ ਖੁਰਾਲਗੜ੍ਹ ਵਿਖੇ ਨਵੇਂ ਆਦਿ ਧਰਮ ਸਤਿਸੰਗ ਸ਼ੈਡ ਦੀ ਉਸਾਰੀ ਇੰਗਲੈਂਡ ਅਤੇ ਹੋਰ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਆਰੰਭ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਸੁੱਚਾ ਸਿੰਘ ਪ੍ਰਧਾਨ ਗੁਰਘਰ ਨੇ ਦੱਸਿਆ ਕਿ ਹਰ ਜੇਠੇ ਐਤਵਾਰ ਭਾਰੀ ਗਿਣਤੀ ਵਿੱਚ ਸੰਗਤਾਂ ਆਦਿ ਧਰਮ ਸਤਿਸੰਗ ਸਮਾਗਮਾਂ ਵਿੱਚ ਸ਼ਾਮਲ ਹੁੰਦੀਆਂ ਹਨ। ਆਦਿ ਧਰਮ ਮਿਸ਼ਨ ਇੰਗਲੈਂਡ ਅਤੇ ਹੋਰ ਦੇਸ਼ ਵਿਦੇਸ਼ ਦੇ ਮਿਸ਼ਨਰੀ ਪੈਰੋਕਾਰਾਂ ਵਲੋਂ ਸੰਗਤਾਂ ਦੀ ਸੁਵਿਧਾ ਲਈ ਸ਼ੈਡ ਬਣਾਉਣ ਅਤੇ ਹੋਰ ਉਪਰਾਲੇ ਕੀਤੇ ਜਾ ਰਹੇ ਜੋ ਕਿ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਸੰਤ ਸੁੱਚਾ ਸਿੰਘ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਸਮਾਜ ਨੂੰ ਏਕਤਾ ਦੀ ਮਾਲਾ ਦੇ ਧਾਗੇ ਵਿੱਚ ਪਰੋ ਕੇ ਬੇਗਮਪੁਰਾ ਵਸਾਉਣ ਦਾ ਮਹਾਨ ਮਾਰਗ ਦੱਸਿਆ ਸੀ , ਜਿਥੇ ਹਰ ਕੋਈ ਇਨਸਾਨ ਉਚ ਨੀਚ, ਭਿੰਨ ਭੇਦ ਤੋਂ ਉੱਪਰ ਉੱਠ ਕੇ ਸੁੱਖੀ ਜੀਵਨ ਬਸਰ ਕਰ



ਸਕੇ। ਇਸ ਸੰਕਲਪ ਨੂੰ ਆਦਿ ਧਰਮ ਦੇ ਮਹਾਨ ਰਹਿਬਰਾਂ ਆਦਿ ਧਰਮ ਮੰਡਲ ਦੇ ਸੰਸਥਾਪਕ ਬਾਬੂ ਮੰਗੂ ਰਾਮ ਮੁੱਗੋਵਾਲੀਆ, ਬਾਬਾ ਸਾਹਿਬ ਡਾ. ਅੰਬੇਡਕਰ ਨੇ ਆਪਣੇ ਜੀਵਨ ਦਾ ਤਿਆਗ ਕਰਕੇ ਪੂਰਾ ਕਰਨ ਲਈ ਅਥਾਹ ਯਤਨ ਕੀਤੇ। ਉਨਾਂ ਕਿਹਾ 20ਵੀਂ ਸਦੀ ਦੇ ਮਹਾਨ ਰਹਿਬਰ ਬਾਬਾ ਸਾਹਿਬ ਅੰਬੇਡਕਰ ਦੇ ਮਿਸ਼ਨ ਨੂੰ ਘਰ ਘਰ ਪਹੁੰਚਾਉਣ ਵਾਲੇ ਪਿੰਡ ਖੁਆਸਪੁਰਾ ਰੋਪੜ ਦੇ ਜੰਮਪਲ ਬਾਬੂ ਕਾਂਸ਼ੀ ਰਾਮ ਨੇ ਇਸ ਮਿਸ਼ਨ ਨੂੰ ਮੰਜ਼ਿਲ ਵੱਲ ਬੜੀ ਤੇਜ਼ੀ ਨਾਲ ਅੱਗੇ ਤੋਰਿਆ, ਜਿਸ ਦੀ ਬਦੌਲਤ ਅੱਜ ਪੂਰੇ ਵਿਸ਼ਵ ਅੰਦਰ ਬਾਬਾ ਸਾਹਿਬ ਡਾ. ਅੰਬੇਡਕਰ ਤੇ ਬਾਬੂ ਕਾਂਸ਼ੀ ਰਾਮ ਦਾ ਡੰਕਾ ਵੱਜਦਾ ਹੈ। ਸੰਤ ਸੁੱਚਾ ਸਿੰਘ ਨੇ ਕਿਹਾ ਆਓ ਸਾਰੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਬੇਗਮਪੁਰਾ ਸ਼ਹਿਰ ਵਸਾਉਣ ਲਈ ਇਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਹੰਭਲਾ ਮਾਰੀਏ, ਗੁਰੂਘਰ ਵਿਖੇ ਹੋਣ ਵਾਲੇ ਆਦਿ ਧਰਮ ਸਤਿਸੰਗ ਸਮਾਗਮਾਂ ਵਿੱਚ ਹਾਜ਼ਰੀ ਭਰੀਏ। ਇਸ ਮੌਕੇ ਸੇਵਾਦਾਰ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਟਰੱਸਟ ਬਰਨਾਲਾ ਪ੍ਰਧਾਨ ਜਗਤਾਰ ਸਿੰਘ, ਰਣਵੀਰ ਸਿੰਘ ਗੋਗੀ ਬਰਨਾਲਾ, ਗੁਰਜੀਤ ਸਿੰਘ ਬਿੱਟੂ ਜੰਡਾਲੀ, ਨਿਰਮਲ ਸਿੰਘ ਜੰਡਾਲੀ, ਮੁਲਖ ਰਾਜ ਫਿਲੌਰ ਹਾਜ਼ਰ ਸਨ।

# ਦਰਬਾਰਾ ਸਿੰਘ ਬਾਲਾ ਦਾ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰੋਪੜ ਬਣਨ 'ਤੇ ਵਿਸ਼ੇਸ਼ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਦਰਬਾਰਾ ਸਿੰਘ ਬਾਲਾ ਪਿੰਡ ਹੀਰਪੁਰ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰੋਪੜ ਵੱਲੋਂ ਨਵੇਂ ਬਣੇ ਸਾਰੇ ਅਹੁਦੇਦਾਰਾਂ ਜਥੇਦਾਰ ਦਰਬਾਰਾ ਸਿੰਘ ਬਾਲਾ ਪ੍ਰਧਾਨ, ਅਮਰਜੀਤ ਸਿੰਘ ਚਾਵਲਾ, ਦਲਜੀਤ ਸਿੰਘ ਭਿੰਡਰ,



ਬਣਨ 'ਤੇ ਖੁਸ਼ੀ ਸਾਂਝੀ ਕਰਨ ਲਈ ਨੰਬਰਦਾਰ ਸੰਦੀਪ ਸਿੰਘ ਕਲੌਤਾ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ।ਪਿੰਡ ਕਲੌਤਾ ਪਹੁੰਚਣ 'ਤੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਨੰਬਰਦਾਰ ਕਲੌਤਾ ਨੇ ਕਿਹਾ ਕਿ ਅੱਜ ਤਾਂ ਜਥੇਦਾਰ ਬਾਲਾ ਨਾਲ ਇਕ ਪਰਵਾਰਕ ਮਿਲਣੀ ਸੀ ਅਤੇ ਆਉਣ ਵਾਲੇ ਦਿਨਾਂ ਵਿੱਚ ਡਾਕਟਰ ਦਲਜੀਤ ਸਿੰਘ ਚੀਮਾ ਦੀ ਰਹਿਨੁਮਾਈ ਹੇਠ ਇਲਾਕੇ ਦਾ ਇੱਕ ਵੱਡਾ ਇਕੱਠ ਪਿੰਡ ਕਲੌਤਾ ਵਿਖੇ ਕੀਤਾ ਜਾਵੇਗਾ । ਜਿਸ ਵਿੱਚ ਪਾਰਟੀ ਜਥੇਦਾਰ ਮੋਹਣ ਸਿੰਘ ਢਾਹਾਂ, ਪਰਮਜੀਤ ਸਿੰਘ ਮੱਕੜ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਜਿਸ ਵਿੱਚ ਪਾਰਟੀ ਦੇ ਹੋਰ ਵੀ ਸੀਨੀਅਰ ਲੀਡਰ ਸ਼ਮੂਲੀਅਤ ਕਰਨਗੇ। ਨੰਬਰਦਾਰ ਸੰਦੀਪ ਸਿੰਘ ਕਲੌਤਾ ਨੇ ਪ੍ਰਧਾਨ ਸੁਖਵੀਰ ਸਿੰਘ ਬਾਦਲ ਤੇ ਡਾ. ਦਲਜੀਤ ਸਿੰਘ ਚੀਮਾ ਦਾ ਬਾਲਾ ਨੂੰ ਜ਼ਿਲ੍ਹਾ ਪ੍ਰਧਾਨ ਬਣਾਉਣ 'ਤੇ ਬਹੁਤ ਬਹੁਤ ਧੰਨਵਾਦ ਕੀਤਾ । ਉਹਨਾ ਕਿਹਾ ਕਿ ਜਥੇਦਾਰ ਬਾਲਾ ਟਕਸਾਲੀ ਅਕਾਲੀ ਪਰਵਾਰ ਵਿਚੋਂ ਹਨ ਅਤੇ ਪੀੜ੍ਹੀ ਦਰ ਪੀੜ੍ਹੀ ਸ਼੍ਰੋਮਣੀ ਅਕਾਲੀ ਦਲ ਦੀ ਸੇਵਾ ਕਰ ਰਹੇ ਹਨ । ਜਥੇਦਾਰ ਬਾਲਾ ਜੀ ਦਾ ਪਰਵਾਰ 60 ਸਾਲਾਂ ਤੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਹੱਕਾਂ ਦੀਆਂ ਲੜਾਈਆਂ ਲੜਦਾ ਰਿਹਾ ਅਤੇ 20 ਸਾਲਾਂ ਤੋਂ ਪਿੰਡ ਦੇ ਸਰਪੰਚ ਹਨ । ਇਹਨਾਂ ਦੀ ਧਰਮ ਪਤਨੀ ਅਤੇ ਸਾਡੀ ਭੈਣ ਬਲਾਕ ਸੰਮਤੀ ਦੀ ਚੇਅਰਮੈਨ ਵੀ ਰਹੀ ਹੈ । ਜਥੇਦਾਰ ਬਾਲਾ ਦੇ ਬਣਨ ਨਾਲ ਜ਼ਿਲ੍ਹੇ ਦੇ ਟਕਸਾਲੀ ਅਕਾਲੀ ਪਰਵਾਰ ਵਿੱਚ ਖੁਸ਼ੀ ਦੀ ਲਹਿਰ ਹੈ। ਦਰਬਾਰਾ ਸਿੰਘ ਬਾਲਾ ਅਤੇ ਨੰਬਰਦਾਰ ਕਲੌਤਾ ਨੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਅਤੇ ਕਿਹਾ ਕਿ ਡਾਕਟਰ ਦਲਜੀਤ ਸਿੰਘ ਚੀਮਾ ਦੀ ਰਹਿਨੁਮਾਈ ਹੇਠ ਅਸੀਂ ਜ਼ਿਲ੍ਹੇ ਦੇ ਸਾਰੇ ਪਾਰਟੀ ਵਰਕਰਾਂ ਅਤੇ ਯੂਥ ਅਕਾਲੀ ਦਲ ਦੇ ਨੌਜਵਾਨਾ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਕੰਮ ਕਰਾਂਗੇ । ਇਸ ਮੌਕੇ ਸਾਬਕਾ ਸਰਪੰਚ ਭਾਗ ਸਿੰਘ ਸੱਧੇਵਾਲ, ਨੰਬਰਦਾਰ ਮਨਜੀਤ ਸਿੰਘ ਬਸੋਵਾਲ, ਅਮਰੀਕ ਸਿੰਘ ਮਾਂਗੇਵਾਲ, ਬਲਦੇਵ ਸਿੰਘ, ਸੰਗਤ ਸਿੰਘ, ਬਲਜੀਤ ਸਿੰਘ, ਰੁਪਿੰਦਰ ਸਿੰਘ, ਸੁਖਦੇਵ ਸਿੰਘ, ਗੁਰਮੇਲ ਸਿੰਘ ਅਤੇ ਏ.ਪੀ ਅਗੰਮਪੁਰ ਹਾਜ਼ਰ ਸਨ।

# ਐਨ ਕੇ ਸ਼ਰਮਾ ਨੇ ਸ਼ੁਰੂ ਕੀਤੀ ਪੌਦੇ ਲਗਾਉਣ ਦੀ ਮੁਹਿੰਮ, 10 ਹਜ਼ਾਰ ਰੁੱਖ ਲਗਾਉਣ ਦਾ ਟੀਚਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਵਿਚਾਰ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਅਤੇ ਸਾਵਿਤਰੀ ਚੈਰੀਟੇਬਲ ਟਰੱਸਟ ਨੇ ਡੇਰਾਬੱਸੀ ਦੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਦੀ ਅਗਵਾਈ ਹੇਠ ਫਲਦਾਰ ਅਤੇ ਛਾਂਦਾਰ ਰੁੱਖ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਜਿਸ ਦੀ ਸ਼ੁਰੂਆਤ ਦੇਵੀਨਗਰ ਵਿੱਚ 2 ਏਕੜ ਸ਼ਾਮਲਾਤ ਜ਼ਮੀਨ ਅਤੇ ਪੀਰਮੁਛੱਲਾ ਵਿੱਚ ਸਥਿਤ ਨੇਚਰ ਪਾਰਕ ਨਾਲ ਕੀਤੀ ਜਾਵੇਗੀ। ਇਸ ਮੁਹਿੰਮ ਦਾ ਉਦੇਸ਼ ਡੇਰਾਬੱਸੀ ਹਲਕੇ ਵਿੱਚ 10 ਹਜ਼ਾਰ ਪੌਦੇ ਲਗਾ ਕੇ ਪਾਣੀ ਅਤੇ ਵਾਤਾਵਰਣ ਦੀ ਰੱਖਿਆ ਕਰਨਾ ਹੈ। ਐਨ.ਕੇ. ਸ਼ਰਮਾ ਨੇ



ਕਿਹਾ ਕਿ ਇਹ ਪਹਿਲ ਅਜਿਹੇ ਨਾਜ਼ੁਕ ਸਮੇਂ ਵਿੱਚ ਸ਼ੁਰੂ ਕੀਤੀ ਗਈ ਹੈ ਜਦੋਂ ਦੁਨੀਆ ਜਲਵਾਯੂ ਪਰਿਵਰਤਨ ਅਤੇ ਵਾਤਾਵਰਣ ਦੇ ਪਤਨ ਦੇ ਨਤੀਜਿਆਂ ਦਾ ਸਾਹਮਣਾ ਕਰ ਰਹੀ ਹੈ ਜਦੋਂ ਕਿ ਪੰਜਾਬ ਵਿੱਚ ਜੰਗਲਾਤ ਖੇਤਰ ਲਗਾਤਾਰ ਘਟ ਰਿਹਾ ਹੈ। ਜਲ ਸਰੋਤਾਂ ਅਤੇ ਵਾਤਾਵਰਣ ਲਈ ਵਧ ਰਹੇ ਖ਼ਤਰੇ ਦੇ ਮੱਦੇਨਜ਼ਰ, ਤੁਰੰਤ ਕਾਰਵਾਈ ਜ਼ਰੂਰੀ ਹੋ ਗਈ ਹੈ। ਉਹਨਾ ਕਿਹਾ, ਅਸੀਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਇਸ ਰੁੱਖ ਲਗਾਉਣ ਦੀ ਮੁਹਿੰਮ ਨੂੰ ਸ਼ੁਰੂ ਕਰਕੇ ਖੁਸ਼ ਹਾਂ। ਸਮਾਜ ਦੀ ਭਲਾਈ ਲਈ ਵਾਤਾਵਰਣ ਦੀ ਰੱਖਿਆ ਅਤੇ ਪਾਣੀ ਦੀ ਸੰਭਾਲ ਕਰਨਾ ਸਾਡੀ ਜ਼ਿੰਮੇਵਾਰੀ ਹੈ। ਅਸੀਂ ਸਾਰਿਆਂ ਨੂੰ ਇਸ ਨੇਕ ਕਾਰਜ ਵਿੱਚ ਸ਼ਾਮਲ ਹੋਣ ਅਤੇ ਇੱਕ ਸਿਹਤਮੰਦ ਅਤੇ ਹਰੇ ਭਰੇ ਕੱਲ੍ਹ ਲਈ ਯੋਗਦਾਨ ਪਾਉਣ ਦੀ ਬੇਨਤੀ ਕਰਦੇ ਹਾਂ।ਰੁੱਖ ਲਗਾਉਣ ਦੀ ਮੁਹਿੰਮ ਐਤਵਾਰ ਨੂੰ ਡੇਰਾਬੱਸੀ ਦੇ ਦੇਵੀਨਗਰ ਅਤੇ ਜ਼ੀਰਕਪੁਰ ਦੇ ਪੀਰਮੁਛੱਲਾ ਤੋਂ ਸ਼ੁਰੂ ਹੋਵੇਗੀ। ਪਾਰਟੀ ਮੈਂਬਰ, ਵਲੰਟੀਅਰ ਅਤੇ ਸਥਾਨਕ ਨਿਵਾਸੀ ਇਸ ਸਮਾਗਮ ਵਿੱਚ ਹਿੱਸਾ ਲੈਣਗੇ। ਇਸ ਮੁਹਿੰਮ ਦਾ ਉਦੇਸ਼ ਸਿਰਫ਼ ਰੁੱਖ ਲਗਾਉਣਾ ਹੀ ਨਹੀਂ ਹੈ, ਸਗੋਂ ਸਾਡੇ ਕੁਦਰਤੀ ਸਰੋਤਾਂ ਦੀ ਸੰਭਾਲ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਵੀ ਹੈ। ਸ਼੍ਰੋਮਣੀ ਅਕਾਲੀ ਦਲ ਅਤੇ ਸਾਵਿਤਰੀ ਚੈਰੀਟੇਬਲ ਟਰੱਸਟ ਦੀ ਇਹ ਪਹਿਲ ਇੱਕ ਟਿਕਾਊ ਅਤੇ ਵਾਤਾਵਰਣ-ਅਨੁਕੂਲ ਸਮਾਜ ਦੀ ਉਸਾਰੀ ਲਈ ਇੱਕ ਸ਼ਲਾਘਾਯੋਗ ਉਪਰਾਲਾ ਹੈ। ਸ਼ਰਮਾ ਨੇ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਇੱਕ ਹੈਲਪਲਾਈਨ ਨੰਬਰ 9501287100 ਵੀ ਜਾਰੀ ਕੀਤਾ।

# ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਦੀ ਵੱਖ-ਵੱਖ ਸਕੂਲਾਂ 'ਚ ਵਿਜ਼ਿਟ

**ਕਪੂਰਥਲਾ (ਹਨੀ)**- ਪੰਜਾਬ ਰਾਜ ਖੋਜ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਦੀ ਸਹਾਇਤਾ ਨਾਲ ਤੀਸਰੀ ਜਮਾਤ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਸਿੱਖਿਆ ਦੀ ਕਾਰਜਸ਼ੀਲਤਾ ਨੂੰ ਹੋਰ ਵਧੀਆ ਬਣਾਉਣ ਦੇ ਉਦੇਸ਼ ਨਾਲ ਚੱਲ ਰਹੇ ਪ੍ਰੋਜੈਕਟ 'ਸਮਰੱਥ' ਵਿੱਚ ਕੀਤੀ ਗਈ ਬੱਚਿਆਂ ਦੀ ਜੁਲਾਈ ਟੈਸਟਿੰਗ ਦੀ ਰੈਂਡਮ ਜਾਂਚ ਤਹਿਤ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਮਮਤਾ ਬਜਾਜ ਦੁਆਰਾ ਵੱਖ



ਵੱਖ ਸਕੂਲਾਂ ਜਿਨ੍ਹਾਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਪੱਡੇ ਬੇਟ, ਸਰਕਾਰੀ ਐਲੀਮੈਂਟਰੀ ਸਕੂਲ ਮੰਡੇਰ ਬੇਟ, ਸਰਕਾਰੀ ਐਲੀਮੈਂਟਰੀ ਸਕੂਲ ਬੁੱਢਾ ਥੇਹ ਵਿਖੇ ਅਚਨਚੇਤ ਨਿਰੀਖਣ ਕੀਤਾ ਗਿਆ।ਇਸ ਦੌਰਾਨ ਜ਼ਿਲ੍ਹਾ ਸਿੱਖਿਆ ਅਧਿਕਾਰੀ ਮਮਤਾ ਬਜਾਜ ਦੁਆਰਾ ਬੱਚਿਆਂ ਦੀ ਅਧਿਆਪਕਾਂ ਦੁਆਰਾ ਕੀਤੀ ਜੁਲਾਈ ਟੈਸਟਿੰਗ ਦੀ ਰੈਂਡਮ ਜਾਂਚ ਕੀਤੀ ਗਈ। ਜਿਸ 'ਤੇ ਮਮਤਾ ਬਜਾਜ ਨੇ ਤਸੱਲੀ ਪ੍ਰਗਟ ਕਰਦਿਆਂ ਹੋਇਆਂ ਅਧਿਆਪਕਾਂ ਨੂੰ ਬੱਚਿਆਂ ਦੇ ਮਿੱਥੇ ਟੀਚਿਆਂ ਨੂੰ ਸਰ ਕਰਨ ਲਈ ਹਰ ਪ੍ਰਕਾਰ ਦੀਆਂ ਗਤੀਵਿਧੀਆਂ ਕਰਾਉਣ ਦੀ ਵਿਸ਼ੇਸ਼ ਹਦਾਇਤ ਕੀਤੀ ਤਾਂ ਜੋ ਬੱਚੇ ਸਮੱਰਥ ਦੇ ਪੂਰਨ ਟੀਚੇ ਪ੍ਰਾਪਤ ਕਰਕੇ ਜ਼ਿਲ੍ਹੇ ਕਪੂਰਥਲਾ ਨੂੰ ਪੰਜਾਬ ਦੇ ਮੋਹਰੀ ਜ਼ਿਲ੍ਹਿਆਂ ਵਿੱਚ ਸ਼ਾਮਲ ਕਰ ਸਕਣ। ਉਹਨਾਂ ਨੇ ਇਸ ਦੌਰਾਨ ਮਿਡ ਡੇ ਮੀਲ ਦੀ ਸਾਫ ਸਫਾਈ, ਖਾਣੇ ਦੀ ਗੁਣਵੱਤਾ ਤੇ ਕੁੱਕਾਂ ਦੀ ਸਫਾਈ ਦਾ ਵਿਸ਼ੇਸ਼ ਨਿਰੀਖਣ ਕੀਤਾ।ਉਹਨਾਂ ਸਮੂਹ ਅਧਿਆਪਕਾਂ ਨੂੰ ਬਦਲਦੇ ਮੀਨੂੰ ਅਨੁਸਾਰ ਹੀ ਖਾਣਾ ਬਣਾਉਣ ਦੀ ਖਾਸ ਹਦਾਇਤ ਕੀਤੀ। ਇਸ ਦੇ ਨਾਲ ਹੀ ਉਹਨਾਂ ਮਿਡ ਡੇ ਮੀਲ ਤਹਿਤ ਆਈ ਬਰਤਨਾਂ ਦੀ ਗ੍ਰਾਂਟ ਨੂੰ ਜਲਦ ਤੋਂ ਜਲਦ ਵਰਤਣ ਲਈ ਅਧਿਆਪਕਾਂ ਨੂੰ ਕਿਹਾ ।ਇਸ ਦੌਰਾਨ ਉਨ੍ਹਾਂ ਅਧਿਆਪਕਾਂ ਦੀਆਂ ਡਾਇਰੀਆਂ, ਐੱਫ ਐੱਲ ਐੱਨ ਕਿੱਟ ਨਾਲ ਗਤੀਵਿਧੀਆਂ, ਪ੍ਰੀ ਪ੍ਰਾਇਮਰੀ ਵਟਸ ਐੱਪ ਗਰੁੱਪ ਆਦਿ ਨੂੰ ਵੀ ਜਾਂਚਿਆ। ਇਸ ਨਿਰੀਖਣ ਦੌਰਾਨ ਉਨ੍ਹਾਂ ਅਧਿਆਪਕਾਂ ਨੂੰ ਐੱਸ ਐੱਮ ਸੀ ਕਮੇਟੀਆਂ ਦੀ 15 ਜੁਲਾਈ ਤੱਕ ਮਿਆਦ ਖ਼ਤਮ ਹੋਣ ਤੋਂ ਪਹਿਲਾਂ ਪਹਿਲਾਂ ਨਵੀਆਂ ਕਮੇਟੀਆਂ ਦਾ ਵਿਭਾਗ ਦੀਆਂ ਵਿਸ਼ੇਸ਼ ਹਦਾਇਤਾਂ ਨਾਲ ਗਠਨ ਕਰਨ ਦੀ ਹਦਾਇਤ ਵੀ ਕੀਤੀ ।ਇਸ ਦੌਰਾਨ ਉਨ੍ਹਾਂ ਦੇ ਨਾਲ ਜ਼ਿਲ੍ਹਾ ਕੋਆਰਡੀਨੇਟਰ ਸਮੱਰਥ ਹਰਮਿੰਦਰ ਸਿੰਘ ਜੋਸਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਦਰਬਾਰ ਸੱਯਦ ਕਾਦਰੀ ਸ਼ਾਹ ਜ਼ਿੰਦਾ ਪੀਰ ਵਿਖੇ ਤਿੰਨ ਦਿਨਾ ਸਾਲਾਨਾ ਜੋੜ ਮੇਲਾ 18 ਤੋਂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਦਰਬਾਰ ਸੱਯਦ ਕਾਦਰੀ ਸ਼ਾਹ ਜ਼ਿੰਦਾ ਪੀਰ ਪਿੰਡ ਕਾਹਮਾ ਵਿਖੇ ਤਿੰਨ ਦਿਨਾ ਸਲਾਨਾ ਜੋੜ ਮੇਲਾ 18, 19, 20 ਜੁਲਾਈ ਨੂੰ ਐਨ ਆਰ ਆਈ ਵੀਰਾਂ, ਸਮੂਹ ਪੰਚਾਇਤ ਮੈਂਬਰ, ਕਮੇਟੀ, ਪਿੰਡ ਵਾਸੀ, ਨਗਰ ਵਾਸੀਆਂ, ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਸੇਵਾਦਾਰ ਅਮਰੀਕ ਸਿੰਘ ਨੇ ਦੱਸਿਆ ਕਿ 18 ਜੁਲਾਈ ਨੂੰ ਮਹਿੰਦੀ ਦੀ ਰਸਮ ਕੀਤੀ ਜਾਵੇਗੀ, ਚਿਰਾਗ ਰੋਸ਼ਨ ਕੀਤੇ ਜਾਣਗੇ ਅਤੇ ਸਵੇਰੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ।ਰਮੇਸ਼ ਰੰਗੀਲਾ, ਸਾਹਿਤ ਅਲੀ, ਕਾਮਾ ਬ੍ਰਦਰਜ਼ ਕਵਾਲ ਵੱਲੋਂ ਰਾਤ ਨਕਲਾਂ ਦਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ, 19 ਜੁਲਾਈ ਨੂੰ ਸਟੇਜ ਪ੍ਰੋਗਰਾਮ ਮੁਸਕਾਨ ਚੋਪੜਾ, ਰਾਗਿਨੀ ਹੀਰਾ, ਕਾਸ਼ੀ ਨਾਥ, ਪਾਲੀ ਦੇਤਵਾਲੀਆ, ਈਪੂ ਨਕਾਲ ਪਾਰਟੀ, ਸਾਈ ਪੰਪਲ ਵੱਲੋਂ ਮਹਿਫ਼ਿਲ ਕਵਾਲੀਆਂ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ, 20 ਜੁਲਾਈ ਨੂੰ ਵਿੱਕੀ ਬੱਗਾਗਨੀ ਖਾਨ ਨਕਾਲ ਅਤੇ ਕਵਾਲ ਪਾਰਟੀਆਂ ਵਲੋਂ ਕਵਾਲ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ, ਚਾਹ-ਪਕੌੜਿਆਂ, ਵੱਖ-ਵੱਖ ਪਕਵਾਨਾਂ ਅਤੇ ਮਠਿਆਈਆਂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਪੰਜਾਬ ਸਰਕਾਰ ਦਾ ਇਤਿਹਾਸਕ ਫੈਸਲਾ : ਮੁਲਾਜ਼ਮ ਵਿੰਗ ਆਪ

**ਸ਼ਾਹਕੋਟ (ਗਿਆਨ ਸੈਦਪੁਰੀ)**- ਪੰਜਾਬ ਸੂਬੇ ਦੀ ਅਗਵਾਈ ਕਰਦੀ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਿਹਤ ਬੀਮਾ ਯੋਜਨਾ ਦਾ ਆਗਾਜ਼ ਭਾਰਤਵਰਸ਼ ਦਾ ਪ੍ਰਥਮ ਅਤੇ ਇਤਿਹਾਸਕ ਫੈਸਲਾ ਹੈ, ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸ਼ਲਾਘਾਯੋਗ ਕਦਮ ਹੈ। ਇਸ ਫੈਸਲੇ ਨਾਲ ਪੰਜਾਬ ਦਾ ਕੋਈ ਵੀ ਨਾਗਰਿਕ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਦਾ ਹੈ । ਆਮ ਆਦਮੀ ਪਾਰਟੀ ਦੇ ਐਕਸ ਇਮਪਲਾਈਜ ਵਿੰਗ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨੂੰ ਭਗਵੰਤ ਮਾਨ ਸਰਕਾਰ ਦਾ ਇਨਕਲਾਬੀ ਕਦਮ ਗਰਦਾਨਿਆ ਹੈ। ਉਪਰੋਕਤ ਦਾ ਪ੍ਰਗਟਾਵਾ ਇਕ ਸਾਂਝੇ ਬਿਆਨ ਰਾਹੀਂ ਆਮ ਆਦਮੀ ਪਾਰਟੀ ਦੇ ਐਕਸ ਇਮਪਲਾਈਜ਼ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਸਿੱਧੂ, ਸੂਬਾ ਜੋਇੰਟ ਸਕੱਤਰ ਬਚਿੱਤਰ ਸਿੰਘ, ਇੰਜੀਨੀਅਰ ਸੁਖਦੇਵ ਸਿੰਘ ਔਲਖ, ਮੁੱਖ ਸਲਾਹਕਾਰ ਦਰਸ਼ਨ ਸਿੰਘ ਪਤਲੀ ਸੂਬਾ ਜਨਰਲ ਸਕੱਤਰ ਹਰਮੰਦਰ ਸਿੰਘ ਬਰਾੜ, ਸੂਬਾ ਸਕੱਤਰ ਗੁਰਦਰਸ਼ਨ ਸਿੰਘ ਪਟਵਾਰੀ, ਮੋਹਾਲੀ ਦੇ ਪ੍ਰਧਾਨ ਰਣਜੀਤ ਸਿੰਘ ਢਿੱਲੋਂ, ਜ਼ਿਲ੍ਹਾ ਸਕੱਤਰ ਇੰਜੀ. ਅਪਨਿੰਦਰ ਸਿੰਘ ਅਤੇ ਪੈਨਸ਼ਨਰ ਆਗੂ ਹਰਪਾਲ ਸਿੰਘ ਖਾਲਸਾ ਦੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਨਿਤ ਨਵੇਂ ਕੀਰਤੀਮਾਨ ਸਿਰਜੇ ਜਾ ਰਹੇ ਹਨ। ਇਸ ਯੋਜਨਾ ਤਹਿਤ ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ





ਅਤੇ ਹਰ ਪੰਜਾਬ ਵਾਸੀ ਨੂੰ ਸਹੂਲਤ ਦੇਣਾ ਚੰਗਾ ਫੈਸਲਾ ਹੈ। ਗੁਰਮੇਲ ਸਿੱਧੂ ਅਤੇ ਬਚਿੱਤਰ ਸਿੰਘ ਨੇ ਪੰਜਾਬ ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਜਿਵੇਂ ਖੇਤਾਂ ਦੀਆਂ ਟੇਲਾਂ ਤੱਕ ਨਹਿਰੀ ਪਾਣੀ ਦੇਣਾ, ਮੈਰਿਟ ਦੇ ਆਧਾਰ 'ਤੇ 55 ਹਜ਼ਾਰ ਕਰਮਚਾਰੀਆਂ ਦੀ ਪੱਕੀ ਭਰਤੀ, ਸਿੱਖਿਆ ਖੇਤਰ ਵਿੱਚ ਵੱਡੀਆਂ ਪੁਲਾਂਘਾਂ, ਖਿਡਾਰੀਆਂ ਨੂੰ ਢੁਕਵੇਂ ਸਨਮਾਨ, ਖੇਡਾਂ ਨੂੰ ਉਤਸ਼ਾਹਤ ਕਰਨਾ, ਰਵਾਇਤੀ ਖੇਡਾਂ ਅਤੇ ਸੱਭਿਆਚਾਰ ਨੂੰ ਨਵੀਨੀਕਰਨ ਕਰਕੇ ਨਵੇਂ ਸਿਰਿਓਂ ਯੋਜਨਾਬੱਧ ਕਰਨਾ, ਵਾਧੂ ਟੋਲ ਪਲਾਜੇ ਬੰਦ ਕਰਕੇ ਲੋਕਾਂ ਦੀ ਖੱਜਲ ਖੁਆਰੀ ਅਤੇ ਖਰਚੇ ਤੋਂ ਨਿਜਾਤ ਦਿਵਾਉਣਾ, ਤਹਿਸੀਲਾਂ ਵਿੱਚ ਆਮ ਲੋਕਾਂ ਅਤੇ ਕਿਸਾਨਾਂ ਦੀ ਹੋ ਰਹੀ ਲੁੱਟ ਨੂੰ ਨੱਥ ਪਾਉਣੀ ਅਤੇ ਪਿਛਲੇ ਦਹਾਕੇ ਤੋਂ ਪੰਜਾਬ ਉੱਤੇ ਲੱਗਿਆ ਕਲੰਕ ਉਡਦਾ ਪੰਜਾਬ ਦੇ ਚੈਲੰਜ ਨੂੰ ਕਬੂਲ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਇੱਕ ਮਿਸਾਲੀ ਮੁਹਿੰਮ ਰਾਹੀਂ ਸਰਹੱਦੋਂ ਪਾਰ ਅਤੇ ਸੂਬੇ ਦੇ ਅੰਦਰੋਂ, ਸਿੰਥੈਟਿਕ ਚਿੱਟੇ ਨਸ਼ੇ ਬੰਦ ਕਰਨ ਦੀ ਸਫਲ ਮੁਹਿੰਮ, ਸੂਬੇ ਦੇ ਪਾਣੀਆਂ ਦੀ ਲੁੱਟ ਨੂੰ ਦੁਨੀਆ ਭਰ ਵਿੱਚ ਅੰਕੜਿਆਂ ਸਹਿਤ ਪੇਸ਼ ਕਰਕੇ ,ਪੰਜਾਬ ਦੇ ਹੱਕਾਂ ਤੇ ਪਹਿਰਾ ਦੇ ਕੇ ਰਾਖੀ ਕਰਨੀ, ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਡੈਮਾਂ ਬੀ ਬੀ ਐਮ ਦਾ ਕੰਟਰੋਲ ਅਤੇ ਕੇਂਦਰੀ ਫੋਰਸ ਦੀ ਤੈਨਾਤੀ ਦਾ ਵਿਰੋਧ ਕਰਨਾ ਅਤੇ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਨਵੀਆਂ ਯੋਜਨਾਵਾਂ ਅਤੇ ਸੰਭਾਵਨਾਵਾਂ ਨੂੰ ਤਕਨੀਕੀ ਤੌਰ ਤੇ ਉਜਾਗਰ ਕਰਕੇ ਲਿੰਕ ਨਹਿਰ ਦੀ ਉਸਾਰੀ ਨੂੰ ਰੱਦ ਕਰਨਾ, ਆਦਿ ਅੱਧੀ ਸਦੀ ਤੋਂ ਵੱਧ ਵਿਗੜੇ ਕੰਮਾਂ ਨੂੰ ਲੀਹ ਤੇ ਲੈ ਕੇ ਆਉਣਾ, ਸੂਬੇ ਦੇ ਭਵਿੱਖ ਵਾਸਤੇ ਚੰਗੇ ਸੰਕੇਤ ਹਨ।

# ਪੈਨਸ਼ਨਰ ਐਸੋਸੀਏਸ਼ਨ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਪੈਨਸ਼ਨਰ ਐਸੋਸੀਏਸ਼ਨ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੋਮ ਲਾਲ



ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁਲਦੀਪ ਸਿੰਘ ਦੌੜਕਾ ਨੇ ਦੱਸਿਆ ਕਿ ਜੋ ਮੁਲਾਜ਼ਮ ਅਤੇ ਪੈਨਸ਼ਨਰ ਯੂਨੀਅਨ ਨੇ ਸਾਂਝੇ ਫਰੰਟ ਪੰਜਾਬ ਦੀ ਕਾਲ 'ਤੇ ਲੁਧਿਆਣੇ ਦੀ ਜ਼ਿਮਨੀ ਚੋਣ ਵੇਲੇ ਰੈਲੀ ਅਤੇ ਲੁਧਿਆਣਾ ਪੱਛਮੀ ਹਲਕੇ ਵਿੱਚ ਝੰਡਾ ਮਾਰਚ ਕਰਕੇ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਨੀਤੀਆਂ ਦਾ ਪਰਦਾਫਾਸ਼ ਕੀਤਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਪਾਸੇ ਕਹਿ ਰਹੀ ਹੈ ਕਿ ਸਾਡੇ ਕੋਲ ਖਜ਼ਾਨਾ ਭਰਿਆ ਹੋਇਆ ਹੈ, ਦੂਜੇ ਪਾਸੇ 8500 ਕਰੋੜ ਰੁਪਏ ਦਾ ਕਰਜ਼ਾ ਲੈ ਰਹੀ ਹੈ। ਜੇਕਰ ਖਜ਼ਾਨਾ ਭਰਿਆ ਹੋਇਆ ਹੈ ਤਾਂ ਮੁਲਾਜ਼ਮਾਂ ਦੇ ਤਨਖਾਹ ਦੇ ਬਿੱਲ ਖਜ਼ਾਨਾ ਅਫ਼ਸਰ ਪਾਸ ਨਹੀਂ ਕਰਦੇ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਦੇ ਮੈਡੀਕਲ ਕਲੇਮ ਦੇ ਬਿੱਲ ਵੀ ਨਹੀਂ ਪਾਸ ਕਰ ਰਹੇ। ਕਰਨੈਲ ਸਿੰਘ ਰਾਹੋਂ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਇਹ ਸਰਕਾਰ ਹੋਰ ਸਰਕਾਰਾਂ ਨਾਲੋਂ ਵੀ ਨਖਿੱਧ ਸਰਕਾਰ ਸਾਬਤ ਹੋਈ ਹੈ ਜਿਸ ਨੇ ਚਾਰ ਸਾਲ ਬੀਤਣ ਬਾਅਦ ਵੀ ਆਪਣੇ ਵਾਅਦੇ ਪੂਰੇ ਨਹੀਂ ਕੀਤੇ। ਆਪਣੇ ਚੋਣ ਮਨੋਰਥ ਪੱਤਰ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਜ ਦੀਆਂ ਸਾਰੀਆਂ ਮੰਗਾ ਪੂਰੀਆਂ ਕਰਨ ਦਾ ਵਾਅਦਾ ਕੀਤਾ ਗਿਆ ਪਰ ਅਜੇ ਤੱਕ ਨਾ ਤਾਂ ਕੱਚੇ ਮੁਲਾਜ਼ਮ ਪੱਕੇ ਕੀਤੇ ਅਤੇ ਨਾ ਹੀ ਪੇਅ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕੀਤੀਆਂ। ਪੇਅ ਕਮਿਸ਼ਨ ਦੀ 2, 59 ਦਾ ਵਾਧਾ ਕਰਨ ਦੀ ਸਿਫਾਰਸ਼ ਲਾਗੂ ਨਹੀ। ਮੀਟਿੰਗ ਵਿੱਚ ਕੁਲਵਰਨ ਸਿੰਘ ਜਨਰਲ ਸਕੱਤਰ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਪੰਜਾਬ ਨੇ ਪੈਨਸ਼ਨਰਜ਼ ਦੀਆਂ ਮੁਸ਼ਕਿਲਾਂ ਦੱਸੀਆਂ।ਸੋਮ ਲਾਲ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਸ਼ਹੀਦ ਭਗਤ ਸਿੰਘ ਨਗਰ ਨੇ ਆਏ ਹੋਏ ਸਾਥੀ ਕੁਲਵਰਨ ਸਿੰਘ ਦਾ ਇਸ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ ਅਤੇ ਪੈਨਸ਼ਨਰ ਸਾਥੀਆਂ ਨੂੰ ਆਉਣ ਵਾਲੇ ਸੰਘਰਸ਼ਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ। ਸਟੇਜ ਸਕੱਤਰ ਦੀ ਕਾਰਵਾਈ ਜੀਤ ਲਾਲ ਜਨਰਲ ਸਕੱਤਰ ਨੇ ਬਾਖੂਬੀ ਨਿਭਾਈ। ਇਸ ਸਮੇਂ ਪ੍ਰਧਾਨ ਸੋਮ ਲਾਲ ਪ੍ਰਧਾਨ ਥੋਪੀਆ, ਜੀਤ ਲਾਲ ਗੋਹਲੜੋਂ ਜਨਰਲ ਸਕੱਤਰ, ਕਰਨੈਲ ਸਿੰਘ ਰਾਹੋਂ, ਦੇਸ ਰਾਜ ਬੱਜੋਂ, ਕੁਲਦੀਪ ਸਿੰਘ ਦੌੜਕਾ, ਜਸਵੀਰ ਸਿੰਘ ਮੰਗੂਵਾਲ, ਕੇਵਲ ਰਾਮ, ਸੁਰਜੀਤ ਰਾਮ, ਰੇਸ਼ਮ ਲਾਲ, ਸਰੂਪ ਲਾਲ, ਹਰਦਿਆਲ ਸਿੰਘ, ਦੀਦਾਰ ਸਿੰਘ, ਰਜਿੰਦਰ ਸਿੰਘ, ਅਵਤਾਰ ਸਿੰਘ, ਅਸ਼ੋਕ ਕੁਮਾਰ ਵਿੱਤ ਸਕੱਤਰ, ਜਸਵੀਰ ਸਿੰਘ, ਬਲਵੀਰ ਸਿੰਘ, ਹਰਮੇਸ਼ ਲਾਲ, ਆਤਮਾ ਰਾਮ ਅਤੇ ਹੋਰ ਪੈਨਸ਼ਨਰਜ਼ ਸਾਥੀ ਹਾਜ਼ਰ ਹੋਏ।

# ਸਰਕਾਰੀ ਸੀਨੀਅਰ ਸਕੂਲ ਸਰਹਾਲਾ ਮੁੰਡੀਆਂ ਨੇ ਯੁੱਧ ਨਸ਼ਿਆਂ ਵਿਰੁੱਧ ਕੱਢੀ ਵਿਸ਼ਾਲ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਢੋਲ ਦੇ ਡਗਿਆਂ ਦੀ ਧਮਕ ਅਤੇ ਆਕਾਸ਼ ਗੂੰਜੀ ਨਾਅਰਿਆਂ ਨਾਲ ਗੂੰਜਦੀ ਹੋਈ ਵਿਸ਼ਾਲ ਰੈਲੀ ਪਿੰਡ ਸਰਹਾਲਾ ਮੁੰਡੀਆਂ ਵਿਖੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿਸ਼ੇ 'ਤੇ ਕੱਢੀ ਗਈ। ਇਸ ਸਬੰਧੀ ਸਕੂਲ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ, ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਸ ਰੈਲੀ ਦਾ ਆਯੋਜਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਨੇ ਦੱਸਿਆ ਕਿ ਇਸ ਰੈਲੀ ਦੇ ਆਯੋਜਨ ਦਾ ਮੁੱਖ ਮਕਸਦ ਵਿਦਿਆਰਥੀਆਂ ਦੇ ਨਾਲ ਨਾਲ




ਉਹਨਾਂ ਦੇ ਮਾਪਿਆਂ ਅਤੇ ਖਾਸ ਕਰਕੇ ਸਮੂਹ ਪਿੰਡ ਵਾਸੀਆਂ ਨੂੰ ਨਸ਼ਿਆਂ ਦੀ ਰੋਕਥਾਮ ਅਤੇ ਉਹਨਾਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਸੀ।ਇਸ ਰੈਲੀ ਦੌਰਾਨ ਪਿੰਡ ਸਰਹਾਲਾ ਵਿਖੇ ਪਿੰਡ ਵਾਸੀਆਂ, ਵਿਦਿਆਰਥੀਆਂ ਦੇ ਮਾਪਿਆਂ ਅਤੇ ਪਿੰਡ ਦੀ ਪੰਚਾਇਤ ਵੱਲੋਂ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਗ੍ਰਾਮ ਪੰਚਾਇਤ ਸਰਹਾਲਾ ਦੇ ਸਰਪੰਚ ਸੁਖਵਿੰਦਰ ਸਿੰਘ, ਪਿੰਡ ਦੇ ਪੰਚਾਇਤ ਮੈਂਬਰਾਂ ਅਤੇ ਹੋਰ ਪਤਵੰਤੇ ਸੱਜਣਾਂ ਵੱਲੋਂ ਸਕੂਲ ਸਟਾਫ ਅਤੇ ਵਿਦਿਆਰਥੀਆਂ ਦੇ ਇਸ ਨਿਵੇਕਲੇ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ ਗਈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਿੰਡ ਦੀ ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਇਸ ਵਿਸ਼ੇ 'ਤੇ ਆਪਣਾ ਬਣਦਾ ਯੋਗਦਾਨ ਵੱਡੀ ਪੱਧਰ 'ਤੇ ਪਾਇਆ ਜਾਵੇਗਾ। ਸਕੂਲ ਦੀ ਗਿਆਰਵੀਂ ਸ਼੍ਰੇਣੀ ਦੀ ਵਿਦਿਆਰਥਣ ਕੋਮਲ ਵੱਲੋਂ ਸਮੂਹ ਵਿਦਿਆਰਥੀਆਂ, ਪਿੰਡ ਵਾਸੀਆਂ, ਮਾਪਿਆਂ, ਪੰਚਾਇਤ ਮੈਂਬਰਾਂ ਅਤੇ ਸਕੂਲ ਸਟਾਫ ਮੈਂਬਰਾਂ ਨੂੰ ਨਸ਼ਿਆਂ ਦੇ ਸੇਵਨ ਨੂੰ ਰੋਕਣ ਦੀ ਸਹੁੰ ਚੁਕਾਈ ਗਈ। ਇਸ ਪਿੰਡ ਦੇ ਅਨੇਕਾਂ ਪ੍ਰਵਾਸੀ ਭਾਰਤੀਆਂ ਸਮੇਤ ਕਰਮਜੀਤ ਸ਼ਾਹੀ ਵੱਲੋਂ ਸਕੂਲ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਕੂਲ ਸਟਾਫ ਮੈਂਬਰ ਲੈਕਚਰਾਰ ਸਰਬਜੀਤ ਸਿੰਘ (ਸੋਸ਼ਲ ਮੀਡੀਆ ਇੰਚਾਰਜ), ਰਜਨੀ ਅਰੋੜਾ, ਅਨੀਤਾ ਕੁਮਾਰੀ, ਸ਼ਿਮਲਾ ਦੇਵੀ, ਪ੍ਰੀਆ, ਮਨਜੀਤ ਕੌਰ, ਗੁਰਦੇਵ ਕੌਰ, ਨਰੇਸ਼ ਕੁਮਾਰ, ਪਰਮਿੰਦਰ ਕੁਮਾਰ, ਅਮਨਦੀਪ ਸਿੰਘ, ਕਮਲਜੀਤ ਸਿੰਘ, ਕੈਂਪਸ ਮੈਨੇਜਰ ਕੈਪਟਨ ਸੁਖਵਿੰਦਰ ਸਿੰਘ, ਹਰਜਿੰਦਰ, ਕਸ਼ਮੀਰ ਸਿੰਘ ਅਤੇ ਸੁਨੀਲ ਕੁਮਾਰ ਹਾਜ਼ਰ ਸਨ।

# ਖਾਣ-ਪੀਣ ਦੀਆਂ ਗਲਤ ਆਦਤਾਂ ਨਾਲ ਮਨੁੱਖੀ ਸਰੀਰ 'ਚ ਗੁਰਦੇ ਦੀ ਪੱਥਰੀ ਬਣਦੀ : ਡਾ. ਅਮਿਤ ਸੰਧੂ

**ਬੰਗਾ (ਅਵਤਾਰ ਕਲੇਰ)**- ਸਾਡੀਆਂ ਰਹਿਣ-ਸਹਿਣ ਅਤੇ ਖਾਣ-ਪੀਣ ਦੀਆਂ ਗਲਤ ਆਦਤਾਂ ਕਰਕੇ ਸਰੀਰ ਵਿਚ ਗੁਰਦੇ ਦੀ ਪੱਥਰੀ ਬਣਦੀ ਹੈ ਅਤੇ ਜਿਸ ਕਰਕੇ ਮਰੀਜ਼ ਨੂੰ ਬਹੁਤ ਤੇਜ਼ ਦਰਦ ਸਹਿਣਾ ਪੈਂਦਾ ਹੈ। ਇਹ ਜਾਣਕਾਰੀ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਯੂਰੋਲੌਜੀ ਵਿਭਾਗ ਵਿਚ ਗੁਰਦਿਆਂ ਦੀਆਂ ਪੱਥਰੀਆਂ ਦੇ ਅਪਰੇਸ਼ਨਾਂ ਦੇ ਮਾਹਰ ਡਾ. ਅਮਿਤ ਸੰਧੂ ਐੱਮ.ਐੱਸ., ਐੱਮ.ਸੀ.ਐੱਚ. ਨੇ ਗੱਲਬਾਤ ਕਰਦਿਆਂ ਦਿੱਤੀ। ਉਹਨਾਂ ਦੱਸਿਆ ਕਿ ਸਰੀਰ ਵਿੱਚੋਂ ਬਾਹਰ ਨਿਕਲਦੇ ਫਾਲਤੂ ਖਣਿਜ ਪਦਾਰਥ ਗੁਰਦੇ ਵਿੱਚ ਜਮ੍ਹਾਂ ਹੋ ਜਾਣ ਤਾਂ ਉਹ ਪੱਥਰੀ ਦਾ ਰੂਪ ਧਾਰ ਲੈਂਦੇ



ਹਨ। ਮੁੱਖ ਤੌਰ 'ਤੇ ਕੈਲਸ਼ੀਅਮ ਅਤੇ ਯੂਰਿਕ ਐਸਿਡ ਸ਼ਾਮਿਲ ਹੁੰਦਾ ਹੈ। ਪਿਸ਼ਾਬ ਵਿੱਚ ਕੈਲਸ਼ੀਅਮ ਅਕਸਲੇਟ ਦੀ ਮਾਤਰਾ ਵਧਣ ਜਾਂ ਸਿਟਰੇਟ ਦੀ ਮਾਤਰਾ ਘਟਣ ਕਾਰਨ ਵੀ ਪੱਥਰੀ ਬਣ ਸਕਦੀ ਹੈ। ਇਸ ਤਰ੍ਹਾਂ ਜੇ ਪੇਟ ਵਿਚੋਂ ਦਰਦ ਸ਼ੁਰੂ ਹੋ ਕੇ ਪਿੱਠ ਵੱਲ ਜਾਵੇ ਤਾਂ ਗੁਰਦੇ ਵਿਚ ਪੱਥਰੀ ਹੋਣ ਦੀ ਸੰਭਾਵਨਾ ਹੁੰਦੀ ਹੈ। ਉਸ ਸਮੇਂ ਮਰੀਜ਼ ਨੂੰ ਬਹੁਤ ਤੇਜ਼ ਦਰਦ ਹੋ ਸਕਦਾ ਹੈ, ਪਿਸ਼ਾਬ ਵਿੱਚ ਖੂਨ ਵੀ ਆ ਸਕਦਾ ਹੈ ਅਤੇ ਪਿਸ਼ਾਬ ਰੁਕ ਵੀ ਸਕਦਾ ਹੈ। ਇਸ ਲਈ ਪੇਟ ਦਾ ਅਲਟਰਾ ਸਾਊਂਡ ਸਕੈਨ ਕਰਵਾ ਕੇ ਪੱਥਰੀ ਦਾ ਪਤਾ ਲਗਾਇਆ ਜਾਂਦਾ ਹੈ । ਡਾ. ਸੰਧੂ ਨੇ ਦੱਸਿਆ ਕਿ ਖਾਣ-ਪੀਣ ਅਤੇ ਨਿਯਮਤ ਰੂਪ ਵਿੱਚ ਸਹੀ ਮਾਤਰਾ ਵਿਚ ਰੋਜ਼ਾਨਾ ਪਾਣੀ ਪੀਣ ਨਾਲ ਪੱਥਰੀਆਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਇੱਕ ਵਾਰ ਪੱਥਰੀ ਬਣ ਜਾਣ ਤੋਂ ਬਾਅਦ ਦੁਬਾਰਾ ਬਣਨ ਦੀ ਬਹੁਤ ਸੰਭਾਵਨਾ ਰਹਿੰਦੀ ਹੈ। ਮੌਜੂਦਾ ਸਮੇਂ ਵਿਚ ਔਰਤਾਂ ਅਤੇ ਮਰਦਾਂ ਵਿਚ ਕਿਸੇ ਵੀ ਉਮਰ ਵਿਚ ਪੱਥਰੀਆਂ ਦੀ ਸਮੱਸਿਆ ਪੈਦਾ ਹੋ ਸਕਦੀ ਹੈ। ਉਹਨਾਂ ਦੱਸਿਆ ਕਿ ਗੁਰਦਿਆਂ ਵਿਚ ਛੋਟੀਆਂ ਪੱਥਰੀਆਂ ਹੋਣ ਦੀ ਸੂਰਤ ਵਿਚ ਇਹ ਦਵਾਈਆਂ ਦੀ ਸਹਾਇਤਾ ਨਾਲ ਪਿਸ਼ਾਬ ਰਾਹੀਂ ਬਾਹਰ ਨਿਕਲ ਜਾਂਦੀਆਂ ਹਨ। ਪਰ ਵੱਡੀਆਂ ਪੱਥਰੀਆਂ ਹੋਣ ਜਾਂ ਪਿਸ਼ਾਬ ਨਲੀ ਵਿਚ ਫਸੇ ਹੋਣ ਦੀ ਸੂਰਤ ਵਿਚ ਦੂਰਬੀਨ (ਐਂਡੋਸਕੋਪਿਕ ਸਰਜਰੀ) ਰਾਹੀਂ ਅਪਰੇਸ਼ਨ ਕਰਕੇ ਇਲਾਜ ਕੀਤਾ ਜਾ ਸਕਦਾ ਹੈ। ਉਹਨਾਂ ਦੱਸਿਆ ਕਿ ਯੂਰੋਲੌਜੀ ਵਿਭਾਗ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਗੁਰਦਿਆਂ ਦੀਆਂ ਪੱਥਰੀਆਂ ਦੇ ਇਲਾਜ ਤੇ ਅਪਰੇਸ਼ਨ ਲਈ ਆਧੁਨਿਕ ਪ੍ਰਬੰਧ ਹਨ ਅਤੇ ਮਰੀਜ਼ਾਂ ਦਾ ਰੋਜ਼ਾਨਾ ਚੈੱਕਅੱਪ ਹੁੰਦਾ ਹੈ।



# ਬਾਬੇ ਕੇ ਸਕੂਲ 'ਚ ਕਰਵਾਇਆ ਪੁਸਤਕ ਪੜ੍ਹਨ ਦਾ ਮੁਕਾਬਲਾ

**ਲੋਹੀਆਂ ਖਾਸ (ਯੋਗੇਸ਼ਵਰ)** : ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਪਹਿਲੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆ ਲਈ ਇੱਕ ਕਿਤਾਬ ਪੜ੍ਹਨ ਦਾ ਮੁਕਾਬਲਾ ਡਿਪਟੀ ਡਾਇਰੈਕਟਰ/ਪ੍ਰਿੰਸੀਪਲ ਸਰਗਮ ਥਿੰਦ ਦੀ ਅਗਵਾਈ ਹੇਠ ਕਰਵਾਇਆ ਗਿਆ, ਮੁਕਾਬਲੇ ਵਿੱਚ ਵਿਦਿਅਰਥੀਆ ਨੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਦੌਰਾਨ ਵਿਦਿਆਰਥੀਆ ਦੀ ਪੜ੍ਹਨ ਦਰ ਦੀ ਯੋਗਤਾ ਅਤੇ ਵਿਆਕਰਨ ਸਮਝ ਦੀ ਜਾਂਚ ਕੀਤੀ ਗਈ। ਇਸ ਵਿੱਚ ਪਹਿਲੀ ਜਮਾਤ 'ਚੋਂ ਸੁਖਮਨ ਕੌਰ, ਦੂਸਰੀ ਜਮਾਤ ਦੀ ਗੁਰਲੀਨ ਕੌਰ, ਤੀਸਰੀ ਜਮਾਤ ਦਿਵਿਆ ਅਤੇ ਸੈਨਪ੍ਰੀਤ ਕੌਰ ਚੌਥੀ ਜਮਾਤ ਨੂੰ ਯੁਵਲੀਨ ਕੌਰ ਅਤੇ ਪੰਜਵੀ ਜਮਾਤ ਦੀ ਜਗਰੂਪ ਕੌਰ ਅਤੇ ਅਨੁਕੀਰਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਮੁਕਾਬਲੇ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਵਿਦਿਆਰਥੀਆ ਨੂੰ ਸਰਟੀਫਿਕੇਟ ਦੇ ਕੇ ਡਿਪਟੀ ਡਾਇਰੈਕਟਰ /ਸਰਗਮ ਥਿੰਦ ਅਤੇ ਮੈਨੇਜਿੰਗ ਡਾਇਰੈਕਟਰ ਸੁਦਾਮ ਖਾਨ ਨੇ ਸਨਮਾਨਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਤਸਾਹਿਤ ਕੀਤਾ ਅਤੇ ਨਾਲ ਹੀ ਉਨ੍ਹਾ ਨੂੰ ਪੜ੍ਹਨਾ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

# ਪੰਜਾਬ ਸਰਕਾਰ ਸਰਕਾਰੀ ਸਕੂਲਾਂ 'ਚ ਰਾਜਨੀਤਿਕ ਲੋਕਾਂ ਦੀ ਦਖ਼ਲਅੰਦਾਜ਼ੀ ਬੰਦ ਕਰੇ : ਜੀ ਐਸ ਟੀ ਯੂ

**ਜਲੰਧਰ (ਰਾਜੇਸ਼ ਥਾਪਾ)-** ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਕਾਰਜਕਾਰੀ ਜਨਰਲ ਸਕੱਤਰ ਪਰਵੀਨ ਕੁਮਾਰ ਲੁਧਿਆਣਾ, ਜਿੰਦਰ ਪਾਇਲਟ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਐਡੀਸ਼ਨਲ ਜਨਰਲ ਸਕੱਤਰ ਬਾਜ ਸਿੰਘ ਭੁੱਲਰ, ਵਿੱਤ ਸਕੱਤਰ ਨਵੀਨ ਸਚਦੇਵਾ, ਮੀਡੀਆ ਸਕੱਤਰ ਗੁਰਪ੍ਰੀਤ ਮਾੜੀਮੇਘਾ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਸਿੱਧਾ-ਸਿੱਧਾ ਰਾਜਨੀਤਕ ਲੋਕਾਂ ਦੀ ਦਖਲਅੰਦਾਜ਼ੀ ਕਰ ਰਹੀ ਹੈ।ਜਿਸ ਦੀ ਯੂਨੀਅਨ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਤਾੜਨਾ ਕਰਦੇ ਹਾਂ ਕਿ ਸਰਕਾਰ ਅਜਿਹੀ ਦਖਲਅੰਦਾਜ਼ੀ ਤੁਰੰਤ ਬੰਦ ਕਰੇ। ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਦੇ ਲਗਪਗ 14000 ਸਰਕਾਰੀ ਸਕੂਲਾਂ ਵਿੱਚ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਵਲੋਂ ਭੇਜੀਆਂ ਜਾਂਦੀਆਂ ਗਰਾਂਟਾਂ ਨੂੰ ਸਹੀ ਢੰਗ ਨਾਲ ਖ਼ਰਚਣ ਲਈ 2 ਸਾਲਾਂ ਬਾਅਦ ਐੱਸ.ਐੱਮ.ਸੀ.ਕਮੇਟੀ (ਸਕੂਲ ਮੈਨੇਜਮੈਂਟ ਕਮੇਟੀ) ਦੀ ਚੋਣ ਕੀਤੀ ਜਾਂਦੀ ਹੈ।ਇਸ ਕਮੇਟੀ ਵਿੱਚ 12 ਮੈਂਬਰਾਂ ਸਕੂਲ ਵਿਚ ਪੜ੍ਹਦੇ ਬੱਚਿਆਂ ਦੇ ਮਾਤਾ ਪਿਤਾ, ਪਿੰਡ/ਸ਼ਹਿਰ ਵਿਚੋਂ ਗ੍ਰਾਮ ਪੰਚਾਇਤ/ਨਗਰ ਪਾਲਿਕਾ ਦਾ ਇੱਕ ਮੈਂਬਰ, ਇਕ-ਇਕ ਮੈਂਬਰ ਸਿੱਖਿਆ ਸ਼ਾਸਤਰੀ, ਸਮਾਜ ਸੇਵੀ ਅਤੇ ਸਕੂਲ ਅਧਿਆਪਕਾਂ ਵਿਚੋਂ ਲਿਆ ਜਾਂਦਾ ਸੀ।ਚੇਅਰਮੈਨ ਅਤੇ ਉਪ-ਚੇਅਰਮੈਨ ਦੀ ਚੋਣ ਵੀ ਬੱਚਿਆਂ ਦੇ ਮਾਪਿਆਂ ਵਿਚੋਂ ਹੀ ਕੀਤੀ ਜਾਂਦੀ ਹੈ।ਸਕੂਲ ਮੁਖੀ ਇਸ ਕਮੇਟੀ ਦਾ ਸਕੱਤਰ ਚੁਣਿਆ ਜਾਂਦਾ ਹੈ।ਇਹ ਚੁਣੀ ਕਮੇਟੀ ਸਹੀ ਢੰਗ ਨਾਲ ਸਕੂਲ ਦੇ ਅਧਿਆਪਕਾਂ ਦੀ ਗਰਾਂਟ ਖ਼ਰਚ ਵਿਚ ਮਿਲ ਕੇ ਕੰਮ ਕਰਦੀ ਹੈ, ਪਰ ਹੁਣ ਅਖੌਤੀ ਬਦਲਾਅ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਕੂਲਾਂ ਦਾ ਰਾਜਨੀਤੀਕਰਨ ਸ਼ੁਰੂ ਕਰ ਦਿੱਤਾ ਹੈ।ਸਕੂਲਾਂ ਨੂੰ ਰਾਜਨੀਤੀ ਦਾ ਅੱਡਾ ਬਣਾਉਣਾ ਸ਼ੁਰੂ ਕਰ ਦਿੱਤਾ ਹੈ। ਉਹਨਾਂ ਨੇ ਦੱਸਿਆ ਕਿ ਆਪ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਬਣਾਉਣ ਤੋਂ ਪਹਿਲਾ ਇਹ ਐਲਾਨ ਕੀਤਾ ਸੀ ਕਿ ਅਧਿਆਪਕ ਤੋਂ ਸਿਰਫ਼ ਪੜ੍ਹਾਉਣ ਦਾ ਕੰਮ ਹੀ ਲਿਆ ਜਾਵੇਗਾ ਪਰ ਪਰਨਾਲਾ ਉੱਥੇ ਦਾ ਉੱਥੇ ਹੀ ਹੈ। ਕਿਸੇ ਵੀ ਗੈਰ ਵਿੱਦਿਅਕ ਕੰਮ ਤੋਂ ਅਧਿਆਪਕਾਂ ਦਾ ਛੁਟਕਾਰਾ ਨਹੀਂ ਹੋਇਆ।ਸਰਕਾਰ ਵੱਲੋਂ ਇਨ੍ਹਾਂ ਐੱਸ.ਐੱਮ.ਸੀ ਕਮੇਟੀਆਂ ਵਿਚ ਰਾਜਨੀਤਿਕ ਲੀਡਰਾਂ ਦੇ ਕਹਿਣ 'ਤੇ ਆਪਣੀ ਹੀ ਪਾਰਟੀ ਦੇ ਵਰਕਰ ਮੈਂਬਰ ਬਣਾਉਣ ਲਈ ਸਕੂਲ ਦੇ ਮੁੱਖ ਅਧਿਆਪਕਾਂ, ਸਕੂਲ ਦੇ ਪ੍ਰਿੰਸੀਪਲਾਂ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ। ਆਗੂਆਂ ਨੇ ਕਿਹਾ ਕਿ ਇਹ ਕਿਸ ਤਰਾਂ ਸੰਭਵ ਹੋਵੇਗਾ ਕਿ ਇਕ ਮੈਂਬਰ ਇੱਕੋ ਦਿਨ ਵਿਚ ਦਸ ਸਕੂਲਾਂ ਦੀਆਂ ਮੀਟਿੰਗਾਂ ਵਿਚ ਹਾਜ਼ਰ ਹੋਵੇਗਾ।ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਕੂਲਾਂ ਨੂੰ ਸਕੂਲ ਹੀ ਰਹਿਣ ਦਿੱਤਾ ਜਾਵੇ।



# ਕੇਂਦਰੀ ਰਾਜ ਮੰਤਰੀ ਨੇ ਕਪੂਰਥਲਾ ਕੋਚ ਫੈਕਟਰੀ ਵਿਖੇ ਰੋਜ਼ਗਾਰ ਮੇਲੇ 'ਚ ਕੀਤੀ ਸ਼ਿਰਕਤ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)-** ਭਾਰਤ ਸਰਕਾਰ ਵਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਨਾਗਰਿਕ ਭਲਾਈ ਨੂੰ ਮਜ਼ਬੂਤ ਬਣਾਉਣ ਲਈ ਚਲਾਈ ਗਈ ਮੁਹਿੰਮ ਦੇ ਤਹਿਤ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ 12 ਜੁਲਾਈ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਰੋਜ਼ਗਾਰ ਮੇਲੇ ਦੀ ਰਾਸ਼ਟਰੀ ਪੱਧਰ 'ਤੇ ਸ਼ੁਰੂਆਤ ਕੀਤੀ ਗਈ। ਇਹ ਵੱਡਾ ਭਰਤੀ ਸਮਾਗਮ ਦੇਸ਼ ਦੇ 47 ਕੇਂਦਰਾਂ 'ਚ ਇਕੋ ਸਮੇਂ ਕੀਤਾ ਗਿਆ। ਇਸ ਸਮਾਗਮ ਦੌਰਾਨ ਕੇਂਦਰੀ ਸਰਕਾਰ ਦੇ ਵੱਖ-ਵੱਖ ਵਿਭਾਗਾਂ ਲਈ ਚੁਣੇ 51,000 ਤੋਂ ਵੱਧ ਨਵੇਂ ਭਰਤੀ ਹੋਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਜਿਸ ਵਿੱਚ ਰੇਲ ਕੋਚ ਫੈਕਟਰੀ ਕਪੂਰਥਲਾ ਵੀ ਸ਼ਾਮਲ ਸੀ। ਰੇਲ ਕੋਚ ਫੈਕਟਰੀ ਕਪੂਰਥਲਾ ਵਿਖੇ ਕੇਂਦਰੀ ਰਾਜ ਮੰਤਰੀ ਕ੍ਰਿਸ਼ਨਪਾਲ ਗੁਜਰ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਅਤੇ ਕੇਂਦਰ ਸਰਕਾਰ ਦੇ ਵੱਖ ਵੱਖ ਵਿਭਾਗਾਂ ਵਿਚ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੀ ਵੰਡੇ ਗਏ। ਰੇਲ ਕੋਚ ਫੈਕਟਰੀ, ਕਪੂਰਥਲਾ ਦੇ ਜਰਨਲ ਮੈਨੇਜਰ ਐਸ.ਐਸ. ਮਿਸ਼ਰ ਵਲੋਂ ਕੇਂਦਰੀ ਮੰਤਰੀ ਦਾ ਸਵਾਗਤ ਕੀਤਾ ਗਿਆ।ਇਸ ਸਮਾਗਮ ਦੌਰਾਨ ਕੇਂਦਰੀ ਰਾਜ ਮੰਤਰੀ ਕ੍ਰਿਸ਼ਨਪਾਲ ਗੁਜਰ ਵਲੋਂ ਨੌਜਵਾਨਾਂ ਨੂੰ ਸੰਬੋਧਿਤ ਹੁੰਦਿਆਂ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਰੋਜ਼ਗਾਰ ਮੇਲੇ ਦੇ ਜ਼ਰੀਏ ਹੁਣ ਤੱਕ 10 ਲੱਖਾਂ ਤੋਂ ਵੱਧ ਨਿਯੁਕਤੀ ਪੱਤਰ ਵੰਡੇ ਜਾ ਚੁੱਕੇ ਹਨ। ਇਸ ਮੌਕੇ ਕੇਂਦਰੀ ਰਾਜ ਮੰਤਰੀ ਗੁਜਰ ਵਲੋਂ ਰੇਲ ਕੋਚ ਫੈਕਟਰੀ ਕਪੂਰਥਲਾ ਵਿੱਚ 64 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੀ ਸੌਂਪੇ ਗਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੋਜ਼ਗਾਰ ਮੇਲੇ ਨੂੰ ਸੰਬੋਧਨ ਕੀਤਾ ਅਤੇ ਵੀਡੀਓ ਕਾਨਫਰੰਸਿੰਗ ਰਾਹੀਂ ਇਕੱਠ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਭਾਰਤ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਇਨ੍ਹਾਂ ਨੌਜਵਾਨਾਂ ਲਈ ਨਵੀਆਂ ਜ਼ਿੰਮੇਵਾਰੀਆਂ ਦੀ ਸ਼ੁਰੂਆਤ ਹੈ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਆਈ ਗੋਟ ਪਲੇਟਫਾਰਮ 'ਤੇ ਜਾ ਕੇ ਆਪਣੇ ਆਪ ਨੂੰ ਲਗਾਤਾਰ ਅਪਗ੍ਰੇਡ ਕਰਦੇ ਰਹੋ। ਤੁਹਾਡੀ ਤਰੱਕੀ ਵਿੱਚ ਦੇਸ਼ ਦਾ ਮਾਣ ਹੈ, ਤੁਹਾਡੀ ਤਰੱਕੀ ਵਿੱਚ ਸੰਤੁਸ਼ਟੀ ਹੈ।



# 11 ਦੇ ਰੋਸ ਮੁਜ਼ਾਹਰੇ ਨੂੰ ਸਫਲ ਬਣਾਉਣ ਲਈ ਪਾਰਟੀ ਵਰਕਰਾਂ ਦਾ ਧੰਨਵਾਦ : ਚਰਨਜੀਤ ਸੁਮਨ



**ਬਲਾਚੌਰ (ਜਸਵਿੰਦਰ ਬੈਂਸ)-** ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਬਲਾਚੌਰ ਦੇ ਉਪ ਪ੍ਰਧਾਨ ਬਖਸ਼ੀਸ਼ ਸਿੰਘ ਜੱਟ ਮਾਜਰਾ, ਜੀ ਬੀ ਵੀ ਐਫ ਦੇ ਤਹਿਸੀਲ ਪ੍ਰਧਾਨ ਵਿਜੇ ਮੇਨਕਾ, ਜਨਰਲ ਸਕੱਤਰ ਗਿਆਨ ਚੰਦ ਬੀ ਪੀ ਓ, ਜ਼ਿਲ੍ਹਾ ਉਪ ਮੁੱਖ ਪ੍ਰਧਾਨ ਡਾਕਟਰ ਮੰਗਤ ਰਾਏ, ਕੈਸ਼ੀਅਰ ਜਸਵਿੰਦਰ ਮਾਨ, ਸ਼ਹਿਰੀ ਪ੍ਰਧਾਨ ਸੁਰਿੰਦਰ ਸੀਹਮਰ , ਸੀਨੀਅਰ ਆਗੂ ਤੁਲਸੀਰਾਮ ਫਤਿਹਪੁਰ ਤੇ ਯੂਥ ਆਗੂ ਡਾਕਟਰ ਰਜਿੰਦਰ ਲੱਕੀ ਨੇ 11 ਜੁਲਾਈ ਦੇ ਧਰਨਾ ਪ੍ਰਦਰਸ਼ਨ ਨੂੰ ਸਫਲ ਕਰਨ ਵਾਲੇ ਸਾਰੇ ਹੀ ਲੀਡਰਾਂ ਅਤੇ ਵਰਕਰਾਂ ਦਾ ਦਿਲੋਂ ਧੰਨਵਾਦ ਕੀਤਾ। ਅੰਤ ਵਿੱਚ ਉਹਨਾਂ ਨੇ ਮੁੜ ਤੋਂ ਸਾਰੀ ਬਹੁਜਨ ਸਮਾਜ ਪਾਰਟੀ ਤਹਿਸੀਲ ਬਲਾਚੌਰ ਦੇ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਪਰਲਜ਼ ਗਰੁੱਪ ਘੁਟਾਲੇ 'ਚ ਕਿਸਾਨ ਆਗੂ ਗੁਰਨਾਮ ਸਿੰਘ ਜੱਸੜਾਂ ਗ੍ਰਿਫ਼ਤਾਰ

**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)-** ਦੇਸ਼ ਦੇ ਪਰਲਜ਼ ਗਰੁੱਪ ਘੁਟਾਲੇ ਵਿੱਚ ਯੂ ਪੀ ਪੁਲਸ ਨਜ਼ਦੀਕੀ ਪਿੰਡ ਜੱਸੜਾਂ ਦੇ ਕਿਸਾਨ ਆਗੂ ਗੁਰਨਾਮ ਸਿੰਘ ਜੱਸੜਾਂ ਨੂੰ ਬੀਤੇ ਦਿਨ ਗ੍ਰਿਫ਼ਤਾਰ ਕਰਕੇ ਆਪਣੇ ਨਾਲ ਲੈ ਗਈ ਹੈ। ਜਾਣਕਾਰੀ ਅਨੁਸਾਰ ਸੰਨ 2018 ਵਿੱਚ ਉੱਤਰ ਪ੍ਰਦੇਸ਼ ਦੇ ਕਾਨਪੁਰ ਵਿਖੇ ਦਰਜ ਕੇਸ ਵਿੱਚ ਯੂ ਪੀ ਪੁਲਸ ਬੀਤੇ ਦਿਨ ਕਿਸਾਨ ਆਗੂ ਗੁਰਨਾਮ ਸਿੰਘ ਦੇ ਪਿੰਡ ਜੱਸੜਾਂ ਤਹਿਸੀਲ ਚਮਕੌਰ ਸਾਹਿਬ ਵਿਖੇ ਤਫਤੀਸ਼ ਕਰਨ ਲਈ ਆਈ ਸੀ। ਉਸ ਸਮੇਂ ਜੱਸੜਾਂ ਆਪਣੇ ਘਰ ਵਿੱਚ ਮੌਜੂਦ ਸਨ। ਪੁਲਸ ਪਰਵਾਰ ਨੂੰ ਦਰਜ ਕੇਸ ਵਿੱਚ ਪੁੱਛ ਪੜਤਾਲ ਕਰਨ ਲਈ ਕਹਿ ਕੇ ਆਪਣੇ ਨਾਲ ਲੈ ਗਈ । ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਯੂ ਪੀ ਪੁਲਸ ਕਿਹੜੇ ਕੇਸ ਵਿੱਚ ਅਤੇ ਕਿੱਥੇ ਲੈ ਕੇ ਗਈ ਹੈ, ਉਨ੍ਹਾਂ ਨੂੰ ਨਹੀਂ ਦੱਸਿਆ ਗਿਆ। ਇਸ ਤੋਂ ਪਹਿਲਾਂ ਵੀ ਗੁਰਨਾਮ ਸਿੰਘ ਕਈ ਮਹੀਨੇ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਸਜ਼ਾ ਕੱਟ ਕੇ ਆਏ ਸਨ। ਜਾਣਕਾਰੀ ਅਨੁਸਾਰ ਗੁਰਨਾਮ ਸਿੰਘ ਜੱਸੜਾਂ ਨੂੰ ਯੂ ਪੀ ਪੁਲਸ ਪਰਲਜ਼ ਗਰੁੱਪ ਘੁਟਾਲੇ ਵਿੱਚ ਨਾਮਜ਼ਦ ਹੋਣ ਕਾਰਨ ਗ੍ਰਿਫ਼ਤਾਰ ਕਰਕੇ ਲੈ ਗਈ ਹੈ, ਕਿਉਂਕਿ ਗੁਰਨਾਮ ਸਿੰਘ ਜੱਸੜਾਂ ਪਰਲਜ਼ ਗਰੁੱਪ ਦੇ ਡਾਇਰੈਕਟਰ ਰਹੇ ਹਨ। ਜਦੋਂ ਕਿ ਪਰਲਜ਼ ਗਰੁੱਪ ਦੇ ਐਮ ਡੀ ਨਿਰਮਲ ਸਿੰਘ ਭੰਗੂ, ਜਿਨ੍ਹਾਂ ਦੀ ਪਿਛਲੇ ਸਾਲ ਮੌਤ ਹੋ ਗਈ ਸੀ, ਦਾ ਵੀ ਪਿੰਡ ਜੱਸੜਾਂ ਦੇ ਬਿਲਕੁਲ ਨੇੜੇ ਪਿੰਡ ਅਟਾਰੀ ਹੈ। ਸਵਰਗੀ ਨਿਰਮਲ ਸਿੰਘ ਭੰਗੂ ਦੇ ਇੱਕ ਬੇਟਾ ਅਤੇ ਦੋ ਬੇਟੀਆਂ ਹਨ, ਜਿਨ੍ਹਾਂ ਵਿੱਚੋਂ ਕੁੱਝ ਸਾਲ ਪਹਿਲਾ ਬੇਟੇ ਦੀ ਵੀ ਮੌਤ ਹੋ ਚੁੱਕੀ ਹੈ। ਇਸ ਤੋਂ ਇਲਾਵਾ ਉਨ੍ਹਾਂ ਦੇ ਭਰਾ ਨਛੱਤਰ ਸਿੰਘ ਭੰਗੂ ਦੀ ਪਿਛਲੇ ਸਾਲ ਮੌਤ ਹੋ ਚੁੱਕੀ ਹੈ, ਜਦੋਂ ਕਿ ਉਕਤ ਦੋਵੇਂ ਭੰਗੂ ਪਰਿਵਾਰ ਬਹੁਤ ਸਾਲਾਂ ਤੋਂ ਮੁਹਾਲੀ ਵਿਖੇ ਹੀ ਰਹਿ ਰਹੇ ਹਨ।



# ਪੰਜਾਬ ਸਰਕਾਰ ਆਪਣੇ ਚਹੇਤਿਆਂ 'ਤੇ ਮੇਹਰਬਾਨ ਸਮੁੱਚਾ ਅਧਿਆਪਕ ਵਰਗ ਪ੍ਰੇਸ਼ਾਨ : ਚਾਹਲ, ਭਗਤ

**ਜਲੰਧਰ (ਰਾਜੇਸ਼ ਥਾਪਾ)-** ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਸਹਾਇਕ ਪ੍ਰੈਸ ਸਕੱਤਰ ਗਣੇਸ਼ ਭਗਤ ਨੇ ਕਿਹਾ ਕਿ ਸਰਕਾਰ ਸਕੂਲਾਂ ਵਿੱਚ ਅਸਿੱਧੇ ਰੂਪ ਵਿੱਚ ਰਾਜਨੀਤੀ ਕਰ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ਼ਾਰੇ ਤੇ ਵਿਧਾਇਕਾਂ ਵੱਲੋਂ ਐਸ.ਐਮ.ਸੀ ਵਿੱਚ ਜੋ ਆਪਣੇ ਦੋ ਚਹੇਤੇ ਮੈਂਬਰ ਦੇ ਰਹੇ ਹਨ, ਉਨ੍ਹਾਂ ਨੂੰ ਖੁਸ਼ ਕਰਨ ਲਈ ਪੰਜਾਬ ਦੇ ਸਮੁੱਚੇ ਅਧਿਆਪਕ ਵਰਗ ਨੂੰ ਪ੍ਰੇਸਾਨ ਕਰ ਰਹੀ ਹੈ। ਜਿਹੜੇ ਸਰਕਾਰ ਦੇ ਚਹੇਤੇ ਐਸ.ਐਮ.ਸੀ ਸੰਵਿਧਾਨ ਦੀਆਂ ਯੋਗਤਾਵਾਂ ਪੂਰੀਆਂ ਨਹੀਂ ਕਰਦੇ। ਸਿੱਖਿਆ ਮਾਹਰ ਮੈਂਬਰ ਬਣਨ ਲਈ ਗਰੈਜੂਏਟ ਜਾਂ ਪੋਸਟ ਗ੍ਰੈਜੂਏਟ ਹੋਣਾ ਬਹੁਤ ਜ਼ਰੂਰੀ ਹੈ ਜਦਕਿ ਦਸਵੀਂ ਜਾਂ ਬਾਰ੍ਹਵੀਂ ਪਾਸ ਧੱਕੇ ਨਾਲ ਸਿੱਖਿਆ ਮਾਹਰ ਥਾਪੇ ਜਾ ਰਹੇ ਹਨ ਜੋ ਕਿ ਸਰਾਸਰ ਗਲਤ ਹੈ, ਜਿਸ ਦੀ ਗੌਰਮਿੰਟ ਟੀਚਰਜ਼ ਯੂਨੀਅਨ ਨਿਖੇਧੀ ਕਰਦੀ ਹੈ। ਅਧਿਆਪਕ ਵਰਗ ਲਈ ਪ੍ਰੇਸ਼ਾਨੀ ਦਾ ਕਾਰਨ ਇਹ ਵੀ ਹੈ। ਕਿ ਇੱਕ ਮੈਂਬਰ ਨੂੰ ਕਈ ਸਕੂਲਾਂ ਦਾ ਮੈਂਬਰ ਬਣਾਇਆ ਜਾ ਰਿਹਾ ਹੈ ਜਿਸ ਨਾਲ ਅਧਿਆਪਕਾਂ ਨੂੰ ਹਸਤਾਖਰ ਕਰਵਾਉਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਅਧਿਆਪਕ ਸਾਰਾ ਸਮਾਂ ਇਸੇ ਹੀ ਕੰਮ ਵਿੱਚ ਲੱਗੇ ਰਹਿਣਗੇ। ਉਹਨਾਂ ਕਿਹਾ ਕਿ ਸਕੂਲਾਂ ਵਿੱਚ ਕੰਮ ਚਲਾਉਣਾ ਬਹੁਤ ਔਖਾ ਹੋ ਜਾਵੇਗਾ। ਅਧਿਆਪਕ 'ਤੇ ਪਹਿਲਾਂ ਵੀ ਗੈਰ ਵਿੱਦਿਅਕ ਕੰਮਾਂ ਤੋਂ ਇਲਾਵਾ ਸਿੱਖਿਆ ਵਿਭਾਗਾਂ ਬੇਲੋੜੀਆਂ ਡਾਕਾਂ ਥੋਪੀਆਂ ਜਾਂਦੀਆਂ ਹਨ। ਅਧਿਆਪਕ ਸਾਰਾ ਦਿਨ ਇਨ੍ਹਾਂ ਡਾਕਾਂ ਵਿੱਚ ਉਲਝਿਆ ਰਹਿੰਦਾ ਹੈ। ਸਕੂਲਾਂ ਨੂੰ ਸਕੂਲ ਦੀ ਥਾਂ ਰਾਜਨੀਤੀ ਦਾ ਅਖਾੜਾ ਨਾ ਬਣਾਇਆ ਜਾਵੇ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਮੁੱਖ ਮੰਤਰੀ ਭਗਵੰਤ ਸਿੰਘ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਮੰਗ ਕਰਦੀ ਹੈ ਕਿ ਆਪਣਾ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ ਨਹੀਂ ਤਾਂ ਗੌਰਮਿੰਟ ਟੀਚਰਜ਼ ਯੂਨੀਅਨ ਟੀਚਰਜ਼ ਯੂਨੀਅਨ ਵਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ।



# ਸਰਪੰਚਾਂ ਦੀਆਂ ਮੁਸ਼ਕਲਾਂ ਹੱਲ ਕਰਵਾਉਣ ਲਈ ਪੰਚਾਇਤ ਯੂਨੀਅਨ ਦੇ ਗਠਨ ਸੰਬੰਧੀ ਮੀਟਿੰਗ 19 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-** ਬਲਾਕ ਫਗਵਾੜਾ ਦੀਆਂ ਪੰਚਾਇਤਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦੇ ਸਬੰਧ 'ਚ ਵਿਚਾਰ ਵਟਾਂਦਰਾ ਕਰਨ ਲਈ ਕਰੀਬ ਦੋ ਦਰਜਨ ਪਿੰਡਾਂ ਦੀਆਂ ਪੰਚਾਇਤਾਂ ਦੀ ਮੀਟਿੰਗ ਅੱਜ ਸਥਾਨਕ ਰੈਸਟ ਹਾਊਸ ਵਿਖੇ ਹੋਈ। ਮੀਟਿੰਗ ਦੌਰਾਨ ਪਿੰਡਾਂ ਦੇ ਰੁਕੇ ਹੋਏ ਵਿਕਾਸ ਕਾਰਜਾਂ, ਸਰਕਾਰੀ ਦਫਤਰਾਂ 'ਚ ਸਰਪੰਚਾਂ ਨੂੰ ਪੂਰਾ ਮਾਣ-ਸਤਕਾਰ ਨਾ ਮਿਲਣ ਵਰਗੇ ਅਨੇਕਾਂ ਮੁੱਦਿਆਂ 'ਤੇ ਚਰਚਾ ਕੀਤੀ ਗਈ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਬਲਵਿੰਦਰ ਕੁਮਾਰ ਬਘਾਣਾ, ਬਲਵਿੰਦਰ ਕੌਰ ਸਰਪੰਚ ਹਰਦਾਸਪੁਰ, ਰੇਸ਼ਮੋ ਸਰਪੰਚ ਸੁੰਨੜਾ ਰਾਜਪੂਤਾਂ, ਪਲਵਿੰਦਰ ਸਿਘ ਸਰਪੰਚ ਰਾਮਗੜ੍ਹ, ਮਨਜੀਤ ਕੁਮਾਰ ਸਰਪੰਚ ਗੰਢਵਾਂ ਅਤੇ ਮੀਨਾ ਕੁਮਾਰੀ ਸਰਪੰਚ ਕਿਰਪਾਲਪੁਰ ਨੇ ਦੱਸਿਆ ਕਿ ਅੱਜ ਦੀ ਮੀਟਿੰਗ 'ਚ ਫੈਸਲਾ ਕੀਤਾ ਗਿਆ ਹੈ ਕਿ ਪੰਚਾਇਤਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਅਗਲੀ ਮੀਟਿੰਗ ਵਿੱਚ ਪੰਚਾਇਤ ਯੂਨੀਅਨ ਬਲਾਕ ਫਗਵਾੜਾ ਦਾ ਗਠਨ ਕੀਤਾ ਜਾਵੇਗਾ। ਤਾਂ ਜੋ ਪਿੰਡਾਂ ਦੇ ਅਧੂਰੇ ਵਿਕਾਸ ਨੂੰ ਪੂਰਾ ਕਰਵਾਉਣ 'ਚ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਯੂਨੀਅਨ ਵਲੋਂ ਦੂਰ ਕਰਵਾਇਆ ਜਾ ਸਕੇ। ਇਸ ਤੋਂ ਇਲਾਵਾ ਬੀ.ਡੀ.ਪੀ.ਓ. ਦਫਤਰ, ਪੁਲਸ ਥਾਣਿਆਂ ਅਤੇ ਹੋਰ ਸਰਕਾਰੀ ਅਦਾਰਿਆਂ ਵਿਚ ਸਰਪੰਚਾਂ ਦੇ ਮਾਣ-ਸਤਿਕਾਰ ਨੂੰ ਵੀ ਯੂਨੀਅਨ ਵਲੋਂ ਯਕੀਨੀ ਬਣਾਇਆ ਜਾਵੇਗਾ। ਇਸ ਦੌਰਾਨ ਉਹਨਾਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਸਰਪੰਚਾਂ ਨੂੰ ਮਿਲਣ ਵਾਲਾ ਮਾਣਭੱਤਾ ਤੁਰੰਤ ਦਿੱਤਾ ਜਾਵੇ ਕਿਉਂਕਿ ਉਹਨਾਂ ਨੂੰ ਪਿੰਡ ਵਾਸੀਆਂ ਦੇ ਜ਼ਰੂਰੀ ਕੰਮ ਕਰਵਾਉਣ ਲਈ ਆਪਣੇ ਕੋਲੋਂ ਖਰਚਾ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਹਨਾਂ ਦੱਸਿਆ ਕਿ ਅਗਲੀ ਮੀਟਿੰਗ 19 ਜੁਲਾਈ ਨੂੰ ਸਵੇਰੇ 11 ਵਜੇ ਰੈਸਟ ਹਾਊਸ ਫਗਵਾੜਾ ਵਿਖੇ ਬੁਲਾਈ ਗਈ ਹੈ। ਇਸ ਦੌਰਾਨ ਉਹਨਾਂ ਸਮੂਹ ਪਿੰਡਾਂ ਦੇ ਸਰਪੰਚਾਂ ਨੂੰ ਮੀਟਿੰਗ 'ਚ ਹਾਜ਼ਰੀ ਯਕੀਨੀ ਬਣਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਹਰਜਿੰਦਰ ਕੌਰ ਸਰਪੰਚ ਮਾਨਾਵਾਲੀ, ਅਨੀਤਾ ਦੇਵੀ ਸਰਪੰਚ ਨਵੀ ਆਬਾਦੀ ਨਾਰੰਗਪੁਰ, ਸੁਨੀਤਾ ਸਰਪੰਚ ਦੁੱਗਾਂ, ਸੁਖਵਿੰਦਰ ਕੌਰ ਸਰਪੰਚ ਮਸਤ ਨਗਰ, ਕੁਲਵੰਤ ਕੌਰ ਸਰਪੰਚ ਢੰਡੋਲੀ, ਜਸਵੀਰ ਕੌਰ ਸਰਪੰਚ ਗੁਜਰਾਤਾਂ, ਰਾਣੀ ਸਰਪੰਚ ਮਹੇੜੂ, ਰਾਮ ਲੁਭਾਇਆ ਸਰਪੰਚ ਨਾਨਕ ਨਗਰੀ, ਰਾਜਕੁਮਾਰ ਸਰਪੰਚ ਨਰੂੜ, ਬਲਵੀਰ ਚੰਦ ਸਰਪੰਚ ਜਗਪਾਲਪੁਰ, ਬਖਸ਼ਿੰਦਰ ਕੌਰ ਸਰਪੰਚ ਸਾਹਨੀ, ਸਤਵਿੰਦਰ ਸਿੰਘ ਸਰਪੰਚ ਜਗਜੀਤਪੁਰ ਆਦਿ ਹਾਜ਼ਰ ਸਨ।



# ਔਰਤਾਂ ਨੂੰ ਸਿੱਖਿਅਤ ਕਰਨਾ ਜਨਸੰਖਿਆ ਕੰਟਰੋਲ ਕਰਨ 'ਚ ਕਰ ਸਕਦਾ ਮਦਦ : ਸਿਵਲ ਸਰਜਨ

**ਬਲਾਚੌਰ (ਜਸਵਿੰਦਰ ਬੈਂਸ)-** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਅੱਜ 11 ਜੁਲਾਈ ਤੋਂ 18 ਜੁਲਾਈ ਤੱਕ ਵਿਸ਼ਵ ਆਬਾਦੀ ਦਿਵਸ ਮਨਾਇਆ ਜਾ ਰਿਹਾ ਹੈ, ਜਿਸ ਦੇ ਸੰਦਰਭ ਵਿਚ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਮੁਹਿੰਮ ਦਾ ਥੀਮ 'ਮਾਂ ਬਣਨ ਦੀ ਉਮਰ ਉਹੀ, ਜਦੋਂ ਤਨ ਤੇ ਮਨ ਦੀ ਤਿਆਰੀ ਸਹੀ' ਹੈ।ਇਸ ਸਬੰਧੀ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਵਿਖੇ ਸਿਹਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਤੇ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਲੋੜੀਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ। ਉਨ੍ਹਾਂ ਦੱਸਿਆ ਕਿ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਹਰ ਸਾਲ ਵਿਸ਼ਵ ਆਬਾਦੀ ਦਿਵਸ ਮੁਹਿੰਮ ਚਲਾਉਂਦਾ ਹੈ ਤਾਂ ਜੋ ਮਾਂ ਅਤੇ ਬੱਚੇ ਦੀ ਸਿਹਤ ਅਤੇ ਤੰਦਰੁਸਤੀ ਲਈ ਜਨਮ ਦੇ ਸਿਹਤਮੰਦ ਸਮੇਂ ਅਤੇ ਦੋ ਬੱਚਿਆਂ ਦੇ ਜਨਮ ਵਿਚਾਲੇ ਵਾਜਬ ਵਕਫ਼ੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜਾ ਸਕੇ।ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਔਰਤਾਂ ਨੂੰ ਸਿੱਖਿਅਤ ਕਰਨਾ ਉਨ੍ਹਾਂ ਨੂੰ ਆਬਾਦੀ ਨੂੰ ਕੰਟਰੋਲ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ। ਉਨ੍ਹਾਂ ਕਿਹਾ, ਜਦੋਂ ਹਰ ਔਰਤ ਪੜ੍ਹੀ-ਲਿਖੀ, ਜ਼ਿੰਮੇਵਾਰੀਆਂ ਤੋਂ ਸੁਚੇਤ ਅਤੇ ਆਪਣੇ ਫਰਜ਼ਾਂ ਤੇ ਅਧਿਕਾਰਾਂ ਤੋਂ ਜਾਣੂ ਹੋਵੇਗੀ ਤਾਂ ਕੁਦਰਤੀ ਤੌਰ 'ਤੇ ਉਹ ਆਬਾਦੀ ਕੰਟਰੋਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।ਉਨ੍ਹਾਂ ਸਿਹਤ ਅਧਿਕਾਰੀਆਂ ਨੂੰ ਕਿਹਾ ਕਿ ਫੀਲਡ ਸਟਾਫ ਨੂੰ ਹਦਾਇਤ ਕੀਤੀ ਜਾਵੇ ਕਿ ਯੋਗ ਵਿਅਕਤੀਆਂ ਨੂੰ ਪਰਵਾਰ ਨਿਯੋਜਨ ਦੇ ਕੱਚੇ ਖ਼ਾਸ ਕਰਕੇ ਪੱਕੇ ਸਾਧਨਾਂ ਨੂੰ ਅਪਣਾਉਣ ਸਬੰਧੀ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮੁਹਿੰਮ ਦੌਰਾਨ ਪਰਵਾਰ ਨਿਯੋਜਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਦੇਰ ਨਾਲ ਵਿਆਹ ਕਰਨ ਦੇ ਨੁਕਸਾਨ, ਦੋ ਬੱਚਿਆਂ ਦੇ ਜਨਮ ਦਰਮਿਆਨ ਵਾਜਬ ਵਕਫ਼ੇ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਯੋਗ ਵਿਅਕਤੀਆਂ ਨੂੰ ਪਰਵਾਰ ਨਿਯੋਜਨ ਦੇ ਕੱਚੇ ਅਤੇ ਪੱਕੇ ਸਾਧਨ ਜਿਵੇਂ ਨਸਬੰਦੀ, ਨਲਬੰਦੀ, ਗਰਭ ਰੋਕੂ ਅੰਤਰਾ ਟੀਕਾ, ਛਾਇਆ ਗੋਲੀ, ਕਾਪਰ-ਟੀ, ਪੀ.ਪੀ.ਆਈ.ਯੂ.ਸੀ.ਡੀ, ਓਰਲ ਪਿੱਲਸ ਅਤੇ ਕੰਡੋਮ ਆਦਿ ਅਪਣਾਉਣ ਲਈ ਆਪਣੇ ਨਜ਼ਦੀਕ ਦੇ ਸਿਹਤ ਕੇਂਦਰਾਂ ਨਾਲ ਸੰਪਰਕ ਕਰਨ ਲਈ ਦੱਸਿਆ ਜਾਵੇ।ਉਨ੍ਹਾਂ ਕਿਹਾ ਕਿ ਵਧ ਰਹੀ ਆਬਾਦੀ 'ਤੇ ਕਾਬੂ ਪਾਉਣ ਲਈ ਲੜਕੇ ਅਤੇ ਲੜਕੀ ਦਾ ਸਹੀ ਉਮਰ ਵਿੱਚ ਵਿਆਹ, ਪਹਿਲਾ ਬੱਚਾ ਦੇਰੀ ਨਾਲ, ਪਰਵਾਰ ਨਿਯੋਜਨ ਵਿਚ ਪੁਰਸ਼ਾਂ ਦੀ ਭਾਗੀਦਾਰੀ, ਬੱਚਿਆਂ ਵਿੱਚ ਘੱਟੋ-ਘੱਟ ਤਿੰਨ ਸਾਲ ਦਾ ਅੰਤਰ ਰੱਖੀਏ। ਲੜਕੇ ਅਤੇ ਲੜਕੀ ਵਿੱਚ ਫਰਕ ਨਾ ਸਮਝ ਕੇ ਸਿਰਫ ਦੋ ਹੀ ਬੱਚਿਆਂ ਨੂੰ ਜਨਮ ਦੇਈਏ ਤਾਂ ਹੀ ਅਸੀਂ ਆਬਾਦੀ 'ਤੇ ਕੰਟਰੋਲ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਪਰਿਵਾਰ ਦੇ ਉੱਜਵਲ ਭਵਿੱਖ ਲਈ ਕੇਵਲ ਦੋ ਬੱਚੇ ਹੀ ਕਾਫੀ ਹੁੰਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪਰਵਾਰ ਨਿਯੋਜਨ ਦੇ ਸਾਧਨ ਅਪਨਾਉਣ ਲਈ ਸਿਹਤ ਵਿਭਾਗ ਵੱਲੋਂ ਲਾਭਪਾਤਰੀ ਨੂੰ ਵਿੱਤੀ ਲਾਭ ਮੁਹੱਈਆ ਕਰਵਾਏ ਜਾਂਦੇ ਹਨ। ਪੋਸਟ ਪਾਰਟਮ ਆਈ.ਯੂ.ਸੀ.ਡੀ (ਪੀ.ਪੀ.ਆਈ.ਯੂ.ਸੀ.ਡੀ.) ਲਗਵਾਉਣ ਲਈ ਔਰਤਾਂ ਨੂੰ 300 ਰੁਪਏ, ਆਈ.ਯੂ.ਸੀ.ਡੀ. ਲਗਵਾਉਣ ਲਈ ਔਰਤਾਂ ਨੂੰ 200 ਰੁਪਏ ਦਿੱਤੇ ਜਾਂਦੇ ਹਨ। ਚੀਰਾ-ਰਹਿਤ ਨਸਬੰਦੀ ਕਰਵਾਉਣ ਲਈ ਪੁਰਸ਼ਾਂ ਲਈ 1100 ਰੁਪਏ ਅਤੇ ਨਲਬੰਦੀ ਕਰਵਾਉਣ ਵਾਲੀ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ 600 ਰੁਪਏ ਅਤੇ ਆਮ ਵਰਗ ਦੀਆਂ ਔਰਤਾਂ ਨੂੰ 250 ਰੁਪਏ ਦਿੱਤੇ ਜਾਂਦੇ ਹਨ।ਇਸ ਮੌਕੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਤੇ ਹੈਲਥ ਇੰਸਪੈਕਟਰ ਦਿਲਬਾਗ ਸਿੰਘ ਸਮੇਤ ਹੋਰ ਸਿਹਤ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।



# ਕਾਂਗਰਸ ਸੰਵਿਧਾਨ ਲਾਗੂ ਕਰਨ ਬਾਰੇ ਕੁਝ ਨਹੀਂ ਬੋਲਦੀ : ਮਲਕੀਤ ਚੁੰਬਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਮੀਡੀਆ ਨੂੰ ਜਾਣਕਾਰੀ ਦਿੰਦਿਆਂ ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਨਕੋਦਰ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਨੇ ਕਿਹਾ ਕਿ ਇਥੇ ਸਾਹਿਬ ਕਾਂਸ਼ੀ ਰਾਮ ਦੀ ਗੱਲ ਸਮਝਣੀ ਬਹੁਤ ਜ਼ਰੂਰੀ ਹੈ ਕਿ ਗ਼ਰੀਬਾਂ ਦੀ ਰੱਖਿਆ ਲਈ ਐਕਟ ਜਿੰਨੇ ਮਰਜ਼ੀ ਬਣ ਜਾਣ, ਜਿੰਨੀ ਦੇਰ ਐਕਟ ਉਪਰ ਸਹੀ ਮਾਅਨਿਆਂ ਵਿੱਚ ਐਕਸ਼ਨ ਨਹੀਂ, ਐਕਟ ਬੇਕਾਰ ਹੈ। ਜਿਵੇਂ ਕਾਂਗਰਸ ਦੇ ਰਾਜ ਸਮੇਂ ਰਾਜਸਥਾਨ ਵਿਚ ਛੋਟਾ ਬੱਚਾ ਇੰਦਰ ਮੇਘਵਾਲ ਇਸ ਕਰਕੇ ਮਾਰਿਆ ਗਿਆ, ਕਿ ਉਸ ਨੇ ਘੜੇ ਨੂੰ ਹੱਥ ਲਾਇਆ ਹੈ, ਇਸੇ ਤਰ੍ਹਾਂ ਭਾਜਪਾ ਦੇ ਰਾਜ ਉੱਤਰ ਪ੍ਰਦੇਸ਼ ਵਿੱਚ ਦਲਿਤ ਬੇਟੀ ਮਨੀਸ਼ਾ ਵਾਲਮੀਕਿ ਦਾ ਰੇਪ ਕਰਕੇ ਕਤਲ ਕਰ ਦਿੱਤਾ ਗਿਆ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਦਲਿਤਾਂ ਨਾਲ ਹੁੰਦੇ ਅੱਤਿਆਚਾਰ ਦੀ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ। ਜਿਸ ਤੋਂ ਸਾਫ ਹੈ ਕਿ ਕਾਂਗਰਸ, ਭਾਜਪਾ ਆਮ ਆਦਮੀ ਪਾਰਟੀ ਅਤੇ ਹੋਰ ਮਨੂੰਵਾਦੀ ਪਾਰਟੀਆਂ ਸੰਵਿਧਾਨ-ਸੰਵਿਧਾਨ ਤਾਂ ਜ਼ਰੂਰ ਖੇਡਦੀਆਂ ਹਨ ਪਰ ਸੰਵਿਧਾਨ ਲਾਗੂ ਕਰਨ ਨਾਲ ਇਹਨਾਂ ਨੂੰ ਕੋਈ ਮਤਲਬ ਨਹੀਂ । ਜੇਕਰ ਮਤਲਬ ਹੁੰਦਾ ਤਾਂ ਇਹਨਾਂ ਦੇ ਰਾਜ ਵਿੱਚ ਇੰਦਰ ਮੇਘਵਾਲ ਦਾ ਕਤਲ ਨਾ ਹੁੰਦਾ, ਮਨੀਸ਼ਾ ਬੇਟੀ ਦਾ ਕਲਤ ਨਾ ਹੁੰਦਾ, ਮਣੀਪੁਰ ਵਿਚ ਫੌਜੀ ਵੀਰ ਦੀ ਔਰਤ ਨੂੰ ਨੰਗਾ ਕਰਕੇ ਨਾ ਘੁਮਾਇਆ ਜਾਂਦਾ। ਜਿਸ ਤੋਂ ਸਾਫ ਜ਼ਾਹਰ ਹੈ ਕਿ ਜਿਹਨਾਂ ਨੇ ਵੀ ਹੁਣ ਤਕ ਰਾਜ ਕੀਤਾ ਹੈ, ਇਹ ਸਾਰੀਆਂ ਮਨੂੰਵਾਦੀ ਵਿਚਾਰਧਾਰਾ ਵਾਲੀਆਂ ਪਾਰਟੀਆਂ ਹਨ। ਸਾਨੂੰ ਇਹਨਾਂ ਤੋ ਸਾਵਧਾਨ ਰਹਿਣ ਦੀ ਲੋੜ ਹੈ। ਸਾਨੂੰ ਜੋ ਸਾਰਿਆਂ ਨੂੰ ਨਾਲ ਲੈ ਕੇ ਚਲਦੀ ਹੈ, ਬਹੁਜਨ ਸਮਾਜ ਪਾਰਟੀ ਨੂੰ ਮੌਕਾ ਦੇਣਾ ਚਾਹੀਦਾ ਹੈ।





# 11 ਅਕਤੂਬਰ ਨੂੰ 35 ਵੇਂ ਸਾਲਾਨਾ ਲੋੜਵੰਦ ਧੀਆਂ ਦੇ ਵਿਆਹ ਲਈ ਸੱਦਾ

**ਫਗਵਾੜਾ (ਜਸਵਿੰਦਰ ਢੱਡਾ)-** ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਪ੍ਰਧਾਨ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਵਿੱਚ 35ਵੇਂ ਸਾਲਾਨਾ ਲੋੜਵੰਦ ਧੀਆਂ ਦੇ ਵਿਆਹ ਜੋ ਕਿ 11 ਅਕਤੂਬਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਏ ਜਾਣੇ ਹਨ, ਦਾ ਸੱਦਾ ਪੱਤਰ ਪੰਚਾਇਤ ਸਕੱਤਰ ਮਲਕੀਅਤ ਚੰਦ ਦੀ ਅਗਵਾਈ ਵਿੱਚ ਫਗਵਾੜਾ ਬਲਾਕ ਦੇ ਵੱਖ ਵੱਖ ਪਿੰਡਾਂ ਦੇ ਸਰਪੰਚਾਂ ਨਾਲ ਮੀਟਿੰਗ ਕਰਕੇ ਦਿੱਤਾ ਗਿਆ। ਇਸ ਮੌਕੇ ਸਭਾ ਦੇ ਮੈਂਬਰਾਂ ਵੱਲੋਂ ਜ਼ਰੂਰਤਮੰਦ ਪਰਵਾਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੰਨਿਆਦਾਨ ਦੇ ਮਹਾਂਕੁੰਭ ਵਿੱਚ ਆਪਣੀਆਂ ਧੀਆਂ ਦੇ ਵਿਆਹ ਕਰਵਾਉਣ ਲਈ ਸਾਡੇ ਸਰਪੰਚਾਂ ਨਾਲ ਜਾਂ ਸਭਾ ਦੇ ਮੈਂਬਰਾਂ ਨਾਲ ਜਲਦੀ ਤੋਂ ਜਲਦੀ ਸੰਪਰਕ ਕਰਨ। ਇਸ ਮੌਕੇ ਪੰਚਾਇਤ ਸਕੱਤਰ ਜਰਨੈਲ ਸਿੰਘ ਚਥਰਥ, ਪੰਚਾਇਤ ਸਕੱਤਰ ਨਰਿੰਦਰ ਸਿੰਘ, ਰਣਬੀਰ ਸਿੰਘ ਪੰਚ ਜਗਤਪੁਰ ਜੱਟਾਂ, ਬੇਚਿੰਤ ਸਿੰਘ ਸਰਪੰਚ ਡਮੇਲੀ, ਵਿਜੈ ਕੁਮਾਰ ਸਰਪੰਚ ਭਬਿਆਣਾ, ਸੁਖਦੇਵ ਸਿੰਘ ਸਰਪੰਚ ਸਾਹਨੀ, ਨਰਿੰਦਰ ਸੈਣੀ, ਰਾਕੇਸ਼ ਕੋਛੜ, ਮਨਦੀਪ ਸਿੰਘ ਪਿਆਰਾ ਸਰਪੰਚ ਖਜੂਰਲਾ, ਵਿਜੈ ਕੁਮਾਰ ਸਰਪੰਚ ਢੱਕ ਪੰਡੋਰੀ, ਨਿਰਮਲ ਸਿੰਘ ਸਰਪੰਚ ਰਾਵਲਪਿੰਡੀ, ਸੁਰਜੀਤ ਕੌਰ ਸਰਪੰਚ ਨਾਰੰਗਸ਼ਾਹਪੁਰ, ਸ੍ਰੀਮਤੀ ਰਾਣੀ ਸਰਪੰਚ ਮਹੇੜੂ, ਹਰਬੰਸ ਕੌਰ ਸਰਪੰਚ ਬ੍ਰਹਮਪੁਰ, ਸੁਖਜੀਵਨ ਕੌਰ ਸਰਪੰਚ ਸਪਰੋੜ, ਰਜਤ ਭਨੋਟ ਸਰਪੰਚ ਭੁੱਲਾਰਾਇ, ਧਰਮਿੰਦਰ ਕੌਰ ਸਰਪੰਚ ਬਲਾਲੋਂ, ਰਾਮਪਾਲ ਸਾਹਨੀ ਸਾਬਕਾ ਸਰਪੰਚ ਸਾਹਨੀ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਹੋਈ ਮਹੀਨਾਵਾਰ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਪੰਜਾਬ ਪੈਨਸ਼ਨਰਜ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਪਾਰਟੀ ਦਫਤਰ ਵਿਖੇ ਓਂਕਾਰ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਹੋਈ। ਸਭ ਤੋਂ ਪਹਿਲਾਂ ਅਹਿਮਦਾਬਾਦ ਵਿਖੇ ਵਾਪਰੀ ਹਵਾਈ ਜਹਾਜ਼ ਦੁਰਘਟਨਾ ਵਿੱਚ ਮਾਰੇ ਗਏ ਯਾਤਰੂਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਦੁਰਘਟਨਾ 'ਤੇ ਡੂੰਘਾ ਅਫਸੋਸ ਪ੍ਰਗਟ ਕੀਤਾ ਗਿਆ। ਉਪਰੰਤ ਯੂਨੀਅਨ ਆਗੂਆਂ ਓਂਕਾਰ ਸਿੰਘ ਪ੍ਰਧਾਨ, ਅਮਰੀਕ ਸਿੰਘ ਜਨਰਲ ਸਕੱਤਰ, ਜਗਜੀਤ ਸਿੰਘ ਜੱਗੀ ਮੀਤ ਜਨਰਲ ਸਕੱਤਰ ਅਤੇ ਬਿੱਕਰ ਸਿੰਘ ਨੇ ਪੰਜਾਬ ਸਰਕਾਰ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਕਿਹਾ ਕਿ ਸਰਕਾਰ ਵੱਲੋਂ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਰੱਦ ਕਰਨ ਦਾ ਹੀ ਸੁਭਾਅ ਹੀ ਬਣ ਗਿਆ ਹੈ ਜਿਵੇਂ ਜ਼ਿਮਨੀ ਚੋਣ ਜਲੰਧਰ ਅਤੇ ਲੁਧਿਆਣਾ ਦੌਰਾਨ ਵਾਪਰਿਆ ਹੈ। ਉਹਨਾਂ ਕਿਹਾ ਕਿ ਮੁਲਾਜ਼ਮਾਂ/ਪੈਨਸ਼ਨਰਾਂ ਵਿੱਚ ਸਰਕਾਰ ਪ੍ਰਤੀ ਨਫਰਤ ਅਤੇ ਗੁੱਸਾ ਹੈ। ਇਸ ਗੁੱਸੇ ਨੂੰ ਸ਼ਾਂਤ ਕਰਨ ਲਈ ਪੰਜਾਬ ਸਰਕਾਰ ਨੂੰ 15 ਜੁਲਾਈ ਨੂੰ ਰੱਖੀ ਸਬ ਕਮੇਟੀ ਨਾਲ ਮੀਟਿੰਗ ਵਿੱਚ ਕੋਈ ਸਥਾਈ ਹੱਲ ਲੱਭ ਕੇ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਮੰਗਾਂ 'ਤੇ ਸਹਿਮਤੀ ਪ੍ਰਗਟ ਕਰਕੇ ਐਲਾਨ ਕਰਨਾ ਚਾਹੀਦਾ ਹੈ। ਯੂਨੀਅਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ 6ਵੇਂ ਪੇ ਕਮਿਸ਼ਨ ਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਰਹਿੰਦਾ ਡੀ ਏ 13 ਪ੍ਰਤੀਸ਼ਤ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮੈਡੀਕਲ ਬਿੱਲਾਂ ਦਾ ਜਲਦ ਭੁਗਤਾਨ ਕੀਤਾ ਜਾਵੇ, ਪੈਨਸ਼ਨਰਾਂ ਨੂੰ 2.59 ਦੇ ਗੁਣਾਂਕ ਨਾਲ ਪੈਨਸ਼ਨ ਦਿੱਤੀ ਜਾਵੇ, ਸੱਤਵਾਂ ਪੇ ਕਮਿਸ਼ਨ ਲਾਗੂ ਕੀਤਾ ਜਾਵੇ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਜੋਗਾ ਸਿੰਘ, ਕੁਲਦੀਪ ਸਿੰਘ ਸੈਣੀ, ਬਲਵੀਰ ਸਿੰਘ, ਬਲਦੇਵ ਸਿੰਘ, ਸੰਤੋਸ਼ ਸਿੰਘ, ਸੁਰਜੀਤ ਸਿੰਘ, ਦਵਿੰਦਰ ਸਿੰਘ, ਅਰਜਨ ਸਿੰਘ, ਗੁਰਮੀਤ ਸਿੰਘ, ਗੁਰਦੇਵ ਸਿੰਘ, ਸੰਤੋਖ ਸਿੰਘ, ਹਰਬੰਸ ਲਾਲ ਆਦਿ ਹਾਜ਼ਰ ਸਨ।



# ਵਿਦਿਆਰਥੀ ਵਿਕਸਿਤ ਭਾਰਤ ਦੇ ਸੰਕਲਪ ਨੂੰ ਕਰਨ ਸਾਕਾਰ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)-** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ, ਇਸ ਲਈ ਉਨ੍ਹਾਂ ਨੂੰ ਨਸ਼ੇ ਤੋਂ ਦੂਰ ਰਹਿੰਦੇ ਹੋਏ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਪ੍ਰਧਾਨ ਮੰਤਰੀ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਮੁੱਖ ਮੰਤਰੀ ਪੰਚਕੂਲਾ ਵਿੱਚ 10ਵੀਂ ਅਤੇ 12ਵੀਂ ਦੇ ਸੂਬਾ ਅਤੇ ਜ਼ਿਲ੍ਹੇ ਪੱਧਰ ਦੇ ਟਾਪਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਪ੍ਰਬੰਧਿਤ ਮੇਧਾਵੀ ਵਿਦਿਆਰਥੀ ਸਨਮਾਨ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ।ਮੁੱਖ ਮੰਤਰੀ ਨੇ ਇਸ ਮੌਕੇ ਸਾਰੀਆਂ ਫੈਕਲਟੀਆਂ ਵਿੱਚ ਸੂਬਾ ਅਤੇ ਜ਼ਿਲ੍ਹੇ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ 275 ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਅਤੇ ਉਨ੍ਹਾਂ ਦਾ ਹੌਂਸਲਾ ਵਧਾਇਆ।ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਬੁਨਿਆਦੀ ਢਾਂਚੇ ਵਿੱਚ ਸੁਧਾਰ ਲਈ ਲਗਾਤਾਰ ਕੰਮ ਕਰ ਰਹੀ ਹੈ। ਸੂਬੇ ਵਿੱਚ ਨਾ ਸਿਰਫ਼ ਸਕੂਲੀ ਸਿੱਖਿਆ, ਸਗੋਂ ਉਚੇਰੀ ਸਿੱਖਿਆ ਦੇ ਖੇਤਰ ਵਿੱਚ ਵੀ ਪਿਛਲੇ ਸਾਡੇ 10 ਸਾਲਾਂ ਵਿੱਚ ਮਹੱਤਵਪੂਰਨ ਤਰੱਕੀ ਹੋਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ 15 ਜ਼ਿਲ੍ਹਿਆਂ ਵਿੱਚ ਮੈਡੀਕਲ ਕਾਲਜਾਂ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਬਾਕੀ ਜ਼ਿਲ੍ਹਿਆਂ ਵਿੱਚ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਨੇ ਕੁੜੀਆਂ ਨੂੰ ਉਚੇਰੀ ਸਿੱਖਿਆ ਮੁਹੱਈਆ ਕਰਵਾਉਣ ਦੇ ਟੀਚੇ ਨਾਲ ਹਰ 20 ਕਿਲੋਮੀਟਰ ਦੀ ਦੂਰੀ 'ਤੇ ਡਿਗਰੀ ਕਾਲੇਜ ਸਥਾਪਿਤ ਕੀਤੇ ਹਨ, ਤਾਂ ਜੋ ਉਨ੍ਹਾਂ ਨੂੰ ਪੜ੍ਹਾਈ ਲਈ ਦੂਰ ਨਾ ਜਾਣਾ ਪਵੇ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਤੈਅ ਕੀਤਾ ਹੈ ਕਿ 12ਵੀਂ ਵਿੱਚ 90 ਫੀਸਦੀ ਤੋਂ ਵੱਧ ਅੰਕ ਲੈਣ ਵਾਲੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ 1 ਲੱਖ 11 ਹਜ਼ਾਰ ਰੁਪਏ ਪੁਰਸਕਾਰ ਵਜੋਂ ਪ੍ਰਦਾਨ ਕੀਤੇ ਜਾਣਗੇ।ਮੁੱਖ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਆਉਣ ਵਾਲੀ ਪੀੜ੍ਹੀ ਨੂੰ ਸਿੱਖਿਅਤ, ਚਰਿਤਰਵਾਨ, ਸਿਹਤਮੰਦ ਅਤੇ ਕੁਸ਼ਲ ਬਣਾਉਣ ਲਈ ਵਚਨਬੱਧ ਹੈ।ਇਸ ਮੌਕੇ ਵਿਧਾਇਕ ਸ਼ਕਤੀ ਰਾਣੀ, ਪੰਚਕੂਲਾ ਦੇ ਮੇਅਰ ਕੁਲਭੂਸ਼ਣ ਗੋਇਲ, ਹਰਿਆਣਾ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਪਵਨ ਸ਼ਰਮਾ, ਸਾਬਕਾ ਵਿਧਾਨ ਸਭਾ ਸਪੀਕਰ ਗਿਆਨਚੰਦ ਗੁਪਤਾ, ਭਾਜਪਾ ਜ਼ਿਲਾ ਪ੍ਰਧਾਨ ਅਜੈ ਮਿੱਤਲ ਸਮੇਤ ਵੱਖ ਵੱਖ ਮਾਣਯੋਗ ਲੋਕ ਅਤੇ ਮੇਧਾਵੀ ਵਿਦਿਆਰਥੀਆਂ ਦੇ ਮਾਂ-ਪਿਓ ਅਤੇ ਅਧਿਆਪਕ ਮੌਜੂਦ ਰਹੇ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੇ ਟੀ ਬੀ ਮਰੀਜ਼ਾਂ ਨੂੰ ਵੰਡੀਆਂ ਪੋਸ਼ਣ ਕਿੱਟਾਂ

**ਜਲੰਧਰ (ਸੁਰਿੰਦਰ ਕੁਮਾਰ)-** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਸ਼ਹਿਰ ਦੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਟੀ.ਬੀ. ਦੀ ਬਿਮਾਰੀ ਤੋਂ ਪੀੜਤ 150 ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਮੁੱਖ ਮੰਤਰੀ ਫੀਲਡ ਅਫ਼ਸਰ ਮੁਕੀਲਨ ਆਰ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਮੌਕੇ ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਟੀ.ਬੀ. ਕੋਈ ਲਾਇਲਾਜ ਬਿਮਾਰੀ ਨਹੀਂ ਬਲਕਿ ਲਗਾਤਾਰ ਦਵਾਈ ਦਾ ਸੇਵਨ ਕਰਨ ਨਾਲ ਠੀਕ ਹੋ ਜਾਂਦੀ ਹੈ।ਇਸ ਮੌਕੇ ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਰਿਤੂ ਨੇ ਟੀ.ਬੀ. ਦੇ ਲੱਛਣਾਂ, ਬਚਾਅ ਅਤੇ ਇਲਾਜ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਟੀ ਬੀ ਦੀ ਬਿਮਾਰੀ ਇਲਾਜਯੋਗ ਹੈ। ਇਸ ਲਈ ਬਿਨਾਂ ਦੇਰੀ ਤੋਂ ਸਿਵਲ ਹਸਪਤਾਲ 'ਚ ਜਾਂਚ ਕਰਵਾ ਕੇ ਪੂਰਾ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਦੌਰਾਨ ਰੈੱਡ ਕਰਾਸ ਸਕੂਲ ਫਾਰ ਡੈਫ ਅਤੇ ਡੰਬ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਭਾਰਗੋ ਕੈਂਪ, ਅਬਾਦਪੁਰਾ ਸਕੂਲ ਅਤੇ ਸਰਕਾਰੀ ਆਈ.ਟੀ.ਆਈ. ਦੇ ਵਿਦਿਆਰਥੀਆਂ ਵੱਲੋਂ ਵੀ ਸ਼ਿਰਕਤ ਕੀਤੀ ਗਈ, ਜਿਨ੍ਹਾਂ ਨੂੰ ਟੀ.ਬੀ. ਦੀ ਬਿਮਾਰੀ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ।ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਡਾ. ਸੁਰਜੀਤ ਲਾਲ ਨੇ ਮੁੱਖ ਮਹਿਮਾਨ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਵੱਲੋਂ ਟੀ.ਬੀ. ਦੇ ਮਰੀਜ਼ਾਂ ਨੂੰ ਹਰ ਮਹੀਨੇ ਮੁਫ਼ਤ ਪੋਸ਼ਣ ਕਿੱਟਾਂ ਮੁਹੱਈਆ ਕਰਵਾਉਣ ਦਾ ਬੀੜਾ ਚੁੱਕਿਆ ਹੈ ਅਤੇ ਇਹ ਪੋਸ਼ਣ ਵੰਡ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਚਲਾਈ ਜਾਵੇਗੀ। ਇਸ ਮੌਕੇ ਦਾਨੀ ਸੱਜਣਾਂ 'ਚ ਸਤਪਾਲ ਸਿੰਘ, ਸੁਰਿੰਦਰ ਸਿੰਘ ਕਾਹਲੋਂ, ਨੇਕ ਰਾਮ, ਸੰਨੀ ਕੁਮਾਰ, ਸੁਨੀਲ ਕੁਮਾਰ, ਅਮਰੀਕ ਸਿੰਘ, ਨਿਤਨ ਚੋਡਾ, ਸੀਨੂ ਵਿਵੇਕ, ਕਮਲਜੀਤ ਸਿੰਘ, ਗੁਰਦੇਵ ਰਾਜ ਲੰਬੜਦਾਰ, ਅਸ਼ੀਸ਼ ਸੋਹਲ ਸ਼ਾਮਲ ਸਨ। ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਮੰਤਵ ਨਾਲ ਸਮਾਗਮ ਵਿੱਚ ਸ਼ਾਮਲ ਮਰੀਜ਼ਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਬੂਟੇ ਵੰਡੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰੈੱਡ ਕਰਾਸ ਸੁਸਾਇਟੀ ਦਾ ਸਮੂਹ ਸਟਾਫ਼ ਵੀ ਮੌਜੂਦ ਸੀ।



# ਦਾਣਾ ਮੰਡੀ 'ਚ 3.50 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)-** ਦਾਣਾ ਮੰਡੀ ਹੁਸ਼ਿਆਰਪੁਰ ਵਿਚ ਬਾਰਿਸ਼ਾਂ ਦੌਰਾਨ ਪਾਣੀ ਭਰਨ ਅਤੇ ਟੁੱਟੀਆਂ ਸੜਕਾਂ ਦੀ ਸਮੱਸਿਆ ਦੇ ਮੱਦੇਨਜ਼ਰ ਹੁਣ ਮੰਡੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ 3.50 ਕਰੋੜ ਰੁਪਏ ਦੀ ਲਾਗਤ ਨਾਲ ਵੱਡੇ ਪੱਧਰ 'ਤੇ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ। ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ ਦੀ ਮੌਜੂਦਗੀ ਵਿਚ ਇਨ੍ਹਾਂ ਕੰਮਾਂ ਦਾ ਉਦਘਾਟਨ ਕੀਤਾ। ਇਨ੍ਹਾਂ ਵਿਚ ਮਾਰਕੀਟ ਦੀਆਂ ਅੰਦਰੂਨੀ ਸੜਕਾਂ 'ਤੇ ਸੀ.ਸੀ ਫਲੋਰਿੰਗ ਦਾ ਕੰਮ ਅਤੇ ਪੁਰਾਣੇ ਜਲ ਸਪਲਾਈ ਅਤੇ ਸੀਵਰੇਜ ਸਿਸਟਮ ਨੂੰ ਅਪਗ੍ਰੇਡ ਕਰਨਾ ਸ਼ਾਮਲ ਹੈ।ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਮੰਡੀ ਦਾ ਪੱਧਰ ਮੁੱਖ ਸੜਕ ਨਾਲੋਂ ਨੀਵਾਂ ਹੋਣ ਕਰਕੇ ਮੀਂਹ ਦੌਰਾਨ ਪਾਣੀ ਇਕੱਠਾ ਹੋ ਜਾਂਦਾ ਹੈ, ਜਿਸ ਨਾਲ ਸੜਕਾਂ ਨੂੰ ਨੁਕਸਾਨ ਹੁੰਦਾ ਹੈ ਅਤੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ। ਇਸ ਸਮੱਸਿਆ ਦੇ ਹੱਲ ਲਈ ਮੰਡੀ ਦੀਆਂ ਅੰਦਰੂਨੀ ਸੜਕਾਂ 'ਤੇ 249.94 ਲੱਖ ਰੁਪਏ ਦੀ ਲਾਗਤ ਨਾਲ ਸੀਮਿੰਟ ਕੰਕਰੀਟ ਦੇ ਫ਼ਰਸ਼ ਪਾਉਣ ਦਾ ਕੰਮ ਮਨਜ਼ੂਰ ਕੀਤਾ ਗਿਆ ਹੈ, ਜੋ ਕਿ ਜਲਦੀ ਹੀ ਸ਼ੁਰੂ ਹੋ ਜਾਵੇਗਾ ਅਤੇ 9 ਮਹੀਨਿਆਂ ਦੇ ਅੰਦਰ ਪੂਰਾ ਹੋ ਜਾਵੇਗਾ। ਇਸ ਤੋਂ ਇਲਾਵਾ 65-70 ਸਾਲ ਪੁਰਾਣੀਆਂ ਜਲ ਸਪਲਾਈ ਪਾਈਪਾਂ ਦੀ ਜਗ੍ਹਾ ਨਵੀਆਂ ਪਾਈਪਾਂ ਵਿਛਾਈਆਂ ਜਾਣਗੀਆਂ। 102.54 ਲੱਖ ਰੁਪਏ ਦੀ ਲਾਗਤ ਨਾਲ ਜਲ ਸਪਲਾਈ ਅਤੇ ਸੀਵਰੇਜ ਪ੍ਰਣਾਲੀ ਨੂੰ ਅਪਗ੍ਰੇਡ ਕੀਤਾ ਜਾਵੇਗਾ, ਜਿਸ ਨਾਲ ਪਾਣੀ ਭਰਨ ਅਤੇ ਲੀਕੇਜ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ।ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਮਾਰਕੀਟ ਦੇ ਨਾਲ ਲੱਗਦੇ ਰਿਹਾਇਸ਼ੀ ਖੇਤਰ ਵਿਚ ਪਾਰਕ ਦਾ ਵੀ ਸੁੰਦਰੀਕਰਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਆੜ੍ਹਤੀਆਂ ਦੀ ਮੰਗ 'ਤੇ ਚੰਡੀਗੜ੍ਹ ਤੋਂ ਅਧਿਕਾਰੀਆਂ ਨੇ ਸ਼ੈੱਡ ਦੇ ਵਿਸਥਾਰ ਲਈ ਵੀ ਦੌਰਾ ਕੀਤਾ ਹੈ, ਜਿਸ ਦੀ ਉਸਾਰੀ ਜਲਦੀ ਹੀ ਕੀਤੀ ਜਾਵੇਗੀ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ ਨੇ ਲੋਕ ਸਭਾ ਮੈਂਬਰ ਅਤੇ ਵਿਧਾਇਕ ਦਾ ਧੰਨਵਾਦ ਕੀਤਾ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਹਨੀ ਸੂਦ, ਸੁਧੀਰ ਸੂਦ, ਕੌਂਸਲਰ ਬਲਵਿੰਦਰ ਬਿੰਦੀ, ਜਸਵੰਤ ਰਾਏ, ਤਰਸੇਮ ਮੋਦਗਿਲ, ਬਿੰਦੂ ਸ਼ਰਮਾ, ਸਤਵੰਤ ਸਿੰਘ ਸਿਆਣ, ਕੁਲਵਿੰਦਰ ਸਿੰਘ ਹੁੰਦਲ, ਜਸਪਾਲ ਸੁਮਨ, ਜੋਗਿੰਦਰ ਰਾਜਾ, ਮਨਜੋਤ ਕੌਰ, ਕੰਚਨ ਦਿਓਲ, ਬਲਦੀਪ, ਕੌਂਸਲਰ ਬਲਵਿੰਦਰ ਬਾਘਾ, ਮਨਜੀਤ ਸਿੰਘ, ਮਨਜੀਤ ਕੌਰ, ਵਰਿੰਦਰ ਵੈਦ, ਸੁਮੇਸ਼ ਸੋਨੀ, ਮਨੋਜ ਦੱਤਾ, ਕ੍ਰਿਸ਼ਨ ਗੋਪਾਲ ਸ਼ਰਮਾ, ਰਜਿੰਦਰ, ਨਰਿੰਦਰ ਮੋਹਨ ਸ਼ਰਮਾ, ਮੁਖੀ ਰਾਮ, ਚੰਦਨ ਲੱਕੀ, ਜ਼ਿਲ੍ਹਾ ਮੰਡੀ ਅਫ਼ਸਰ ਗੁਰਕ੍ਰਿਪਾਲ ਸਿੰਘ, ਐਕਸੀਅਨ ਦਿਲਪ੍ਰੀਤ ਸਿੰਘ, ਸਕੱਤਰ ਮਾਰਕੀਟ ਕਮੇਟੀ ਵਿਨੋਦ ਕੁਮਾਰ ਅਤੇ ਹੋਰ ਪਤਵੰਤੇ ਹਾਜ਼ਰ ਸਨ।



# ਬੁਰਜ ਹਸਨ 'ਚ ਨਸ਼ਾ ਤਸਕਰ ਖਿਲਾ.ਫ ਵੱਡੀ ਕਾਰਵਾਈ, ਛੁਡਵਾਇਆ ਨਜਾਇਜ਼ ਕਬਜ਼ਾ

**ਜਲੰਧਰ (ਸੁਰਿੰਦਰ ਕੁਮਾਰ)-** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾ.ਫ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਲੰਧਰ ਦਿਹਾਤੀ ਪੁਲਸ ਵਲੋਂ ਨਾਇਬ ਤਹਿਸੀਲਦਾਰ ਅਤੇ ਬੀ.ਡੀ.ਪੀ.ਓ. ਦੀ ਹਾਜ਼ਰੀ ਵਿੱਚ ਇੱਕ ਵੱਡੀ ਕਾਰਵਾਈ ਕਰਦਿਆਂ ਪਿੰਡ ਬੁਰਜ ਹਸਨ 'ਚ ਨਸ਼ਾ ਤਸਕਰ ਵੱਲੋਂ ਕੀਤੇ ਨਾਜਾਇਜ਼ ਕਬਜ਼ੇ ਨੂੰ ਛੁਡਵਾਇਆ ਗਿਆ ।ਸੀਨੀਅਰ ਪੁਲਸ ਕਪਤਾਨ (ਜਲੰਧਰ ਦਿਹਾਤੀ) ਹਰਵਿੰਦਰ ਸਿੰਘ ਵਿਰਕ ਨੇ ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਸ਼ਾ ਤਸਕਰ ਸੁਰਿੰਦਰ ਸਿੰਘ ਉਰਫ ਸ਼ਿੰਦਾ ਵਾਸੀ ਬੁਰਜ ਹਸਨ ਵੱਲੋਂ 30 ਮਰਲੇ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕੀਤਾ ਹੋਇਆ ਸੀ, ਜਿਸ ਵਿੱਚ 10-12 ਮਰਲੇ ਵਿਚ ਬਣੀ ਦੋ ਮੰਜ਼ਿਲਾ ਕੋਠੀ ਨੂੰ ਪਹਿਲਾਂ ਹੀ ਫਰੀਜ਼ ਕੀਤਾ ਜਾ ਚੁੱਕਾ ਹੈ ਅਤੇ ਅੱਜ ਇਸ ਦੇ ਨਜਾਇਜ਼ ਕਬਜ਼ੇ ਹੇਠਲੀ ਵਾਧੂ ਹੋਰ ਥਾਂ/ਉਸਾਰੀ ਨੂੰ ਢਾਹ ਦਿੱਤਾ ਗਿਆ। ਪੁਲਸ ਵਲੋਂ ਨਜਾਇਜ਼ ਕਬਜ਼ਾ ਛੁਡਵਾ ਕੇ ਜਗ੍ਹਾ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਹਵਾਲੇ ਕਰ ਦਿੱਤੀ ਗਈ ।ਉਨ੍ਹਾਂ ਦੱਸਿਆ ਕਿ ਇਹ ਕਾਰਵਾਈ ਪੁਲਸ ਕਪਤਾਨ (ਸਥਾਨਕ) ਪਰਮਿੰਦਰ ਸਿੰਘ ਹੀਰ ਅਤੇ ਉਪ ਪੁਲਸ ਕਪਤਾਨ (ਫਿਲੌਰ) ਸਰਵਣ ਸਿੰਘ ਬੱਲ ਦੀ ਅਗਵਾਈ ਹੇਠ ਕੀਤੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਨਸ਼ਾ ਤਸਕਰ ਸੁਰਿੰਦਰ ਸਿੰਘ ਖਿਲਾਫ਼ ਐਨ.ਡੀ.ਪੀ.ਐਸ ਐਕਟ ਸਮੇਤ 6 ਮੁਕੱਦਮੇ ਦਰਜ ਹਨ ਅਤੇ ਜੇਲ੍ਹ ਵਿਚ ਬੰਦ ਹੈ।



# ਲੈਂਡ ਪੂਲਿੰਗ ਸਕੀਮ ਪੰਜਾਬ, ਕਿਸਾਨ ਤੇ ਵਿਕਾਸ ਲਈ ਘਾਤਕ ਸਿੱਧ ਹੋਵੇਗੀ : ਬਰਾੜ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-** ਪੰਜਾਬ ਵਿੱਚ ਲੈਂਡ ਪੂਲਿੰਗ ਸਕੀਮ ਪੰਜਾਬ, ਕਿਸਾਨ ਅਤੇ ਵਿਕਾਸ ਲਈ ਘਾਤਕ ਸਿੱਧ ਹੋਵੇਗੀ ਜਿਸ ਕਰਕੇ ਭਾਜਪਾ ਦੇ ਆਗੂ ਕਿਸਾਨ ਯੂਨੀਅਨਾਂ ਦੇ ਆਗੂਆਂ ਦੇ ਸਹਿਯੋਗ ਨਾਲ ਪੰਜਾਬ ਵਿੱਚ ਸਰਕਾਰ ਦੀ ਇਹ ਸਕੀਮ ਲਾਗੂ ਨਹੀਂ ਹੋਣ ਦੇਵੇਗੇ। ਭਾਜਪਾ ਦੇ ਸੀਨੀਅਰ ਆਗੂਆਂ ਜਿਹਨਾਂ 'ਚ ਸਾਬਕਾ ਵਿਧਾਇਕ ਜਗਬੀਰ ਸਿੰਘ ਬਰਾੜ, ਹਰਵਿੰਦਰ ਸਿੰਘ ਡੱਲੀ, ਜ਼ਿਲ੍ਹਾ ਜਨਰਲ ਸਕੱਤਰ ਮਨਮੀਤ ਸਿੰਘ ਵਿੱਕੀ, ਜ਼ਿਲ੍ਹਾ ਜਲੰਧਰ ਦੇ ਸੀਨੀਅਰ ਮੀਤ ਪ੍ਰਧਾਨ ਇੰਦਰਜੀਤ ਮਹਿਤਾ, ਸੰਦੀਪ ਲਾਡੀ, ਸੁਧੀਰ ਪੁਰੀ, ਕੁਲਵਿੰਦਰ ਸਿੰਘ ਨੇ ਭਾਜਪਾ ਵਰਕਰਾਂ ਨਾਲ ਮੀਟਿੰਗ ਕਰਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਹੇ। ਸਾਬਕਾ ਵਿਧਾਇਕ ਬਰਾੜ ਨੇ ਕਿਹਾ ਕਿ ਕਾਲੋਨਾਈਜ਼ਰਾਂ ਨੇ ਪਹਿਲਾਂ ਹੀ ਵੱਡੇ ਪੱਧਰ 'ਤੇ ਖੇਤੀਯੋਗ ਜ਼ਮੀਨ ਵਿੱਚ ਕਲੋਨੀਆਂ ਬਣਾ ਦਿੱਤੀਆਂ ਹਨ ਜਿਹਨਾਂ 'ਤੇ ਅਜੇ ਤੱਕ ਨਾ ਰਿਹਾਇਸ਼ੀ ਇਮਾਰਤਾਂ ਬਣੀਆਂ ਅਤੇ ਨਾ ਹੀ ਵਪਾਰਕ ਦੁਕਾਨਾਂ ਬਣੀਆਂ। ਪੰਜਾਬੀਆਂ ਦੇ ਵਿਦੇਸ਼ੀ ਰੁਝਾਨ ਕਰਕੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਬਹੁਤ ਸਾਰੀਆਂ ਕੋਠੀਆਂ ਖਾਲੀ ਪਈਆਂ ਹਨ। ਉਹਨਾਂ ਕਿਹਾ ਕਿ ਕਿਸਾਨਾਂ ਦੀਆਂ ਜ਼ਮੀਨਾਂ ਤਾਂ ਸਰਕਾਰ ਨੇ ਖੋਹ ਲੈਣੀਆਂ ਅਤੇ ਕਿਸਾਨਾਂ ਨੂੰ ਉਸ ਦੀ ਜ਼ਮੀਨ ਵਿੱਚੋਂ ਰਿਹਾਇਸ਼ੀ ਪਲਾਟ ਅਤੇ ਕਰਮਸ਼ੀਅਲ ਪਲਾਟ ਦੇ ਦੇਣਾ ਪਰ ਕਿਸਾਨ ਨੂੰ ਕੋਈ ਪੈਸਾ ਨਹੀਂ ਦੇਣਾ, ਇਸ ਲਈ ਕਿਸਾਨ ਘਰ ਅਤੇ ਦੁਕਾਨ ਕਿਵੇਂ ਬਣਾਏਗਾ।ਭਾਜਪਾ ਆਗੂ ਬਰਾੜ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਸੂਬਾ ਹੈ ਜਿਸ ਵਿੱਚ 70 ਪ੍ਰਤੀਸ਼ਤ ਲੋਕ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਰੁਜ਼ਗਾਰ ਵਿੱਚ ਲੱਗੇ ਹੋਏ ਹਨ । ਲੈਂਡ ਪੂਲਿਗ ਸਕੀਮ ਨਾਲ ਸਾਰੇ ਬੇਰੁਜ਼ਗਾਰ ਹੋ ਜਾਣਗੇ ਅਤੇ ਕਿਸਾਨਾਂ ਦੇ ਖੇਤੀ ਕਰਨ ਦੇ ਨਾਲ ਨਾਲ ਸਹਾਇਕ ਧੰਦੇ ਵੀ ਖ਼ਤਮ ਹੋ ਜਾਣਗੇ। ਲੈਂਡ ਪੂਲਿੰਗ ਸਕੀਮ ਨਾਲ ਅਨਾਜ ਦਾ ਉਤਪਾਦਨ ਬੰਦ ਹੋ ਜਾਵੇਗਾ ਜਿਸ ਕਰਕੇ ਅਨਾਜ ਦੀ ਗੰਭੀਰ ਸਮੱਸਿਆ ਉਤਪੰਨ ਹੋਵੇਗੀ।



14-JULY-PAGE-10.qxd 7/13/2025 8:33 PM Page 1



## ਸੰਵਿਧਾਨ 'ਚੋਂ ਧਰਮ ਨਿਰਪੱਖਤਾ ਤੇ ਸਮਾਜਵਾਦ ਸ਼ਬਦ ਕੱਢਣ ਦੀ ਫਿਰਕੂ ਸਾਜ਼ਿਸ਼ ਦਾ ਜ਼ੋਰਦਾਰ ਵਿਰੋਧ

### ਉਪ-ਰਾਸ਼ਟਰਪਤੀ ਦਾ ਬਿਆਨ ਗੈਰ-ਸੰਵਿਧਾਨਕ ਤੇ ਨਿੰਦਣਯੋਗ : ਤਰਕਸ਼ੀਲ ਸੁਸਾਇਟੀ



**ਮਾਨਸਾ (ਆਤਮਾ ਸਿੰਘ ਪਮਾਰ)**

ਤਰਕਸ਼ੀਲ ਸੁਸਾਇਟੀ ਪੰਜਾਬ ਨੇ ਬੀਤੇ ਦਿਨੀਂ ਆਰ ਐੱਸ ਐੱਸ ਦੇ ਜਨਰਲ ਸਕੱਤਰ ਦੱਤਾਤਰੇ ਹੋਸਾਬਲੇ ਵੱਲੋਂ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਵਿੱਚੋਂ 'ਧਰਮ ਨਿਰਪੱਖਤਾ' ਤੇ 'ਸਮਾਜਵਾਦ' ਸ਼ਬਦ ਬਾਹਰ ਕੱਢਣ ਦੀ ਮੰਗ ਦਾ ਸਖ਼ਤ ਵਿਰੋਧ ਕਰਦਿਆਂ ਇਸ ਨੂੰ ਭਾਜਪਾ ਸੰਘ ਦੇ ਹਿੰਦੂ ਰਾਸ਼ਟਰ ਦੇ ਏਜੰਡੇ ਹੇਠ ਦੇਸ਼ ਵਿਰੋਧੀ ਸਾਜ਼ਿਸ਼ ਕਰਾਰ ਦਿੱਤਾ ਹੈ ਅਤੇ ਸਮੂਹ ਲੋਕ ਪੱਖੀ ਤੇ ਜਮਹੂਰੀ ਤਾਕਤਾਂ ਨੂੰ ਮਨੂੰ ਸਿਮਰਤੀ ਅਧਾਰਤ ਇਸ ਫਿਰਕੂ ਰਾਜਨੀਤੀ ਦਾ ਡੱਟਵਾਂ ਵਿਰੋਧ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਹੈ।

ਪ੍ਰੈੱਸ ਬਿਆਨ ਜਾਰੀ ਕਰਦਿਆਂ ਜ਼ੋਨ ਮੁਖੀ ਅੰਮ੍ਰਿਤ ਰਿਸ਼ੀ, ਮਾ. ਲੱਖਾ ਸਿੰਘ ਸਹਾਰਨਾ, ਗੁਰਦੀਪ ਸਿੰਘ ਸਿੱਧੂ, ਕ੍ਰਿਸ਼ਨ ਮਾਨਬੀਬੜੀਆਂ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਭਾਰਤੀ ਸੰਵਿਧਾਨ ਅਨੁਸਾਰ ਭਾਰਤ ਇੱਕ ਧਰਮ ਨਿਰਪੱਖ ਦੇਸ਼ ਹੈ, ਜਿਸ ਵਿੱਚ ਵੱਖ ਵੱਖ ਧਰਮਾਂ, ਫ਼ਿਰਕਿਆਂ, ਜਾਤਾਂ ਦੇ ਲੋਕਾਂ ਨੂੰ ਸਮਾਜਵਾਦੀ ਵਿਵਸਥਾ ਤਹਿਤ ਬਿਨਾਂ ਕਿਸੇ ਵਿਤਕਰੇ ਦੇ ਆਜ਼ਾਦੀ, ਬਰਾਬਰੀ, ਨਿਆਂ, ਵਿਕਾਸ, ਸੁਰੱਖਿਆ, ਸਨਮਾਨ ਤੇ ਜਮਹੂਰੀ ਹੱਕਾਂ ਦੀ ਬਰਾਬਰੀ ਦੇ ਅਧਿਕਾਰ ਹਾਸਲ ਹਨ ਤੇ ਰਾਜ ਨੂੰ ਕਿਸੇ ਵੀ ਵਿਸ਼ੇਸ਼ ਧਰਮ ਵੱਲ ਉਲਾਰ ਹੋਣ ਦੀ ਇਜਾਜ਼ਤ ਨਹੀਂ ਹੈ, ਪ੍ਰੰਤੂ ਮੋਦੀ ਹਕੂਮਤ ਹਿੰਦੂ ਰਾਸ਼ਟਰ ਦੇ ਏਜੰਡੇ ਹੇਠ ਨਾ ਸਿਰਫ ਹਿੰਦੂ ਧਰਮ ਤੇ ਉਸ ਦੇ ਧਾਰਮਿਕ ਸਥਾਨਾਂ ਦੇ ਵਿਕਾਸ ਲਈ ਕਰੋੜਾਂ ਰੁਪਏ ਸਾਲਾਨਾ ਖਰਚ ਕਰਕੇ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੀ ਹੈ, ਬਲਕਿ ਭਾਰਤੀ ਸੰਵਿਧਾਨ 'ਚੋਂ ਧਰਮ ਨਿਰਪੱਖ ਤੇ ਸਮਾਜਵਾਦ ਸ਼ਬਦ ਕੱਢ ਕੇ ਦੇਸ਼ ਨੂੰ ਹਿੰਦੂ ਰਾਸ਼ਟਰ ਐਲਾਨਣਾ ਚਾਹੁੰਦੀ ਹੈ।

ਤਰਕਸ਼ੀਲ ਆਗੂਆਂ ਨੇ ਉਪ-ਰਾਸ਼ਟਰਪਤੀ ਜਗਦੀਪ ਧਨਖੜ ਵੱਲੋਂ 1975 ਦੀ ਐਮਰਜੈਂਸੀ ਦੇ ਵਿਰੋਧ ਦੇ ਬਹਾਨੇ ਆਰ ਐੱਸ ਐੱਸ ਦੀ ਫਿਰਕੂ ਮੰਗ ਦੀ ਹਮਾਇਤ ਕਰਨ ਦਾ ਸਖ਼ਤ ਵਿਰੋਧ ਕਰਦਿਆਂ ਕਿਹਾ ਕਿ ਇੱਕ ਉੱਚ ਸੰਵਿਧਾਨਿਕ ਅਹੁਦੇ 'ਤੇ ਬੈਠੇ ਵਿਅਕਤੀ ਵੱਲੋਂ ਸੰਵਿਧਾਨ ਨੂੰ ਤੋੜਨ ਜਾਂ ਬਦਲਣ ਦੀ ਦੇਸ਼ ਵਿਰੋਧੀ ਸਾਜ਼ਿਸ਼ ਦੀ ਹਮਾਇਤ ਕਰਨੀ ਆਮ ਨਾਗਰਿਕਾਂ ਤੇ ਖਾਸ ਕਰਕੇ ਦਲਿਤਾਂ, ਆਦਿਵਾਸੀਆਂ, ਔਰਤਾਂ ਤੇ ਘੱਟ ਗਿਣਤੀਆਂ ਦੇ ਬੁਨਿਆਦੀ ਜਮਹੂਰੀ ਹੱਕਾਂ 'ਤੇ ਸਿੱਧਾ ਹਮਲਾ ਹੈ।ਆਗੂ ਜਸਪਾਲ ਸਿੰਘ ਅਤਲਾ, ਹਰਬੰਸ ਸਿੰਘ ਢਿੱਲੋਂ, ਦਰਸ਼ਨ ਸਿੰਘ ਆਜ਼ਾਦ, ਪਰਮਿੰਦਰ ਸਿੰਘ ਖੀਵਾ ਤੇ ਗੁਲਾਬ ਸਿੰਘ ਸਾਹਨੇਵਾਲੀ ਨੇ ਦੋਸ਼ ਲਾਇਆ ਕਿ ਜਿਸ ਆਰ ਐੱਸ ਐੱਸ ਨੇ ਆਪਣੇ ਹਿੰਦੂਤਵ ਦੇ ਫ਼ਿਰਕੂ ਏਜੰਡੇ ਹੇਠ ਹਿੰਦੋਸਤਾਨ ਦੇ ਆਜ਼ਾਦੀ ਸੰਗਰਾਮ ਦੌਰਾਨ ਬਰਤਾਨਵੀ ਸਾਮਰਾਜ ਦੇ ਹੱਕ ਵਿੱਚ ਭੁਗਤਣ ਦੀ ਦੇਸ਼ ਵਿਰੋਧੀ ਫਿਰਕੂ ਰਾਜਨੀਤੀ ਕੀਤੀ ਹੋਵੇ ਤੇ ਹਿੰਦੂਤਵੀ ਆਗੂ ਸਾਵਰਕਰ ਵਰਗਿਆਂ ਨੇ ਆਪਣੀਆਂ ਸਜ਼ਾਵਾਂ ਮਾਫ ਕਰਵਾਉਣ ਲਈ ਅੰਗਰੇਜ਼ ਹਕੂਮਤ ਤੋਂ ਲਿਖਤੀ ਮੁਆਫ਼ੀਆਂ ਮੰਗੀਆਂ ਹੋਣ, ਓਹੀ ਆਰ ਐੱਸ ਐੱਸ ਹੁਣ ਸੰਵਿਧਾਨ 'ਚੋਂ ਬਰਾਬਰੀ, ਬਹੁਲਤਾ ਤੇ ਸਮਾਜਿਕ ਨਿਆਂ ਖ਼ਤਮ ਕਰਕੇ ਮਨੂੰ ਸਿਮਰਤੀ ਅਧਾਰਤ ਲੋਕ ਵਿਰੋਧੀ ਹਿੰਦੂ ਰਾਸ਼ਟਰ ਕਾਇਮ ਕਰਨਾ ਚਾਹੁੰਦੀ ਹੈ, ਜਿਸ ਨੂੰ ਦੇਸ਼ ਦੀਆਂ ਅਗਾਂਹਵਧੂ ਤੇ ਧਰਮ ਨਿਰਪੱਖ ਜਮਹੂਰੀ ਤਾਕਤਾਂ ਵੱਲੋਂ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।

## ਵਿਦਿਆਰਥਣਾਂ ਦਾ ਐੱਨ ਵੀ ਆਰ ਮਾਲਵਾ ਟੈਕਸਟਾਈਲ ਦਾ ਵਿੱਦਿਅਕ ਦੌਰਾ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸ੍ਰੀ ਪੀ ਐੱਮ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਦੇ ਕਾਰਜਕਾਰੀ ਪ੍ਰਿੰਸੀਪਲ ਹਰਦੀਪ ਕੌਰ ਦੀ ਯੋਗ ਅਗਵਾਈ ਵਿੱਚ 'ਐੱਨ.ਐੱਸ.ਕਿਊ.ਐੱਫ. ਅਪੈਰਲ' ਵਿਸ਼ੇ ਦੇ ਅਧਿਆਪਕ ਅਸ਼ਵਨੀ ਕੁਮਾਰ ਦੁਆਰਾ ਵੋਕੇਸ਼ਨਲ ਵਿਸ਼ੇ ਦੀਆਂ ਵਿਦਿਆਰਥਣਾਂ ਦਾ ਐੱਨ ਵੀ ਆਰ ਮਾਲਵਾ ਟੈਕਸਟਾਈਲ ਪ੍ਰਾ. ਲਿਮ. ਲੁਧਿਆਣਾ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ।ਜਿੱਥੇ ਕੰਪਨੀ ਦੇ ਹੈੱਡ ਅਨਿਲ ਕਸ਼ਯਪ ਦੀ ਅਗਵਾਈ ਹੇਠ ਸਟਾਫ਼ ਮੈਂਬਰ ਅਮਰੀਕ ਸਿੰਘ, ਗਿਰਰਾਜ ਤਿਵਾੜੀ, ਅਵਿਨਾਸ਼ ਪਰਜਾਪਤੀ ਨੇ ਸਕੂਲ ਅਧਿਆਪਕ ਅਸ਼ਵਨੀ ਕੁਮਾਰ, ਰਾਜ ਕੁਮਾਰੀ ਤੇ ਮਨਦੀਪ ਕੌਰ ਅਤੇ ਵਿਦਿਆਰਥਣਾਂ ਦਾ ਸਵਾਗਤ ਕੀਤਾ।ਇਸ ਵਿੱਦਿਅਕ ਦੌਰੇ ਦੌਰਾਨ ਐੱਚ ਆਰ ਸਟਾਫ਼ ਮੈਂਬਰ ਅਮਰੀਕ ਸਿੰਘ ਨੇ ਬੱਚਿਆਂ ਨੂੰ ਧਾਗੇ ਤੋਂ ਕੱਪੜੇ ਬਣਾਉਣ ਤੇ ਕੰਮ ਕਰਨ ਦੌਰਾਨ ਸੁਰੱਖਿਆ ਦਾ ਧਿਆਨ ਰੱਖਣ ਸਬੰਧੀ ਅਤੇ ਭਵਿੱਖ ਵਿੱਚ ਟੈਕਸਟਾਈਲ ਇੰਡਸਟਰੀ 'ਚ ਨੌਕਰੀ ਬਾਰੇ ਜਾਣਕਾਰੀ ਦਿੱਤੀ।ਇੰਡਸਟਰੀ ਵਿੱਚ ਬੱਚਿਆਂ ਨੂੰ ਰੂੰ ਤੋਂ ਧਾਗਾ ਬਣਾਉਣ, ਧਾਗੇ ਨੂੰ ਰੰਗਣ ਤੇ ਰੰਗੇ ਹੋਏ ਧਾਗੇ ਤੋਂ ਮਸ਼ੀਨਾਂ ਤੇ ਫੈਬਰਿਕ ਬਣਾਉਣ ਬਾਰੇ ਜਾਣਕਾਰੀ ਦਿੱਤੀ।ਇਸ ਤੋਂ ਬਾਅਦ ਫੈਬਰਿਕ ਦੀ ਫਿਨਿਸ਼ਿੰਗ ਤੇ ਚੈਕਿੰਗ ਅਤੇ ਪੈਕਿੰਗ ਬਾਰੇ ਦੱਸਿਆ।ਇੰਡਸਟਰੀ ਵਿੱਚ ਹਰੇਕ ਡਿਪਾਰਟਮੈਂਟ ਦੇ ਵੱਖ ਵੱਖ ਕਾਰਜ ਤੇ ਕਾਮਿਆਂ ਦੇ ਕੰਮ ਬਾਰੇ ਵੀ ਜਾਣਕਾਰੀ ਦਿੱਤੀ।ਇਸ ਮੌਕੇ ਸਕੂਲ ਅਧਿਆਪਕ ਅਸ਼ਵਨੀ ਕੁਮਾਰ, ਸ੍ਰੀਮਤੀ ਰਾਜ ਕੁਮਾਰੀ, ਮਨਦੀਪ ਕੌਰ ਨੇ ਕੰਪਨੀ ਹੈੱਡ ਅਨਿਲ ਕਸ਼ਯਪ ਤੇ ਬਾਕੀ ਸਟਾਫ਼ ਦਾ ਧੰਨਵਾਦ ਕੀਤਾ।

## ਬਾਬਾ ਸੰਤੋਖ ਸਿੰਘ ਤੇ ਬਾਬਾ ਦਰਸ਼ਨ ਸਿੰਘ ਜੀ ਦੀ ਬਰਸੀ ਸੰਬੰਧੀ ਗੁਰਮਤਿ ਸਮਾਗਮ



**ਚੀਮਾ ਮੰਡੀ (ਰਵਿੰਦਰ ਚੀਮਾ)**-20ਵੀਂ ਸਦੀ ਦੇ ਮਹਾਨ ਵਿਦਵਾਨ ਸੰਤ ਬਾਬਾ ਅਤਰ ਸਿੰਘ ਜੀ, ਸੰਤ ਤੇਜਾ ਸਿੰਘ ਜੀ (ਐੱਮ.ਏ.) ਤੇ ਪਦਮਸ਼੍ਰੀ ਤੇ ਸ਼੍ਰੋਮਣੀ ਪੰਥ ਰਤਨ ਬਾਬਾ ਇਕਬਾਲ ਸਿੰਘ ਜੀ ਦੇ ਅਨਿੰਨ ਸੇਵਕ ਬਾਬਾ ਸੰਤੋਖ ਸਿੰਘ ਜੀ ਤੇ ਭਾਈ ਦਰਸ਼ਨ ਸਿੰਘ ਜੀ ਦੀ ਬਰਸੀ ਸੰਬੰਧੀ ਕਲਗੀਧਰ ਟਰਸਟ ਬੜੂ ਸਾਹਿਬ ਵੱਲੋਂ ਧਾਰਮਿਕ ਸਮਾਗਮ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਵਿਖੇ ਕਰਵਾਏ ਗਏ। ਗੁਰਦੁਆਰਾ ਜਨਮ ਅਸਥਾਨ ਦੇ ਮੁਖੀ ਭਾਈ ਜਗਜੀਤ ਸਿੰਘ (ਕਾਕਾ ਵੀਰ ਜੀ) ਨੇ ਦੱਸਿਆ ਕਿ ਇਹ ਗੁਰਮਤਿ ਸਮਾਗਮ 9 ਜੁਲਾਈ ਤੋਂ ਸ਼ੁਰੂ ਹੋਏ ਤੇ ਸਮਾਪਤੀ 11 ਜੁਲਾਈ ਨੂੰ ਕੀਤੀ ਗਈ।ਇਸ ਮੌਕੇ ਸੰਤ ਬਾਬਾ ਗੁਰਜੀਤ ਸਿੰਘ ਜੀ ਹਰੀਗੜ੍ਹ ਵਾਲੇ, ਸੰਤ ਬਾਬਾ ਗੁਰਚਰਨ ਸਿੰਘ ਜੀ ਪਿਹੋਵੇ ਵਾਲੇ, ਸੰਤ ਬਾਬਾ ਸਵਰਨਜੀਤ ਸਿੰਘ ਜੀ ਹਰੇੜੀ ਵਾਲੇ, ਇੰਟਰਨੈਸ਼ਨਲ ਢਾਡੀ ਜਥਾ ਗਿਆਨੀ ਗੁਰਭੇਜ ਸਿੰਘ ਜੀ ਗਾਫਿਲ ਫਰੀਦਕੋਟ ਵਾਲੇ ਤੇ ਪਹੁੰਚੇ ਹੋਏ ਹੋਰ ਸੰਤ-ਮਹਾਂਪੁਰਸ਼ਾਂ, ਅਨਹਦ ਬਾਣੀ ਤੰਤੀ ਸਾਜ਼ ਢਾਡੀ ਜਥਾ ਤੇ ਹੋਰ ਰਾਗੀ-ਢਾਡੀ ਤੇ ਕਵੀਸ਼ਰੀ ਜਥਿਆਂ ਵੱਲੋਂ ਗੁਰਮਤਿ ਕਥਨ, ਕਥਾ ਕੀਰਤਨ, ਦੀਵਾਨ ਤੇ ਸ਼ਬਦ ਕੀਰਤਨ ਦੀ ਰਸਨਾ ਨਾਲ ਸਾਂਝ ਪਾਈ ਗਈ।ਇਸ ਸਮਾਗਮ ਵਿੱਚ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਸਮਾਗਮ ਦੇ ਅਧੀਨ ਵਿੱਚ ਕਲਗੀਧਰ ਟਰਸਟ, ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਵੱਲੋਂ ਸੰਗਤਾਂ ਨਾਲ ਗੁਰਮਤਿ ਬਚਨਾਂ ਦੀ ਸਾਂਝ ਪਾਈ ਗਈ ਤੇ ਗੁਰਦੁਆਰਾ ਜਨਮ ਅਸਥਾਨ ਦੇ ਮੁਖੀ ਭਾਈ ਜਗਜੀਤ ਸਿੰਘ ਜੀ (ਕਾਕਾ ਵੀਰ ਜੀ) ਨੇ ਇਸ ਸਮਾਗਮ ਵਿੱਚ ਹਾਜ਼ਰੀ ਭਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ।ਅੰਤ ਵਿੱਚ ਅਰਦਾਸ ਉਪਰੰਤ ਹੁਕਮਨਾਮਾ ਸਾਹਿਬ ਲੈ ਕੇ ਸਮਾਗਮ ਦੀ ਸਮਾਪਤੀ ਕੀਤੀ ਗਈ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਦੀ ਮੀਟਿੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਹੈੱਡ ਆਫ਼ਿਸ ਯੂਨਿਟ ਪਟਿਆਲਾ ਦੀ ਮੀਟਿੰਗ ਅਣਖੀ ਭਵਨ ਫੈਕਟਰੀ ਏਰੀਆ ਪਟਿਆਲਾ ਵਿਖੇ ਭਿੰਦਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜਥੇਬੰਦੀ ਦੇ ਮੈਂਬਰ ਕਰਤਾਰ ਸਿੰਘ ਭੱਟੀ ਤੇ ਸ੍ਰ. ਭਿੰਦਰ ਸਿੰਘ ਚਹਿਲ ਪ੍ਰਧਾਨ ਦੇ ਭਾਣਜੇ ਗੁਰਜੀਤ ਸਿੰਘ ਦੀ ਹੋਈ ਮੌਤ ਕਾਰਨ ਵਿੱਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਵਿੱਚ ਇੰਜ. ਸਤੇਸ਼ ਸਿੰਘ ਬੈਂਪਾਲ ਸੂਬਾ ਸਲਾਹਕਾਰ, ਇੰਜ. ਹਰਜੀਤ ਸਿੰਘ ਸਕੱਤਰ, ਮੋਹਨ ਰਾਜ, ਮਲਕੀਅਤ ਸਿੰਘ ਨਰਵਾਣ ਸਰਪ੍ਰਸਤ, ਬੀਬੀ ਹਰਜਸਨਜੀਤ ਕੌਰ ਮੁੱਖ ਸਲਾਹਕਾਰ ਤੇ ਇੰਜ. ਹਰਕੇਸ਼ ਸਿੰਘ ਰਾਣਾ ਨੇ ਆਪਣੇ ਵਿਚਾਰ ਦਿੱਤੇ।ਇੰਜ. ਜਗਤਾਰ ਸਿੰਘ ਖਜ਼ਾਨਚੀ ਨੇ ਜਥੇਬੰਦੀ ਦੀ ਵਿੱਤੀ ਸਥਿਤੀ ਬਾਰੇ ਜਾਣਕਾਰੀ ਦਿੱਤੀ।ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਬੁਲਾਰਿਆਂ ਦੇ ਵਿਚਾਰ ਸੁਣਨ ਉਪਰੰਤ ਪਾਵਰਕਾਮ ਮੈਨੇਜਮੈਂਟ ਵੱਲੋਂ ਨਿਰਧਾਰਤ ਮਿਤੀ 30.06.2025 ਤੱਕ ਸਾਰੇ ਪੈਨਸ਼ਨਰਾਂ ਨੂੰ ਮਿੱਥੇ ਸ਼ਡਿਊਲ ਅਨੁਸਾਰ ਪੇ-ਰਵੀਜ਼ਨ ਦੇ ਬਕਾਇਆ ਦੀ ਅਦਾਇਗੀ ਨਾ ਕਰਨ ਤੇ ਪਾਵਰਕਾਮ ਵੱਲੋਂ ਲਿਖਤੀ ਹਦਾਇਤਾਂ ਦੇ ਬਾਵਜੂਦ ਰੈਗੂਲਰ ਕਰਮਚਾਰੀ ਰਿਲੀਜ਼ ਕਰਨ ਵਿੱਚ ਢਿੱਲੀ ਕਾਰਗੁਜ਼ਾਰੀ ਦੀ ਸਖ਼ਤ ਨਿਖੇਧੀ ਕੀਤੀ ਗਈ।ਚਹਿਲ ਨੇ ਪਾਵਰਕਾਮ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੁਲਾਈ ਦੇ ਅੰਤ ਤੱਕ ਬਕਾਏ ਜਾਰੀ ਨਾ ਕੀਤੇ ਤਾਂ ਜਥੇਬੰਦੀ ਵੱਲੋਂ ਸੰਘਰਸ਼ ਵਿੱਢ ਦਿੱਤਾ ਜਾਵੇਗਾ, ਜਿਸ ਲਈ ਪਾਵਰਕਾਮ ਮੈਨੇਜਮੈਂਟ ਜ਼ਿੰਮੇਵਾਰ ਹੋਵੇਗੀ।ਉਨ੍ਹਾ ਨੇ ਪਾਵਰਕਾਮ ਮੈਨੇਜਮੈਂਟ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਗੱਲਬਾਤ ਰਾਹੀਂ ਹੱਲ ਕੀਤਾ ਜਾਵੇ।ਮੀਟਿੰਗ ਵਿੱਚ ਗੱਜਣ ਸਿੰਘ ਮੀਡੀਆ ਸਲਾਹਕਾਰ, ਮਲਕੀਤ ਸਿੰਘ ਮੀਤ ਪ੍ਰਧਾਨ, ਇੰਜ ਕਰਤਾਰ ਸਿੰਘ ਸਲਾਹਕਾਰ, ਇੰਜ ਭਾਨ ਸਿੰਘ ਤੇ ਭੁਪਿੰਦਰ ਸਿੰਘ ਸਹਾਇਕ ਸਕੱਤਰ, ਭੁਪਿੰਦਰ ਸਿੰਘ ਮੀਤ ਪ੍ਰਧਾਨ, ਸਤਵੰਤ ਸਿੰਘ, ਅਮਰੀਕ ਸਿੰਘ, ਸਤਪਾਲ ਗੋਇਲ, ਹਰਬੰਸ ਸਿੰਘ, ਮਹਿੰਦਰ ਸਿੰਘ, ਪ੍ਰਕਾਸ਼ ਸਿੰਘ, ਇੰਜ. ਗੌਰੀ ਸ਼ੰਕਰ, ਗੁਰਦੀਪ ਸਿੰਘ ਕਾਲਾ ਝਾੜ, ਇੰਜ. ਮੁਲਖ ਰਾਜ ਤੇ ਭਾਰੀ ਗਿਣਤੀ ਵਿੱਚ ਜਥੇਬੰਦੀ ਦੇ ਆਗੂ ਤੇ ਮੈਂਬਰ ਹਾਜ਼ਰ ਸਨ।

## ਸਾਉਣੀ ਦੀਆਂ ਫਸਲਾਂ ਸੰਬੰਧੀ ਪੰਡੋਰੀ 'ਚ ਕਿਸਾਨ ਸਿਖਲਾਈ ਕੈਂਪ ਲਾਇਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਡਾ. ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫਸਰ ਬਰਨਾਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਮਹਿਲ ਕਲਾਂ ਵੱਲੋਂ ਡਾ.ਹਰਮਨਦੀਪ ਸਿੰਘ ਬਲਾਕ ਖੇਤੀਬਾੜੀ ਅਫਸਰ ਦੀ ਅਗਵਾਈ ਹੇਠ ਪਿੰਡ ਪੰਡੋਰੀ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਪਿੰਡ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਮੌਕੇ ਡਾ. ਅਮਨਦੀਪ ਕੌਰ ਸਹਾਇਕ ਪ੍ਰੋਫੈਸਰ, ਫਾਰਮ ਸਲਾਹਕਾਰ ਕੇਂਦਰ, ਬਰਨਾਲਾ ਨੇ ਕਿਹਾ ਕਿ ਝੋਨੇ ਦੇ ਮੁੱਖ ਨਦੀਨ ਨਾਸ਼ਕ ਦੀ ਰੋਕਥਾਮ ਲਈ ਜਾਣਕਾਰੀ ਦਿੱਤੀ। ਸਨਵਿੰਦਰਪਾਲ ਸਿੰਘ ਬਰਾੜ ਬਲਾਕ ਤਕਨੀਕੀ ਮੈਨੇਜਰ ਨੇ ਕਿਸਾਨਾਂ ਨੂੰ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਸੰਬੰਧੀ ਤੇ ਮਸ਼ੀਨਰੀ ਦਾ ਸੁਚੱਜਾ ਉਪਯੋਗ ਕਰਨ ਲਈ ਪ੍ਰੇਰਿਤ ਕਰਦਿਆਂ ਖੇਤੀਬਾੜੀ ਮਾਹਰਾਂ ਦੀਆਂ ਸਿਫਾਰਸ਼ਾਂ ਮੰਨਣ ਦੀ ਅਪੀਲ ਕੀਤੀ।ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਖੇਤੀਬਾੜੀ-ਸਹਾਇਕ ਧੰਦੇ ਜਿਵੇਂ ਕਿ ਬੱਕਰੀ-ਪਾਲਣ, ਡੇਅਰੀ-ਪਾਲਣ, ਅਪਣਾਉਣ ਲਈ ਜਾਣਕਾਰੀ ਦਿੱਤੀ।ਇਸ ਮੌਕੇ ਸਿਮਰਜੀਤ ਸਿੰਘ ਸੈਕਟਰੀ, ਕੁਲਦੀਪ ਸਿੰਘ ਬੇਲਦਾਰ, ਕਿਸਾਨ ਅਰਜਿੰਦਰ ਸਿੰਘ, ਹਰੀ ਸਿੰਘ, ਨਾਇਬ ਸਿੰਘ, ਹਰਪਾਲ ਸਿੰਘ ਆਦਿ ਹਾਜ਼ਰ ਸਨ।

## ਮਹਿਲਾਵਾਂ ਹੀ ਘਰ ਦੇ ਵਾਤਾਵਰਨ ਨੂੰ ਸੁੰਦਰ ਬਣਾ ਕੇ ਰੱਖ ਸਕਦੀਆਂ : ਡਾ. ਦੁੱਗਲ

### ਸੰਗਰੂਰ ਵਿਖੇ ਜ਼ੋਨ ਪੱਧਰੀ ਨਿਰੰਕਾਰੀ ਮਹਿਲਾ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**-ਸੰਤ ਨਿਰੰਕਾਰੀ ਮਿਸ਼ਨ ਦੇ ਸੰਗਰੂਰ ਜ਼ੋਨ ਵੱਲੋਂ ਸੰਗਰੂਰ ਦੇ ਮੰਦਰ ਸ੍ਰੀ ਮਹਾਂਕਾਲੀ ਪਟਿਆਲਾ ਗੇਟ ਵਿਖੇ ਜ਼ੋਨ ਪੱਧਰੀ ਮਹਿਲਾ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੰਗਰੂਰ ਜ਼ੋਨ ਦੀਆਂ 33 ਬ੍ਰਾਂਚਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ, ਜਿੱਥੇ ਉਨ੍ਹਾਂ ਗੀਤ, ਕਵਿਤਾ, ਸਕਿਟ ਆਦਿ ਰਾਹੀਂ ਸਤਿਗੁਰੂ ਦਾ ਸੰਦੇਸ਼ ਦਿੱਤਾ।

ਇਸ ਸਮਾਗਮ ਵਿੱਚ ਮੁੱਖ ਤੌਰ 'ਤੇ ਪਟਿਆਲਾ ਤੋਂ ਆਏ ਭੈਣ ਡਾ. ਨਿਸ਼ਾ ਦੁੱਗਲ ਨੇ ਸਤਿਗੁਰੂ ਮਾਤਾ ਜੀ ਦਾ ਪਾਵਨ ਸੰਦੇਸ਼ ਦਿੰਦੇ ਹੋਏ ਕਿਹਾ ਕਿ ਅੱਜ ਸੰਸਾਰ ਦੇ ਹਾਲਾਤ ਦੇਖ ਹੀ ਸਕਦੇ ਹਾਂ ਕਿ ਕਿਸ ਤਰ੍ਹਾਂ ਘਰਾਂ ਦਾ ਮਾਹੌਲ ਬਣਿਆ ਹੋਇਆ ਹੈ, ਪਰ ਨਿਰੰਕਾਰੀ ਮਿਸ਼ਨ ਦੀਆਂ ਇਹ ਭੈਣਾਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਧਾਰ ਕੇ ਸਾਰੇ ਪਰਵਾਰ ਨਾਲ ਪਿਆਰ ਕਰਦੀਆਂ ਹਨ। ਹਰ ਇਕ ਮੈਂਬਰ ਦੀ ਸੰਭਾਲ ਕਰਦੀਆਂ ਹਨ, ਕਿਉਂਕਿ ਸਤਿਗੁਰੂ ਦਾ ਐਸਾ ਹੀ ਸੰਦੇਸ਼ ਹੈ ਕਿ ਹਰ ਇਕ ਇਨਸਾਨ ਦੇ ਅੰਦਰ ਇਸ ਪ੍ਰਮਾਤਮਾ ਨੂੰ ਦੇਖਦੇ ਹੋਏ ਸਭ ਨਾਲ ਪਿਆਰ ਕਰਨਾ ਹੈ ਤੇ ਸਭ ਦਾ ਸਤਿਕਾਰ ਕਰਨਾ ਹੈ।

ਉਨ੍ਹਾਂ ਕਿਹਾ ਕਿ ਮਹਿਲਾਵਾਂ ਹੀ ਹਨ, ਜੋ ਘਰ ਦੇ ਵਾਤਾਵਰਨ ਨੂੰ ਸੁੰਦਰ ਬਣਾ ਕੇ ਰੱਖ ਸਕਦੀਆਂ ਹਨ।ਕਿਸੇ ਦੂਸਰੇ ਦੀਆਂ ਗੱਲਾਂ ਵਿੱਚ ਨਾ ਆ ਕੇ ਬਲਕਿ ਆਪਣੀ ਸੂਝ-ਬੂਝ ਅਨੁਸਾਰ ਪਰਵਾਰ ਨੂੰ ਚਲਾਉਣਾ ਹੈ।ਭਗਤੀ ਸਭ ਤੋਂ ਪਹਿਲਾਂ ਘਰ ਤੋਂ ਹੀ ਸ਼ੁਰੂ ਹੁੰਦੀ ਹੈ, ਇਕ ਇਸਤਰੀ ਹੀ ਹੈ, ਜੋ ਘਰ ਵਿੱਚ ਭਗਤੀ ਦਾ ਮਾਹੌਲ ਬਣਾ ਕੇ ਰੱਖ ਸਕਦੀ ਹੈ।ਅੰਤ ਵਿੱਚ ਸੰਗਰੂਰ ਜ਼ੋਨ ਦੇ ਜ਼ੋਨਲ ਇੰਚਾਰਜ ਡਾ. ਵੀ. ਸੀ. ਲੂਥਰਾ ਨੇ ਭੈਣ ਨਿਸ਼ਾ ਦੁੱਗਲ ਦਾ ਧੰਨਵਾਦ ਕੀਤਾ, ਨਾਲ ਹੀ ਸੰਗਰੂਰ ਬ੍ਰਾਂਚ ਦੇ ਸੰਯੋਜਕ ਡਾ. ਕੇ. ਸੀ. ਗੋਇਲ ਨੇ ਆਈਆਂ ਹੋਈਆਂ ਸਾਰੀਆਂ ਸੰਗਤਾਂ ਤੇ ਵੱਖ ਵੱਖ ਬ੍ਰਾਂਚਾਂ ਤੋਂ ਆਏ ਹੋਏ ਸੰਯੋਜਕ ਮੁਖੀਆਂ ਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ।

## ਡਾ. ਸੰਜੀਵ ਸ਼ਰਮਾ ਈ ਡੀ ਐੱਮ ਏ ਦੀ ਮੀਟਿੰਗ 'ਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ : ਡਾ. ਸੇਖੋਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਇਲੈਕਟ੍ਰੋਹੋਮਿਉਪੈਥਿਕ ਮੈਡੀਕਲ ਐਸੋਸੀਏਸ਼ਨ ਦੇ ਚੇਅਰਮੈਨ ਡਾ. ਸੰਜੀਵ ਸ਼ਰਮਾ (ਚੰਬਾ) ਇਲੈਕਟ੍ਰੋਹੋਮਿਉਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ 15 ਜੁਲਾਈ ਨੂੰ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।ਇਹ ਜਾਣਕਾਰੀ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਨੇ ਦਿੱਤਾ।ਡਾਕਟਰ ਸੇਖੋਂ ਨੇ ਕਿਹਾ ਕਿ ਡਾ. ਸੰਜੀਵ ਸ਼ਰਮਾ 3 ਦਿਨਾਂ ਦੇ ਪੰਜਾਬ ਦੌਰੇ 'ਤੇ ਹਨ, ਜਿੱਥੇ ਉਹ ਮਹੀਨਾਵਾਰ ਮੀਟਿੰਗ ਵਿੱਚ ਆਪਣੇ ਅਣਮੁੱਲੇ ਵਿਚਾਰ ਤੇ ਇਲੈਕਟ੍ਰੋਹੋਮਿਉਪੈਥਿਕ ਦਵਾਈਆ ਦੀ ਜਾਣਕਾਰੀ ਸਾਂਝੀ ਕਰਨਗੇ, ਉੱਥੇ ਉਹ ਨਬਜ਼ ਦੀ ਜਾਂਚ, ਟੈਮਰਾਮੈਂਟ ਦੀ ਪਹਿਚਾਣ ਤੇ ਵੱਖ ਵੱਖ ਰੋਗਾਂ ਸਬੰਧੀ ਜਾਣਕਾਰੀ ਦੇਣਗੇ।ਇਸ ਸਮੇਂ ਡਾ. ਸੇਖੋਂ ਨੇ ਐਸੋਸੀਏਸ਼ਨ ਦੇ ਸਾਰੇ ਮੈਂਬਰਾਂ ਨੂੰ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਪਹੁੰਚਣ ਦਾ ਸੱਦਾ ਦਿੱਤਾ ਤਾਂ ਜੋ ਡਾ. ਸੰਜੀਵ ਸ਼ਰਮਾ ਤੋਂ ਵੱਧ ਤੋਂ ਵੱਧ ਇਲੈਕਟ੍ਰੋਹੋਮਿਉਪੈਥੀ ਦੀ ਜਾਣਕਾਰੀ ਪ੍ਰਾਪਤ ਕਰ ਸਕੀਏ।ਇਸ ਸਮੇਂ ਉਨ੍ਹਾਂ ਨਾਲ ਪ੍ਰਧਾਨ ਡਾ. ਜਗਮੋਹਨ ਸਿੰਘ, ਕੋਰ ਕਮੇਟੀ ਮੈਂਬਰ ਡਾ. ਮਨਪ੍ਰੀਤ ਸਿੰਘ, ਡਾ. ਜਸਵਿੰਦਰ ਸਿੰਘ, ਡਾ. ਸ਼ਿੰਦਰ ਸਿੰਘ, ਜਨਰਲ ਸਕੱਤਰ ਡਾ. ਪਰਮਿੰਦਰ ਪਾਠਕ, ਆਫਿਸ ਸਕੱਤਰ ਡਾ. ਕਮਲਜੀਤ ਕੌਰ ਸੇਖੋਂ, ਪ੍ਰੈੱਸ ਸਕੱਤਰ ਡਾ. ਅਵਤਾਰ ਸਿੰਘ ਦੇਵਗਨ, ਡਾ. ਜਗਜੀਤ ਸਿੰਘ ਗਿੱਲ ਹਾਜ਼ਰ ਸਨ।

## ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਪਿੰਡ ਇਕਾਈਆਂ ਦੀ ਚੋਣ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਨਵੇਂ ਸਿਰੇ ਤੋਂ ਪਿੰਡ ਇਕਾਈਆਂ ਦੀ ਚੋਣ (ਅਜਲਾਸ) ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਪ੍ਰੈੱਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਦੀ ਅਗਵਾਈ ਹੇਠ ਪਿੰਡ ਦੀਆਂ ਸਾਂਝੀਆਂ ਥਾਵਾਂ 'ਤੇ ਕਰਵਾਈ ਗਈ। ਇਸ ਚੋਣ (ਅਜਲਾਸ) ਨੂੰ ਕਰਵਾਉਣ ਤੋਂ ਪਹਿਲਾਂ ਪਿੰਡ ਇਕਾਈਆਂ ਦੇ ਗੁਰਦੁਆਰਾ ਸਾਹਿਬਾਨਾਂ ਤੋਂ ਅਨਾਊਂਸਮੈਂਟ ਕਰਵਾਈ ਗਈ ਸੀ। ਮੀਟਿੰਗ ਵਿੱਚ ਬਹੁ-ਗਿਣਤੀ ਪਿੰਡ ਵਾਸੀਆਂ ਨੇ ਭਾਗ ਲਿਆ। ਇਸ ਮੀਟਿੰਗ ਦਾ ਮੁੱਖ ਏਜੰਡਾ ਚੋਣ (ਅਜਲਾਸ) ਕਰਵਾਉਣਾ ਸੀ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਬਲਾਕ ਆਗੂ ਹਰਜੀਤ ਸਿੰਘ ਮਹਿਲਾਂ, ਅਮਨਦੀਪ ਸਿੰਘ ਮਹਿਲਾਂ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂੰਰਾਂ, ਮੇਜਰ ਸਿੰਘ ਕੌਹਰੀਆਂ ਤੇ ਮਿਸ਼ਰਾ ਸਿੰਘ ਨਿਹਾਲਗੜ੍ਹ ਸ਼ਾਮਲ ਸਨ। ਇਨ੍ਹਾਂ ਸਾਰੀਆਂ ਪਿੰਡ ਇਕਾਈਆਂ ਤੂਰਬੰਜਾਰਾ, ਕੌਹਰੀਆਂ ਤੇ ਖੇੜੀ ਨਾਗਾ ਦੀਆਂ ਮੀਟਿੰਗਾਂ ਪਿੰਡਾਂ ਦੀਆਂ ਸਾਂਝੀਆਂ ਥਾਵਾਂ 'ਤੇ ਕਰਵਾਈਆਂ ਗਈਆਂ। ਇਸ ਦੌਰਾਨ ਪਿੰਡ ਇਕਾਈ ਤੂਰਬੰਜਾਰਾ ਦੇ ਕਰਮ ਸਿੰਘ, ਪਿੰਡ ਇਕਾਈ ਕੌਹਰੀਆਂ ਦੇ ਰਘਵੀਰ ਸਿੰਘ ਕੌਹਰੀਆਂ, ਪਿੰਡ ਇਕਾਈ ਖੇੜੀ ਨਾਗਾ ਦੇ ਭੋਲਾ ਸਿੰਘ, ਪਿੰਡ ਇਕਾਈ ਕੌਹਰੀਆਂ ਦੇ ਇਸਤਰੀ ਵਿੰਗ ਦੇ ਭੈਣ ਭਰਭੂਰ ਕੌਰ ਤੇ ਪਿੰਡ ਇਕਾਈ ਖੇੜੀ ਨਾਗਾ ਦੇ ਭੈਣ ਜਸਵਿੰਦਰ ਕੌਰ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ।

## ਮਜ਼ਦੂਰ ਜਥੇਬੰਦੀਆਂ ਵੱਲੋਂ 25 ਨੂੰ ਸੰਗਰੂਰ 'ਚ ਰੋਸ ਰੈਲੀ ਤੇ ਮੁਜ਼ਾਹਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਮੋਗਾ 2 ਦੀ ਮੀਟਿੰਗ ਬਲਾਕ ਪ੍ਰਧਾਨ ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ ਦੀ ਪ੍ਰਧਾਨਗੀ ਵਿੱਚ ਜੋਗੇਵਾਲਾ ਵਿਖੇ ਕੀਤੀ ਗਈ, ਜਿਸ ਦੌਰਾਨ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਦੌਰਾਨ ਬਲਾਕ ਮੀਤ ਪ੍ਰਧਾਨ ਬੇਅੰਤ ਸਿੰਘ ਘੱਲ ਕਲਾਂ, ਬਲਾਕ ਸਕੱਤਰ ਤੀਰਥਵਿੰਦਰ ਸਿੰਘ ਘੱਲ ਕਲਾਂ, ਬਲਾਕ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਖੁਖਰਾਣਾ ਤੇ ਮੀਤ ਪ੍ਰਧਾਨ ਸੁਖਦੇਵ ਸਿੰਘ ਝੰਡੇਆਣਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਵੇਂ ਪਿਛਲੇ ਤਿੰਨ-ਚਾਰ ਮਹੀਨਿਆਂ ਤੋਂ ਪੰਜਾਬ ਸਰਕਾਰ ਵੱਲੋਂ ਸੰਘਰਸ਼ ਕਰ ਰਹੀਆਂ ਧਿਰਾਂ 'ਤੇ ਬੇਹੱਦ ਦਮਨ ਕੀਤਾ ਜਾ ਰਿਹਾ ਹੈ, ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਨੂੰ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਸ ਦੀ ਮੱਦਦ ਨਾਲ ਕੁਚਲਣ ਦੀ ਕੋਸ਼ਿਸ਼ ਕੀਤੀ ਗਈ ਹੈ।ਪੰਜਾਬ ਸਰਕਾਰ ਨੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।ਪੰਜਾਬ ਸਰਕਾਰ ਨੇ ਪਹਿਲਾਂ ਖਨੌਰੀ ਤੇ ਸ਼ੰਭੂ ਬਾਰਡਰ 'ਤੇ ਦਮਨਕਾਰੀ ਨੀਤੀ ਆਪਣਾਈ ਤੇ ਮੋਰਚੇ ਨੂੰ ਤਹਿਸ-ਨਹਿਸ ਕੀਤਾ।ਇਸ ਦੌਰਾਨ ਸੰਯੁਕਤ ਕਿਸਾਨ ਮੋਰਚੇ ਵੱਲੋਂ ਐੱਮ ਐੱਸ ਪੀ ਦੀ ਮੰਗ ਨੂੰ ਲੈ ਕੇ ਚੰਡੀਗੜ੍ਹ ਲੱਗ ਰਹੇ ਮੋਰਚੇ ਨੂੰ ਤਹਿਸ-ਨਹਿਸ ਕਰਨ ਲਈ ਕਿਸਾਨਾਂ ਨੂੰ 4 ਮਾਰਚ ਨੂੰ ਗ੍ਰਿਫਤਾਰ ਕਰ ਲਿਆ ਗਿਆ, ਇਸ ਤੋਂ ਬਾਅਦ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਲੈਂਡ ਸੀਲਿੰਗ ਐਕਟ ਕਾਨੂੰਨ ਤਹਿਤ ਸੰਗਰੂਰ ਵਿੱਚ ਰਾਜੇ ਦੀ ਨੌਂ ਸੌ ਦੇ ਕਰੀਬ ਪਈ ਜ਼ਮੀਨ ਨੂੰ ਬੇਜ਼ਮੀਨੇ ਲੋਕਾਂ ਵਿੱਚ ਵੰਡਣ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਪੰਜਾਬ ਸਰਕਾਰ ਵੱਲੋਂ ਕੁਚਲਣ ਲਈ ਮਜ਼ਦੂਰ ਆਗੂਆਂ ਤੇ ਸੈਂਕੜੇ ਆਗੂਆਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ।ਆਏ ਦਿਨ ਗੈਂਗਸਟਰਾਂ ਦੇ ਨਾਂਅ 'ਤੇ ਨੌਜਵਾਨਾਂ ਦੇ ਗੋਲੀਆਂ ਮਾਰੀਆਂ ਜਾ ਰਹੀਆਂ ਹਨ, ਜੋ ਬਹੁਤ ਹੀ ਚਿੰਤਾਜਨਕ ਗੱਲ ਹੈ। ਸੰਗਰੂਰ ਵਿੱਚ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ 'ਤੇ ਹੋਏ ਦਮਨ ਤੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰਨ ਖਿਲਾਫ਼ ਸੰਗਰੂਰ ਵਿੱਚ 25 ਜੁਲਾਈ ਨੂੰ ਪੰਜਾਬ ਸਰਕਾਰ ਖਿਲਾਫ਼ ਰੈਲੀ ਤੇ ਰੋਸ ਮਾਰਚ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਮੋਗਾ 2 ਵੱਲੋਂ ਵੱਡੇ ਕਾਫ਼ਲੇ ਨਾਲ ਸ਼ਮੂਲੀਅਤ ਕੀਤੀ ਜਾਵੇਗੀ।ਇਸ ਦੌਰਾਨ ਮੀਟਿੰਗ ਵਿੱਚ ਸ਼ਾਮਲ ਬਲਾਕ ਆਗੂ ਲਖਵੀਰ ਸਿੰਘ ਸਿੰਘਾਵਾਲਾ, ਲਖਵੀਰ ਸਿੰਘ ਡਗਰੂ, ਨਾਹਰ ਸਿੰਘ ਮੰਗੇਵਾਲਾ, ਪਵਨਦੀਪ ਸਿੰਘ ਮੰਗੇਵਾਲਾ, ਸਰਬਜੀਤ ਸਿੰਘ ਬਘੇਲੇਵਾਲਾ ਹਾਜ਼ਰ ਹੋਏ।

## ਡਾ. ਮੱਟੂ ਨੇ ਸਾਗਰਾ ਵਾਸੀਆਂ ਦੀਆਂ ਸੁਣੀਆਂ ਤਕਲੀਫਾਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਰਗਰਮ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਪਿੰਡ ਸਾਗਰਾ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਹ ਲੋਕਾਂ ਦੀਆਂ ਮੁਸ਼ਕਲਾਂ ਨੂੰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਵਾਉਣ ਦਾ ਹਰ ਸੰਭਵ ਯਤਨ ਕਰਨਗੇ।ਲੋਕਾਂ ਦੀਆਂ ਮੁਸ਼ਕਲਾਂ ਸੁਣਨ ਮਗਰੋਂ ਨੌਜਵਾਨ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਹਲਕਾ ਸ਼ੁਤਰਾਣਾ ਮੌਜੂਦਾ ਸਮੇਂ ਬਹੁਤ ਸਾਰੀਆਂ ਸਮੱਸਿਆਵਾਂ ਨਾਲ ਘਿਰਿਆ ਹੋਇਆ ਹੈ।ਇਲਾਕੇ ਦੀਆਂ ਸੜਕਾਂ ਦਾ ਬਹੁਤ ਬੁਰਾ ਹਾਲ ਹੈ, ਪਿੰਡਾਂ ਨੂੰ ਜਾਂਦੀਆਂ ਲਿੰਕ ਸੜਕਾਂ ਵਿੱਚ ਬਹੁਤ ਵੱਡੇ ਵੱਡੇ ਟੋਏ ਪੈ ਚੁੱਕੇ ਹਨ, ਬਾਰਿਸ਼ ਦੇ ਦਿਨਾਂ ਵਿੱਚ ਇਨ੍ਹਾਂ ਟੋਇਆਂ ਵਿੱਚ ਪਾਣੀ ਭਰ ਜਾਂਦਾ ਹੈ, ਹਨੇਰੇ ਸਵੇਰੇ ਲੋਕਾਂ ਨੂੰ ਆਪਣੇ ਘਰ ਤੱਕ ਜਾਣ ਲਈ ਬਹੁਤ ਮੁਸੀਬਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਬਦਲਾਅ ਦੇ ਨਾਂ 'ਤੇ ਆਮ ਆਦਮੀ ਪਾਰਟੀ ਦੀ ਬਣੀ ਸਰਕਾਰ ਦੇ ਸਾਢੇ ਤਿੰਨ ਸਾਲ ਬੀਤ ਜਾਣ ਬਾਅਦ ਵੀ ਅਜੇ ਸਰਕਾਰ ਦਾ ਇਸ ਪਾਸੇ ਜ਼ਰਾ ਵੀ ਧਿਆਨ ਨਹੀਂ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਮਹੀਨਾਵਾਰੀ ਮਿਲਣ ਵਾਲੇ ਇੱਕ ਹਜ਼ਾਰ ਰੁਪਏ ਮਾਣ ਭੱਤੇ ਦੀ ਸਰਕਾਰ ਵੱਲ ਖੜ੍ਹੇ ਸਾਡੇ ਤਿੰਨ ਸਾਲਾਂ ਦੇ ਬਕਾਏ ਦੀ ਉਡੀਕ ਕਰ ਰਹੀਆਂ ਹਨ।

ਫੋਟੋ: ਪਿੰਡ ਸਾਗਰਾ ਵਿਖੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਦੇ ਡਾ. ਜਤਿੰਦਰ ਸਿੰਘ ਮੱਟੂ।

## ਕੈਮਿਸਟ 27 ਨੂੰ ਕਰਨਗੇ ਸਾਲਾਨਾ ਸਮਾਗਮ : ਨਰੇਸ਼ ਜਿੰਦਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਕੈਮਿਸਟ ਐਸੋਸੀਏਸ਼ਨ ਦੀ ਇੱਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਰੇਸ਼ ਜਿੰਦਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੁਨਾਮ ਐਸੋਸੀਏਸ਼ਨ ਦੀ ਕਾਰਜਕਾਰੀ ਕਮੇਟੀ ਦੇ ਮੈਂਬਰਾਂ ਨੇ ਹਿੱਸਾ ਲਿਆ।ਮੈਂਬਰਾਂ ਨੇ ਨਰੇਸ਼ ਜਿੰਦਲ ਨੂੰ ਜ਼ਿਲ੍ਹਾ ਪ੍ਰਧਾਨ ਵਜੋਂ ਦੁਬਾਰਾ ਚੁਣੇ ਜਾਣ 'ਤੇ ਵਧਾਈ ਦਿੱਤੀ ਤੇ ਸੁਨਾਮ ਐਸੋਸੀਏਸ਼ਨ ਵੱਲੋਂ 27 ਜੁਲਾਈ ਨੂੰ ਸਾਲਾਨਾ ਸਮਾਗਮ ਕਰਵਾਉਣ ਦਾ ਫੈਸਲਾ ਕੀਤਾ ਗਿਆ।ਨਰੇਸ਼ ਜਿੰਦਲ ਨੇ ਕਿਹਾ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਸੁਰਿੰਦਰ ਦੁੱਗਲ, ਜਨਰਲ ਸਕੱਤਰ ਜੀ ਐੱਸ ਚਾਵਲਾ, ਖਜ਼ਾਨਚੀ ਅਮਰਦੀਪ ਸਿੰਘ ਤੇ ਪੰਜਾਬ ਫਾਰਮੇਸੀ ਕੌਂਸਲ ਦੇ ਚੇਅਰਮੈਨ ਸੁਸ਼ੀਲ ਬਾਂਸਲ, ਡਰੱਗ ਵਿਭਾਗ ਦੇ ਡੀਸੀਓ ਡਾ. ਸੰਤੋਸ਼ ਜਿੰਦਲ, ਰਾਜੀਵ ਜੈਨ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹਿਣਗੇ।ਨਰੇਸ਼ ਜਿੰਦਲ ਨੇ ਕਿਹਾ ਕਿ ਕਾਰੋਬਾਰ ਨਾਲ ਸਬੰਧਤ ਆ ਰਹੀਆਂ ਸਮੱਸਿਆਵਾਂ 'ਤੇ ਸਮਾਗਮ ਵਿੱਚ ਚਰਚਾ ਕੀਤੀ ਜਾਵੇਗੀ।ਸਮੱਸਿਆਵਾਂ ਬਾਰੇ ਜਾਣਕਾਰੀ ਵਿਸ਼ੇਸ਼ ਤੌਰ 'ਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਦਿੱਤੀ ਜਾਵੇਗੀ।ਇਸ ਮੌਕੇ ਆਰ. ਐੱਨ. ਕਾਂਸਲ, ਅਜਾਇਬ ਸੈਣੀ, ਗੁਰਮੀਤ ਸਿੰਘ, ਦੀਪਕ ਮਿੱਤਲ, ਉਪ ਪ੍ਰਧਾਨ ਰਜਨੀਸ਼ ਗਰਗ, ਅਸ਼ੋਕ ਕਾਲੜਾ ਆਦਿ ਮੌਜੂਦ ਸਨ।

## ਕੇਂਦਰੀ ਜੇਲ੍ਹ 'ਚੋਂ ਮੋਬਾਇਲ ਫੋਨ ਤੇ ਸਿੰਮਾਂ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਵਿੱਚ ਤਲਾਸ਼ੀ ਦੌਰਾਨ 2 ਮੋਬਾਇਲ ਫੋਨ, ਦੋ ਸਿੰਮਾਂ ਸਮੇਤ ਬੈਟਰੀਆਂ ਬਰਾਮਦ ਹੋਈਆਂ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਕ ਕੈਦੀ ਤੇ ਦੋ ਹਵਾਲਾਤੀਆਂ ਖਿਲਾਫ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਪੱਤਰ ਨੰਬਰ 4453 ਮਿਤੀ 1 ਜੁਲਾਈ 2025 ਕੈਦੀ ਅੰਮ੍ਰਿਤਪਾਲ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਝੋਕ ਹਰੀਹਰ ਕੋਲੋਂ 1 ਕੀਪੈਡ ਮੋਬਾਇਲ ਫੋਨ ਸਮੇਤ ਬੈਟਰੀ ਤੇ 2 ਸਿੰਮਾਂ ਬਰਾਮਦ ਹੋਈਆਂ, ਜਿਸ ਨੇ ਪੁੱਛਗਿੱਛ 'ਤੇ ਦੱਸਿਆ ਕਿ ਇਸ ਦੀ ਵਰਤੋਂ ਕੈਦੀ ਕੁਲਜੀਤ ਸਿੰਘ ਪੁੱਤਰ ਕੁੰਡਾ ਸਿੰਘ ਵਾਸੀ ਪਿੰਡ ਬੁਰਜ ਹਰੀਕੇ ਥਾਣਾ ਬਾਜਾਖਾਨਾ ਜ਼ਿਲ੍ਹਾ ਫਰੀਦਕੋਟ ਵੀ ਕਰਦਾ ਹੈ।

ਇਕ ਹੋਰ ਪੱਤਰ ਨੰਬਰ 1947 ਮਿਤੀ 4 ਜੁਲਾਈ 2025 ਵਿੱਚ ਹਵਾਲਾਤੀ ਸਰਬਜੀਤ ਸਿੰਘ ਉਰਫ ਸਰਵਨ ਸਿੰਘ ਪੁੱਤਰ ਜੱਜ ਸਿੰਘ ਵਾਸੀ ਪੀਰ ਅਹਿਮਦ ਖਾਂ ਵਾਲਾ ਕੋਲੋਂ 1 ਕੀਪੈਡ ਮੋਬਾਇਲ ਨੋਕੀਆ ਬਿਨਾਂ ਬੈਟਰੀ ਸਮੇਤ ਏਅਰਟੈੱਲ ਸਿੰਮ ਬਰਾਮਦ ਹੋਇਆ, ਜਿਸ ਨੇ ਪੁੱਛਗਿੱਛ 'ਤੇ ਦੱਸਿਆ ਕਿ ਇਸ ਮੋਬਾਇਲ ਦੀ ਵਰਤੋਂ ਹਵਾਲਾਤੀ ਗੁਰਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਚੰਦੇਰ ਥਾਣਾ ਘੱਲ ਖੁਰਦ ਜ਼ਿਲ੍ਹਾ ਫਿਰੋਜ਼ਪੁਰ ਵੀ ਕਰਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀ ਤੇ ਕੈਦੀਆਂ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਸ਼ਹੀਦ ਭਗਤ ਸਿੰਘ ਪੇਂਡੂ ਵਿਕਾਸ ਕਲੱਬ ਵੱਲੋਂ ਸਕੂਲ ਨੂੰ ਪੱਖੇ ਭੇਟ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼ਹੀਦ ਭਗਤ ਸਿੰਘ ਪੇਂਡੂ ਵਿਕਾਸ ਕਲੱਬ ਹਾਮਝੇੜੀ ਵੱਲੋਂ ਗਰਮੀ ਦੇ ਮੌਸਮ ਦੌਰਾਨ ਵਿਦਿਆਰਥੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਪਬਲਿਕ ਸੀਨੀਅਰ ਸੈਕੰਡਰੀ ਸਕੂਲ (ਟਰੱਸਟ) ਹਾਮਝੇੜੀ ਨੂੰ 15 ਪੱਖੇ ਭੇਟ ਕੀਤੇ ਗਏ।ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਨਰੇਸ਼ ਕੁਮਾਰ ਨੇ ਦੱਸਿਆ ਕਿ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਹਾਮਝੇੜੀ ਇਲਾਕੇ ਵਿੱਚ ਇੱਕ ਸਮਾਜ ਸੇਵੀ ਸੰਸਥਾ ਦੇ ਤੌਰ 'ਤੇ ਕੰਮ ਕਰ ਰਿਹਾ ਹੈ।ਸਕੂਲ ਦੇ ਬਾਨੀ ਪ੍ਰਧਾਨ ਸਵਰਗੀ ਕਾਮਰੇਡ ਹਰਪਾਲ ਸਿੰਘ ਘੱਗਾ ਦੀ ਸਰਪ੍ਰਸਤੀ ਹੇਠ ਬਣੇ ਇਸ ਸਕੂਲ ਵਿੱਚ ਇਲਾਕੇ ਦੇ ਦਰਜਨਾਂ ਪਿੰਡਾਂ ਦੇ ਸੈਂਕੜੇ ਵਿਦਿਆਰਥੀ ਬਹੁਤ ਘੱਟ ਫੀਸਾਂ ਉੱਤੇ ਵਿੱਦਿਆ ਗ੍ਰਹਿਣ ਕਰ ਰਹੇ ਹਨ।ਸਕੂਲ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਮੁਸ਼ਕਲ ਨੂੰ ਧਿਆਨ ਵਿੱਚ ਰੱਖਦਿਆਂ ਕਲੱਬ ਵੱਲੋਂ ਉਕਤ ਉਪਰਾਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਕਲੱਬ ਅੱਗੇ ਤੋਂ ਵੀ ਸਕੂਲ ਮੈਨੇਜਮੈਂਟ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਵੇਗਾ।

ਇਸ ਦੌਰਾਨ ਸਕੂਲ ਮੈਨੇਜਮੈਂਟ ਟਰੱਸਟ ਦੇ ਪ੍ਰਧਾਨ ਸਾਬਕਾ ਸਰਪੰਚ ਮੋਹਨ ਸਿੰਘ ਸਿੱਧੂ ਨੇ ਕਲੱਬ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲ ਦੇ ਪ੍ਰਿੰਸੀਪਲ ਗੁਰਤੇਜ ਸਿੰਘ, ਟਰੱਸਟ ਦੇ ਸਕੱਤਰ ਭੁਪਿੰਦਰਜੀਤ ਮੌਲਵੀਵਾਲਾ, ਕਾਮਰੇਡ ਮੱਖਣ ਸਿੰਘ, ਕਲੱਬ ਸਕੱਤਰ ਰਾਜੂ ਭੁੱਲਰ, ਮਾਸਟਰ ਨਿਰਭੈ ਸਿੰਘ, ਮਾਸਟਰ ਕੁਲਵੰਤ ਸਿੰਘ ਸਿੱਧੂ, ਗੁਰਜੰਟ ਬਰਾੜ, ਇੰਦਰਜੀਤ ਸਰਪੰਚ, ਅਮਨਦੀਪ ਸਿੰਘ ਮੁਨਸ਼ੀ ਥਾਣਾ ਸ਼ੁਤਰਾਣਾ, ਸਤਿੰਦਰ ਨੇਗੀ ਤੇ ਸਤਵੀਰ ਸਿੰਘ ਸਮੇਤ ਕਲੱਬ ਮੈਂਬਰ ਹਾਜ਼ਰ ਸਨ।

## ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਬਾਰੇ ਮੁੱਖ ਮੰਤਰੀ ਦੀ ਟਿੱਪਣੀ ਮੰਦਭਾਗੀ : ਗਗਨਦੀਪ



**ਬਰੇਟਾ (ਰੀਤਵਾਲ)**-ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੀਆਂ ਟਿੱਪਣੀਆਂ ਬੇਹੱਦ ਨਿਰਾਸ਼ਾਯੋਗ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਜਨਤਾ ਪਾਰਟੀ ਦੇ ਮੰਡਲ ਬਰੇਟਾ ਦੇ ਪ੍ਰਧਾਨ ਗਗਨਦੀਪ ਸ਼ਰਮਾ ਨੇ ਕਿਹਾ ਕਿ ਇੱਕ ਮੁੱਖ ਮੰਤਰੀ ਵੱਲੋਂ ਪ੍ਰਧਾਨ ਮੰਤਰੀ ਦੀ ਵਿਦੇਸ਼ ਨੀਤੀ 'ਤੇ ਸਵਾਲ ਚੁੱਕੇ ਗਏ ਹਨ ਕਿ ਇਹ ਐਵੇਂ ਹੀ ਤੁਰੇ ਫਿਰਦੇ ਹਨ ਅਤੇ ਗ੍ਰਹਿ ਮੰਤਰੀ ਨੂੰ ਤੜੀਪਾਰ ਕਹਿ ਕੇ ਸੰਬੋਧਨ ਕੀਤਾ, ਜੋ ਬਹੁਤ ਹੀ ਗੈਰ-ਜ਼ਿੰਮੇਵਾਰਾਨਾ ਟਿੱਪਣੀਆਂ ਹਨ।ਉਨ੍ਹਾਂ ਕਿਹਾ ਕਿ ਇਹ ਦੋਵੇਂ ਅਹੁਦੇ ਬਹੁਤ ਹੀ ਵੱਡੇ ਸੰਵਿਧਾਨਕ ਹਨ, ਜਿਨ੍ਹਾਂ ਖਿਲਾਫ ਇੱਕ ਮੁੱਖ ਮੰਤਰੀ ਵੱਲੋਂ ਮਾੜੀ ਟਿੱਪਣੀ ਕਰਨਾ ਬਹੁਤ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਆਪਣੇ ਅਹੁਦੇ ਦੀ ਗਰੀਮਾ ਦਾ ਖਿਆਲ ਰੱਖਣਾ ਚਾਹੀਦਾ ਹੈ।

## ਲਾਲਕਾ ਵੱਲੋਂ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਲਈ ਮੁਹਿੰਮ ਦੀ ਸ਼ੁਰੂਆਤ



**ਨਾਭਾ (ਵਰਿੰਦਰ ਵਰਮਾ)**-ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਮੁਤਾਬਕ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਦੀ ਸ਼ੁਰੂਆਤ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਆਪਣੀ ਟੀਮ ਨਾਲ ਨਾਭਾ ਹਲਕੇ ਦੇ ਪਿੰਡ ਦੁਲੱਦੀ ਦੇ ਗੁਰਦੁਆਰਾ ਸਾਹਿਬ ਤੋਂ ਬੂਟੇ ਲਗਾ ਕੇ ਕੀਤੀ।ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਨਾਭਾ ਵਿਧਾਨ ਸਭਾ ਹਲਕੇ ਦੇ ਹਰ ਧਾਰਮਿਕ ਜਗ੍ਹਾ 'ਤੇ ਅਤੇ ਹਰ ਪਿੰਡ ਵਿੱਚ ਵੱਧ ਤੋਂ ਵੱਧ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਮੁਤਾਬਕ ਬੂਟੇ ਲਗਾਏ ਜਾਣਗੇ।ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਰੁੱਖ ਲਗਾਉਣਾ ਅੱਜ ਦੇ ਸਮੇਂ ਦੀ ਬਹੁਤ ਵੱਡੀ ਲੋੜ ਹੈ ਤੇ ਅਸੀਂ ਇਸ ਦੀ ਸ਼ੁਰੂਆਤ ਅੱਜ ਦੁਲੱਦੀ ਪਿੰਡ ਤੋਂ ਕਰ ਰਹੇ ਹਾਂ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਬੇਨਤੀ ਕੀਤੀ ਕਿ ਆਪਣੇ ਜਨਮ ਦਿਨ ਮੌਕੇ ਘੱਟੋ ਘੱਟ ਪੰਜ ਪੌਦੇ ਜ਼ਰੂਰ ਲਗਾਉਣ ।ਇਸ ਮੌਕੇ ਗਿਆਨੀ ਗੁਰਮੀਤ ਸਿੰਘ ਘੁੰਮਣ, ਸਾਬਕਾ ਸਰਪੰਚ ਹੈਪੀ ਸ਼ਰਮਾ, ਮਹਿੰਦਰ ਸਿੰਘ, ਸੁੰਦਰ ਸਿੰਘ, ਪ੍ਰਿੰਸ ਤੁੰਗ, ਪੱਪੀ ਦੁਲੱਦੀ, ਬਾਬਾ ਹਰਪਾਲ ਸਿੰਘ ਬੱਬੀ, ਅਕਲ ਜਿੰਦਲ ਤੇ ਨਗਰ ਨਿਵਾਸੀ ਸ਼ਾਮਲ ਸਨ।

## ਭਾਵਾਧਸ ਨੇ ਗੁਰੂ ਪੁਰਨਿਮਾ ਮਨਾਈ

**ਮੋਗਾ (ਇਕਬਾਲ ਸਿੰਘ ਖਹਿਰਾ)**-ਵਾਲਮੀਕਿ ਕਲੋਨੀ ਵਾਰਡ ਨੰਬਰ 40 ਵਿੱਚ ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਵੱਲੋਂ ਗੁਰੂ ਪੁਰਨਿਮਾ ਦੇ ਸ਼ੁਭ ਦਿਨ 'ਤੇ ਪੂਜਾ ਕੀਤੀ ਗਈ। ਇਸ ਮੌਕੇ ਭਾਰਤੀ ਵਾਲਮੀਕਿ ਧਰਮ ਸਮਾਜ ਦੇ ਪ੍ਰਧਾਨ ਨਰੇਸ਼ ਬੋਹਤ ਨੇ ਦੱਸਿਆ ਕਿ ਗੁਰੂ ਪੁਰਨੀਮਾ ਦੇ ਸ਼ੁਭ ਦਿਨ 'ਤੇ ਸ੍ਰਿਸ਼ਟੀਕਰਤਾ ਰਮਾਇਣ ਰਚੇਤਾ ਭਗਵਾਨ ਵਾਲਮੀਕਿ ਜੀ ਦੇ ਮੰਦਰ ਵਿੱਚ ਭਗਵਾਨ ਵਾਲਮੀਕਿ ਜੀ ਦੇ ਪਾਠ ਮੁਕਤੀ ਮਾਲਾ ਦੇ ਜਾਪ ਦੇ ਨਾਲ ਪੂਜਾ ਕੀਤੀ ਗਈ। ਇਸ ਮੌਕੇ ਨਰੇਸ਼ ਬੋਹਤ ਨੇ ਸ਼ਹਿਰ ਵਾਸੀਆਂ ਨੂੰ ਗੁਰੂ ਪੁਰਨੀਮਾ ਦੇ ਪਵਿੱਤਰ ਦਿਨ 'ਤੇ ਵਧਾਈ ਦਿੱਤੀ ਤੇ ਭਗਵਾਨ ਦੇ ਅੱਗੇ ਅਰਦਾਸ ਕੀਤੀ। ਇਸ ਮੌਕੇ ਅਰੁਣ ਸੰਘੇਲੀਆ, ਸਚਿਨ ਦੀਪਕ, ਅਸ਼ੋਕ ਕੁਮਾਰ ਲੋਹਾਰ, ਯੋਗੇਸ਼ਵਰ ਪਾਲ, ਸੋਨੂ ਜੈਕਸ਼ਨ, ਸੁਖਦੇਵ ਗੋਪੀ ਆਦਿ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਕਾਲਜ 'ਚ ਨਵੀਆਂ ਤਕਨੀਕਾਂ ਦੀ ਸਿਖਲਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਕਾਲਜ ਆਫ਼ ਨਰਸਿੰਗ ਸੋਢੇਵਾਲਾ ਫਿਰੋਜ਼ਪੁਰ ਵਿਖੇ 'ਸਮਾਰਟ ਨਰਸਿੰਗ ਤੇ ਸਮਾਰਟ ਕਮਿਊਨਿਟੀਜ਼' ਵਿਸ਼ੇ 'ਤੇ ਇੱਕ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਕਾਲਜ ਦੀ ਲਾਇਬ੍ਰੇਰੀ ਵਿੱਚ ਹੋਈ ਇਸ ਵਰਕਸ਼ਾਪ ਵਿੱਚ ਸਿਹਤ ਸੰਭਾਲ ਤੇ ਨਰਸਿੰਗ ਦੇ ਖੇਤਰ ਵਿੱਚ ਨਵੀਆਂ ਤਕਨੀਕਾਂ ਜਿਵੇਂ ਕਿ ਆਰਟੀਫਿਸ਼ੀਅਲ ਇੰਟੈਲੀਜੈਂਸ (ਏ ਆਈ) ਤੇ ਆਪ੍ਰੇਸ਼ਨ ਥੀਏਟਰ (ਓ ਟੀ) ਨਾਲ ਸਬੰਧਤ ਅਭਿਆਸਾਂ 'ਤੇ ਚਰਚਾ ਕੀਤੀ ਗਈ। ਇਸ ਮੌਕੇ ਧਰਮਪਾਲ ਬਾਂਸਲ ਚੇਅਰਮੈਨ ਸ਼ਹੀਦ ਭਗਤ ਸਿੰਘ ਕਾਲਜ ਆਫ਼ ਨਰਸਿੰਗ ਤੇ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਫਿਰੋਜ਼ਪੁਰ ਨੇ ਵਿਸ਼ੇਸ਼ ਸ਼ਿਰਕਤ ਕੀਤੀ। ਉਨ੍ਹਾਂ ਸਟਾਫ ਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੈਡੀਕਲ ਖੇਤਰ ਵਿੱਚ ਹਰ ਰੋਜ਼ ਨਵੀਆਂ ਖੋਜਾਂ ਸਾਹਮਣੇ ਆਉਂਦੀਆਂ ਹਨ। ਸਾਨੂੰ ਇਨ੍ਹਾਂ ਨਵੀਆਂ ਤਕਨੀਕਾਂ ਨੂੰ ਸਮਝਣ ਤੇ ਸਿੱਖਣ ਦੀ ਲੋੜ ਹੈ ਤਾਂ ਜੋ ਅਸੀਂ ਸਿਹਤ ਸੰਭਾਲ ਨੂੰ ਹੋਰ ਬਿਹਤਰ ਬਣਾ ਸਕੀਏ। ਵਰਕਸ਼ਾਪ ਵਿਚ ਬੀ.ਐੱਸਸੀ ਨਰਸਿੰਗ (7ਵਾਂ ਤੇ 5ਵਾਂ ਸਮੈਸਟਰ), ਜੀਐੱਨਐੱਮ (ਪਹਿਲਾ ਤੇ ਤੀਜਾ ਸਾਲ) ਦੇ ਵਿਦਿਆਰਥੀਆਂ ਨੇ ਭਾਗ ਲਿਆ। ਬੀ.ਐੱਸਸੀ ਨਰਸਿੰਗ 7ਵੇਂ ਸਮੈਸਟਰ ਦੇ ਵਿਦਿਆਰਥੀਆਂ ਨੇ ਸਮਾਰਟ ਨਰਸਿੰਗ ਤੇ ਸਮਾਰਟ ਕਮਿਊਨਿਟੀਜ਼ ਦੇ ਮਹੱਤਵ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਸਮਾਰਟ ਨਰਸਿੰਗ ਵਿੱਚ ਨਵੀਆਂ ਤਕਨੀਕਾਂ ਦੀ ਵਰਤੋਂ ਨਾਲ ਮਰੀਜ਼ਾਂ ਦੀ ਦੇਖਭਾਲ, ਨਰਸਿੰਗ ਪ੍ਰਬੰਧਨ ਤੇ ਸਿਹਤ ਸੰਭਾਲ ਦੇ ਨਤੀਜਿਆਂ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ। ਇਸ ਨਾਲ ਨਾ ਸਿਰਫ਼ ਕਮਿਊਨਿਟੀ ਦੀ ਸਿਹਤ ਸੁਧਰੇਗੀ, ਸਗੋਂ ਸਮੁੱਚੀ ਸਿਹਤ ਸੰਭਾਲ ਪ੍ਰਣਾਲੀ ਵਧੇਰੇ ਕੁਸ਼ਲ ਹੋਵੇਗੀ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਭਾਗੀਦਾਰ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਇਨਾਮ ਵੰਡੇ ਗਏ। ਇਸ ਵਰਕਸ਼ਾਪ ਦਾ ਸੰਚਾਲਨ ਮਿਸਟਰ ਜਗਦੇਵ ਸਿੰਘ ਤੇ ਅਮਨਦੀਪ ਕੌਰ (ਐੱਮ.ਐੱਸਸੀ.) ਨੇ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਮਨਜੀਤ ਕੌਰ ਸਲਵਾਨ, ਡਾ. ਸੰਜੀਵ ਮਾਨਕਟਾਲਾ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਜਸਮੀਤ ਕੌਰ, ਸੰਗੀਤਾ ਹਾਂਡਾ, ਗੁਰਮੀਤ ਕੌਰ, ਖੁਸ਼ਪਾਲ ਕੌਰ, ਸੰਜੀਵੀਨੀ, ਪ੍ਰਿਯੰਕਾ, ਗੁਰਪ੍ਰੀਤ ਕੌਰ, ਰਮਨਦੀਪ ਕੌਰ, ਸੁਖਮਨਦੀਪ ਕੌਰ, ਗੀਤਾਂਜਲੀ, ਅਰਸ਼ਦੀਪ ਕੌਰ, ਅਮਨਦੀਪ ਕੌਰ, ਕੋਮਲਜੀਤ ਕੌਰ, ਚਰਨਜੀਤ ਕੌਰ, ਬਲਵਿੰਦਰ ਕੌਰ, ਗਗਨਦੀਪ ਕੌਰ, ਕੋਮਲਪ੍ਰੀਤ ਕੌਰ, ਸੁਖਵੀਰ ਕੌਰ, ਰਮਨਦੀਪ ਸਿੰਘ, ਮਨਪ੍ਰੀਤ ਕੌਰ ਤੇ ਆਂਚਲ ਸਮੇਤ ਕਈ ਹੋਰ ਸ਼ਾਮਲ ਸਨ।

## ਚੰਗੇ ਭਵਿੱਖ ਲਈ ਪਰਵਾਰ ਨਿਯੋਜਨ ਜ਼ਰੂਰੀ : ਡਾ. ਲਵਰਾਜ

**ਮੂਨਕ (ਰਾਜਪਾਲ ਸਿੰਗਲਾ)**-ਸਿਵਲ ਸਰਜਨ ਡਾ. ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਡਾ. ਲਵਰਾਜ ਪਵਾਰ ਦੀ ਅਗਵਾਈ ਵਿੱਚ ਸਬ ਡਵੀਜ਼ਨਲ ਹਸਪਤਾਲ ਮੂਨਕ ਵਿਖੇ ਵਿਸ਼ਵ ਅਬਾਦੀ ਦਿਵਸ ਮਨਾਇਆ ਗਿਆ।ਡਾ. ਲਵਰਾਜ ਪਵਾਰ ਨੇ ਕਿਹਾ ਕਿ ਚੰਗੇਰੇ ਭਵਿੱਖ ਲਈ ਪਰਿਵਾਰ ਨਿਯੋਜਨ ਜ਼ਰੂਰੀ ਹੈ।ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਤੇ ਸਤੀਸ਼ ਕੁਮਾਰ ਜੂਨੀਅਰ ਸਹਾਇਕ ਨੇ ਪਰਿਵਾਰ ਨਿਯੋਜਨ ਦੀ ਮਹੱਤਤਾ ਤੇ ਇਸ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾ ਕਿਹਾ ਕਿ ਅੱਜ ਵਿਸ਼ਵ ਆਬਾਦੀ ਦਿਵਸ 'ਤੇ ਅਸੀਂ ਸਾਰਿਆਂ ਨੂੰ ਪਰਿਵਾਰ ਨਿਯੋਜਨ ਦੇ ਮਹੱਤਵ ਨੂੰ ਸਮਝਣ ਦੀ ਲੋੜ ਹੈ।ਪਰਿਵਾਰ ਨਿਯੋਜਨ ਸਿਰਫ਼ ਆਬਾਦੀ ਨੂੰ ਕੰਟਰੋਲ ਕਰਨ ਬਾਰੇ ਹੀ ਨਹੀਂ, ਸਗੋਂ ਇਹ ਮਾਂ ਤੇ ਬੱਚੇ ਦੀ ਸਿਹਤ ਨੂੰ ਸੁਧਾਰਨ, ਸਿੱਖਿਆ ਦੇ ਮੌਕੇ ਵਧਾਉਣ ਤੇ ਪਰਿਵਾਰਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਵੀ ਜ਼ਰੂਰੀ ਹੈ।ਉਨ੍ਹਾਂ ਪਰਿਵਾਰ ਨਿਯੋਜਨ ਦੇ ਵੱਖ-ਵੱਖ ਤਰੀਕਿਆਂ ਬਾਰੇ ਵੀ ਜਾਣਕਾਰੀ ਦਿੱਤੀ, ਜਿਸ ਵਿੱਚ ਅਸਥਾਈ ਤੇ ਸਥਾਈ ਵਿਧੀਆਂ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਸਿਹਤ ਕੇਂਦਰਾਂ ਵਿੱਚ ਕੰਡੋਮ, ਗਰਭ ਨਿਰੋਧਕ ਗੋਲੀਆਂ, ਕਾਪਰ-ਟੀ ਵਰਗੀਆਂ ਅਸਥਾਈ ਵਿਧੀਆਂ ਮੁਫ਼ਤ ਉਪਲਬਧ ਹਨ।ਇਸ ਤੋਂ ਇਲਾਵਾ ਪੁਰਸ਼ਾਂ ਤੇ ਔਰਤਾਂ ਲਈ ਨਸਬੰਦੀ/ਨਲਬੰਦੀ ਵਰਗੀਆਂ ਸਥਾਈ ਵਿਧੀਆਂ ਵੀ ਮੁਫ਼ਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ।ਇਸ ਮੌਕੇ ਅਸ਼ੋਕ ਕੁਮਾਰ ਸਿਹਤ ਸੁਪਰਵਾਈਜ਼ਰ ਵੀ ਮੌਜੂਦ ਸਨ।

## ਸੇਵਾਮੁਕਤ ਲੈਕਚਰਾਰ ਛੌੜੀਆਂ ਵੱਲੋਂ ਆਈ.ਟੀ.ਆਈ. ਲਈ ਦੋ ਟਰੇਡਾਂ ਦੀ ਮੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਟਾਂਡਾ ਕੁਸ਼ਲ ਸਿੰਘ ਵਿਖੇ ਸਥਾਪਤ ਸਰਕਾਰੀ ਆਈ.ਟੀ.ਆਈ. ਲਈ ਸੇਵਾਮੁਕਤ ਲੈਕਚਰਾਰ ਸਵਰਨ ਸਿੰਘ ਛੌੜੀਆਂ ਨੇ ਸਰਕਾਰ ਤੋਂ ਦੋ ਟਰੇਡਾਂ ਦੀ ਮੰਗ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲੈਕਚਰਾਰ ਛੌੜੀਆਂ ਨੇ ਦੱਸਿਆ ਕਿ ਉਕਤ ਆਈ.ਟੀ.ਆਈ. ਵਿੱਚ ਪਹਿਲਾਂ ਤੋਂ ਇਲੈਕਟ੍ਰੀਸ਼ਨ, ਰੈਫਰੀਜਰੇਸ਼ਨ ਐਂਡ ਏਅਰ ਕੰਡੀਸ਼ਨਿੰਗ ਟੈਕਨੀਸ਼ੀਅਨ, ਮਕੈਨਿਕ ਆਟੋ ਇਲੈਕਟ੍ਰੀਸ਼ਨ ਐਂਡ ਇਲੈਕਟ੍ਰੋਨਿਕਸ, ਵੈਲਡਰ ਤੇ ਪਲੰਬਰ ਦੇ ਕੋਰਸ ਤੇ ਟਰੇਡਾਂ ਲਈ ਦਾਖਲੇ ਚੱਲ ਰਹੇ ਹਨ ਅਤੇ ਇਸ ਸੰਸਥਾ ਵਿੱਚ 130 ਵਿਦਿਆਰਥੀ ਸਿਖਲਾਈ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਕਈ ਪਿੰਡਾਂ ਦੇ ਵਿਦਿਆਰਥੀ ਵੀ 2 ਟਰੇਡਾਂ ਕੰਪਿਊਟਰ ਆਪ੍ਰੇਟਰ ਐਂਡ ਪ੍ਰੋਗਰਾਮਿੰਗ ਅਸਿਸਟੈਂਟ ਅਤੇ ਫਿਟਰ ਦੀ ਕਾਫ਼ੀ ਮੰਗ ਕਰ ਰਹੇ ਹਨ। ਸੇਵਾਮੁਕਤ ਲੈਕਚਰਾਰ ਸਵਰਨ ਛੌੜੀਆਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਮੰਗ ਨੂੰ ਦੇਖਦਿਆਂ ਪੰਜਾਬ ਸਰਕਾਰ ਇਸ ਸਰਕਾਰੀ ਆਈ.ਟੀ.ਆਈ. ਲਈ 2 ਟਰੇਡ ਮਨਜ਼ੂਰ ਕਰਕੇ ਜਲਦ ਅਧਿਆਪਕਾਂ ਦੀ ਭਰਤੀ ਕਰੇ।

## ਪੰਚਾਇਤ ਮੈਂਬਰ ਨੇ ਪਿੰਡ ਦੇ ਹਸਪਤਾਲ ਦੀ ਸਫਾਈ ਕੀਤੀ



**ਬਰੇਟਾ (ਰੀਤਵਾਲ)**-ਸਮਾਜ ਵਿੱਚ ਸਫਾਈ ਪਸੰਦ ਵਿਅਕਤੀਆਂ ਨੂੰ ਕਿਸੇ ਵੀ ਜਗ੍ਹਾ 'ਤੇ ਗੰਦਗੀ ਰੜਕਦੀ ਹੀ ਰਹਿੰਦੀ ਹੈ।ਇਸ ਦੀ ਮਿਸਾਲ ਨੇੜਲੇ ਪਿੰਡ ਰੰਘੜਿਆਲ ਦੇ ਪੰਚਾਇਤ ਮੈਂਬਰ ਜੇਠੂ ਸਿੰਘ ਨੇ ਕਾਇਮ ਕੀਤੀ, ਜਦੋਂ ਉਹ ਪਿੰਡ ਦੇ ਸਰਕਾਰੀ ਹਸਪਤਾਲ ਵਿਖੇ ਗਏ ਤਾਂ ਦੇਖਿਆ ਕਿ ਉਥੇ ਵੱਡਾ ਵੱਡਾ ਘਾਹ ਖੜ੍ਹਾ ਹੈ ਅਤੇ ਜਿੱਥੇ ਲੋਕ ਆਪਣੀ ਬਿਮਾਰੀ ਤੋਂ ਨਿਜਾਤ ਪਾਉਣ ਲਈ ਜਾਂਦੇ ਹਨ, ਉਹ ਤਾਂ ਆਪ ਹੀ ਕੂੜੇ ਕਰਕਟ ਤੇ ਅਣਚਾਹੇ ਘਾਹ ਵਿੱਚ ਲੁਕਿਆ ਆਪ ਹੀ ਬਿਮਾਰ ਪਿਆ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਪੰਚ ਜੇਠੂ ਸਿੰਘ ਨੇ ਉਨ੍ਹਾਂ ਕਿਹਾ ਕਿ ਜਦੋਂ ਉਹ ਸਰਕਾਰੀ ਹਸਪਤਾਲ ਤੇ ਪਸ਼ੂਆਂ ਦੇ ਹਸਪਤਾਲ ਗਏ ਤਾਂ ਉਨ੍ਹਾਂ ਤੋਂ ਹਸਪਤਾਲਾਂ ਦੀ ਅਜਿਹੀ ਹਾਲਤ ਦੇਖੀ ਨਹੀਂ ਗਈ ਅਤੇ ਉਸੇ ਸਮੇਂ ਕਿਸੇ ਨਾਲ ਗੱਲਬਾਤ ਸਾਂਝੀ ਕਰਨ ਦੀ ਬਜਾਏ ਆਪ ਹੀ ਘਾਹ ਉੱਤੇ ਸਪਰੇਅ ਵਾਲੀ ਢੋਲੀ ਨਾਲ ਰਾਉਂਡਅੱਪ ਸਪਰੇਅ ਕਰਨ ਉਪਰੰਤ ਸਾਰੀ ਸਫਾਈ ਕਰ ਦਿੱਤੀ।ਜੇਠੂ ਸਿੰਘ ਦੇ ਇਸ ਜਜ਼ਬੇ ਨੂੰ ਦੇਖਦੇ ਹੋਏ ਪਿੰਡ ਵਾਸੀਆਂ ਤੇ ਹਸਪਤਾਲ ਦੇ ਸਟਾਫ ਵੱਲੋਂ ਉਨ੍ਹਾਂ ਦੀ ਖੂਬ ਸ਼ਲਾਘਾ ਕੀਤੀ ਗਈ।ਇਸ ਸਬੰਧੀ ਸਰਕਾਰੀ ਹਸਪਤਾਲ ਦੇ ਡਾ. ਗੁਰਪਿਆਰ ਸਿੰਘ ਤੇ ਪਸ਼ੂਆਂ ਦੇ ਹਸਪਤਾਲ ਦੇ ਡਾ. ਰਜਿੰਦਰ ਕੁਮਾਰ ਨੇ ਦੱਸਿਆ ਕਿ ਪੰਚਾਇਤ ਮੈਂਬਰ ਜੇਠੂ ਸਿੰਘ ਦੋਵੇਂ ਹਸਪਤਾਲਾਂ ਵਿੱਚ ਇਕੱਲਿਆਂ ਹੀ ਘਾਹ 'ਤੇ ਰਾਉਂਡਅੱਪ ਸਪਰੇਅ ਕਰਨ ਉਪਰੰਤ ਸਫਾਈ ਕੀਤੀ ਅਤੇ ਇਸ ਤੋਂ ਇਲਾਵਾ ਕਮਰਿਆਂ ਦੀਆਂ ਛੱਤਾਂ ਦੀ ਵੀ ਸਫਾਈ ਕਰ ਦਿੱਤੀ।ਉਨ੍ਹਾਂ ਕਿਹਾ ਕਿ ਉਹ ਜੇਠੂ ਸਿੰਘ ਦੇ ਇਸ ਜਜ਼ਬੇ ਨੂੰ ਸਲਾਮ ਕਰਦੇ ਹਨ।

14-Junly-PAGE-11-Majha-25.qxd 7/13/2025 8:30 PM Page 1



## ਭਿੰਡੀ ਸੈਦਾਂ, ਭਿੰਡੀ ਖੁਰਦ, ਝੁੰਜ ਅਤੇ ਹਾਸ਼ਮਪੁਰੇ 'ਚ ਫ਼ਸਲਾਂ ਗੋਡੇ-ਗੋਡੇ ਪਾਣੀ ਦੀ ਭੇਟ ਚੜ੍ਹੀਆਂ

### * ਪੀੜਤ ਕਿਸਾਨਾਂ ਲਈ ਪੰਜਾਬ ਸਰਕਾਰ ਤੁਰੰਤ ਯੋਗ ਮੁਆਵਜ਼ੇ ਦਾ ਐਲਾਨ ਕਰੇ : ਡਾ. ਅਜਨਾਲਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਸਰਕਾਰ ਦੀ ਫ਼ਸਲਾਂ ਦੇ ਖ਼ਰਾਬੇ ਸਬੰਧੀ ਕੋਈ ਵੀ ਪਾਰਦਰਸ਼ੀ ਨੀਤੀ ਜਾਣਬੁੱਝ ਕੇ ਨਾ ਬਣਾਉਣ ਕਰਕੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦੇ ਹੋਏ ਖ਼ਰਾਬੇ ਦਾ ਯੋਗ ਮੁਆਵਜ਼ਾ ਜਦੋਂ ਦੀ ਮਾਨ ਸਰਕਾਰ ਆਈ ਹੈ ਲੋਕਾਂ ਨੂੰ ਨਹੀਂ ਮਿਲਿਆ । ਨਾਲਿਆਂ, ਨਖਾਰੂਆਂ, ਕੱਸੀਆਂ ਦੀ ਸਫ਼ਾਈ ਨਾ ਹੋਣ ਕਾਰਨ ਅਤੇ ਪੁਰਾਣੇ ਪਾਣੀ ਦੇ ਵਹਿਣ, ਸੜਕਾਂ ਦੀ ਉਸਾਰੀ ਬੰਦ ਹੋਣ ਕਰਕੇ ਜ਼ਿਆਦਾ ਬਾਰਸ਼ਾਂ ਹੋਣ ਕਾਰਨ ਹੜ੍ਹ ਆਉਣ ਕਰਕੇ ਲੱਖਾਂ ਏਕੜ ਝੋਨੇ ਦੀ ਫ਼ਸਲ ਦਾ ਭਾਰੀ ਨੁਕਸਾਨ ਹੋਇਆ ਹੈ। ਇਸ ਸਬੰਧੀ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਦਰਜਨਾਂ ਪਿੰਡਾਂ ਦਾ ਦੌਰਾ ਕਰਕੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਭਾਰੀ ਬਾਰਸ਼ਾਂ ਤੇ ਪਾਣੀ ਦੇ ਵਹਿਣ ਕਾਰਨ ਝੋਨੇ ਦੀ ਫ਼ਸਲ ਦਾ 100 ਫ਼ੀਸਦੀ ਤੋਂ ਲੈ ਕੇ 33 ਫ਼ੀਸਦੀ ਤੱਕ ਦਾ ਨੁਕਸਾਨ ਕਾਫੀ ਰਕਬੇ ਵਿੱਚ ਹੋ ਚੁੱਕਾ ਹੈ ਜਿਸ ਕਾਰਨ ਕਿਸਾਨਾਂ ਵਿੱਚ ਹਾਹਾਕਾਰ ਮੱਚ ਗਈ। ਇਸ ਸਬੰਧੀ ਜਮਹੂਰੀ ਕਿਸਾਨ ਸਭਾ ਦੀ ਟੀਮ ਪਿੰਡਾਂ-ਪਿੰਡਾਂ ਵਿੱਚ ਜਾ ਕੇ ਮੌਕੇ ਤੇ ਦੇਖਿਆ ਕਿ ਇਕੱਲੇ ਭਿੰਡੀ ਸੈਦਾਂ, ਝੁੰਜ ਤੇ ਭਿੰਡੀ ਖੁਰਦ ਕਿਸਾਨਾਂ ਦਾ ਝੋਨਾ 4-5 ਸੌ ਏਕੜ ਗੋਡੇ-ਗੋਡੇ ਪਾਣੀ ਵਿੱਚ ਡੁੱਬ ਕੇ ਮਾਰਿਆ ਗਿਆ ਹੈ। ਇਸ ਸਬੰਧੀ ਜਦੋਂ ਪੀੜਤ ਕਿਸਾਨਾਂ ਗੁਰਮੇਜ ਸਿੰਘ ਭਿੰਡੀ ਖੁਰਦ, ਬਘੇਲ ਸਿੰਘ ਪਿੰਡ ਝੁੰਜ, ਭਾਗ ਸਿੰਘ ਜਸਰਾਊਰ, ਜਸਬੀਰ ਸਿੰਘ ਭਿੰਡੀ ਸੈਦਾਂ, ਪ੍ਰੀਤਮ ਸਿੰਘ ਝੁੰਜ, ਸੁਰਜੀਤ ਸਿੰਘ ਭਿੰਡੀ ਸੈਦਾਂ ਦੀ ਦੁੱਖ ਸੁਣਨ ਤੋਂ ਬਾਅਦ ਇਹ ਟੀਮ ਪਿੰਡਾਂ ਦਾ ਦੌਰਾ ਕਰਦੀ ਹੋਈ ਹਾਸ਼ਮਪੁਰੇ ਪਹੁੰਚੀ। ਹਾਸ਼ਮਪੁਰੇ ਵਿਚ ਵੀ ਝੋਨੇ ਦੀ ਫ਼ਸਲ ਦਾ ਬਹੁਤ ਨੁਕਸਾਨ ਹੋਇਆ ਹੈ। ਡਾ. ਅਜਨਾਲਾ ਨੇ ਭਿੰਡੀ ਸੈਦਾਂ ਵਿਖੇ ਮੌਕੇ ਤੇ ਐਸਡੀਐਮ ਸੰਜੀਵ ਕੁਮਾਰ ਨੂੰ ਟੈਲੀਫੋਨ ਕਰਕੇ ਅਜਿਹੇ ਖ਼ਰਾਬੇ ਬਾਰੇ ਦੱਸਿਆ। ਖੇਤੀ ਮਾਹਿਰ ਡਾ. ਸਤਨਾਮ ਸਿੰਘ ਅਜਨਾਲਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਝੋਨੇ ਤੇ ਮੱਕੀ ਦੇ ਫ਼ਸਲਾਂ ਦੇ 100 ਫ਼ੀਸਦੀ ਖ਼ਰਾਬੇ ਤੇ ਪ੍ਰਤੀ ਏਕੜ 60 ਹਜ਼ਾਰ ਰੁਪਏ, 60 ਫ਼ੀਸਦੀ ਦਾ 40 ਹਜ਼ਾਰ ਰੁਪਏ ਤੇ 30 ਫ਼ੀਸਦੀ ਨੂੰ 25 ਹਜ਼ਾਰ ਰੁਪਏ ਮੁਆਵਜ਼ਾ ਦਿੱਤਾ ਜਾਵੇ। ਡਾ. ਅਜਨਾਲਾ ਨੇ ਪੁਰਜ਼ੋਰ ਮੰਗ ਕੀਤੀ ਕਿ ਖ਼ਰਾਬੇ ਦੀ ਤੁਰੰਤ ਗਿਰਦਾਵਰੀ ਕਰਾ ਕੇ ਮੁਆਵਜ਼ਾ ਦਿੱਤ ਜਾਵੇ। ਹੋਰਨਾਂ ਤੋਂ ਇਲਾਵਾ ਹਰਨੇਕ ਸਿੰਘ ਨੇਪਾਲ, ਗਾਇਕ ਗੁਰਪਾਲ ਗਿੱਲ ਸੈਦਪੁਰ, ਚਰਨ ਸਿੰਘ ਭਿੰਡੀ ਔਲਖ ਆਦਿ ਨੇ ਵੀ ਖ਼ਰਾਬੇ ਦੀ ਪੂਰੀ ਪੂਰੀ ਭਰਪਾਈ ਦੀ ਮੰਗ ਕੀਤੀ।

## 9 ਸਰਪੰਚਾਂ ਤੇ 99 ਪੰਚਾਂ ਦੇ ਖਾਲੀ ਅਹੁਦਿਆਂ ਲਈ ਚੋਣਾਂ 27 ਨੂੰ

ਪੱਟੀ (ਬਲਦੇਵ ਸਿੰਘ ਸੰਧੂ)-ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੇ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ 09 ਸਰਪੰਚਾਂ ਅਤੇ 99 ਪੰਚਾਂ ਦੇ ਖਾਲੀ ਅਹੁਦਿਆਂ ਲਈ ਚੋਣ 27 ਜੁਲਾਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਕਰਵਾਈ ਜਾ ਰਹੀ ਹੈ।ਵੋਟਾਂ ਦੀ ਗਿਣਤੀ ਵੀ ਉਸੇ ਦਿਨ ਹੀ ਹੋਵੇਗੀ।ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ 14 ਜੁਲਾਈ ਤੋਂ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਸ਼ੁਰੂ ਹੋਵੇਗੀ ਅਤੇ 17 ਜੁਲਾਈ ਤੱਕ ਨਾਮਜ਼ਦਗੀਆਂ ਭਰੀਆਂ ਜਾਣਗੀਆਂ।18 ਜੁਲਾਈ ਨੂੰ ਨਾਮਜ਼ਦਗੀਆਂ ਦੀ ਪੜਤਾਲ ਉਪਰੰਤ 19 ਜੁਲਾਈ ਨੂੰ ਉਮੀਦਵਾਰ ਆਪਣੇ ਪੇਪਰ ਵਾਪਸ ਲੈ ਸਕਦੇ ਹਨ ਤੇ 28 ਜੁਲਾਈ ਦਿਨ ਸੋਮਵਾਰ ਨੂੰ ਮੁਕੰਮਲ ਚੋਣ ਪ੍ਰਕਿਰਿਆ ਪੂਰੀ ਕੀਤੀ ਜਾਵੇਗੀ। ਜ਼ਿਲ੍ਹਾ ਤਰਨਤਾਰਨ ਦੇ ਛੇ ਬਲਾਕਾਂ (ਤਰਨ ਤਾਰਨ, ਗੰਡੀਵਿੰਡ, ਖਡੂਰ ਸਾਹਿਬ, ਚੋਹਲਾ ਸਾਹਿਬ, ਭਿੱਖੀਵਿੰਡ ਅਤੇ ਵਲਟੋਹਾ) ਵਿੱਚ ਵੱਖ-ਵੱਖ ਢੁੱਕਵੀਆਂ ਥਾਵਾਂ ਦੀ ਸ਼ਨਾਖਤ ਕੀਤੀ ਗਈ ਹੈ, ਜਿਥੇ ਕਿ ਨਾਮਜ਼ਦਗੀਆਂ ਦਾਖਲ ਕਰਨ ਲਈ ਉਮੀਦਵਾਰ ਪਹੁੰਚ ਕਰ ਸਕਦੇ ਹਨ।ਨਾਮਜ਼ਦਗੀਆਂ ਸਵੇਰੇ 11 ਵਜੇ ਤੋਂ ਲੈ ਕੇ ਦੁਪਹਿਰ 3 ਵਜੇ ਤੱਕ ਦਾਖਲ ਕੀਤੀਆਂ ਜਾ ਸਕਦੀਆਂ ਹਨ।ਉਨ੍ਹਾਂ ਦੱਸਿਆ ਕਿ ਬਲਾਕ ਤਰਨਤਾਰਨ ਦੇ 22 ਪਿੰਡਾਂ ਦੀਆਂ ਨਾਮਜ਼ਦਗੀਆਂ ਬੀ. ਡੀ. ਪੀ. ਓ. ਦਫ਼ਤਰ ਤਰਨ ਤਾਰਨ ਵਿਖੇ, ਬਲਾਕ ਗੰਡੀਵਿੰਡ ਦੇ 8 ਪਿੰਡਾਂ ਲਈ ਨਾਮਜ਼ਦਗੀਆਂ ਬੀ. ਡੀ. ਪੀ. ਓ. ਦਫ਼ਤਰ ਗੰਡੀਵਿੰਡ ਵਿਖੇ, ਬਲਾਕ ਖਡੂਰ ਸਾਹਿਬ ਦੇ 2 ਪਿੰਡਾਂ ਲਈ ਨਾਮਜ਼ਦਗੀਆਂ ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਵਿਖੇ, ਬਲਾਕ ਚੋਹਲਾ ਸਾਹਿਬ ਦੇ 5 ਪਿੰਡਾਂ ਲਈ ਨਾਮਜ਼ਦਗੀਆਂ ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਵਿਖੇ, ਬਲਾਕ ਵਲਟੋਹਾ ਦੇ 2 ਪਿੰਡਾਂ ਲਈ ਬੀ. ਡੀ. ਪੀ. ਓ. ਦਫ਼ਤਰ ਵਲਟੋਹਾ ਅਤੇ ਬਲਾਕ ਭਿੱਖੀਵਿੰਡ ਦੇ 8 ਪਿੰਡਾਂ ਲਈ ਨਾਮਜ਼ਦਗੀਆਂ ਬੀ. ਡੀ. ਪੀ. ਓ. ਦਫ਼ਤਰ ਭਿੱਖੀਵਿੰਡ ਵਿਖੇ ਪ੍ਰਾਪਤ ਕੀਤੀਆਂ ਜਾਣਗੀਆਂ। ਨਾਮਜ਼ਦਗੀਆਂ ਅਤੇ ਚੋਣਾਂ ਸਬੰਧੀ ਲੋੜੀਂਦੇ ਫਾਰਮ ਰਾਜ ਚੋਣ ਕਮਿਸ਼ਨ ਪੰਜਾਬ ਦੀ ਵੈੱਬਸਾਈਟ ਉਤੇ ਵੀ ਉਪਲੱਬਧ ਹਨ।

## ਜਥੇਬੰਦੀਆਂ ਵੱਲੋਂ ਪਾਵਰ ਮੈਨੇਜਮੈਂਟ ਦੀ ਵਾਅਦਾ ਖਿਲਾਫ਼ੀ ਵਿਰੁੱਧ ਸੰਘਰਸ਼ ਦੀ ਲਾਮਬੰਦੀ

### * ਬਿਜਲੀ ਮੰਤਰੀ ਦੀ ਰਿਹਾਇਸ਼ 'ਤੇ ਰੋਸ ਪ੍ਰਦਰਸ਼ਨ ਨੂੰ ਕਾਮਯਾਬ ਕਰਨ ਦਾ ਦਿੱਤਾ ਸੱਦਾ



ਤਰਨਤਾਰਨ (ਪ੍ਰਿਤਪਾਲ ਸਿੰਘ)-ਪਾਵਰ ਮੈਨੇਜਮੈਂਟ ਵੱਲੋਂ 2 ਜੂਨ ਦੀ ਮੀਟਿੰਗ ਵਿੱਚ ਮੰਨੀਆਂ ਮੰਗਾਂ ਲਾਗੂ ਨਾ ਕਰਕੇ ਜਥੇਬੰਦੀਆਂ ਨਾਲ ਕੀਤੀ ਵਾਅਦਾ ਖਿਲਾਫ਼ੀ ਵਿਰੁੱਧ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਪੀਐਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ) 24, ਪਾਵਰਕਾਮ/ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਾਵਰਕਾਮ ਟ੍ਰਾਂਸਕੋ ਦੇ ਸਾਂਝੇ ਸੂਬਾ ਪੱਧਰੀ ਸੱਦੇ ਤੇ 25 ਜੂਨ ਤੋਂ ਸ਼ੁਰੂ ਕੀਤੇ ਵਰਕ ਟੂ ਰੂਲ ਅਤੇ ਐਲਾਨ ਕੀਤੇ ਹੋਰ ਸੰਘਰਸ਼ਾਂ ਦੀ ਲਾਮਬੰਦੀ ਲਈ ਸਰਕਲ ਤਰਨਤਾਰਨ ਦੇ ਆਗੂਆਂ ਦੀ ਭਰਵੀਂ ਮੀਟਿੰਗ ਮਨਜੀਤ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਅਰਜਨ ਦੇਵ ਸਰਾਂ ਵਿਖੇ ਹੋਈ ਜਿਸ ਵਿੱਚ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਖਵਿੰਦਰ ਸਿੰਘ ਚਾਹਲ, ਗੁਰਭੇਜ ਸਿੰਘ ਢਿੱਲੋਂ, ਅਮਰੀਕ ਸਿੰਘ ਕੰਗ, ਪੂਰਨ ਸਿੰਘ ਮਾੜੀਮੇਘਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰਕਲ ਅਤੇ ਡਵੀਜ਼ਨ ਪੱਧਰ ਦੇ ਆਗੂਆਂ ਨੇ ਭਰਵੀਂ ਸ਼ਮੂਲੀਅਤ ਕੀਤੀ।ਇਸ ਮੀਟਿੰਗ ਦੇ ਏਜੰਡੇ ਸਬੰਧੀ ਸੂਬਾ ਲੀਡਰਸ਼ਿਪ ਨੇ ਜਾਣਕਾਰੀ ਦਿੰਦਿਆਂ ਦੱਸਿਆ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਮੁਲਾਜ਼ਮ ਮੰਗਾਂ ਪ੍ਰਤੀ ਧਾਰਨ ਕੀਤੇ ਰੁੱਖੇ ਵਤੀਰੇ ਬਾਰੇ ਹਾਜ਼ਰੀਨ ਨੂੰ ਦੱਸਦੇ ਹੋਏ ਕਿਹਾ ਕਿ 2 ਜੂਨ ਨੂੰ ਮਾਣਯੋਗ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਪਾਵਰ ਮੈਨੇਜਮੈਂਟ ਨਾਲ ਸਦਭਾਵਨਾ ਦੇ ਮਾਹੌਲ ਵਿੱਚ ਗੈਸਟ ਹਾਊਸ ਮੁਹਾਲੀ ਵਿਖੇ ਹੋਈ ਮੀਟਿੰਗ ਸਮੇਂ ਮੁਲਾਜ਼ਮ ਅਤੇ ਪੈਨਸ਼ਨਰ ਮਸਲਿਆਂ ਤੇ ਹੋਈਆਂ ਸਹਿਮਤੀਆਂ ਨੂੰ ਮੈਨੇਜਮੈਂਟ ਨੇ ਜਾਣਬੁੱਝ ਕੇ ਹੁਣ ਤੱਕ ਲਾਗੂ ਨਹੀਂ ਕੀਤਾ, ਜਿਸ ਦੇ ਰੋਸ ਵਜੋਂ ਮੈਨੇਜਮੈਂਟ ਵੱਲੋਂ ਕੀਤੀ ਗਈ ਵਾਅਦਾ ਖਿਲਾਫ਼ੀ ਵਿਰੁੱਧ ਜਥੇਬੰਦੀਆਂ ਨੇ ਹੇਠਾਂ ਦਰਸਾਏ ਸੰਘਰਸ਼ਾਂ ਦਾ ਐਲਾਨ ਕੀਤਾ ਹੈ।ਆਗੂਆਂ ਨੇ ਦੱਸਿਆ ਕਿ 25 ਜੂਨ ਤੋਂ ਸ਼ੁਰੂ ਕੀਤੇ ਵਰਕ ਟੂ ਰੂਲ ਨੂੰ ਅਣਮਿੱਥੇ ਸਮੇਂ ਤੱਕ ਲਾਗੂ ਰੱਖਿਆ ਜਾਵੇਗਾ, 18 ਜੁਲਾਈ ਨੂੰ ਸਰਕਲ ਪੱਧਰ ਦੀ ਵੱਡੀ ਕਨਵੈਨਸ਼ਨ ਸ੍ਰੀ ਗੁਰੂ ਅਰਜਨ ਦੇਵ ਸਰਾਂ ਵਿਖੇ ਹੋਵੇਗੀ, 24 ਜੁਲਾਈ ਨੂੰ ਸਰਕਲ ਅਧੀਨ ਪੈਂਦੀਆਂ ਪੰਜ ਡਵੀਜ਼ਨਾਂ ਪੱਟੀ, ਭਿੱਖੀਵਿੰਡ, ਬਿਆਸ, ਤਰਨਤਾਰਨ ਸ਼ਹਿਰੀ ਅਤੇ ਦਿਹਾਤੀ ਵਿੱਚ ਰੋਸ ਧਰਨੇ ਦੇਣ ਉਪਰੰਤ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ 'ਤੇ ਸੂਬਾ ਪੱਧਰੀ ਧਰਨਾ ਲਗਾ ਕੇ ਝੰਡਾ ਮਾਰਚ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਜੇਕਰ ਫਿਰ ਵੀ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਅਗਸਤ ਮਹੀਨੇ ਦੇ ਪਹਿਲੇ ਹਫ਼ਤੇ ਸਮੂੰਹ ਕਰਮਚਾਰੀ ਸਮੂਹਿਕ ਛੁੱਟੀ 'ਤੇ ਜਾਣ ਲਈ ਮਜਬੂਰ ਹੋਣਗੇ ਜਿਸ ਤੋਂ ਨਿਕਲੇ ਸਿੱਟਿਆਂ ਦੀ ਜ਼ਿੰਮੇਵਾਰ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਹੋਵੇਗੀ।ਇਸ ਮੌਕੇ ਮੁਲਾਜ਼ਮ ਅਤੇ ਪੈਨਸ਼ਨਰ ਆਗੂ ਮੰਗਲ ਸਿੰਘ ਨਾਗੋਕੇ, ਪੂਰਨ ਦਾਸ, ਸਤਨਾਮ ਸਿੰਘ ਸਰਾਂ, ਨਰਿੰਦਰ ਬੇਦੀ, ਮੇਜਰ ਸਿੰਘ ਮੱਲੀਆਂ, ਲਖਬੀਰ ਸਿੰਘ ਰੈਸ਼ੀਆਣਾ, ਸਤਪਾਲ ਸਿੰਘ ਵਾਲੀਆ, ਮੇਜਰ ਸਿੰਘ ਨਾਗੋਕੇ, ਲਖਬੀਰ ਸਿੰਘ ਸੰਧੂ, ਰਣਜੀਤ ਸਿੰਘ, ਧਰਮਵੀਰ ਸਿੰਘ, ਰਤਨ ਸਿੰਘ ਲਾਲੂ ਘੁੰਮਣ, ਜਸਬੀਰ ਸਿੰਘ ਸੇਰੋਂ ਆਦਿ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਸੰਘਰਸ਼ਾਂ ਨੂੰ ਕਾਮਯਾਬ ਕਰਨ ਦਾ ਅਹਿਦ ਲਿਆ।

## ਮੰਗਾਂ ਨੂੰ ਲੈ ਕੇ ਪੰਜਾਬ ਸਟੇਟ ਮਨਿਸਟੀਰੀਅਲ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਹੋਈ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਟੇਟ ਮਨਿਸਟੀਰੀਅਲ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ ਹੋਈ ਜਿਸ ਨੂੰ ਨਿਰਮਲ ਸਿੰਘ ਆਨੰਦ, ਕਾਰਜਕਾਰੀ ਪ੍ਰਧਾਨ, ਰਮੇਸ਼ ਗਿੱਲ ਜਰਨਲ ਸਕੱਤਰ, ਹਰਭਿੰਦਰ ਸਿੰਘ ਭੁੱਲਰ ਸੂਬਾ ਕਨੂੰਨੀ ਸਲਾਹਕਾਰ, ਬਲਬੀਰ ਸਿੰਘ ਵਿਤ ਸਕੱਤਰ,ਦੀਪ ਸਿੰਘ ਜ਼ਿਲ੍ਹਾ ਕਾਨੂੰਨੀ ਸਲਾਹਕਾਰ, ਵੀਨਾ ਕੁਮਾਰੀ, ਸੀਨੀਅਰ ਮੀਤ ਪ੍ਰਧਾਨ, ਮੁਖਤਿਆਰ ਸਿੰਘ ਪ੍ਰਾਪੇਗੰਡਾ ਸਕੱਤਰ ਨੇ ਮੀਟਿੰਗ ਨੂੰ ਸੰਬੋਧਨ ਕੀਤਾ। ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਬਣਦੀਆਂ ਮਹਿੰਗਾਈ ਭੱਤੇ ਦੀਆਂ ਚਾਰ ਕਿਸ਼ਤਾਂ ਤਰੁੰਤ ਨਕਦ ਰਲੀਜ਼ ਕੀਤੀਆਂ ਜਾਣ, ਛੇਵੇਂ ਪੇ ਕਮਿਸ਼ਨ ਦੀ ਰਿਪੋਰਟ ਅਨੁਸਾਰ ਤਨਖਾਹ/ਪੈਨਸ਼ਨ 2.59 ਗੁਣਾਂਕ ਦੇ ਫਾਰਮੂਲੇ ਨਾਲ ਫਿਕਸ ਕੀਤੀ ਜਾਵੇ, ਪੇ ਕਮਿਸ਼ਨ ਦਾ ਅਤੇ ਲੀਵ ਇਨਕੈਸ਼ਮੈਂਟ ਦਾ ਏਰੀਅਰ ਯਕਮੁਸ਼ਤ ਇਕ ਕਿਸ਼ਤ ਵਿਚ ਇਕੱਠੀ ਅਦਾਇਗੀ ਕੀਤੀ ਜਾਵੇ, ਮੈਡੀਕਲ ਭੱਤਾ 3000 ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇ, ਫੈਮਲੀ ਪੈਨਸ਼ਨਰਾਂ ਨੂੰ ਸਾਰੀਆਂ ਸਹੂਲਤਾਂ ਦਿਤੀਆਂ ਜਾਣ, ਮੈਡੀਕਲ ਹੈਲਥ ਸਕੀਮ ਬਿਨਾਂ ਕਿਸੇ ਉਪਰਲੀ ਹੱਦ ਦੇ ਸੋਧ ਕੇ ਲਾਗੂ ਕੀਤੀ ਜਾਵੇ। ਜੇ ਇਹ ਮੰਗਾਂ ਤੁਰੰਤ ਪ੍ਰਵਾਨ ਨਹੀਂ ਕੀਤੀਆਂ ਜਾਂਦੀਆਂ ਤਾਂ ਸਰਕਾਰ ਨੂੰ ਤਰਨਤਾਰਨ ਦੀ ਜ਼ਿਮਨੀ ਚੋਣ ਵਿੱਚ ਪੈਨਸ਼ਨਰਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਜਿਸ ਲਈ ਪੰਜਾਬ ਸਰਕਾਰ ਖੁਦ ਜ਼ਿੰਮੇਵਾਰ ਹੋਵੇਗੀ।ਉਪਰੋਕਤ ਲੀਡਰਸ਼ਿਪ ਤੋਂ ਇਲਾਵਾ ਨਰਿੰਦਰ ਸਿੰਘ ਖਜਾਨਾ ਅਫਸਰ, ਸੁਰਿੰਦਰਪਾਲ ਅਰੋੜਾ, ਓਮ ਪ੍ਰਕਾਸ਼ ਸੁਪਰਡੈਂਟ, ਬਲਵਿੰਦਰ ਸਿੰਘ ਗਿੱਲ ਸੁਪਰਡੈਂਟ, ਹਰਪਾਲ ਸਿੰਘ ਸਿੰਚਾਈ ਵਿਭਾਗ, ਦਲਜੀਤ ਸਿੰਘ ਬਾਬਾ ਬਕਾਲਾ, ਰਘਬੀਰ ਸਿੰਘ, ਜ਼ਿਲ੍ਹਾ ਅਟਾਰਨੀ ਵਾਲੇ, ਸ਼ਿਵ ਕੁਮਾਰ, ਨਰਿੰਦਰ ਸਿੰਘ ਗਿੱਲ ਨਹਿਰ ਦਫ਼ਤਰ ਵਾਲੇ, ਦਿਲਦਾਰ ਸਿੰਘ, ਸਿੰਚਾਈ ਵਿਭਾਗ, ਹਰਜਿੰਦਰ ਸਿੰਘ ਬੀਐਂਡਆਰ ਵਾਲੇ, ਕੁਲਦੀਪ ਸਿੰਘ ਆਫ਼ਿਸ ਸਕੱਤਰ, ਕੁਲਵੰਤ ਸਿੰਘ ਵਿਰਕ ਸੁਪਰਡੈਂਟ ਡਰੇਨੇਜ਼, ਅਰਜਨ ਸਿੰਘ ਤਰਸਿੱਕਾ, ਜਸਵੰਤ ਸਿੰਘ ਖਜਾਨਾ ਅਫਸਰ, ਜੁਗਲ ਕਿਸ਼ੋਰ ਖ਼ਜ਼ਾਨਾ ਅਫਸਰ, ਸ਼ਾਮ ਲਾਲ ਐਕਸਾਈਜ਼ ਵਿਭਾਗ ਵਾਲੇ, ਰਾਧਾ ਕ੍ਰਿਸ਼ਨਨ, ਸਿਹਤ ਵਿਭਾਗ, ਮੈਡਮ ਦਿਨੇਸ਼ ਬਾਲਾ ਡੀਸੀ ਦਫਤਰ ਵਾਲੇ ਅਤੇ ਹੋਰ ਪੈਨਸ਼ਨਰ ਸਾਥੀ ਹਾਜ਼ਰ ਸਨ।




## 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਉਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ : ਸ਼ੈਰੀ ਕਲਸੀ

ਬਟਾਲਾ, (ਤਰਲੋਕ ਬੱਗਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਦੇਸ਼ ਦੀ ਆਪਣੀ ਤਰ੍ਹਾਂ ਦੀ ਪਹਿਲੀ ਸਕੀਮ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ।ਇਸ ਤਹਿਤ ਸੂਬਾਈ ਵਾਸੀ 10 ਲੱਖ ਰੁਪਏ ਦਾ ਡਾਕਟਰੀ ਇਲਾਜ ਨਕਦੀ ਰਹਿਤ ਕਰਵਾ ਸਕਦੇ ਹਨ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਦੇ ਲੋਕਾਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਨ ਵਾਲੀ ਇਹ ਸਕੀਮ 2 ਅਕਤੂਬਰ ਤੋਂ ਸ਼ੁਰੂ ਹੋਵੇਗੀ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦਾ ਹਰੇਕ ਪਰਿਵਾਰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਕਰਵਾਉਣ ਦੇ ਯੋਗ ਹੋਵੇਗਾ।ਇਸ ਨਾਲ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਬਣ ਗਿਆ ਹੈ, ਜਿੱਥੇ ਹਰੇਕ ਪਰਿਵਾਰ ਨੂੰ ਸਿਹਤ ਸੰਭਾਲ ਲਈ ਵਿਆਪਕ ਯੋਜਨਾ ਅਧੀਨ ਲਿਆਂਦਾ ਗਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ ਸਕੀਮ ਦਾ ਲਾਭ ਪੰਜਾਬ ਦੀ ਸਮੁੱਚੀ ਤਿੰਨ ਕਰੋੜ ਵਸੋਂ ਨੂੰ ਹੋਵੇਗਾ ਅਤੇ ਹੁਣ ਤੱਕ 550 ਤੋਂ ਵੱਧ ਪ੍ਰਾਈਵੇਟ ਹਸਪਤਾਲਾਂ ਨੂੰ ਇਸ ਯੋਜਨਾ ਲਈ ਸੂਚੀਬੱਧ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹ ਗਿਣਤੀ ਇੱਕ ਹਜ਼ਾਰ ਤੱਕ ਵਧਾਈ ਜਾਵੇਗੀ। ਪਹਿਲਾਂ ਹਰੇਕ ਪਰਿਵਾਰ ਸਿਰਫ਼ ਪੰਜ ਲੱਖ ਰੁਪਏ ਤੱਕ ਦਾ ਇਲਾਜ ਕਰਵਾ ਸਕਦਾ ਸੀ, ਇਸ ਹੱਦ ਨੂੰ ਹੁਣ ਵਧਾ ਕੇ 10 ਲੱਖ ਰੁਪਏ ਤੱਕ ਕਰ ਦਿੱਤਾ ਗਿਆ ਹੈ। ਇਸ ਪਹਿਲਕਦਮੀ ਦੀ ਸ਼ੁਰੂਆਤ ਨਾਲ ਪੰਜਾਬ ਨੇ ਬਾਕੀ ਦੇਸ਼ ਲਈ ਨਵੀਂ ਮਿਸਾਲ ਕਾਇਮ ਕੀਤੀ ਹੈ ਅਤੇ ਪੰਜਾਬ ਅਜਿਹਾ ਪਹਿਲਾ ਸੂਬਾ ਬਣ ਗਿਆ ਹੈ ਜੋ ਆਪਣੇ ਨਾਗਰਿਕਾਂ ਨੂੰ ਸਿਹਤ ਸੰਭਾਲ, ਸਿੱਖਿਆ, ਬਿਜਲੀ ਤੇ ਬੱਸ ਸਫ਼ਰ ਮੁਫ਼ਤ ਮੁਹੱਈਆ ਕਰਵਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਸਮੇਤ ਪੰਜਾਬ ਦਾ ਹਰੇਕ ਨਾਗਰਿਕ ਸਿਹਤ ਸੰਭਾਲ ਸੇਵਾ ਮੁਫ਼ਤ ਹਾਸਲ ਕਰਨ ਲਈ ਯੋਗ ਹੋਵੇਗਾ, ਇਸ ਲਈ ਆਮਦਨ ਦੀ ਕੋਈ ਹੱਦ ਨਹੀਂ ਹੈ।ਇਸ ਸਕੀਮ ਤਹਿਤ ਸਿਹਤ ਕਾਰਡ, ਸੇਵਾ ਕੇਂਦਰ ਜਾਂ ਕਾਮਨ ਸਰਵਿਸ ਸੈਂਟਰ (ਸੀਐਸਸੀਜ਼) ਰਾਹੀਂ ਜਾਰੀ ਹੋਣਗੇ।ਇਸ ਤੋਂ ਇਲਾਵਾ ਲੋਕ ਆਪਣੇ ਵੋਟਰ ਕਾਰਡ ਜਾਂ ਆਧਾਰ ਕਾਰਡ ਦੀ ਵਰਤੋਂ ਕਰ ਕੇ ਆਨਲਾਈਨ ਰਜਿਸਟਰੇਸ਼ਨ ਰਾਹੀਂ ਵੀ ਸਿਹਤ ਕਾਰਡ ਹਾਸਲ ਕਰ ਸਕਦੇ ਹਨ।ਇਸ ਸਕੀਮ ਅਧੀਨ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਅਤੇ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਹੱਈਆ ਹੋਵੇਗਾ ਅਤੇ ਪੰਜਾਬ ਦੇ ਕਿਸੇ ਵੀ ਵਾਸੀ ਨੂੰ ਹੁਣ ਵਿੱਤੀ ਤੰਗੀ ਖੁਣੋਂ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ।

## ਕਟਾਰੂਚੱਕ ਨੇ ਉੱਜ ਦਰਿਆ ਤੇ ਜਲਾਲੀਆਂ ਨਾਲੇ ਨਾਲ ਪ੍ਰਭਾਵਿਤ ਹੋਣ ਵਾਲੇ ਸਰਹੱਦੀ ਖੇਤਰਾਂ ਦਾ ਕੀਤਾ ਦੌਰਾ

ਪਠਾਨਕੋਟ, (ਦਵਿੰਦਰ ਸਿੰਘ)-ਸ਼੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵੱਲੋਂ ਹਿੰਦ ਪਾਕ ਸਰਹੱਦ ਦੇ ਨਾਲ ਲਗਦੇ ਉਜ ਦਰਿਆ ਅਤੇ ਜਲਾਲੀਆਂ ਨਾਲੇ ਦਾ ਜਾਇਜ਼ਾ ਲਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਹਿੰਦ ਪਾਕ ਸਰਹੱਦ ਦੇ ਨਾਲ ਲਗਦੇ ਸੰਭਾਵਿਤ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ



ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ ਪਠਾਨਕੋਟ, ਪਵਨ ਕੁਮਾਰ ਬਲਾਕ ਪ੍ਰਧਾਨ, ਮੁਨੀਸ਼ ਗੁਪਤਾ ਸਰਪੰਚ ਬਮਿਆਲ, ਸਰਪੰਚ ਸੰਦੀਪ ਮਨਵਾਲ, ਸਰਪੰਚ ਹਰਦੀਪ ਮਜੀਰੀ, ਸਰਪੰਚ ਦਵਿੰਦਰ ਸਿੰਘ ਮੀਰਚੱਕ, ਸੁਰਿੰਦਰ ਮਹਾਜਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਵੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰੀਬ 1.50 ਕਰੋੜ ਰੁਪਏ ਦੀ ਲਾਗਤ ਨਾਲ ਉਜ ਦਰਿਆ 'ਤੇ ਸਪਰ ਬਣਾਇਆ ਗਿਆ ਹੈ ਤਾਂ ਜੋ ਪਿੰਡ ਮੀਰੇਚੱਕ, ਸਮਰਾਲਾ, ਬਮਿਆਲ, ਮਨਵਾਲ ਅੰਦਰ ਜੋ ਉਜ ਦਰਿਆ ਦਾ ਪਾਣੀ ਭਰ ਜਾਂਦਾ ਸੀ ਉਸ ਤੋਂ ਲੋਕਾਂ ਨੂੰ ਹੁਣ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿਛਲੇ ਦਿਨਾਂ ਦੌਰਾਨ ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਵੱਡਾ ਤੋਹਫਾ ਦਿੱਤਾ ਹੈ ਕਿ ਹਰੇਕ ਨਾਗਰਿਕ ਨੂੰ 10 ਲੱਖ ਰੁਪਏ ਦਾ ਸਿਹਤ ਬੀਮਾ ਯੋਜਨਾ ਦੇ ਅੰਦਰ ਕਵਰ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਦੇ ਨਾਲ ਨਾਲ ਕਰੀਬ 500 ਤੋਂ ਵੱਧ ਪ੍ਰਾਈਵੇਟ ਹਸਪਤਾਲ ਇਸ ਯੋਜਨਾ ਵਿੱਚ ਜੋੜੇ ਗਏ ਹਨ ਅਤੇ ਭਵਿੱਖ ਵਿੱਚ ਇਨ੍ਹਾਂ ਹਸਪਤਾਲਾਂ ਦੀ ਹੋਰ ਵੀ ਸੰਖਿਆ ਵਧਾਈ ਜਾਵੇਗੀ।ਉਨ੍ਹਾਂ ਕਿਹਾ ਕਿ ਸਰਕਾਰ ਲੋਕ ਹਿੱਤ ਨੂੰ ਲੈ ਕੇ ਵਿਕਾਸ ਕਰਦੀ ਆ ਰਹੀ ਹੈ ਅਤੇ ਭਵਿੱਖ ਅੰਦਰ ਵਿਕਾਸ ਕਾਰਜਾਂ ਅੰਦਰ ਹੋਰ ਵੀ ਤੇਜ਼ੀ ਲਿਆਂਦੀ ਜਾਵੇਗੀ।

## ਜ਼ੀ5 ਵੱਲੋਂ ਸੁਪਰਹਿੱਟ ਪੰਜਾਬੀ ਸੀਕਵਲ 'ਸੌਂਕਣ ਸੌਂਕਣੇ 2' ਦੇ ਵਰਲਡ ਡਿਜੀਟਲ ਪ੍ਰੀਮੀਅਰ ਦਾ ਐਲਾਨ

ਚੰਡੀਗੜ੍ਹ: ਜ਼ੀ5 ਨੇ ਬਹੁਤ ਹੀ ਬੇਸਬਰੀ ਨਾਲ ਉਡੀਕ ਕੀਤੀ ਜਾ ਰਹੀ ਪੰਜਾਬੀ ਫਿਲਮ 'ਸੌਂਕਣ ਸੌਂਕਣੇ 2' ਦੇ ਵਰਲਡ ਡਿਜੀਟਲ ਪ੍ਰੀਮੀਅਰ ਦਾ ਐਲਾਨ ਕਰ ਦਿੱਤਾ ਹੈ।

ਦੂਜਾ ਭਾਗ ਆਪਣੇ ਮਸਤੀ ਭਰੇ, ਪਿਆਰੇ ਕਿਰਦਾਰਾਂ ਦੀ ਦੁਨੀਆ ਵਿੱਚ ਹੋਰ ਵੀ ਗਹਿਰਾਈ ਨਾਲ ਲਿਜਾਂਦਾ ਹੈ—ਹਾਸੇ, ਡ੍ਰਾਮੇ ਅਤੇ ਉਸ ਮਨਮੋਹਣੇ ਅੰਦਾਜ਼ ਨਾਲ, ਜਿਸ ਨੇ ਪਹਿਲੀ ਵਾਰ ਦਰਸ਼ਕਾਂ ਦੇ ਦਿਲ ਜਿੱਤ ਲਏ ਸਨ।

ਸਮੀਪ ਕੰਗ ਦੀ ਡਾਇਰੈਕਸ਼ਨ ਹੇਠ ਬਣੀ ਸੌਂਕਣ ਸੌਂਕਣੇ 2 ਇੱਕ ਵਾਰ ਫਿਰ ਲੈ ਕੇ ਆ ਰਹੀ ਹੈ ਉਹੀ ਖਲਲ ਭਰੀ ਮਜ਼ੇਦਾਰ ਦੁਨੀਆ, ਜਿਸ ਨੇ ਇਸਨੂੰ ਦਰਸ਼ਕਾਂ ਦਾ ਮਨਪਸੰਦ ਬਣਾ ਦਿੱਤਾ ਸੀ।ਹੁਣ ਇਹ ਫਿਲਮ ਸਿਰਫ਼ ਜ਼ੀ5 'ਤੇ ਡਿਜੀਟਲ ਪ੍ਰੀਮੀਅਰ ਲਈ ਤਿਆਰ ਹੈ।ਜੇ ਤੁਸੀਂ ਫਿਲਮ ਨੂੰ ਥੀਏਟਰਾਂ ਵਿੱਚ ਦੇਖਣਾ ਮੁੱਕ ਗਿਆ ਹੈ, ਤਾਂ 'ਸੌਂਕਣ ਸੌਂਕਣੇ 2' ਨੂੰ 25 ਜੁਲਾਈ ਤੋਂ ਸਿਰਫ਼ ਜ਼ੀ5 'ਤੇ ਦੇਖੋ।

## ਸਮਾਜ ਸੁਧਾਰ ਸੰਸਥਾ ਪੰਜਾਬ ਵੱਲੋਂ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਦੀ ਮੰਗ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸਮਾਜ ਸੁਧਾਰ ਸੰਸਥਾ ਵੱਲੋਂ ਕਸਬਾ ਫਤਿਹਗੜ੍ਹ ਚੂੜੀਆ ਮਜੀਠਾ ਰੋਡ ਕੁਲਜੀਤ ਸਿੰਘ ਪ੍ਰਧਾਨ ਦੇ ਗ੍ਰਹਿ ਵਿਖੇ ਸੁਸਾਇਟੀ ਦੇ ਪੰਜਾਬ ਪ੍ਰਧਾਨ ਰਣਜੀਤ ਸਿੰਘ ਭੋਮਾ ਦੀ ਅਗਵਾਈ ਵਿੱਚ ਅੰਮ੍ਰਿਤਸਰ ਸ਼ਹਿਰ ਨੂੰ ਪਵਿੱਤਰ ਦਰਜਾ ਦਿਵਾਉਣ ਸਬੰਧੀ ਜਾਗਰੂਕ ਕਰਨ ਲਈ ਮੀਟਿੰਗ ਕੀਤੀ ਗਈ।

ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਸ੍ਰੀ ਦੁਰਗਿਆਣਾ ਮੰਦਰ, ਆਦਿ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਵਾਸਤੇ ਸੰਗਤਾਂ ਦੇਸ਼ਾਂ ਵਿਦੇਸ਼ਾਂ ਵਿੱਚੋਂ ਆਉਂਦੀਆ ਹਨ।

ਰਸਤਿਆਂ, ਬਜ਼ਾਰਾਂ ਵਿੱਚ ਸ਼ਰਾਬ ਦੇ ਠੇਕੇ, ਮੀਟ, ਮੱਛੀ, ਅੰਡੇ, ਪਾਨ, ਬੀੜੀਆਂ ਆਦਿ ਦੀਆਂ ਦੁਕਾਨਾਂ ਸ਼ਰਧਾਲੂਆਂ ਦੇ ਹਿਰਦੇ ਵਲੂੰਧਰਦੀਆਂ ਹਨ।ਇਸ ਕਰਕੇ ਗੁਰੂ ਨਗਰੀ ਦੀ ਪਵਿੱਤਰਤਾ ਨੂੰ ਮੁੱਖ ਰੱਖਦਿਆ ਇਨ੍ਹਾਂ ਦੁਕਾਨਾਂ ਦੀ ਜਗ੍ਹਾ ਹੋਰ ਕਾਰੋਬਾਰ ਖੋਲ੍ਹਿਆ ਜਾਵੇ।ਉਨ੍ਹਾਂ ਕਿਹਾ ਕਿ ਡੇਢ ਦਹਾਕੇ ਦੇ ਕਰੀਬ ਪਵਿੱਤਰ ਦਰਜੇ ਦੀ ਮੰਗ ਲਈ ਸੰਘਰਸ਼ ਕਰਦਿਆਂ ਹੋ ਗਿਆ ਹੈ।

ਇਸ ਸਬੰਧੀ ਪਹਿਲਾਂ ਅਕਾਲੀ ਦਲ, ਕਾਂਗਰਸ ਅਤੇ ਹੁਣ ਆਮ ਆਦਮੀ ਪਾਰਟੀ ਸਰਕਾਰ ਦੇ ਮੁੱਖ ਮੰਤਰੀਆਂ, ਡੀਸੀ ਅੰਮ੍ਰਿਤਸਰ, ਸ੍ਰੀ ਅਕਾਲ ਸਾਹਿਬ ਦੇ ਜਥੇਦਾਰਾਂ ਨੂੰ ਵੀ ਮੰਗ ਪੱਤਰ ਦੇ ਚੁੱਕੇ ਹਾਂ, ਪਰ ਜ਼ਿਲ੍ਹਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ।ਉਨ੍ਹਾਂ ਕਿਹਾ ਕਿ ਹੁਣ ਪਿੰਡ-ਪਿੰਡ ਮੀਟਿੰਗਾਂ ਰਾਹੀਂ ਲੋਕਾਂ ਨੂੰ ਜਾਗਰੂਕ ਕਰਕੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ 'ਚ ਇਕ ਵਿਸ਼ਾਲ ਨਗਰ ਕੀਰਤਨ ਕੱਢਿਆ ਜਾਵੇਗਾ, ਜਿਸ ਨਾਲ ਕੁੰਭਕਰਨੀ ਨੀਂਦ ਸੁੱਤਾ ਪ੍ਰਸ਼ਾਸਨ ਜਾਗੇਗਾ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਮੌਜੂਦਾ ਜਥੇਦਾਰ ਦਾ ਧਿਆਨ ਵੀ ਉਕਤ ਮੰਗ ਵੱਲ ਕੇਂਦਰਿਤ ਹੋਵੇਗਾ।ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਪਾਨ, ਬੀੜੀਆਂ ਅਤੇ ਮੀਟ, ਸ਼ਰਾਬ ਦੀਆਂ ਦੁਕਾਨਾਂ ਬੰਦ ਕਰਕੇ ਕਾਸ਼ੀ, ਹਰਿਦੁਆਰ, ਗੁਜਰਾਤ, ਮਥੁਰਾ ਆਦਿ ਹੋਰ ਕਈ ਸ਼ਹਿਰਾਂ ਵਾਂਗ ਅੰਮ੍ਰਿਤਸਰ ਸਾਹਿਬ ਨੂੰ ਵੀ ਪਵਿੱਤਰ ਦਰਜਾ ਦਿੱਤਾ ਜਾਵੇ ਅਤੇ ਉਕਤ ਦੁਕਾਨਾਂ ਲਈ ਅੰਮ੍ਰਿਤਸਰ ਸ਼ਹਿਰ ਦੀ ਹਦੂਦ ਤੋਂ ਬਾਹਰ ਇਕ ਵੱਖਰੀ ਮਾਰਕੀਟ ਬਣਾਈ ਜਾਵੇ।

ਇਸ ਮੌਕੇ ਪ੍ਰਧਾਨ ਕੁਲਜੀਤ ਸਿੰਘ, ਅਮਰੀਕ ਸਿੰਘ, ਹਰਬੀਰ ਸਿੰਘ ਭੋਮਾ, ਸੁਖਦੇਵ ਸਿੰਘ ਬੂਟਾ, ਸੁਖਦੇਵ ਸਿੰਘ ਸੰਧੂ, ਬਲਬੀਰ ਸਿੰਘ, ਬਲਵਿੰਦਰ ਸਿੰਘ, ਰਾਜਬੀਰ ਸਿੰਘ, ਦਿਲਬਾਗ ਸਿੰਘ, ਰਾਜਕਰਨ ਸਿੰਘ ਡੀਸੀ, ਰਛਪਾਲ ਸਿੰਘ ਪਾਲਾ, ਬੇਰੀ, ਦੀਪਕ ਆਦਿ ਹਾਜ਼ਰ ਸਨ।




## ਬ੍ਰਾਹਮਣ ਸਭਾ ਦੀ ਚੋਣ ਸੰਬੰਧੀ ਮੀਟਿੰਗ 20 ਨੂੰ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਫਤਿਹਗੜ੍ਹ ਚੂੜੀਆਂ ਦੇ ਰੋਹਿਤ ਸ਼ਰਮਾ ਐਕਸ ਜਨਰਲ ਸਕੱਤਰ ਬ੍ਰਾਹਮਣ ਸਭਾ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬ੍ਰਾਹਮਣ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਾ ਕਾਰਜਕਾਲ ਖਤਮ ਹੋ ਗਿਆ ਹੈ।ਇਸ ਲਈ ਸਾਰੀਆਂ ਇਕਾਈਆਂ ਦੀ ਇੱਕ ਜਨਰਲ ਬਾਡੀ ਮੀਟਿੰਗ 20 ਜੁਲਾਈ ਦਿਨ ਐਤਵਾਰ ਸਵੇਰੇ ਗਿਆਰਾਂ ਵਜੇ ਬ੍ਰਾਹਮਣ ਸਭਾ ਭਵਨ ਗੁਰਦਾਸਪੁਰ ਵਿਖੇ ਰੱਖੀ ਗਈ ਹੈ।ਉਨ੍ਹਾਂ ਜ਼ਿਲਾ ਗੁਰਦਾਸਪੁਰ ਦੀਆਂ ਸਾਰੀਆਂ ਬ੍ਰਾਹਮਣ ਸਭਾ ਇਕਾਈਆਂ, ਜਿਨ੍ਹਾਂ ਦੀ ਪ੍ਰਤੀਨਿਧਤਾ ਉਨ੍ਹਾਂ ਦੇ ਪ੍ਰਧਾਨ ਸਕੱਤਰ ਅਤੇ ਕੈਸ਼ੀਅਰ ਕਰਨਗੇ, ਨੂੰ ਬੇਨਤੀ ਕੀਤੀ ਗਈ ਕਿ ਉਹ ਨਵੇਂ ਜ਼ਿਲ੍ਹਾ ਪ੍ਰਧਾਨ ਨੂੰ ਸਰਬਸੰਮਤੀ ਨਾਲ ਚੁਣਨ/ਨਾਮਜ਼ਦ ਕਰਨ ਲਈ ਨਿਰਧਾਰਤ ਮਿਤੀ ਅਤੇ ਸਮੇਂ ਤੇ ਮੀਟਿੰਗ ਵਿੱਚ ਸ਼ਾਮਲ ਹੋ ਕੇ ਆਪਣੀ ਹਾਜ਼ਰੀ ਨੂੰ ਯਕੀਨੀ ਬਣਾਉਣ। ਰੋਹਿਤ ਸ਼ਰਮਾ ਨੇ ਕਿਹਾ ਕਿ ਮੀਟਿੰਗ ਦੌਰਾਨ ਬ੍ਰਾਹਮਣ ਸਭਾ ਦੀ ਬੇਹਤਰੀ ਲਈ ਵਿਚਾਰਾਂ ਕੀਤੀਆਂ ਜਾਣਗੀਆਂ।

## ਪੰਜਾਬ ਨੈਸ਼ਨਲ ਬੈਂਕ ਸਰਕਲ ਆਫਿਸ ਪਠਾਨਕੋਟ ਨੇ ਅਵਾਂਖਾ ਵਿਖੇ ਲਾਇਆ ਖੇਤੀਬਾੜੀ ਸਬੰਧੀ ਸੈਮੀਨਾਰ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਨੈਸ਼ਨਲ ਬੈਂਕ ਸਰਕਲ ਆਫਿਸ ਪਠਾਨਕੋਟ ਵਲੋਂ ਪਿੰਡ ਅਵਾਂਖਾ ਵਿਖੇ ਇਕ ਮੈਗਾ ਖੇਤੀਬਾੜੀ ਆਊਟਰੀਚ ਪ੍ਰੋਗਰਾਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਸੋਰਭ ਧੀਮਾਨ ਉਪ ਮਹਾਂ ਪ੍ਰਬੰਧਕ ਵਲੋਂ ਕੀਤੀ ਗਈ।ਇਸ ਮੌਕੇ ਉਨ੍ਹਾਂ ਨਾਲ ਸੰਜੀਤ ਕੁਮਾਰ ਸਰਕਲ ਹੈੱਡ ਪੀਐੱਨਬੀ ਪਠਾਨਕੋਟ, ਮੁੱਖ ਪ੍ਰਬੰਧਕ ਹੀਰਾ ਲਾਲ ਹੰਸ, ਸ਼ਸ਼ਾਂਕ ਸ਼ੁਕਲਾ ਮੁੱਖ ਪ੍ਰਬੰਧਕ ਤੇ ਅਰੁਣ ਧੀਮਾਨ ਮੁੱਖ ਪ੍ਰਬੰਧਕ, ਜ਼ਿਲ੍ਹਾ ਲੀਡ ਬੈਂਕ ਮੈਨੇਜਰ ਗੁਰਦਾਸਪੁਰ ਰਾਜਨ ਮਲਹੋਤਰਾ ਅਤੇ ਵਿਨੇ ਮਰਵਾਹ ਜ਼ਿਲ੍ਹਾ ਲੀਡ ਬੈਂਕ ਮੈਨੇਜਰ ਪਠਾਨਕੋਟ ਵਿਸ਼ੇਸ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਜੀਤ ਕੁਮਾਰ ਸਰਕਲ ਹੈਡ ਨੇ ਕਿਸਾਨਾਂ ਨੂੰ ਖੇਤੀਬਾੜੀ ਸਬੰਧੀ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿਸਾਨਾਂ ਨੂੰ ਕਰਜ਼ਾ ਲੈਣ, ਸਵੈ ਸਹਾਇਤਾ ਸਮੂਹ ਕਿਸਾਨ ਕ੍ਰੈਡਿਟ ਕਾਰਡ, ਕਿਸਾਨ ਗੋਲਡ ਸਕੀਮਾਂ, ਡੇਰੀ ਕਰਜ਼ਾ, ਖੇਤੀਬਾੜੀ ਮਸ਼ੀਨਰੀ ਲਈ ਕਰਜ਼ਾ, ਕੋਲਡ ਸਟੋਰੇਜ ਲਈ ਕਰਜ਼ਾ ਲੈਣ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਖੇਤੀਬਾੜੀ ਸਿਰਫ ਸਾਡੀ ਅਰਥ ਵਿਵਸਥਾ ਦਾ ਆਧਾਰ ਨਹੀਂ ਬਲਕਿ ਭਾਰਤ ਦੀ ਆਤਮਾ ਹੈ।ਉਨ੍ਹਾਂ ਦੱਸਿਆ ਕਿ ਅਜਿਹੀ ਕੰਪੇਨਾਂ ਰਾਹੀਂ ਸਾਡਾ ਮਕਸਦ ਕਿਸਾਨਾਂ ਤੱਕ ਬੈਂਕ ਦੀਆਂ ਵਧੀਆ ਸੇਵਾਵਾਂ ਲੈ ਕੇ ਜਾਣਾ ਹੈ ਤਾਂ ਜੋ ਕਿਸਾਨ ਆਪਣੇ ਬਲਬੂਤੇ 'ਤੇ ਖੜੇ ਹੋ ਸਕਣ।

ਇਸ ਮੌਕੇ ਮੌਜੂਦ ਭਾਗੀਦਾਰਾਂ ਨੂੰ ਮਨਜ਼ੂਰੀ ਪੱਤਰ ਵੀ ਵੰਡੇ ਗਏ।ਸਮਾਗਮ ਵਿੱਚ ਕਿਸਾਨ ਭਰਾਵਾਂ ਨੇ ਬੈਂਕਾਂ ਵਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਉਪ ਮਹਾਂ ਪ੍ਰਬੰਧਕ ਨੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਕਰਜ਼ਾ ਸੰਬੰਧੀ ਸਹੂਲਤ ਲਈ ਨੇੜਲੇ ਪੀਐੱਨਬੀ ਬੈਂਕ ਦੀਆਂ ਬਰਾਂਚਾਂ ਨਾਲ ਸੰਪਰਕ ਕਰਨ ਲਈ ਕਿਹਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹੋਰ ਕਈ ਸ਼ਾਖਾਵਾਂ ਦੇ ਮੈਨੇਜਰ ਤੇ ਪਿੰਡਾਂ ਦੇ ਸਰਪੰਚ, ਪੰਚ ਤੇ ਪਤਵੰਤੇ ਸੱਜਣ ਹਾਜ਼ਰ ਸਨ।




## ਇਨਰਵ੍ਹੀਲ ਕਲੱਬ ਦੀਆਂ ਮਹਿਲਾ ਮੈਂਬਰਾਂ ਨੇ ਸਮਾਜ ਸੇਵਕ ਡਾ. ਅਮਰਜੀਤ ਸਿੰਘ ਨੂੰ ਕੀਤਾ ਸਨਮਾਨਿਤ




ਅੰਮ੍ਰਿਤਸਰ (ਅਰੋੜਾ): ਸੰਸਾਰ ਭਰ ਵਿੱਚ ਸੰਸਾਰ ਭਰ ਦੀਆਂ ਮਹਿਲਾ ਮੈਂਬਰਾਂ ਵੱਲੋਂ ਗਠਿਤ ਕੀਤੀ ਗਈ ਇਨਰਵ੍ਹੀਲ ਕਲੱਬ ਅੰਮ੍ਰਿਤਸਰ ਦੀਆਂ ਮੈਂਬਰਾਂ ਨੇ ਡਾਕਟਰ ਦਿਵਸ ਦੇ ਮੌਕੇ ਇੱਕ ਸਮਾਗਮ ਦਾ ਆਯੋਜਨ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਕੀਤਾ।ਸਮਾਗਮ ਦੀ ਪ੍ਰਧਾਨਗੀ ਕਲੱਬ ਦੀ ਪ੍ਰਧਾਨ ਤਰਨਜੀਤ ਕੌਰ, ਸਕੱਤਰ ਰੋਸ਼ਨੀ ਬੱਤਰਾ ਵੱਲੋਂ ਕੀਤੀ ਗਈ।ਸਮਾਗਮ ਦਾ ਮੁੱਖ ਟੀਚਾ ਸਮਾਜ ਵਿੱਚ ਰਹਿ ਕੇ ਦੇਸ਼ ਅਤੇ ਸਮਾਜ ਭਲਾਈ ਕੰਮ ਕਰਨ ਵਾਲੇ ਬੁੱਧੀਜੀਵੀ ਮੈਂਬਰਾਂ ਨੂੰ ਸਨਮਾਨਿਤ ਕਰਨਾ ਸੀ।ਸਨਮਾਨ ਸਮਾਗਮ ਵਿੱਚ ਮਹਾਂਨਗਰ ਦੇ ਚਮੜੀ ਰੋਗ ਮਾਹਿਰ ਗੋਲਡ ਮੈਡਲਿਸਟ ਡਾ. ਅਮਰਜੀਤ ਸਿੰਘ ਸਚਦੇਵਾ ਨੂੰ ਉਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਖਾਸ ਤੌਰ ਤੇ ਸਨਮਾਨਿਤ ਕੀਤਾ ਗਿਆ।ਇਨਰਵ੍ਹੀਲ ਕਲੱਬ ਦੀ ਮਹਿਲਾ ਪ੍ਰਧਾਨ ਤਰਨਜੀਤ ਕੌਰ ਨੇ ਕਿਹਾ ਕਿ ਆਪਣੇ ਆਪਣੇ ਖੇਤਰ ਵਿੱਚ ਸਮਾਜ ਭਲਾਈ ਦੇ ਕੰਮ ਕਰਨ ਵਾਲੇ ਅਤੇ ਲੋੜਵੰਦ ਰੋਗੀਆਂ ਦਾ ਮੁਫ਼ਤ ਇਲਾਜ ਕਰਨ ਵਾਲੇ ਰੋਟਰੀ ਕਲੱਬ ਕੈਂਟ ਦੇ ਪ੍ਰਧਾਨ ਡਾ. ਅਮਰਜੀਤ ਸਿੰਘ ਇਸ ਸਨਮਾਨ ਦੇ ਪਾਤਰ ਹਨ। ਉਨ੍ਹਾਂ ਨੂੰ ਮਹਿਲਾਵਾਂ ਦੀ ਸੰਸਥਾ ਇਨਰਵ੍ਹੀਲ ਕਲੱਬ ਵੱਲੋਂ ਸਨਮਾਨਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਕਲੱਬ ਦੀ ਸੰਯੁਕਤ ਸਕੱਤਰ ਬਿੰਦੂ, ਮਹਿਲਾ ਪ੍ਰਧਾਨ ਡਾ. ਦਵਿੰਦਰ ਕੌਰ, ਪ੍ਰੀਤੀ ਬੱਗਾ, ਸ਼ਮਾ ਜੋਸ਼ੀ, ਡਾ. ਹਰਦਾਸ ਸਿੰਘ, ਸੱਤਿਯਪ੍ਰਭਾ ਸ਼ਰਮਾ, ਰੋਟਰੀ ਕੈਂਟ ਦੇ ਸਾਬਕਾ ਪ੍ਰਧਾਨ ਰੋਟੇਰੀਅਨ ਕਟਾਰੀਆ ਸਮੇਤ ਕਲੱਬ ਦੀਆਂ ਸਮੂਹ ਮੈਂਬਰਾਂ ਮੌਜੂਦ ਸਨ।

## ਝੋਨੇ ਦੀ ਸੁਪਰੀਮ 110 ਕਿਸਮ ਦੇ ਪੱਤਿਆਂ ਦਾ ਰੰਗ ਵੇਖ ਕੇ ਵੱਧ ਯੂਰੀਆ ਨਾ ਵਰਤੀ ਜਾਵੇ: ਮੁੱਖ ਖੇਤੀਬਾੜੀ ਅਫ਼ਸਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਝੋਨੇ ਅਤੇ ਬਾਸਮਤੀ ਦੀ ਲਵਾਈ ਦਾ ਕੰਮ ਤਕਰੀਬਨ ਮੁਕੰਮਲ ਹੋ ਚੁੱਕਾ ਹੈ ਅਤੇ ਹੁਣ ਇੱਕ ਲੱਖ ਬਹੱਤਰ ਹਜ਼ਾਰ ਹੈਕਟੇਅਰ ਰਕਬੇ ਵਿੱਚ ਲਵਾਈ ਹੋਈ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਅਮਰੀਕ ਸਿੰਘ ਨੇ ਦਸਿਆ ਕਿ ਕਿਸਾਨਾਂ ਵਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸਿਫਾਰਸ਼ਸ਼ੁਦਾ ਕਿਸਮਾਂ ਜਿਵੇਂ ਪੀ ਆਰ 128,132,126 ਦੀ ਲਵਾਈ ਕੀਤੀ ਹੈ ,ਇਸ ਤੋਂ ਇਲਾਵਾ ਬਾਸਮਤੀ ਦੀ ਕਾਸ਼ਤ ਵੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਾਬੰਦੀਸ਼ੁਦਾ ਕਿਸਮਾਂ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਲਵਾਈ ਕਿਸਾਨਾਂ ਵਲੋਂ ਨਹੀਂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਕਿਸਾਨਾਂ ਵਲੋਂ ਸੁਪਰੀਮ 110 ਕਿਸਮ ਦੀ ਲਵਾਈ ਵੱਡੇ ਪੱਧਰ ਤੇ ਕੀਤੀ ਗਈ ਹੈ ।ਉਨ੍ਹਾਂ ਦੱਸਿਆ ਕਿ ਝੋਨੇ ਦੀ ਇਸ ਕਿਸਮ ਦੇ ਬੂਟਿਆਂ ਦੇ ਪੱਤੇ ਕੁਝ ਪੀਲੇ ਦਿਖਾਈ ਦੇ ਰਹੇ ਹਨ ਕਿਉਂਕਿ ਝੋਨੇ ਦੀ 110 ਕਿਸਮ ਦਾ ਸੁਭਾਅ ਹੈ ਕਿ ਉਸ ਦੇ ਪੱਤੇ ਲਵਾਈ ਤੋਂ 45-50 ਦਿਨਾਂ ਤੱਕ ਪਲੱਤਣ ਵਿਚ ਰਹਿੰਦੇ ਹਨ ਜੋਂ ਜ਼ਿੰਕ ਦੀ ਘਾਟ ਦਾ ਭੁਲੇਖਾ ਪਾਉਂਦੇ ਹਨ।ਉਨ੍ਹਾਂ ਦੱਸਿਆ ਕਿਸਾਨ ਆਮ ਕਰਕੇ ਚਾਹੁੰਦੇ ਹਨ ਕਿ ਝੋਨੇ ਦੀ ਫ਼ਸਲ ਦਾ ਰੰਗ ਗੂੜ੍ਹਾ ਹਰਾ ਦਿਖਾਈ ਦੇਵੇ ਅਤੇ ਸੁਪਰੀਮ 110 ਕਿਸਮ ਪੱਤਿਆਂ ਦੇ ਪੀਲੇ ਰਹਿਣ ਕਾਰਨ ਕਿਸਾਨ ਆਮ ਕਰਕੇ 3-5 ਬੋਰੀਆਂ ਪ੍ਰਤੀ ਏਕੜ ਵਰਤ ਰਹੇ ਹਨ ਜਿਸ ਨਾਲ ਖੇਤੀ ਲਾਗਤ ਖਰਚੇ ਵਧਣ ਦੇ ਨਾਲ ਨਾਲ ਨਾਲ ਫ਼ਸਲ ਉੱਪਰ ਕੀੜਿਆਂ ਦੇ ਹਮਲੇ ਦਾ ਕਾਰਨ ਵੀ ਬਣਦਾ ਹੈ।ਉਨ੍ਹਾਂ ਦੱਸਿਆ ਕਿ ਵੱਧ ਯੂਰੀਆ ਖਾਦ ਦੀ ਵਰਤੋਂ ਨਾਲ ਫ਼ਸਲ ਦਾ ਪ੍ਰਾਲ ਵਧਦਾ ਹੈ ਅਤੇ ਝਾੜ ਵੀ ਘਟਦਾ ਹੈ। ਉਨ੍ਹਾਂ ਦੱਸਿਆ ਕਿ ਯੂਰੀਆ ਦੀ ਸਿਫਾਰਸ਼ ਤੋਂ ਵੱਧ ਵਰਤੋਂ ਕਈ ਮੁਸ਼ਕਲਾਂ ਪੈਦਾ ਕਰਦੀ ਹੈ।ਉਨ੍ਹਾਂ ਦੱਸਿਆ ਕਿ ਜ਼ਿਲਾ ਗੁਰਦਾਸਪੁਰ ਵਿਚ ਜ਼ਰੂਰਤ ਅਨੁਸਾਰ ਯੂਰੀਆ ਖਾਦ ਆ ਰਹੀ ਹੈ ਪ੍ਰੰਤੂ ਕਿਸਾਨਾਂ ਵਲੋਂ ਸਿਫਾਰਸ਼ ਤੋਂ ਵੱਧ ਵਰਤੋਂ ਕਰਨ ਨਾਲ ਛੋਟੇ ਕਿਸਾਨਾਂ ਨੂੰ ਯੂਰੀਆ ਖਾਦ ਦੀ ਉਪਲਬਧਤਾ ਵਿਚ ਕੁਝ ਮੁਸ਼ਕਲ ਆ ਰਹੀ ਹੈ ਜਿਸ ਨੂੰ ਛੇਤੀ ਹੀ ਦੂਰ ਕਰ ਦਿੱਤਾ ਜਾਵੇਗਾ।ਉਨ੍ਹਾਂ ਦਸਿਆ ਕਿ 31 ਜੁਲਾਈ ਤੱਕ ਜ਼ਿਲੇ ਅੰਦਰ ਸਾਉਣੀ ਦੀਆਂ ਫ਼ਸਲਾਂ ਨੂੰ ਪਾਉਣ ਲਈ 77 ਹਜ਼ਾਰ ਮੀਟ੍ਰਿਕ ਟਨ ਯੂਰੀਆ ਖਾਦ ਦੀ ਜ਼ਰੂਰਤ ਹੈ ਜਦ ਕਿ 13 ਜੁਲਾਈ ਤੱਕ ਕਰੀਬ 69 ਹਜ਼ਾਰ ਟਨ ਯੂਰੀਆ ਖਾਦ ਆ ਚੁੱਕੀ ਹੈ। ਉਨ੍ਹਾਂ ਦਸਿਆ ਕਿ ਇਹ ਖਾਦ 60 ਫੀਸਦੀ ਸਹਿਕਾਰੀ ਸਭਾਵਾਂ ਅਤੇ 40 ਫੀਸਦੀ ਨਿੱਜੀ ਖਾਦ ਵਿਕਰੇਤਾਵਾਂ ਨੂੰ ਦਿੱਤੀ ਗਈ ਹੈ। ਉਨ੍ਹਾਂ ਦਸਿਆ ਕਿ ਆਉਂਦੇ ਦਿਨਾਂ ਦੌਰਾਨ ਬਕਾਇਆ ਯੂਰੀਆ ਦੀ ਸਪਲਾਈ ਹੋ ਜਾਵੇਗੀ।ਉਨ੍ਹਾਂ ਸਮੂਹ ਕਿਸਾਨਾਂ ਨੂੰ ਬੇਨਤੀ ਕੀਤੀ ਕਿ ਝੋਨੇ ਦੀ ਫ਼ਸਲ ਵਿੱਚ ਸਿਫਾਰਸ਼ਾਂ ਅਨੁਸਾਰ ਪ੍ਰਤੀ ਏਕੜ 90 ਕਿਲੋ ਯੂਰੀਆ ਹੀ ਵਰਤੀ ਜਾਵੇ ਅਤੇ ਇਹ ਖਾਦ 45 ਦਿਨਾਂ ਤੱਕ ਤਿੰਨ ਬਰਾਬਰ ਕਿਸ਼ਤਾਂ ਵਿਚ ਪਾਈ ਜਾਵੇ।ਉਨ੍ਹਾਂ ਦੱਸਿਆ ਕਿ ਸੁਪਰੀਮ 110 ਕਿਸਮ ਦੇ ਪੱਤਿਆਂ ਦਾ ਰੰਗ ਕੁਝ ਪੀਲਾ ਦੇਖ ਕੇ ਯੂਰੀਆ ਖਾਦ ਨਹੀਂ ਪਾਉਣੀ ਚਾਹੀਦੀ ।ਉਨ੍ਹਾਂ ਦਸਿਆ ਕਿ ਲਵਾਈ ਤੋਂ 45-50 ਦਿਨਾਂ ਬਾਅਦ ਇਸ ਕਿਸਮ ਦੇ ਪੱਤਿਆਂ ਦਾ ਰੰਗ ਆਪਣੇ ਆਪ ਹੀ ਗਾੜ੍ਹਾ ਹਰਾ ਹੋ ਜਾਵੇਗਾ । ਉਨ੍ਹਾਂ ਦਸਿਆ ਕਿ ਝੋਨੇ ਦੀ ਫ਼ਸਲ ਨੂੰ ਕੋਈ ਗੈਰ ਸਿਫਾਰਸ਼ਸ਼ੁਦਾ ਖੇਤੀ ਸਮਗਰੀ ਪਾਉਣ ਦੀ ਜ਼ਰੂਰਤ ਨਹੀਂ।



## ਪ੍ਰਿੰ. ਸੋਹਲ ਦੇ ਕਾਵਿ ਸੰਗ੍ਰਹਿ 'ਕੁੰਡਲਜਾਲ' ਦਾ ਲੋਕ ਅਰਪਣ ਸਮਾਗਮ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾਂ, ਭਾਈ ਮੇਜਰ ਸਿੰਘ ਅਰਜਨਮਾਂਗਾ (ਅਮਲਾ ਇੰਚਾਰਜ ਸ਼੍ਰੋਮਣੀ ਕਮੇਟੀ), ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਅਤੇ ਸ: ਜੋਗਾ ਸਿੰਘ ਯੂ.ਏ.ਈ. ਬਤੌਰ ਵਿਸ਼ੇਸ਼ ਮਹਿਮਾਨ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਗੁਰਮੀਤ ਸਿੰਘ ਬਾਜਵਾ, ਮਾ: ਮਨਜੀਤ ਸਿੰਘ ਵੱਸੀ, ਡਾ: ਪਰਮਜੀਤ ਸਿੰਘ ਬਾਠ (ਤਿੰਨੋਂ ਕਾਰਜਕਾਰੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ), ਪ੍ਰਿੰ: ਕੁਲਵੰਤ ਸਿੰਘ ਅਣਖੀ (ਪ੍ਰਧਾਨ ਅੰਮ੍ਰਿਤਸਰ ਵਿਕਾਸ ਮੰਚ), ਕਥਾਕਾਰ ਦਵਿੰਦਰ ਦੀਦਾਰ ਸਿੰਘ (ਬਟਾਲਾ), ਸੁੱਚਾ ਸਿੰਘ ਰੰਧਾਵਾ (ਪ੍ਰਧਾਨ ਸਾਹਿਤ ਸਭਾ ਫਤਹਿਗੜ੍ਹ ਚੂੜੀਆਂ), ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ), ਹਰਭਜਨ ਸਿੰਘ ਭੱਗਰੱਥ (ਪ੍ਰਧਾਨ ਸਾਹਿਤਕ ਸਿਤਾਰੇ ਮੰਚ), ਅਵਤਾਰ ਸਿੰਘ ਗੋਇੰਦਵਾਲੀਆ (ਜਨਰਲ ਸਕੱਤਰ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਮੁਨੀਸ਼ ਕੁਮਾਰ ਰਿੰਕੂ ਭੱਠੇ ਵਾਲੇ, ਪ੍ਰੋ: ਬਖਤੌਰ ਧਾਲੀਵਾਲ (ਸੰਪਾਦਕ ਮੰਤਵ), ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ, ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਆਦਿ ਸ਼ੁਸ਼ੋਭਿਤ ਹੋਏ।ਇਸ ਮੌਕੇ ਪ੍ਰਿੰ. ਰਘਬੀਰ ਸਿੰਘ ਸੋਹਲ ਦਾ ਕਾਵਿ ਸੰਗ੍ਰਹਿ ਕੁੰਡਲਜਾਲ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ ।ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਨਿਭਾਏ।



## ਤਿੰਨ ਸਾਂਬਰ ਨਹਿਰ 'ਚ ਡਿੱਗੇ; ਦੋ ਰੈਸਕਿਊ ਕਰਕੇ ਜੰਗਲ 'ਚ ਛੱਡੇ, ਇਕ ਜ਼ੇਰੇ ਇਲਾਜ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਲਕਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਰਜਬਾਹਾ ਉਦੋਵਾਲੀ ਕਲਾਂ ਦੇ ਨਜ਼ਦੀਕੀ ਪੱਡਾ ਅਤੇ ਪਿੰਡ ਰਾਏਮੱਲ ਵਿੱਚ ਤਿੰਨ ਜੰਗਲੀ ਸਾਂਬਰਾਂ ਦਾ ਨਹਿਰ ਵਿੱਚ ਡਿੱਗਣ ਦਾ ਮਾਮਲਾ ਸਾਹਮਣੇ ਆਇਆ ਹੈ।ਪਿੰਡ ਵਾਸੀਆਂ ਵੱਲੋਂ ਜੰਗਲੀ ਜੀਵ ਵਿਭਾਗ ਨੂੰ ਸੂਚਨਾ ਦਿੱਤੀ ਗਈ ਜਿਨਾਂ ਵੱਲੋਂ ਮੌਕੇ ਤੇ ਪਹੁੰਚ ਕੇ ਸਥਾਨਕ ਲੋਕਾਂ ਦੀ ਮਦਦ ਨਾਲ 2 ਜੰਗਲੀ ਸਾਂਬਰਾਂ ਦਾ ਰੈਸਕਿਊ ਕਰਕੇ ਸੁਰੱਖਿਅਤ ਥਾਂ ਉਪਰ ਛੱਡ ਦਿੱਤਾ ਗਿਆ ।ਤੀਸਰੇ ਨੂੰ ਵੀ ਕਾਫੀ ਜੱਦੋਜਹਿਦ ਕਰਨ ਤੋਂ ਬਾਅਦ ਨਹਿਰ ਵਿੱਚੋਂ ਬਾਹਰ ਕੱਢਣ ਦੇ ਬਾਵਜੂਦ ਉਸ ਨੇ ਦੋ ਵਾਰ ਨਹਿਰ ਵਿੱਚ ਛਾਲ ਮਾਰ ਦਿੱਤੀ ਜਿਸ ਨਾਲ ਉਸ ਦਾ ਇੱਕ ਸਿੰਗ ਟੁੱਟਣ ਨਾਲ ਉਹ ਕਾਫੀ ਜ਼ਖਮੀ ਹੋ ਗਿਆ। ਉਸਦਾ ਦੁਬਾਰਾ ਰੈਸਕਿਊ ਕਰਕੇ ਇਲਾਜ ਲਈ ਗੁਰਦਾਸਪੁਰ ਭੇਜ ਦਿੱਤਾ ਗਿਆ।ਉਧਰ ਇਸ ਸਬੰਧੀ ਸਥਾਨਕ ਲੋਕਾਂ ਨੇ ਦੱਸਿਆ ਕਿ ਆਏ ਦਿਨ ਇਸ ਨਹਿਰ ਵਿੱਚ ਕੋਈ ਨਾ ਕੋਈ ਜਾਨਵਰ ਡਿੱਗਦਾ ਰਹਿੰਦਾ ਹੈ ਪਰ ਇਸ ਨਹਿਰ ਨੂੰ ਜਦੋਂ ਪੱਕਾ ਕੀਤਾ ਗਿਆ ਸੀ ਤੇ ਇਸ ਉੱਪਰ ਕੋਈ ਵੀ ਗਊ ਘਾਟ ਨਹੀਂ ਬਣਾਇਆ ਗਿਆ ਜਿਸ ਕਾਰਨ ਆਏ ਦਿਨ ਬੇਜ਼ੁਬਾਨ ਜਾਨਵਰ ਮਰ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੰਗਲੀ ਜੀਵ ਵਿਭਾਗ ਦੇ ਬਲਾਕ ਅਫਸਰ ਬੀਬੀ ਨਵਜੋਤ ਕੌਰ ਨੇ ਦੱਸਿਆ ਕਿ ਰਜਬਾਹਾ ਉਦੋਵਾਲੀ ਕਲਾਂ ਵਿੱਚ ਤਿੰਨ ਜੰਗਲੀ ਸਾਂਬਰ ਡਿੱਗਣ ਦਾ ਮਾਮਲਾ ਪ੍ਰਾਪਤ ਹੋਇਆ ਸੀ ਤੇ ਮੌਕੇ 'ਤੇ ਸਾਡੀ ਟੀਮ ਵੱਲੋਂ ਪਹੁੰਚ ਕੇ ਪਿੰਡ ਰਾਏਮਲ ਅਤੇ ਪਿੰਡ ਪੱਡਾ ਵਿੱਚੋਂ ਦੋ ਸਾਂਬਰਾ ਦਾ ਰੈਸਕਿਊ ਕਰਕੇ ਸੁਰੱਖਿਅਤ ਥਾਂ ਉਪਰ ਛੱਡ ਦਿੱਤਾ ਹੈ ਜਦਕਿ ਤੀਸਰੇ ਸਾਂਬਰ ਦੇ ਜ਼ਿਆਦਾ ਜ਼ਖਮੀ ਹੋਣ ਕਾਰਨ ਇਲਾਜ ਲਈ ਗੁਰਦਾਸਪੁਰ ਲਜਾਇਆ ਜਾ ਰਿਹਾ ਹੈ ਤੇ ਠੀਕ ਹੋਣ ਉਪਰੰਤ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਉਪਰ ਸੁਰੱਖਿਅਤ ਥਾਂ ਉਪਰ ਛੱਡਿਆ ਜਾਵੇਗਾ।



## 'ਆਪ' ਹਾਈ ਕਮਾਂਡ ਹਲਕਾ ਤਰਨਤਾਰਨ ਤੋਂ ਗੁਰਦੇਵ ਸਿੰਘ ਸੰਧੂ ਨੂੰ ਟਿਕਟ ਦੇਵੇ:ਰਾਣਾ ਝਬਾਲ

ਝਬਾਲ (ਹਰਜਿੰਦਰ ਸਿੰਘ ਸੋਨੀ)-ਆਪ ਹਾਈ ਕਮਾਂਡ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਮੀਨੀ ਪੱਧਰ ਤੇ ਲੋਕਾਂ ਨਾਲ ਜੁੜੇ ਪੁਰਾਣੇ ਟਕਸਾਲੀ ਤੇ ਆਮ ਪਾਰਟੀ ਦੇ ਜੁਝਾਰੂ, ਇਮਾਨਦਾਰ ਤੇ ਤਨਦੇਹੀ ਨਾਲ ਲੋਕ ਸੇਵਾ ਨੂੰ ਸਮਰਪਿਤ ਸੀਨੀਅਰ ਆਗੂ ਚੇਅਰਮੈਨ ਗੁਰਦੇਵ ਸਿੰਘ ਸੰਧੂ ਨੂੰ ਟਿਕਟ ਦੇਵੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਮ ਪਾਰਟੀ ਦੇ ਟਰਾਂਸਪੋਰਟ ਵਿੰਗ ਦੇ ਪ੍ਰਧਾਨ ਰਣਜੀਤ ਸਿੰਘ ਰਾਣਾ ਝਬਾਲ ਨੇ ਕਰਦਿਆਂ ਅੱਗੇ ਕਿਹਾ ਕਿ ਸ ਗੁਰਦੇਵ ਸਿੰਘ ਸੰਧੂ ਜਦ ਪੰਜਾਬ ਵਿੱਚ ਆਮ ਪਾਰਟੀ ਦਾ ਆਗਮਾਨ ਹੋਇਆ ਸੀ ਤਾਂ ਉਸ ਸਮੇਂ ਤੋਂ ਲੈ ਕੇ ਹੁਣ ਤੱਕ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਅਤੇ ਆਪ ਦੀ ਸਰਕਾਰ ਦੀਆਂ ਨੀਤੀਆਂ ਨੂੰ ਹਲਕੇ ਵਿੱਚ ਘਰ-ਘਰ ਪੁੱਜਦਾ ਕਰਨ ਲਈ ਯਤਨਸ਼ੀਲ ਰਹੇ ਹਨ।2022 ਦੀ ਚੋਣ ਵਿੱਚ ਹਲਕਾ ਤਰਨਤਾਰਨ ਤੋਂ ਆਪ ਦੀ ਟਿਕਟ ਦੇ ਵੱਡੇ ਦਾਅਵੇਦਾਰ ਵਜੋਂ ਆਪਣਾ ਹੱਕ ਜਤਾਇਆ।ਪਰ ਟਿਕਟ ਡਾ. ਕਸ਼ਮੀਰ ਸਿੰਘ ਸੋਹਲ ਨੂੰ ਦਿੱਤੇ ਜਾਣ ਦੇ ਬਾਵਜੂਦ ਵੀ ਹਲਕੇ 'ਚ ਵਿਚਰਦਿਆਂ ਆਮ ਪਾਰਟੀ ਲਈ ਪਿੰਡ ਪਿੰਡ ਡੋਰ ਟੂ ਡੋਰ ਪ੍ਰਚਾਰ ਕੀਤਾ ਜਿਸ ਸਦਕਾ ਡਾ. ਸੋਹਲ ਦੀ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਹੋਈ।ਹਾਈ ਕਮਾਂਡ ਵੱਲੋਂ ਆਪ ਨੂੰ ਜੰਗਲਾਤ ਵਿਭਾਗ ਦੇ ਵਾਇਸ ਚੇਅਰਮੈਨ ਦੇ ਅਹੁਦੇ ਨਾਲ ਨਿਵਾਜਿਆ ਗਿਆ।ਜੇਕਰ ਗੱਲ ਕਰੀਏ ਹੁਣ ਦੇ ਸਮੇਂ ਦੀ ਤਾਂ ਇਸ ਵੇਲੇ ਹਲਕੇ ਦੀ ਲੀਡਰਸ਼ਿਪ ਵਿੱਚੋਂ ਜੇਕਰ ਕੋਈ ਵੱਡਾ ਆਗੂ ਟਿਕਟ ਮਿਲਣ ਦਾ ਹੱਕਦਾਰ ਹੈ ਤਾਂ ਉਹ ਹੈ ਗੁਰਦੇਵ ਸਿੰਘ ਸੰਧੂ ਕਿਉਕਿ ਜਿੱਥੇ ਉਨਾਂ ਦਾ ਪੁਰਾਣੇ ਆਪ ਦੇ ਆਗੂਆਂ ਤੇ ਵਰਕਰਾਂ ਨਾਲ ਨੇੜਤਾ ਹੈ ਉੱਥੇ ਹੀ ਨੌਜਵਾਨ ਤੇ ਪੂਰਾ ਹਲਕਾ ਉਨਾਂ ਦੇ ਨਾਲ ਖੜਾ ਹੈ।



## ਲੰਗਾਹ ਨੇ ਸਾਥੀਆਂ ਸਮੇਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਮੱਥਾ ਟੇਕਿਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕੁਝ ਦਿਨ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਦੇ ਸਾਬਕਾ ਖੇਤੀਬਾੜੀ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਨੂੰ ਗੁਰਦਾਸਪੁਰ ਜ਼ਿਲੇ ਦਾ ਜ਼ਿਲ੍ਹਾ ਜਥੇਦਾਰ ਨਿਯੁਕਤ ਕੀਤਾ ਗਿਆ ਸੀ।ਜ਼ਿਲ੍ਹਾ ਪ੍ਰਧਾਨ ਬਣਨ ਤੋਂ ਬਾਅਦ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਡੇ ਕਾਫਲੇ ਦੇ ਰੂਪ ਵਿੱਚ ਸਾਥੀਆਂ ਸਮੇਤ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਤੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਗੁਰਦੁਆਰਾ ਦੇ ਗ੍ਰੰਥੀ ਸਿੰਘ ਨਛੱਤਰ ਸਿੰਘ ਵੱਲੋਂ ਜਥੇਦਾਰ ਸੁੱਚਾ ਸਿੰਘ ਲੰਗਾਹ ਦੀ ਚੜ੍ਹਦੀ ਕਲਾ ਤੇ ਸਰਬੱਤਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਵੱਲੋਂ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਸਾਹਿਬ ਤੇ ਸ਼੍ਰੀ ਸਾਹਿਬ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਮੇਰੇ ਤੇ ਭਰੋਸਾ ਕਰਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਮੈਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ ਮੈਂ ਉਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ ।

ਉਨ੍ਹਾਂ ਕਿਹਾ ਕਿ ਮੈਂ ਆਪਣੇ ਜ਼ਿਲੇ ਦੇ ਅਕਾਲੀ ਵਰਕਰਾਂ ਤੇ ਆਗੂਆਂ ਨੂੰ ਨਾਲ ਲੈ ਕੇ ਚੱਲਣ ਦਾ ਯਤਨ ਕਰਾਂਗਾ।ਇਸ ਮੌਕੇ ਐੱਸਜੀਪੀਸੀ ਮੈਂਬਰ ਗੁਰਿੰਦਰ ਪਾਲ ਸਿੰਘ ਗੋਰਾ, ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ, ਚੀਫ ਮੈਨੇਜਰ ਗੁਰਦੁਆਰਾ ਜਗਦੀਸ਼ ਸਿੰਘ ਬੁੱਟਰ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਮੈਨੇਜਰ ਸਰਬਜੀਤ ਸਿੰਘ ਬਾਠ ਸਾਹਿਬ, ਇਸਪੈਕਟਰ ਬਲਜੀਤ ਸਿੰਘ, ਸਾਬਕਾ ਮੈਂਬਰ ਨਰਿੰਦਰ ਸਿੰਘ ਬਾੜਾ, ਕੰਵਲਜੀਤ ਸਿੰਘ ਕਾਕੀ, ਸਾਬਕਾ ਚੇਅਰਮੈਨ ਸੁਖਬੀਰ ਸਿੰਘ ਵਾਹਲਾਂ, ਹਰਦੇਵ ਸਿੰਘ ਬਾਜੇਚੱਕ, ਜਸਪ੍ਰੀਤ ਸਿੰਘ ਰਾਣਾ, ਰਣਜੀਤ ਸਿੰਘ ਚਾਹਲ, ਜਥੇਦਾਰ ਅਮਰੀਕ ਸਿੰਘ ਠੇਠਰਕੇ, ਜਗਦੀਪ ਸਿੰਘ ਪ੍ਰਚਾਰਕ, ਰਜਿੰਦਰ ਸਿੰਘ ਵੇਰੋਕੇ, ਹਰਸਿਮਰਤ ਸਿੰਘ ਬਾਜਵਾ, ਧਰਮਪਾਲ ਸਿੰਘ ਮੱਤਰੀ, ਅਸ਼ੋਕ ਕਾਮਰੇਡ, ਸਤਨਾਮ ਸਿੰਘ ਠੇਠਰਕੇ, ਗੁਰਪ੍ਰੀਤ ਸਿੰਘ ਬਾਦਲ, ਜਸਪਿੰਦਰ ਸਿੰਘ ਝੰਗੀ, ਤੇਜਵੀਰ ਸਿੰਘ ਦਿਓਲ ਪੀਏ ਲੰਗਾਹ, ਸਾਬਕਾ ਚੇਅਰਮੈਨ ਗੁਰਦੇਵ ਸਿੰਘ ਧਾਰੋਵਾਲੀ, ਹਰਸਿਮਰਤ ਸਿੰਘ ਬਾਜਵਾ, ਸਰਬਜੀਤ ਸਿੰਘ ਫਤੂਪੁਰ, ਹਰਦੀਪ ਸਿੰਘ ਲੰਗਾਹ, ਇੰਸਪੈਕਟਰ ਜਰਨੈਲ ਸਿੰਘ, ਬਲਵਿੰਦਰ ਸਿੰਘ ਢਿੱਲਵਾਂ ਸਰਕਲ ਪ੍ਰਧਾਨ, ਕਸ਼ਮੀਰ ਸਿੰਘ ਰਣਸੀਕਾ, ਜਗਰੂਪ ਸਿੰਘ ਯੂਥ ਪ੍ਰਧਾਨ, ਗੁਰਜਿੰਦਰ ਸਿੰਘ ਅਠਵਾਲ ਯੂਥ ਪ੍ਰਧਾਨ, ਰਣਜੀਤ ਸਿੰਘ ਕਲਾਨੌਰ, ਬਲਦੇਵ ਸਿੰਘ ਤਪਾਲਾ, ਗੁਰਮੇਲ ਸਿੰਘ ਨਿੱਕੋਸਰਾਂ, ਸਤਪਾਲ ਸਿੰਘ ਨਿਕੋਸਰਾ, ਜੋਗਿੰਦਰ ਸਿੰਘ ਪੱਬਾਰਾਲੀ, ਸੁਰਜੀਤ ਸਿੰਘ ਚਾਕਾਂ ਵਾਲੀ, ਬਿੱਟਾ ਸਿੰਘਪੁਰਾ, ਸੁਰਜੀਤ ਸਿੰਘ ਖਾਨੋਵਾਲ, ਸੁਖਜਿੰਦਰ ਸਿੰਘ ਕਲਾਨੌਰ, ਜਗਦੀਪ ਸਿੰਘ ਜੱਗਾ, ਪ੍ਰਿੰਸੀਪਲ ਗੁਰਦੇਵ ਸਿੰਘ, ਇਕਬਾਲ ਸਿੰਘ ਸ਼ਾਮਪੁਰਾ, ਸਤਬੀਰ ਸਿੰਘ ਬਿੱਟੂ, ਚੈਨ ਸਿੰਘ ਵੈਰੋਕੇ, ਜਸਪਾਲ ਸਿੰਘ ਵੈਰੋਕੇ, ਵਿੱਕੀ ਖਾਸਾ ਵਾਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਤੇ ਆਗੂ ਹਾਜ਼ਰ ਸਨ।



# ਕਮਿਸ਼ਨਰੇਟ ਪੁਲਸ ਵੱਲੋਂ ਇੱਕ ਮੁਲਜ਼ਮ ਗ੍ਰਿਫ਼ਤਾਰ, ਤਿੰਨ ਗੈਰ ਕਾਨੂੰਨੀ ਪਿਸਤੌਲ ਬਰਾਮਦ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਵੱਲੋਂ ਅਪਰਾਧਿਕ ਤੱਤਾਂ ਨੂੰ ਨੱਥ ਪਾਉਣ ਲਈ ਸ਼ੁਰੂ ਕੀਤੀ ਗਈ ਵਿਸ਼ੇਸ਼ ਪਹਿਲਕਦਮੀ ਤਹਿਤ ਕਮਿਸ਼ਨਰੇਟ ਜਲੰਧਰ ਨੇ ਇੱਕ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ ਹੈ। ਪੁਲਸ ਕਮਿਸ਼ਨਰ ਧਨਪ੍ਰੀਤ ਕੌਰ, ਆਈ.ਪੀ.ਐਸ ਦੀ ਅਗਵਾਈ ਹੇਠ, ਸੀ.ਆਈ.ਏ ਸਟਾਫ ਨੇ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਤਿੰਨ ਗੈਰ ਕਾਨੂੰਨੀ ਪਿਸਤੌਲ ਅਤੇ ਜ਼ਿੰਦਾ ਰੌਂਦ ਬਰਾਮਦ ਕੀਤੇ ਹਨ।ਜਾਣਕਾਰੀ ਦਿੰਦਿਆਂ ਸੀ ਪੀ ਜਲੰਧਰ ਨੇ ਕਿਹਾ ਕਿ 9 ਜੁਲਾਈ ਨੂੰ ਇੱਕ ਵਿਸ਼ੇਸ਼ ਚੈਕਿੰਗ ਦੌਰਾਨ ਸੀ.ਆਈ.ਏ ਪੁਲਸ ਟੀਮ ਵਰਕਸ਼ਾਪ ਚੌਂਕ, ਜਲੰਧਰ ਨੇੜੇ ਤਾਇਨਾਤ ਸੀ। ਇਸ ਦੌਰਾਨ ਇੱਕ ਗੁਪਤ ਸੂਚਨਾ ਮਿਲੀ ਕਿ ਅਭਿਸ਼ੇਕ ਉਰਫ ਵੰਸ਼, ਪੁੱਤਰ ਜੀਤ ਲਾਲ, ਨਿਵਾਸੀ ਗਾਧੀ ਕੈਂਪ (ਮੌਜੂਦਾ ਪਤਾ: ਘਰ ਨੰਬਰ 361, ਫਗਵਾਰੀ ਮੁਹੱਲਾ, ਗੜ੍ਹਾ, ਥਾਣਾ ਡਵੀਜ਼ਨ ਨੰਬਰ 7), ਗਾਂਧੀ ਕੈਂਪ ਇਲਾਕੇ 'ਚ ਅਪਰਾਧਕ ਵਾਰਦਾਤ ਦੀ ਨੀਅਤ ਨਾਲ ਘੁੰਮ ਰਿਹਾ ਹੈ। ਪੁਲਸ ਟੀਮ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਉਕਤ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਸ ਦੇ ਕਬਜ਼ੇ ਵਿੱਚੋਂ ਇੱਕ ਗੈਰ-ਕਾਨੂੰਨੀ .32 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਇਸ ਸਬੰਧੀ ਮੁਲਜ਼ਮ ਵਿਰੁੱਧ ਥਾਣਾ ਡਵੀਜ਼ਨ ਨੰਬਰ 2, ਜਲੰਧਰ ਵਿਖੇ ਐਫ ਆਈ ਆਰ ਦਰਜ ਕੀਤੀ ਗਈ। ਪੁਲਸ ਰਿਮਾਂਡ ਦੌਰਾਨ 11 ਜੁਲਾਈ ਨੂੰ ਉਸ ਦੇ ਇਕਬਾਲੀਆ ਬਿਆਨ ਦੇ ਆਧਾਰ 'ਤੇ ਦੋ ਹੋਰ ਗੈਰ-ਕਾਨੂੰਨੀ .30 ਬੋਰ ਪਿਸਤੌਲ ਬਰਾਮਦ ਕੀਤੇ ਗਏ।




# ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ 'ਬੈਜ ਵੰਡ ਅਤੇ ਸ਼ਪਥ ਗ੍ਰਹਿਣ' ਸਮਾਰੋਹ ਕਰਵਾਇਆ

**ਲੋਹੀਆਂ ਖਾਸ (ਯੋਗੇਸ਼ਵਰ)** : ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ, ਵਾੜਾ ਜੋਧ ਸਿੰਘ ਵਿਖੇ 'ਬੈਜ ਵੰਡ ਅਤੇ ਸ਼ਪਥ ਗ੍ਰਹਿਣ' ਸਮਾਰੋਹ ਕਰਵਾਇਆ ਗਿਆ।ਜਿਸ ਵਿੱਚ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਲਈ ਪਹਿਲਾ ਕਦਮ ਚੁੱਕਦੇ ਹੋਏ 'ਸਕੂਲ ਸਟੂਡੈਂਟ ਕੌਂਸਲ' ਦਾ ਮੈਂਬਰ ਬਣਾਇਆ ਗਿਆ।ਇਸ ਵਿੱਚ ਸਕੂਲ ਦੇ ਤਿੰਨ ਹਾਊਸ ਕਰੇਜ, ਹਾਰਮਨੀ ਅਤੇ ਵਿਸਡਮ ਦੇ ਹਰਜੋਤ ਕੌਰ, ਸੁਖਨਪ੍ਰੀਤ ਕੌਰ, ਮਨਰੀਤ ਕੌਰ ਕੈਪਟਨ, ਹਰਕੀਰਤ ਸਿੰਘ, ਸੀਰਤਪ੍ਰੀਤ ਕੌਰ, ਮੁਸਕਾਨਦੀਪ ਕੌਰ ਵਾਈਸ ਕੈਪਟਨ, ਯੁੱਧਵੀਰ ਸਿੰਘ, ਅੰਮ੍ਰਿਤਪ੍ਰੀਤ ਸਿੰਘ, ਹਰਪ੍ਰੀਤ ਕੌਰ ਪ੍ਰੀਫੈਕਟ ਨੇ ਆਪਣੇ ਹਾਊਸ ਦੇ ਝੰਡੇ ਦੇ ਨਾਲ ਅਤੇ ਸਪੋਰਟਸ ਕੈਪਟਨ ਪਵਨਦੀਪ ਸਿੰਘ ਨੇ ਸ਼ਾਨਦਾਰ ਪਰੇਡ ਦਾ ਪ੍ਰਦਰਸ਼ਨ ਕੀਤਾ।ਮਹਿਕਪ੍ਰੀਤ ਕੌਰ, ਗੁਰਕੀਰਤ ਸਿੰਘ, ਅਮਾਇਰਾ, ਜੋਰਾਵਰ ਸਿੰਘ, ਓਂਕਾਰ ਸਿੰਘ, ਗੁਰਪ੍ਰੀਤ ਸਿੰਘ, ਸਗਨਪ੍ਰੀਤ ਕੌਰ, ਹਰਜੋਬਨਪ੍ਰੀਤ ਸਿੰਘ, ਵੰਦਨਾ ਨੂੰ ਸਰਬਪੱਖੀ ਪ੍ਰਦਰਸ਼ਨ ਦੇ ਅਧਾਰ 'ਤੇ ਕਲਾਸਾਂ ਦੇ ਸਿਗਨੀਫਿਕੈਂਟ ਮਨੀਟਰ ਚੁਣਿਆ ਗਿਆ।ਮੈਡਮ ਹਰਅੰਮ੍ਰਿਤਪ੍ਰੀਤ ਕੌਰ ਨੂੰ ਵਾਈਸ ਪ੍ਰਿੰਸੀਪਲ ਅਤੇ ਮੈਡਮ ਗੁਰਪ੍ਰੀਤ, ਅਮਰਪ੍ਰੀਤ, ਮਨਦੀਪ, ਰਮਨਦੀਪ, ਸੁਖਦੀਪ, ਪੂਜਾ ਸੁਮਨ ਨੂੰ ਤਿੰਨ ਹਾਊਸ ਦੇ ਸਕਿਪਰ, ਕੋ-ਸਕਿਪਰ, ਮੈਡਮ ਅਮਨਦੀਪ ਕੌਰ ਨੂੰ ਕਿੰਡਰਗਾਰਟਨ ਇੰਚਾਰਜ , ਸੰਦੀਪ ਸਰ ਨੂੰ ਸਪੋਰਟਸ ਮੈਂਟਰ, ਮਕਸੂਦ ਸਰ ਨੂੰ ਮਿਊਜ਼ਿਕ ਮੈਂਟਰ, ਮੈਡਮ ਨਵਦੀਪ ਸੰਧੂ, ਮੀਨੂ, ਨਵਦੀਪ, ਸ਼ਵੇਤਾ, ਜਗਰੂਪ, ਲਵਪ੍ਰੀਤ, ਨੇਹਾ, ਹਰਪ੍ਰੀਤ ਨੂੰ ਵਿਸ਼ੇਸ਼ ਮੈਂਟਰ ਵਜੋਂ ਸਨਮਾਨਿਤ ਕੀਤਾ ਗਿਆ।ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਸ੍ਰੀਮਤੀ ਨੀਤੀਮਾ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵੱਖ ਵੱਖ ਅਹੁਦਿਆਂ ਦੇ ਬੈਜ ਅਤੇ ਸੈਸ਼ੇ ਦੇ ਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਸਕੂਲ, ਸਮਾਜ ਪ੍ਰਤੀ ਆਪਣੀ ਜ਼ਿੰਮੇਦਾਰੀ ਪੂਰੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।




# ਹਰ ਖੇਤਰ ਵਿੱਚ ਆਪਣੀ ਪਛਾਣ ਬਣਾ ਰਹੀਆਂ ਸਾਡੀਆਂ ਇਹ ਧੀਆਂ

ਨਾਰੀ ਸੁਭਾਅ ਦੀ ਇੱਕ ਅਜਿਹੀ ਕੋਮਲ ਅਤੇ ਸੁੰਦਰ ਰਚਨਾ ਹਨ, ਜਿਸ ਵਿੱਚ ਉਹ ਧਰਤੀ ਵਾਂਗ ਨਿਮਰ ਹੈ, ਸੂਰਜ ਵਾਂਗ ਤੇਜ਼ ਹੈ, ਰੋਸ਼ਨੀ ਅਤੇ ਪਹਾੜ ਵਾਂਗ ਸਥਿਰ ਹਿੰਮਤ ਹੈ। ਜੇਕਰ ਉਹ ਕੁਝ ਕਰਨ ਦਾ ਇਰਾਦਾ ਕਰਦੀ ਹੈ, ਤਾਂ ਉਹ ਕੁਝ ਵੀ ਕਰ ਸਕਦੀ ਹੈ।

ਅੱਜ ਕੁੜੀਆਂ ਕੰਪਿਊਟਰ, ਡਾਕਟਰ, ਇੰਜੀਨੀਅਰ ਅਤੇ ਰਾਜਨੀਤਿਕ ਸ਼ਕਤੀ ਦੇ ਸਿਖਰਾਂ ਵਿੱਚ ਵਿਸ਼ ਸਨਮਾਨਜਨਕ ਅਹੁਦਿਆਂ 'ਤੇ ਤਾਇਨਾਤ ਹੋ ਕੇ ਦੇਸ਼ ਦੀ ਸੇਵਾ ਕਰ ਰਹੀਆਂ ਹਨ ਅਤੇ ਨਾਲ ਹੀ ਉਹ ਮਰਦਾਂ ਦੇ ਦਬਦਬੇ ਵਾਲੇ ਔਖੇ ਅਤੇ ਅੱਖੇ ਖੇਤਰਾਂ ਵਿੱਚ ਆਪਣੀ ਭੂਮਿਕਾ ਨਿਭਾਅ ਕੇ ਆਪਣੀ ਵਿਲੱਖਣ ਪਛਾਣ ਬਣਾ ਰਹੀਆਂ ਹਨ।

ਮਾਪਿਆਂ ਦਾ ਸਮਰਥਨ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਹ ਉਨ੍ਹਾਂ ਨੂੰ ਪੂਰਾ ਸਮਰਥਨ ਦਿੰਦੇ ਹਨ ਅਤੇ ਉਤਸ਼ਾਹਿਤ ਕਰਦੇ ਹਨ, ਜੋ ਪੜ੍ਹੀਆਂ-ਲਿਖੀਆਂ ਕੁੜੀਆਂ ਨੂੰ ਆਤਮ-ਵਿਸ਼ਵਾਸ, ਅੱਗੇ ਵਧਣ ਦੀ ਸੋਚ ਅਤੇ ਨਵੇਂ ਉਤਸ਼ਾਹ ਨਾਲ ਤਿਆਰ ਹੋਣ ਅਤੇ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਦੀ ਸੋਚ ਪ੍ਰਗਤੀਸ਼ੀਲ, ਸਕਾਰਾਤਮਕਤਾ ਅਤੇ ਕਿਸੇ ਵੀ ਖੇਤਰ ਵਿੱਚ ਅੱਗੇ ਵਧਣ ਦਾ ਜੋਸ਼ ਦਰਸਾਉਂਦੀ ਹੈ।

ਹਰ ਖੇਤਰ ਵਿੱਚ ਆਪਣਾ ਨਾਮ ਬਣਾ ਰਹੀਆਂ ਹਨ। ਜੇਕਰ ਤੁਸੀਂ ਕੋਈ ਵੀ ਟੀਵੀ ਚੈਨਲ ਦੇਖਦੇ ਹੋ, ਤਾਂ ਤੁਸੀਂ ਕੁੜੀਆਂ ਨੂੰ ਪੂਰੇ ਆਤਮਵਿਸ਼ਵਾਸ ਨਾਲ ਖ਼ਬਰਾਂ ਪੜ੍ਹਦੇ ਹੋਏ, ਐਂਕਰਿੰਗ ਕਰਦੇ ਹੋਏ ਜਾਂ ਕਿਸੇ ਪ੍ਰੋਗਰਾਮ ਦਾ ਹਿੱਸਾ ਬਣਦੇ ਹੋਏ ਦੇਖੋਗੇ। ਲਾਈਵ ਟੀਵੀ, ਰੇਡੀਓ ਪੇਸ਼ਕਾਰੀਆਂ, ਚੱਲ ਰਹੇ ਮੈਚ ਦੀ ਟਿੱਪਣੀ, ਕਿਸੇ ਅਖ਼ਬਾਰ ਜਾਂ ਮੈਗਜ਼ੀਨ ਲਈ ਪੱਤਰਕਾਰੀ, ਕਵਿਤਾ ਲਿਖਣਾ ਆਦਿ, ਇਨ੍ਹਾਂ ਖੇਤਰਾਂ ਵਿੱਚ ਔਰਤਾਂ ਦੀ ਭੂਮਿਕਾ ਸੌ ਪ੍ਰਤੀਸ਼ਤ ਤਸੱਲੀਬਖ਼ਸ਼ ਹੈ।

ਅਕਸਰ ਬਿਜਲੀ, ਪ੍ਰਿੰਟ ਮੀਡੀਆ ਨਾਲ ਸੰਬੰਧਤ ਕਰਮਚਾਰੀਆਂ, ਪੱਤਰਕਾਰਾਂ, ਕੈਮਰਾਮੈਨਾਂ ਨੂੰ ਦਿਨ-ਰਾਤ ਦਫ਼ਤਰ ਵਿੱਚ ਲਗਨ ਨਾਲ ਕੰਮ ਕਰਦੇ ਹੋਏ ਬਹੁਤ ਸਾਰੀਆਂ ਚੁਣੌਤੀਆਂ ਅਤੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਬਹੁਤ ਵਧੀਆ ਢੰਗ ਨਾਲ ਨਿਭਾਉਂਦੀਆਂ ਹਨ।

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਸਾਡੀਆਂ ਧੀਆਂ ਬਹੁਤ ਸਫਲਤਾ ਪ੍ਰਾਪਤ ਕਰ ਰਹੀਆਂ ਹਨ ਅਤੇ ਉੱਚ ਅਹੁਦਿਆਂ 'ਤੇ ਤਾਇਨਾਤ ਹਨ, ਪਰ ਫਿਰ ਅਜਿਹਾ ਲੱਗਦਾ ਹੈ ਕਿ ਕਿਤੇ ਨਾ ਕਿਤੇ ਉਹ ਅਸੁਰੱਖਿਅਤ ਮਹਿਸੂਸ ਕਰਦੀਆਂ ਹਨ। ਭਾਵੇਂ ਕਿ ਲੋਕਤੰਤਰ ਸਾਰੇ ਖੇਤਰਾਂ ਵਿੱਚ ਬਰਾਬਰ ਦਾ ਅਧਿਕਾਰ ਦਿੰਦਾ ਹੈ, ਪਰ ਹਰ ਤਰ੍ਹਾਂ ਦੇ ਖੇਤਰ ਤੋਂ ਬਾਹਰ ਲਈ ਸੁਰੱਖਿਅਤ ਰਹਿਣ ਦਾ ਹੁਨਰ ਸਿੱਖਣਾ ਵੀ ਜ਼ਰੂਰੀ ਹੈ। ਕੁੜੀਆਂ ਨੂੰ ਮਾਰਸ਼ਲ ਆਰਟਸ, ਕਰਾਟੇ ਆਦਿ ਵਿੱਚ ਇੰਨੀ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ ਕਿ ਉਹ ਆਪਣੀ ਸਥਿਤੀ ਦਾ ਸਾਹਮਣਾ ਆਪਣੇ ਆਪ ਕਰ ਸਕਣ।

ਮਾਪਿਆਂ ਨੂੰ ਆਪਣੀਆਂ ਧੀਆਂ ਨੂੰ ਪੁੱਤਰਾਂ ਵਾਂਗ ਪਿਆਰ, ਸਤਿਕਾਰ, ਚੰਗਾ ਪੋਸ਼ਣ, ਸਿੱਖਿਆ ਆਦਿ ਪ੍ਰਦਾਨ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਖੇਡਾਂ, ਪਾਇਲਟ, ਮੀਡੀਆ ਆਦਿ ਵਰਗੇ ਹਰ ਮੁਸ਼ਕਲ ਖੇਤਰ ਵਿੱਚ ਉਤਸ਼ਾਹਿਤ ਕਰਨਾ ਚਾਹੀਦਾ ਹੈ ਤਾਂ ਜੋ ਭਾਰਤ ਦੀਆਂ ਧੀਆਂ ਮਜ਼ਬੂਤ ਬਣਨ, ਉੱਚ ਅਹੁਦਿਆਂ 'ਤੇ ਕੰਮ ਕਰਨ ਅਤੇ ਪੂਰੇ ਦੇਸ਼ ਦਾ ਮਾਣ ਬਣਨ।


ਕੁਸੁਮ ਲਤਾ

**ਮੋਬਾ. 98760-21530**

# ਵਿਧਾਇਕ ਕੁਲਵੰਤ ਸਿੰਘ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਸਕੱਤਰ ਵਜੋਂ ਅਹੁਦਾ ਸੰਭਾਲਿਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਲਾਂਪੁਰ ਵਿਖੇ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ ਸੀ ਏ) ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਹੋਈ ਚੋਣ ਤੋਂ ਬਾਅਦ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਸਕੱਤਰ, ਅਮਰਜੀਤ ਮਹਿਤਾ ਪ੍ਰਧਾਨ, ਦੀਪਕ ਬਾਲੀ ਵਾਈਸ ਪ੍ਰਧਾਨ ਅਤੇ ਸੁਨੀਲ ਗੁਪਤਾ ਨੇ ਖ਼ਜ਼ਾਨਚੀ ਵਜੋਂ ਅਹੁਦਾ ਸੰਭਾਲ ਲਿਆ ਹੈ। ਪੰਜਾਬ ਕ੍ਰਿਕਟ ਐਸੋਸੀਏਸ਼ਨ ਦੀ ਕਮੇਟੀ ਨੇ ਅੱਜ ਚੋਣ ਪ੍ਰਕਿਰਿਆ ਨੂੰ ਮੁਕੰਮਲ ਕਰਦਿਆਂ ਅਹੁਦੇਦਾਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ । ਇਸ ਦੌਰਾਨ ਵਿਧਾਇਕ ਕੁਲਵੰਤ ਸਿੰਘ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ। ਕੁਲਵੰਤ ਸਿੰਘ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਚੋਣ ਅਫ਼ਸਰ ਅਤੇ ਕਮੇਟੀ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਚੋਣ ਪ੍ਰਕਿਰਿਆ ਨੂੰ ਵਧੀਆ ਢੰਗ ਨਾਲ ਮੁਕੰਮਲ ਕੀਤਾ ਹੈ । ਉਨ੍ਹਾਂ ਕਿਹਾ ਕਿ ਇਸਦੇ ਸਾਰੇ ਮੈਂਬਰਾਂ ਦੀ ਨਿਯੁਕਤੀ ਸਰਬਸੰਮਤੀ ਨਾਲ ਕੀਤੀ ਗਈ ਹੈ । ਕੁਲਵੰਤ ਸਿੰਘ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਨਾਲ ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਕ੍ਰਿਕਟ ਖੇਡ ਸਮੇਤ ਉੱਭਰ ਰਹੇ ਨਵੇਂ ਖਿਡਾਰੀਆਂ ਨੂੰ ਹੋਰ ਬੁਲੰਦੀਆਂ 'ਤੇ ਲੈ ਕੇ ਜਾਣ ਦੇ ਯਤਨ ਕਰਨਗੇ । ਉਨ੍ਹਾਂ ਕਿਹਾ ਕਿ ਪੰਜਾਬ 'ਚ ਅਥਾਹ ਖਿਡਾਰੀਆਂ ਦਾ ਹੈ । ਉਨ੍ਹਾਂ ਕਿਹਾ ਕ੍ਰਿਕਟ 'ਚ ਉੱਭਰ ਰਹੇ ਨਵੇਂ ਨੌਜਵਾਨਾਂ ਨੂੰ ਅੱਗੇ ਲਿਆਉਣ ਦੇ ਯਤਨ ਕੀਤੇ ਜਾਣਗੇ । ਕੁਲਵੰਤ ਸਿੰਘ ਨੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਭਗਤਵੰਤ ਸਿੰਘ ਮਾਨ ਅਤੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪੰਜਾਬ 'ਚ ਖੇਡਾਂ ਨੂੰ ਹੋਰ ਵੀ ਪ੍ਰਫੁਲਿਤ ਕੀਤਾ ਜਾ ਰਿਹਾ ਹੈ ।




# ਸੰਨਿਆਸ ਆਸ਼ਰਮ ਕਾਹਲਵਾਂ ਵਿਖੇ ਮਨਾਇਆ ਗੁਰੂ ਪੂਰਨਿਮਾ ਦਾ ਤਿਉਹਾਰ

**ਕਾਲਾ ਸੰਘਿਆਂ (ਮਨਜੀਤ ਮਾਨ)**- ਸੁਆਮੀ ਪ੍ਰਕਾਸ਼ਾ ਨੰਦ ਸੇਵਾ ਸੰਮਤੀ ਕਾਹਲਵਾਂ ਅਤੇ ਥਿੱਗਲੀ ਦੇ ਵਿਸ਼ੇਸ਼ ਉੱਦਮ ਸਦਕਾ ਇਸ ਵਾਰ ਵੀ 1008 ਸੁਆਮੀ ਪ੍ਰਕਾਸ਼ਾ ਨੰਦ ਜੀ ਸੰਨਿਆਸ ਆਸ਼ਰਮ ਕਾਹਲਵਾਂ (ਕਪੂਰਥਲਾ) ਵਿਖੇ ਡੇਰੇ ਦੇ ਗੱਦੀ ਨਸ਼ੀਨ ਤੇ ਮੁੱਖ ਸੇਵਾਦਾਰ ਸੁਆਮੀ ਪੂਰਨਾ ਨੰਦ ਸਰਸਵਤੀ ਦੀ ਯੋਗ ਅਗਵਾਈ ਹੇਠ ਗੁਰੂ ਪੂਰਨਿਮਾ / ਵੇਦ ਵਿਆਸ ਦਾ ਪਾਵਨ ਤਿਉਹਾਰ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਦੀ ਭਾਵਨਾ ਦੇ ਨਾਲ ਮਨਾਇਆ ਗਿਆ, ਜਿਸ ਦੌਰਾਨ ਪਿੰਡ , ਇਲਾਕੇ ਤੇ ਦੂਰ ਦੁਰਾਡੇ ਦੀਆਂ ਸੰਗਤਾਂ ਨੇ ਸਵੇਰ ਵੇਲੇ ਤੋਂ ਲੈ ਕੇ ਦੇਰ ਰਾਤ ਤੱਕ ਡੇਰੇ 'ਚ ਪੁੱਜ ਕੇ ਗੁਰੂ ਪੂਰਨਿਮਾ ਦੀਆਂ ਰਸਮਾਂ ਅਦਾ ਕਰਦਿਆਂ ਗੁਰੂ ਮਹਾਰਾਜ ਦੇ ਅਸਥਾਨ 'ਤੇ ਨਤਮਸਤਕ ਹੋ ਕੇ ਮੌਜੂਦਾ ਗੱਦੀ ਨਸ਼ੀਨ ਸੁਆਮੀ ਪੂਰਨਾ ਨੰਦ ਮਹਾਰਾਜ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ।ਇਹ ਸਮਾਗਮ 1008 ਸੁਆਮੀ ਪੂਰਨਾ ਨੰਦ ਸਰਸਵਤੀ ਵੱਲੋਂ ਸਵੇਰੇ ਹਵਨ ਦੀ ਰਸਮ ਤੇ ਝੰਡੇ ਦੀ ਰਸਮ ਅਦਾ ਕਰਕੇ ਬਕਾਇਦਾ ਸ਼ੁਰੂ ਕੀਤਾ ਗਿਆ । ਇਸ ਮੌਕੇ ਪੰਜਾਬ ਦੀ ਸੁਪ੍ਰਸਿੱਧ ਡਿਊਟ ਜੋੜੀ ਸਰਫੂ ਸਦੀਕ ਤੇ ਬੀਬਾ ਰਣਵੀਰ ਕੌਰ, ਗਾਇਕ ਗੁਰਮੀਤ ਮੀਤ, ਗਾਇਕਾ ਪ੍ਰਿਆ ਦੱਤ ਕਪੂਰਥਲਾ, ਐਨ ਐਸ ਗੁੱਗੂ, ਨੀਲਮ ਦੱਤ, ਅਮਿਤ ਲਿਅਕਤ ਮਤੌਈ, ਪ੍ਰਵੀਨ ਰੰਗੀਲਾ, ਵਰਲਡ ਫੇਮਸ ਮੰਚ ਸੰਚਾਲਕ ਰਾਹੁਲ ਲਹਿਰੀ ਵੱਲੋਂ ਮੇਲੇ ਵਿੱਚ ਖੂਬ ਰੰਗ ਬੰਨ੍ਹਿਆ। ਇਸ ਮੌਕੇ ਮਿਊਜ਼ਿਕ ਦੀ ਸੇਵਾ ਪ੍ਰਸਿੱਧ ਮਿਊਜ਼ਿਕ ਡਾਇਰੈਕਟਰ ਅਸ਼ੋਕ ਸ਼ਰਮਾ ਵੱਲੋਂ ਨਿਭਾਈ ਗਈ। ਇਸੇ ਦੌਰਾਨ ਸੁਆਮੀ ਪੂਰਨਾਨੰਦ ਨੇ ਸ਼ਰਧਾਲੂਆਂ ਨੂੰ ਸੰਦੇਸ਼ ਦਿੰਦਿਆਂ ਆਖਿਆ ਕਿ ਮਾਂ ਇੱਕ ਬੱਚੇ ਦਾ ਪਹਿਲਾ ਗੁਰੂ ਹੈ, ਉਸ ਤੋਂ ਬਾਅਦ ਉਸ ਦਾ ਅਧਿਆਪਕ ਤੇ ਉਸ ਤੋਂ ਬਾਅਦ ਦੁਨਿਆਵੀ ਜ਼ਿੰਦਗੀ ਨੂੰ ਸੁਚੱਜੇ ਢੰਗ ਨਾਲ ਜਿਉਣ ਲਈ ਅਧਿਆਤਮਕ ਤੌਰ 'ਤੇ ਹਰ ਮਨੁੱਖ ਨੂੰ ਕਿਸੇ ਨਾ ਕਿਸੇ ਧਾਰਮਿਕ ਸ਼ਖ਼ਸੀਅਤ ਨੂੰ ਆਪਣਾ ਗੁਰੂ ਅਪਣਾਉਣਾ ਪੈਂਦਾ ਹੈ। ਉਹਨਾਂ ਕਿਹਾ ਕਿ ਗੁਰੂ ਪੂਰਨਿਮਾ ਦਾ ਤਿਉਹਾਰ ਗੁਰੂ ਨੂੰ ਸ਼ਰਧਾ ਸੁਮਨ ਅਰਪਿਤ ਕਰਨ ਲਈ ਹਰ ਸਾਲ ਪੂਰਨਮਾਸ਼ੀ ਵਾਲੇ ਦਿਨ ਮਨਾਇਆ ਜਾਂਦਾ ਹੈ । ਇਸ ਮੌਕੇ ਪ੍ਰਕਾਸ਼ਾ ਨੰਦ ਭਜਨ ਮੰਡਲੀ ਦੇ ਨੌਜਵਾਨਾਂ ਵੱਲੋਂ ਸੁਆਮੀ ਜੀ ਦੀ ਮਹਿਮਾ ਗੁਣਗਾਨ ਕੀਤਾ ਅਤੇ ਛੋਲੇ-ਪੂਰੀਆਂ ਤੇ ਮਿੱਠੀ ਲੱਸੀ ਦਾ ਲੰਗਰ ਸ਼ਰਧਾਲੂ ਸੰਗਤਾਂ ਲਈ ਲਗਾਇਆ ਗਿਆ । ਇਸ ਸਮਾਗਮ ਵਿੱਚ ਉਪਕਾਰ ਸਿੰਘ ਡੀ ਐਸ ਪੀ ਕਪੂਰਥਲਾ, ਕੁਲਵੰਤ ਕੌਰ ਮੇਅਰ ਕਪੂਰਥਲਾ, ਨੰਬਰਦਾਰ ਲਾਭ ਚੰਦ ਥਿੱਗਲੀ ਪ੍ਰਧਾਨ ਸਵਾਮੀ ਪ੍ਰਕਾਸ਼ਾ ਨੰਦ ਸੇਵਾ ਸੰਮਤੀ ਕਾਹਲਵਾਂ ਅਤੇ ਥਿੱਗਲੀ, ਬਲਵਿੰਦਰ ਸਿੰਘ ਬਲੱਗਣ ਸਰਪੰਚ ਪਿੰਡ ਕਾਹਲਵਾਂ, ਚਰਨ ਸਿੰਘ ਢਿੱਲੋਂ ਕੁਲਵੰਤ ਰਾਏ ਭੱਲਾ ਸਾਬਕਾ ਸਰਪੰਚ ਥਿੱਗਲੀ, ਡੇਰੇ ਦੇ ਅਨਿੰਨ ਭਗਤ ਤੇ ਸਮਾਜ ਸੇਵਕ ਸੇਵਾ ਸਿੰਘ ਰਾਏ (ਕੈਨੇਡਾ), ਅਮਰਜੀਤ ਸਿੰਘ ਨਿੱਝਰ ਪ੍ਰਧਾਨ ਅਕਾਦਮੀ ਆਫ ਪੰਜਾਬੀ ਪੀਪਲਜ਼, ਲਾਲੀ ਭਾਸਕਰ ਪ੍ਰਧਾਨ ਬ੍ਰਾਹਮਣ ਸਭਾ ਪੰਜਾਬ, ਡਾ. ਪ੍ਰੇਮ ਗਿੱਲ ਸਾਬਕਾ ਪੰਚ, ਪੰਡਿਤ ਸ਼ਾਮ ਲਾਲ ਕਾਹਲਵਾਂ, ਨੰਬਰਦਾਰ ਨਿਰਮਲ ਸਿੰਘ ਕਾਹਲਵਾਂ, ਸਰਪੰਚ ਤੇ ਨੰਬਰਦਾਰ ਜਸਵੰਤ ਸਿੰਘ ਜੱਸਾ ਭਾਣੋਲੰਗਾ, ਕੁਲਦੀਪ ਕੁਮਾਰ ਸੂਜੋਕਾਲੀਆ, ਕੁਲਦੀਪ ਰਾਏ ਸ਼ਰਮਾ, ਜੀਵਨ ਕੁਮਾਰ ਸਮੇਤ ਕਈ ਹੋਰ ਪਤਵੰਤੇ ਹਾਜ਼ਰ ਸਨ। ਅੰਤ ਵਿੱਚ ਸੁਆਮੀ ਪੂਰਨਾਨੰਦ ਸਰਸਵਤੀ ਤੇ ਨੰਬਰਦਾਰ ਲਾਭ ਚੰਦ ਥਿੱਗਲੀ ਵੱਲੋਂ ਸਾਰੀਆਂ ਸੰਗਤਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ ।



# ਪੀਪਾ ਰੰਗੀ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**- ਦਰਬਾਰ ਹਜ਼ਰਤ ਪੀਰ ਬਾਬਾ ਸ਼ਮਸੂਦੀਨ ਹਾਜਿਬ ਦਰਗਾਹ ਪੀਪਾ ਰੰਗੀ ਵਿਖੇ ਸਲਾਨਾ ਮੇਲਾ ਸਾਈਂ ਸੁਰਿੰਦਰ ਸ਼ਾਹ ਦੇ ਅਸ਼ੀਰਵਾਦ ਨਾਲ ਗੱਦੀ ਨਸ਼ੀਨ ਬੀਬੀ ਸੱਤਿਆ ਦੇਵੀ, ਮੁੱਖ ਸੇਵਾਦਾਰ ਬਾਬਾ ਮੰਗੇ ਸ਼ਾਹ ਦੀ ਰਹਿਨੁਮਾਈ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਾਈਂ ਬਿੰਦਰ ਸ਼ਾਹ ਕਾਦਰੀ ਸਰਹਾਲੀ, ਬਾਬਾ ਸ਼ਿਵ ਜੀ ਫਗਵਾੜਾ ਤੋਂ ਇਲਾਵਾ ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਨਾਮਵਰ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਗੱਦੀ ਨਸ਼ੀਨ ਬੀਬੀ ਸੱਤਿਆ ਦੇਵੀ ਅਤੇ ਮੁੱਖ ਸੇਵਾਦਾਰ ਬਾਬਾ ਮੰਗੇ ਸ਼ਾਹ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ ਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਬੀਬੀ ਸੱਤਿਆ ਦੇਵੀ, ਬਾਬਾ ਮੰਗੇ ਸ਼ਾਹ, ਸਾਈਂ ਬਿੰਦਰ ਸ਼ਾਹ ਕਾਦਰੀ ਸਰਹਾਲੀ, ਬਾਬਾ ਸ਼ਿਵ ਜੀ ਫਗਵਾੜਾ, ਮਿਸਤਰੀ ਹਰਨਾਮ ਦਾਸ, ਸੋਹਣ ਲਾਲ ਹੀਰਾ, ਤਰਸੇਮ ਲਾਲ, ਸੋਨੂੰ, ਦੀਪ, ਮਨਦੀਪ, ਰਾਜਾ, ਪਰਮਜੀਤ, ਲੱਕੀ, ਰੋਹਿਤ, ਹਨੀ, ਕਾਲਾ ਆਦਿ ਹਾਜ਼ਰ ਸਨ।

# ਜ਼ਿਲ੍ਹੇ ਦੇ 6 ਸਰਪੰਚਾਂ ਤੇ 119 ਪੰਚਾਂ ਦੀਆਂ ਚੋਣਾਂ ਦੀ ਸਮਾਂ-ਸਾਰਣੀ ਦਾ ਐਲਾਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਚੋਣ ਸ਼ਡਿਊਲ ਅਨੁਸਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ 6 ਸਰਪੰਚਾਂ ਅਤੇ 119 ਪੰਚਾਂ ਦੀਆਂ ਖਾਲੀ ਅਸਾਮੀਆਂ ਨੂੰ ਭਰਨ ਲਈ ਚੋਣਾਂ 27 ਜੁਲਾਈ ਨੂੰ ਹੋਣਗੀਆਂ। ਇਸ ਦੇ ਨਾਲ ਹੀ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ।ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ ਅਨੁਸਾਰ ਚੋਣ ਸ਼ਡਿਊਲ ਅਨੁਸਾਰ ਨਾਮਜ਼ਦਗੀਆਂ ਦਾਖ਼ਲ ਕਰਨ ਦੀ ਪ੍ਰਕਿਰਿਆ 14 ਜੁਲਾਈ ਤੋਂ ਸ਼ੁਰੂ ਹੋਵੇਗੀ ਅਤੇ 17 ਜੁਲਾਈ ਆਖਰੀ ਮਿਤੀ ਹੋਵੇਗੀ। ਨਾਮਜ਼ਦਗੀਆਂ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਦਾਖਲ ਕੀਤੀਆਂ ਜਾ ਸਕਦੀਆਂ ਹਨ। ਨਾਮਜ਼ਦਗੀ ਪੱਤਰਾਂ ਦੀ ਜਾਂਚ 18 ਜੁਲਾਈ ਨੂੰ ਹੋਵੇਗੀ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19 ਜੁਲਾਈ ਹੈ।ਪੋਲਿੰਗ 27 ਜੁਲਾਈ ਨੂੰ ਹੋਵੇਗੀ। ਵੋਟਿੰਗ ਪੂਰੀ ਹੋਣ ਤੋਂ ਬਾਅਦ ਪੋਲਿੰਗ ਸਟੇਸ਼ਨਾਂ 'ਤੇ ਵੋਟਾਂ ਦੀ ਗਿਣਤੀ ਉਸੇ ਦਿਨ ਕੀਤੀ ਜਾਵੇਗੀ।ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਾਮਜ਼ਦਗੀ ਪ੍ਰਕਿਰਿਆ, ਪੋਲਿੰਗ ਅਤੇ ਗਿਣਤੀ ਦੀ ਵੀਡੀਓਗ੍ਰਾਫੀ ਯਕੀਨੀ ਬਣਾਈ ਜਾਵੇਗੀ।

# ਸਮਾਜ ਸੇਵੀ ਸੰਸਥਾ ਵੱਲੋਂ ਹੋਣਹਾਰ ਵਿਦਿਆਰਥਣਾਂ ਸਨਮਾਨਤ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇਲਾਕੇ ਦੀ ਮਾਣਮੱਤੀ ਸੰਸਥਾ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਲੜਕੀਆਂ ਵਿਖੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਸਮਾਜ ਭਲਾਈ ਸੁਸਾਇਟੀ ਸ਼ਹੀਦ ਭਗਤ ਸਿੰਘ ਨਗਰ ਦੇ ਅਹੁਦੇਦਾਰਾਂ ਵੱਲੋਂ ਸਕੂਲ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਗਗਨਦੀਪ ਕੌਰ ਅਤੇ ਤਮੰਨਾ ਨੂੰ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਸਕੂਲ ਦੀਆਂ ਹੋਣਹਾਰ ਵਿਦਿਆਰਥਣਾਂ ਜਿਨ੍ਹਾਂ ਦੇ ਪਿਤਾ ਜਾਂ ਮਾਪੇ ਇਸ ਦੁਨੀਆ 'ਤੇ ਨਹੀਂ ਹਨ, ਉਹਨਾਂ ਦੀ ਚੋਣ ਕਰਕੇ ਵਿਦਿਆਰਥਣਾਂ ਦੀ ਮਾਇਕ ਮਦਦ ਨਾਲ ਸਨਮਾਨਤ ਕੀਤਾ ਗਿਆ। ਸੋਸਾਇਟੀ ਵੱਲੋਂ ਗਗਨਦੀਪ ਕੌਰ ਪੁੱਤਰੀ ਪ੍ਰਗਣ ਸਿੰਘ ਜਿਸ ਨੇ ਬਾਰ੍ਹਵੀਂ ਜਮਾਤ ਵਿੱਚੋਂ 95% ਤੋਂ ਵੱਧ ਅੰਕ ਪ੍ਰਾਪਤ ਕਰਕੇ ਕੰਪਿਊਟਰ ਕੋਰਸ ਸ਼ੁਰੂ ਕੀਤਾ ਹੈ, ਨੂੰ ਇੱਕ ਲੈਪਟਾਪ ਅਤੇ ਰੁਪਏ ਗਿਆਰਾਂ ਹਜ਼ਾਰ ਦੀ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਅਤੇ ਸਕੂਲ ਦੀ ਵਿਦਿਆਰਥਣ ਤਮੰਨਾ ਜੋ ਕਿ ਬਾਰ੍ਹਵੀਂ ਆਰਟਸ ਵਿੱਚ ਪੜ੍ਹ ਰਹੀ ਹੈ, ਨੂੰ ਵੀ ਰੁਪਏ 11 ਹਜ਼ਾਰ ਦੀ ਰਾਸ਼ੀ ਨਾਲ ਸਨਮਾਨਤ ਕੀਤਾ। ਸਾਹਿਬ ਕਾਂਸ਼ੀ ਰਾਮ ਸਮਾਜ ਭਲਾਈ ਸੰਸਥਾ ਰਜਿ ਪੰਜਾਬ ,ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਨਿੱਕੂ ਰਾਮ ਜਨਾਗਲ, ਚੇਅਰਮੈਨ ਮਨਜੀਤ ਰਾਜੂ, ਕੈਸ਼ੀਅਰ ਸੰਦੀਪ ਸਿੰਘ ਕਲੇਰ , ਜਨਰਲ ਸਕੱਤਰ ਦੇਸ ਰਾਜ ਨੋਰਾਦ, ਸਹਿਯੋਗੀ ਸਾਥੀ ਤਰਸੇਮ ਲੱਧੜ ਕੈਨੇਡਾ, ਸੱਤਪਾਲ ਸਿੰਘ ਜੱਸੀ, ਧਰਮਪਾਲ ਬਾਲੀ, ਵੱਲੋਂ ਵਿਦਿਆਰਥਣ ਗਗਨਦੀਪ ਕੌਰ ਪੁੱਤਰੀ ਪ੍ਰਗਟ ਸਿੰਘ 2024-2025 , 1+2 95%ਪਾਸ ਕਾਮਰਸ ਨੂੰ ਲੈਪਟਾਪ 11000 ਨਗਦ ਇਨਾਮ ਦਿੱਤਾ, ਤਮੰਨਾ +2 ਆਰਟਸ ਜਿਸ ਨੂੰ 11000 ਨਗਦ ਇਨਾਮ ਨਾਲ ਸਨਮਾਨਤ ਕੀਤਾ ਗਿਆ। ਤਿੰਨਾਂ ਵਿਦਿਆਰਥਣਾਂ ਦਾ ਸਨਮਾਨ ਕੀਤਾ ਗਿਆ। ਪ੍ਰਧਾਨ ਨਿੱਕੂ ਰਾਮ ਜਨਾਗਲ ਨੇ ਕਿਹਾ ਕਿ ਸਾਨੂੰ ਕੁੜੀਆਂ ਨੂੰ ਅੱਜ ਕਿਸੇ ਵੀ ਖੇਤਰ ਵਿੱਚ ਘੱਟ ਨਹੀਂ ਸਮਝਣਾ ਚਾਹੀਦਾ, ਕਿਉਂਕਿ ਉਨ੍ਹਾਂ ਅੱਜ ਹਰ ਖੇਤਰ ਵਿੱਚ ਆਪਣਾ ਮੁਕਾਮ ਬਣਾਇਆ ਹੈ।



# ਸਰਕਾਰੀ ਸਕੂਲਾਂ ਦਾ ਪੱਧਰ ਉੱਚਾ ਚੁੱਕਣ ਲਈ ਸ਼ਿੱਦਤ ਨਾਲ ਕੰਮ ਜਾਰੀ : ਡਾ. ਇਸ਼ਾਂਕ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਹਲਕੇ ਦੇ 17 ਸਰਕਾਰੀ ਪ੍ਰਾਇਮਰੀ, ਇਕ ਸਰਕਾਰੀ ਹਾਈ ਸਕੂਲ ਅਤੇ ਤਿੰਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ 82 ਲੱਖ 80 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ, ਜਿਸ ਨਾਲ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕੀਤੀ ਜਾਵੇਗੀ। ਇਸ ਪ੍ਰਤੀ ਡਾ. ਇਸ਼ਾਂਕ ਕੁਮਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਦੌਰਾਨ ਸੰਤ ਨਰਾਇਣ ਦਾਸ ਬਲਾਇੰਡ ਐਂਡ ਹੈਡੀਕੈਂਪਡ ਸਕੂਲ ਮਾਹਿਲਪੁਰ ਦੇ ਬੱਚੇ ਪ੍ਰਿੰਸੀਪਲ ਅਤਰ ਸਿੰਘ ਦੀ ਅਗਵਾਈ ਹੇਠ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੂੰ ਮਿਲੇ। ਇਸ ਮੌਕੇ ਡਾ. ਚੱਬੇਵਾਲ ਨੇ ਵਿਦਿਆਰਥੀਆਂ ਦੀ ਕਾਮਯਾਬੀ ਲਈ ਸਕੂਲ ਪ੍ਰਬੰਧਨ ਨੂੰ ਵਧਾਈ ਦਿੱਤੀ। ਇਸ ਸਮੇਂ ਡਾ. ਚੱਬੇਵਾਲ ਅਤੇ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਸਰਕਾਰੀ ਸਿੱਖਿਆ ਸੁਧਾਰਾਂ ਵਿਚ ਮੀਲ ਪੱਥਰ ਸਾਬਿਤ ਹੋ ਰਹੀ ਹੈ, ਜਿਸ ਦੇ ਨਤੀਜੇ ਵਜੋਂ ਸੂਬੇ ਦੇ ਲੋਕਾਂ ਦਾ ਸਰਕਾਰੀ ਸਕੂਲਾਂ ਪ੍ਰਤੀ ਮੁੜ ਵਿਸ਼ਵਾਸ ਬਹਾਲ ਹੋਇਆ ਹੈ।ਉਨ੍ਹਾਂ ਕਿਹਾ ਕਿ ਕੁਝ ਮਹੀਨੇ ਪਹਿਲਾਂ ਸ਼ੁਰੂ ਹੋਏ ਵਿੱਦਿਅਕ ਸੈਸ਼ਨ ਵਿਚ ਮਾਪਿਆਂ ਵੱਲੋਂ ਵੱਡੀ ਗਿਣਤੀ ਵਿਚ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਸਰਕਾਰੀ ਸਕੂਲਾਂ ਵਿਚ ਲਿਆਉਣਾ ਦਰਸਾਉਂਦਾ ਹੈ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿਚ ਚੁੱਕੇ ਗਏ ਕਦਮਾਂ ਨਾਲ ਲੋਕ ਵੀ ਕਦਮ ਮਿਲਾਉਣ ਲੱਗ ਪਏ ਹਨ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਚੱਬੇਵਾਲ ਹਲਕੇ ਦੇ ਜਿਨ੍ਹਾਂ ਸਕੂਲਾਂ ਵਿੱਚ ਵਿਕਾਸ 'ਤੇ ਖ਼ਰਚ ਕੀਤਾ ਜਾਣਾ ਹੈ, ਉਨ੍ਹਾਂ ਵਿਚ ਸਰਕਾਰੀ ਸਕੂਲ ਭਾਮ, ਫੁਗਲਾਣਾ, ਸੈਦੋ ਪੱਟੀ, ਸਾਹਰੀ, ਨੰਗਰਾਵਾਂ, ਤਨੂਲੀ, ਮਹਿਨਾ, ਸਸੋਲੀ, ਟੋਹਲੀਆ, ਹੁੱਕੜਾ, ਮਾਨਾ, ਭੱਟੀਆ ਬ੍ਰਾਹਮਣਾਂ, ਬਡਿਆਲ, ਸਿੰਬਲੀ, ਮੋਨਾ ਖੁਰਦ, ਅੱਛਰਵਾਲ, ਲਕਸੀਹਾ (ਸਾਰੇ ਸਰਕਾਰੀ ਪ੍ਰਾਇਮਰੀ ਸਕੂਲ), ਸਰਕਾਰੀ ਹਾਈ ਸਕੂਲ ਬਿਹਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੰਬੇਲੀ, ਕੋਟਫਤੂਹੀ ਅਤੇ ਈਸਪੁਰ ਸ਼ਾਮਿਲ ਹਨ। ਡਾ. ਇਸ਼ਾਂਕ ਕੁਮਾਰ ਨੇ ਉਨ੍ਹਾਂ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ, ਜਿਨ੍ਹਾਂ ਨੂੰ ਫੰਡ ਜਾਰੀ ਕੀਤੇ ਗਏ ਹਨ ਕਿ ਵਿਕਾਸ ਕਾਰਜ ਕਰਵਾਉਣ ਸਮੇਂ ਗੁਣਵੱਤਾ ਨਾਲ ਕਿਸੇ ਤਰ੍ਹਾਂ ਦਾ ਵੀ ਸਮਝੌਤਾ ਨਾ ਕੀਤਾ ਜਾਵੇ।



# ਲਾਇਲਪੁਰ ਖ਼ਾਲਸਾ ਕਾਲਜ ਦੇ ਡੀ ਸੀ ਏ ਸਮੈਸਟਰ ਪਹਿਲੇ ਦਾ ਨਤੀਜਾ ਰਿਹਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਡਿਪਲੋਮਾ ਇੰਨ ਕੰਪਿਊਟਰ ਐਪਲੀਕੇਸ਼ਨ (ਡੀ.ਸੀ.ਏ.) ਪਹਿਲੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਐਲਾਨੇ ਗਏ ਨਤੀਜਿਆਂ ਵਿਚੋਂ ਵਿਦਿਆਰਥਣ ਤਾਨੀਆ ਮੋਦਗਿੱਲ ਨੇ 10 ਵਿਚੋਂ 8.50 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਤੀਜਾ ਸਥਾਨ, ਨਵਜੋਤ ਅਤੇ ਰਾਧੀਕਾ ਬਾਂਗਰ ਨੇ 7.75 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਸਾਂਝੇ ਰੂਪ ਵਿਚ ਛੇਵਾਂ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਪ੍ਰੀਖਿਆਵਾਂ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਂਦੇ ਹਨ, ਉਨ੍ਹਾਂ ਨੂੰ ਵੀ ਵਿਸ਼ੇਸ਼ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ। ਵਿਦਿਆਰਥਣਾਂ ਨੇ ਆਪਣੀ ਇਸ ਉਪਲਬਧੀ ਦਾ ਸਿਹਰਾ ਅਧਿਆਪਕਾਂ ਨੂੰ ਅਤੇ ਕਾਲਜ ਦੇ ਵਧੀਆ ਪੜ੍ਹਾਈ ਦੇ ਵਾਤਾਵਰਣ ਨੂੰ ਦਿੱਤਾ। ਇਸ ਮੌਕੇ ਵਾਈਸ-ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ, ਪ੍ਰੋ. ਸੰਦੀਪ ਬੱਸੀ, ਪ੍ਰੋ. ਕਰਨਬੀਰ ਸਿੰਘ ਕਲੇਰ ਅਤੇ ਪ੍ਰੋ. ਸ਼ੈਲੀ ਵੀ ਹਾਜ਼ਰ ਸਨ।

# ਬੀ ਐਸ ਸੀ ਆਈ ਟੀ ਦੇ ਛੇਵੇਂ ਸਮੈਸਟਰ 'ਚ ਅਰਸ਼ੂ ਮਲਿਕ ਨੇ ਪਹਿਲਾ ਸਥਾਨ ਕੀਤਾ ਹਾਸਲ

**ਜਲੰਧਰ (ਸੁਰਿੰਦਰ ਕੁਮਾਰ)**- ਡਾਇਰੈਕਟਰ-ਕਮ-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਸਿੰਘ ਵਿਰਕ (ਰਿਟਾ.) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ ਚਲਾਏ ਜਾ ਰਹੇ ਸਰਕਾਰੀ ਕਾਲਜ ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਜਲੰਧਰ ਦਾ ਬੈਚਲਰ ਆਫ਼ ਸਾਇੰਸ ਇਨ ਆਈ.ਟੀ. ਦੇ ਛੇਵੇਂ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ।ਉਨ੍ਹਾਂ ਦੱਸਿਆ ਕਿ ਬੀ.ਐਸ.ਸੀ. ਆਈ.ਟੀ.ਦੇ ਛੇਵੇਂ ਸਮੈਸਟਰ ਵਿੱਚ ਅਰਸ਼ੂ ਮਾਲਿਕ ਨੇ 8.15 ਐਸ.ਜੀ.ਪੀ.ਏ. ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਕਾਰਤਿਕੇਯ ਮਹਿਤਾ ਨੇ 7.81 ਐਸ. ਜੀ. ਪੀ. ਏ. ਲੈ ਕੇ ਦੂਜਾ ਅਤੇ ਮਨਜੋਤ ਸਿੰਘ ਨੇ 7.78 ਐਸ.ਜੀ. ਪੀ. ਏ. ਲੈ ਕੇ ਤੀਜਾ ਸਥਾਨ ਹਾਸਲ ਕੀਤਾ । ਉਨ੍ਹਾਂ ਦੱਸਿਆ ਕਿ ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਜਲੰਧਰ ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ ਹੈ। ਉਨ੍ਹਾਂ ਸ਼ਾਨਦਾਰ ਨਤੀਜੇ ਲਈ ਕਾਲਜ ਦੇ ਪ੍ਰਿੰਸੀਪਲ ਪ੍ਰੋ. ਹਰਜੀਤ ਕੌਰ, ਪ੍ਰੋ. ਮਨਜੀਤ ਕੌਰ, ਪ੍ਰੋ. ਰਵੀਨਾ, ਸੂਬੇਦਾਰ ਮੇਜਰ ਹਰਜਿੰਦਰ ਸਿੰਘ, ਸੁਪਰਡੰਟ ਵਿਕਾਸ ਕੁਮਾਰ ਸਮੇਤ ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।



# ਬਿਰਧ ਆਸ਼ਰਮ 'ਚ ਲਾਇਆ ਮੁਫ਼ਤ ਮੈਡੀਕਲ ਜਾਂਚ ਕੈਂਪ



**ਅੱਡਾ ਸਰਾਂ (ਜਸਵੀਰ ਕਾਜਲ)** -ਉੱਘੇ ਖੇਡ ਪ੍ਰਮੋਟਰ ਅਤੇ ਸਮਾਜ ਸੇਵਕ ਪ੍ਰਵਾਸੀ ਪੰਜਾਬੀ ਜਵਾਹਰ ਸਿੰਘ ਪੱਡਾ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਪਿੰਡ ਦੇਹਰੀਵਾਲ ਵਿਖੇ ਬੇਸਹਾਰਿਆਂ ਦੀ ਸੇਵਾ ਸੰਭਾਲ ਲਈ ਚਲਾਏ ਜਾ ਰਹੇ ਗੁਰੂ ਨਾਨਕ ਬਿਰਧ ਆਸ਼ਰਮ ਵਿਖੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਾਇਆ ਗਿਆ । ਕੈਂਪ ਵਿਚ ਸੀਤਾ ਦੇਵੀ ਮਹਿੰਗਾ ਸਿੰਘ ਮੈਮੋਰੀਅਲ ਵੇਵਜ਼ ਹਸਪਤਾਲ ਦੀ ਟੀਮ ਡਾ. ਗੁਰਜੋਤ ਪਾਬਲਾ, ਸ਼ਰਨਜੋਤ ਸਿੰਘ, ਮਨਦੀਪ ਕੌਰ, ਮਨਮੀਤ ਕੌਰ ਅਤੇ ਰਜਿੰਦਰ ਸਿੰਘ ਜੌਹਲ ਨੇ ਆਸ਼ਰਮ ਵਿਚ ਰਹਿੰਦੇ ਮੈਂਬਰਾਂ ਅਤੇ ਪਿੰਡ ਵਾਸੀਆਂ ਦੀ ਮੈਡੀਕਲ ਜਾਂਚ ਕਰਦੇ ਹੋਏ ਦਵਾਈਆਂ ਦਿੱਤੀਆਂ । ਇਸ ਦੇ ਨਾਲ ਹੀ ਤੰਦਰੁਸਤ ਰਹਿਣ ਲਈ ਜ਼ਰੂਰੀ ਜਾਣਕਾਰੀਆਂ ਦਿੱਤੀਆਂ। ਕੈਂਪ ਦੇ ਸਮਾਪਨ ਤੇ ਪ੍ਰਬੰਧਕਾਂ ਵੱਲੋਂ ਹਸਪਤਾਲ ਦੀ ਟੀਮ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹਰਵਿੰਦਰ ਸਿੰਘ, ਗੁਲਜਾਰੀ ਲਾਲ, ਮੁਖਤਿਆਰ ਸਿੰਘ, ਪੱਪੂ, ਜਸਵਿੰਦਰ ਸਿੰਘ, ਬਖਸ਼ੀਸ਼ ਸਿੰਘ, ਰਾਜ ਕੁਮਾਰ, ਭੋਲੂ, ਚੰਨਣ ਸਿੰਘ, ਸੁਰਿੰਦਰ ਸਿੰਘ, ਲਾਡੀ, ਮੰਗਲ ਸਿੰਘ, ਪਰਮਜੀਤ ਸਿੰਘ, ਗੁਰਦੀਪ ਸਿੰਘ, ਬਿੱਲੂ, ਦੀਪਕ, ਕਰਤਾਰ ਕੌਰ, ਸੋਨੀਆ, ਮਹਿੰਦਰ ਕੌਰ, ਸਾਧਨਾ, ਬੀਰੋ, ਸ਼ਕੁੰਤਲਾ ਦੇਵੀ, ਗੁੱਡੀ ਪਾਂਡੇ, ਸ਼ਿੰਦੀ, ਊਸ਼ਾ ਰਾਣੀ ਆਦਿ ਮੌਜੂਦ ਸਨ ।

# ਜ਼ਿਲ੍ਹੇ 'ਚ ਸਰਪੰਚਾਂ ਤੇ ਪੰਚਾਂ ਦੇ ਅਹੁਦਿਆਂ ਲਈ ਉਪ ਚੋਣਾਂ 27 ਨੂੰ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਹੁਸ਼ਿਆਰਪੁਰ ਆਸ਼ਿਕਾ ਜੈਨ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਨੇ ਗ੍ਰਾਮ ਪੰਚਾਇਤਾਂ ਵਿਚ ਖਾਲੀ ਅਸਾਮੀਆਂ ਲਈ ਉਪ ਚੋਣਾਂ ਦਾ ਸ਼ਡਿਊਲ ਐਲਾਨ ਦਿੱਤਾ ਹੈ। ਇਹ ਉਪ ਚੋਣਾਂ 27 ਜੁਲਾਈ (ਐਤਵਾਰ) ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਬੈਲਟ ਪੇਪਰਾਂ ਰਾਹੀਂ ਹੋਣਗੀਆਂ। ਉਨ੍ਹਾਂ ਦੱਸਿਆ ਕਿ 15 ਅਕਤੂਬਰ 2024 ਨੂੰ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਤੋਂ ਬਾਅਦ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਸਰਪੰਚਾਂ ਦੀਆਂ 4 ਅਤੇ ਪੰਚਾਂ ਦੀਆਂ 151 ਅਸਾਮੀਆਂ ਖਾਲੀ ਰਹਿ ਗਈਆਂ ਸਨ। ਇਹ ਉਪ ਚੋਣਾਂ ਇਨ੍ਹਾਂ ਖਾਲੀ ਅਸਾਮੀਆਂ ਨੂੰ ਭਰਨ ਲਈ ਕਰਵਾਈਆਂ ਜਾ ਰਹੀਆਂ ਹਨ।ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਨਾਮਜ਼ਦਗੀਆਂ 14 ਜੁਲਾਈ ਤੋਂ 17 ਜੁਲਾਈ ਤੱਕ, ਰੋਜ਼ਾਨਾ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਬੰਧਤ ਰਿਟਰਨਿੰਗ ਅਫ਼ਸਰਾਂ ਦੇ ਦਫ਼ਤਰ ਵਿਚ ਦਾਖਲ ਕੀਤੀਆਂ ਜਾ ਸਕਦੀਆਂ ਹਨ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਜੁਲਾਈ ਨੂੰ ਕੀਤੀ ਜਾਵੇਗੀ। ਉਮੀਦਵਾਰੀ ਵਾਪਸ ਲੈਣ ਦੀ ਆਖਰੀ ਮਿਤੀ 19 ਜੁਲਾਈ ਦੁਪਹਿਰ 3 ਵਜੇ ਤੱਕ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਾਂ ਪੈਣ ਤੋਂ ਬਾਅਦ ਵੋਟਾਂ ਦੀ ਗਿਣਤੀ ਉਸੇ ਦਿਨ ਸਬੰਧਤ ਪੋਲਿੰਗ ਸਟੇਸ਼ਨ 'ਤੇ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅੱਪਡੇਟ ਕੀਤੀਆਂ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 23 ਮਈ ਨੂੰ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਸਰਪੰਚ ਦੇ ਅਹੁਦੇ ਲਈ ਵੱਧ ਤੋਂ ਵੱਧ ਚੋਣ ਖ਼ਰਚ ਸੀਮਾ 40,000 ਰੁਪਏ ਅਤੇ ਪੰਚ ਦੇ ਅਹੁਦੇ ਲਈ 30,000 ਰੁਪਏ ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਸ਼ਾਂਤੀਪੂਰਨ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਹਨ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਮਨਾਇਆ ਫਰੈਂਚ ਫਰਾਈਜ਼ ਦਿਨ

**ਅੱਡਾ ਸਰਾਂ (ਕਾਜਲ)**- ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਪ੍ਰਿੰਸੀਪਲ ਹਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਵਿਚ ਕਲਾਸ ਪਹਿਲੀ ਦੇ ਬੱਚਿਆਂ ਦੀ ਫਰੈਂਚ ਫਰਾਈਜ਼ ਐਕਟੀਵਿਟੀ ਕਰਵਾਈ ਗਈ। ਜਿਸ ਵਿਚ ਬੱਚਿਆਂ ਨੂੰ ਫਰੈਂਚ ਫਰਾਈਜ਼ ਲਈ ਆਲੂ ਨੂੰ ਕੱਟਣ ਛਿੱਲਣ ਅਤੇ ਫਰਾਈਜ਼ ਤਿਆਰ ਕਰਨ ਦੀ ਵਿਧੀ ਸਿਖਾਈ ਗਈ। ਸਿਹਤਮੰਦ ਖਾਣ ਪੀਣ ਦੀ ਸਮਝ ਵਿਕਸਿਤ ਕਰਨ ਲਈ ਵਿਦਿਆਰਥੀਆਂ ਨੂੰ ਘਰੇਲੂ ਤਰੀਕੇ ਨਾਲ ਫਰੈਂਚ ਫਰਾਈਜ਼ ਬਣਾਉਣ ਦੱਸਿਆ ਗਿਆ। ਇਹ ਗਤੀਵਿਧੀ ਕਰਵਾਉਣ ਦਾ ਮਹੱਤਵ ਇਹ ਸੀ ਕਿ ਬੱਚੇ ਘਰ ਬਣਾ ਕੇ ਘੱਟ ਮਸਾਲੇ ਵਾਲਾ ਅਤੇ ਵਧੀਆ ਖਾਣਾ ਖਾਣ। ਬੱਚਿਆਂ ਨੇ ਫ੍ਰੈਂਚ ਫਰਾਈਜ਼ ਪਾਉਣ ਵਾਲੀਆਂ ਪੋਕਿਟਸ ਵੀ ਆਪ ਬਣਾਈਆਂ । ਇਸ ਤਰ੍ਹਾਂ ਬੱਚਿਆਂ ਨੇ ਹੱਥੀ ਕੰਮ ਕਰਨ ਦੇ ਮੱਹਤਵ ਨੂੰ ਸਮਝਿਆ । ਇਸ ਮੌਕੇ ਪ੍ਰਿੰਸੀਪਲ ਹਰਜੀਤ ਸਿੰਘ ਨੇ ਬੱਚਿਆਂ ਨੂੰ ਸੰਤੁਲਿਤ ਖੁਰਾਕ ਲਈ ਘਰ ਵਿਚ ਹੀ ਤਿਆਰ ਕੀਤੇ ਵਿਅੰਜਨ ਖਾਣ ਦੀ ਦੀ ਪ੍ਰੇਰਨਾ ਦਿੱਤੀ ।



# ਹਜ਼ਰਤ ਪੰਜ ਪੀਰ ਦਰਬਾਰ ਵਿਖੇ 18ਵਾਂ ਸਾਲਾਨਾ ਜੋੜ ਮੇਲਾ 15 ਨੂੰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਬੰਗਾ ਰੋਡ ਨਵਾਂਸ਼ਹਿਰ ਵਿਖੇ ਹਜ਼ਰਤ ਪੰਜ ਪੀਰ ਦਰਬਾਰ ਵਿਖੇ ਪੀਰ ਬਾਬਾ ਫਾਰੂਕ ਅਲੀ ਕਾਦਰੀ ਦੀ ਯਾਦ 'ਚ 18ਵਾਂ ਸਲਾਨਾ ਜੋੜ ਮੇਲਾ 15 ਜੁਲਾਈ ਨੂੰ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਮਹਿਤਾਬ ਅਹਿਮਦ ਕਾਦਰੀ ਨੇ ਦੱਸਿਆ ਕਿ 15 ਜੁਲਾਈ ਨੂੰ ਸ਼ਾਮ 6:00 ਵਜੇ ਚਿਰਾਗ ਰੋਸ਼ਨ ਕੀਤੇ ਜਾਣਗੇ। 8:00 ਵਜੇ ਲੰਗਰ ਅਤੁੱਟ ਚਲਾਇਆ ਜਾਵੇਗਾ। ਰਾਤ ਨੂੰ ਸੂਫੀ ਮਹਿਫ਼ਿਲ ਏ ਕਵਾਲੀ ਲੋਕ ਅਲੀ, ਰਾਜਨ ਅਲੀ ਕਵਾਲੀਆਂ ਪ੍ਰੋਗਰਾਮ ਕੀਤਾ ਜਾਵੇਗਾ। ਰਾਤ ਨੂੰ ਜੱਸੀ ਨਕਾਲ ਪਾਰਟੀ ਪ੍ਰੋਗਰਾਮ ਪੇਸ਼ ਕਰਨਗੇ।ਨਗਰ ਦੀ ਸੁੱਖ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਫਰਿਆਦ ਕੀਤੀ ਜਾਵੇਗੀ।

# ਜੰਗਲਾਤ ਦਫਤਰ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਫਿਲੌਰ (ਨਿਰਮਲ)**- ਵਣ ਮੰਡਲ ਅਫਸਰ ਜਲੰਧਰ ਜਰਨੈਲ ਸਿੰਘ ਬਾਠ ਅਤੇ ਵਣ ਰੇਂਜ ਅਫਸਰ ਫਿਲੌਰ ਬਿਨੋਦ ਕੁਮਾਰ ਦੇ ਹੁਕਮਾਂ ਤਹਿਤ ਅੰਤਰਰਾਸ਼ਟਰੀ ਯੋਗ ਦਿਵਸ ਨਗਰ ਵਣ ਪਾਰਕ ਫਿਲੌਰ ਵਿਖੇ ਮਨਾਇਆ ਗਿਆ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਅਤੇ ਇਲਾਕੇ ਦੇ ਹੋਰ ਵੀ ਕਈ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ। ਯੋਗਾ ਇੰਸਟਰਕਟਰ ਗੀਨਾ ਤਾਂਗੜੀ ਅਤੇ ਜਸਵਿੰਦਰ ਕੌਰ ਵੱਲੋਂ ਯੋਗ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਇੱਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਵਣ ਰੇਂਜ ਫਿਲੌਰ ਦੇ ਸਮੂਹ ਸਟਾਫ ਵੱਲੋਂ ਆਏ ਲੋਕਾਂ ਦਾ ਧੰਨਵਾਦ ਕੀਤਾ ਗਿਆ । ਵਾਤਾਵਾਰਣ ਅਤੇ ਚੰਗੀ ਸਿਹਤ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਇਕ ਸ਼ਲਾਘਾਯੋਗ ਕਦਮ ਚੁੱਕਿਆ ਗਿਆ। ਇਸ ਮੌਕੇ ਜੰਗਲਾਤ ਵਿਭਾਗ ਦੇ ਡੀ ਐਫ ਓ ਜਰਨੈਲ ਸਿੰਘ ਬਾਠ, ਰੇਂਜ ਅਫਸਰ ਵਿਨੋਦ ਕੁਮਾਰ, ਬਲਾਕ ਅਫਸਰ ਤਰਸੇਮ ਸਿੰਘ, ਕੁਲਵਿੰਦਰ ਸਿੰਘ ਮਨਿੰਦਰ ਫੋਰੈਸਟ ਗਾਰਡ ਅਤੇ ਹੋਰ ਹਾਜ਼ਰ ਸਨ ।

# ਮੁੱਖ ਮੰਤਰੀ ਵੱਲੋਂ ਸੂਬੇ 'ਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਕ੍ਰਿਕਟ ਲੀਗ ਸ਼ੁਰੂ ਕਰਨ ਦੀ ਵਕਾਲਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਵਿੱਚ ਜ਼ਮੀਨੀ ਪੱਧਰ 'ਤੇ ਵਿਸ਼ਵ-ਪੱਧਰੀ ਕ੍ਰਿਕਟ ਖਿਡਾਰੀਆਂ ਨੂੰ ਤਿਆਰ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਕ੍ਰਿਕਟ ਲੀਗ ਸ਼ੁਰੂ ਕਰਨ ਦੀ ਜ਼ੋਰਦਾਰ ਵਕਾਲਤ ਕੀਤੀ।ਅੱਜ ਸ਼ਾਮ ਆਪਣੀ ਸਰਕਾਰੀ ਰਿਹਾਇਸ਼ ਵਿਖੇ ਨਵੀਂ ਬਣੀ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ ਸੀ ਏ) ਨਾਲ ਮੁਲਾਕਾਤ ਦੌਰਾਨ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਲੀਗ ਨੂੰ ਪਿੰਡ, ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਮੈਚ ਕਰਵਾਉਣੇ ਚਾਹੀਦੇ ਹਨ ਤਾਂ ਜੋ ਜ਼ਮੀਨੀ ਪੱਧਰ 'ਤੇ ਕ੍ਰਿਕਟ ਦੇ ਹੁਨਰ ਦੀ ਪਛਾਣ ਕਰਕੇ ਕ੍ਰਿਕਟ ਦੇ ਖਿਡਾਰੀਆਂ ਨੂੰ ਵੱਡੇ ਟੂਰਨਾਮੈਂਟਾਂ ਲਈ ਸ਼ਿੰਗਾਰਿਆ ਜਾ ਸਕੇ।ਉਨ੍ਹਾਂ ਕਿਹਾ ਕਿ ਇਸ ਵੱਕਾਰੀ ਟੂਰਨਾਮੈਂਟ ਨੂੰ ਖੇਡਾਂ ਵਤਨ ਪੰਜਾਬ ਦੀਆਂ, ਜੋ ਸੂਬਾ ਸਰਕਾਰ ਵੱਲੋਂ ਹਰ ਸਾਲ ਉਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਢੁਕਵਾਂ ਮੰਚ ਪ੍ਰਦਾਨ ਕਰਦੀਆ ਹਨ, ਦੀ ਤਰਜ਼ 'ਤੇ ਉਲੀਕਿਆ ਜਾਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਲਪਨਾ ਕੀਤੀ ਕਿ ਇਹ ਲੀਗ ਪੰਜਾਬ ਭਰ ਦੇ ਕ੍ਰਿਕਟਰਾਂ ਦੀ ਅੰਦਰੂਨੀ ਸਮਰੱਥਾ ਨੂੰ ਬਾਹਰ ਲਿਆਉਣ ਵਿੱਚ ਵੀ ਮਦਦ ਕਰੇਗੀ, ਜਿਸ ਨਾਲ ਇਸ ਖੇਡ ਨੂੰ ਵੱਡਾ ਹੁਲਾਰਾ ਮਿਲੇਗਾ।ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਖਿਡਾਰੀ ਜਿਵੇਂ ਕਿ ਹਰਭਜਨ ਸਿੰਘ (ਸੰਸਦ ਮੈਂਬਰ), ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ ਅਤੇ ਹੋਰ ਪਹਿਲਾਂ ਹੀ ਕ੍ਰਿਕਟ ਦੇ ਖੇਤਰ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਦੇਸ਼ ਦਾ ਨਾਮ ਰੌਸ਼ਨ ਕਰ ਚੁੱਕੇ ਹਨ ਜਾਂ ਕਰ ਰਹੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਖਿਡਾਰੀਆਂ ਨੂੰ ਆਪਣੀਆਂ ਯੋਗਤਾਵਾਂ ਦਾ ਪ੍ਰਦਰਸ਼ਨ ਕਰਨ ਲਈ ਮਜ਼ਬੂਤ ਪਲੇਟਫਾਰਮ ਪ੍ਰਦਾਨ ਕੀਤਾ ਜਾਵੇ ਤਾਂ ਪੰਜਾਬ ਤੋਂ ਅਜਿਹੇ ਹੋਰ ਵੀ ਪ੍ਰਤਿਭਾਸ਼ਾਲੀ ਖਿਡਾਰੀ ਉੱਭਰ ਕੇ ਸਾਹਮਣੇ ਆਉਣਗੇ। ਮਾਨ ਨੇ ਨਵੀਂ ਚੁਣੀ ਗਈ ਪੀ ਸੀ ਏ ਟੀਮ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਦੌਰਾਨ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਟੀਮ ਪੰਜਾਬ ਵਿੱਚ ਕ੍ਰਿਕਟ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਵੇਗੀ। ਉਨ੍ਹਾਂ ਐਲਾਨ ਕੀਤਾ ਕਿ ਸੂਬਾ ਸਰਕਾਰ ਮੁੱਲਾਂਪੁਰ ਵਿੱਚ ਮੌਜੂਦਾ ਸਟੇਡੀਅਮ ਤੋਂ ਇਲਾਵਾ ਜਲੰਧਰ ਅਤੇ ਅੰਮ੍ਰਿਤਸਰ ਵਿੱਚ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਬਣਾਏਗੀ। ਭਗਵੰਤ ਸਿੰਘ ਮਾਨ ਨੇ ਮਾਣ ਨਾਲ ਕਿਹਾ ਕਿ ਭਾਰਤੀ ਪੁਰਸ਼ ਅਤੇ ਮਹਿਲਾ ਕ੍ਰਿਕਟ ਟੀਮਾਂ ਦੇ ਕਪਤਾਨ ਪੰਜਾਬ ਤੋਂ ਹਨ।ਇਸ ਦੌਰਾਨ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਅਹੁਦੇਦਾਰਾਂ ਜਿਨ੍ਹਾਂ ਵਿੱਚ ਪ੍ਰਧਾਨ ਅਮਰਜੀਤ ਮਹਿਤਾ, ਉਪ ਪ੍ਰਧਾਨ ਦੀਪਕ ਬਾਲੀ, ਸਕੱਤਰ ਕੁਲਵੰਤ ਸਿੰਘ ਵਿਧਾਇਕ ਅਤੇ ਹੋਰ ਸ਼ਾਮਲ ਸਨ, ਨੇ ਭਰੋਸਾ ਦਿੱਤਾ ਕਿ ਐਸੋਸੀਏਸ਼ਨ ਸੂਬੇ ਵਿੱਚ ਕ੍ਰਿਕਟ ਨੂੰ ਵਧੇਰੇ ਉਤਸ਼ਾਹਿਤ ਕਰਨ ਲਈ ਹਰ ਜ਼ਰੂਰੀ ਕਦਮ ਚੁੱਕੇਗੀ।



# ਜ਼ਿਲ੍ਹਾ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਦਾ ਦੂਜਾ ਬੈਚ ਮੁਕੰਮਲ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜ਼ਿਲ੍ਹੇ ਵਿੱਚ ਚੱਲ ਰਹੇ ਜ਼ਿਲ੍ਹਾ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਦੇ ਦੂਜੇ ਬੈਚ ਦੇ ਮੁਕੰਮਲ ਹੋਣ 'ਤੇ ਇੰਟਰਨਸ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਜ਼ਿਲ੍ਹੇ ਵਿੱਚ ਸ਼ੁਰੂ ਕੀਤਾ ਗਿਆ ਦੂਜਾ ਬੈਚ ਸਫ਼ਲਤਾ ਪੂਰਵਕ ਮੁਕੰਮਲ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਦੂਜੇ ਬੈਚ ਦੌਰਾਨ ਡੀ.ਏ.ਵੀ. ਯੂਨੀਵਰਸਿਟੀ, ਜਲੰਧਰ ਅਤੇ ਸਰਕਾਰੀ ਪੋਲੀਟੈਕਨਿਕ ਕਾਲਜ, ਜਲੰਧਰ ਦੇ ਵਿਦਿਆਰਥੀਆਂ ਨੂੰ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿਭਾਗਾਂ ਦੇ ਦਫ਼ਤਰਾਂ ਵਿੱਚ ਇਕ ਮਹੀਨੇ ਲਈ ਬਤੌਰ ਇੰਟਰਨ ਸ਼ਾਮਿਲ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਸਮੇਂ ਦੌਰਾਨ ਇੰਟਰਨਸ ਨੂੰ ਵੱਖ-ਵੱਖ ਪ੍ਰਾਜੈਕਟ ਅਲਾਟ ਕੀਤੇ ਗਏ, ਤਾਂ ਜੋ ਇਹ ਵਿਦਿਆਰਥੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰ ਸਕਣ।ਉਨ੍ਹਾਂ ਕਿਹਾ ਕਿ ਇਸ ਇਕ ਮਹੀਨੇ ਦੇ ਇੰਟਰਨਸ਼ਿਪ ਪ੍ਰੋਗਰਾਮ ਦਾ ਮੁੱਖ ਮੰਤਵ ਆਮ ਲੋਕਾਂ ਤੱਕ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਪਹੁੰਚਾਉਣ ਤੋਂ ਇਲਾਵਾ ਵਿਦਿਆਰਥੀਆਂ ਦੇ ਮਾਨਸਿਕ ਪੱਧਰ ਦਾ ਵਿਕਾਸ ਕਰਨਾ ਵੀ ਹੈ, ਤਾਂ ਜੋ ਉਹ ਭਵਿੱਖ ਵਿੱਚ ਸਰਕਾਰੀ ਖੇਤਰ ਵਿੱਚ ਨੌਕਰੀ ਕਰਨ ਤਾਂ ਨੌਕਰੀ ਦੌਰਾਨ ਪੇਸ਼ ਆਉਣ ਵਾਲੀਆਂ ਚੁਣੌਤੀਆਂ ਨੂੰ ਸਹਿਜਤਾ ਨਾਲ ਹੱਲ ਕਰਨ ਦੇ ਯੋਗ ਹੋ ਸਕਣ।ਮੀਟਿੰਗ ਦੌਰਾਨ ਇੰਟਰਨਸ ਵਲੋਂ ਆਪੋ-ਆਪਣੀ ਰਿਪੋਰਟ ਪੇਸ਼ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਇੰਟਰਨਸ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ ਅਤੇ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਮੌਕੇ ਡਿਪਟੀ ਡਾਇਰੈਕਟਰ ਜ਼ਿਲ੍ਹਾ ਬਿਊਰੋ ਆਫ਼ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਤੇ ਸਿਖਲਾਈ ਨੀਲਮ ਮਹੇ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਜ਼ਿਲ੍ਹੇ ਵਿੱਚ ਸ਼ੁਰੂ ਕੀਤੇ ਗਏ ਜ਼ਿਲ੍ਹਾ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਦੇ ਦੋ ਬੈਚ ਸਫ਼ਲਤਾ ਪੂਰਵਕ ਮੁਕੰਮਲ ਹੋ ਚੁੱਕੇ ਹਨ ਅਤੇ ਸਿਖ਼ਲਾਈ ਦੌਰਾਨ ਵੱਖ-ਵੱਖ ਵਿਭਾਗਾਂ ਵਲੋਂ ਇੰਟਰਨਸ ਨੂੰ ਪੂਰਾ ਸਹਿਯੋਗ ਦਿੱਤਾ ਗਿਆ।